ਵੀਰਵਾਰ, 25 ਦਸੰਬਰ, 2025

11 ਪੋਹ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 205

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • THURSDAY, 25 DECEMBER, 2025

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ    Regd. No : L-4/Pb-JL-0023/2024-26, (R.N.I.)-00068/57    E-mail : nawanzamana@gmail.com    www.nawanzamana.in    ਸਫੇ : 14


## ਮਰਦਾ ਸਮਾਜ

## ਉਨਾਓ ਦੀਆਂ ਪੀੜਤਾਂ ਦਾ ਦੁਖੜਾ : ਸੇਂਗਰ ਨੂੰ ਬਾਹਰ ਕੱਢਣਾ ਤਾਂ ਸਾਨੂੰ ਅੰਦਰ ਕਰ ਦਿਓ, ਜਾਨ ਤਾਂ ਬਚੀ ਰਹੇਗੀ






**ਨਵੀਂ ਦਿੱਲੀ** : ਇੱਥੇ ਇੰਡੀਆ ਗੇਟ ਵਿਖੇ ਆਪਣੀ ਮਾਂ ਨਾਲ ਪ੍ਰੋਟੈਸਟ ਕਰ ਰਹੀ ਉਨਾਓ ਰੇਪ ਪੀੜਤਾ ਨੂੰ ਧੱਕੇ ਨਾਲ ਚੁੱਕਣ 'ਤੇ ਰਾਹੁਲ ਗਾਂਧੀ ਨੇ ਤਿੱਖੀ ਪ੍ਰਤੀਕਿਰਿਆ ਕੀਤੀ ਹੈ। ਇਹ ਪ੍ਰੋਟੈਸਟ ਯੂ ਪੀ ਦੇ ਉਨਾਓ ਦੇ ਸਾਬਕਾ ਵਿਧਾਇਕ ਕੁਲਦੀਪ ਸਿੰਘ ਸੇਂਗਰ ਨੂੰ ਰੇਪ ਦੇ ਕੇਸ ਵਿੱਚ ਜ਼ਮਾਨਤ ਮਿਲਣ ਉਪਰੰਤ ਕੀਤਾ ਗਿਆ ਸੀ। ਰਾਹੁਲ ਨੇ ਐੱਕਸ 'ਤੇ ਲਿਖਿਆ ਕਿ ਕੀ ਗੈਂਗਰੇਪ ਪੀੜਤਾ ਨਾਲ ਅਜਿਹਾ ਸਲੂਕ ਵਾਜਬ ਹੈ? ਕੀ ਉਸ ਦੀ 'ਗਲਤੀ' ਇਹ ਹੈ ਕਿ ਉਹ ਇਨਸਾਫ ਲਈ ਆਪਣੀ ਆਵਾਜ਼ ਉਠਾਉਣ ਦੀ ਹਿੰਮਤ ਕਰ ਰਹੀ ਹੈ? ਉਸ ਦੇ ਅਪਰਾਧੀ (ਸਾਬਕਾ ਭਾਜਪਾ ਵਿਧਾਇਕ) ਨੂੰ ਜ਼ਮਾਨਤ ਮਿਲਣਾ ਬੇਹੱਦ ਨਿਰਾਸ਼ਾਜਨਕ ਤੇ ਸ਼ਰਮਨਾਕ ਹੈ, ਖਾਸਕਰ ਉਦੋਂ ਜਦ ਪੀੜਤਾ ਨੂੰ ਵਾਰ-ਵਾਰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਅਤੇ ਉਹ ਡਰ ਦੇ ਸਾਏ ਵਿੱਚ ਜੀ ਰਹੀ ਹੋਵੇ। ਬਲਾਤਕਾਰੀਆਂ ਨੂੰ ਜ਼ਮਾਨਤ ਅਤੇ ਪੀੜਤਾਵਾਂ ਨਾਲ ਅਪਰਾਧੀਆਂ ਵਰਗਾ ਸਲੂਕ, ਇਹ ਕੇਹਾ ਇਨਸਾਫ ਹੈ? ਅਸੀਂ ਸਿਰਫ ਮਰੀ ਅਰਥ ਵਿਵਸਥਾ ਨਹੀਂ, ਅਜਿਹੀਆਂ ਅਣਮਨੁੱਖੀ ਘਟਨਾਵਾਂ ਨਾਲ ਮਰਿਆ ਸਮਾਜ ਵੀ ਬਣਦੇ ਜਾ ਰਹੇ ਹਾਂ। ਲੋਕਤੰਤਰ ਵਿੱਚ ਅਸਹਿਮਤੀ ਦੀ ਆਵਾਜ਼ ਉਠਾਉਣਾ ਅਧਿਕਾਰ ਹੈ ਅਤੇ ਉਸ ਨੂੰ ਦਬਾਉਣਾ ਅਪਰਾਧ। ਪੀੜਤਾ ਨੂੰ ਸਨਮਾਨ, ਸੁਰੱਖਿਆ ਤੇ ਇਨਸਾਫ ਮਿਲਣਾ ਚਾਹੀਦਾ ਹੈ, ਨਾ ਕਿ ਬੇਵਸੀ, ਭੈਅ ਤੇ ਅਨਿਆਂ।

ਇਸੇ ਦੌਰਾਨ ਪੀੜਤਾ ਨੇ ਕਿਹਾ ਹੈ ਕਿ ਉਹ ਦਿੱਲੀ ਹਾਈ ਕੋਰਟ ਵੱਲੋਂ ਸੇਂਗਰ ਦੀ ਉਮਰ ਕੈਦ ਮੁਅੱਤਲ ਕਰਨ ਤੇ ਉਸ ਨੂੰ ਜ਼ਮਾਨਤ ਦੇਣ ਖਿਲਾਫ ਸੁਪਰੀਮ ਕੋਰਟ ਵਿੱਚ ਅਪੀਲ ਕਰੇਗੀ।

24 ਸਾਲਾ ਪੀੜਤਾ ਨੇ ਕਿਹਾ, 'ਸੇਂਗਰ ਸ਼ਕਤੀਸ਼ਾਲੀ ਬੰਦਾ ਹੈ। ਉਹ ਆਪਣੇ ਬੰਦਿਆਂ ਨੂੰ ਇਕੱਠੇ ਕਰਕੇ ਫਿਰ ਗੰਦਾ ਕੰਮ ਕਰਵਾਏਗਾ। ਜਦੋਂ 2019 ਵਿੱਚ ਮੇਰੇ ਕਾਰ ਹਾਦਸੇ ਵਿੱਚ ਮੇਰੇ ਦੋ ਰਿਸ਼ਤੇਦਾਰ ਤੇ ਮੇਰਾ ਵਕੀਲ ਮਾਰੇ ਗਏ ਸਨ ਤਾਂ ਉਹ ਸੇਂਗਰ ਖੁਦ ਸ਼ਾਮਲ ਨਹੀਂ ਸੀ। ਉਸ ਦੇ ਬਾਹਰ ਆਉਣ ਨਾਲ ਅਸੀਂ ਸਾਰੇ ਅਸੁਰੱਖਿਅਤ ਹੋ ਜਾਵਾਂਗੇ। ਮੇਰੇ ਪਰਵਾਰਕ ਮੈਂਬਰਾਂ, ਵਕੀਲਾਂ ਤੇ ਗਵਾਹਾਂ ਦੀ ਸੁਰੱਖਿਆ ਪਹਿਲਾਂ ਹੀ ਵਾਪਸ ਲਈ ਜਾ ਚੁੱਕੀ ਹੈ। ਕੋਰਟ ਦਾ ਫੈਸਲਾ ਸਾਡੇ ਲਈ ਕਾਲ ਤੋਂ ਘੱਟ ਨਹੀਂ। ਪੈਸੇ ਵਾਲੇ ਜਿੱਤ ਜਾਂਦੇ ਹਨ, ਗਰੀਬ ਹਾਰ ਜਾਂਦੇ ਹਨ। ਮੇਰੇ ਛੋਟੇ ਬੱਚੇ ਹਨ। ਸੱਸ ਵੀ ਦਿਵਿਆਂਗ ਹੈ ਅਤੇ ਪਤੀ ਘਰ ਰਹਿੰਦਾ ਹੈ। ਮੇਰੇ ਲਈ ਬੱਚਿਆਂ ਦੀ ਸੁਰੱਖਿਆ ਸਭ ਤੋਂ ਵੱਡੀ ਚਿੰਤਾ ਹੈ।'

ਪੀੜਤਾ ਦੀ ਭੈਣ ਨੇ ਕਿਹਾ, 'ਉਸ ਨੇ ਮੇਰੇ ਚਾਚੇ ਨੂੰ ਮਾਰਿਆ, ਫਿਰ ਪਿਤਾ ਨੂੰ ਮਾਰਿਆ ਤੇ ਫਿਰ ਭੈਣ ਨਾਲ ਬਲਾਤਕਾਰ ਕੀਤਾ। ਬਾਹਰ ਆ ਕੇ ਸਾਡੇ ਪਰਵਾਰ ਨਾਲ ਪਤਾ ਨਹੀਂ ਕੀ ਕਰੇਗਾ। ਜੇ ਉਸ ਨੂੰ ਜੇਲ੍ਹ ਵਿੱਚੋਂ ਕੱਢਣਾ ਹੈ ਤਾਂ ਸਾਨੂੰ ਅੰਦਰ ਕਰ ਦਿਓ। ਘੱਟੋ-ਘੱਟ ਸਾਡੀ ਜਾਨ ਤਾਂ ਬਚੀ ਰਹੇਗੀ।'

ਦਿੱਲੀ ਹਾਈ ਕੋਰਟ ਨੇ ਮੰਗਲਵਾਰ ਸੇਂਗਰ ਦੀ ਸਜ਼ਾ ਇਹ ਕਹਿ ਕੇ ਮੁਅੱਤਲ ਕਰ ਦਿੱਤੀ ਸੀ ਕਿ ਉਹ ਲਗਭਗ 7 ਸਾਲ ਪੰਜ ਮਹੀਨੇ ਸਜ਼ਾ ਭੁਗਤ ਚੁੱਕਾ ਹੈ। ਇਸ ਦੇ ਨਾਲ ਹੀ ਜ਼ਮਾਨਤ ਦੇਣ ਵੇਲੇ ਸ਼ਰਤ ਲਾਈ ਸੀ ਕਿ ਉਹ ਪੀੜਤਾ ਦੇ ਘਰ ਦੇ ਨੇੜੇ ਨਹੀਂ ਜਾਵੇਗਾ। ਹਾਲਾਂਕਿ ਬਲਾਤਕਾਰ ਕੇਸ ਵਿੱਚ ਸੇਂਗਰ ਨੂੰ ਜ਼ਮਾਨਤ ਮਿਲ ਗਈ ਹੈ, ਪਰ ਪੀੜਤਾ ਦੇ ਪਿਤਾ ਦੀ ਹਿਰਾਸਤੀ ਮੌਤ ਦੇ ਮਾਮਲੇ ਵਿੱਚ ਵੀ ਉਹ 10 ਸਾਲ ਦੀ ਕੈਦ ਭੁਗਤ ਰਿਹਾ ਹੈ ਤੇ ਉਸ ਵਿੱਚ ਜ਼ਮਾਨਤ ਨਹੀਂ ਮਿਲੀ, ਉਦੋਂ ਤੱਕ ਉਹ ਅੰਦਰ ਹੀ ਰਹੇਗਾ।

## ਬਾਹੂਬਲੀ ਨੇ ਅਮਰੀਕੀ ਉਪਗ੍ਰਹਿ ਗ੍ਰਹਿ ਪੰਧ 'ਤੇ ਪਾਇਆ




**ਸ੍ਰੀਹਰੀਕੋਟਾ** : ਭਾਰਤੀ ਪੁਲਾੜ ਖੋਜ ਸੰਸਥਾ (ਇਸਰੋ) ਨੇ ਬੁੱਧਵਾਰ ਇਤਿਹਾਸਕ ਉਪਲੱਬਧੀ ਹਾਸਲ ਕਰਦੇ ਹੋਏ ਆਪਣੇ ਸਭ ਤੋਂ ਭਾਰੀ ਰਾਕੇਟ ਐੱਲ ਵੀ ਐੱਮ 3-ਐੱਮ 6 ਰਾਹੀਂ ਅਮਰੀਕੀ ਕੰਪਨੀ ਏ ਐੱਸ ਟੀ ਸਪੇਸਮੋਬਾਈਲ ਦੇ 'ਬਲੂਬਰਡ ਬਲਾਕ-2' ਸੰਚਾਰ ਉਪਗ੍ਰਹਿ ਨੂੰ ਸਫਲਤਾਪੂਰਵਕ ਲੋਅ ਅਰਥ ਆਰਬਿਟ (ਐੱਲ ਈ ਓ) ਵਿੱਚ ਸਥਾਪਤ ਕਰ ਦਿੱਤਾ।

ਸ੍ਰੀਹਰੀਕੋਟਾ ਦੇ ਦੂਜੇ ਲਾਂਚ ਪੈਡ ਤੋਂ ਸਵੇਰੇ 8:54 ਵਜੇ ਉਡਾਣ ਭਰਨ ਵਾਲੇ 43.5 ਮੀਟਰ ਉੱਚੇ ਇਸ ਰਾਕੇਟ ਨੇ ਲੱਗਭੱਗ 15 ਮਿੰਟਾਂ ਦੀ ਯਾਤਰਾ ਤੋਂ ਬਾਅਦ 6,100 ਕਿੱਲੋ ਵਜ਼ਨੀ ਉਪਗ੍ਰਹਿ ਨੂੰ ਨਿਰਧਾਰਤ ਪੰਧ ਵਿੱਚ ਪਹੁੰਚਾਇਆ। ਇਹ ਭਾਰਤੀ ਧਰਤੀ ਤੋਂ ਬਾਹੂਬਲੀ ਰਾਕੇਟ ਐੱਲ ਵੀ ਐੱਮ 3 ਰਾਹੀਂ ਲਾਂਚ ਕੀਤਾ ਗਿਆ ਹੁਣ ਤੱਕ ਦਾ ਸਭ ਤੋਂ ਭਾਰੀ ਪੇਲੋਡ ਹੈ। ਨਿਊ ਸਪੇਸ ਇੰਡੀਆ ਲਿਮਟਿਡ (ਐੱਨ ਐੱਸ ਆਈ ਐੱਲ) ਦੇ ਵਪਾਰਕ ਸੌਦੇ ਤਹਿਤ ਭੇਜਿਆ ਗਿਆ ਇਹ ਉਪਗ੍ਰਹਿ ਸਿੱਧਾ ਸਮਾਰਟਫੋਨਾਂ 'ਤੇ ਹਾਈ-ਸਪੀਡ ਸੈਲੂਲਰ ਬ੍ਰੌਡਬੈਂਡ ਸੇਵਾਵਾਂ ਪ੍ਰਦਾਨ ਕਰਨ ਲਈ ਤਿਆਰ ਕੀਤਾ ਗਿਆ ਹੈ, ਜਿਸ ਵਿੱਚ 47 ਅਤੇ 57 ਵੌਇਸ, ਵੀਡੀਓ ਕਾਲਾਂ ਅਤੇ ਡੈਟਾ ਦੀ ਸਹੂਲਤ ਮਿਲੇਗੀ। ਇਹ ਆਉਣ ਵਾਲੇ ਸਮੇਂ ਵਿੱਚ ਮੋਬਾਈਲ ਕਨੈਕਟੀਵਿਟੀ ਦੀ ਦੁਨੀਆ ਨੂੰ ਪੂਰੀ ਤਰ੍ਹਾਂ ਬਦਲ ਕੇ ਰੱਖ ਦੇਵੇਗਾ। ਇਸ ਸਫਲ ਲਾਂਚਿੰਗ ਦੇ ਨਾਲ ਹੀ ਐੱਲ ਵੀ ਐੱਮ 3 ਰਾਕਟ ਨੇ ਚੰਦਰਯਾਨ-2 ਅਤੇ ਚੰਦਰਯਾਨ-3 ਸਮੇਤ ਲਗਾਤਾਰ ਅੱਠ ਸਫਲ ਮਿਸ਼ਨਾਂ ਦਾ ਆਪਣਾ ਸ਼ਾਨਦਾਰ ਰਿਕਾਰਡ ਬਰਕਰਾਰ ਰੱਖਿਆ ਹੈ।ਇਹ ਮਿਸ਼ਨ ਸਿਰਫ ਇੱਕ ਉਪਗ੍ਰਹਿ ਦੀ ਲਾਂਚਿੰਗ ਨਹੀਂ ਹੈ, ਸਗੋਂ ਇਹ ਭਾਰਤ ਦੀ ਵਧ ਰਹੀ ਪੁਲਾੜ ਸ਼ਕਤੀ ਅਤੇ ਵਿਸ਼ਵ ਵਪਾਰਕ ਬਾਜ਼ਾਰ ਵਿੱਚ ਮਜ਼ਬੂਤ ਪਕੜ ਦਾ ਪ੍ਰਤੀਕ ਹੈ।

## ਅਸਿਸਟੈਂਟ ਮੈਨੇਜਰ ਦੀ ਲੁੱਟ-ਖੋਹ ਉਪਰੰਤ ਹੱਤਿਆ

**ਜੰਡਿਆਲਾ ਗੁਰੂ** : ਕੈਪੀਟਲ ਬੈਂਕ ਜੰਡਿਆਲਾ ਗੁਰੂ ਦੇ ਅਸਿਸਟੈਂਟ ਮੈਨੇਜਰ ਰੋਬਨਦੀਪ ਸਿੰਘ (37 ) ਦੀ ਕਰਤਾਰਪੁਰ ਨੇੜੇ ਲੁੱਟ ਖੋਹ ਕਰਕੇ ਗੋਲੀ ਮਾਰ ਕੇ ਹੱਤਿਆ ਕੀਤੇ ਜਾਣ ਦੀ ਜਾਣਕਾਰੀ ਪ੍ਰਾਪਤ ਹੋਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਰੋਬਨਦੀਪ ਸਿੰਘ (ਪੁੱਤਰ ਜਗਜੀਤ ਸਿੰਘ ਜੀਤੂ ਭਲਵਾਨ) ਵਾਸੀ ਮਾਡਲ ਟਾਊਨ, ਜੀ. ਟੀ. ਰੋਡ ਜੰਡਿਆਲਾ ਗੁਰੂ ਜੋ ਕਿ ਕੈਪੀਟਲ ਬੈਂਕ ਜੰਡਿਆਲਾ ਗੁਰੂ ਵਿਚ ਅਸਿਸਟੈਂਟ ਮੈਨੇਜਰ ਵਜੋਂ ਸੇਵਾ ਨਿਭਾ ਰਿਹਾ ਸੀ। ਉਹ ਬੈਂਕ ਦੇ ਕੰਮ ਲਈ ਕਿਤੇ ਗਿਆ ਅਤੇ ਸ਼ਾਮ ਤੱਕ ਘਰ ਵਾਪਸ ਨਹੀਂ ਮੁੜਿਆ।

ਉਸ ਦਾ ਮੋਬਾਈਲ ਫ਼ੋਨ ਵੀ ਬੰਦ ਪਾਇਆ ਗਿਆ। ਉਸ ਦੀ ਮ੍ਰਿਤਕ ਦੇਹ ਕਰਤਾਰਪੁਰ ਨੇੜਿਉਂ ਉਸ ਦੀ ਆਪਣੀ ਕਾਰ ਵਿਚੋਂ ਬਰਾਮਦ ਹੋਈ ਹੈ । ਸ਼ੱਕ ਹੈ ਕਿ ਲੁੱਟ-ਖੋਹ ਉਪਰੰਤ ਉਸ ਦੀ ਗੋਲੀ ਮਾਰ ਕੇ ਹੱਤਿਆ ਕੀਤੀ ਗਈ ਹੈ।

## ਅਧਿਕਾਰੀ ਆਮ ਆਦਮੀ ਦੀ ਭਲਾਈ ਨੂੰ ਪਹਿਲ ਦੇਣ : ਮਾਨ



**ਚੰਡੀਗੜ੍ਹ, (ਗੁਰਜੀਤ ਬਿੱਲਾ/ ਕ੍ਰਿਸ਼ਨ ਗਰਗ)**

ਸ਼ਾਸਨ ਵਿੱਚ ਲੋਕਾਂ ਨੂੰ ਪਹਿਲ ਦੇਣ ਦਾ ਸਪੱਸ਼ਟ ਮਾਪਦੰਡ ਸਥਾਪਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਲ ਇੰਡੀਆ ਤੇ ਕੇਂਦਰੀ ਸੇਵਾਵਾਂ ਦੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਉਨ੍ਹਾਂ ਦਾ ਹਰੇਕ ਪ੍ਰਸ਼ਾਸਕੀ ਫੈਸਲਾ ਆਮ ਆਦਮੀ ਦੀ ਭਲਾਈ ਤੇ ਰਾਹਤ ਲਈ ਹੋਵੇ। ਇੱਥੇ ਵਿਸ਼ੇਸ਼ ਫਾਊਂਡੇਸ਼ਨ ਕੋਰਸ (ਐੱਸ ਐੱਫ ਸੀ) ਲਈ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ਼ ਪਬਲਿਕ ਐਡਮਨਿਸਟ੍ਰੇਸ਼ਨ (ਮਗਸੀਪਾ) ਵਿੱਚ ਪੁੱਜੇ 32 ਆਈ ਪੀ ਐੱਸ, ਆਈ ਆਰ ਐੱਸ ਤੇ ਹੋਰ ਸੇਵਾਵਾਂ ਦੇ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ ਕਰਦਿਆਂ ਮੁੱਖ ਮੰਤਰੀ ਨੇ ਇਸ ਗੱਲ ਉੱਤੇ ਜ਼ੋਰ ਦਿੱਤਾ ਕਿ ਅਹੁਦੇ ਨਾਲ ਜ਼ਿੰਮੇਵਾਰੀ ਵੀ ਆਉਂਦੀ ਹੈ ਅਤੇ ਸ਼ਾਸਨ ਦਾ ਮੁਲਾਂਕਣ ਨਾਗਰਿਕਾਂ ਦੇ ਜੀਵਨ ਉੱਤੇ ਇਸ ਦੇ ਪ੍ਰਭਾਵ ਰਾਹੀਂ ਮਾਪਿਆ ਜਾਣਾ ਚਾਹੀਦਾ ਹੈ।

ਉਨ੍ਹਾ ਅਜਿਹੇ ਪ੍ਰੋਗਰਾਮ ਦੀ ਮੇਜ਼ਬਾਨੀ ਕਰਕੇ ਦੇਸ਼ ਦੀਆਂ ਪੰਜ ਚੋਟੀ ਦੀਆਂ ਸੂਬਾਈ ਪ੍ਰਸ਼ਾਸਕੀ ਸਿਖਲਾਈ ਸੰਸਥਾਵਾਂ ਵਿੱਚ ਸਥਾਨ ਪ੍ਰਾਪਤ ਕਰਨ ਲਈ ਮਗਸੀਪਾ ਨੂੰ ਵਧਾਈ ਦਿੱਤੀ, ਜੋ ਪੰਜਾਬ ਦੀ ਪੇਸ਼ੇਵਰ ਪਹੁੰਚ ਅਤੇ ਜਵਾਬਦੇਹ ਪ੍ਰਸ਼ਾਸਨ ਨੂੰ ਦਰਸਾਉਂਦਾ ਹੈ। ਸਿਖਲਾਈ ਪ੍ਰਾਪਤ ਕਰ ਰਹੇ ਅਧਿਕਾਰੀਆਂ ਨੇ ਪੰਜਾਬ ਸਰਕਾਰ ਦੀਆਂ ਕਈ ਮਾਰਗ-ਦਰਸ਼ਕ ਪਹਿਲਕਦਮੀਆਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੇ ਜ਼ਮੀਨੀ ਪੱਧਰ 'ਤੇ ਪ੍ਰਤੱਖ ਨਤੀਜਿਆਂ ਦੀ ਨਿਸ਼ਾਨਦੇਹੀ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਜਾਣ ਕੇ ਖ਼ੁਸ਼ੀ ਹੋਈ ਹੈ ਕਿ ਲਾਲ ਬਹਾਦਰ ਸ਼ਾਸਤਰੀ ਨੈਸ਼ਨਲ ਅਕੈਡਮੀ ਆਫ਼ ਐਡਮਨਿਸਟ੍ਰੇਸ਼ਨ ਮਸੂਰੀ ਦੇ ਸਹਿਯੋਗ ਨਾਲ 2021 ਬੈਚ ਦੇ ਇਨ੍ਹਾਂ ਅਧਿਕਾਰੀਆਂ ਲਈ 10 ਹਫ਼ਤਿਆਂ ਦਾ ਵਿਸ਼ੇਸ਼ ਫਾਊਂਡੇਸ਼ਨ ਕੋਰਸ ਕਰਵਾਇਆ ਜਾ ਰਿਹਾ ਹੈ। ਇਸ ਗਰੁੱਪ ਵਿੱਚ ਆਈ ਪੀ ਐੱਸ, ਭਾਰਤੀ ਜੰਗਲਾਤ ਸੇਵਾ, ਆਈ ਆਰ ਐੱਸ (ਇਨਕਮ ਟੈਕਸ ਅਤੇ ਕਸਟਮ ਦੋਵੇਂ), ਭਾਰਤੀ ਡਾਕ ਸੇਵਾ, ਭਾਰਤੀ ਸੂਚਨਾ ਸੇਵਾ, ਭਾਰਤੀ ਸਿਵਲ ਲੇਖਾ ਸੇਵਾ, ਭਾਰਤੀ ਪੀ ਐਂਡ ਟੀ ਵਿੱਤ ਸੇਵਾ, ਭਾਰਤੀ ਵਪਾਰ ਸੇਵਾ ਅਤੇ ਭਾਰਤੀ ਕਾਰਪੋਰੇਟ ਲਾਅ ਸੇਵਾ ਦੇ ਅਧਿਕਾਰੀ ਸ਼ਾਮਲ ਹਨ।

## ਟੋਰਾਂਟੋ 'ਚ ਹਿਮਾਂਸ਼ੀ ਖੁਰਾਣਾ ਦੀ ਹੱਤਿਆ, ਸਾਥੀ ਦੀ ਭਾਲ

**ਟੋਰਾਂਟੋ** : ਇੱਥੇ 30 ਸਾਲਾ ਕੁਮਾਰੀ ਹਿਮਾਂਸ਼ੀ ਖੁਰਾਣਾ ਦਾ ਕਤਲ ਕਰ ਦਿੱਤਾ ਗਿਆ ਤੇ ਪੁਲਸ ਉਸ ਦੇ 32 ਸਾਲਾ ਸਾਥੀ ਅਬਦੁਲ ਗਫੂਰੀ ਦੀ ਭਾਲ ਕਰ ਰਹੀ ਹੈ।



ਜਾਂਚਕਰਤਿਆਂ ਨੇ ਕਿਹਾ ਹੈ ਕਿ ਇਹ ਘਟਨਾ ਇੰਟੀਮੇਟ ਪਾਰਟਨਰ ਵਾਇਲੈਂਸ (ਨਜ਼ਦੀਕੀ ਸਾਥੀ ਦੀ ਹਿੰਸਾ) ਨਾਲ ਸੰਬੰਧਤ ਜਾਪਦੀ ਹੈ। ਪੁਲਸ ਨੇ ਕਿਹਾ, "19 ਦਸੰਬਰ ਦੀ ਰਾਤ ਲੱਗਭੱਗ 10:41 ਵਜੇ ਸਟਰੈਚਨ ਐਵੇਨਿਊ ਅਤੇ ਵੈਲਿੰਗਟਨ ਸਟਰੀਟ ਵੈਸਟ ਖੇਤਰ ਵਿੱਚ ਵਿਅਕਤੀ ਦੇ ਲਾਪਤਾ ਹੋਣ ਦੀ ਸੂਚਨਾ ਮਿਲੀ। ਭਾਲ ਰਾਤ ਭਰ ਜਾਰੀ ਰਹੀ। 20 ਦਸੰਬਰ ਨੂੰ ਸਵੇਰੇ ਲੱਗਭੱਗ 6:30 ਵਜੇ, ਅਧਿਕਾਰੀਆਂ ਨੇ ਲਾਪਤਾ ਮਹਿਲਾ ਦੀ ਲਾਸ਼ ਇੱਕ ਰਿਹਾਇਸ਼ ਦੇ ਅੰਦਰੋਂ ਬਰਾਮਦ ਕੀਤੀ।" ਉਨ੍ਹਾ ਅੱਗੇ ਕਿਹਾ ਕਿ ਇਸ ਮੌਤ ਨੂੰ ਕਤਲ (ਹੋਮੀਸਾਈਡ) ਵਜੋਂ ਦੇਖਿਆ ਜਾ ਰਿਹਾ ਹੈ। ਪੁਲਸ ਅਨੁਸਾਰ ਪੀੜਤ ਅਤੇ ਸ਼ੱਕੀ ਇੱਕ-ਦੂਜੇ ਨੂੰ ਜਾਣਦੇ ਸਨ। ਗਫੂਰੀ ਫਸਟ-ਡਿਗਰੀ ਮਰਡਰ (ਪਹਿਲੇ ਦਰਜੇ ਦੇ ਕਤਲ) ਲਈ ਕੈਨੇਡਾ-ਵਿਆਪੀ ਵਾਰੰਟ 'ਤੇ ਲੋੜੀਂਦਾ ਹੈ।

## ਪਾਕਿਸਤਾਨ 'ਚ ਫੜਿਆ ਸ਼ਰਨਦੀਪ ਭੋਇਪੁਰ ਦਾ

**ਸ਼ਾਹਕੋਟ** : ਪਾਕਿਸਤਾਨੀ ਰੇਂਜਰਾਂ ਵੱਲੋਂ ਫੜੇ ਗਏ ਨੌਜਵਾਨ ਦੀ ਪਛਾਣ ਸ਼ਰਨਦੀਪ ਸਿੰਘ ਪੁੱਤਰ ਸਤਨਾਮ ਸਿੰਘ ਵਾਸੀ ਭੋਇਪੁਰ, ਥਾਣਾ ਸ਼ਾਹਕੋਟ ਵਜੋਂ ਹੋਈ ਹੈ। 20 ਦਸੰਬਰ ਨੂੰ ਉਹ ਲਹਿੰਦੇ ਪੰਜਾਬ ਦੇ ਜ਼ਿਲ੍ਹਾ ਕਸੂਰ ਦੇ ਸਹਿਜੜਾ ਖੇਤਰ ਰਾਹੀਂ ਪਾਕਿਸਤਾਨ ਦੀ ਸਰਹੱਦ 'ਚ ਦਾਖਲ ਹੋਇਆ ਸੀ। ਨੌਜਵਾਨ ਦੀ ਗ੍ਰਿਫਤਾਰੀ ਬਾਰੇ ਸੋਸ਼ਲ ਮੀਡੀਆ 'ਤੇ ਖਬਰਾਂ ਚੱਲਣ ਲੱਗੀਆਂ ਤਾਂ ਇਲਾਕਾ ਸ਼ਾਹਕੋਟ ਵਿੱਚ ਇਕਦਮ ਹੈਰਾਨੀ ਫੈਲ ਗਈ। ਕੁਝ ਦਿਨ ਪਹਿਲਾਂ ਇਸ ਸੰਬੰਧੀ ਬੀ ਐੱਸ ਐੱਫ ਦੇ ਅਧਿਕਾਰੀ ਥਾਣਾ ਸ਼ਾਹਕੋਟ ਵਿੱਚ ਜਾਣਕਾਰੀ ਇਕੱਠੀ ਕਰਨ ਲਈ ਵੀ ਆਏ ਸਨ। ਸਤਨਾਮ ਸਿੰਘ ਮੁਤਾਬਕ ਸ਼ਰਨਦੀਪ ਸਿੰਘ ਨਸ਼ਾ ਕਰਨ ਦਾ ਆਦੀ ਹੈ। ਨਸ਼ਾ ਛੁਡਾਉਣ ਲਈ ਉਸ ਨੂੰ ਨਸ਼ਾ ਛੁਡਾਊ ਕੇਂਦਰਾਂ ਵਿੱਚ ਵੀ ਰੱਖਿਆ ਸੀ। ਉਹ ਰੁਸਤਮੇ ਹਿੰਦ ਮੇਹਰਦੀਨ ਦੇ ਪੁੱਤਰ ਮਜੀਦਾ ਦੇ ਅਖਾੜੇ ਵਿੱਚ ਕੁਝ ਸਮੇਂ ਤੱਕ ਭਲਵਾਨੀ ਵੀ ਕਰਦਾ ਰਿਹਾ। 2 ਨਵੰਬਰ ਨੂੰ ਪਿੰਡ ਦੇ ਹੀ ਇੱਕ ਨੌਜਵਾਨ ਨਾਲ ਉਹ ਘਰੋਂ ਗਿਆ ਸੀ। 6 ਨਵੰਬਰ ਦੀ ਰਾਤ ਨੂੰ ਨੌਜਵਾਨ ਨੇ ਦੱਸਿਆ ਕਿ ਉਹ



• ਬਾਕੀ ਸਫਾ 2 'ਤੇ

## ਅੱਜ-ਨਾਮਾ

ਰੱਬ ਦਾ ਰੂਪ ਕਹਿੰਦੇ ਲੋਕੀਂ ਡਾਕਟਰਾਂ ਨੂੰ,
ਹੁੰਦਾ ਏ ਇਨ੍ਹਾਂ 'ਤੇ ਕੁੱਲ ਵਿਸ਼ਵਾਸ ਬੇਲੀ।
ਜਦ ਤੱਕ ਨਬਜ਼ ਦੀ ਨਹੀਂ ਬਰੇਕ ਲੱਗਦੀ,
ਤਦ ਤੱਕ ਇਨ੍ਹਾਂ ਤੋਂ ਹੁੰਦੀ ਹੈ ਆਸ ਬੇਲੀ।
ਜਦ ਵੀ ਆਵੇ ਤੇ ਕੁਝ ਵੀ ਕਹੇ ਡਾਕਟਰ,
ਮਿਲਦਾ ਮਨਾਂ ਨੂੰ ਰਹਿੰਦਾ ਧਰਵਾਸ ਬੇਲੀ।
ਮਾੜੀ ਵੰਨਗੀ ਦੇ ਲੋਕ ਕਈ ਆਏ ਏਧਰ,
ਬਣਾਏ ਅਕਸ ਨੂੰ ਕਰੀ ਜਾਣ ਨਾਸ ਬੇਲੀ।
ਫਿਰ ਵੀ ਬੁਰੇ ਨਾ ਸਾਰੇ ਹੀ ਹੋਣ ਡਾਕਟਰ,
ਇਨ੍ਹਾਂ ਦਾ ਬਦਲ ਨਾ ਕੋਈ ਵੀ ਹੋਰ ਬੇਲੀ।
ਸਾਰਾ ਸਮਾਜ ਹੀ ਕਰੇ ਇਹ ਯਤਨ ਸਾਂਝਾ,
ਹਟ ਜਾਣ ਲਾਂਭੇ ਕਈ ਠੱਗ ਤੇ ਚੋਰ ਬੇਲੀ।

-ਤੀਸ ਮਾਰ ਖਾਂ

## 475 ਵਾਰਡਰ ਤੇ 57 ਮੈਟਰਨ ਭਰਤੀ ਕਰਨ ਨੂੰ ਮਨਜ਼ੂਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਬੁੱਧਵਾਰ ਪੰਜਾਬ ਜੇਲ੍ਹ ਵਿਭਾਗ ਲਈ 532 ਕਰਮਚਾਰੀਆਂ ਦੀ ਸਿੱਧੀ ਭਰਤੀ ਨੂੰ ਅਧਿਕਾਰਤ ਤੌਰ 'ਤੇ ਮਨਜ਼ੂਰੀ ਦੇ ਦਿੱਤੀ। ਇਸ ਭਰਤੀ ਮੁਹਿੰਮ ਤਹਿਤ 475 ਵਾਰਡਰ ਅਤੇ 57 ਮੈਟਰਨ ਭਰਤੀ ਕੀਤੇ ਜਾਣਗੇ। ਚੀਮਾ ਦੱਸਿਆ ਕਿ ਇਹ 532 ਅਸਾਮੀਆਂ ਅਧੀਨ ਸੇਵਾਵਾਂ ਚੋਣ (ਐੱਸ ਐੱਸ ਐੱਸ) ਬੋਰਡ ਰਾਹੀਂ ਭਰੀਆਂ ਜਾਣਗੀਆਂ। ਉਨ੍ਹਾ ਕਿਹਾ ਕਿ ਇਹ ਪ੍ਰਕਿਰਿਆ 451 ਵਾਰਡਰ ਅਤੇ 20 ਮੈਟਰਨਾਂ ਦੀ ਚੱਲ ਰਹੀ ਭਰਤੀ ਦੇ ਨਾਲ-ਨਾਲ ਹੀ ਚੱਲੇਗੀ, ਜੋ ਕਿ ਪਹਿਲਾਂ ਹੀ ਬੋਰਡ ਵੱਲੋਂ ਪ੍ਰਕ੍ਰਿਆ ਅਧੀਨ ਹੈ। ਉਨ੍ਹਾ ਕਿਹਾ ਕਿ ਪ੍ਰਵਾਨਤ ਭਰਤੀ ਵਿੱਚ ਸੱਤ ਵਾਰਡਰ ਅਸਾਮੀਆਂ ਵੀ ਸ਼ਾਮਲ ਹਨ, ਜੋ 31 ਦਸੰਬਰ, 2026 ਤੱਕ ਸੇਵਾਮੁਕਤੀ ਕਾਰਨ ਖਾਲੀ ਹੋਣ ਦੀ ਉਮੀਦ ਹੈ।




25-Dec-PAGE-1.qxd 12/24/2025 11:23 PM Page 2



# ਸੁੱਚਾ ਸਿੰਘ ਰੋੜ ਜਗੀਰ ਤੋਂ ਬਣੇ ਬਲਾਕ ਸੰਮਤੀ ਮੈਂਬਰ



**ਦੇਵੀਗੜ੍ਹ/ਭੁਨਰਹੇੜੀ (ਰਜਿੰਦਰ ਸਿੰਘ ਥਿੰਦ)** ਪਿੰਡ ਰੋੜ੍ਹ ਜਗੀਰ ਤੋਂ ਦਲਿਤ ਵਰਗ ਨਾਲ ਸਬੰਧਤ ਸੁੱਚਾ ਸਿੰਘ ਦੇ ਬਲਾਕ ਸੰਮਤੀ ਮੈਂਬਰ ਚੁਣੇ ਜਾਣ 'ਤੇ ਖੇਤਰ 'ਚ ਖੁਸ਼ੀ ਦੀ ਲਹਿਰ ਵੇਖਣ ਨੂੰ ਮਿਲੀ।ਹਲਕਾ ਇੰਚਾਰਜ ਸਨੌਰ ਅਤੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਖੁਦ ਪਹੁੰਚ ਕੇ ਸੁੱਚਾ ਸਿੰਘ ਨੂੰ ਮੁਬਾਰਕਬਾਦ ਦਿੱਤੀ।ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਰ ਵਰਗ ਨੂੰ ਨਾਲ ਲੈ ਕੇ ਚੱਲਣ ਦੀ ਚੰਗੀ ਸੋਚ ਤੇ ਇਸ ਜਿੱਤ ਨੂੰ ਲੋਕਤੰਤਰ ਅਤੇ ਸਮਾਜਿਕ ਬਰਾਬਰੀ ਦੀ ਵੱਡੀ ਜਿੱਤ ਦਾ ਕਰਾਰ ਦਿੱਤਾ। ਰਣਜੋਧ ਸਿੰਘ ਹਡਾਣਾ ਨੇ ਆਗੂਆਂ ਨਾਲ ਖਾਣਾ-ਖਾਣ ਤੇ ਚਾਹ ਦਾ ਕੱਪ ਸਾਂਝਾ ਕਰਨ ਮਗਰੋਂ ਕਿਹਾ ਕਿ ਦਲਿਤ ਵਰਗ ਦੇ ਨੁਮਾਇੰਦੇ ਦਾ ਬਲਾਕ ਸੰਮਤੀ 'ਚ ਪਹੁੰਚਣਾ ਇਸ ਗੱਲ ਦਾ ਪ੍ਰਮਾਣ ਹੈ ਕਿ ਲੋਕ ਹੁਣ ਜਾਗਰੂਕ ਹੋ ਚੁੱਕੇ ਹਨ ਤੇ ਸਮਾਜ ਦੇ ਹਰ ਵਰਗ ਨੂੰ ਅੱਗੇ ਲਿਆਉਣ ਲਈ ਤਿਆਰ ਹਨ।ਉਨ੍ਹਾਂ ਨੇ ਕਿਹਾ ਕਿ ਸੁੱਚਾ ਸਿੰਘ ਦੀ ਜਿੱਤ ਸਿਰਫ਼ ਇੱਕ ਵਿਅਕਤੀ ਦੀ ਨਹੀਂ, ਬਲਕਿ ਸਮੂਹ ਦਲਿਤ ਸਮਾਜ ਦੀ ਆਵਾਜ਼ ਨੂੰ ਮਜ਼ਬੂਤੀ ਮਿਲਣ ਵਰਗੀ ਹੈ। ਹਡਾਣਾ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਮੇਸ਼ਾ ਹਰ ਵਰਗ ਨੂੰ ਸੱਤਾ 'ਚ ਭਾਗੀਦਾਰੀ ਦੇਣ ਲਈ ਵਚਨਬੱਧ ਰਹੀ ਹੈ।ਉਨ੍ਹਾਂ ਕਿਹਾ ਕਿ ਸੁੱਚਾ ਸਿੰਘ ਵਰਗੇ ਸਧਾਰਨ ਪਰ ਸਮਰਪਿਤ ਲੋਕਾਂ ਦੇ ਚੁਣੇ ਜਾਣ ਨਾਲ ਪਿੰਡਾਂ ਦੇ ਅਸਲ ਮਸਲੇ ਸਰਕਾਰ ਤੱਕ ਹੋਰ ਤੇਜ਼ੀ ਨਾਲ ਪਹੁੰਚਣਗੇ ਤੇ ਉਨ੍ਹਾਂ ਦਾ ਹੱਲ ਹੋਵੇਗਾ। ਨਵੇਂ ਚੁਣੇ ਗਏ ਬਲਾਕ ਸੰਮਤੀ ਮੈਂਬਰ ਸੁੱਚਾ ਸਿੰਘ ਨੇ ਕਿਹਾ ਕਿ ਉਹ ਆਪਣੇ ਪਿੰਡ ਤੇ ਖੇਤਰ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਣ ਦੀ ਪੂਰੀ ਕੋਸ਼ਿਸ਼ ਕਰਨਗੇ।ਉਨ੍ਹਾਂ ਕਿਹਾ ਕਿ ਗਲੀਆਂ, ਸਫਾਈ, ਪੀਣ ਵਾਲੇ ਪਾਣੀ, ਡਰੇਨਜ ਤੇ ਦਲਿਤ ਭਾਈਚਾਰੇ ਨਾਲ ਸਬੰਧਿਤ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਉਨ੍ਹਾਂ ਦੀ ਪ੍ਰਾਥਮਿਕਤਾ ਰਹੇਗੀ।

# ਗੁਰੂ ਗੋਬਿੰਦ ਸਿੰਘ ਜੀ ਤੋਂ ਪ੍ਰੇਰਿਤ ਗੁਣਾਂ 'ਤੇ ਵਿਸ਼ੇਸ਼ ਵਿਆਖਿਆਨ

**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਦੀ ਐਨ.ਐਸ.ਐਸ. ਇਕਾਈ ਵੱਲੋਂ ਪਿੰਡ ਧੀਰਪੁਰ ਵਿਖੇ ਗੁਰੂ ਗੋਬਿੰਦ ਸਿੰਘ ਜੀ ਤੋਂ ਸਿੱਖਣਯੋਗ ਨੇਤ੍ਰਿਤਵ ਗੁਣ— ਨਿਰਭਉ, ਨਿਰਵੈਰ ਅਤੇ ਸਿੱਖ ਚਰਿੱਤਰ ਵਿਸ਼ੇ 'ਤੇ ਇਕ ਪ੍ਰੇਰਣਾਦਾਇਕ ਅਤੇ ਬੌਧਿਕ ਤੌਰ 'ਤੇ ਸਮ੍ਰਿਧ ਕਾਰਜਕ੍ਰਮ ਦਾ ਆਯੋਜਨ ਕੀਤਾ ਗਿਆ। ਕਾਰਜਕ੍ਰਮ ਦੇ ਮੁੱਖ ਵਕਤਾ ਪ੍ਰਸਿੱਧ ਸਿੱਖ ਵਿਦਵਾਨ ਸ. ਸੇਵਕ ਸਿੰਘ ਰਹੇ, ਜਿਨ੍ਹਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਤੋਂ ਪ੍ਰੇਰਿਤ ਅਟੱਲ ਨੇਤ੍ਰਿਤਵ ਆਦਰਸ਼ਾਂ 'ਤੇ ਵਿਸਥਾਰ ਨਾਲ ਪ੍ਰਕਾਸ਼ ਪਾਇਆ। ਉਨ੍ਹਾਂ ਨੇ ਨਿਰਭਉ ਅਤੇ ਨਿਰਵੈਰ ਦੇ ਅਰਥਾਂ ਨੂੰ ਸਮਕਾਲੀਨ ਸੰਦਰਭਾਂ ਵਿੱਚ ਦੱਸਿਆ ਕਿ ਇਹ ਗੁਣ ਸਿੱਖ ਚਰਿੱਤਰ ਦੀ ਮੂਲ ਨੀਂਹ ਹਨ ਅਤੇ ਨੈਤਿਕ, ਸਮਾਜਿਕ ਤੇ ਨੇਤ੍ਰਿਤਵਿਕ ਜੀਵਨ ਵਿੱਚ ਵੀ ਉਨ੍ਹਾਂ ਦੀ ਮਹੱਤਤਾ ਅਟੱਲ ਹੈ। ਆਪਣਾ ਸੰਦੇਸ਼ ਦਿੰਦਿਆਂ ਪ੍ਰੋ. (ਡਾ.) ਪਰਿਤ ਪਾਲ ਸਿੰਘ, ਮਾਣਯੋਗ ਉਪ ਕੁਲਪਤੀ, ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਦਾ ਜੀਵਨ ਸਾਹਸ, ਨੈਤਿਕਤਾ ਅਤੇ ਸਮਾਵੇਸ਼ੀ ਨੇਤ੍ਰਿਤਵ ਦਾ ਸਦੀਵੀ ਮਾਡਲ ਪੇਸ਼ ਕਰਦਾ ਹੈ।ਡਾ. ਹਰਨੀਤ ਬਿਲਿੰਗ, ਪ੍ਰੋਗਰਾਮ ਕੋਆਰਡੀਨੇਟਰ, ਐਨ.ਐਸ.ਐਸ., ਨੇ ਕਿਹਾ ਕਿ ਇਸ ਕਾਰਜਕ੍ਰਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਦਇਆ, ਨਿਆਂ ਅਤੇ ਨਿਸ਼ਕਾਮ ਸੇਵਾ 'ਤੇ ਆਧਾਰਿਤ ਨੇਤ੍ਰਿਤਵ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ।ਡਾ. ਸਿਕੰਦਰ ਸਿੰਘ, ਡੀਨ, ਵਿਦਿਆਰਥੀ ਭਲਾਈ, ਨੇ ਐਨ.ਐਸ.ਐਸ. ਇਕਾਈ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਡਾ. ਮੋਨਿਕਾ , ਡਾ. ਸਰਪ੍ਰੀਤ ਸਿੰਘ, ਪ੍ਰੋਗਰਾਮ ਅਫਸਰ, ਐਨ.ਐਸ.ਐਸ., ਵੀ ਮੌਜੂਦ ਰਹੇ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਗੁਰੂ ਗੋਬਿੰਦ ਸਿੰਘ ਦੇ ਉਪਦੇਸ਼ਾਂ ਨੂੰ ਅਨੁਸ਼ਾਸਿਤ ਜੀਵਨ ਅਤੇ ਨਿਸ਼ਕਾਮ ਸੇਵਾ ਰਾਹੀਂ ਅਪਣਾਉਣ ਲਈ ਪ੍ਰੇਰਿਤ ਕੀਤਾ।ਪਿੰਡ ਦੇ ਸਰਪੰਚ ਨੇ ਯੂਨੀਵਰਸਿਟੀ ਵੱਲੋਂ ਪਿੰਡ ਪੱਧਰ 'ਤੇ ਕਰਵਾਏ ਗਏ ਇਸ ਅਰਥਪੂਰਨ ਅਤੇ ਮੁੱਲ-ਕੇਂਦਰਿਤ ਕਾਰਜਕ੍ਰਮ ਦੀ ਸਰਾਹਨਾ ਕੀਤੀ ।



# ਪੀ ਜੀ ਆਈ 'ਚ ਚੌਥੀ ਕਲੀਨਿਕਲ ਫੋਟੋਗ੍ਰਾਫੀ ਵਰਕਸ਼ਾਪ

**ਸਮਰਾਲਾ, (ਸੁਰਜੀਤ ਸਿੰਘ)-** ਪੀ ਜੀ ਆਈ ਚੰਡੀਗੜ੍ਹ ਵਿੱਚ ਆਯੋਜਿਤ ਚੌਥੀ ਫੋਟੋਗ੍ਰਾਫੀ ਵਰਕਸ਼ਾਪ ਦੌਰਾਨ ਹਾਜ਼ਰ ਪਤਵੰਤਿਆਂ ਨੂੰ ਸੰਬੋਧਨ ਕਰਦਿਆਂ ਨਿਦੇਸ਼ਕ ਪ੍ਰੋ ਵਿਵੇਕ ਲਾਲ ਨੇ ਕਿਹਾ ਕਿ ਕਲੀਨਿਕਲ ਫੋਟੋਗ੍ਰਾਫੀ ਸਿਰਫ਼ ਦਸਤਾਵੇਜ਼ੀਕਰਨ ਹੀ ਨਹੀਂ, ਸਗੋਂ ਇਹ ਮੈਡੀਕਲ ਵਿਗਿਆਨ ਅਤੇ ਸਮਾਜ ਦੇ ਦਰਮਿਆਨ ਇੱਕ ਮਜ਼ਬੂਤ ਪੁਲ ਹੈ, ਜੋ ਜਾਗਰੂਕਤਾ, ਸਿੱਖਿਆ ਅਤੇ ਸੰਵੇਦਨਸ਼ੀਲਤਾ ਨੂੰ ਉਤਸ਼ਾਹਿਤ ਕਰਦੀ ਹੈ। ਸਿਹਤ ਸੇਵਾਵਾਂ ਵਿੱਚ ਵਿਜ਼ੂਅਲ ਕਮਿਊਨੀਕੇਸ਼ਨ ਦੀ ਵਧ ਰਹੀ ਮਹੱਤਤਾ ਉਤੇ ਰੋਸ਼ਨੀ ਪਾਉਂਦਿਆਂ ਪ੍ਰੋ. ਲਾਲ ਨੇ ਕਿਹਾ ਕਿ ਕਲੀਨਿਕਲ ਫੋਟੋਗ੍ਰਾਫੀ ਅਤੇ ਮੈਡੀਕਲ ਵੀਡੀਓਗ੍ਰਾਫੀ ਮਰੀਜ਼ ਸਿੱਖਿਆ, ਜਨ ਸਿਹਤ ਜਾਗਰੂਕਤਾ, ਰਿਸਰਚ ਦੇ ਪ੍ਰਸਾਰ ਅਤੇ ਬਿਮਾਰੀਆਂ ਨਾਲ ਜੁੜੀਆਂ ਗਲਤ ਫ਼ਹਿਮੀਆਂ ਨੂੰ ਦੂਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਵਰਕਸ਼ਾਪ ਦਾ ਮਕਸਦ ਸਿਹਤ ਜਾਗਰੂਕਤਾ ਅਤੇ ਮਰੀਜ਼ ਸਿੱਖਿਆ ਸੀ, ਜਿਸ ਵਿੱਚ ਦਰਸਾਇਆ ਗਿਆ ਕਿ ਸਹੀ, ਸੰਵੇਦਨਸ਼ੀਲ ਅਤੇ ਸਬੂਤਾਂ 'ਤੇ ਆਧਾਰਿਤ ਦ੍ਰਿਸ਼ ਮਾਧਿਅਮ ਬਿਮਾਰੀਆਂ ਦੀ ਸਮਝ ਨੂੰ ਕਿਵੇਂ ਵਧਾਉਂਦੇ ਅਤੇ ਵਿਆਪਕ ਭ੍ਰਮਾਂ ਨੂੰ ਕਿਵੇਂ ਦੂਰ ਕਰ ਸਕਦੇ ਹਨ।ਵਰਕਸ਼ਾਪ ਦੌਰਾਨ ਅਧੁਨਿਕ ਕੈਮਰਾ ਤਕਨੀਕਾਂ, ਇਮੇਜਿੰਗ ਤਕਨੀਕਾਂ ਅਤੇ ਮੈਡੀਕਲ ਤੇ ਕਲੀਨਿਕਲ ਇਮੇਜਿੰਗ ਵਿੱਚ ਮਸ਼ੀਨੀ ਬੁੱਧੀ (ਏਆਈ) ਦੀ ਵਧ ਰਹੀ ਭੂਮਿਕਾ ਪ੍ਰਦਰਸ਼ਿਤ ਕੀਤੀ ਗਈ।ਪ੍ਰੋ. ਪਰਮਜੀਤ ਸਿੰਘ, ਵਿਭਾਗ ਮੁਖੀ ਦੀ ਅਗਵਾਈ ਹੇਠ ਡਿਪਾਰਟਮੈਂਟ ਆਫ਼ ਕਲੀਨਿਕਲ ਫੋਟੋਗ੍ਰਾਫੀ ਪੀ ਜੀ ਆਈ ਨੇ ਇਨਾਮ-ਜੇਤੂ ਸਿਹਤ ਜਾਗਰੂਕਤਾ ਫ਼ਿਲਮਾਂ ਬਣਾਉਣ ਲਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਖ਼ਾਸ ਪਛਾਣ ਹਾਸਲ ਕੀਤੀ ਹੈ।ਵਰਕਸ਼ਾਪ ਦੌਰਾਨ ਰਾਸ਼ਟਰੀ ਫ਼ਿਲਮ ਅਵਾਰਡ ਜੇਤੂ ਡਾਇਰੈਕਟਰ ਡਾ. ਰਜੀਵ ਕੁਮਾਰ ਨਾਲ ਇੱਕ ਵਿਸ਼ੇਸ਼ ਸੰਵਾਦ ਵੀ ਕਰਵਾਇਆ ਗਿਆ, ਜਿਸ ਵਿੱਚ ਉਨ੍ਹਾਂ ਨੇ ਸਿਹਤ ਸੰਚਾਰ ਲਈ ਵਿਜ਼ੂਅਲ ਸਟੋਰੀਟੈਲਿੰਗ ਬਾਰੇ ਕੀਮਤੀ ਵਿਚਾਰ ਸਾਂਝੇ ਕੀਤੇ। ਬ੍ਰਿਜ ਲਾਲ, ਸੀਨੀਅਰ ਕੋਰਸ ਕੋਆਰਡੀਨੇਟਰ, ਬੀ.ਐਸ ਸੀ. ਮੈਡੀਕਲ ਐਨੀਮੇਸ਼ਨ ਐਂਡ ਆਡੀਓ ਵਿਜ਼ੂਅਲ ਕਮਿਊਨੀਕੇਸ਼ਨ, ਨਾਲ ਹੀ ਡਾ. ਅਭਿਜੀਤ ਸਿੰਘ, ਸੀਨੀਅਰ ਮੈਡੀਕਲ ਫੋਟੋਗ੍ਰਾਫਰ ਨੇ ਵਿਦਿਆਰਥੀਆਂ ਨੂੰ ਜਟਿਲ ਮੈਡੀਕਲ ਜਾਣਕਾਰੀ ਨੂੰ ਅਸਾਨ ਵਿਜ਼ੂਅਲ ਕਹਾਣੀਆਂ ਵਿੱਚ ਬਦਲਣ ਯੋਗ ਮਾਹਿਰ ਪੇਸ਼ੇਵਰ ਬਣਾਉਣ ਲਈ ਆਪਣੇ ਵਿਚਾਰ ਪੇਸ਼ ਕੀਤੇ। ਵਰਕਸ਼ਾਪ ਦੌਰਾਨ ਸੁਖਨਾ ਝੀਲ ਦੇ ਗਾਰਡਨ ਆਫ਼ ਸਾਇਲੈਂਸ ਵਿੱਚ ਇੱਕ ਫੋਟੋਵਾਕ ਨਿਰਧਾਰਤ ਕੀਤਾ ਗਿਆ।



# ਦਿਲਕਰਨ ਸਿੰਘ ਦੀ ਉਲੰਪਿਆਡ ਦੀ ਫਾਈਨਲ ਪ੍ਰੀਖਿਆ ਲਈ ਚੋਣ

**ਦੋਰਾਹਾ (ਹਰਮਿੰਦਰ ਸੇਠ)-** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਕਾਰਜਸ਼ੀਲ ਸੰਸਥਾ ਮਾਤਾ ਗੰਗਾ ਖ਼ਾਲਸਾ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ, ਮੰਜੀ ਸਾਹਿਬ ਕੋਟਾਂ ਦੇ 25 ਵਿਦਿਆਰਥੀਆਂ ਵੱਲੋਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਕਰਵਾਏ ਜਾ ਰਹੇ ਤੀਸਰੇ ਅੰਤਰਰਾਸ਼ਟਰੀ ਪੰਜਾਬੀ ਬੋਲੀ ਉਲੰਪਿਆਡ ਵਿੱਚ ਭਾਗ ਲਿਆ ਗਿਆ। ਰਜਿਸਟ੍ਰੇਸ਼ਨ ਉਪਰੰਤ ਵਿਦਿਆਰਥੀਆਂ ਵੱਲੋਂ ਲੈਕਚਰਾਰ ਸੁਰਿੰਦਰ ਕੌਰ (ਪੰਜਾਬੀ ਵਿਭਾਗ) ਦੀ ਅਗਵਾਈ ਹੇਠ ਰੋਜ਼ਾਨਾ ਕਲਾਸਾਂ ਲਗਾ ਕੇ ਦਿੱਤੇ ਸਿਲੇਬਸ ਦਾ ਅਧਿਐਨ ਕੀਤਾ ਗਿਆ । ਪੰਜਾਬ ਬੋਰਡ ਵੱਲੋਂ ਵਿਦਿਆਰਥੀਆਂ ਦੀਆਂ ਚਾਰ ਦਿਨ ਅਭਿਆਸ ਪ੍ਰੀਖਿਆਵਾਂ ਲਈਆਂ ਗਈਆਂ , ਉਪਰੰਤ ਪਹਿਲੇ ਪੜਾਅ ਅਤੇ ਦੂਜੇ ਪੜਾਅ ਦੀ ਪ੍ਰੀਖਿਆ ਲਈ ਗਈ ਜਿਸ ਵਿੱਚ ਪੂਰੀ ਲਗਨ ਅਤੇ ਮਿਹਨਤ ਨਾਲ ਵਿਦਿਆਰਥੀਆਂ ਨੇ ਹਿੱਸਾ ਲਿਆ ਗਿਆ । ਪਹਿਲੇ ਅਤੇ ਦੂਜੇ ਪੜਾਅ ਦੀਆਂ ਪ੍ਰੀਖਿਆਵਾਂ ਵਿੱਚੋਂ ਵਧੀਆ ਅੰਕ ਪ੍ਰਾਪਤ ਕਰਕੇ ਸਕੂਲ ਦੇ ਹੋਣਹਾਰ ਵਿਦਿਆਰਥੀ ਦਿਲਕਰਨ ਸਿੰਘ (ਜਮਾਤ ਗਿਆਰ੍ਹਵੀਂ) ਨੇ ਫਾਈਨਲ ਪੜਾਅ ਦੀ ਲਿਖਤੀ ਪ੍ਰੀਖਿਆ ਵਿੱਚ ਆਪਣੀ ਜਗ੍ਹਾ ਬਣਾਈ ਹੈ । ਪ੍ਰਿੰਸੀਪਲ ਡਾ. ਗਗਨਦੀਪ ਸਿੰਘ ਨੇ ਗਾਈਡ ਅਧਿਆਪਕ ਸੁਰਿੰਦਰ ਕੌਰ ਅਤੇ ਪੂਰੇ ਪੰਜਾਬੀ ਵਿਭਾਗ ਨੂੰ ਵਧਾਈ ਦਿੱਤੀ ਅਤੇ ਦਿਲਕਰਨ ਸਿੰਘ ਨੂੰ ਅਗਲੇਰੀ ਪ੍ਰੀਖਿਆ ਲਈ ਆਪਣੀ ਲਗਨ, ਮਿਹਨਤ ਨੂੰ ਜਾਰੀ ਰੱਖਣ ਅਤੇ ਸੁਨਹਿਰੇ ਭਵਿੱਖ ਲਈ ਆਸ਼ੀਰਵਾਦ ਦਿੱਤਾ । ਇਸ ਮੌਕੇ ਪੰਜਾਬੀ ਵਿਭਾਗ ਦੇ ਮੁਖੀ ਪ੍ਰੋਫੈਸਰ ਮਨਜੀਤ ਕੌਰ ਭੱਟੀ ਅਤੇ ਡਾ. ਰੂਪਾ ਕੌਰ ਵੀ ਹਾਜ਼ਰ ਸਨ।



# ਖੱਤਰੀ ਸਭਾ ਨੇ ਸਵਾਮੀ ਸ਼ਰਧਾ ਨੰਦ ਦਾ ਬਲੀਦਾਨ ਦਿਵਸ ਮਨਾਇਆ

**ਮੋਗਾ, (ਇਕਬਾਲ ਸਿੰਘ ਖਹਿਰਾ)-** ਦੇਸ਼ ਅਤੇ ਸਮਾਜ ਦੇ ਨਿਰਮਾਣ ਅਤੇ ਚੜ੍ਹਦੀ ਕਲਾ ਲਈ ਆਪਣਾ ਪੂਰਾ ਜੀਵਨ ਸਮਰਪਿਤ ਕਰ ਦੇਣ ਵਾਲੇ ਸਵਾਮੀ ਸ਼ਰਧਾ ਨੰਦ ਦਾ 99 ਵਾਂ ਬਲਿਦਾਨ ਦਿਵਸ ਅੱਜ ਇੱਥੇ ਖੱਤਰੀ ਭਵਨ ਵਿੱਚ ਖੱਤਰੀ ਸਭਾ ਵੱਲੋਂ ਚੇਅਰਮੈਨ ਵਿਜੇ ਧੀਰ ਐਡਵੋਕੇਟ ਅਤੇ ਪ੍ਰਧਾਨ ਡਾਕਟਰ ਐਮ ਐਲ ਜੈਦਕਾ ਦੀ ਅਗਵਾਈ ਵਿੱਚ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ, ਸਵਾਮੀ ਸ਼ਰਧਾ ਨੰਦ ਜੀ ਦੇ ਚਿੱਤਰ ਤੇ ਫੁੱਲ ਮਾਲਾਵਾਂ ਅਰਪਿਤ ਕੀਤੀਆਂ ਅਤੇ ਉਨਾਂ ਚਿੱਤਰ ਸਨਮੁਖ ਨਤਮਸਤਕ ਹੋਏ ਅਤੇ ਉਨਾਂ ਦੇ ਦਰਸਾਏ ਸਮਾਜ ਸੇਵਾ ਦੇ ਰਸਤੇ ਤੇ ਚੱਲਣ ਦਾ ਸੰਕਲਪ ਲਿਆ। ਇਸ ਮੌਕੇ ਖੱਤਰੀ ਸਭਾ ਚੇਅਰਮੈਨ ਵਿਜੇ ਧੀਰ ਐਡਵੋਕੇਟ ਅਤੇ ਪ੍ਰਧਾਨ ਡਾਕਟਰ ਐਮ ਐਲ ਜੈਦਕਾ ਨੇ ਸਵਾਮੀ ਸ਼ਰਧਾ ਨੰਦ ਨੂੰ ਆਪਣੀ ਨਿੱਘੀ ਸ਼ਰਧਾਂਜਲੀ ਦਿੰਦਿਆਂ ਕਿਹਾ ਕਿ ਅਮਰ ਬਲਿਦਾਨੀ ਸਵਾਮੀ ਸ਼ਰਧਾ ਨੰਦ ਇਕ ਦੇਸ਼ ਪ੍ਰੇਮੀ ਅਤੇ ਕਰਮ ਯੋਗੀ ਸੰਤ ਮਹਾਂ ਪੁਰਸ਼ ਸਨ ਜਿਹੜੇ ਸਮਾਜ ਨੂੰ ਪੂਰਨ ਤੌਰ ਤੇ ਸਮਰਪਿਤ ਸਨ। ਧੀਰ ਅਤੇ ਜੈਦਕਾ ਨੇ ਕਿਹਾ ਕਿ ਸਵਾਮੀ ਸ਼ਰਧਾ ਨੰਦ ਨੇ ਆਜ਼ਾਦੀ ਦੀ ਲੜਾਈ ਵਿੱਚ ਸਰਗਰਮ ਭੂਮਿਕਾ ਅਦਾ ਕਰਨ ਤੋਂ ਇਲਾਵਾ ਸਮਾਜ ਨੂੰ ਰਚਨਾਤਮਕ ਦਿਸ਼ਾ ਦੇਣ ਲਈ ਸਾਰਾ ਜੀਵਨ ਲਗਾ ਦਿੱਤਾ। ਧੀਰ ਅਤੇ ਜੈਦਕਾ ਨੇ ਕਿਹਾ ਕਿ ਰਾਸ਼ਟਰੀ ਏਕਤਾ ਕਾਇਮ ਰੱਖਣ ਅਤੇ ਦੇਸ਼ ਨੂੰ ਅੰਗਰੇਜ਼ਾਂ ਦੀ ਗੁਲਾਮੀ ਤੋਂ ਆਜ਼ਾਦ ਕਰਵਾਉਣ ਲਈ ਸਵਾਮੀ ਸ਼ਰਧਾ ਨੰਦ ਜੀ ਕਈ ਵਾਰ ਜੇਲ ਗਏ। ਇਸ ਮੌਕੇ ਚੇਅਰਮੈਨ ਵਿਜੇ ਧੀਰ ਅਤੇ ਜੈਦਕਾ ਨੇ ਦੱਸਿਆ ਕਿ ਅਮਰ ਬਲਿਦਾਨੀ ਸੁਆਮੀ ਸੁਆਮੀ ਸ਼ਰਧਾ ਨੰਦ ਖੱਤਰੀ ਕੁਲ ਦੇ ਵਿਜ ਗੋਤਰ ਵਿੱਚ ਪੈਦਾ ਹੋਏ ਸਨ। ਧੀਰ ਅਤੇ ਜੈਦਕਾ ਨੇ ਦੱਸਿਆ ਕਿ ਅਮਰ ਬਲਿਦਾਨੀ ਸੁਆਮੀ ਸ਼ਰਧਾ ਨੰਦ ਮਹਾਰਿਸ਼ੀ ਸਵਾਮੀ ਦਇਆਨੰਦ ਦੇ ਸੰਪਰਕ ਵਿੱਚ ਆ ਕੇ ਰਾਸ਼ਟਰੀ ਚੇਤਨਾ ਦੀ ਮਿਸਾਲ ਬਣ ਕੇ ਸਾਹਮਣੇ ਆਏ। ਰਾਸ਼ਟਰਪਿਤਾ ਮਹਾਤਮਾ ਗਾਂਧੀ ਸੁਆਮੀ ਸ਼ਰਧਾ ਨੰਦ ਜੀ ਵੱਲੋਂ ਸਮਾਜ ਪ੍ਰਤੀ ਕੀਤੇ ਗਏ ਕਾਰਜਾਂ ਦੀ ਪ੍ਰਸ਼ੰਸਾ ਕਰਦੇ ਸਨ। ਧੀਰ ਅਤੇ ਜੈਦਕਾ ਨੇ ਦੱਸਿਆ ਕਿ ਲੜਕੀਆਂ ਨੂੰ ਵੈਦਿਕ ਸਿੱਖਿਆ ਦੇਣ ਲਈ ਉਨਾਂ ਕੰਨਿਆ ਗੁਰੂ ਕੁਲ ਖੋਲੇ। 23 ਦਸੰਬਰ 1926 ਨੂੰ ਚਾਂਦਨੀ ਚੌਂਕ ਦੀ ਰਘੂ ਮੱਲ ਕੋਠੀ ਵਿੱਚ ਕਿਸੇ ਸਿਰ ਫਿਰੇ ਵਿਅਕਤੀ ਨੇ ਗੋਲੀ ਮਾਰ ਕੇ ਇਹਨਾਂ ਦੀ ਹੱਤਿਆ ਕਰ ਦਿੱਤੀ ਸੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਮਨ ਗਾਂਧੀ, ਵਿਕਾਸ ਕਪੂਰ, ਪ੍ਰਦੀਪ ਭੰਡਾਰੀ, ਨਿਸੀ ਰਕੇਸ਼ ਵਿਜ, ਸੁਮਨ ਕਾਂਤ ਵਿਜ, ਰਕੇਸ਼ ਸਿਤਾਰਾ ਬ੍ਰਾਂਡ ਅੰਬੈਸਡਰ, ਸੰਜੀਵ ਕੌੜਾ ਜੀ ਐਸ ਟੀ, ਦੀਪਕ ਕੌੜਾ, ਸਰਬਜੀਤ ਮੈਂਗੀ, ਪਵਨ ਕਪੂਰ, ਨਰੇਸ਼ ਧੀਰ ਨੈਸਲੇ ਹਾਜਰ ਸਨ।



# ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਸ਼ਰਾਬ ਦੀ ਵਿਕਰੀ 'ਤੇ ਰੋਕ

**ਫਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** ਜ਼ਿਲ੍ਹਾ ਮੈਜਿਸਟ੍ਰੇਟ ਡਾ. ਸੋਨਾ ਥਿੰਦ ਨੇ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਗੁਰਦੁਆਰਾ ਸ਼੍ਰੀ ਫ਼ਤਹਿਗੜ੍ਹ ਸਾਹਿਬ, ਗੁਰਦੁਆਰਾ ਸ਼੍ਰੀ ਜੋਤੀ ਸਰੂਪ ਸਾਹਿਬ ਦੀ ਹਦੂਦ ਦੇ ਤਿੰਨ ਕਿਲੋਮੀਟਰ ਦੇ ਏਰੀਏ ਅੰਦਰ ਤੇ ਤਿੰਨ ਕਿਲੋਮੀਟਰ ਦੇ ਏਰੀਏ ਤੋਂ ਇਲਾਵਾ ਅਨਾਜ ਮੰਡੀ ਸਰਹਿੰਦ, ਸਾਨੀਪੁਰ ਚੌਂਕ, ਜੀਟੀ ਰੋਡ ਬਾੜਾ, ਚਾਵਲਾ ਚੌਂਕ, ਸਰਹਿੰਦ ਰੇਲਵੇ ਰੋਡ, ਸਰਹੰਦ ਰੇਲਵੇ ਰੋਡ ਹਮਾਯੂਪੁਰ, ਭੱਟੀ ਰੋਡ ਸਰਹਿੰਦ, ਖਾਨਪੁਰ ਦੇ ਸ਼ਰਾਬ ਦੇ ਠੇਕੇ ਤੇ ਅਹਾਤੇ ਉੱਤੇ ਸ਼ਰਾਬ ਦੀ ਵਿਕਰੀ, ਹੋਟਲਾਂ ਆਦਿ ਜਿੱਥੇ ਕਾਨੂੰਨੀ ਤੌਰ 'ਤੇ ਸ਼ਰਾਬ ਦੀ ਵਰਤੋਂ ਦੀ ਇਜਾਜ਼ਤ ਹੈ, ਵਿੱਚ ਸ਼ਰਾਬ ਦੀ ਵਰਤੋਂ ਕਰਨ, ਸ਼ਰਾਬ ਦੀ ਵਰਤੋਂ ਕਰਕੇ ਸ਼ਹੀਦੀ ਸਭਾ ਦੇ ਏਰੀਏ ਅੰਦਰ ਦਾਖਲ ਹੋਣ 'ਤੇ 25 ਦਸੰਬਰ ਤੋਂ 27 ਦਸੰਬਰ ਨੂੰ ਰਾਤ 12 ਵਜੇ ਤੱਕ ਪੂਰਨ ਤੌਰ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।

# ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਨੇ ਪੈਨਸ਼ਨਰ ਡੇ ਮਨਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ):** ਪੰਜਾਬ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਬ੍ਰਾਂਚ ਫਿਰੋਜ਼ਪੁਰ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਫਿਰੋਜਪੁਰ ਵਿਖੇ ਹੋਈ, ਮੀਟਿੰਗ ਦੀ ਪ੍ਰਧਾਨਗੀ ਗੁਰਨਾਮ ਸਿੰਘ ਸੁਧਾਰਾ ਨੇ ਕੀਤੀ। ਮੀਟਿੰਗ ਵਿਚ ਵੱਖ ਵੱਖ ਵਿਭਾਗਾਂ ਤੋਂ ਸੇਵਾ ਮੁਕਤ ਹੋਏ ਪੈਨਸ਼ਨਰ ਸ਼ਾਮਲ ਹੋਏ। ਮੀਟਿੰਗ ਵਿਚ 75 ਸਾਲ ਤੋਂ ਵੱਧ ਉਮਰ ਦੇ ਪੈਨਸ਼ਨਰਾਂ ਨੂੰ ਸਨਮਾਨਿਤ ਕੀਤਾ। ਇਸ ਸਮੇਂ ਗੁਰਨਾਮ ਸਿੰਘ ਸੁਧਾਰਾ ਪ੍ਰਧਾਨ, ਕਿਸ਼ਨ ਚੰਦ ਜਾਗੋਵਾਲੀਆ ਜਨਰਲ ਸਕੱਤਰ, ਬਲਬੀਰ ਸਿੰਘ ਕੰਬੋਜ਼, ਤਰਸੇਮ ਬੇਦੀ, ਪ੍ਰਤਾਪ ਸਿੰਘ ਢਿੱਲੋਂ ਤੇ ਮਿਹਰ ਸਿੰਘ ਨੇ ਕਿਹਾ ਪੰਜਾਬ ਸਰਕਾਰ ਨੇ ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਚੁੱਪੀ ਧਾਰ ਰੱਖੀ ਹੈ। ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਰਿਲੀਜ਼ ਨਹੀਂ ਕੀਤੀਆਂ ਜਾ ਰਹੀਆਂ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਜਲਦੀ ਹੱਲ ਨਾ ਕੀਤਾ ਤਾਂ 20 ਫਰਵਰੀ ਨੂੰ ਮੋਹਾਲੀ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ। ਮੀਟਿੰਗ ਵਿਚ ਤਰਲੋਕ ਸਿੰਘ, ਜੋਗਿੰਦਰ ਸਿੰਘ, ਗੁਰਜਿੰਦਰ ਸਿੰਘ, ਬਿੱਕਰ ਸਿੰਘ, ਪਰਮਜੀਤ ਸਿੰਘ, ਗਿਆਨ ਸਿੰਘ, ਹੇਮੰਤ ਸਿੰਘ, ਰਮੇਸ਼ ਭੱਟੀ, ਸਵਿੰਦਰਪਾਲ ਕੌਰ, ਪਵਿੱਤਰ ਸਿੰਘ, ਸਵਰਨ ਸਿੰਘ, ਰਮੇਸ਼ ਕੁਮਾਰ, ਰਾਮ ਪ੍ਰਸਾਦ, ਨੰਦ ਲਾਲ ਚੰਦਰ ਮੋਹਨ, ਜੀਤ ਸਿੰਘ, ਸੂਜਾ ਰਾਮ ਸ਼ਾਮਲ ਹੋਏ।

# ਦੀਪਾਂਸ਼ ਗੁਪਤਾ ਬਣੇ ਡਿਪਲੋਮਾ ਇੰਜੀਨੀਅਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ



**ਸੰਗਰੂਰ (ਪ੍ਰਵੀਨ ਸਿੰਘ)-** ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਜੂਨੀਅਰ ਇੰਜੀਨੀਅਰਾਂ,ਪੱਦ ਉਨੱਤ ਉਪ ਮੰਡਲ ਇੰਜੀਨੀਅਰਾਂ ਅਤੇ ਕਾਰਜਕਾਰੀ ਇੰਜੀਨੀਅਰਾਂ ਦੀ ਸਿਰਮੌਰ ਜਥੇਬੰਦੀ ਡਿਪਲੋਮਾ ਇੰਜੀਨੀਅਰ ਐਸੋਸੀਏਸ਼ਨ ਦੇ ਸੂਬਾਈ ਅਹੁਦੇਦਾਰਾਂ ਦੀ ਚੋਣ ਅਬਜਰਵਰ ਇੰਜ. ਅਮ੍ਰਿਤਪਾਲ ਸਿਘ ਸੇਵਾ ਮੁਕਤ ਐਸ.ਡੀ.ਈ, ਇੰਜ. ਵਿਨੋਦ ਉਪੱਲ ਸੇਵਾ ਮੁਕਤ ਐਸ.ਡੀ.ਈ ਅਤੇ ਇੰਜ. ਲਾਲ ਚੰਦ ਸੇਵਾ ਮੁਕਤ ਐਸ.ਡੀ.ਈ ਦੀ ਨਿਗਰਾਨੀ ਹੇਠ ਸੱਦੇ ਗਏ ਇਜਲਾਸ ਵਿੱਚ ਹੋਈ।ਇਸ ਸੂਬਾਈ ਇਜਲਾਸ ਵਿਚ ਸਾਰੇ 13 ਜੋਨਾਂ ਦੇ ਨੁਮਾਇੰਦਿਆਂ ਨੇ ਭਾਗ ਲਿਆ ਅਤੇ ਸਰਬਸੰਮਤੀ ਨਾਲ ਚੰਡੀਗੜ੍ਹ ਜੋਨ ਤੋਂ ਇੰਜ. ਸ਼੍ਰੀ ਦੀਪਾਸ਼ ਗੁਪਤਾ ਨੂੰ ਸੂਬਾਈ ਪ੍ਰਧਾਨ, ਲੁਧਿਆਣਾ ਜੋਨ ਤੋਂ ਇੰਜ. ਸੁਖਰਾਜ ਸਿੰਘ ਨੂੰ ਜਨਰਲ ਸਕੱਤਰ ਅਤੇ ਜਲੰਧਰ ਜੋਨ ਤੋਂ ਇੰਜ. ਬਲਜਿੰਦਰ ਸਿੰਘ ਨੂੰ ਵਿੱਤ ਸਕੱਤਰ ਵਜੋਂ ਚੁਣਿਆ ਗਿਆ। ਇਸ ਦੌਰਾਨ ਐਸੋਸ਼ੀਏਸ਼ਨ ਦੇ ਸਰਪ੍ਰਸਤ ਇੰਜ. ਸੁਖਮਿੰਦਰ ਸਿੰਘ ਲਵਲੀ ਕਾਰਜਕਾਰੀ ਇੰਜੀਨੀਅਰ, ਇੰਜ. ਕਰਮਜੀਤ ਸਿੰਘ ਬਹੀਲਾ, ਇੰਜ. ਅਰਵਿੰਦ ਸੈਣੀ ਐਸ.ਡੀ.ਈ ਅਤੇ ਇੰਜ. ਕਮਰਜੀਤ ਸਿਘ ਮਾਨ ਨੇ ਵੀ ਆਪਣੀ ਸ਼ਮੂਲੀਅਤ ਦਿੱਤੀ।ਨਵੇਂ ਚੁਣੇ ਪ੍ਰਧਾਨ ਇੰਜ ਦੀਪਾਸ਼ ਗੁਪਤਾ ਵੱਲੋਂ ਸਾਰੇ ਹਾਜਰ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

# ਵਿਕਸਤ ਭਾਰਤ ਜੀ ਰਾਮ ਜੀ ਬਿੱਲ ਵਾਪਸ ਲਵੇ ਸਰਕਾਰ : ਡੀ ਐੱਮ ਐੱਫ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-** ਬਲਾਕ ਕਮੇਟੀ ਡੈਮੋਕ੍ਰੇਟਿਕ ਮਨਰੇਗਾ ਫਰੰਟ ਵੱਲੋਂ ਐਸ ਡੀ ਐਮ ਦੇ ਦਫਤਰ ਸਾਹਮਣੇ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਰਾਜ ਕੁਮਾਰ ਸਿੰਘ ਕਨਸੂਹਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮਗਨਰੇਗਾ ਕਾਨੂੰਨ ਰੱਦ ਕਰਕੇ ਨਵੇਂ ਲਿਆਂਦੇ ਵਿਕਸਤ ਭਾਰਤ ਜੀ ਰਾਮ ਜੀ ਬਿੱਲ 2025 ਨੂੰ ਸਰਕਾਰ ਵਾਪਸ ਲਵੇ ਤੇ ਮੁੜ ਮਗਨਰੇਗਾ ਕਾਨੂੰਨ ਨੂੰ ਬਹਾਲ ਕਰੇ ਕਿਉਂਕਿ ਇਹ ਕਿਰਤੀਆਂ ਦਾ ਬੁਨਿਆਦੀ ਹੱਕ ਖੋਹਣ ਵਾਲਾ ਅਤੇ ਦੇਸ਼ ਦੇ ਫੈਡਰਲ ਢਾਂਚੇ ਨੂੰ ਕਮਜ਼ੋਰ ਕਰਨ ਵਾਲਾ ਹੈ, ਪਹਿਲਾਂ ਇਹ ਮੰਗ ਅਧਾਰਿਤ ਕਾਨੂੰਨ ਸੀ। ਹੁਣ ਇਸ ਨੂੰ ਸਪਲਾਈ ਅਧਾਰਿਤ ਬਣਾ ਕੇ ਕੇਂਦਰ ਸਰਕਾਰ ਦੇ ਰਹਿਮੋ ਕਰਮ 'ਤੇ ਕਰ ਦਿੱਤਾ ਹੈ।ਮਨਰੇਗਾ ਵਰਕਰਾਂ ਨੂੰ ਸੰਬੋਧਨ ਕਰਦਿਆਂ ਫਰੰਟ ਦੀ ਹਮਾਇਤ 'ਤੇ ਆਏ ਇੰਟਰਨੈਸ਼ਨਲਿਸਟ ਡੈਮੋਕ੍ਰੇਟਿਕ ਪਲੇਟਫਾਰਮ (ਆਈ ਡੀ ਪੀ) ਕੌਮੀ ਪ੍ਰਧਾਨ ਕਰਨੈਲ ਸਿੰਘ ਜਖੇਪਲ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪਾਰਲੀਮੈਂਟ ਵਿੱਚ ਮਨਰੇਗਾ ਕਾਨੂੰਨ ਖਤਮ ਕਰਕੇ ਦੇਸ਼ ਦੇ ਹੇਠਲੇ ਵਰਗ ਦਾ ਸੰਵਿਧਾਨਕ ਹੱਕ ਖੋਹ ਲਿਆ ਹੈ, ਨਵੇਂ ਲਿਆਂਦੇ ਕਾਨੂੰਨ ਵਿਕਸਤ ਭਾਰਤ ਜੀ ਰਾਮ ਜੀ ਨੂੰ ਲਿਆ ਕੇ ਸੂਬਿਆਂ ਦਾ ਹੱਕ ਮਾਰਿਆ ਹੈ। ਉਨ੍ਹਾਂ ਕਿਹਾ ਪੰਜਾਬ ਵਰਗਾ ਸੂਬਾ ਜੋ ਜੀ ਐਸ ਟੀ ਤੇ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਪਹਿਲਾਂ ਹੀ ਕਰਜ਼ੇ ਵਿੱਚ ਡੁੱਬਿਆ ਹੋਇਆ ਹੈ ਉਹ 40 ਫੀਸਦੀ ਪੈਸਾ ਕਿਵੇਂ ਪਾ ਸਕਦਾ ਹੈ ਕਿਉਂਕਿ ਪਹਿਲਾਂ ਕੇਂਦਰ 90 ਫੀਸਦੀ ਹਿੱਸਾ ਤੇ ਸੂਬਾ 10 ਫੀਸਦੀ ਹਿੱਸਾ ਪਾਉਂਦਾ ਸੀ। ਹੁਣ ਉਹ ਰੇਸ਼ੋ 60:40 ਕਰ ਦਿੱਤੀ ਹੈ। ਦੂਸਰਾ ਜੋ ਮਟੀਰੀਅਲ ਕਾਸਟ ਵਿੱਚੋਂ ਪਿੰਡਾਂ ਦੇ ਵਿਕਾਸ ਲਈ ਪੈਸਾ ਆਉਂਦਾ ਸੀ ਉਹ ਨਾ ਆਉਣ ਕਰਕੇ ਪਿੰਡਾਂ ਦੇ ਵਿਕਾਸ ਕਾਰਜ ਵੀ ਪ੍ਰਭਾਵਿਤ ਹੋਣਗੇ, ਇਸ ਲਈ ਇਹ ਫੈਸਲਾ ਸਭ ਨਾਲ ਸਬੰਧਿਤ ਹੈ। 125 ਦਿਨ ਕਰਕੇ ਇਸ ਦੇ ਵਿਰੋਧ ਨੂੰ ਮੱਠਾ ਕਰਨ ਦੀ ਕੋਸ਼ਿਸ਼ ਹੈ, ਜਦੋਂਕਿ ਪਹਿਲਾਂ ਹੀ ਦੇਸ਼ ਵਿੱਚ ਔਸਤ 50 ਦਿਨ, ਪੰਜਾਬ ਵਿੱਚ ਔਸਤ 38 ਦਿਨ ਤੋਂ ਵੱਧ ਕੰਮ ਨਹੀਂ ਦਿੱਤਾ ਗਿਆ, ਇਸ ਸਾਲ ਵਿੱਚ ਹੁਣ ਤੱਕ ਔਸਤ 26 ਦਿਨ ਹੀ ਕੰਮ ਦਿੱਤਾ ਹੈ। ਕੇਂਦਰ ਸਰਕਾਰ ਦਾ ਇਹ ਫੈਸਲਾ ਗਰੀਬਾਂ ਦੇ ਚੁੱਲ੍ਹਿਆਂ ਦੀ ਅੱਗ ਬੁਝਾਉਣ ਵਾਲਾ ਹੈ। ਇਸ ਲਈ ਅੱਜ ਹਰ ਇੱਕ ਨੂੰ ਇਹ ਬਿਲ ਵਾਪਸ ਕਰਵਾਉਣ ਦੀ ਜਦੋਜਹਿਦ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ। ਰੋਸ ਪ੍ਰਦਰਸ਼ਨ ਨੂੰ ਸੁਖਵਿੰਦਰ ਕੌਰ ਘਾਸੀਵਾਲ, ਗੁਰਸੇਵਕ ਸਿੰਘ ਧਰਮਗੜ੍ਹ, ਬਲਜੀਤ ਕੌਰ ਸਤੌਜ, ਪਰਮਜੀਤ ਕੌਰ ਵੀਰ ਕਲਾਂ, ਰੂਪ ਸਿੰਘ ਸੇਰੋਂ ਹਰਪਾਲ ਕੌਰ ਟਿੱਬੀ, ਚਰਨਜੀਤ ਕੌਰ, ਭਰਪੂਰ ਸਿੰਘ, ਗੁਰਧਿਆਨ ਕੌਰ ਨਮੋਲ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਤਹਿਸੀਲਦਾਰ ਵਿਕਰਮਜੀਤ ਸਿੰਘ ਨੇ ਮੰਗ ਪੱਤਰ ਪ੍ਰਾਪਤ ਕੀਤਾ।



# ਸਾਲਾਨਾ ਸਭਾ ਮੌਕੇ ਪੁੱਜੀਆਂ ਸੰਗਤਾਂ ਲਈ ਵੱਖ-ਵੱਖ ਥਾਵਾਂ 'ਤੇ ਲੰਗਰ ਲਗਾਏ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-** ਮਾਛੀਵਾੜਾ ਸਾਹਿਬ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਆਮਦ ਦੀ ਯਾਦ ਵਿਚ ਸੰਗਤਾਂ ਤਿੰਨ ਦਿਨਾਂ ਸਾਲਾਨਾ ਸਭਾ ਮੌਕੇ ਭਾਰੀ ਗਿਣਤੀ 'ਚ ਗੁਰਦੁਆਰਾ ਸਾਹਿਬਾਨਾਂ ਵਿਚ ਦਰਸ਼ਨ ਕਰਨ ਪੁੱਜੀਆਂ। ਗੁਰਦੁਆਰਾ ਚਰਨ ਕੰਵਲ ਸਾਹਿਬ ਨੇੜੇ ਜਾਤੀਵਾਲ ਅਤੇ ਆਸਪਾਸ ਦੇ ਪਿੰਡਾਂ ਵਲੋਂ ਲੰਗਰ ਲਗਾਇਆ ਗਿਆ। ਜਥੇਦਾਰ ਕੁਲਦੀਪ ਸਿੰਘ ਜਾਤੀਵਾਲ ਨੇ ਦੱਸਿਆ ਕਿ ਇਹ ਲੰਗਰ ਪਿਛਲੇ ਕਈ ਸਾਲਾਂ ਤੋਂ ਲਗਾਇਆ ਜਾ ਰਿਹਾ ਹੈ ਜਿਸ ਵਿਚ ਪਿੰਡ ਵਾਸੀ ਬੜੀ ਸ਼ਰਧਾ ਨਾਲ ਸੇਵਾ ਕਰਦੇ ਹਨ। ਇਸ ਲੰਗਰ ਵਿਚ ਤਿੰਨ ਦਿਨ ਦਾਲ, ਸਬਜ਼ੀ, ਰੋਟੀ, ਚੌਲ ਅਤੇ ਚਾਹ ਵਰਤਾਈ ਜਾਂਦਾ ਹੈ। ਇਸੇ ਤਰ੍ਹਾਂ ਜਗਦੰਬੇ ਇੰਟਰਨੈਸ਼ਨਲ, ਪਿੰਡ ਝੜੌਦੀ ਤੇ ਰਾਮਗੜ੍ਹ ਦੀਆਂ ਸੰਗਤਾਂ ਲਈ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਰੋਡ 'ਤੇ ਤਿੰਨ ਦਿਨ ਲੰਗਰ ਲਗਾਇਆ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਬਲਵਿੰਦਰ ਸਿੰਘ ਅਤੇ ਭੁਪਿੰਦਰ ਸਿੰਘ ਕਾਹਲੋਂ ਨੇ ਦੱਸਿਆ ਕਿ ਉਨ੍ਹਾਂ ਵਲੋਂ ਹਰੇਕ ਸਾਲ ਸਲਾਨਾ ਜੋੜ ਮੇਲ 'ਤੇ ਸੰਗਤਾਂ ਦੇ ਸਹਿਯੋਗ ਨਾਲ ਲੰਗਰ ਲਗਾਇਆ ਜਾਂਦਾ ਹੈ ਜੋ ਕਿ ਲਗਾਤਾਰ ਤਿੰਨ ਦਿਨ ਜਾਰੀ ਰਹਿੰਦਾ ਹੈ। ਸੇਵਾ ਕਰਨ ਵਾਲਿਆਂ 'ਚ ਸਾਬਕਾ ਸਰਪੰਚ ਗੁਰਦੀਪ ਸਿੰਘ, ਦਰਸ਼ਨ ਸਿੰਘ ਝੜੌਦੀ, ਬਲਜਿੰਦਰ ਸਿੰਘ ਝੜੌਦੀ, ਚੇਤਨ ਕੁਮਾਰ, ਸਰਬਜੋਤ ਸਿੰਘ ਝੜੌਦੀ, ਸੰਤੋਖ ਸਿੰਘ, ਰਣਜੀਤ ਸਿੰਘ ਟਾਂਡਾ ਕਾਲੀਆ, ਜਗਤਾਰ ਸਿੰਘ, ਕੁਲਜੀਤ ਸਿੰਘ, ਹਰਮੀਤ ਕੌਰ, ਧਰਮਵੀਰ ਸਿੰਘ, ਹਰਪਾਲ ਸਿੰਘ, ਜਸਵਿੰਦਰ ਸਿੰਘ, ਸੁਖਦੀਪ ਸਿੰਘ ਸਰਪੰਚ, ਤਰਨਜੀਤ ਸਿੰਘ ਕੈਨੇਡਾ, ਗਹਿਣਾ ਸਿੰਘ ਝੜੌਦੀ, ਮਨਜੀਤ ਸਿੰਘ, ਗੁਰਕੀਰਤ ਸਿੰਘ, ਹਰਮਨ ਸਿੰਘ, ਸੁਖਦੇਵ ਸਿੰਘ ਹਾਜ਼ਰ ਸਨ. ਇਸ ਤੋਂ ਇਲਾਵਾ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਚੈਰੀਟੇਬਲ ਸੁਸਾਇਟੀ ਵਲੋਂ ਤਿੰਨ ਦਿਨ ਦੁੱਧ ਦਾ ਲੰਗਰ ਲਗਾਇਆ ਜਾ ਰਿਹਾ ਹੈ। ਸੰਸਥਾ ਦੇ ਚੇਅਰਮੈਨ ਅਮੀ ਚੰਦ ਨੇ ਦੱਸਿਆ ਕਿ ਪਿਛਲੇ 34 ਸਾਲ ਤੋਂ ਲੰਗਰ ਦੀ ਸੇਵਾ ਜਾਰੀ ਹੈ ਅਤੇ ਲੋਕ ਸ਼ਰਧਾ ਨਾਲ ਆ ਕੇ ਦੁੱਧ ਦਾ ਲੰਗਰ ਛਕਦੇ ਹਨ। ਸੇਵਾ ਕਰਨ ਵਾਲਿਆਂ ਵਿਚ ਪਹਿਲਵਾਨ ਸ਼ੰਮੀ ਕੁਮਾਰ, ਹਰਦੇਵ ਲਾਲ, ਸ਼ਾਮ ਸਿੰਘ, ਪ੍ਰੀਤਮ ਸਿੰਘ, ਅਮਰਜੀਤ ਸਿੰਘ, ਅਮਰੀਕ ਸਿੰਘ, ਨਰਿੰਦਰ ਕੁਮਾਰ, ਅੰਗਰੇਜ ਸਿੰਘ, ਡੋਗਰ ਮਹਿਰਾ ਵੀ ਹਾਜ਼ਰ ਸਨ।



# ਪੀ ਜੀ ਆਈ ਨੇ ਰੋਜ਼ ਸ਼ੋਅ 'ਚ ਹਾਸਲ ਕੀਤੀ ਸ਼ਾਨਦਾਰ ਜਿੱਤ

**ਸਮਰਾਲਾ, (ਸੁਰਜੀਤ ਸਿੰਘ)-** ਪੀ ਜੀ ਆਈ ਚੰਡੀਗੜ੍ਹ ਨੇ ਨਵੀਂ ਦਿੱਲੀ ਵਿਚ ਇੰਡੀਆ-ਅਫ਼ਰੀਕਾ ਫ੍ਰੈਂਡਸ਼ਿਪ ਰੋਜ਼ ਗਾਰਡਨ ਵਿੱਚ ਹੋਏ ਸਾਲਾਨਾ ਵਿੰਟਰ ਰੋਜ਼ ਸ਼ੋਅ ਵਿੱਚ ਸ਼ਾਨਦਾਰ ਪ੍ਰਦਰਸ਼ਨ ਦਰਜ ਕੀਤਾ। ਡਾਇਰੈਕਟਰ ਪੀ ਜੀ ਆਈ ਦੀ ਟੀਮ ਨੇ ਵੱਖ-ਵੱਖ ਸ਼੍ਰੇਣੀਆਂ ਵਿੱਚ ਕੁੱਲ 78 ਟਰਾਫ਼ੀਆਂ ਅਤੇ ਕੱਪ ਜਿੱਤੇ, ਜਿਨ੍ਹਾਂ ਵਿੱਚ ਐਨ.ਐਨ. ਮੋਹਨ ਚੈਲੇਂਜ ਟਰਾਫ਼ੀ, ਰੋਜ਼ ਸੋਸਾਇਟੀ ਚੈਲੇਂਜ ਕੱਪ ਅਤੇ ਰੋਜ਼ ਸੋਸਾਇਟੀ ਚੈਲੇਂਜ ਟਰਾਫ਼ੀ ਸਮੇਤ ਹੋਰ ਇਨਾਮ ਸ਼ਾਮਲ ਹਨ।ਇਸ ਪ੍ਰਦਰਸ਼ਨੀ ਵਿੱਚ ਦੇਸ਼ ਭਰ ਤੋਂ 10 ਪ੍ਰਮੁੱਖ ਸੰਸਥਾਵਾਂ ਅਤੇ 200 ਤੋਂ ਵੱਧ ਵਿਅਕਤੀਗਤ ਪ੍ਰਦਰਸ਼ਕਾਂ ਨੇ ਭਾਗ ਲਿਆ । ਐਨ.ਡੀ.ਐਮ.ਸੀ., ਸੀ.ਪੀ.ਡਬਲਯੂ.ਡੀ., ਹੁੱਡਾ, ਪੀ ਜੀ ਆਈ-ਚੰਡੀਗੜ੍ਹ ਅਤੇ ਆਈ.ਏ.ਆਰ.ਆਈ.-ਪੂਸਾ ਵਰਗੀਆਂ ਸੰਸਥਾਵਾਂ ਨੇ ਵੱਖ-ਵੱਖ ਸ਼੍ਰੇਣੀਆਂ ਵਿੱਚ ਮੁਕਾਬਲਾ ਕੀਤਾ।



# ਮਾਛੀਵਾੜਾ ਸਾਹਿਬ ਸਾਲਾਨਾ ਸਭਾ ਦੇ ਦੂਜੇ ਦਿਨ ਸੰਗਤਾਂ ਦਾ ਉਮੜਿਆ ਸੈਲਾਬ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ,ਜਗਦੀਸ਼ ਰਾਏ) -** ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਮਾਛੀਵਾੜਾ ਸਾਹਿਬ ਸਾਲਾਨਾ ਸਭਾ ਦੇ ਦੂਜੇ ਦਿਨ ਸੰਗਤਾਂ ਦਾ ਭਾਰੀ ਤਾਂਤਾ ਲੱਗਿਆ ਜਿਨ੍ਹਾਂ ਵਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋ ਦੀਵਾਨ ਹਾਲ ਵਿਚ ਰਾਗੀ, ਢਾਡੀ, ਕਵੀਸ਼ਰੀ ਤੋਂ ਗੁਰੂ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਹਾਦਤ ਦਾ ਇਤਿਹਾਸ ਸਰਵਣ ਕੀਤਾ। ਦੀਵਾਨ ਹਾਲ ਵਿਚ ਕੋਈ ਸਿਆਸੀ ਕਾਨਫਰੰਸਾਂ ਨਾ ਹੋਈਆਂ ਬਲਕਿ ਸਾਰਾ ਦਿਨ ਗੁਰਬਾਣੀ ਦਾ ਪ੍ਰਵਾਹ ਚੱਲਿਆ. 24 ਦਸੰਬਰ ਨੂੰ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ ਜੋ ਕਿ ਹੋਰਨਾਂ ਗੁਰਦੁਆਰਾ ਸਾਹਿਬਾਨਾਂ ਨੂੰ ਦਰਸ਼ਨ ਦਿੰਦਾ ਹੋਇਆ ਗੁਰਦੁਆਰਾ ਸਾਹਿਬ ਵਿਖੇ ਆ ਕੇ ਸਮਾਪਤ ਹੋਵੇਗਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋਂ, ਸਰਬੰਸ ਸਿੰਘ ਮਾਣਕੀ, ਹਰਜਤਿੰਦਰ ਸਿੰਘ ਪਵਾਤ (ਦੋਵੇਂ ਸ਼੍ਰੋਮਣੀ ਕਮੇਟੀ ਮੈਂਬਰ), ਬਲਾਕ ਸੰਮਤੀ ਮੈਂਬਰ ਕੁਲਦੀਪ ਸਿੰਘ ਜਾਤੀਵਾਲ, ਚਿੱਤਰਕਾਰ ਜਗਦੀਸ਼ ਸਿੰਘ ਬਰਾੜ, ਹੈੱਡ ਗ੍ਰੰਥੀ ਗੁਰਮੁਖ ਸਿੰਘ, ਬਾਬਾ ਮੋਹਣ ਸਿੰਘ, ਕਥਾਵਾਚਕ ਇਕਨਾਮ ਸਿੰਘ, ਭਾਈ ਬਚਿੱਤਰ ਸਿੰਘ, ਬਲਜਿੰਦਰ ਸਿੰਘ ਤੂਰ ਵੀ ਮੌਜੂਦ ਸਨ। ਇਸ ਤੋਂ ਇਲਾਵਾ ਮੈਨੇਜਰ ਜਸਵੀਰ ਸਿੰਘ ਮੰਗਲੀ ਗੁਰੂ ਘਰ ਵਿਚ ਪ੍ਰਬੰਧਾਂ ਦੀ ਦੇਖ ਰੇਖ ਕਰਦੇ ਰਹੇ।

# ਜ਼ਰੂਰਤਮੰਦ ਲੋਕਾਂ ਨੂੰ ਭਗਤੀ ਭਜਨ ਗਰੁੱਪ ਵੱਲੋਂ ਗਰਮ ਕੱਪੜੇ ਵੰਡੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਭਗਤੀ ਭਜਨ ਗਰੁੱਪ ਦੇ ਸੰਸਥਾਪਕ ਧਰਮਪਾਲ ਬਾਂਸਲ (ਚੇਅਰਮੈਨ ਹਾਰਮਨੀ ਵਨਿਅਮ, ਹਾਰਮਨੀ ਆਯੁਰਵੈਦਿਕ ਕਾਲਜ ਅਤੇ ਸ਼ਹੀਦ ਭਗਤ ਸਿੰਘ ਕਾਲਜ ਆਫ ਨਰਸਿੰਗ) ਵੱਲੋਂ ਆਪਣੇ ਗਰੁੱਪ ਦੇ ਮੈਂਬਰਾਂ ਨਾਲ ਸਰਦੀ ਦੇ ਮੌਸਮ ਨੂੰ ਧਿਆਨ ਵਿਚ ਰੱਖਦੇ ਹੋਏ ਹਰ ਸਾਲ ਦੀ ਤਰ੍ਹਾਂ ਗਰਮ ਸੂਟ, ਕੋਟੀਆਂ , ਸਵੈਟਰ ਅਤੇ ਬੂਟ ਜਰਾਬਾਂ ਆਦਿ ਵੰਡੇ ਗਏ। ਇਸ ਦੇ ਨਾਲ ਨਾਲ ਸਰਦੀ ਨੂੰ ਦੇਖਦੇ ਹੋਏ ਗਰਮ ਕੱਪੜੇ ਵੰਡਣ ਤੋਂ ਬਾਅਦ ਚਾਹ ਅਤੇ ਬਿਸਕੁਟਾਂ ਦਾ ਲੰਗਰ ਵੀ ਲਾਇਆ ਗਿਆ। ਜ਼ਰੂਰਤਮੰਦ ਲੋਕਾਂ ਲਈ ਭਗਤੀ ਭਜਨ ਗਰੁੱਪ ਵੱਲੋਂ ਹਰ ਸਾਲ ਗਰਮ ਕੱਪੜੇ, ਬੂਟ ਆਦਿ ਵੰਡੇ ਜਾਂਦੇ ਹਨ ਜੋ ਕਿ ਬਹੁਤ ਹੀ ਵਧੀਆ ਉਪਰਾਲਾ ਹੈ। ਭਗਤੀ ਭਜਨ ਗਰੁੱਪ ਦੇ ਸੰਸਥਾਪਕ ਧਰਮਪਾਲ ਬਾਂਸਲ ਵੱਲੋਂ ਡੀ ਪੀ ਲਾਇਫ ਭਗਤੀ ਭਜਨ ਚੈਨਲ ਵੀ ਚਲਾਇਆ ਜਾ ਰਿਹਾ, ਜਿਸ ਦੀ ਸਾਰੀ ਆਮਦਨ ਜ਼ਰੂਰਤਮੰਦ ਬੱਚਿਆਂ ਦੀ ਪੜ੍ਹਾਈ ਲਈ ਖਰਚ ਕੀਤੀ ਜਾਂਦੀ ਹੈ।



ਇਸ ਮੌਕੇ ਗਰੁੱਪ ਦੇ ਮੈਂਬਰ ਕੈਲਾਸ਼ ਸ਼ਰਮਾ ਪ੍ਰਧਾਨ ਜ਼ਿਲ੍ਹਾ ਮੱਠ ਮੰਦਿਰ ਫਿਰੋਜ਼ਪੁਰ, ਪਿੱਪਲ ਸਹੋਤਾ, ਪਰਮਿੰਦਰ ਸਿੰਘ, ਮਹਿੰਦਰ ਬਜਾਜ, ਮੁਕੇਸ਼ ਗੋਇਲ, ਸ਼ਰਨਜੀਤ ਕੌਰ, ਸੁਖਵਿੰਦਰ ਕੌਰ, ਬਲਵਿੰਦਰ ਕੌਰ, ਸੰਗੀਤਾ ਅਤੇ ਰਮਨਦੀਪ ਕੌਰ, ਆਚਲ ਆਦਿ ਹਾਜਰ ਸਨ।

# ਜ਼ਿਲ੍ਹਾ ਭਾਜਪਾ ਦਫ਼ਤਰ ਮੋਗਾ ਤੋਂ ਮਿਲੇਗਾ ਉੱਜਵਲਾ ਯੋਜਨਾ ਦਾ ਲਾਭ : ਡਾ. ਹਰਜੋਤ ਕਮਲ

**ਮੋਗਾ (ਇਕਬਾਲ ਸਿੰਘ ਖਹਿਰਾ)** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਕੇਂਦਰ ਦੀ ਭਾਜਪਾ ਸਰਕਾਰ ਦੇਸ਼ ਦੇ ਗਰੀਬ, ਦਲਿਤ, ਪੱਛੜੇ ਅਤੇ ਲੋੜਵੰਦ ਵਰਗਾਂ ਦੇ ਜੀਵਨ-ਮਿਆਰ ਨੂੰ ਸੁਧਾਰਨ ਲਈ ਲਗਾਤਾਰ ਲੋਕ ਭਲਾਈ ਸਕੀਮਾਂ ਚਲਾ ਰਹੀ ਹੈ। ਇਨ੍ਹਾਂ ਸਕੀਮਾਂ ਦੀ ਕੜੀ ਵਿੱਚ ਪ੍ਰਧਾਨ ਮੰਤਰੀ ਉੱਜਵਲਾ ਯੋਜਨਾ ਨੇ ਮਹਿਲਾਵਾਂ ਦੀ ਸਿਹਤ, ਮਾਣ-ਸਨਮਾਨ ਅਤੇ ਸੁਰੱਖਿਅਤ ਜੀਵਨ ਨੂੰ ਨਵੀਂ ਦਿਸ਼ਾ ਦਿੱਤੀ ਹੈ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੇਂਦਰ ਸਰਕਾਰ ਨੇ ਪ੍ਰਧਾਨ ਮੰਤਰੀ ਉੱਜਵਲਾ ਯੋਜਨਾ ਦੇ ਤੀਜੇ ਚਰਨ ਦੀ ਸ਼ੁਰੂਆਤ ਕੀਤੀ ਹੈ, ਜਿਸ ਵਿੱਚ ਉਹ ਯੋਗ ਪਰਵਾਰ, ਜੋ ਕਿਸੇ ਕਾਰਨ ਕਰਕੇ ਹੁਣ ਤੱਕ ਇਸ ਯੋਜਨਾ ਤੋਂ ਵਾਂਝੇ ਰਹਿ ਗਏ ਸਨ, ਨੂੰ ਯੋਜਨਾ ਦਾ ਲਾਭ ਦਿੱਤਾ ਜਾਵੇਗਾ। ਯੋਜਨਾ ਅਧੀਨ ਯੋਗ ਲਾਭਪਾਤਰੀਆਂ ਨੂੰ ਮੁਫ਼ਤ ਐਲ ਪੀ ਜੀ ਗੈਸ ਕਨੈਕਸ਼ਨ ਅਤੇ ਗੈਸ ਸਿਲੰਡਰ ਮੁਹੱਈਆ ਕਰਵਾਏ ਜਾਣਗੇ। ਡਾ. ਹਰਜੋਤ ਕਮਲ ਨੇ ਕਿਹਾ ਕਿ ਉੱਜਵਲਾ ਯੋਜਨਾ ਸਿਰਫ਼ ਇੱਕ ਸਰਕਾਰੀ ਯੋਜਨਾ ਨਹੀਂ, ਬਲਕਿ ਕਰੋੜਾਂ ਮਹਿਲਾਵਾਂ ਦੀ ਸਿਹਤ ਅਤੇ ਆਤਮ-ਸਨਮਾਨ ਨਾਲ ਜੁੜੀ ਇੱਕ ਇਤਿਹਾਸਕ ਪਹਿਲ ਹੈ। ਸਾਫ਼ ਗੈਸ ਦੀ ਵਰਤੋਂ ਨਾਲ ਜਿੱਥੇ ਮਹਿਲਾਵਾਂ ਨੂੰ ਧੂੰਏਂ ਨਾਲ ਹੋਣ ਵਾਲੀਆਂ ਗੰਭੀਰ ਬਿਮਾਰੀਆਂ ਤੋਂ ਰਾਹਤ ਮਿਲ ਰਹੀ ਹੈ, ਉੱਥੇ ਉਨ੍ਹਾਂ ਦਾ ਜੀਵਨ ਵੀ ਪਹਿਲਾਂ ਨਾਲੋਂ ਕਾਫ਼ੀ ਜ਼ਿਆਦਾ ਸੁਰੱਖਿਅਤ ਅਤੇ ਮਰਿਆਦਾਪੂਰਨ ਹੋਇਆ ਹੈ। ਉਨ੍ਹਾਂ ਦੱਸਿਆ ਕਿ ਯੋਜਨਾ ਦੀ ਪ੍ਰਕਿਰਿਆ ਪੂਰੀ ਤਰ੍ਹਾਂ ਆਨਲਾਈਨ ਰੱਖੀ ਗਈ ਹੈ, ਤਾਂ ਜੋ ਆਮ ਨਾਗਰਿਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਾ ਆਵੇ। ਇੱਛੁਕ ਅਤੇ ਯੋਗ ਲਾਭਪਾਤਰੀ ਜ਼ਿਲ੍ਹਾ ਭਾਜਪਾ ਦਫ਼ਤਰ ਦੁੱਨੇਕੇ ਨਾਲ ਸੰਪਰਕ ਕਰਕੇ ਆਨਲਾਈਨ ਅਰਜ਼ੀਆਂ ਭਰ ਸਕਦੇ ਹਨ ਅਤੇ ਇਸ ਸੰਬੰਧੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। ਡਾ. ਹਰਜੋਤ ਕਮਲ ਨੇ ਮੋਗਾ ਜ਼ਿਲ੍ਹੇ ਦੇ ਸਾਰੇ ਯੋਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਲੋਕ-ਹਿਤੈਸ਼ੀ ਯੋਜਨਾ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਸ਼ੁੱਧ ਗੈਸ ਅਪਣਾ ਕੇ ਆਪਣੇ ਪਰਿਵਾਰ ਦੀ ਸਿਹਤ ਨੂੰ ਸੁਰੱਖਿਅਤ ਬਣਾਉਣ।



# ਸਕੂਲ ਆਫ ਐਮੀਨੈਂਸ ਛਾਜਲੀ ਦਾ ਸਥਾਪਨਾ ਦਿਵਸ ਮਨਾਇਆ



**ਦਿੜ੍ਹਬਾ (ਜਸਵੀਰ ਲਾਡੀ)-** ਸਕੂਲ ਆਫ ਐਮੀਨੈਂਸ ਛਾਜਲੀ ਵਿਖੇ ਸਕੂਲ ਦੀ ਮਿੱਟੀ ਨਾਲ ਅਥਾਹ ਪਿਆਰ ਰੱਖਣ ਵਾਲੇ ਪੁਰਾਣੇ ਵਿਦਿਆਰਥੀਆਂ ਦੀ ਓਲਡ ਸਟੂਡੈਂਟ ਐਸੋਸੀਏਸ਼ਨ ਸਕੂਲ ਛਾਜਲੀ ਵੱਲੋਂ ਸਕੂਲ ਸਥਾਪਨਾ ਦਿਵਸ ਭਰਪੂਰ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲ ਦਾ ਮਾਹੌਲ ਭਾਵਨਾਤਮਕ ਤੇ ਯਾਦਗਾਰ ਬਣ ਗਿਆ।ਸਮਾਰੋਹ ਦੌਰਾਨ ਸਕੂਲ ਦੇ ਸਾਬਕਾ ਪ੍ਰਿੰਸੀਪਲ ਦੇਸ਼ ਰਾਜ ਛਾਜਲੀ ਦੀ ਅਗਵਾਈ ਹੇਠ ਲੋਕ ਸੰਗੀਤ ਮੰਡਲੀ ਛਾਜਲੀ ਵੱਲੋਂ ਪੁਰਾਤਨ ਕਲੀ ਵੇ ਮੈਂ ਮਿੱਟੀ ਆਂ ਸਕੂਲ ਦੀ ਮਨਮੋਹਕ ਪ੍ਰਸਤੁਤੀ ਦਿੱਤੀ ਗਈ, ਜਿਸ ਨੇ ਪੁਰਾਣੀਆਂ ਯਾਦਾਂ ਨੂੰ ਤਾਜ਼ਾ ਕਰ ਦਿੱਤਾ।ਪੁਰਾਣੇ ਵਿਦਿਆਰਥੀਆਂ ਕਾਮਰੇਡ ਸੰਪੂਰਨ ਸਿੰਘ ਐਡਵੋਕੇਟ ਛਾਜਲੀ,ਸ਼੍ਰੀ ਦੇਸ ਰਾਜ ਛਾਜਲੀ ,ਜਸਵੀਰ ਲਾਡੀ, ਕਾਮਰੇਡ ਕਰਨੈਲ ਸਿੰਘ, ਕਾਮਰੇਡ ਸ਼ੇਰ ਸਿੰਘ ਪ੍ਰਧਾਨ ਲੋਕ ਸੱਭਿਆਚਾਰ ਮੰਚ ਛਾਜਲੀ , ਗਾਂਧੀ ਰਾਮ , ਮਿਸਤਰੀ ਮੰਗਾ ਸਿੰਘ ,ਸਾਇੰਸ ਅਧਿਆਪਕ ਜਸਵਿੰਦਰ ਸਿੰਘ ਨੇ ਆਪਣੇ ਸਕੂਲੀ ਜੀਵਨ ਦੇ ਤਜ਼ਰਬੇ ਸਾਂਝੇ ਕੀਤੇ ਤੇ ਕਿਹਾ ਕਿ ਉਹ ਹਮੇਸ਼ਾ ਸਕੂਲ ਦੀ ਤਰੱਕੀ ਲਈ ਯੋਗਦਾਨ ਪਾਉਂਦੇ ਰਹਿਣਗੇ। ਇਸ ਸਕੂਲ ਦੀ ਨੀਂਹ 9 ਦਸੰਬਰ 1954 ਨੂੰ ਪਿੰਡ ਦੇ ਲੋਕਾਂ ਨੇ ਜ਼ਮੀਨ ਦਾਨ ਕਰਕੇ ਰਖਾਈ ਸੀ ਜੋ ਹਾਈ ਸਕੂਲ ਤੋਂ ਸਫ਼ਰ ਕਰਦਾ ਹੋਇਆ ਅੱਜ ਸਕੂਲ ਆਫ਼ਿਸ ਐਮੀਨੈਂਸ ਬਣ ਗਿਆ ਹੈ । ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਸ੍ਰ. ਗੁਰਵਿੰਦਰ ਸਿੰਘ ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।ਅਧਿਆਪਕ ਅਮਨੀਸ ਸ਼ਰਮਾ ਨੇ ਸਟੇਜ ਦੀ ਜਿੰਮੇਵਾਰੀ ਬਾ ਖੂਬੀ ਨਿਭਾਈ ।

## ...ਸ.ਫਾ 1 ਦੇ ਬਾਕੀ

### ਪਾਕਿਸਤਾਨ 'ਚ ਫੜਿਆ ...

ਖੇਮਕਰਨ ਦੇ ਪਿੰਡ ਰੱਤੋਕੇ ਤੱਕ ਉਸ ਦੇ ਨਾਲ ਸੀ। ਇਸਤੋਂ ਬਾਅਦ ਬਾਰੇ ਉਸ ਨੂੰ ਕੋਈ ਜਾਣਕਾਰੀ ਨਹੀਂ। ਉਨ੍ਹਾਂ 7 ਨਵੰਬਰ ਨੂੰ ਉਸ ਦੇ ਗੁੰਮ ਹੋਣ ਬਾਰੇ ਥਾਣਾ ਸ਼ਾਹਕੋਟ ਵਿੱਚ ਰਪਟ ਦਰਜ ਕਰਵਾਈ ਸੀ। ਹੁਣ ਉਨ੍ਹਾ ਨੂੰ ਸ਼ਰਨਦੀਪ ਸਿੰਘ ਦੀ ਪਾਕਿਸਤਾਨੀ ਰੇਂਜਰਾਂ ਵੱਲੋਂ ਕੀਤੀ ਗ੍ਰਿਫਤਾਰੀ ਬਾਰੇ ਪਤਾ ਲੱਗਾ ਹੈ।

ਉਨ੍ਹਾ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਗਲਤੀ ਨਾਲ ਸਰਹੱਦ ਪਾਰ ਕਰਨ ਵਾਲੇ ਉਨ੍ਹਾ ਦੇ ਪੁੱਤਰ ਨੂੰ ਰਿਹਾਅ ਕਰਵਾ ਕੇ ਭਾਰਤ ਵਾਪਸ ਲਿਆਂਦਾ ਜਾਵੇ।

ਤਹਿਸੀਲਦਾਰ ਜਸਪਾਲ ਸਿੰਘ ਬਾਜਵਾ ਨੇ ਕਿਹਾ ਕਿ ਸ਼ਰਨਦੀਪ ਸਿੰਘ ਦਾ ਪਰਵਾਰ ਜਦੋਂ ਦਰਖਾਸਤ ਦੇਵੇਗਾ ਤਾਂ ਉਹ ਤੁਰੰਤ ਉਸ ਉੱਪਰ ਕਾਰਵਾਈ ਕਰਕੇ ਉੱਚ ਅਧਿਕਾਰੀਆਂ ਨੂੰ ਸ਼ਰਨਦੀਪ ਸਿੰਘ ਨੂੰ ਰਿਹਾਅ ਕਰਵਾਉਣ ਦੀ ਸਿਫਾਰਸ਼ ਕਰਨਗੇ। ਉਹ ਸ਼ਰਨਦੀਪ ਸਿੰਘ ਨੂੰ ਰਿਹਾਅ ਕਰਵਾਉਣ 'ਚ ਪੀੜਤ ਪਰਵਾਰ ਦੀ ਪੂਰੀ ਮਦਦ ਕਰਨਗੇ।

# ਅਧਿਆਪਕਾਂ 'ਤੇ ਥੋਪਿਆ ਬ੍ਰਿਜ ਕੋਰਸ ਵਾਪਸ ਨਾ ਲਿਆ ਤਾਂ ਵਿੱਢਿਆ ਜਾਵੇਗਾ ਸੰਘਰਸ਼ : ਦਿਗਵਿਜੇ ਸ਼ਰਮਾ



**ਮੋਗਾ (ਇਕਬਾਲ ਸਿੰਘ ਖਹਿਰਾ)** ਸਿੱਖਿਆ ਪ੍ਰੋਵਾਈਡਰ ਤੋਂ ਸਿੱਧੀ ਭਰਤੀ 'ਚ ਤਜਰਬੇ ਦੇ ਅਧਾਰ 'ਤੇ ਭਰਤੀ ਹੋਏ ਮੁੱਖ ਅਧਿਆਪਕ ਤੇ ਸੈਂਟਰ ਮੁੱਖ ਅਧਿਆਪਕਾਂ ਉੱਪਰ ਸਿੱਖਿਆ ਵਿਭਾਗ ਵੱਲੋਂ ਬ੍ਰਿਜ ਕੋਰਸ ਕਰਨ ਦਾ ਤੁਗਲਕੀ ਫੁਰਮਾਨ ਜਾਰੀ ਕਰ ਦਿੱਤਾ ਹੈ। ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਤੇ ਜ਼ਿਲ੍ਹਾ ਇਕਾਈ ਮੋਗਾ ਦੇ ਪ੍ਰਧਾਨ ਸੁਖਪਾਲਜੀਤ ਸਿੰਘ, ਜ਼ਿਲ੍ਹਾ ਸਕੱਤਰ ਜਗਵੀਰਨ ਕੌਰ ਨੇ ਦੱਸਿਆ ਕਿ ਇਹ ਅਧਿਆਪਕ ਲਗਭਗ 15-15 ਸਾਲ ਦਾ ਪੜ੍ਹਾਉਣ ਤਜਰਬਾ ਰੱਖਦੇ ਸਨ।ਇਹ ਅਧਿਆਪਕ ਸਿੱਖਿਆ ਵਿਭਾਗ ਵੱਲੋਂ ਆਪਣੀ ਭਰਤੀ ਸਮੇਂ ਲਾਈਆਂ ਸਭ ਸ਼ਰਤਾਂ ਤੇ ਯੋਗਤਾਵਾਂ ਪੂਰੀਆਂ ਕਰਕੇ ਨੌਕਰੀ ਵਿੱਚ ਆਏ ਸਨ, ਪਰ ਹੁਣ ਲਗਭਗ 6 ਸਾਲ ਬਾਅਦ ਇਨ੍ਹਾਂ ਨੂੰ ਬ੍ਰਿਜ ਕੋਰਸ ਕਰਨ ਦਾ ਹੁਕਮ ਕਰ ਦਿੱਤਾ ਹੈ, ਜੋ ਸਰਾਸਰ ਗਲਤ ਹੈ। ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਸੁਖਵਿੰਦਰ ਸਿੰਘ ਘੋਲੀਆ, ਮੀਤ ਪ੍ਰਧਾਨ ਸਵਰਨਦਾਸ, ਸਯੁੰਕਤ ਸਕੱਤਰ ਅਮਨਦੀਪ ਮਾਛੀਕੇ, ਜ਼ਿਲ੍ਹਾ ਪ੍ਰੈੱਸ ਗੁਰਮੀਤ ਸਿੰਘ ਝੋਰੜਾਂ ਤੇ ਵਿੱਤ ਸਕੱਤਰ ਗੁਰਸ਼ਰਨ ਸਿੰਘ ਨੇ ਕਿਹਾ ਕਿ ਨਿੱਤ ਦਿਨ ਅਧਿਆਪਕਾਂ ਨੂੰ ਪ੍ਰੇਸ਼ਾਨ ਕਰਨ ਲਈ ਤਰ੍ਹਾਂ-ਤਰ੍ਹਾਂ ਦੇ ਹੁਕਮ ਕੀਤੇ ਜਾ ਰਹੇ ਹਨ, ਜਿਸ ਕਰਕੇ ਅਧਿਆਪਕ ਆਪਣੇ ਮੁੱਖ ਕੰਮ ਪੜ੍ਹਾਈ ਕਰਾਉਣ ਦੀ ਥਾਂ ਆਪਣੇ ਉੱਪਰ ਥੋਪੇ ਜਾ ਰਹੇ ਬੇਲੋੜੇ ਹੁਕਮਾਂ ਨੂੰ ਰੱਦ ਕਰਾਉਣ ਲਈ ਸੜਕਾਂ ਤੇ ਸੰਘਰਸ਼ ਕਰਦੇ ਆ ਰਹੇ ਹਨ। ਆਗੂਆਂ ਨੇ ਮੰਗ ਕੀਤੀ ਕਿ ਸਿੱਖਿਆ ਵਿਭਾਗ ਵਿੱਚ ਕੰਮ ਕਰ ਰਹੇ ਸਾਰੇ ਅਧਿਆਪਕ ਆਪਣੀ ਭਰਤੀ ਸਮੇਂ ਰੱਖੀਆਂ ਹਰ ਤਰ੍ਹਾਂ ਦੀਆਂ ਸ਼ਰਤਾਂ ਜਿਵੇਂ ਟੈਸਟ, ਇੰਟਰਵਿਊ, ਤਜਰਬਾ ਆਦਿ ਦੀਆਂ ਯੋਗਤਾਵਾਂ ਪੂਰੀਆਂ ਕਰਕੇ ਨੌਕਰੀ 'ਚ ਆਏ ਹਨ, ਪਰ ਹੁਣ ਜਦ ਉਹ ਏਨੇ ਸਾਲ ਨੌਕਰੀ ਕਰ ਚੁੱਕੇ ਹਨ ਤਾਂ ਸਿੱਖਿਆ ਵਿਭਾਗ ਨੂੰ ਪਤਾ ਨਹੀਂ ਕਿੱਥੋਂ ਇਹ ਤਰ੍ਹਾਂ-ਤਰ੍ਹਾਂ ਦੇ ਟੈਸਟ ਤੇ ਕੋਰਸ ਯਾਦ ਆ ਜਾਂਦੇ ਹਨ।

# ਮਾਛੀਕੇ ਨੂੰ ਮੁਬਾਰਕਬਾਦ ਦਿੱਤੀ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਗੁਰਪਿਆਰ ਸਿੰਘ ਮਾਛੀਕੇ ਨੂੰ ਆਮ ਆਦਮੀ ਪਾਰਟੀ ਵੱਲੋਂ ਐਸ.ਸੀ ਵਿੰਗ ਬਲਾਕ ਪ੍ਰਧਾਨ ਲੱਗਣ 'ਤੇ ਮੁਬਾਰਕਬਾਦ ਦਿੱਤੀ ਗਈ। ਇਸ ਮੌਕੇ ਮਨਜੀਤ ਸਿੰਘ ਬਿਲਾਸਪੁਰ ਵਿਧਾਇਕ ਨਿਹਾਲ ਸਿੰਘ ਵਾਲਾ, ਬਰਿੰਦਰ ਕੁਮਾਰ ਮਧੇਕੇ ਜ਼ਿਲ੍ਹਾ ਪ੍ਰਧਾਨ ਤੇ ਸੋਸ਼ਲ ਮੀਡੀਆ ਹਲਕਾ ਇੰਚਾਰਜ ਡਾਕਟਰ ਜਗਦੇਵ ਸਿੰਘ ਬੱਬੂ ਮਾਛੀਕੇ ਦਾ ਧੰਨਵਾਦ ਕੀਤਾ ਗਿਆ।



# ਸੰਤ ਕਬੀਰ ਸਕੂਲ ਵਿਖੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ 'ਤੇ ਧਾਰਮਿਕ ਸਮਾਗਮ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)-** ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ'ਤੇ ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਸ਼ਰਧਾ ਅਤੇ ਸਤਿਕਾਰ ਨਾਲ ਵੱਖ-ਵੱਖ ਧਾਰਮਿਕ ਪ੍ਰੋਗਰਾਮ ਆਯੋਜਿਤ ਕੀਤੇ ਗਏ। ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਕੁਰਬਾਨੀ ਨੂੰ ਸ਼ਰਧਾ ਨਾਲ ਯਾਦ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਇੱਕ ਵਿਸ਼ਾਲ ਨਗਰ ਕੀਰਤਨ ਨਾਲ ਹੋਈ, ਜਿਸ ਵਿੱਚ ਪੰਜ ਪਿਆਰਿਆਂ ਨੇ ਅਗਵਾਈ ਕੀਤੀ ਅਤੇ ਗੁਰੂ ਦਾ ਨਾਮ ਜਪਿਆ। ਬੱਚਿਆਂ ਨੇ ਨਗਰ ਕੀਰਤਨ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਬੱਚਿਆਂ ਅਤੇ ਅਧਿਆਪਕਾਂ ਨੇ ਪੂਰੀ ਸ਼ਰਧਾ ਨਾਲ ਜਪੁਜੀ ਸਾਹਿਬ ਦੇ ਪਾਠ ਵਿੱਚ ਹਿੱਸਾ ਲਿਆ ਅਤੇ ਗੁਰੂ ਦੇ ਚਰਨਾਂ ਵਿੱਚ ਸਿਰ ਝੁਕਾਇਆ। ਮੈਡਮ ਰਵਿੰਦਰ ਕੌਰ ਅਤੇ ਵਿਦਿਆਰਥੀਆਂ ਨੇ ਭਜਨ ਪੇਸ਼ ਕੀਤੇ। ਸਕੂਲ ਦੇ ਐਮ. ਡੀ. ਪ੍ਰੋਫੈਸਰ ਐਮ. ਐਲ. ਅਰੋੜਾ, ਡਾਇਰੈਕਟਰ ਡਾ. ਨੰਦਿਤਾ ਗਰੋਵਰ, ਪ੍ਰਿੰਸੀਪਲ ਮੈਡਮ ਕੰਚਨ ਅਤੇ ਮੈਡਮ ਕੁਲਵੰਤ ਕੌਰ ਨੇ ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਤੋਂ ਪ੍ਰੇਰਨਾ ਲੈਣ ਅਤੇ ਉਨ੍ਹਾਂ ਦੇ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ।



ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

**ਫੋਨ ਨੰਬਰ ਪ੍ਰਬੰਧਕੀ ਵਿਭਾਗ :** 0181-5097300, **ਸਮਾਚਾਰ ਵਿਭਾਗ :** 0181-5097310, **ਈ-ਮੇਲ : nawanzamana@gmail.com * Web : www.nawanzamana.in**

CMYK

## ਹੈਰੋਇਨ ਸਮੇਤ ਨਸ਼ਾ ਤਸਕਰ ਗ੍ਰਿਫ਼ਤਾਰ



**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਪੁਲਸ ਜ਼ਿਲ੍ਹਾ ਬਟਾਲਾ ਅਧੀਨ ਆਉਂਦੇ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੇ ਐੱਸਐੱਚਓ ਅਸ਼ੋਕ ਕੁਮਾਰ ਸ਼ਰਮਾ ਨੇ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਨੂੰ ਖਤਮ ਕਰਨ ਅਤੇ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਪੁਲਸ ਥਾਣਾ ਡੇਰਾ ਬਾਬਾ ਨਾਨਕ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਮਾਣਯੋਗ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਐਲਾਨੇ ਯੁੱਧ ਨਸ਼ੇ ਵਿਰੁੱਧ ਮੁਹਿੰਮ ਤਹਿਤ ਮਾਣਯੋਗ ਡਾਇਰੈਕਟਰ ਜਨਰਲ ਆਫ਼ ਪੁਲਸ ਪੰਜਾਬ ਅਤੇ ਮਾਣਯੋਗ ਡਿਪਟੀ ਇੰਸਪੈਕਟਰ ਜਨਰਲ ਪੁਲਸ ਬਾਰਡਰ ਰੇਂਜ ਅੰਮ੍ਰਿਤਸਰ ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਾਰਵਾਈ ਕਰਦੇ ਹੋਏ ਪੁਲਸ ਥਾਣਾ ਡੇਰਾ ਬਾਬਾ ਨਾਨਕ ਵੱਲੋਂ ਬੱਬਲੂ ਮਸੀਹ ਪੁੱਤਰ ਸਾਧਕ ਮਸੀਹ ਵਾਸੀ ਤਲਵੰਡੀ ਗੋਰਾਇਆ ਨੂੰ ਕਾਬੂ ਕਰਕੇ ਉਸ ਕੋਲੋਂ 21 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ ਹੈ ਜਿਸ ਤੇ ਦੋਸ਼ੀ ਦੇ ਖਿਲਾਫ ਐੱਫਆਈਆਰ ਨੰਬਰ 225 ਮਿਤੀ 22/12/2025 ਮੁਕੱਦਮਾ ਬਾ- ਜੁਰਮ 21(ਬੀ)-61-85 ਡੀ ਪੀ ਐੱਸ ਐਕਟ ਅਧੀਨ ਥਾਣਾ ਡੇਰਾ ਬਾਬਾ ਨਾਨਕ ਵਿਖੇ ਦਰਜ ਰਜਿਸਟਰ ਕੀਤਾ ਗਿਆ ਹੈ।ਐੱਸਐੱਚਓ ਅਸ਼ੋਕ ਕੁਮਾਰ ਸ਼ਰਮਾ ਨੇ ਡੇਰਾ ਬਾਬਾ ਨਾਨਕ ਇਲਾਕੇ ਦੇ ਵਸਨੀਕਾਂ ਨੂੰ ਅਪੀਲ ਕੀਤੀ ਕਿ ਗੈਰ-ਕਾਨੂੰਨੀ/ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਇਤਲਾਹ ਪੁਲਸ ਨੂੰ ਦਿੱਤੀ ਜਾਵੇ, ਗੈਰ-ਕਾਨੂੰਨੀ/ਨਸ਼ਿਆਂ ਦਾ ਕਾਰੋਬਾਰ ਵਿੱਚ ਸ਼ਾਮਿਲ ਵਿਅਕਤੀਆਂ ਦੇ ਖਿਲਾਫ ਠੋਸ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਨਸ਼ਿਆਂ ਦੇ ਕਾਰੋਬਾਰ ਨੂੰ ਜੜ੍ਹ ਤੋਂ ਖਤਮ ਕਰਨ ਅਤੇ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਪੁਲਸ ਥਾਣਾ ਡੇਰਾ ਬਾਬਾ ਨਾਨਕ ਦੀ ਪੁਲਸ ਪੂਰੀ ਤਰ੍ਹਾਂ ਵਚਨਬੱਧ ਹੈ।ਇਸ ਮੌਕੇ ਸਬ ਇੰਸਪੈਕਟਰ ਕੈਲਾਸ਼ ਚੰਦਰ ਸ਼ਰਮਾ ਵੀ ਹਾਜ਼ਰ ਸਨ।

## ਹੈਰੋਇਨ, ਨਸ਼ੀਲੀਆਂ ਗੋਲੀਆਂ ਤੇ ਡਰੱਗ ਮਨੀ ਸਣੇ ਤਿੰਨ ਕਾਬੂ




**ਗੁਰਦਾਸਪੁਰ, (ਜਨਕ ਮਹਾਜਨ)**-ਡਿਪਟੀ ਇੰਸਪੈਕਟਰ ਜਨਰਲ ਪੁਲਸ ਬਾਰਡਰ ਰੇਂਜ ਅੰਮ੍ਰਿਤਸਰ ਵੱਲੋਂ ਦਿੱਤੇ ਗਏ ਦਿਸ਼ਾ ਨਿਰਦੇਸ਼ਾਂ ਅਨੁਸਾਰ ਥਾਣਾ ਸਿਟੀ ਗੁਰਦਾਸਪੁਰ ਵਿਖੇ ਸ਼ਾਮ ਸੁੰਦਰ ਨੂੰ ਸਕੂਟਰੀ ਸਮੇਤ ਕਾਬੂ ਕਰਕੇ ਉਸ ਪਾਸੋਂ 9 ਗ੍ਰਾਮ 300 ਮਿਲੀਗ੍ਰਾਮ ਹੈਰਇਨ ਬਰਾਮਦ ਕੀਤੀ ਹੈ। ਇਸੇ ਤਰ੍ਹਾਂ ਥਾਣਾ ਤਿਬੜ ਵਿਖੇ ਰਜਤ ਨੂੰ ਕਾਬੂ ਕਰਕੇ ਉਸ ਪਾਸੋਂ 6 ਗ੍ਰਾਮ ਹੈਰਇਨ ਬਰਾਮਦ ਹੋਈ ਹੈ। ਥਾਣਾ ਬਹਿਰਾਮਪੁਰ ਵਿਖੇ ਮੁਖਤਿਆਰ ਨੂੰ ਕਾਬੂ ਕਰਕੇ ਉਸ ਪਾਸੋਂ 8 ਗ੍ਰਾਮ ਹੈਰਇਨ ਬਰਾਮਦ ਕੀਤੀ ਗਈ। ਇਸੇ ਤਰ੍ਹਾਂ ਥਾਣਾ ਕਾਲਾਨੌਰ ਵਿਖੇ ਗੁਰਦਿੱਤ ਸਿੰਘ ਨੂੰ ਕਾਬੂ ਕਰਕੇ ਉਸ ਪਾਸੋਂ 42 ਨਸ਼ੀਲੀਆਂ ਗੋਲੀਆਂ ਅਤੇ 2000 ਡਰੱਗ ਬਣੀ ਬਰਾਮਦ ਹੋਈ ਹੈ। ਥਾਣਾ ਧਾਰੀਵਾਲ ਵਿਖੇ ਸੰਨੀ ਅਤੇ ਰਾਹੁਲ ਨੂੰ ਕਾਬੂ ਕਰਕੇ ਉਸ ਪਾਸੋਂ 95 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ ਹਨ। ਜ਼ਿਲਾ ਪੁਲਸ ਮੁਖੀ ਗੁਰਦਾਸਪੁਰ ਅਦਿੱਤਿਆ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਗੈਰ-ਕਾਨੂੰਨੀ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਦੀ ਇਤਲਾਹ ਪੁਲਸ ਨੂੰ ਦਿੱਤੀ ਜਾਵੇ ਤਾਂ ਜੋ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਵਿਅਕਤੀਆਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾ ਸਕੇ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਕਾਰੋਬਾਰ ਨੂੰ ਜੜ੍ਹ ਤੋਂ ਖਤਮ ਕਰਨ ਅਤੇ ਮਾੜੇ ਅਨਸਰਾਂ ਨੂੰ ਕਾਬੂ ਕਰਨ ਲਈ ਜ਼ਿਲ੍ਹਾ ਪੁਲਸ ਪੂਰੀ ਮੁਸਤੈਦੀ ਨਾਲ ਕੰਮ ਕਰ ਰਹੀ ਹੈ।

## ਪੱਤਰਕਾਰ ਸ਼ੇਰੂ ਮਹਾਜਨ ਨਾਲ ਦੁੱਖ ਦਾ ਪ੍ਰਗਟਾਵਾ

**ਗੋਇੰਦਵਾਲ ਸਾਹਿਬ, (ਕਾਬਲ ਸਿੰਘ ਮੱਲ੍ਹੀ)**-ਪੱਤਰਕਾਰ ਸ਼ੇਰੂ ਮਹਾਜਨ ਨੂੰ ਉਸ ਵੇਲੇ ਬਹੁਤ ਵੱਡਾ ਸਦਮਾ ਲੱਗਾ ਜਦੋਂ ਉਨ੍ਹਾਂ ਦੇ ਮਾਤਾ ਵੀਨਾ ਕੁਮਾਰੀ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਗੁਰੂ ਚਰਨਾਂ 'ਚ ਜਾ ਬਿਰਾਜੇ।ਮਾਤਾ ਵੀਨਾ ਕੁਮਾਰੀ ਦੇ ਪਤੀ ਰਾਜਪਾਲ ਅਤੇ ਸਪੁੱਤਰ ਸ਼ੇਰੂ ਮਹਾਜਨ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਮੀਤ ਪ੍ਰਧਾਨ ਕੁਲਦੀਪ ਸਿੰਘ ਔਲਖ, ਸ਼੍ਰੋਮਣੀ ਅਕਾਲੀ ਦਲ ਯੂਥ ਦੇ ਜਨਰਲ ਸਕੱਤਰ ਕੁਲਦੀਪ ਸਿੰਘ ਲਾਹੌਰੀਆ, ਅਮਰਿੰਦਰ ਸਿੰਘ ਸੱਗੂ, ਮਾਹਾਰਾਜਾ ਗੈਸ ਸਰਵਿਸ ਵਾਲੇ, ਕਾਬਲ ਸਿੰਘ ਮੱਲ੍ਹੀ, ਸਾਬਕਾ ਸਰਪੰਚ ਜਗਤਾਰ ਸਿੰਘ ਧੂੰਦਾ ਨੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਮਾਤਾ ਵੀਨਾ ਕੁਮਾਰੀ ਬਹੁਤ ਹੀ ਨੇਕ ਸੁਭਾਅ ਦੇ ਸਨ। ਪਰਮਾਤਮਾ ਉਨ੍ਹਾਂ ਨੂੰ ਆਪਣੇ ਚਰਨਾਂ 'ਚ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ।ਇਸ ਮੌਕੇ ਬਲਕਾਰ ਸਿੰਘ ਧੂੰਦਾ, ਦਲਜੀਤ ਸਿੰਘ ਵਿਰਕ ਅਤੇ ਹੋਰਨਾਂ ਨੇ ਸ਼ੇਰੂ ਮਹਾਜਨ ਦੇ ਪਰਿਵਾਰ ਨਾਲ ਦੁੱਖ ਪ੍ਰਗਟ ਕੀਤਾ।



## ਹਿਮਾਲੀਅਨ ਫਾਊਂਡੇਸ਼ਨ ਨੇ ਪਿੰਡ ਕੁੱਲਾ 'ਚ ਹੈਲਥ ਕੈਂਪ ਲਗਾਇਆ

**ਪੱਟੀ, (ਬਲਦੇਵ ਸਿੰਘ ਸੰਧੂ)**-ਪੰਜਾਬ ਏਡਜ਼ ਕੰਟਰੋਲ ਸੋਸਾਇਟੀ ਦੇ ਅੰਤਰਗਤ ਹਿਮਾਲੀਅਨ ਫਾਊਂਡੇਸ਼ਨ ਵੱਲੋਂ ਪਿੰਡ ਕੁੱਲਾ ਵਿਖੇ ਹੈਲਥ ਕੈਂਪ ਪ੍ਰੋਜੈਕਟ ਡਾਇਰੈਕਟਰ ਵਿਪਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪ੍ਰੋਜੈਕਟ ਮੈਨੇਜਰ ਜੱਜਬੀਰ ਸਿੰਘ ਦੀ ਅਗਵਾਈ ਹੇਠ ਹੈਲਥ ਕੈਂਪ ਲਗਾਇਆ ਗਿਆ।ਇਸ ਕੈਂਪ ਦੌਰਾਨ ਲੋੜਵੰਦ ਲੋਕਾਂ ਦੀ ਸਰੀਰਕ ਜਾਂਚ ਕੀਤੀ ਗਈ।ਮਰੀਜ਼ਾਂ ਨੂੰ ਮੁਫਤ ਦਵਾਈਆਂ ਵੰਡੀਆਂ ਗਈਆਂ।ਇਸਦੇ ਨਾਲ ਲੋਕਾਂ ਨੂੰ ਐੱਚਆਈਵੀ ਏਡਜ਼ ਸਬੰਧੀ ਜਾਗਰੂਕ ਕੀਤਾ ਗਿਆ।ਇਸ ਮੌਕੇ ਜੱਜਬੀਰ ਸਿੰਘ ਨੇ ਮਰੀਜ਼ਾਂ ਨੂੰ ਐੱਚਆਈਵੀ ਏਡਜ਼ ਦੇ ਕਾਰਨ ਦੱਸੇ ਅਤੇ ਉਨ੍ਹਾਂ ਕਿਹਾ ਕਿ ਐੱਚਆਈਵੀ ਜਾਣਕਾਰੀ ਹੀ ਬਚਾਅ ਹੈ ਅਤੇ ਇੱਕ ਦੂਸਰੇ ਨਾਲ ਖੁੱਲ੍ਹ ਕੇ ਵਿਚਾਰ ਕਰਨਾ ਹੀ ਬਚਾਅ ਹੈ।ਇਸਦੇ ਨਾਲ ਹੀ ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ੇ ਦੇ ਕੋਹੜ ਨੂੰ ਛੱਡਣ ਦੀ ਅਪੀਲ ਕੀਤੀ।ਉਨ੍ਹਾਂ ਦੱਸਿਆ ਕਿ ਐੱਚਆਈਵੀ ਕਿਸੇ ਨਾਲ ਹੱਥ ਮਿਲਾਉਣ ਜਾਂ ਇੱਕ ਦੂਸਰੇ ਦੇ ਕੱਪੜੇ ਵਰਤਣ ਨਾਲ ਜਾਂ ਇੱਕ ਦੂਸਰੇ ਦੇ ਗਲੇ ਮਿਲਣ ਨਹੀਂ ਹੁੰਦੀ ਬਲਕਿ ਸਰੀਰਕ ਸਬੰਧ ਬਣਾਉਣ ਡਰੱਗ ਦਾ ਸੇਵਨ ਕਰਨ ਵਾਲੇ ਨਸ਼ੇੜੀਆਂ ਵੱਲੋਂ ਇੱਕ ਦੂਸਰੇ ਨੂੰ ਡਰੱਗ ਦੇਣ ਵਾਲੀ ਸੂਈ ਸਰਿੰਜ ਨਾਲ ਖੂਨ ਰਾਹੀਂ ਇੱਕ ਤੋਂ ਦੂਸਰੇ ਵਿਅਕਤੀ ਵਿਚ ਕੀਟਾਣੂ ਪ੍ਰਵੇਸ਼ ਕਰਦੇ ਹਨ। ਇਸ ਮੌਕੇ ਪ੍ਰੋਜੈਕਟ ਮੈਨੇਜਰ ਜੱਜਬੀਰ ਸਿੰਘ, ਡਾਕਟਰ ਪ੍ਰਭਦੀਪ ਕੌਰ, ਕੌਂਸਲਰ ਅਮਨਦੀਪ ਕੌਰ, ਏਐੱਨਐੱਮ ਸਰਬਜੀਤ ਕੌਰ, ਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਸੁਪਰੀਆ ਆਦਿ ਹਾਜ਼ਰ ਸਨ।




## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ 'ਚ ਲਗਾਇਆ ਦੁੱਧ ਦਾ ਲੰਗਰ




**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਸ਼੍ਰੀਮਤੀ ਕਿਰਨ ਕੇਸਰ ਜੀ ਦੀ ਯੋਗ ਅਗਵਾਈ ਹੇਠ ਸਕੂਲ ਵਿਖੇ ਭਾਈ ਮੋਤੀ ਰਾਮ ਮਹਿਰਾ ਜੀ ਦੀ ਸ਼ਹਾਦਤ ਨੂੰ ਸਮਰਪਿਤ ਦੁੱਧ ਦਾ ਲੰਗਰ ਲਗਾਇਆ ਗਿਆ । ਇਸ ਮੌਕੇ ਸਕੂਲ ਦੇ ਡਾਇਰੈਕਟਰ ਸਰਦਾਰ ਅਮਰਜੀਤ ਸਿੰਘ ਚਾਹਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਈ ਮੋਤੀ ਰਾਮ ਮਹਿਰਾ ਜੀ ਗੁਰੂ ਘਰ ਦੇ ਸੇਵਾਦਾਰ ਸਨ।ਉਨ੍ਹਾਂ ਨੇ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਦੁੱਧ ਪਿਲਾਉਣ ਦੀ ਸੇਵਾ ਕੀਤੀ ਜਦੋਂ ਉਹਨਾਂ ਨੂੰ ਮੁਗ਼ਲ ਵਜ਼ੀਰ ਨੇ ਠੰਢੇ ਬੁਰਜ ਵਿੱਚ ਕੈਦ ਕਰਕੇ ਰੱਖਿਆ ਸੀ। ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਦੁੱਧ ਪਿਲਾਉਣ ਲਈ ਭਾਈ ਮੋਤੀ ਰਾਮ ਮਹਿਰਾ ਜੀ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਕੋਹਲੂ ਵਿੱਚ ਪੀੜ ਕੇ ਸ਼ਹੀਦ ਕਰ ਦਿੱਤਾ ਗਿਆ। ਉਨ੍ਹਾਂ ਦੀ ਇਸ ਸ਼ਹਾਦਤ ਨੂੰ ਯਾਦ ਕਰਦੇ ਹੋਏ ਸਕੂਲ ਵਿੱਚ ਦੁੱਧ ਦਾ ਲੰਗਰ ਲਗਾਇਆ ਗਿਆ।ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਲੰਗਰ ਦੀ ਸੇਵਾ ਕੀਤੀ ਗਈ। ਇਸ ਮੌਕੇ ਪ੍ਰਿੰਸੀਪਲ ਕਿਰਨ ਕੇਸਰ ਦੁਆਰਾ ਵਿਦਿਆਰਥੀਆਂ ਨੂੰ ਭਾਈ ਮੋਤੀ ਰਾਮ ਮਹਿਰਾ ਜੀ ਦੇ ਜੀਵਨ ਅਤੇ ਸ਼ਹਾਦਤ ਬਾਰੇ ਜਾਣਕਾਰੀ ਦਿੱਤੀ ਅਤੇ ਆਪਣੇ ਅੰਦਰ ਅਜਿਹੀਆਂ ਸੇਵਾ ਭਾਵਨਾਵਾਂ ਪੈਦਾ ਕਰਨ ਲਈ ਪ੍ਰੇਰਿਤ ਕੀਤਾ।

## ਸਰਬੰਸਦਾਨੀ ਗੁਰੂ ਗੋਬਿੰਦ ਸਿੰਘ ਜੀ ਦੇ ਬਲੀਦਾਨ ਨੂੰ ਕੋਟਿ-ਕੋਟਿ ਪ੍ਰਣਾਮ : ਬਾਜਵਾ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਹਿੰਦ ਦੀ ਖਾਤਰ 9 ਸਾਲ ਦੀ ਉਮਰ ਵਿੱਚ ਆਪਣੇ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵਾਰ ਦਿੱਤਾ ਅਤੇ ਫਿਰ ਉਨ੍ਹਾਂ ਵੱਲੋਂ ਸਿੱਖ ਧਰਮ ਲਈ ਬਹੁਤ ਵੱਡੀਆਂ ਵੱਡੀਆਂ ਕੁਰਬਾਨੀਆਂ ਕੀਤੀਆਂ ਹਨ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬੀਜੇਪੀ ਦੇ ਮੀਤ ਪ੍ਰਧਾਨ ਅਤੇ ਸਾਬਕਾ ਵਿਧਾਇਕ ਸ. ਫਤਿਹ ਜੰਗ ਸਿੰਘ ਬਾਜਵਾ ਨੇ ਕੀਤਾ।ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪੋਹ ਦੇ ਮਹੀਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਛੋਟੇ ਲਾਲ ਅਤੇ ਮਾਤਾ ਗੁਜਰੀ ਜੀ ਨੂੰ ਕੌਮ ਲਈ ਵਾਰ ਦਿੱਤਾ ਅਤੇ ਆਪਣੇ ਵੱਡੇ ਸਾਹਿਬਜ਼ਾਦਿਆਂ ਨੂੰ ਚਮਕੌਰ ਦੀ ਜੰਗ ਵਿੱਚ ਵਾਰ ਦਿੱਤਾ।ਉਨ੍ਹਾਂ ਵੱਲੋਂ ਪੂਰੇ ਦੇਸ਼ ਕੌਮ ਲਈ ਆਪਣੇ ਸਾਰਾ ਪਰਿਵਾਰ ਵਾਰ ਦਿੱਤਾ ਗਿਆ। ਇਸ ਮੌਕੇ ਸ. ਬਾਜਵਾ ਨੇ ਉਨ੍ਹਾਂ ਦੀ ਸ਼ਹਾਦਤ ਨੂੰ ਪ੍ਰਣਾਮ ਕੀਤਾ ਹੈ।ਇਸ ਮੌਕੇ ਉਹ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਜੀ ਨਾਲ ਸ੍ਰੀ ਚਮਕੌਰ ਸਾਹਿਬ ਵਿਖੇ ਨਤਮਸਤਕ ਹੋਏ।ਉਨ੍ਹਾਂ ਨੇ ਕਿਹਾ ਕਿ ਇਸ ਪੋਹ ਦੇ ਮਹੀਨੇ ਨੂੰ ਸਰਬੰਸ ਦਾਨੀ ਗੁਰੂ ਗੋਬਿੰਦ ਸਿੰਘ ਜੀ ਦੀ ਪੁੱਤਰਾਂ ਦੇ ਦਾਨੀ ਦੀ ਸ਼ਹਾਦਤ ਨੂੰ ਲੈ ਕੇ ਨਾਮ ਜਪ ਕਰਨਾ ਚਾਹੀਦਾ ਹੈ ਅਤੇ ਜਿੱਥੇ ਉਨ੍ਹਾਂ ਦੇ ਪਰਿਵਾਰ ਦਾ ਲਹੂ ਡੁੱਲ੍ਹਿਆ ਹੈ ਉਨ੍ਹਾਂ ਸ਼ਹੀਦੀ ਸਥਾਨਾਂ 'ਤੇ ਜਾ ਕੇ ਉਨ੍ਹਾਂ ਨੂੰ ਨਮਨ ਕਰਨਾ ਚਾਹੀਦਾ।

## ਮੰਨਣ ਟੋਲ ਪਲਾਜ਼ਾ ਤੋਂ ਝਬਾਲ ਤੱਕ ਰੋਡ 'ਤੇ ਬੰਦ ਪਈਆਂ ਲਾਈਟਾਂ ਨੂੰ ਚਾਲੂ ਕਰਨ ਦੀ ਮੰਗ

**ਝਬਾਲ, (ਹਰਜਿੰਦਰ ਸਿੰਘ ਸੋਨੀ)**-ਨੈਸ਼ਨਲ ਹਾਈਵੇ ਅਥਾਰਟੀ ਆਫ਼ ਇੰਡੀਆ ਅੰਮ੍ਰਿਤਸਰ-ਖੇਮਕਰਨ ਮਾਰਗ 354 'ਤੇ ਪੈਂਦੇ ਮੰਨਣ ਟੋਲ ਪਲਾਜ਼ਾ ਤੋਂ ਕਸਬਾ ਝਬਾਲ ਤੱਕ 4 ਕਿਲੋਮੀਟਰ ਦੇ ਰਸਤੇ ਵਿੱਚ ਰੋਡ ਦੇ ਵਿਚਕਾਰ ਖੰਭਿਆਂ ਤੇ ਲੱਗੀਆਂ ਲਾਈਟਾ ਵਿੱਚੋਂ ਲੰਮੇ ਸਮੇਂ ਤੋਂ ਬੰਦ ਪਈਆਂ ਕੁਝ ਲਾਈਟਾਂ ਨੂੰ ਚਾਲੂ ਕੀਤੇ ਜਾਣ ਦੀ ਮੰਗ ਕਰਦਿਆਂ ਸਮਾਜ ਸੇਵੀ ਨੌਜਵਾਨ ਸੁਨੀਲ ਛੀਨਾ ਨੇ ਦੱਸਿਆ ਕਿ ਜਿੱਥੇ ਮੰਨਣ ਟੋਲ ਪਲਾਜ਼ਾ ਤੋਂ ਖੇਮਕਰਨ ਤੱਕ ਹੀ ਵਿੱਚੋਂ ਵਿੱਚੋਂ ਲਾਈਟਾਂ ਬੰਦ ਹਨ, ਉਥੇ ਹੀ ਮੁੱਖ ਤੌਰ 'ਤੇ ਕਸਬਾ ਝਬਾਲ ਤੋਂ ਮੰਨਣ ਟੋਲ ਪਲਾਜ਼ਾ ਤੱਕ ਰੋਡ ਦੇ ਵਿਚਕਾਰ ਲੱਗੇ ਖੰਭਿਆਂ 'ਤੇ ਲੱਗੀਆਂ ਲਾਈਟਾਂ ਵਿੱਚੋਂ ਜ਼ਿਆਦਾਤਰ ਲਾਈਟਾਂ ਬੰਦ ਹਨ। ਪੈ ਰਹੀ ਸੰਘਣੀ ਧੁੰਦ ਤੇ ਹਨੇਰੇ ਕਾਰਨ ਰਸਤੇ ਵਿੱਚ ਬੈਠੀਆਂ ਅਵਾਰਾ ਗਾਵਾਂ ਰਾਹਗੀਰਾਂ ਵਿਚ ਵੱਜਣ ਅਤੇ ਸੜਕ ਸਹੀ ਤਰੀਕੇ ਨਾਲ ਵਿਖਾਈ ਨਾ ਦੇਣ ਕਾਰਨ ਅਨੇਕਾਂ ਹਾਦਸੇ ਵਾਪਰ ਰਹੇ ਹਨ।ਇਸ ਸਬੰਧੀ ਲਾਈਟਾਂ ਦੀ ਦੇਖਭਾਲ ਕਰਨ ਵਾਲੇ ਠੇਕੇਦਾਰ ਸੁਖਮਿੰਦਰ ਸਿੰਘ ਕਾਲਾ ਨਾਲ ਸੰਪਰਕ ਕਰਨ 'ਤੇ ਉਨ੍ਹਾਂ ਕਿਹਾ ਕਿ ਨੈਸ਼ਨਲ ਹਾਈਵੇ ਅਥਾਰਟੀ ਆਫ਼ ਇੰਡੀਆ ਵੱਲੋਂ ਉਨ੍ਹਾਂ ਨੂੰ ਮੰਨਣ ਟੋਲ ਪਲਾਜ਼ਾ ਤੋਂ ਲੈ ਕੇ ਖੇਮਕਰਨ ਤੱਕ ਲਾਈਟਾਂ ਦੀ ਦੇਖਭਾਲ ਕਰਨ ਲਈ ਇੱਕ ਸਾਲ ਦਾ ਠੇਕਾ ਦਿੱਤਾ ਗਿਆ ਸੀ ਤੇ ਇੱਕ ਸਾਲ ਦੇ ਠੇਕੇ ਅੰਦਰ ਉਹ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਂਦੇ ਰਹੇ ਹਨ ਪਰ ਬੀਤੇ ਕੁਝ ਮਹੀਨਿਆਂ ਤੋਂ ਠੇਕੇ ਦਾ ਵਕਤ ਖ਼ਤਮ ਹੋਣ 'ਤੇ ਲਾਈਟਾਂ ਦੀ ਰਿਪੇਅਰ ਨਹੀਂ ਹੋਈ।ਉਨ੍ਹਾਂ ਕਿਹਾ ਐੱਨਐੱਚਏਆਈ ਕੰਪਨੀ ਹੁਣ ਦੁਬਾਰਾ ਟੈਂਡਰ ਕੱਢ ਕੇ ਜਦ ਕਿਸੇ ਠੇਕੇਦਾਰ ਨੂੰ ਠੇਕਾ ਦੇਵੇਗੀ ਤਾਂ ਜਾ ਕੇ ਇਹ ਬੰਦ ਲਾਈਟਾਂ ਚਾਲੂ ਹੋਣਗੀਆਂ।ਇਸ ਸਬੰਧੀ ਨੈਸ਼ਨਲ ਹਾਈਵੇ ਅਥਾਰਟੀ ਆਫ਼ ਇੰਡੀਆ ਦੇ ਸ਼ਿਕਾਇਤ ਟੋਲ ਫਰੀ ਨੰਬਰ 1033 'ਤੇ ਸੰਪਰਕ ਕਰਨ 'ਤੇ ਉਨ੍ਹਾਂ ਦੇ ਸ਼ਿਕਾਇਤ ਪ੍ਰਾਪਤ ਕਰਤਾ ਅਧਿਕਾਰੀ ਦੇ ਧਿਆਨ ਵਿੱਚ ਉਕਤ ਬੰਦ ਲਾਈਟਾਂ ਦਾ ਮਾਮਲਾ ਲਿਆਉਣ 'ਤੇ ਉਨ੍ਹਾਂ ਕਿਹਾ ਕਿ ਤੁਹਾਡੀ ਸ਼ਿਕਾਇਤ ਦਰਜ ਕਰ ਲਈ ਗਈ ਹੈ ਤੇ ਜਲਦ ਹੀ ਸਬੰਧਿਤ ਅਧਿਕਾਰੀ ਅੰਮ੍ਰਿਤਸਰ ਖੇਮਕਰਨ ਮਾਰਗ ਦੇ ਮੰਨਣ ਟੋਲ ਪਲਾਜ਼ਾ ਤੋਂ ਕਸਬਾ ਝਬਾਲ (ਜ਼ਿਲਾ ਤਰਨਤਾਰਨ) ਤੱਕ ਦੇ ਏਰੀਆ ਵਿਚ ਬੰਦ ਪਈਆਂ ਲਾਈਟਾਂ ਸਬੰਧੀ ਸੰਪਰਕ ਕਰਨਗੇ।

## ਸਰਵ ਆਂਗਣਵਾੜੀ ਵਰਕਰ ਯੂਨੀਅਨ ਦਾ ਵਫਦ ਡਾਇਰੈਕਟਰ ਮੈਡਮ ਛੀਨਾ ਅਗਰਵਾਲ ਨੂੰ ਮਿਲਿਆ

**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**

ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਦਾ ਇਕ ਵਫਦ ਮੰਗਾਂ ਨੂੰ ਲੈ ਕੇ ਯੂਨੀਅਨ ਦੇ ਪੰਜਾਬ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਦੀ ਅਗਵਾਈ ਹੇਠ ਮਿੰਨੀ ਸਿਵਲ ਸਕੱਤਰੇਤ ਵਿੱਚ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਡਾਇਰੈਕਟਰ ਮੈਡਮ ਛੀਨਾ ਅਗਰਵਾਲ ਅਤੇ ਡਿਪਟੀ ਡਾਇਰੈਕਟਰ ਕੁਲਵਿੰਦਰ ਸਿੰਘ ਨੂੰ ਮਿਲਿਆ। ਵਫਦ ਵਿੱਚ ਸਰਵ ਆਂਗਣਵਾੜੀ ਯੂਨੀਅਨ ਦੇ ਪੰਜਾਬ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਦੇ ਨਾਲ ਸੂਬਾ ਕੈਸ਼ੀਅਰ ਹਰਪ੍ਰੀਤ ਕੌਰ, ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਕੰਵਲਜੀਤ ਕੌਰ ਚਾਹਲ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਗੁਰਜਿੰਦਰ ਕੌਰ ਸ਼ਾਮਿਲ ਸਨ। ਇਸ ਸਬੰਧੀ ਜ਼ਿਲ੍ਹਾ ਗੁਰਦਾਸਪੁਰ ਦੇ ਪ੍ਰਧਾਨ ਕੰਵਲਜੀਤ ਕੌਰ ਚਾਹਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਇਸ ਮੌਕੇ ਵਿਭਾਗ ਦੇ ਡਾਇਰੈਕਟਰ ਮੈਡਮ ਛੀਨਾ ਅਗਰਵਾਲ ਨਾਲ ਬਹੁਤ ਹੀ ਸੁਖਾਵੇਂ ਮਹੌਲ ਵਿੱਚ ਹੋਈ ਮੀਟਿੰਗ ਦੌਰਾਨ ਆਂਗਣਵਾੜੀ ਵਰਕਰਾਂ ਦੇ ਭੱਖਦੇ ਮਸਲਿਆਂ ਬਾਰੇ ਗੱਲਬਾਤ ਕੀਤੀ ਗਈ, ਜਿਸ ਵਿੱਚ ਮੁੱਖ ਮੁੱਦਾ ਸੁਪਰਵਾਈਜ਼ਰ ਦੀ ਭਰਤੀ ਵਿੱਚ ਵਿੱਦਿਅਕ ਯੋਗਤਾ ਨੂੰ ਵਿਚਾਰਿਆ ਜਾਵੇ ਅਤੇ ਦਸਵੀਂ ਅਤੇ ਬੀ ਏ ਦੋਵਾਂ ਕੈਟਾਗਰੀ ਵਿੱਚੋਂ ਕਿਸੇ ਨੂੰ ਵੀ ਅੱਖੋ ਪਰੋਖੇ ਨਾ ਕੀਤਾ ਜਾਵੇ, ਮਾਣ ਭੱਤਾ ਦੁੱਗਣਾ ਕੀਤਾ ਜਾਵੇ, ਮੋਬਾਈਲ ਭੱਤਾ ਦੁੱਗਣਾ ਕੀਤਾ ਜਾਵੇ, ਜਿਸ 'ਤੇ ਸਹਿਮਤੀ ਪ੍ਰਗਟਾਉਂਦਿਆਂ ਉਨ੍ਹਾਂ ਕਿਹਾ ਕਿ ਮੋਬਾਇਲ ਭੱਤਾ 2000 ਤੋਂ 4000 ਕਰਨ ਦੀ ਸਿਫਾਰਸ਼ ਵਿਭਾਗ ਵੱਲੋਂ ਕੀਤੀ ਜਾ ਚੁੱਕੀ ਹੈ। ਐਡੀਸ਼ਨਲ ਚਾਰਜ ਵਾਲੀ ਵਰਕਰ ਨੂੰ ਨਵੇਂ ਸਾਲ ਵਿੱਚ ਮੋਬਾਈਲ ਭੱਤਾ ਅਤੇ ਸੀ ਬੀ ਈ ਦੇ ਪੈਸੇ ਦਿੱਤੇ ਜਾਣਗੇ। ਫਰਨੀਚਰ ਦਾ ਹਰ ਸੈਂਟਰ ਦਾ 10 ਹਜਾਰ ਰੁਪਇਆ ਵਿਭਾਗ ਵੱਲੋਂ ਡੀ ਪੀ ਓ ਨੂੰ ਜਾਰੀ ਹੋਇਆ ਹੈ। ਈਸੀਸੀਈ ਦੀ ਟ੍ਰੇਨਿੰਗ ਜਲਦੀ ਹੀ ਸ਼ੁਰੂ ਕੀਤੀ ਜਾਵੇਗੀ। ਮੋਬਾਈਲ ਫੋਨ ਦੇਣ ਸਬੰਧੀ ਗੱਲ ਕਰਦਿਆਂ ਡਾਇਰੈਕਟਰ ਮੈਡਮ ਅਗਰਵਾਲ ਨੇ ਦੱਸਿਆ ਕਿ ਇਸ ਵਿੱਚ ਦੇਰੀ ਹਾਈ ਕੋਰਟ ਵਿੱਚ ਕੇਸ ਹੋਣ ਕਾਰਨ ਹੋਈ ਹੈ। ਇਸ ਕਰਕੇ ਮੋਬਾਈਲ ਜਲਦੀ ਮੁਹੱਈਆਂ ਨਹੀਂ ਕਰਵਾ ਸਕੇ। ਉਨ੍ਹਾਂ ਦੱਸਿਆ ਆਫ ਆਰ ਐੱਸ ਭਾਰਤ ਸਰਕਾਰ ਦੇ ਦਿਸਾ ਨਿਰਦੇਸ ਤਹਿਤ ਆਉਣ ਵਾਲੇ ਸਮੇਂ ਵਿੱਚ ਅਤਿ ਜ਼ਰੂਰੀ ਹੈ। ਐਮਰਜੈਂਸੀ ਲੀਵ 20 ਛੁੱਟੀਆਂ ਤੋਂ ਇਲਾਵਾ ਕੀਤੀਆਂ ਛੁੱਟੀਆਂ ਦੇ ਇੰਕਰੀਮੈਂਟ ਵਿੱਚ ਕੋਈ ਕਟੌਤੀ ਨਾ ਕਰਨ ਦੀ ਮੰਗ 'ਤੇ ਉਨ੍ਹਾਂ ਨੇ ਇੰਕਰੀਮੈਂਟ ਵਿੱਚ ਕੋਈ ਕਟੌਤੀ ਨਹੀਂ ਹੋਵੇਗੀ ਅਤੇ ਇਕ ਮਹੀਨਾ ਦੀ ਐਮਰਜੈਂਸੀ ਲੀਵ 'ਤੇ ਸਹਿਮਤੀ ਪ੍ਰਗਟਾਈ ਅਤੇ ਕਿਹਾ ਐੱਸ. ਐੱਨ. ਪੀ. ਵਿੱਚ ਮੌਸਮ ਦੇ ਹਿਸਾਬ ਨਾਲ ਬਦਲਾਅ ਕਰਨ ਬਾਰੇ ਸੋਚ ਰਹੇ ਹਾਂ। ਵਿਭਾਗ ਵੱਲੋਂ ਚਿੱਠੀ ਜਾਰੀ ਕੀਤੀ ਗਈ ਹੈ ਕਿ ਵਰਕਰ ਕੋਲੋਂ ਕੋਈ ਵੀ ਵਾਧੂ ਕੰਮ ਨਾ ਲਿਆ ਜਾਵੇ। ਸੀ. ਬੀ. ਈ. ਦੇ ਕੱਟੇ ਪੈਸਿਆਂ ਬਾਰੇ ਉਨ੍ਹਾਂ ਦੱਸਿਆ ਵਿਭਾਗ ਵੱਲੋਂ ਇਸ ਬਾਰੇ ਕੇਂਦਰ ਸਰਕਾਰ ਨਾਲ ਗੱਲ ਕੀਤੀ ਜਾਵੇਗੀ। ਮੈਡੀਕਲ ਕਿੱਟ ਜਲਦੀ ਮੁਹੱਈਆ ਕਰਵਾਈ ਜਾਵੇਗੀ। ਬੱਚਿਆ ਨੂੰ ਕਾਪੀਆਂ ਕਿਤਾਬਾਂ ਯੂਨੀਫਾਰਮ ਆਈ ਕਾਰਡ ਅਤੇ ਸਟਾਫ ਵਾਸਤੇ ਫਰਨੀਚਰ ਮੁਹੱਈਆ ਕਰਵਾਇਆ ਜਾਵੇਗਾ। ਸਮਾਰਟ ਆਂਗਣਵਾੜੀ ਤਹਿਤ 50 ਐੱਲ. ਸੀ. ਡੀ. ਮੋਗਾ ਅਤੇ 50 ਫਿਰੋਜ਼ਪੁਰ ਵਿੱਚ ਮੁਹੱਈਆ ਕਰਵਾਈਆਂ ਗਈਆਂ ਹਨ।



## 'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਤਹਿਤ ਲੱਗਾ ਜਾਗਰੂਕਤਾ ਕੈਂਪ



**ਗੁਰਦਾਸਪੁਰ, (ਜਨਕ ਮਹਾਜਨ)**-'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਨਾਰੀ ਸ਼ਕਤੀ ਕੇਂਦਰ ਵਿਖੇ ਆਂਗਣਵਾੜੀ ਵਰਕਰਾਂ ਲਈ ਇੱਕ ਜਾਗਰੂਕਤਾ ਕੈਂਪ ਲਗਾਇਆ ਗਿਆ। ਸੈਂਟਰ ਪ੍ਰਬੰਧਕ ਅਨੂ ਗਿੱਲ ਨੇ ਦੱਸਿਆ ਕਿ ਜਾਗਰੂਕਤਾ ਕੈਂਪ ਦੌਰਾਨ ਆਂਗਣਵਾੜੀ ਵਰਕਰਾਂ ਨੂੰ ਮਾਹਵਾਰੀ ਦੀ ਸਫਾਈ, ਘਰੇਲੂ ਹਿੰਸਾ, ਦਾਜ ਐਕਟ ਬਾਰੇ ਜਾਗਰੂਕ ਕਰਵਾਇਆ ਗਿਆ। ਸਾਰੇ ਵਰਕਰਾਂ ਨੂੰ ਮਿਸ਼ਨ ਸ਼ਕਤੀ ਅਤੇ ਸਖੀ ਵਨ ਸਟਾਪ ਸੈਂਟਰ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਸੈਂਟਰ ਪ੍ਰਬੰਧਕ ਅਨੂ ਗਿੱਲ, ਰਜਨੀ ਬਾਲਾ, ਫਾਇਨਾਂਸ ਲਿਟਰੇਸੀ ਮੰਨਤ ਮਹਾਜਨ, ਡਾਟਾ ਐਂਟਰੀ ਆਪਰੇਟਰ ਹਰਪ੍ਰੀਤ ਅੱਤਰੀ ਅਤੇ ਨਾਰੀ ਸ਼ਕਤੀ ਕੇਂਦਰ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।




25-Dec-PAGE-4.qxd 12/24/2025 11:34 PM Page 1

ਨਵਾਂ ਜ਼ਮਾਨਾ

ਵੀਰਵਾਰ, 25 ਦਸੰਬਰ 2025

# ਈਸਾਈਆਂ 'ਤੇ ਹਮਲੇ

*ਬੀਤੇ ਦਿਨੀਂ ਭਾਜਪਾ ਸ਼ਾਸਤ ਮੱਧ ਪ੍ਰਦੇਸ਼ ਦੇ ਵੱਡੇ ਸ਼ਹਿਰ ਜਬਲਪੁਰ ਦੇ ਚਰਚ 'ਚ ਕ੍ਰਿਸਮਸ ਦੇ ਜਸ਼ਨ ਦੇ ਸਿਲਸਿਲੇ 'ਚ ਨੇਤਰਹੀਣ ਬੱਚਿਆਂ ਨੂੰ ਦਾਅਵਤ ਵੇਲੇ ਇੱਕ ਭਾਜਪਾ ਨੇਤਰੀ ਅੰਜੂ ਭਾਰਗਵ ਨੇ ਇੱਕ ਨੇਤਰਹੀਣ ਮਹਿਲਾ ਨੂੰ ਇਸ ਕਰਕੇ ਕੁੱਟ ਦਿੱਤਾ ਕਿ ਉਹ ਬੱਚਿਆਂ ਦਾ ਧਰਮ ਪਰਿਵਰਤਨ ਕਰਵਾ ਰਹੀ ਹੈ। ਪੁਲਸ ਵਾਲੇ ਚੁੱਪਚਾਪ ਦੇਖਦੇ ਰਹੇ ਤੇ ਨੇਤਰੀ ਹਮਲਾ ਕਰਕੇ ਆਰਾਮ ਨਾਲ ਨਿਕਲ ਗਈ। ਦਾਅਵਤ ਵਿੱਚ ਸ਼ਾਮਲ ਬੱਚਿਆਂ ਨੇ ਦੱਸਿਆ ਕਿ ਧਰਮ ਪਰਿਵਰਤਨ ਲਈ ਕੁਝ ਨਹੀਂ ਕਿਹਾ ਗਿਆ, ਉਨ੍ਹਾਂ ਨੂੰ ਸਿਰਫ ਭੋਜ ਦਿੱਤਾ ਗਿਆ ਸੀ। ਜਬਲਪੁਰ ਵਿੱਚ ਹੀ ਇੱਕ ਹੋਰ ਘਟਨਾ 'ਚ ਕੁਝ ਗੁੰਡੇ ਜੈ ਸ੍ਰੀਰਾਮ ਦੇ ਨਾਅਰੇ ਲਾਉਂਦੇ ਚਰਚ ਵਿੱਚ ਵੜ ਗਏ। ਉਹ ਵੀ ਦੋਸ਼ ਲਾ ਰਹੇ ਸਨ ਕਿ ਉੱਥੇ ਧਰਮ ਪਰਿਵਰਤਨ ਕਰਵਾਇਆ ਜਾ ਰਿਹਾ ਹੈ। ਦਿੱਲੀ ਦੇ ਲਾਜਪਤ ਨਗਰ ਵਿੱਚ ਸੜਕ 'ਤੇ ਸਾਂਤਾ ਦੀ ਟੋਪੀ ਪਾਏ ਬੱਚਿਆਂ ਤੇ ਮਹਿਲਾਵਾਂ ਨਾਲ ਬਜਰੰਗ ਦਲ ਦੇ ਗੁੰਡਿਆਂ ਨੇ ਇਹ ਕਹਿ ਕੇ ਬਦਤਮੀਜ਼ੀ ਕੀਤੀ ਕਿ ਉਹ ਧਰਮ ਪਰਿਵਰਤਨ ਕਰਾਉਣ ਲਈ ਸੜਕ 'ਤੇ ਚੱਕਰ ਲਾ ਰਹੇ ਹਨ। ਹਰਿਦੁਆਰ ਵਿੱਚ ਹਿੰਦੂ ਸੰਗਠਨਾਂ ਨੇ ਹੁਕਮ ਜਾਰੀ ਕੀਤਾ ਕਿ ਹੋਟਲ ਤੇ ਦੁਕਾਨਾਂ ਵਾਲੇ ਕ੍ਰਿਸਮਸ 'ਤੇ ਜਸ਼ਨ ਮਨਾਉਣ ਵਾਲੇ ਪ੍ਰੋਗਰਾਮ ਨਹੀਂ ਕਰ ਸਕਦੇ। ਇਕ ਹੋਟਲ ਨੇ ਪ੍ਰੋਗਰਾਮ ਰੱਦ ਕਰ ਦਿੱਤਾ ਤੇ ਕਿਹਾ ਕਿ ਉਸ ਦਿਨ ਗੰਗਾ ਆਰਤੀ ਕੀਤੀ ਜਾਵੇਗੀ। ਕੇਰਲਾ ਵਿੱਚ ਆਰ ਐੱਸ ਐੱਸ ਦੇ ਲੋਕ ਸਕੂਲਾਂ 'ਤੇ ਦਬਾਅ ਪਾ ਰਹੇ ਹਨ ਕਿ ਉਹ ਕ੍ਰਿਸਮਸ ਦੇ ਪ੍ਰੋਗਰਾਮ ਰੱਦ ਕਰ ਦੇਣ। ਓਡੀਸ਼ਾ ਵਿੱਚ ਇੱਕ ਸੜਕ 'ਤੇ ਸਾਂਤਾ ਦੀ ਡਰੈੱਸ ਵੇਚਣ ਵਾਲਿਆਂ ਨੂੰ ਧਮਕਾਇਆ ਗਿਆ। ਵਿਸ਼ਵ ਹਿੰਦੂ ਪ੍ਰੀਸ਼ਦ ਨੇ ਬਕਾਇਦਾ ਬਿਆਨ ਜਾਰੀ ਕਰਕੇ ਹਿੰਦੂਆਂ ਨੂੰ ਕਿਹਾ ਹੈ ਕਿ ਉਹ ਕ੍ਰਿਸਮਸ ਦੇ ਪ੍ਰੋਗਰਾਮਾਂ ਵਿੱਚ ਸ਼ਾਮਲ ਨਾ ਹੋਣ।*

*ਇਹ ਸਭ ਕੁਝ ਧਰਮ ਪਰਿਵਰਤਨ ਦੇ ਵਿਰੋਧ ਦੇ ਨਾਂਅ 'ਤੇ ਕੀਤਾ ਜਾ ਰਿਹਾ ਹੈ, ਜਿਸ ਦਾ ਕੋਈ ਸਬੂਤ ਨਹੀਂ ਹੈ। ਭਾਰਤ ਦੇ ਸੰਵਿਧਾਨ ਮੁਤਾਬਕ ਧਰਮ ਪ੍ਰਚਾਰ ਤੇ ਧਰਮ ਪਰਿਵਰਤਨ ਕੋਈ ਅਪਰਾਧ ਨਹੀਂ ਹੈ ਪਰ ਪਿਛਲੇ ਕੁਝ ਸਾਲਾਂ 'ਚ ਕਈ ਰਾਜਾਂ ਨੇ ਅਜਿਹੇ ਕਾਨੂੰਨ ਬਣਾ ਦਿੱਤੇ ਹਨ, ਜਿਨ੍ਹਾਂ ਮੁਤਾਬਕ ਲਾਲਚ ਦੇ ਕੇ ਜਾਂ ਜਬਰੀ ਧਰਮ ਪਰਿਵਰਤਨ ਨੂੰ ਅਪਰਾਧ ਐਲਾਨਿਆ ਗਿਆ ਹੈ। ਇਨ੍ਹਾਂ ਕਾਨੂੰਨਾਂ ਦੀ ਆੜ ਵਿੱਚ ਈਸਾਈਆਂ 'ਤੇ ਹਮਲੇ ਹੋ ਰਹੇ ਹਨ। ਵਿਡੰਬਨਾ ਇਹ ਹੈ ਕਿ ਅਜਿਹੇ ਮਾਮਲਿਆਂ ਵਿੱਚ ਹਿੰਸਾ ਦੇ ਸ਼ਿਕਾਰ ਈਸਾਈਆਂ ਨੂੰ ਹੀ ਗ੍ਰਿਫਤਾਰ ਕੀਤਾ ਜਾਂਦਾ ਹੈ ਅਤੇ ਉਨ੍ਹਾਂ 'ਤੇ ਮੁਕੱਦਮਾ ਦਾਇਰ ਕੀਤਾ ਜਾਂਦਾ ਹੈ। ਲੱਗਭੱਗ ਸਾਰੇ ਰਾਜਾਂ ਵਿੱਚ ਈਸਾਈਆਂ 'ਤੇ ਕਿਸੇ ਨਾ ਕਿਸੇ ਤਰ੍ਹਾਂ ਦੀ ਹਿੰਸਾ ਦੀ ਖਬਰ ਆਉਂਦੀ ਰਹਿੰਦੀ ਹੈ, ਪਰ ਭਾਜਪਾ ਸ਼ਾਸਤ ਛੱਤੀਸਗੜ੍ਹ ਤਾਂ ਈਸਾਈਆਂ ਖਿਲਾਫ ਹਿੰਸਾ ਦਾ ਕੇਂਦਰ ਬਣ ਗਿਆ ਹੈ।*

*ਹਿੰਦੂ ਜਥੇਬੰਦੀਆਂ ਦੀ ਦਲੀਲ ਹੈ ਕਿ ਈਸਾਈ ਹਿੰਦੂਆਂ ਦਾ ਧਰਮ ਪਰਿਵਰਤਨ ਕਰਾਉਂਦੇ ਹਨ, ਪਰ ਭਾਰਤ ਵਿੱਚ ਈਸਾਈਆਂ ਦੀ ਆਬਾਦੀ ਕੁਲ ਆਬਾਦੀ ਦਾ ਸਿਰਫ 2.3 ਫੀਸਦੀ ਹੀ ਹੈ। ਪਿਛਲੇ ਕਈ ਦਹਾਕਿਆਂ ਤੋਂ ਇਹ ਹਿੱਸਾ ਲੱਗਭੱਗ ਏਨਾ ਹੀ ਚੱਲਿਆ ਆ ਰਿਹਾ ਹੈ। ਸਚਾਈ ਇਹ ਹੈ ਕਿ ਪਿਛਲੀ ਜਨਗਣਨਾ ਵਿੱਚ ਈਸਾਈਆਂ ਦੀ ਆਬਾਦੀ 'ਚ ਵਾਧਾ ਦਰ 22 ਫੀਸਦੀ ਤੋਂ ਘਟ ਕੇ 15 ਫੀਸਦੀ ਰਹਿ ਗਈ ਸੀ। ਫਿਰ ਵੀ ਈਸਾਈ ਹਿੰਦੂਆਂ ਲਈ ਖਤਰਾ ਬਣੇ ਹੋਏ ਹਨ! ਈਸਾਈਆਂ ਖਿਲਾਫ ਮੁਹਿੰਮ ਕੁਝ ਸਾਲਾਂ ਤੋਂ ਤੇਜ਼ੀ ਨਾਲ ਚੱਲ ਰਹੀ ਹੈ। ਈਸਾਈਆਂ ਨੇ ਸਕੂਲ ਬਣਾਏ, ਹਸਪਤਾਲ ਬਣਾਏ, ਕੁਸ਼ਟ ਰੋਗੀਆਂ ਦੇ ਇਲਾਜ ਲਈ ਪ੍ਰਬੰਧ ਕੀਤੇ। ਉਨ੍ਹਾਂ ਦੇ ਸਕੂਲਾਂ ਵਿੱਚੋਂ ਨਿਕਲਣ ਵਾਲੇ ਲੱਖਾਂ ਹਿੰਦੂ ਬੱਚੇ ਅੱਜ ਚੁੱਪ ਕਿਉਂ ਹਨ? ਅਤੇ ਆਪਾਂ ਚੁੱਪ ਕਿਉਂ ਹਾਂ? ਅਦਾਲਤਾਂ ਖਾਮੋਸ਼ ਕਿਉਂ ਹਨ? ਸਿਆਸੀ ਦਲ ਕਿਉਂ ਚੁੱਪ ਹਨ? ਕੀ ਈਸਾਈ ਭਾਰਤ ਦੇ ਲੋਕ ਨਹੀਂ? ਕੀ ਉਹ ਇਨਸਾਨ ਨਹੀਂ?*

## ਬਾਦਸ਼ਾਹੀਆਂ!

*ਸ਼ਹੀਦੀ ਹਫ਼ਤੇ ਦੇ ਮਾਣ ਤੇ ਤਾਣ ਥੱਲੇ,*
*ਲੁਕਾਈ ਜਾਂਦੇ ਨੇ ਲੋਕ ਕਮਜ਼ੋਰੀਆਂ ਨੂੰ।*
*ਗੁਰੂਬਾਣੀ ਤੇ ਗੁਰੂਆਂ ਦਾ ਨਾਂਅ ਲੈ ਕੇ,*
*ਬੰਦ ਕਰਦੇ ਨੇ ਚੋਰੀਆਂ-ਮੋਰੀਆਂ ਨੂੰ।*
*ਬਾਦਸ਼ਾਹੀਆਂ ਉਨ੍ਹਾਂ ਤੋਂ ਖੋਹ ਲਈਆਂ,*
*ਜਿਹੜੇ ਆਦਿ ਤੋਂ ਖੋਤਦੇ ਖੋਰੀਆਂ ਨੂੰ।*
*ਟੱਪ ਜਾਂਦੇ ਡਰਾਈ ਫਰੂਟ ਕਹਿ ਕੇ,*
*ਸਣੇ ਟਿੱਪਰ ਬਲੈਕ ਦੀਆਂ ਬੋਰੀਆਂ ਨੂੰ।*
*ਮਨ-ਮਰਜ਼ੀ ਨਾਲ ਬਾਣੀ ਦੇ ਅਰਥ ਕਰਦੇ,*
*ਗੁਰੂ ਆਸਰੇ ਛੱਡ ਕੇ ਡੋਰੀਆਂ ਨੂੰ।*
*ਲੰਗਰ ਲਾ ਕੇ ਗੰਨੇ ਦਾ 'ਗੁਲਪੁਰੀਆ',*
*ਵੱਢ-ਵੱਢ ਕੇ ਚੂਪਦੇ ਪੋਰੀਆਂ ਨੂੰ।*
*ਲੱਭਣਾ ਕੁਝ ਵੀ ਨਹੀਂ ਦਿਖਾਵਿਆਂ 'ਚੋਂ,*
*ਲੱਖ ਟਕਿਆਂ ਦੇ ਹਾਰ ਚੜ੍ਹਾਈ ਜਾਇਓ।*
*ਜਦੋਂ ਤੱਕ ਨਹੀਂ ਫਲਸਫਾ ਸਮਝ ਆਉਂਦਾ,*
*ਭਾਵੇਂ ਵਾਹ ਜਹਾਨ ਦੀ ਲਾਈ ਜਾਇਓ।*

**-ਗੁਲਪੁਰ**

# ਆਪਣੇ ਅਸਤਿਤਵ ਲਈ ਲੜ ਰਹੀ ਅਰਾਵਲੀ

**ਕਮਲਜੀਤ ਥਾਬਲਕੇ**

ਅੱਜਕੱਲ੍ਹ ਸੋਸ਼ਲ ਮੀਡੀਆ ਅਤੇ ਅਖ਼ਬਾਰਾਂ ਦੀਆਂ ਸੁਰਖੀਆਂ 'ਚ ਇੱਕ ਖ਼ਬਰ ਦੀ ਬਹੁਤ ਚਰਚਾ ਹੋ ਰਹੀ ਹੈ। ਉਹ ਇਹ ਕਿ ਅਰਾਵਲੀ ਪਰਬਤਮਾਲਾ ਨੂੰ ਖ਼ਤਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਅਰਾਵਲੀ ਦਾ ਸ਼ਾਬਦਿਕ ਅਰਥ ਵੀ ਬੜਾ ਕਮਾਲ ਦਾ ਹੈ 'ਅਰਾ' ਮਤਲਬ 'ਰੇਖਾ' ਤੇ 'ਵਲੀ' ਮਤਲਬ ਉਚਾਈ ਹੁੰਦਾ ਹੈ। ਇਨ੍ਹਾਂ ਨੂੰ ਖਨਨ ਮਾਫ਼ੀਆ ਦੇ ਹਵਾਲੇ ਕਰਨ ਦੀਆਂ ਕੋਝੀਆਂ ਚਾਲਾਂ ਚੱਲੀਆਂ ਜਾ ਰਹੀਆਂ ਹਨ। ਇਸ ਖਿਲਾਫ਼ ਵਾਤਾਵਰਣ ਪ੍ਰੇਮੀ ਸੜਕਾਂ 'ਤੇ ਰੋਸ ਪ੍ਰਦਰਸ਼ਨ ਕਰ ਰਹੇ ਹਨ, ਉਹ ਆਉਣ ਵਾਲੀਆਂ ਪੀੜ੍ਹੀਆਂ ਲਈ ਫਿਕਰਮੰਦ ਹਨ, ਪਰ ਸਰਕਾਰਾਂ ਅਰਾਵਲੀ ਪਹਾੜੀਆਂ ਨੂੰ ਖ਼ਤਮ ਕਰਨ ਲਈ ਪੱਬਾਂ ਭਾਰ ਹੋਈ ਪਈਆਂ ਹਨ।

ਅਰਾਵਲੀ ਪਰਬਤਮਾਲਾ ਭਾਰਤ ਲਈ ਇੱਕ ਚਮਕਤਾਰ ਤੋਂ ਘੱਟ ਨਹੀਂ ਹੈ। ਇਹ ਭਾਰਤ ਦੀਆਂ ਸਭ ਤੋਂ ਪੁਰਾਣੀਆਂ ਪਹਾੜੀਆਂ ਹਨ ਲਗਭਗ 250 ਕਰੋੜ ਸਾਲ ਪਹਿਲਾਂ ਦੀਆਂ। ਅਰਾਵਲੀ ਪਹਾੜੀਆਂ ਗੁਜਰਾਤ ਦੇ ਪਾਲਨਪੁਰ ਸ਼ਹਿਰ ਤੋਂ ਸ਼ੁਰੂ ਹੋ ਕੇ ਰਾਜਸਥਾਨ, ਹਰਿਆਣਾ ਅਤੇ ਦਿੱਲੀ ਤੱਕ 670 ਕਿਲੋਮੀਟਰ ਤੱਕ ਫੈਲੀਆਂ ਹੋਈਆਂ ਹਨ, ਜੋ ਭਾਰਤ ਦੀ ਜਲਵਾਯੂ ਅਤੇ ਵਾਤਰਵਣ ਨੂੰ ਪ੍ਰਭਾਵਿਤ ਕਰਦੀਆਂ ਹਨ। ਇਸ ਦੇ ਨਾਲ ਹੀ ਇਹ ਰਾਜਸਥਾਨ ਦੇ ਰੇਗਿਸਤਾਨ ਤੋਂ ਉਠਣ ਵਾਲੀਆਂ ਰੇਤਲੀਆਂ ਹਵਾਵਾਂ ਨੂੰ ਰੋਕਣ 'ਚ ਸਹਾਈ ਹੁੰਦੀਆਂ, ਜੋ ਦਿੱਲੀ ਵਰਗੇ ਇਲਾਕੇ ਨੂੰ ਰੇਗਿਸਤਾਨ ਬਣਨ ਤੋਂ ਰੋਕਦੀਆਂ ਹਨ।

ਹੁਣੇ ਜਿਹੇ ਸੁਪਰੀਮ ਕੋਰਟ ਦੇ ਇੱਕ ਫੈਸਲੇ ਨੇ ਅਰਾਵਲੀ 'ਤੇ ਵਿਵਾਦ ਨੂੰ ਚਰਚਾ ਦਾ ਕੇਂਦਰ ਬਣਾ ਦਿੱਤਾ ਹੈ। ਸੁਪਰੀਮ ਕੋਰਟ ਨੇ ਕਿਹਾ ਕਿ 100 ਮੀਟਰ ਤੋਂ ਉਚੀਆਂ ਪਹਾੜੀਆਂ ਨੂੰ ਹੀ ਅਰਾਵਲੀ ਮੰਨਿਆ ਜਾਵੇਗਾ। ਇਸ ਨਾਲ 90 ਫੀਸਦੀ ਤੋਂ ਜ਼ਿਆਦਾ ਪਹਾੜੀਆਂ ਖ਼ਤਰੇ ਦੀ ਜੱਦ 'ਚ ਆ ਗਈਆਂ ਹਨ। ਸੁਪਰੀਮ ਕੋਰਟ ਨੇ ਕੇਂਦਰ ਤੋਂ ਅਰਾਵਲੀ ਪਹਾੜੀਆਂ 'ਚ ਹੋ ਰਹੀ ਗੈਰ ਕਾਨੂੰਨੀ ਖਨਨ ਨੂੰ ਰੋਕਣ ਲਈ ਜਵਾਬ ਮੰਗਿਆ ਸੀ, ਜਿਸ 'ਤੇ ਕੇਂਦਰੀ ਵਾਤਾਵਰਣ ਮੰਤਰਾਲੇ ਨੇ ਇੱਕ ਕਮੇਟੀ ਬਣਾਈ, ਜਿਸ ਨੇ ਸੁਪਰੀਮ ਕੋਰਟ 'ਚ ਇੱਕ ਰਿਪੋਰਟ ਪੇਸ਼ ਕੀਤੀ ਇਸ 'ਚ ਕਿਹਾ ਗਿਆ ਕਿ ਜੇਕਰ ਕਿਸੇ ਅਰਾਵਲੀ ਪਹਾੜ ਦੀ ਉਚਾਈ ਸੌ ਮੀਟਰ ਜਾਂ ਇਸ ਤੋਂ ਜ਼ਿਆਦਾ ਹੈ, ਉਸ ਨੂੰ ਅਰਾਵਲੀ ਪਹਾੜ ਮੰਨਿਆ ਜਾਵੇਗਾ, ਨਾਲ ਹੀ ਉਸ ਦੇ 500 ਮੀਟਰ ਦੀ ਨੇੜੇ ਵਾਲੀ ਜਗ੍ਹਾ ਨੂੰ ਅਰਾਵਲੀ ਰੇਂਜ ਮੰਨਿਆ ਜਾਵੇਗਾ, ਇਸ ਇਲਾਕੇ 'ਚ ਮਾਈਨਿੰਗ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਇਸ ਤੋਂ ਬਾਅਦ ਜਦ ਮੰਤਰਾਲੇ ਨੇ ਇਹ ਰਿਪੋਰਟ ਸੁਪਰੀਮ ਕੋਰਟ 'ਚ ਪੇਸ਼ ਕੀਤੀ ਤਾਂ ਕੋਰਟ ਨੇ ਇਸ ਨੂੰ ਸਵੀਕਾਰ ਕਰ ਲਿਆ। ਸੁਪਰੀਮ ਕੋਰਟ ਨੇ ਇਸ 'ਤੇ ਕਿਹਾ ਕਿ ਜੋ ਪਹਾੜ ਇਸ ਰੇਂਜ 'ਚ ਨਹੀਂ ਆਉਂਦੇ ਉਥੇ ਮਾਈਨਿੰਗ ਹੋ ਸਕਦੀ ਹੈ, ਪਰ ਇੱਥੇ ਇਹ ਵੀ ਸੋਚਣ ਦੀ ਜ਼ਰੂਰਤ ਹੈ, ਜਦ ਮਾਈਨਿੰਗ ਦੀ ਇਜਾਜ਼ਤ ਦੇ ਦਿੱਤੀ ਜਾਂਦੀ ਹੈ ਤਾਂ ਖਨਨ ਮਾਫ਼ੀਆ ਫਿਰ ਇਹ ਨਹੀਂ ਦੇਖਦਾ ਕਿ ਕਿੱਥੇ ਮਾਈਨਿੰਗ ਕਰਨੀ ਹੈ ਜਾਂ ਕਿੰਨੀ ਕਰਨੀ ਉਹ ਤਾਂ ਫਿਰ ਪਹਾੜਾਂ ਦਾ ਸੀਨਾ ਚੀਰ ਕੇ ਛੱਲਣੀ ਕਰ ਦਿੰਦੇ ਹਨ, ਫਿਰ ਉਨ੍ਹਾਂ ਨੂੰ ਕੋਈ ਰੋਕਣ



ਵਾਲਾ ਵੀ ਨਹੀਂ ਹੁੰਦਾ। ਵਾਤਾਵਰਣ ਮੰਤਰਾਲੇ ਦੀ ਰਿਪੋਰਟ ਸਾਰੀ ਦੀ ਸਾਰੀ ਉਨ੍ਹਾਂ ਖਨਨ ਮਾਫ਼ੀਆ ਦੇ ਹੱਕ 'ਚ ਭੁਗਤਦੀ ਹੈ। ਇਸ ਪ੍ਰੀਭਾਸ਼ਾ ਨਾਲ ਅਰਾਵਲੀ ਦੇ 90 ਫੀਸਦੀ ਪਹਾੜ ਖ਼ਤਮ ਹੋ ਜਾਣਗੇ, ਕਿਉਂਕਿ ਅਰਾਵਲੀ ਦੇ ਲਗਭਗ 90 ਫੀਸਦੀ ਪਹਾੜਾਂ ਦੀ ਉਚਾਈ ਸੌ ਮੀਟਰ ਤੋਂ ਥੱਲੇ ਹੈ, ਹਾਂ ਜੋ ਗੁਜਰਾਤ 'ਚ ਥੋੜ੍ਹੇ ਬਹੁਤੇ ਇਸ ਰੇਂਜ ਦੇ ਪਹਾੜ ਹਨ ਉਨ੍ਹਾਂ ਦੀ ਉਚਾਈ ਸੌ ਮੀਟਰ ਤੋਂ ਉਪਰ ਹੈ, ਬਾਕੀ ਦੇ ਸਾਰੇ ਦੇ ਸਾਰੇ ਇਸ ਤੋਂ ਥੱਲੇ ਹਨ।

ਅਕਤੂਬਰ 2024 'ਚ ਫਾਰਸਟ ਸਰਵਿਸ ਇੰਡੀਆ ਦੀ ਇੱਕ ਰਿਪੋਰਟ ਆਈ ਸੀ, ਜਿਸ 'ਚ ਕਿਹਾ ਗਿਆ ਸੀ ਕਿ ਰਾਜਸਥਾਨ ਦੇ 15 ਜ਼ਿਲ੍ਹਿਆਂ 'ਚ 12081 ਅਰਾਵਲੀ ਪਹਾੜ ਹਨ, ਜਿਨ੍ਹਾਂ 'ਚੋਂ ਸਿਰਫ਼ 1048 ਪਹਾੜ ਹੀ ਇਸ ਤਰ੍ਹਾਂ ਦੇ ਹਨ, ਜਿਨ੍ਹਾਂ ਦੀ ਉਚਾਈ ਸੌ ਮੀਟਰ ਤੋਂ ਉਪਰ ਹੈ। ਇਸ ਰਿਪੋਰਟ ਅਨੁਸਾਰ ਅਰਾਵਲੀ ਦੇ 90 ਫੀਸਦੀ ਪਹਾੜ ਖ਼ਤਰੇ 'ਚ ਹਨ, ਜਿਨ੍ਹਾਂ ਦੀ ਹੋਂਦ ਖ਼ਤਮ ਹੋਣ ਦਾ ਡਰ ਵਾਤਾਵਰਣ ਪ੍ਰੇਮੀਆਂ 'ਚ ਹੈ।

ਅੱਜ ਅਰਾਵਲੀ ਨੂੰ ਖਨਨ ਮਾਫ਼ੀਆਂ ਤੋਂ ਖ਼ਤਰਾ ਹੈ। ਗੈਰ-ਕਾਨੂੰਨੀ ਖਨਨ ਨੇ 20 ਫੀਸਦੀ ਖੇਤਰ ਪਹਿਲਾਂ ਹੀ ਖ਼ਤਮ ਕਰ ਦਿੱਤਾ ਹੈ। ਜਲਵਾਯੂ ਪਰਿਵਰਤਨ ਨਾਲ ਬਾਰਿਸ਼ ਘਟ ਰਹੀ ਹੈ। ਵਿਗਿਆਨਕ ਸਲਾਹ ਦਿੰਦੇ ਦਿੰਦੇ ਥੱਕ ਗਏ ਕਿ ਇਨ੍ਹਾਂ ਜੰਗਲਾਂ ਨੂੰ ਬਚਾਉਣਾ ਜ਼ਰੂਰੀ ਹੈ ਅਤੇ ਨਾਲ ਹੀ ਨਵੇਂ ਜੰਗਲ ਉਗਾਉਣਾ ਵੀ ਜ਼ਰੂਰੀ ਹੈ, ਗੈਰ ਕਾਨੂੰਨੀ ਖਨਨ ਨੂੰ ਰੋਕਣਾ ਬਹੁਤ ਜ਼ਰੂਰੀ ਹੈ। ਅਰਾਵਲੀ ਪਹਾੜੀਆਂ ਨੂੰ ਖ਼ਤਮ ਹੋਣ ਤੋਂ ਰੋਕਣਾ ਜ਼ਰੂਰੀ ਹੈ। ਅਰਾਵਲੀ ਦਾ ਯੋਗਦਾਨ ਵਾਤਾਵਰਣ, ਅਰਥਵਿਵਸਥਾ ਅਤੇ ਵਿਗਿਆਨ ਨਾਲ ਸਿੱਧਾ ਹੈ, ਜੇਕਰ ਇਹ ਖ਼ਤਮ ਹੋ ਗਈਆਂ ਤਾਂ ਦਿੱਲੀ ਨੂੰ ਰੇਗਿਸਤਾਨ ਬਣਨ 'ਚ ਬਹੁਤਾ ਸਮਾਂ ਨਹੀਂ ਲੱਗਣਾ। ਇਸ ਨਜ਼ਰੀਏ ਨਾਲ ਦੇਖੀਏ ਤਾਂ ਅਰਵਾਲੀ ਦਾ ਯੋਗਦਾਨ ਬਹੁਤ ਜ਼ਿਆਦਾ ਹੈ। ਇਹ ਕੇਵਲ ਸੁੰਦਰਤਾ ਦਾ ਪ੍ਰਤੀਕ ਹੀ ਨਹੀਂ, ਬਲਕਿ ਇਹ ਕੁਦਰਤੀ ਹਰੀ ਦੀਵਾਰ ਦੀ ਤਰ੍ਹਾਂ ਹੈ, ਜੋ ਰੇਗਿਸਤਾਨ ਨੂੰ ਪੂਰਬ ਵੱਲ ਫੈਲਣ ਤੋਂ ਰੋਕਦੀ ਹੈ। ਬਿਨਾਂ ਅਰਾਵਲੀ ਦੇ ਰਾਜਸਥਾਨ ਅਤੇ ਹਰਿਆਣਾ ਖ਼ੁਸ਼ਕ ਹੁੰਦੇ। ਇਹ ਮਾਨਸੂਨ ਹਵਾਵਾਂ ਨੂੰ ਪ੍ਰਭਾਵਿਤ ਕਰਦੀ ਹੈ। ਬਾਰਿਸ਼ ਨੂੰ ਵਧਾਉਂਦੀ ਹੈ, ਪਾਣੀ ਦੇ ਰੱਖ-ਰਖਾਅ ਦਾ ਕੰਮ ਕਰਦੀ ਹੈ। ਇਹ ਨਦੀਆਂ ਅਤੇ ਪੀਣ ਵਾਲੀ ਪਾਣੀ ਲਈ ਵੀ ਮਹੱਤਵਪੂਰਨ ਹੈ। ਇਸ ਦੇ ਨਾਲ ਹੀ ਕਈ ਜੰਗਲੀ ਜਾਨਵਰਾਂ ਦਾ ਘਰ ਹੈ, ਜੋ ਇਸ ਸ਼ਾਂਤ ਵਾਤਾਵਰਣ 'ਚ ਪਲ ਰਹੇ ਹਨ। ਜਦ ਜੰਗਲ ਪਹਾੜੀਆਂ ਨਹੀਂ ਰਹੀਆਂ ਤਾਂ ਜੰਗਲੀ ਜਾਨਵਰ ਵੀ ਸੜਕਾਂ 'ਤੇ ਆ ਜਾਣਗੇ। ਜੇ ਖਣਿਜਾਂ ਦੀ ਗੱਲ ਕਰੀਏ ਤਾਂ ਇਨ੍ਹਾਂ ਪਹਾੜੀਆਂ 'ਚ ਸ਼ੀਸ਼ਾ, ਜਿਸਤ, ਤਾਂਬਾ, ਚਾਂਦੀ, ਸੰਗਮਰਮਰ ਵਰਗੇ ਖਣਿਜ ਪਾਏ ਜਾਂਦੇ, ਜਿਨ੍ਹਾਂ ਨੂੰ ਲੈ ਕੇ ਕਾਰਪੋਰੇਟ ਜਗਤ ਦੇ ਲੋਕਾਂ ਦੀ ਇਸ 'ਤੇ ਟੇਢੀ ਅੱਖ ਹੈ। ਉਹ ਇਨ੍ਹਾਂ ਪਹਾੜੀਆਂ ਦੇ ਸੀਨੇ ਨੂੰ ਚੀਰ ਕੇ ਇਸ 'ਚ ਸਭ ਕੁਝ ਕੱਢ ਕੇ ਆਪਣੀਆਂ ਤਿਜੌਰੀਆਂ ਭਰ ਲੈਣਾ ਚਾਹੁੰਦੇ ਹਨ, ਫਿਰ ਚਾਹੇ ਆਉਣ ਵਾਲੀਆਂ ਪੀੜ੍ਹੀਆਂ ਬਚਣ ਜਾਂ ਨਾ ਬਚਣ, ਉਨ੍ਹਾਂ ਨੂੰ ਇਸ ਨਾਲ ਕੋਈ ਫਰਕ ਨਹੀਂ ਪੈਂਦਾ, ਉਨ੍ਹਾਂ ਦਾ ਮਕਸਦ ਪੈਸੇ ਨਾਲ ਆਪਣੇ ਘਰਾਂ ਨੂੰ ਭਰਨਾ ਹੈ। ਸ਼ਾਂਤ ਖੜੀਆਂ ਅਰਾਵਲੀ ਪਹਾੜੀਆਂ ਦਾ ਦੋਸ਼ ਸਿਰਫ਼ ਏਨਾ ਹੀ ਹੈ ਕਿ ਉਹ ਸਰਕਾਰ ਖਿਲਾਫ਼ ਕੋਈ ਧਰਨਾ, ਮੁਜ਼ਾਹਰਾ ਨਹੀਂ ਕਰਦੀਆਂ, ਇਸ ਲਈ ਸਰਕਾਰਾਂ ਉਨ੍ਹਾਂ ਦੇ ਵਜੂਦ ਹੀ ਖ਼ਤਮ ਕਰ ਦੇਣਾ ਚਾਹੁੰਦੀਆਂ ਹਨ, ਅੱਜ ਅਰਾਵਲੀ ਨੂੰ ਬਚਾਉਣ ਦੀ ਜ਼ਰੂਰਤ ਹੈ, ਪਹਿਲਾਂ ਹੀ ਹਿਮਾਚਲ, ਉਤਰਾਖੰਡ ਦੇ ਪਹਾੜਾਂ ਨੂੰ ਧਮਾਕਿਆਂ ਨਾਲ ਖੋਖਲਾ ਕਰ ਦਿੱਤਾ ਗਿਆ ਹੈ, ਜਿਸ ਕਾਰਨ ਬਾਰਿਸ਼ ਸਮੇਂ ਆਏ ਦਿਨ ਇਨ੍ਹਾਂ ਜਗ੍ਹਾਂ 'ਤੇ ਲੈਂਡ ਸਲਾਈਡ ਵਰਗੀਆਂ ਘਟਨਾਵਾਂ ਵਧਦੀਆਂ ਜਾ ਰਹੀਆਂ ਹਨ, ਜਿਸ 'ਚ ਹਜ਼ਾਰਾਂ ਘਰ ਤੇ ਲੋਕ ਤਬਾਹ ਹੋ ਜਾਂਦੇ ਹਨ। ਅਸੀਂ ਕੁਦਰਤ ਨਾਲ ਖਿਲਵਾੜ ਕਰ ਰਹੇ ਹਾਂ, ਜੰਗਲ ਤਬਾਹ ਕਰ ਰਹੇ ਹਾਂ, ਜਿਸ ਨਾਲ ਪ੍ਰਦੂਸ਼ਣ ਦੀ ਸਮੱਸਿਆ ਬਦ ਤੋਂ ਬਦਤਰ ਬਣਦੀ ਜਾ ਰਹੀ ਹੈ, ਲੋਕਾਂ ਦਾ ਖੁੱਲ੍ਹੀ ਹਵਾ 'ਚ ਸਾਹ ਲੈਣਾ ਦੁੱਭਰ ਹੋ ਰਿਹਾ ਹੈ। ਅੱਜ ਸਮਾਂ ਹੈ ਕਿ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਲਈ ਕੁਝ ਕਰ ਜਾਈਏ। ਅਰਾਵਲੀ ਵਰਗੀਆਂ ਬਹੁਤ ਸਾਰੀਆਂ ਪਹਾੜੀਆਂ ਨੂੰ ਸਖ਼ਤ ਜ਼ਰੂਰਤ ਹੈ। ਜੇ ਅੱਜ ਅਸੀਂ ਇਨ੍ਹਾਂ ਖਿਲਾਫ਼ ਨਹੀਂ ਖੜੇ ਹੋਏ ਤਾਂ ਕੱਲ੍ਹ ਨੂੰ ਆਉਣ ਵਾਲੀਆਂ ਪੀੜ੍ਹੀਆਂ ਸਾਨੂੰ ਕਦੇ ਮੁਆਫ਼ ਨਹੀਂ ਕਰਨਗੀਆਂ।

# ਪੁਤਿਨ ਦੀ ਭਾਰਤ ਫੇਰੀ ਨੂੰ ਸਥਾਈ ਸ਼ਾਂਤੀ ਲਈ ਵਰਤਿਆ ਜਾਣਾ ਚਾਹੀਦੈ



**ਡਾ. ਅਰੁਣ ਮਿੱਤਰਾ**

ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਬੀਤੀ ਚਾਰ ਤੇ ਪੰਜ ਦਸੰਬਰ ਨੂੰ ਭਾਰਤ ਫੇਰੀ 'ਤੇ ਆਏ। ਉਨ੍ਹਾਂ ਨੂੰ ਮਿਲੇ ਨਿੱਘੇ ਸਵਾਗਤ ਨੇ ਇਕ ਵਾਰੀ ਫਿਰ ਇਹ ਦਰਸਾਇਆ ਹੈ ਕਿ ਭਾਰਤ-ਰੂਸ ਦੀ ਭਰੋਸੇਯੋਗ ਦੋਸਤੀ ਦੀ ਜਵਾਹਰ ਲਾਲ ਨਹਿਰੂ ਵਾਲੀ ਵਿਰਾਸਤ ਅਜੇ ਵੀ ਮਜ਼ਬੂਤ ਹੈ। ਹਾਲਾਂਕਿ ਅੱਜ ਦਾ ਰੂਸ ਪੁਰਾਣਾ ਸੋਵੀਅਤ ਸੰਘ ਨਹੀਂ, ਪਰ ਇਹ ਵੀ ਓਨਾ ਹੀ ਸੱਚ ਹੈ ਕਿ ਸੋਵੀਅਤ ਸੰਘ ਦਾ ਮੁੱਖ ਹਿੱਸਾ ਰੂਸ ਹੀ ਸੀ ਅਤੇ ਉਸ ਵਿਰਾਸਤ ਦੇ ਕਈ ਤੱਤ ਅਜੇ ਵੀ ਮੌਜੂਦ ਹਨ। ਇਸਤੋਨੀਆਂ ਦੀ ਰਾਜਧਾਨੀ ਤਾਲਿਨ ਸਥਿਤ ਇੰਟਰਨੈਸ਼ਨਲ ਸੈਂਟਰ ਫ਼ਾਰ ਡਿਫੈਂਸ ਐਂਡ ਸਕਿਉਰਿਟੀ ਦੇ ਖੋਜਕਰਤਾ ਇਵਾਨ ਯੂ. ਕਲਿਸ਼ ਨੇ 6 ਦਸੰਬਰ ਨੂੰ ਦ ਟਾਈਮਜ਼ ਆਫ ਇੰਡੀਆ ਵਿੱਚ ਛਪੇ ਆਪਣੇ ਲੇਖ ਵਿੱਚ ਲਿਖਿਆ ਹੈ ਕਿ ਸੋਵੀਅਤ ਯੁੱਗ ਦੀ ਰਾਜਨੀਤਕ ਅਤੇ ਰਣਨੀਤਕ ਵਿਰਾਸਤ ਅਜੇ ਵੀ ਕ੍ਰੈਮਲਿਨ ਦੀ ਸੋਚ ਨੂੰ ਪ੍ਰਭਾਵਤ ਕਰਦੀ ਹੈ।

ਦੂਜੇ ਵਿਸ਼ਵ ਯੁੱਧ ਤੋਂ ਬਾਅਦ ਦੀ ਦੋਧਰੁਵੀ ਵਿਸ਼ਵ-ਵਿਵਸਥਾ ਤੋਂ ਲੈ ਕੇ 1990 ਦੇ ਦਹਾਕੇ ਦੀ ਇਕ-ਧਰੁਵੀ ਦੁਨੀਆਂ ਤੱਕ ਅਤੇ ਹੁਣ ਬਹੁ-ਧਰੁਵੀ ਵਿਵਸਥਾ ਵੱਲ ਵਧਦੇ ਹੋਏ ਅੰਤਰ-ਰਾਸ਼ਟਰੀ ਪਰਿਸਥਿਤੀਆਂ ਵਿੱਚ ਵੱਡੇ ਬਦਲਾਅ ਆਏ ਹਨ। ਅੱਜ ਚੀਨ, ਰੂਸ ਅਤੇ ਸੰਯੁਕਤ ਰਾਜ ਅਮਰੀਕਾ—ਇਹ ਤਿੰਨ ਵੱਡੀਆਂ ਸ਼ਕਤੀਆਂ ਵਿਕਸਤ ਅਰਥ ਵਿਵਸਥਾਵਾਂ, ਸੈਨਿਕ ਸਮਰੱਥਾ ਤੇ ਤਕਨੀਕੀ ਤੌਰ 'ਤੇ ਅੱਗੇ ਹਨ ਤੇ ਵਿਸ਼ਵ ਪੱਧਰੀ ਪ੍ਰਭਾਵ ਨਾਲ ਦੁਨੀਆ ਦੀ ਰਾਜਨੀਤੀ ਨੂੰ ਪ੍ਰਭਾਵਤ ਕਰ ਰਹੀਆਂ ਹਨ। ਭਾਰਤ ਵੱਡੀ ਆਬਾਦੀ ਅਤੇ ਤੇਜ਼ੀ ਨਾਲ ਵਧ ਰਹੀ ਅਰਥ ਵਿਵਸਥਾ ਨਾਲ ਇੱਕ ਉਭਰਦੀ ਤਾਕਤ ਹੈ, ਪਰ ਅਜੇ ਵੀ ਹੇਠਲੇ ਮੱਧਮ ਆਮਦਨ ਵਾਲੇ ਵਰਗ ਤੋਂ ਅੱਗੇ ਵਧਣ ਦੀ ਪ੍ਰਕਿਰਿਆ ਵਿੱਚ ਹੈ।

ਗੁਟ ਨਿਰਲੇਪ ਅੰਦੋਲਨ (NAM) ਦੇ ਸੰਸਥਾਪਕ ਦੇ ਰੂਪ ਵਿੱਚ ਵਿਸ਼ਵ ਸਮੂਹ ਭਾਰਤ ਤੋਂ ਉਮੀਦ ਕਰਦਾ ਹੈ ਕਿ ਉਹ ਪਰਮਾਣੂ ਹਥਿਆਰਾਂ ਦੇ ਸੰਪੂਰਨ ਖ਼ਾਤਮੇ, ਛੋਟੇ ਹਥਿਆਰਾਂ ਦੇ ਫੈਲਾਅ ਨੂੰ ਰੋਕਣ ਅਤੇ ਖ਼ਾਸਕਰ ਆਪਣੇ ਖੇਤਰ ਵਿੱਚ ਸਥਾਈ ਸ਼ਾਂਤੀ ਨੂੰ ਵਧਾਵਾ ਦੇਣ ਵਿੱਚ ਅਗਵਾਈ ਕਰੇ। ਇਸ ਭੂਮਿਕਾ ਨੂੰ ਪ੍ਰਭਾਵਸ਼ਾਲੀ ਤਰੀਕੇ ਨਾਲ ਨਿਭਾਉਣ ਲਈ ਭਾਰਤ ਨੂੰ ਬਹੁਤ ਹੀ ਸੁਚੱਜੀ, ਸੰਤੁਲਿਤ ਅਤੇ ਹੁਨਰਮੰਦ ਕੂਟਨੀਤੀ ਅਪਣਾਉਣੀ ਪਵੇਗੀ। ਇਹ ਹੌਸਲਾ-ਅਫ਼ਜ਼ਾਈ ਦੀ ਗੱਲ ਹੈ ਕਿ ਮੌਜੂਦਾ ਭਾਰਤੀ ਅਗਵਾਈ ਇਹ ਸਮਝਣ ਲੱਗਾ ਹੈ ਕਿ ਭੂ-ਰਾਜਨੀਤਕ ਸੰਬੰਧ ਵਿਚਾਰਧਾਰਾ ਦੀ ਸਮਾਨਤਾ ਨਹੀਂ, ਸਗੋਂ ਪਰਸਪਰ ਹਿੱਤਾਂ ਦੇ ਆਧਾਰ 'ਤੇ ਬਣਦੇ ਹਨ।

**ਰਣਨੀਤਿਕ ਗਠਜੋੜ ਅਤੇ ਭਾਰਤ ਦੀ ਭੂਮਿਕਾ:** ਦਸੰਬਰ 1998 ਵਿੱਚ ਰੂਸੀ ਪ੍ਰਧਾਨ ਮੰਤਰੀ ਏਵਗੇਨੀ ਪ੍ਰਿਮਾਕੋਵ ਨੇ ਰੂਸ-ਭਾਰਤ-ਚੀਨ (RIC) ਤਿਕੋਣ ਦਾ ਵਿਚਾਰ ਦਿੱਤਾ ਸੀ, ਜਿਸ ਦਾ ਮਕਸਦ ਅਮਰੀਕੀ ਇਕ-ਧਰੁਵੀ ਪ੍ਰਭੁਤਾ ਦਾ ਸੰਤੁਲਨ ਬਣਾਉਣਾ ਸੀ। ਉਸ ਸਮੇਂ ਭਾਰਤ ਨੇ ਇਸ ਪਹਿਲ ਵਿੱਚ ਵਿਸ਼ੇਸ਼ ਦਿਲਚਸਪੀ ਨਹੀਂ ਦਿਖਾਈ, ਪਰ ਬਦਲਦੇ ਭੂ-ਰਾਜਨੀਤਕ ਸਮਾਂਤਰਾਂ ਨੇ BRICS ਦੇ ਉਭਾਰ ਲਈ ਰਸਤਾ ਤਿਆਰ ਕੀਤਾ। ਬ੍ਰਾਜ਼ੀਲ, ਰੂਸ, ਭਾਰਤ ਅਤੇ ਚੀਨ ਦੀ ਤੇਜ਼ੀ ਨਾਲ ਵਧ ਰਹੀ ਆਰਥਕ ਗਤੀ 'ਤੇ ਆਧਾਰਤ 2001 ਵਿੱਚ ਗੋਲਡਮੈਨ ਸੈਕਸ ਦੇ ਇਕ ਅਰਥ ਸ਼ਾਸਤਰੀ ਨੇ BRICS ਦਾ ਇਹ ਸੰਖੇਪ ਰੂਪ ਦਿੱਤਾ ਸੀ, ਜੋ ਹੁਣ ਇੱਕ ਵਿਸ਼ਵ ਪੱਧਰੀ ਰਾਜਨੀਤਕ ਮੰਚ ਵਿੱਚ ਤਬਦੀਲ ਹੋ ਗਿਆ ਹੈ, ਜਿਸ ਦਾ ਟੀਚਾ ਅੰਤਰਰਾਸ਼ਟਰੀ ਵਿਵਸਥਾ ਨੂੰ ਵੱਧ ਲੋਕਤਾਂਤਰਿਕ, ਸੰਤੁਲਿਤ ਅਤੇ ਸਮਾਵੇਸ਼ੀ ਬਣਾਉਣਾ ਹੈ।

ਵਰਤਮਾਨ ਵਿੱਚ BRICS ਵਿੱਚ ਗਿਆਰਾਂ ਦੇਸ਼ ਹਨ — ਬ੍ਰਾਜ਼ੀਲ, ਰੂਸ, ਭਾਰਤ, ਚੀਨ, ਦੱਖਣੀ ਅਫ਼ਰੀਕਾ, ਸਾਊਦੀ ਅਰਬ, ਮਿਸਰ, ਸੰਯੁਕਤ ਅਰਬ ਅਮੀਰਾਤ, ਇਥੋਪੀਆ, ਇੰਡੋਨੇਸ਼ੀਆ ਅਤੇ ਈਰਾਨ। ਇਹ ਗਠਜੋੜ ਹੁਣ ਗਲੋਬਲ ਸਾਊਥ (ਦੁਨੀਆ ਦੇ ਦੱਖਣੀ ਹਿੱਸੇ) ਦੇ ਦੇਸ਼ਾਂ ਦਾ ਇੱਕ ਮਹੱਤਵਪੂਰਣ ਰਾਜਨੀਤਕ ਅਤੇ ਕੂਟਨੀਤਿਕ ਪਲੇਟਫਾਰਮ ਬਣ ਚੁੱਕਾ ਹੈ, ਜੋ ਕਈ ਖੇਤਰਾਂ ਵਿੱਚ ਸਹਿਯੋਗ ਨੂੰ ਵਧਾਵਾ ਦਿੰਦਾ ਹੈ।

**ਗੁੱਟ ਨਿਰਲੇਪ ਅੰਦੋਲਨ ਦੀ ਵਿਰਾਸਤ ਤੇ ਸੋਵੀਅਤ ਸੰਘ ਦਾ ਸਮਰਥਨ:** ਇੱਕ ਉਦਾਰਵਾਦੀ ਰਾਜਨੇਤਾ ਵਜੋਂ ਜਵਾਹਰ ਲਾਲ ਨਹਿਰੂ ਠੰਢੇ ਯੁੱਗ ਦੇ ਸੈਨਿਕ ਗਠਜੋੜਾਂ — NATO ਜਾਂ ਵਾਰਸਾ ਪੈਕਟ ਨਾਲ ਜੁੜਨ ਦੇ ਸਮਰਥਕ ਨਹੀਂ ਸਨ। ਉਹਨਾ ਦਾ ਮਕਸਦ ਨਵੇਂ ਆਜ਼ਾਦ ਹੋਏ ਵਿਕਾਸਸ਼ੀਲ ਦੇਸ਼ਾਂ ਨੂੰ ਆਪਸੀ ਸਹਿਯੋਗ ਦੇ ਆਧਾਰ 'ਤੇ ਆਪਣੀਆਂ ਸੁਤੰਤਰ ਨੀਤੀਆਂ ਵਿਕਸਤ ਕਰਨ ਅਤੇ ਆਤਮਨਿਰਭਰ ਬਣਨ ਲਈ ਪ੍ਰੇਰਿਤ ਕਰਨਾ ਸੀ। ਮਾਰਸ਼ਲ ਟੀਟੋ, ਜਮਾਲ ਅਬਦੁਲ ਨਾਸਰ ਅਤੇ ਕਵਾਮੇ ਨਕਰੂਮਾ ਦੇ ਨਾਲ ਮਿਲ ਕੇ ਉਹਨਾਂ ਗੁਟ ਨਿਰਲੇਪ ਅੰਦੋਲਨ (NAM) ਦੀ ਨੀਂਹ ਰੱਖੀ। ਜਲਦੀ ਹੀ NAM ਇੱਕ ਪ੍ਰਭਾਵਸ਼ਾਲੀ ਸਮੂਹ ਵਜੋਂ ਉਭਰਿਆ, ਜਿਸ ਵਿੱਚ ਵਿਕਾਸਸ਼ੀਲ ਦੇਸ਼ਾਂ ਦੇ ਨਾਲ-ਨਾਲ ਕਮਿਊਨਿਸਟ ਦੇਸ਼, ਜਿਵੇਂ ਕਿਊਬਾ ਅਤੇ ਵੀਆਤਨਾਮ ਅਤੇ PLO ਵਰਗੇ ਰਾਸ਼ਟਰੀ ਮੁਕਤੀ ਅੰਦੋਲਨ ਵੀ ਸ਼ਾਮਲ ਸਨ।

**ਜਦੋਂ ਪੱਛਮੀ ਤਾਕਤਾਂ NAM ਦੀ ਉਪਨਿਵੇਸ਼ਵਾਦ**-ਵਿਰੋਧੀ ਅਤੇ ਸਾਮਰਾਜਵਾਦ-ਵਿਰੋਧੀ ਰੁਝਾਨ ਤੋਂ ਪਰੇਸ਼ਾਨ ਸਨ, ਉਸ ਵੇਲੇ ਸੋਵੀਅਤ ਸੰਘ ਭਾਰਤ ਦੀ ਇਸ ਪਹਿਲ ਦਾ ਸਮਰਥਨ ਕਰਦਾ ਸੀ। ਇਤਿਹਾਸਕਾਰ ਗੋਪਾਲ ਕ੍ਰਿਸ਼ਨ ਗਾਂਧੀ ਨੇ 'ਹਿੰਦੁਸਤਾਨ ਟਾਈਮਜ਼' ਵਿੱਚ ਆਪਣੇ ਲੇਖ ਵਿੱਚ ਇਹ ਦਰਸਾਇਆ ਹੈ ਕਿ ਤਤਕਾਲੀਨ ਨੇਤਾ ਸੀ. ਰਾਜਗੋਪਾਲਾਚਾਰੀ ਦੇ 27 ਮਾਰਚ 1958 ਦੇ ਪੱਤਰ ਦੇ ਸਿਰਫ਼ ਪੰਜ ਦਿਨ ਬਾਅਦ ਹੀ ਸੋਵੀਅਤ ਸੰਘ ਨੇ ਪਰਮਾਣੂ ਪ੍ਰੀਖਣਾਂ 'ਤੇ ਇੱਕ-ਤਰਫ਼ਾ ਰੋਕ ਦੀ ਘੋਸ਼ਣਾ ਕਰ ਦਿੱਤੀ ਸੀ। ਇਹ ਵੀ ਮਹੱਤਵਪੂਰਨ ਹੈ ਕਿ ਭਾਰਤ ਯਾਤਰਾ ਦੌਰਾਨ ਰਾਸ਼ਟਰਪਤੀ ਪੁਤਿਨ ਨੇ ਐਲਾਨ ਕੀਤਾ ਕਿ ਜੇ ਸੰਯੁਕਤ ਰਾਜ ਅਮਰੀਕਾ ਵੀ ਤਸੱਲੀਦਾਇਕ ਭਰੋਸਾ ਦੇਵੇ, ਤਾਂ ਰੂਸ ਪਰਮਾਣੂ ਪਰੀਖਣ ਨਹੀਂ ਕਰੇਗਾ। ਇਹ ਐਲਾਨ ਭਾਰਤ ਦੀ ਧਰਤੀ ਤੋਂ ਕੀਤਾ ਗਿਆ ਹੈ। ਇਹ ਵੀ ਯਾਦਗਾਰ ਹੈ ਕਿ ਸੋਵੀਅਤ ਸੰਘ ਨੇ ਰਾਜੀਵ ਗਾਂਧੀ ਦੀ ਪਰਮਾਣੂ ਹਥਿਆਰ ਮੁਕਤੀ ਯੋਜਨਾ ਦਾ ਵੀ ਸਮਰਥਨ ਕੀਤਾ ਸੀ।

**ਅੱਗੇ ਦਾ ਰਾਹ: ਭਾਰਤ, ਚੀਨ ਅਤੇ ਰੂਸ ਦੀ ਸਾਂਝੀ ਪਹਿਲ** ਪੁਤਿਨ ਦੀ ਯਾਤਰਾ ਤੋਂ ਬਾਅਦ ਭਾਰਤ ਨੂੰ ਇੱਕ ਠੋਸ ਸ਼ਾਂਤੀ ਪਹਿਲ ਨੂੰ ਅੱਗੇ ਵਧਾਉਣਾ ਚਾਹੀਦਾ ਹੈ। ਭਾਰਤ, ਚੀਨ ਅਤੇ ਰੂਸ ਮਿਲ ਕੇ ਏਸ਼ੀਆ ਵਿੱਚ ਸਥਿਰਤਾ ਨੂੰ ਮਜ਼ਬੂਤ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਹਨ। ਪਾਕਿਸਤਾਨ ਚਾਹੇ ਉਸ ਵਿੱਚ ਲੋਕਤਾਂਤਰਿਕ ਸਰਕਾਰ ਹੋਵੇ, ਪਰ ਸੈਨਾ ਦਾ ਪ੍ਰਭਾਵ ਗਹਿਰਾ ਹੈ, ਫਿਰ ਵੀ ਉਸ ਨੂੰ ਰਚਨਾਤਮਕ ਗੱਲਬਾਤ ਲਈ ਤਿਆਰ ਕੀਤਾ ਜਾ ਸਕਦਾ ਹੈ। ਭਾਰਤ ਨੂੰ ਗੱਲਬਾਤ ਤੋਂ ਪਿੱਛੇ ਨਹੀਂ ਹਟਣਾ ਚਾਹੀਦਾ ਅਤੇ SAARC ਨੂੰ ਮੁੜ ਜੀਵਤ ਕਰਨ ਦੀ ਇੱਛਾ ਦਰਸਾਉਣੀ ਚਾਹੀਦੀ ਹੈ। ਸਿਰਫ਼ ਗੱਲਬਾਤ ਰਾਹੀਂ ਹੀ ਦੱਖਣੀ ਏਸ਼ੀਆ ਸਥਾਈ ਸ਼ਾਂਤੀ ਵੱਲ ਵੱਧ ਸਕਦਾ ਹੈ।

ਕੋਈ ਵੀ ਭਾਰਤੀ ਸਰਕਾਰ, ਭਾਵੇਂ ਉਸ ਦੀ ਰਾਜਨੀਤਕ ਵਿਚਾਰਧਾਰਾ ਜੋ ਵੀ ਹੋਵੇ, ਨੂੰ ਇਹ ਸਮਝਣਾ ਪਵੇਗਾ ਕਿ ਖੇਤਰ ਵਿੱਚ ਸਥਾਈ ਸ਼ਾਂਤੀ ਲਈ ਉਦਾਰ, ਵਿਸ਼ਾਲ ਅਤੇ ਦੂਰਅੰਦੇਸ਼ੀ ਭਾਵਨਾ ਅਤਿ-ਆਵਸ਼ਕ ਹੈ। ਚੀਨ ਨਾਲ ਪੁਤਿਨ ਦੇ ਗਹਿਰੇ ਸੰਬੰਧ ਅਤੇ ਪਾਕਿਸਤਾਨ ਨਾਲ ਉਨ੍ਹਾਂ ਦਾ ਵਿਹਾਰਕ ਗੈਰ-ਟਕਰਾਅ ਵਾਲਾ ਰੁਝਾਨ ਦੱਖਣੀ ਏਸ਼ੀਆ ਵਿੱਚ ਹੋਰ ਸ਼ਾਂਤੀਪੂਰਨ ਭਵਿੱਖ ਦੇ ਮੌਕੇ ਪੈਦਾ ਕਰ ਸਕਦਾ ਹੈ।

**# ਸੰਪਰਕ : 94170-00360**

ਕ੍ਰਿਸਮਸ 'ਤੇ ਵਿਸ਼ੇਸ਼

# ਪ੍ਰੇਮ, ਸ਼ਾਂਤੀ, ਸਚਾਈ ਅਤੇ ਤਿਆਗ ਦਾ ਪ੍ਰਤੀਕ-ਯਸੂ ਮਸੀਹ

**ਸ਼ੈਲੀ ਐਲਬਰਟ**




ਪ੍ਰਮੇਸ਼ਵਰ ਨੇ ਮਨੁੱਖ ਨੂੰ ਮੁੜ ਸਿੱਧੇ ਰਸਤੇ ਲਿਆਉਣ ਲਈ ਕਈ ਨਬੀਆਂ ਨੂੰ ਧਰਤੀ 'ਤੇ ਭੇਜਿਆ, ਪਰ ਮਨੁੱਖਾਂ ਨੇ ਉਹਨਾਂ ਦੀ ਇਕ ਨਾ ਸੁਣੀ ਤੇ ਪਾਪ ਵਧਦਾ ਗਿਆ ਅਤੇ ਅੰਤ ਵਿੱਚ ਪ੍ਰਮੇਸ਼ਵਰ ਨੇ ਮਨੁੱਖ ਨੂੰ ਪਾਪ ਦੀ ਦਲਦਲ ਵਿਚੋਂ ਕੱਢ ਕੇ ਸਵਰਗ ਦੇ ਰਾਜ ਲਈ ਤਿਆਰ ਹੋਣ ਲਈ ਆਪਣੇ ਇਕਲੌਤੇ ਪੁੱਤਰ ਪ੍ਰਭੂ ਯਸੂ ਮਸੀਹ ਨੂੰ ਭੇਜਿਆ, ਜਿਸ ਬਾਰੇ ਨਬੀਆਂ ਨੇ ਪ੍ਰਭੂ ਯਸੂ ਮਸੀਹ ਦੇ ਜਨਮ ਦੇ 700 ਸਾਲ ਪਹਿਲਾਂ ਹੀ ਭਵਿੱਖਬਾਣੀਆਂ ਕੀਤੀ ਸਨ। ਬਾਈਬਲ ਵਿੱਚ ਯਸ਼ਾਯਾਹ ਦੀ ਪੋਥੀ 7:14 ਵਿੱਚ ਇੰਝ ਲਿਖਿਆ ਹੈ, ਏਸ ਲਈ ਪ੍ਰਭੂ ਆਪ ਤੁਹਾਨੂੰ ਇਕ ਨਿਸ਼ਾਨ ਦੇਵੇਗਾ। ਵੇਖੋ, ਇਕ ਕੁਆਰੀ ਗਰਭਵਤੀ ਹੋਵੇਗੀ ਅਤੇ ਪੁੱਤਰ ਜਣੇਗੀ ਅਤੇ ਉਹ ਉਸ ਦਾ ਨਾਂਅ ਇਮਾਨੁਏਲ ਰੱਖੇਗੀ।ਉਹ ਰਾਜਾ ਹੋ ਕੇ ਰਾਜ ਕਰੇਗਾ ਅਤੇ ਬੁੱਧੀਮਾਨ ਹੋਵੇਗਾ ਅਤੇ ਦੇਸ਼ ਵਿੱਚ ਇਨਸਾਫ ਅਤੇ ਧਰਮ ਦੇ ਕੰਮ ਕਰੇਗਾ। (ਯਸ਼ਾਯਾਹ 9:6) ਵਿੱਚ ਇਸ ਤਰ੍ਹਾ ਯਸੂ ਬਾਰੇ ਨਬੀ ਦੁਆਰਾ ਭਵਿੱਖਬਾਣੀ ਕੀਤੀ ਗਈ ਸੀ, ਸਾਡੇ ਲਈ ਤਾਂ ਇਕ ਬਾਲਕ ਜੰਮਿਆ ਅਤੇ ਸਾਨੂੰ ਇਕ ਪੁੱਤਰ ਬਖਸ਼ਿਆ ਗਿਆ, ਰਾਜ ਉਸ ਦੇ ਮੋਢੇ ਉਤੇ ਹੋਵੇਗਾ ਅਤੇ ਉਸ ਦਾ ਨਾਂਅ ਸ਼ਾਂਤੀ ਦਾ ਰਾਜਕੁਮਾਰ ਉਹਦੇ ਰਾਜ ਦੀ ਤਰੱਕੀ ਅਤੇ ਸਲਾਮਤੀ ਦੀ ਕੋਈ ਹੱਦ ਨਾ ਹੋਵੇਗੀ। ਯਸੂ ਮਸੀਹ ਆਦਿ ਤੋ ਹੀ ਸੀ। ਪ੍ਰਭੂ ਯਸੂ ਮਸੀਹ ਆਦਿ ਤੋਂ ਹੀ ਸੀ ਅਤੇ ਪ੍ਰਮੇਸ਼ਵਰ ਦੇ ਸੰਗ ਸੀ, ਨੂੰ ਅੱਜ ਤੋਂ 2025 ਸਾਲ ਪਹਿਲਾ ਪ੍ਰਮੇਸ਼ਵਰ ਨੇ ਇਸਰਾਇਲ ਦੇਸ਼ ਦੇ ਯੇਰੂਸ਼ਲਮ ਦੇ ਸ਼ਹਿਰ ਬੈਤਲਹਮ ਵਿੱਚ ਕੁਆਰੀ ਮਰੀਅਮ ਦੀ ਪਵਿੱਤਰ ਕੁੱਖ ਤੋਂ ਪਵਿੱਤਰ ਆਤਮਾ ਨਾਲ ਸ਼ਹਿਰ ਵਿੱਚ ਮਨੁੱਖਾਂ ਵਿੱਚ ਮਨੁੱਖ ਦੇ ਰੂਪ ਵਿੱਚ ਭੇਜਿਆ। ਪ੍ਰਭੂ ਯਸੂ ਮਸੀਹ ਆਦਿ ਤੋਂ ਹੀ ਸੀ ਦੇ ਸੰਬੰਧ ਵਿੱਚ ਯਹੂੰਨਾ ਨਬੀ ਨੇ ਬਾਇਬਲ ਵਿੱਚ ਇੰਝ ਲਿਖਿਆ ਹੈ-ਆਦਿ ਵਿੱਚ ਸ਼ਬਦ ਸੀ ਅਤੇ ਸ਼ਬਦ ਪ੍ਰਮੇਸ਼ਵਰ ਦੇ ਸੰਗ ਸੀ ਤੇ ਸ਼ਬਦ ਹੀ ਪ੍ਰਮੇਸ਼ਵਰ ਸੀ। (ਯਹੂੰਨਾ 1:1) ਯਹੂੰਨਾ ਨਬੀ ਨੇ ਆਪਣੇ ਇਹਨਾਂ ਵਚਨਾਂ ਦੀ ਪੁਸ਼ਟੀ ਪ੍ਰਭੂ ਯਸੂ ਮਸੀਹ ਦੇ ਜਨਮ ਸਮੇਂ ਇਹ ਕਹਿ ਕੇ ਕੀਤੀ ਕਿ ਸ਼ਬਦ ਦੇਹਧਾਰੀ ਹੋਇਆ।

ਯਸੂ ਮਸੀਹ ਨੇ ਆਪਣੇ ਸਾਢੇ 33 ਸਾਲ ਦੇ ਜੀਵਨ ਕਾਲ ਦੇ ਅੰਤਮ ਸਾਢੇ ਤਿੰਨ ਸਾਲਾਂ ਦੌਰਾਨ ਜਿਥੇ ਉਹਨਾ ਬਹੁਤ ਅਚੰਭਿਤ ਕੰਮ ਕੀਤੇ, ਉਥੇ ਉਹਨਾਂ ਆਪਣੇ ਪ੍ਰਚਾਰ ਦੌਰਾਨ ਕਈ ਭਵਿੱਖਬਾਣੀਆਂ ਵੀ ਕੀਤੀਆਂ, ਜਿਨ੍ਹਾਂ ਵਿੱਚ ਉਹਨਾਂ ਨੇ ਆਪਣੇ ਜੀਵਨ ਅਤੇ ਸੰਸਾਰ ਦੇ ਅੰਤਮ ਦਿਨਾਂ ਬਾਰੇ ਜ਼ਿਕਰ ਕੀਤਾ, ਵਿਸ਼ੇਸ਼ ਕਰਕੇ ਆਪਣੇ ਫੜਵਾਏ ਜਾਣ, ਸਲੀਬੀ ਮੌਤ, ਤੀਸਰੇ ਦਿਨ ਮੁੜ ਜੀਓ ਉਠਣਾ ਅਤੇ ਮੁੜ ਧਰਤੀ 'ਤੇ ਆਉਣ ਬਾਰੇ ਭਵਿੱਖਬਾਣੀਆਂ ਕੀਤੀਆਂ। ਉਹਨਾਂ ਆਪਣੀਆਂ ਭਵਿੱਖਬਾਣੀਆਂ ਵਿੱਚ ਸੰਸਾਰ ਦੇ ਅੰਤਮ ਦਿਨਾਂ ਦੀਆਂ ਨਿਸ਼ਾਨੀਆਂ ਬਾਰੇ ਵੀ ਜ਼ਿਕਰ ਕੀਤਾ ਇਹ ਸਭ ਭਵਿੱਖਬਾਣੀਆਂ ਦਾ ਜਿਕਰ ਪਵਿੱਤਰ ਬਾਇਬਲ ਦੀ ਪੋਥੀ 'ਮੱਤੀ' ਵਿੱਚ ਦਰਜ ਹਨ। ਇਹੀ ਨਹੀਂ ਪ੍ਰਭੂ ਯਸੂ ਮਸੀਹ ਨੇ ਆਪਣੇ ਵੱਲੋਂ ਕੀਤੀਆਂ ਭਵਿੱਖਬਾਣੀਆਂ ਨੂੰ ਪੂਰਾ ਹੋਣ ਦੀ ਗਰੰਟੀ ਇਹ ਕਹਿ ਕੇ ਦਿੱਤੀ ਮੈਂ ਤੁਹਾਨੂੰ ਸੱਚ ਆਖਦਾ ਹਾਂ ਕਿ ਜਦ ਤੀਕਰ ਇਹ ਸਭ ਗੱਲਾਂ ਨਾ ਹੋ ਲੈਣ, ਇਹ ਪੀੜ੍ਹੀ ਬੀਤ ਨਾ ਜਾਵੇਗੀ, ਅਕਾਸ਼ ਅਤੇ ਧਰਤੀ ਟਲ ਜਾਣਗੇ, ਪਰ ਮੇਰੇ ਵਚਨ ਕਦੇ ਨਹੀ ਟਲਣਗੇ। ਪ੍ਰਭੂ ਧਰਮ ਨਹੀਂ ਮਨੁੱਖਾਂ ਦੇ ਦਿਲਾਂ ਨੂੰ ਬਦਲਣ ਲਈ ਆਏ। ਪ੍ਰਭੂ ਧਰਤੀ 'ਤੇ ਕਿਸੇ ਦੁਨਿਆਵੀ ਧਰਮ ਦੀ ਸਥਾਪਨਾ ਕਰਨ ਲਈ ਨਹੀਂ, ਬਲਕਿ ਮਨੁੱਖਾਂ ਦੇ ਪਾਪੀ ਦਿਲਾਂ ਨੂੰ ਬਦਲ ਕੇ ਸਵਰਗ ਦੇ ਰਾਜ ਲਈ ਤਿਆਰ ਕਰਨ ਲਈ ਆਏ। ਇਸ ਕਾਜ ਨੂੰ ਸੰਪੂਰਨ ਕਰਨ ਲਈ ਪ੍ਰਭੂ ਯਸੂ ਮਸੀਹ ਨੇ ਭੁੱਖੇ ਨੂੰ ਰੋਟੀ, ਨੰਗੇ ਨੂੰ ਕੱਪੜਾ, ਬੇਘਰੇ ਨੂੰ ਘਰ ਅਤੇ ਬਿਮਾਰ ਦੀ ਤਿਮਾਰਦਾਰੀ ਦੇ ਅਜੰਡੇ ਤੋਂ ਲੋਕਾਂ ਨੂੰ ਜਾਗਰੂਕ ਕਰਵਾ ਕੇ ਸੰਸਾਰ ਵਿੱਚ ਆਪਸੀ ਭਾਈਚਾਰੇ, ਪ੍ਰੇਮ ਅਤੇ ਸ਼ਾਂਤੀ ਦਾ ਸੰਦੇਸ਼ ਦਿੱਤਾ। ਕ੍ਰਿਸਮਸ (ਵੱਡੇ ਦਿਨ) ਦੀ ਮਹੱਤਤਾ ਕ੍ਰਿਸਮਸ ਭਾਵ ਵੱਡਾ ਦਿਨ, ਜੋ ਪੂਰੀ ਦੁਨੀਆ ਵਿੱਚ ਪ੍ਰਭੂ ਯਸੂ ਮਸੀਹ ਦੇ ਜਨਮ ਦੇ ਸਬੰਧ ਵਿੱਚ ਬੜੀ ਧੂਮਧਾਮ ਨਾਲ ਮਸੀਹ ਭਾਈਚਾਰਾ ਮਨਾਉਂਦਾ ਹੈ। ਕ੍ਰਿਸਮਸ ਨੂੰ ਵੱਡਾ ਦਿਨ ਵੀ ਕਿਹਾ ਜਾਂਦਾ ਹੈ। ਮਨੁੱਖ ਦੇ ਜੀਵਨ ਦਾ ਵੱਡਾ ਦਿਨ ਉਦੋਂ ਬਣਦਾ ਹੈ, ਜਦੋਂ ਮਨੁੱਖ ਦੇ ਨਿੱਜੀ ਜੀਵਨ ਵਿੱਚ ਪ੍ਰਭੂ ਯਸੂ ਮਸੀਹ ਦਾ ਜਨਮ ਹੁੰਦਾ ਹੈ, ਫਿਰ ਇੱਕ ਨਵੇ ਜੀਵਨ ਦਾ ਆਰੰਭ ਹੁੰਦਾ ਹੈ। ਜੋ ਪ੍ਰੇਮ, ਸੇਵਾ, ਸੱਚਾਈ ਅਤੇ ਤਿਆਗ ਦਾ ਜੀਵਨ ਹੈ, ਜਦੋਂ ਮਨੁੱਖ ਆਪਣੇ ਜੀਵਨ ਦਾ ਹਰ ਦਿਨ ਪ੍ਰਭੂ ਯਸੂ ਮਸੀਹ ਦੀਆਂ ਸਿੱਖਿਆਵਾਂ ਮੁਤਾਬਕ ਗੁਜ਼ਾਰਦਾ ਹੈ ਤਾਂ ਉਸ ਵੇਲੇ ਹੀ ਮਨੁੱਖ ਦੇ ਜੀਵਨ ਦੇ ਵਿੱਚ ਕ੍ਰਿਸਮਸ ਦੀ ਮਹੱਤਤਾ ਬਣਦੀ ਹੈ। ਪ੍ਰਭੂ ਯਸੂ ਮਸੀਹ ਦਾ ਜੀਵਨ ਮਨੁੱਖ ਜਾਤੀ ਲਈ ਪ੍ਰੇਮ, ਸ਼ਾਂਤੀ, ਤਿਆਗ, ਧਾਰਮਿਕ ਅਤੇ ਸਮਾਜਿਕ ਸੇਵਾ ਨੂੰ ਸਮਰਪਤ ਰਿਹਾ, ਜਿਸ ਕਰਕੇ ਅੱਜ ਵੀ ਇਸ ਸੰਸਾਰ ਦੀ ਮਨੁੱਖਤਾ ਲਈ ਪ੍ਰਭੂ ਯਸੂ ਮਸੀਹ ਦਾ ਜੀਵਨ ਇੱਕ ਉਦਾਹਰਨ ਹੈ।

**#ਸੰਪਰਕ : 95924-62876**

CMYK



## ਕਾਰਪੋਰੇਟ ਹਮਲਿਆਂ ਖਿਲਾਫ ਲੋਕ ਮੋਰਚਾ ਵੱਲੋਂ ਕਨਵੈਨਸ਼ਨ ਤੇ ਮਾਰਚ 27 ਨੂੰ

**ਸਮਰਾਲਾ (ਸੁਰਜੀਤ ਸਿੰਘ)**- ਇੱਥੇ ਪੈਨਸ਼ਨਰ ਭਵਨ ਵਿਖੇ ਲੋਕ ਮੋਰਚਾ ਪੰਜਾਬ ਇਲਾਕਾ ਸਮਰਾਲਾ-ਖੰਨਾ ਦੇ ਮੈਂਬਰਾਂ ਤੇ ਹਮਾਇਤੀਆਂ ਦੀ ਮੀਟਿੰਗ ਇਲਾਕਾ ਕਨਵੀਨਰ ਕੁਲਵੰਤ ਤਰਕ ਦੀ ਅਗਵਾਈ 'ਚ ਕੀਤੀ ਗਈ। ਮੀਟਿੰਗ 'ਚ ਕੇਂਦਰ ਦੀ ਮੋਦੀ ਸਰਕਾਰ ਵਲੋਂ ਮੁਲਕ ਦੇ ਕੁਦਰਤੀ ਸ੍ਰੋਤਾਂ, ਪੈਦਾਵਾਰੀ ਸਾਧਨਾਂ 'ਤੇ ਦੇਸੀ-ਵਿਦੇਸ਼ੀ ਬਹੁ-ਰਾਸ਼ਟਰੀ ਕੰਪਨੀਆਂ ਦੇ ਕਬਜ਼ੇ ਕਰਵਾਉਣ, ਸਰਕਾਰੀ ਅਦਾਰਿਆਂ ਦਾ ਨਿੱਜੀ ਕਰਨ, ਸਰਕਾਰੀ ਜਾਇਦਾਦਾਂ ਵੇਚਣ, ਬਿਜਲੀ ਸੋਧ ਬਿੱਲ 2025, ਬੀਜ ਬਿੱਲ-2025 ਨਵੇਂ 4 ਕਿਰਤ ਕੋਡਾਂ, ਮਨਰੇਗਾ ਸਕੀਮ ਖ਼ਤਮ ਕਰਨ, ਭਾਰਤ-ਅਮਰੀਕਾ ਮੁਕਤ ਵਪਾਰ ਸਮਝੌਤੇ ਵਰਗੇ ਵਿੱਢੇ ਸੱਜਰੇ ਹਮਲਿਆਂ ਖਿਲਾਫ਼ ਤੇ ਇਹਨਾਂ ਹਮਲਿਆਂ ਬਾਰੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੀ ਚੁੱਪ ਸਹਿਮਤੀ ਖਿਲਾਫ ਦੋ ਇਨਕਲਾਬੀ ਜਥੇਬੰਦੀਆਂ ਲੋਕ ਮੋਰਚਾ ਪੰਜਾਬ ਤੇ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਕਨਵੈਨਸ਼ਨਾਂ-ਮਾਰਚਾਂ ਦੀ ਸ਼ੁਰੂ ਕੀਤੀ ਮੁਹਿੰਮ ਦਾ ਸਮਰਥਨ ਕਰਦੇ ਹੋਏ 27 ਦਸੰਬਰ ਨੂੰ ਸਮਰਾਲਾ 'ਚ ਕਨਵੈਨਸ਼ਨ ਤੇ ਸ਼ਹਿਰ 'ਚ ਮਾਰਚ ਕਰਨ ਦਾ ਫੈਸਲਾ ਕੀਤਾ। ਇਹ ਕਨਵੈਨਸ਼ਨ ਸਵੇਰੇ 11 ਵਜੇ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਸਮਰਾਲਾ ਖੰਨਾ ਰੋਡ ਵਿਖੇ ਲੋਕ ਮੋਰਚਾ ਪੰਜਾਬ ਵੱਲੋਂ ਕੀਤੀ ਜਾਵੇਗੀ। ਅੱਜ ਦੀ ਮੀਟਿੰਗ ਵਿੱਚ ਗੁਰਬਖਸ਼ੀਸ਼ ਸਿੰਘ, ਹਰਜਿੰਦਰ ਸਿੰਘ, ਮਲਕੀਤ ਸਿੰਘ, ਮਾ: ਦਲਜੀਤ ਸਿੰਘ ਸਮਰਾਲਾ, ਗੁਰਪ੍ਰੀਤ ਸਿੰਘ ਜਲ ਸਪਲਾਈ ਐਂਡ ਸੈਨੀਟੇਸ਼ਨ, ਭੁਪਿੰਦਰ ਪਾਲ ਸਿੰਘ, ਮੇਲਾ ਸਿੰਘ ਆਦਿ ਸ਼ਾਮਿਲ ਹੋਏ।

## 'ਪ੍ਰਸ਼ਾਸਨ ਗਾਓਂ ਕੀ ਔਰ' ਮੁਹਿੰਮ ਤਹਿਤ ਵਰਕਸ਼ਾਪ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੀ ਦੇਸ਼ ਵਿਆਪੀ ਮੁਹਿੰਮ 'ਪ੍ਰਸ਼ਾਸਨ ਗਾਓਂ ਕੀ ਔਰ' ਤਹਿਤ ਪੰਜਾਬ ਸਰਕਾਰ ਵੱਲੋਂ ਸੂਬੇ ਵਿਚ 19 ਤੋਂ 25 ਦਸੰਬਰ ਤੱਕ 'ਸੁਸ਼ਾਸਨ ਸਪਤਾਹ' (ਗੁੱਡ ਗਵਰਨੈਂਸ ਵੀਕ) ਮਨਾਇਆ ਜਾ ਰਿਹਾ ਹੈ। ਇਸ ਤਹਿਤ ਵਧੀਕ ਡਿਪਟੀ ਕਮਿਸ਼ਨਰ (ਜ) ਨਿਧੀ ਕੁਮੁਦ ਬੰਬਾਹ ਦੀ ਪ੍ਰਧਾਨਗੀ ਹੇਠ



ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਰਕਸ਼ਾਪ ਆਯੋਜਿਤ ਕੀਤੀ ਗਈ। ਇਸ ਮੌਕੇ ਐੱਸ ਡੀ ਐੱਮ ਫਿਰੋਜ਼ਪੁਰ [illegible] (ਯੂ.ਟੀ.), ਐੱਸ ਡੀ ਐੱਮ ਜ਼ੀਰਾ ਅਰਵਿੰਦਰ ਪਾਲ ਸਿੰਘ, ਐੱਸ ਡੀ ਐੱਮ ਗੁਰੂਹਰਸਹਾਏ ਹਰਬੰਸ ਸਿੰਘ, ਰਾਜਬੀਰ ਸਿੰਘ (ਅੰਡਰ ਟਰੇਨਿੰਗ), ਡੀ ਡੀ ਐੱਫ ਭੂਮਿਕਾ ਵੀ ਹਾਜ਼ਰ ਸਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 'ਸੁਸ਼ਾਸਨ ਸਪਤਾਹ' ਦੌਰਾਨ ਵੱਖ-ਵੱਖ ਵਿਭਾਗਾਂ ਦੇ ਸਹਿਯੋਗ ਨਾਲ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਚ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਸ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਸਮੂਹ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਸੁਸ਼ਾਸਨ ਸਪਤਾਹ ਤਰ੍ਹਾਂ ਹੀ ਭਵਿੱਖ ਵਿਚ ਵੀ ਆਪਸੀ ਤਾਲਮੇਲ ਨਾਲ ਵੱਧ ਤੋਂ ਵੱਧ ਲੋਕਾਂ ਦੀਆਂ ਸਮੱਸਿਆਵਾਂ ਹੱਲ ਕੀਤੀਆਂ ਜਾਣ ਅਤੇ ਲੋਕਾਂ ਨੂੰ ਸਰਕਾਰੀ ਸੁਵਿਧਾਵਾਂ ਦਾ ਵੱਧ ਤੋਂ ਵੱਧ ਲਾਭ ਦੇਣਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਸਤਿੰਦਰ ਸਿੰਘ ਵੱਲੋਂ ਜ਼ਿਲ੍ਹੇ ਵਿੱਚ ਸਿੱਖਿਆ ਦਾ ਮਿਆਰ ਉੱਚਾ ਚੁੱਕਣ ਅਤੇ ਬੱਚਿਆਂ ਨੂੰ ਮੁਫ਼ਤ ਸਿੱਖਿਆ, ਰੁਜ਼ਗਾਰ ਦੇ ਮੌਕੇ ਮੁਹੱਈਆ ਕਰਾਉਣ ਲਈ ਸਿੱਖਿਆ ਵਿਭਾਗ ਵਿਚ ਕੀਤੇ ਗਏ ਵਿਕਾਸ ਕਾਰਜਾਂ ਅਤੇ ਉਪਲੱਬਧੀਆਂ ਬਾਰੇ ਦੱਸਿਆ ਗਿਆ। ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਸਮਿੰਦਰ ਕੌਰ ਨੇ ਵੀ ਸਿਹਤ ਵਿਭਾਗ ਵੱਲੋਂ ਲਗਾਏ ਜਾ ਰਹੇ ਕੈਂਪ, ਸਿਹਤ ਖੇਤਰ ਵਿਚ ਕੀਤੇ ਜਾ ਰਹੇ ਉਪਰਾਲੇ, ਜੱਚਾ-ਬੱਚਾ ਸਿਹਤ, ਆਮ ਆਦਮੀ ਕਲੀਨਿਕ, ਟੀਕਾਕਰਨ ਅਤੇ ਡੇਂਗੂ, ਮਲੇਰੀਆ, ਟੀ ਬੀ ਅਤੇ ਪੀਲੀਆ ਸਮੇਤ ਹੋਰ ਬੀਮਾਰੀਆਂ 'ਤੇ ਕਾਬੂ ਪਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ/ਸਰਕਾਰੀ ਸਕੀਮਾਂ ਅਤੇ ਪ੍ਰਾਪਤ ਟੀਚਿਆਂ ਆਦਿ ਬਾਰੇ ਜਾਣਕਾਰੀ ਦਿੱਤੀ। ਗੁਰਪ੍ਰੀਤ ਸਿੰਘ ਮਾਸਟਰ ਟਰੇਨਰ ਸੇਵਾ ਕੇਂਦਰ ਸਮੇਤ ਹੋਰਨਾਂ ਵਿਭਾਗਾਂ ਵੱਲੋਂ ਵੀਡੀਓ ਪ੍ਰਸਤੁਤੀ ਰਾਹੀਂ ਸੁਸ਼ਾਸਨ ਸਪਤਾਹ ਅਤੇ ਪਿਛਲੇ ਸਮੇਂ ਦੌਰਾਨ ਲੋਕਾਂ ਨੂੰ ਮੁਹੱਈਆ ਕਰਵਾਈਆਂ ਗਈਆਂ ਸੇਵਾਵਾਂ ਅਤੇ ਸਰਕਾਰ ਦੇ ਨਵੇਂ ਉਪਰਾਲਿਆਂ ਬਾਰੇ ਜਾਣਕਾਰੀ ਦਿੱਤੀ ਗਈ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਮੋਗਾ ਤੇ ਜ਼ਿਲ੍ਹਾ ਰੂਰਲ ਐੱਨ ਜੀ ਓ ਕਲੱਬਜ਼ ਐਸੋਸੀਏਸ਼ਨ ਮੋਗਾ ਵੱਲੋਂ ਨਵੇਂ ਸਾਲ 2026 ਦਾ ਕੈਲੰਡਰ ਜਾਰੀ

**ਮੋਗਾ (ਇਕਬਾਲ ਸਿੰਘ ਖਹਿਰਾ)**- ਮਦਦੀਲਾ ਬਿਓਰੋ ਟਰੱਸਟ ਮੋਗਾ ਇਕਾਈ ਦੇ ਪ੍ਰਧਾਨ ਗੋਕਲ ਚੰਦ ਬੁੱਘੀਪੁਰ ਅਤੇ ਜ਼ਿਲ੍ਹਾ ਪ੍ਰੈਸ ਸਕੱਤਰ ਭਵਨਦੀਪ ਸਿੰਘ



ਪੁਰਬਾ ਵੱਲੋਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਮੋਗਾ ਇਕਾਈ ਦੇ ਸਹਿਯੋਗ ਨਾਲ ਜ਼ਿਲ੍ਹਾ ਰੂਰਲ ਐਨ.ਜੀ.ਓ. ਕਲੱਬਜ਼ ਐਸੋਸੀਏਸ਼ਨ ਮੋਗਾ ਵੱਲੋਂ ਕੀਤੇ ਜਾ ਰਹੇ ਕਾਰਜਾਂ ਬਾਰੇ ਨਵੇਂ ਸਾਲ 2026 ਦਾ ਕੈਲੰਡਰ ਜਾਰੀ ਕੀਤਾ ਗਿਆ ਹੈ। ਇਸ ਕੈਲੰਡਰ ਨੂੰ ਜ਼ਿਲ੍ਹਾ ਮੁੱਖ ਦਫਤਰ ਬਸਤੀ ਗੋਬਿੰਦਗੜ੍ਹ ਵਿਖੇ ਰਲੀਜ਼ ਕੀਤਾ ਗਿਆ। ਇਸ ਕੈਲੰਡਰ ਦੇ ਰਲੀਜ਼ਿੰਗ ਸਮਾਰੋਹ ਮੌਕੇ ਜ਼ਿਲ੍ਹਾ ਪ੍ਰਧਾਨ ਗੋਕਲ ਚੰਦ ਬੁੱਘੀਪੁਰਾ ਨੇ ਦੱਸਿਆ ਕਿ ਵਿਸ਼ਵ ਪ੍ਰਸਿੱਧ ਡਾ. ਐਸ ਪੀ ਸਿੰਘ ਓਬਰਾਏ ਦੀ ਗਤੀਸ਼ੀਲ ਅਗਵਾਈ ਹੇਠ ਅਤੇ ਕੌਮੀ ਪ੍ਰਧਾਨ ਜੱਸਾ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ ਅਨੁਸਾਰ ਟਰੱਸਟ ਵੱਲੋਂ ਕੀਤੀ ਜਾਣ ਵਾਲੀ ਸੇਵਾ ਦਾ ਅਤੇ ਰੂਰਲ ਐਨ.ਜੀ.ਓ. ਜ਼ਿਲ੍ਹਾ ਮੋਗਾ ਵੱਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦਾ ਨਵੇਂ ਸਾਲ 2026 ਦਾ ਕੈਲੰਡਰ ਜਾਰੀ ਕੀਤਾ ਗਿਆ ਹੈ ਜਿਸ ਨੂੰ ਸਾਡੇ ਜ਼ਿਲ੍ਹਾ ਪ੍ਰੈਸ ਸਕੱਤਰ 'ਮਹਿਕ ਵਤਨ ਦੀ ਲਾਈਵ' ਬਿਓਰੋ ਦੇ ਮੁੱਖ ਸੰਪਾਦਕ ਭਵਨਦੀਪ ਸਿੰਘ ਪੁਰਬਾ ਵੱਲੋਂ ਤਿਆਰ ਕੀਤਾ ਗਿਆ ਹੈ। ਇਸ ਕੈਲੰਡਰ ਵਿੱਚ ਸਾਡੇ ਕਾਰਜਾਂ ਅਤੇ ਤਾਰੀਖਾਂ ਤੋਂ ਇਲਾਵਾ ਦਿਨ ਤਿਉਹਾਰ, ਮੱਸਿਆ, ਪੁੰਨਿਆਂ, ਸੰਗ੍ਰਾਂਦ, ਦਸਵੀਂ ਅਤੇ ਛੁੱਟੀਆਂ ਆਦਿ ਨੂੰ ਵਿਸ਼ੇਸ਼ ਕਾਲਮਾਂ ਰਾਹੀਂ ਦਰਸਾਇਆ ਗਿਆ ਹੈ। ਉਨ੍ਹਾਂ ਨੇ ਇਸ ਮੌਕੇ ਕਿਹਾ ਕਿ ਭਵਨਦੀਪ ਦੀਆਂ ਮੀਡੀਆ ਦੇ ਖੇਤਰ ਵਿਚ ਬੇਮਿਸਾਲ ਸੇਵਾਵਾਂ ਹਨ। ਨਵੇਂ ਸਾਲ 2026 ਦਾ ਕੈਲੰਡਰ ਰੀਲੀਜ਼ ਕਰਨ ਮੌਕੇ ਉਪਰੋਕਤ ਗੋਕਲ ਚੰਦ ਬੁੱਘੀਪੁਰਾ, ਭਵਨਦੀਪ ਸਿੰਘ ਪੁਰਬਾ ਤੋਂ ਇਲਾਵਾ ਸੀਨੀਅਰ ਟਰੱਸਟੀ ਹਰਜਿੰਦਰ ਸਿੰਘ ਚੁਗਾਵਾਂ, ਟਰੱਸਟੀ ਰਣਜੀਤ ਸਿੰਘ ਧਾਲੀਵਾਲ, ਟਰੱਸਟੀ ਗੁਰਸੇਵਕ ਸਿੰਘ ਸੰਨਿਆਸੀ, ਨਰਜੀਤ ਕੌਰ ਬਰਾੜ, ਦਫਤਰ ਇੰਚਾਰਜ ਜਸਵੀਰ ਕੌਰ ਬੁੱਘੀਪੁਰਾ, ਜਸਪ੍ਰੀਤ ਕੌਰ ਬੱਡੂਵਾਲ, ਸੁਖਵਿੰਦਰ ਕੌਰ ਬੁੱਘੀਪੁਰਾ, ਲੈਬ ਤਕਨੀਸ਼ੀਅਨ ਲਖਵਿੰਦਰ ਸਿੰਘ ਆਦਿ ਮੁੱਖ ਤੌਰ 'ਤੇ ਹਾਜ਼ਰ ਸਨ।

## ਹਸਪਤਾਲ ਦੇ ਪ੍ਰਬੰਧਕੀ ਕੰਮਾਂ ਵਾਸਤੇ ਹੜ੍ਹ ਰਾਹਤ ਫੰਡ 'ਚੋਂ ਕੱਢ ਲਿਆ ਦਸਵੰਧ

**ਤਲਵੰਡੀ ਸਾਬੋ (ਜਗਦੀਪ ਗਿੱਲ)** ਕੀ ਕੁਦਰਤ ਦੇ ਮਾਰੇ ਹੜ੍ਹ ਪੀੜਤਾਂ ਦੇ ਨਾਂਅ ਉੱਪਰ ਦਮਦਮਾ ਸਾਹਿਬ ਵਿੱਚ ਇਕੱਠੀ ਕੀਤੀ ਲੱਖਾਂ ਦੀ ਧਨ ਰਾਸ਼ੀ ਨਾਲ ਹੜ੍ਹ ਮਾਰੇ ਲੋਕ ਇਤਨੇ ਅਮੀਰ ਹੋ ਗਏ ਜਾਂ ਉਨ੍ਹਾਂ ਦੇ ਨੁਕਸਾਨ ਦੀ ਇਸ ਕਦਰ ਭਰਪਾਈ ਹੋ ਗਈ ਕਿ ਇਥੋਂ ਰਾਹਤ ਕਾਰਜਾਂ ਦੇ ਰੂਪ ਵਿੱਚ ਲੈ ਕੇ ਜਾਈ ਗਈ ਲੱਖਾਂ ਦੀ ਧਨ ਰਾਸ਼ੀ ਦਾ ਕੁਝ ਹਿੱਸਾ ਬਚ ਗਿਆ, ਜਿਸ ਨੂੰ ਵਾਪਸ ਤਲਵੰਡੀ ਸਾਬੋ ਲਿਆ ਕੇ ਇੱਥੋਂ ਦੇ ਸਥਾਨਕ ਹਸਪਤਾਲ ਦੇ ਪ੍ਰਬੰਧਾਂ ਉਪਰ ਖਰਚੇ ਜਾਣ ਨੂੰ ਮੁਨਾਸਬ ਸਮਝਿਆ ਗਿਆ ਹੈ।ਇਸ ਘਟਨਾ



ਨੂੰ ਲੈ ਕੇ ਨਾ ਸਿਰਫ ਸਥਾਨਕ ਲੋਕ ਉਂਗਲਾਂ ਟੁੱਕ ਰਹੇ ਹਨ, ਸਗੋਂ ਜਿੰਨੇ ਮੂੰਹ ਓਨੀਆਂ ਗੱਲਾਂ ਵਾਲੀ ਹਾਲਤ ਬਣ ਗਈ ਨਜ਼ਰੀਂ ਪੈ ਰਹੀ ਹੈ। ਘਟਨਾ ਦਾ ਵਿਸਥਾਰ ਇਸ ਤਰ੍ਹਾਂ ਹੈ ਕਿ ਪੰਜਾਬ ਦੇ ਬਾਕੀ ਪਿੰਡਾਂ ਵਾਂਗ ਹੀ ਤਲਵੰਡੀ ਸਾਬੋ ਦੇ ਸ਼ਹਿਰੀਆਂ ਵੱਲੋਂ ਵੀ ਇੱਥੋਂ ਦੇ ਵੱਖ-ਵੱਖ ਸਿਆਸੀ ਰੰਗਾਂ ਵਾਲੇ ਆਗੂਆਂ ਦੀ ਅਗਵਾਈ ਵਿੱਚ ਵੱਖ-ਵੱਖ ਇਲਾਕਿਆਂ ਦੇ ਹੜ੍ਹ ਪੀੜਤ ਲੋਕਾਂ ਲਈ ਕੁਝ ਰਾਹਤ ਸਮੱਗਰੀ ਵੰਡਣ ਦੇ ਨਾਂਅ ਉੱਪਰ ਲੱਖਾਂ ਰੁਪਏ ਦਾ ਫੰਡ ਇਕੱਠਾ ਕੀਤਾ ਗਿਆ, ਜੋ ਨਕਦੀ, ਕਣਕ ਤੇ ਵੱਖ-ਵੱਖ ਵਸਤਾਂ ਦੇ ਰੂਪ ਵਿੱਚ ਇਕੱਠਾ ਹੋਇਆ ਦੱਸਿਆ ਜਾ ਰਿਹਾ ਹੈ। ਦੱਸਿਆ ਜਾ ਰਿਹਾ ਹੈ ਕਿ ਹੜ੍ਹ ਪੀੜਤਾਂ ਲਈ ਇਕੱਠੀ ਕੀਤੀ ਗਈ ਇਸ ਰਾਹਤ ਸਮੱਗਰੀ ਤੇ ਮਾਇਆ ਨੂੰ ਸਥਾਨਕ ਆਗੂਆਂ ਵੱਲੋਂ ਕੁਝ ਹੜ੍ਹ ਮਾਰੇ ਪਿੰਡਾਂ ਦੀ ਨਿਸ਼ਾਨਦੇਹੀ ਕਰਦਿਆਂ ਇੱਕ ਤੋਂ ਵੱਧ ਕਿਸ਼ਤਾਂ ਵਿੱਚ ਉੱਥੇ ਵੰਡ ਵੀ ਦਿੱਤਾ ਗਿਆ, ਪ੍ਰੰਤੂ ਉਕਤ ਰਾਹਤ ਫੰਡ ਦਾ ਕੁਝ ਹਿੱਸਾ ਬਚ ਗਿਆ ਜਾਂ ਸ਼ਾਇਦ ਇਹ ਕਹਿ ਕੇ ਬਚਾ ਲਿਆ ਗਿਆ ਕਿ ਉਕਤ ਪੀੜਤਾਂ ਦੀ ਲੋੜ ਪੂਰੀ ਹੋ ਚੁੱਕੀ ਹੈ।ਉਕਤ ਬਚਿਆ ਜਾਂ ਬਚਾਅ ਲਿਆ ਗਿਆ ਉਹ ਰਾਹਤ ਫੰਡ ਹੈ, ਜਿਸ ਨੂੰ ਸਥਾਨਕ ਸਿਵਲ ਹਸਪਤਾਲ ਨੂੰ ਵੱਖ-ਵੱਖ ਵਸਤਾਂ ਦੇ ਰੂਪ ਵਿਚ ਸੌਂਪੇ ਜਾਣ ਦਾ ਮਾਮਲਾ ਹੁਣ ਸਾਹਮਣੇ ਆ ਰਿਹਾ ਹੈ । ਉਧਰ ਜਦੋਂ ਕੁਝ ਮੋਹਤਬਰਾਂ ਵੱਲੋਂ ਹੜ੍ਹ ਪੀੜਤਾਂ 'ਚ ਵੰਡੇ ਜਾਣ ਵਾਲੇ ਰਾਹਤ ਫੰਡ ਨੂੰ ਐਸ ਐਮ ਓ ਨੂੰ ਸੌਂਪੇ ਜਾਣ ਮੌਕੇ ਦੀਆਂ ਤਸਵੀਰਾਂ ਸਾਹਮਣੇ ਆ ਗਈਆਂ ਹਨ ਤਾਂ ਇੱਕ ਨਵੀਂ ਚਰਚਾ ਦੇ ਚਲਦਿਆਂ ਨਵੇਂ ਸਵਾਲ ਖੜ੍ਹੇ ਹੋ ਗਏ ਹਨ।ਸੁਚੇਤ ਲੋਕਾਂ ਵੱਲੋਂ ਇਹ ਵੱਡਾ ਸਵਾਲ ਚੁੱਕਿਆ ਜਾ ਰਿਹਾ ਹੈ ਕਿ ਰਾਹਤ ਕਾਰਜਾਂ ਲਈ ਇਕੱਠੀ ਕੀਤੀ ਗਈ ਮਾਇਆ ਦਾ ਕੁਝ ਹਿੱਸਾ ਵੰਡਣ ਖੁਣੋਂ ਕਿਵੇਂ ਬਚ ਗਿਆ। ਕੀ ਹੜ੍ਹ ਮਾਰੇ ਲੋਕਾਂ ਨੂੰ ਇਤਨੀ ਰਾਹਤ ਪੁਚਾ ਦਿੱਤੀ ਗਈ ਸੀ ਕਿ ਉਨ੍ਹਾਂ ਦੇ ਨੁਕਸਾਨ ਦੀ 100 ਫੀਸਦੀ ਪੂਰਤੀ ਕਰਨ ਪਿੱਛੋਂ ਰਾਹਤ ਫੰਡ ਬਚ ਗਿਆ ਸੀ। ਮਾਮਲੇ ਨੂੰ ਲੈ ਕੇ ਪੱਖ ਜਾਨਣ ਲਈ ਜਦੋਂ ਐਸਐਮਓ ਨਾਲ ਸੰਪਰਕ ਕੀਤਾ ਗਿਆ ਤਾਂ ਉਹਨਾਂ ਕਿਹਾ ਕਿ ਕੁਝ ਸਥਾਨਕ ਮੋਹਤਬਰਾਂ ਵੱਲੋਂ ਹਸਪਤਾਲ ਲਈ ਕੁਝ ਸਾਜੋ ਸਮਾਨ (ਕਮਰਾ ਗਰਮ ਰੱਖਣ ਵਾਲੀਆਂ ਮਸ਼ੀਨਾਂ ਤੇ ਕੰਬਲ ਵਗੈਰਾ) ਖਰੀਦ ਕੇ ਦਿੱਤਾ ਗਿਆ ਹੈ।ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਨਹੀਂ ਪਤਾ ਕਿ ਉਕਤ ਫੰਡ ਕਿੱਥੋਂ ਆਇਆ ਸੀ, ਜਿਸ ਨੂੰ ਖਰਚ ਕੇ ਮੋਹਤਬਰਾਂ ਵੱਲੋਂ ਹਸਪਤਾਲ ਨੂੰ ਸਾਜੋ ਸਮਾਨ ਮੁਹੱਈਆ ਕਰਾਇਆ ਗਿਆ ਹੈ।

## ਗੁਰੂ ਨਾਨਕ ਸਕੂਲ ਦੋਰਾਹਾ ਵਿਖੇ ਮਾਪੇ-ਪ੍ਰਿੰਸੀਪਲ ਓਰੀਐਂਟੇਸ਼ਨ ਪ੍ਰੋਗਰਾਮ

**ਦੋਰਾਹਾ (ਹਰਮਿੰਦਰ ਸੇਠ)**- ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ, ਦੋਰਾਹਾ ਵੱਲੋਂ ਜਮਾਤ ਦਸਵੀਂ ਅਤੇ ਬਾਰਵੀਂ ਲਈ ਸੀ.ਬੀ.ਐੱਸ.ਈ ਮਾਪੇ-ਪ੍ਰਿੰਸੀਪਲ ਓਰੀਐਂਟੇਸ਼ਨ ਪ੍ਰੋਗਰਾਮ ਗੁਰੂ ਨਾਨਕ ਨੈਸ਼ਨਲ ਕਾਲਜ, ਦੋਰਾਹਾ ਆਡੀਟੋਰੀਅਮ ਹਾਲ ਵਿਖੇ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਬੋਰਡ ਪ੍ਰੀਖਿਆਵਾਂ ਦੀ ਤਿਆਰੀ, ਨਵੇਂ ਅਕਾਦਮਿਕ ਪੈਟਰਨ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਮਾਪਿਆਂ ਅਤੇ ਸਕੂਲ



ਵਿਚਕਾਰ ਸਾਂਝ ਪੈਦਾ ਕਰਨ ਦੇ ਉਦੇਸ਼ ਨਾਲ਼ ਕਰਵਾਇਆ ਗਿਆ। ਸਕੂਲ ਪ੍ਰਿੰਸੀਪਲ ਡਾ. ਡੀ.ਪੀ.ਠਾਕੁਰ ਦੁਆਰਾ ਸੀ.ਬੀ.ਐੱਸ.ਈ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪ੍ਰੀਖਿਆਵਾਂ ਲਈ ਘੱਟੋ-ਘੱਟ 75% ਹਾਜ਼ਰੀ ਲਾਜ਼ਮੀ ਹੋਣ ਬਾਰੇ ਮਾਪਿਆਂ ਨੂੰ ਸੁਚੇਤ ਕੀਤਾ ਗਿਆ। ਇਸ ਦੇ ਨਾਲ਼ ਹੀ ਬੋਰਡ ਪ੍ਰੀਖਿਆਵਾਂ ਦੌਰਾਨ ਬੱਚਿਆਂ ਨੂੰ ਮਾਨਸਿਕ ਸਹਾਇਤਾ ਕਿਵੇਂ ਦਿੱਤੀ ਜਾਵੇ ਅਤੇ ਘਰਾਂ ਵਿੱਚ ਪੜ੍ਹਾਈ ਲਈ ਸਹੀ ਮਾਹੌਲ ਕਿਵੇਂ ਸਿਰਜਿਆ ਜਾਵੇ, ਬਾਰੇ ਗੱਲਬਾਤ ਕੀਤੀ। ਉਹਨਾਂ ਨੇ ਵਿਦਿਆਰਥੀਆਂ ਲਈ ਸੰਤੁਲਿਤ ਖੁਰਾਕ ਅਤੇ ਲੋੜੀਂਦੀ ਨੀਂਦ 'ਤੇ ਜ਼ੋਰ ਦਿੰਦਿਆਂ ਬੱਚਿਆਂ ਦੇ 'ਸਕ੍ਰੀਨ ਟਾਇਮ' (ਮੋਬਾਇਲ, ਟੀ ਵੀ) ਨੂੰ ਘਟਾਉਣ ਅਤੇ ਉਹਨਾਂ ਨੂੰ ਸਵੈ-ਅਧਿਐਨ ਕਰਨ ਲਈ ਉਤਸ਼ਾਹਿਤ ਕਰਨ ਦੀ ਸਲਾਹ ਦਿੱਤੀ। ਇਸ ਤੋਂ ਇਲਾਵਾ ਉਹਨਾਂ ਨੇ ਕਰੀਅਰ ਗਾਈਡੈਂਸ ਅਤੇ ਏ.ਆਈ. ਤਕਨੀਕ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ, ਜਿਸ ਵਿੱਚ ਮਾਪਿਆਂ ਨਾਲ਼ ਵਿਦਿਆਰਥੀਆਂ ਦੀਆਂ ਰਿਪੋਰਟਾਂ ਸਾਂਝੀਆਂ ਕੀਤੀਆਂ ਜਾਣਗੀਆਂ। ਇਸ ਮੌਕੇ ਗੁਰੂ ਨਾਨਕ ਪ੍ਰਬੰਧਕ ਬੋਰਡ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਨੇ ਵਿਦਿਆਰਥੀਆਂ ਦੇ ਮਾਪਿਆਂ ਦੇ ਇਸ ਪ੍ਰੋਗਰਾਮ ਵਿੱਚ ਸ਼ਮੂਲੀਅਤ ਕਰਨ 'ਤੇ ਸ਼ਲਾਘਾ ਕੀਤੀ। ਉਹਨਾਂ ਨੇ ਕਿਹਾ ਕਿ ਵਿਦਿਆਰਥੀਆਂ ਦੇ ਉਜਵੱਲ ਭਵਿੱਖ ਅਤੇ ਉਹਨਾਂ ਨੂੰ ਬਿਹਤਰ ਸਿੱਖਿਆ ਪ੍ਰਦਾਨ ਕਰਨ ਲਈ ਮਾਪਿਆਂ ਅਤੇ ਵਿੱਦਿਅਕ ਸੰਸਥਾਵਾਂ ਵਿੱਚ ਆਪਸੀ ਸਹਿਯੋਗ ਹੋਣਾ ਬਹੁਤ ਜ਼ਰੂਰੀ ਹੈ। ਸਕੂਲ ਕਾਰਜਕਾਰੀ ਪ੍ਰਸ਼ਾਸ਼ਕ ਰੁਪਿੰਦਰ ਕੌਰ ਬਰਾੜ ਨੇ ਮਾਪਿਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਵੱਡੀ ਗਿਣਤੀ ਵਿੱਚ ਮਾਪਿਆਂ ਦਾ ਇਸ ਪ੍ਰੋਗਰਾਮ ਵਿੱਚ ਸ਼ਾਮਿਲ ਹੋਣਾ ਇਹ ਸਿੱਧ ਕਰਦਾ ਹੈ ਕਿ ਉਹ ਕਿਸ ਕਦਰ ਬੱਚਿਆਂ ਦੀ ਸਿੱਖਿਆ ਪ੍ਰਤੀ ਜਾਗਰੂਕ ਹਨ।

## ਦੇਵ ਮਾਨ ਨੇ ਮੁਸਕਾਨ ਗਰਗ ਦਾ ਜੱਜ ਬਣਨ 'ਤੇ ਕੀਤਾ ਸਨਮਾਨ

**ਨਾਭਾ (ਵਰਿੰਦਰ ਵਰਮਾ)**- ਸਾਡੇ ਦੇਸ਼ ਦੀਆਂ ਧੀਆਂ 'ਤੇ ਸਾਨੂੰ ਸਾਰਿਆਂ ਨੂੰ ਮਾਣ ਹੋਣਾ ਚਾਹੀਦਾ ਹੈ ਕਿਉਂਕਿ ਧੀਆਂ ਨੇ ਦੇਸ਼ ਦਾ ਨਾਮ ਰੋਸ਼ਨ ਕੀਤਾ ਹੈ। ਇਹ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਨਾਭਾ ਦੀ ਰਹਿਣ ਵਾਲੀ ਧੀ ਦਾ ਜੱਜ ਬਣਨ 'ਤੇ ਸਨਮਾਨ ਕਰਨ ਉਪਰੰਤ ਕੀਤਾ। ਉਹਨਾਂ



ਕਿਹਾ ਕਿ ਇਹ 23 ਸਾਲਾ ਧੀ ਨੇ ਆਪਣੇ ਮਾਤਾ ਪਿਤਾ, ਹਲਕਾ, ਪੰਜਾਬ ਅਤੇ ਦੇਸ਼ ਦਾ ਨਾਮ ਚਮਕਾਇਆ ਹੈ। ਸਾਨੂੰ ਸਾਰਿਆਂ ਨੂੰ ਇਸ ਧੀ 'ਤੇ ਮਾਨ ਹੈ। ਸਨਮਾਨ ਉਪਰੰਤ ਮੁਸਕਾਨ ਗਰਗ ਨੇ ਕਿਹਾ ਕਿ ਜੇਕਰ ਮਨ ਵਿੱਚ ਕੁਝ ਕਰਨ ਦਾ ਸੱਚਾ ਜਜ਼ਬਾ ਅਤੇ ਲਗਨ ਹੋਵੇ, ਤਾਂ ਦੁਨੀਆ ਦੀ ਕੋਈ ਵੀ ਮੁਸ਼ਕਿਲ ਤੁਹਾਨੂੰ ਮੰਜ਼ਿਲ ਤੱਕ ਪਹੁੰਚਣ ਤੋਂ ਨਹੀਂ ਰੋਕ ਸਕਦੀ। ਉਸ ਨੇ ਕਿਹਾ ਕਿ ਉਹ ਆਪਣੇ ਮਾਤਾ-ਪਿਤਾ ਦੀ ਮਿਹਨਤ ਸਦਕਾ ਅੱਜ ਇਸ ਮੁਕਾਮ 'ਤੇ ਪਹੁੰਚੀ ਹੈ। ਇਸ ਮੌਕੇ ਮੁਸਕਾਨ ਦੇ ਪਿਤਾ ਵਿਜੇ ਕੁਮਾਰ ਅਤੇ ਮਾਤਾ ਰੀਮਾ ਗਰਗ ਨੇ ਕਿਹਾ ਕਿ ਅੱਜ ਅਸੀਂ ਬਹੁਤ ਖੁਸ਼ ਹਾਂ ਕਿ ਸਾਡੀ ਬੱਚੀ ਨੇ ਅੱਜ ਵੱਡਾ ਮੁਕਾਮ ਹਾਸਿਲ ਕੀਤਾ ਹੈ। ਇਸ ਮੌਕੇ ਹਰਸ਼ ਬਲੱਡ ਡੋਨਰ ਸੁਸਾਇਟੀ ਪ੍ਰਧਾਨ ਭੁਵੇਸ਼ ਬਾਂਸਲ ਤੇਜਿੰਦਰ ਖਹਿਰਾ, ਧਰਮਿੰਦਰ ਸੁੱਖੇਵਾਲ, ਜਸਵੀਰ ਸਿੰਘ ਛਿੰਦਾ ਆਦਿ ਹਾਜ਼ਰ ਸਨ।

## ਛੋਟੇ ਸਾਹਿਬਜ਼ਾਦਿਆਂ ਨੂੰ ਸਮਰਪਤ ਸ਼ਹੀਦੀ ਦਿਹਾੜਾ ਮਨਾਇਆ

**ਜਗਰਾਓਂ (ਅਮਿਤ ਖੰਨਾ)**- ਸ਼੍ਰੀ ਮਤੀ ਸਤੀਸ਼ ਗੁਪਤਾ ਸਰਵ ਹਿੱਤਕਾਰੀ ਵਿੱਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਯਾਦ ਨੂੰ ਸਮਰਪਿਤ ਸ਼ਹੀਦੀ ਦਿਹਾੜਾ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਦੇ ਬੱਚਿਆਂ ਅਤੇ ਅਧਿਆਪਕਾਂ ਵੱਲੋਂ ਪਾਠ ਕੀਤਾ ਗਿਆ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਮਹਾਨ ਕੁਰਬਾਨੀ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਬੱਚਿਆਂ ਨੂੰ ਦੱਸਿਆ ਗਿਆ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੋਂ ਸਾਹਿਬਜ਼ਾਦਿਆਂ ਨੇ ਧਰਮ



ਦੀ ਰੱਖਿਆ ਲਈ ਕੁਰਬਾਨੀਆਂ ਦਿੱਤੀਆਂ।ਵੱਡੇ ਸਾਹਿਬਜ਼ਾਦੇ ਚਮਕੌਰ ਦੀ ਲੜਾਈ ਵਿੱਚ ਸ਼ਹੀਦ ਹੋਏ, ਜਦ ਕਿ ਛੋਟੇ ਸਾਹਿਬਜ਼ਾਦਿਆਂ ਨੂੰ ਸੂਬਾ ਸਰਹੰਦ ਨੇ ਦੀਵਾਰਾਂ ਵਿੱਚ ਚਿਣ ਕੇ ਸ਼ਹੀਦ ਕਰ ਦਿੱਤਾ। ਬੱਚਿਆਂ ਨੂੰ ਗੰਗੂ ਬ੍ਰਾਹਮਣ ਦੇ ਧੋਖੇ ਬਾਰੇ ਵੀ ਦੱਸਿਆ ਗਿਆ।ਅੰਤ ਵਿੱਚ ਸਕੂਲ ਦੀ ਪ੍ਰਿੰਸੀਪਲ ਸ੍ਰੀ ਮਤੀ ਨੀਲੂ ਨਰੂਲਾ ਨੇ ਬੱਚਿਆਂ ਨੂੰ ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਤੋਂ ਪ੍ਰੇਰਣਾ ਲੈਣ ਅਤੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਸਦਾ ਯਾਦ ਰੱਖਣ ਲਈ ਉਤਸ਼ਾਹਿਤ ਕੀਤਾ।

## ਲਾਇੰਸ ਕਲੱਬ ਵੱਲੋਂ ਵਿਸ਼ਾਲ ਮੁਫ਼ਤ ਮੈਡੀਕਲ ਕੈਂਪ ਅੱਜ

**ਫਿਰੋਜ਼ਪੁਰ (ਗੁਰਬਚਨ ਸਿੰਘ)** : ਲਾਇੰਸ ਕਲੱਬ ਫਿਰੋਜ਼ਪੁਰ ਬਾਰਡਰ ਵੱਲੋਂ ਮਾਨਵਤਾ ਦੀ ਸੇਵਾ ਹਿੱਤ ਇਕ ਵਿਸ਼ਾਲ ਮੁਫ਼ਤ ਮੈਡੀਕਲ ਕੈਂਪ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਕੈਂਪ 25 ਦਸੰਬਰ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਆਮੰਤਰਣ ਹੋਟਲ, ਬਾਜ਼ਾਰ ਨੰਬਰ 2, ਪੁਰਾਣੀ ਸਬਜ਼ੀ ਮੰਡੀ, ਫਿਰੋਜ਼ਪੁਰ ਵਿਖੇ ਲਗਾਇਆ ਜਾਵੇਗਾ। ਕਲੱਬ ਦੇ ਪ੍ਰਧਾਨ ਲਾਇਨ ਗਗਨਦੀਪ ਸਿੰਘ, ਸੈਕਟਰੀ ਲਾਇਨ ਸੋਖ ਪੁਰੀ, ਜੀ.ਆਰ.ਓ. ਲਾਇਨ ਸਰਪ੍ਰੀਤ ਸਿੰਘ ਅਤੇ ਪ੍ਰੋਜੈਕਟ ਇੰਚਾਰਜ ਲਾਇਨ ਦੀਪਕ ਗੁਪਤਾ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਖਾਂ ਦਾ ਚੈੱਕਅੱਪ ਸ਼ੰਕਾਰਾ ਆਈ ਹਸਪਤਾਲ ਲੁਧਿਆਣਾ ਦੀ ਮਾਹਿਰ ਟੀਮ ਵੱਲੋਂ ਅੱਖਾਂ ਦੀ ਜਾਂਚ ਕੀਤੀ ਜਾਵੇਗੀ ਅਤੇ ਲੋੜਵੰਦ ਮਰੀਜ਼ਾਂ ਦੇ ਲੈਂਜ਼ ਵਾਲੇ ਆਪ੍ਰੇਸ਼ਨ ਮੁਫ਼ਤ ਕੀਤੇ ਜਾਣਗੇ। ਦੰਦਾਂ ਦਾ ਚੈੱਕਅੱਪ ਅਗਰਵਾਲ ਡੈਂਟਲ ਕਲੀਨਿਕ ਦੇ ਮਾਹਿਰ ਡਾਕਟਰਾਂ ਵੱਲੋਂ ਦੰਦਾਂ ਦੀ ਜਾਂਚ ਮੁਫ਼ਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਰਜਿਸਟਰੇਸ਼ਨ ਸਵੇਰੇ 9:30 ਵਜੇ ਸ਼ੁਰੂ ਹੋਵੇਗੀ। ਉਨ੍ਹਾਂ ਆਖਿਆ ਕਿ ਕੈਂਪ ਦਾ ਲਾਭ ਲੈਣ ਲਈ ਮਰੀਜ਼ ਆਪਣਾ ਆਧਾਰ ਕਾਰਡ ਨਾਲ ਜ਼ਰੂਰ ਲੈ ਕੇ ਆਉਣ।

## ਜੱਜ ਬਣੇ ਸ਼ੁਭਮ ਸਿੰਗਲਾ, ਸੀ ਏ ਨੇਹਾ ਤੇ ਡਾਕਟਰ ਤਾਨੀਸ਼ ਜਿੰਦਲ ਦਾ ਸਨਮਾਨ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**- ਮਦਰ ਇੰਡੀਆ ਪਬਲਿਕ ਸਕੂਲ ਵਿੱਚ ਵਿੱਦਿਆ ਗ੍ਰਹਿਣ ਕਰਕੇ ਉੱਚ ਅਹੁਦਿਆਂ ਉੱਤੇ ਪੁੱਜੇ ਵਿਦਿਆਰਥੀਆਂ ਦਾ ਸਨਮਾਨ ਕਰਨ ਲਈ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਰੋਹ ਦੌਰਾਨ ਸਕੂਲ ਦੇ ਵਿਦਿਆਰਥੀ ਰਹੇ ਸਮਾਜ ਸੇਵੀ



ਆਗੂ ਸਰਵਗੀ ਸਤਪਾਲ ਸਿੰਗਲਾ ਦਾ ਪੋਤਾ ਅਤੇ ਗੁਰਦਾਸ ਸਿੰਗਲਾ ਦਾ ਬੇਟਾ ਸ਼ੁਭਮ ਸਿੰਗਲਾ ਜੋ ਪਿਛਲੇ ਦਿਨੀ ਰਾਜਸਥਾਨ ਜੁਡੀਸ਼ੀਅਲ ਦਾ ਟੈਸਟ ਪਾਸ ਕਰਕੇ ਜੱਜ ਬਣੇ ਹਨ ਦੇ ਨਾਲ ਨਾਲ ਚਾਰਟਡ ਅਕਾਊਂਟੈਂਟ ਬਣੀ ਕ੍ਰਿਸ਼ਨ ਕੁਮਾਰ ਦੀ ਬੇਟੀ ਨੇਹਾ ਰਾਣੀ ਅਤੇ ਆਯੁਰਵੇਦਿਕ ਖੇਤਰ ਦੀ ਪ੍ਰਸਿੱਧ ਕੰਪਨੀ ਹਿਮਲੈਂਡ ਹਰਬਜ ਦੇ ਮੈਨੇਜਿੰਗ ਡਾਇਰੈਕਟਰ ਸੰਜੀਵ ਜਿੰਦਲ ਦੇ ਬੇਟੇ ਡਾ ਤਨੀਸ਼ ਜਿੰਦਲ ਦਾ ਬੀ ਏ ਐਮ ਐਸ ਡਾਕਟਰ ਬਣਨ ਉੱਤੇ ਸਕੂਲ ਮੈਨੇਜਮੈਂਟ ਦੇ ਨਾਲ ਨਾਲ ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਪਾਤੜਾਂ ਅਤੇ ਇਨਰਵੀਲ ਕਲੱਬ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਰਾਕੇਸ਼ ਕੁਮਾਰ ਗਰਗ ਅਤੇ ਐਮ ਡੀ ਵੀਨਾ ਗਰਗ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਦਰ ਇੰਡੀਆ ਇੰਸਟੀਚਿਊਟ ਦੇ ਇਹਨਾਂ ਹੋਣਹਾਰ ਵਿਦਿਆਰਥੀਆਂ ਨੇ ਉੱਚੀਆਂ ਪਦਵੀਆਂ ਹਾਸਲ ਕਰਕੇ ਸਕੂਲ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ ਹੈ। ਇਸ ਤੋਂ ਪਹਿਲਾਂ ਵੀ ਬਹੁਤ ਸਾਰੇ ਵਿਦਿਆਰਥੀ ਅਹਿਮ ਸਥਾਨਾਂ ਉੱਤੇ ਸੇਵਾਵਾਂ ਨਿਭਾ ਰਹੇ ਹਨ।ਪ੍ਰਿੰਸੀਪਲ ਨਤੀਕਾ ਗੁਪਤਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਵਾਸੀ ਪੰਜਾਬੀ ਸਮਾਜ ਸੇਵੀ ਸੁਖਦੇਵ ਸਿੰਘ ਬੈਲਜੀਅਮ, ਨਰੇਸ਼ ਕੁਮਾਰ ਰਿੰਕੂ ਸਿੰਗਲਾ, ਜਤਿਨ ਗਰਗ, ਰੋਟਰੀ ਕਲੱਬ ਦੇ ਪ੍ਰਧਾਨ ਹਰਮੇਸ਼ ਕੁਮਾਰ ਮੇਸ਼ੀ, ਗੋਬਿੰਦ ਸਿੰਘ ਵਿਰਦੀ, ਨਰਾਇਣ ਦਾਸ ਗਰਗ, ਇੰਨਰਵੀਲ ਕਲੱਬ ਦੇ ਪ੍ਰਧਾਨ ਡਾਕਟਰ ਹਰਸ਼ ਗੇਰਾ, ਕੇਵਲ ਕ੍ਰਿਸ਼ਨ ਸਿੰਗਲਾ, ਰੋਟੇਰੀਅਨ ਅਸ਼ੋਕ ਕੁਮਾਰ, ਕਪਿਲ ਕੌਸ਼ਲ ਮਲਿਕ, ਅਮਨਦੀਪ ਸਿੰਘ ਲਾਡੀ ਆਦਿ ਹਾਜ਼ਰ ਸਨ।

## ਪੀ ਐੱਸ ਪੀ ਸੀ ਐੱਲ ਹਾਕੀ ਖਿਡਾਰੀ ਰਵਿੰਦਰਪ੍ਰੀਤ ਸਿੰਘ ਸਨਮਾਨ



**ਮੋਗਾ (ਇਕਬਾਲ ਸਿੰਘ ਖਹਿਰਾ)**- ਪਾਵਰਕਾਮ ਸਬ-ਅਰਬਨ ਮੰਡਲ ਮੋਗਾ ਦੇ ਹੋਣਹਾਰ ਹਾਕੀ ਖਿਡਾਰੀ ਵਲੋਂ ਭਾਰਤ ਸਰਕਾਰ ਦੇ ਬਿਜਲੀ ਬੋਰਡ, ਕੰਪਨੀਆਂ ਦੀਆਂ ਹਾਕੀ ਖੇਡਾਂ ਜਬਲਪੁਰ ਮੱਧ ਪ੍ਰਦੇਸ਼ ਵਿਖੇ ਸੰਪੰਨ ਹੋਈਆਂ ਇਹਨਾਂ ਹਾਕੀ ਖੇਡਾਂ ਵਿਚ ਦੇਸ਼ ਭਰ ਤੋਂ ਬਿਜਲੀ ਬੋਰਡ ਦੀਆਂ 18 ਟੀਮਾਂ ਨੇ ਭਾਗ ਲਿਆ। ਮੋਗਾ ਤੋਂ ਇਸ ਹਾਕੀ ਗੇਮ ਵਿਚ ਰਵਿੰਦਰਪ੍ਰੀਤ ਸਿੰਘ ਨੇ ਪੰਜਾਬ ਪਾਵਰਕਾਮ ਵਲੋਂ ਹਿੱਸਾ ਲਿਆ ਜੋ ਕੇ ਮੋਗਾ ਲਈ ਮਾਣ ਵਾਲੀ ਗੱਲ ਹੈ। ਸਮੁੱਚੇ ਭਾਰਤ ਦੇ ਬਿਜਲੀ ਬੋਰਡਾਂ ਵਿਚੋਂ ਪੰਜਾਬ ਦੀ ਟੀਮ ਪਹਿਲੇ ਦਰਜੇ ਵਿਚ ਆਉਣ 'ਤੇ ਖਿਡਾਰੀ ਨੂੰ ਸਨਮਾਨਿਤ ਕੀਤਾ। ਇਸ ਮੌਕੇ ਇੰਜ. ਮਨਦੀਪ ਸਿੰਘ ਸੰਧੂ ਐਕਸ.ਈ.ਐਨ ਸਬ-ਅਰਬਨ ਮੰਡਲ ਮੋਗਾ, ਇੰਜ. ਬਲਵੀਰ ਸਿੰਘ ਹਰੀ ਐਕਸ.ਈ.ਐਨ ਸ਼ਹਿਰੀ ਮੰਡਲ ਮੋਗਾ, ਪੀ ਐਸ ਈ ਬੀ ਇੰਪਲਾਈਜ਼ ਫੈਡਰੇਸਨ ਏਟਕ ਦੇ ਡਿਪਟੀ ਜਨਰਲ ਸਕੱਤਰ ਦਰਸ਼ਨ ਲਾਲ ਮੋਗਾ, ਇੰਜ. ਜਸਵੀਰ ਸਿੰਘ, ਇੰਜ ਸੁਖਦੇਵ ਸਿੰਘ, ਇੰਜ. ਸਵਰਨ ਸਿੰਘ, ਇੰਜ. ਦਲਜੀਤ ਸਿੰਘ, ਕੇਵਲ ਸਿੰਘ, ਗੁਰਮੇਲ ਸਿੰਘ ਨਾਹਰ ਸਕੱਤਰ ਪਾਵਰਕਾਮ ਪੈਨਸ਼ਨਰ ਯੂਨੀਅਨ ਪੰਜਾਬ, ਇਕਬਾਲ ਸਿੰਘ, ਏਟਕ ਦੇ ਸਬ-ਅਰਬਨ ਸਬ ਡਵੀਜ਼ਨ ਪ੍ਰਧਾਨ ਮਨਮੋਹਨ ਸਿੰਘ, ਸਰੋਜ ਮੈਡਮ ਮੰਡਲ ਸੁਪਰਡੈਂਟ, ਮਨਪ੍ਰੀਤ ਕੋਰ ਮੰਡਲ ਸੁਪਰਡੈਂਟ, ਗੁਰਮੀਤ ਸਿੰਘ ਸੀ.ਏ, ਪਲਵਿੰਦਰ ਸਿੰਘ ਸਿੱਧੂ ਜਨਰਲ ਸਕੱਤਰ, ਅਤੇ ਦੋਹਾ ਡਵੀਜ਼ਨਾਂ ਦੇ ਸਟਾਫ ਵਲੋਂ ਸਨਮਾਨਿਤ ਕੀਤਾ ਗਿਆ। ਵੱਖ ਵੱਖ ਬੁਲਾਰਿਆਂ ਵਲੋਂ ਆਉਣ ਵਾਲੇ ਸਮੇ ਵਿਚ ਅਜਿਹੇ ਹੋਣਹਾਰ ਖਿਡਾਰੀਆ ਵਲੋਂ ਸਟੇਟ ਪੱਧਰ ਸਨਮਾਨ ਲੈਣ ਦੀ ਕਾਮਨਾ ਕੀਤੀ ਗਈ।

## 'ਆਪ' ਦੀਆਂ ਵਧੀਕੀਆਂ ਦਾ ਬਦਲਾ 2027 'ਚ ਲਵਾਂਗੇ : ਰਾਜਿੰਦਰ ਸਿੰਘ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਸਮਾਣਾ ਵਿਧਾਨ ਸਭਾ ਹਲਕੇ ਤੋਂ ਕਾਂਗਰਸ ਦੇ ਹਲਕਾ ਇੰਚਾਰਜ ਅਤੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਨੇ ਵਿਧਾਨ ਸਭਾ ਹਲਕਾ ਸਮਾਣਾ ਤੋਂ ਕਾਂਗਰਸ ਦੀ ਟਿਕਟ 'ਤੇ ਜਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਲੜਨ ਵਾਲੇ ਆਗੂਆਂ ਨੂੰ ਮਿਲ ਕੇ ਉਹਨਾਂ ਦੀ ਹੌਸਲਾ ਅਫ਼ਜ਼ਾਈ ਕਰਦੇ ਹੋਏ ਉਨ੍ਹਾਂ ਦੀ ਪਿੱਠ ਥਾਪੜਦੇ ਹੋਏ ਹੱਲਸ਼ੇਰੀ ਦਿੱਤੀ ਤੇ ਕਿਹਾ ਕਿ ਜਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਸਰਕਾਰ ਦੀਆਂ ਧੱਕੇਸ਼ਾਹੀਆਂ ਅਤੇ ਧਾਂਦਲੀਆਂ ਦਾ ਬਦਲਾ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਲਿਆ ਜਾਵੇਗਾ। ਉਹਨਾ ਹੋਰ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ



ਮਨਰੇਗਾ ਦੀ ਥਾਂ ਨਵਾਂ ਕਾਨੂੰਨ ਲਿਆ ਕੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦਾ ਨਾਮ ਹਟਾਉਣ ਦੀ ਕੋਸ਼ਿਸ਼ ਕੀਤੀ ਅਤੇ ਸਵ; ਡਾਕਟਰ ਮਨਮੋਹਨ ਸਿੰਘ ਸਾਬਕਾ ਪ੍ਰਧਾਨ ਮੰਤਰੀ ਦੀ ਕਾਂਗਰਸ ਸਰਕਾਰ ਵੱਲੋਂ 20 ਸਾਲ ਪਹਿਲਾਂ ਦਿੱਤੇ ਗਰੀਬ ਗ੍ਰਾਮੀਣ ਭਾਰਤ ਵਾਸੀਆਂ ਨੂੰ ਸੌ ਦਿਨ ਦੀ ਕੰਮ ਦੀ ਗਰੰਟੀ ਦੇ ਅਧਿਕਾਰ ਨੂੰ ਵੀ ਹਟਾਉਣ ਦੀ ਕੋਸ਼ਿਸ਼ ਕੀਤੀ ਗਈ ਹੈ । ਉਸ ਦਾ ਕਾਂਗਰਸ ਸਖ਼ਤ ਵਿਰੋਧ ਕਰੇਗੀ! ਉਨ੍ਹਾਂ ਕਿਹਾ ਕਿ ਮਨਰੇਗਾ ਦੇ ਅਧੀਨ ਪਹਿਲਾਂ 90% ਹਿੱਸਾ ਕੇਂਦਰ ਦੀ ਸਰਕਾਰ ਅਤੇ 10% ਹਿੱਸਾ ਸੂਬੇ ਦੀਆਂ ਸਰਕਾਰਾਂ ਦਿੰਦੀਆਂ ਸਨ ਜਦ ਕਿ ਨਵੇਂ ਐਕਟ ਜੀ ਰਾਮ ਜੀ ਦੇ ਤਹਿਤ ਹੁਣ 60% ਹਿੱਸਾ ਕੇਂਦਰ ਦਾ ਅਤੇ 40% ਹਿੱਸਾ ਸੂਬਾ ਸਰਕਾਰ ਪਾਇਆ ਕਰੇਗੀ । ਸੂਬਾ ਸਰਕਾਰਾਂ ਦੇ ਕੋਲ ਆਮਦਨ ਦੇ ਜਿਆਦਾ ਸਾਧਨ ਨਹੀਂ ਹੁੰਦੇ ਜਿਸ ਕਰਕੇ ਉਹ ਆਪਣਾ ਬਣਦਾ ਹਿੱਸਾ ਨਹੀਂ ਪਾ ਸਕਣਗੀਆਂ ਜਿਸ ਕਾਰਨ ਜੀ ਰਾਮ ਜੀ ਰੁਜ਼ਗਾਰ ਪ੍ਰੋਗਰਾਮ ਸਫਲ ਹੋਣ ਦੀ ਸੰਭਾਵਨਾ ਨਹੀਂ ਹੈ। ਇਸ ਸਮੇ ਕਾਂਗਰਸੀ ਆਗੂ ਤੇ ਸਾਬਕਾ ਵਿਧਾਇਕ ਜਗਤਾਰ ਸਿੰਘ ਰਾਜਲਾ, ਡਾ ਰਾਜ ਡਕਾਲਾ , ਬਲਾਕ ਪ੍ਰਧਾਨ ਨਾਇਬ ਸਿੰਘ ਭਾਂਨਰੀ, ਮਲਕੀਤ ਬਠੋਈ, ਸਿੱਪੀ ਗਰੇਵਾਲ ,ਮੇਜਰ ਸਿੰਘ ਕੰਬੋਜ ਅਤੇ ਹੋਰ ਬਹੁਤ ਸਾਰੇ ਕਾਂਗਰਸੀ ਆਗੂ ਅਤੇ ਵਰਕਰ ਮੌਜੂਦ ਸਨ।

## ਅਧਿਆਪਕਾਂ ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਦੀ ਟਰੇਨਿੰਗ ਆਯੋਜਿਤ




**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਜ਼ਿਲ੍ਹਾ ਸਿੱਖਿਆ ਵਿਭਾਗ ਫ਼ਿਰੋਜ਼ਪੁਰ ਦੇ ਸਹਿਯੋਗ ਨਾਲ ਬਰੇਕਥਰੂ ਸੰਸਥਾ ਵੱਲੋਂ ਚਾਨਣ ਰਿਸ਼ਮਾਂ ਪ੍ਰੋਜੈਕਟ ਦੇ ਤਹਿਤ ਜ਼ਿਲ੍ਹਾ ਫ਼ਿਰੋਜ਼ਪੁਰ ਦੇ ਬਲਾਕ ਘੱਲ ਖੁਰਦ ਅਤੇ ਜ਼ੀਰਾ ਦੇ 40 ਸਰਕਾਰੀ ਸਕੂਲਾਂ ਦੇ ਅਧਿਆਪਕਾਂ ਅਤੇ ਸਕੂਲ ਮੈਨੇਜਮੈਂਟ ਕਮੇਟੀ (ਸੀ ਐੱਮ ਸੀ) ਦੇ ਮੈਂਬਰਾਂ ਦੀ ਟਰੇਨਿੰਗ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਜ਼ੀਰਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਤਲਵੰਡੀ ਭਾਈ ਦੇ ਪ੍ਰਿੰਸੀਪਲ ਨਰਿੰਦਰ ਪਾਲ ਸਿੰਘ ਗਿੱਲ ਅਤੇ ਜ਼ੀਰਾ ਦੇ ਪ੍ਰਿੰਸੀਪਲ ਰਾਕੇਸ਼ ਸ਼ਰਮਾ ਦੀ ਅਗਵਾਈ ਵਿਚ ਆਯੋਜਿਤ ਕੀਤੀ ਗਈ। ਇਸ ਟਰੇਨਿੰਗ ਦਾ ਮੁੱਖ ਉਦੇਸ਼ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰਾਂ ਨੂੰ ਸਕੂਲ ਮੀਟਿੰਗਾਂ ਵਿਚ ਸਰਗਰਮ ਭਾਗੀਦਾਰੀ ਲਈ ਪ੍ਰੇਰਿਤ ਕਰਨਾ ਅਤੇ ਜੈਂਡਰ ਸਮਾਨਤਾ ਨਾਲ ਸਬੰਧਤ ਮੁੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਨਾ ਸੀ। ਟਰੇਨਿੰਗ ਦੌਰਾਨ ਸਕੂਲਾਂ ਵਿਚ ਲੜਕੀਆਂ ਦੀ ਸੁਰੱਖਿਆ ਅਤੇ ਆਜ਼ਾਦੀ, ਸਕੂਲ ਆਉਣ-ਜਾਣ ਨਾਲ ਜੁੜੀਆਂ ਸੁਰੱਖਿਆ ਸਬੰਧੀ ਚਿੰਤਾਵਾਂ, ਸੀ ਐੱਮ ਸੀ ਬਾਰੇ ਜਾਣਕਾਰੀ, ਘਰੇਲੂ ਜ਼ਿੰਮੇਵਾਰੀਆਂ ਵਿੱਚ ਲੜਕਿਆਂ ਅਤੇ ਲੜਕੀਆਂ ਵਿਚਕਾਰ ਬਰਾਬਰੀ ਅਤੇ ਸਕੂਲਾਂ ਵਿਚ ਉਪਲਬਧ ਸਹੂਲਤਾਂ ਜਿਵੇਂ ਕਿ ਟਾਇਲਟ, ਸੈਨੀਟੇਸ਼ਨ ਅਤੇ ਹੋਰ ਬੁਨਿਆਦੀ ਸਹੂਲਤਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਟਰੇਨਿੰਗ ਦੀ ਸ਼ੁਰੂਆਤ ਬਰੇਕਥਰੂ ਦੀ ਟੀਮ ਦੇ ਜ਼ਿਲ੍ਹਾ ਕੋਆਰਡੀਨੇਟਰ ਭੁਪਿੰਦਰ ਸਿੰਘ ਅਤੇ ਰਾਜਵੀਰ ਕੌਰ ਵੱਲੋਂ ਆਪਣੀ ਜਾਣ-ਪਛਾਣ ਨਾਲ ਕੀਤੀ ਗਈ। ਉਨ੍ਹਾਂ ਵੱਲੋਂ ਚਾਨਣ ਰਿਸ਼ਮਾਂ ਪ੍ਰੋਜੈਕਟ ਦੇ ਉਦੇਸ਼ਾਂ ਅਤੇ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ। ਪ੍ਰਿੰਸੀਪਲ ਕਰਮਜੀਤ ਸਿੰਘ, ਬੀ ਆਰ ਸੀ ਗੁਰਭੇਜ ਸਿੰਘ ਬਾਠ, ਰਾਜੀਵ ਸ਼ਰਮਾ, ਸੰਦੀਪ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ ਜਿਨ੍ਹਾਂ ਦੀ ਬਦੌਲਤ ਇਹ ਸਭ ਪ੍ਰੋਗਰਾਮ ਨੇਪਰੇ ਚੜ੍ਹਿਆ।

## ਸ਼੍ਰੋਮਣੀ ਅਕਾਲੀ ਦਲ ਨੂੰ ਲਗਾਤਾਰ ਮਿਲ ਰਹੀ ਹੈ ਮਜ਼ਬੂਤੀ : ਸਿੱਧੂ, ਔਜਲਾ

**ਕੋਟ ਇਸੇ ਖਾਂ (ਅਰੋੜਾ)**- ਪੰਜਾਬ ਦੀ ਰਾਜਨੀਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਥਿਤੀ ਲਗਾਤਾਰ ਮਜ਼ਬੂਤ ਹੋ ਰਹੀ ਹੈ। ਹਾਲੀਆ ਸਮੇਂ ਦੌਰਾਨ ਪਾਰਟੀ ਨੂੰ ਮਿਲ ਰਹੇ ਲੋਕ ਸਮਰਥਨ ਨਾਲ ਅਕਾਲੀ ਦਲ ਮੁੜ ਮਜ਼ਬੂਤ ਹੁੰਦਾ ਜਾ ਰਿਹਾ ਹੈ । ਪਿੰਡਾਂ ਤੇ ਸ਼ਹਿਰਾਂ ਵਿਚ ਪਾਰਟੀ ਦੀ ਪਹੁੰਚ ਵਧੀ ਹੈ, ਜਿਸ ਨਾਲ ਵਰਕਰਾਂ ਵਿੱਚ ਨਵਾਂ ਜੋਸ਼ ਪੈਦਾ ਹੋਇਆ ਹੈ।

ਇਹ ਪ੍ਰਗਟਾਵਾ ਹਲਕਾ ਧਰਮਕੋਟ ਤੋਂ ਅਕਾਲੀ ਦਲ ਦੇ ਸਰਕਲ ਪ੍ਰਧਾਨ ਗੁਰਮੇਲ ਸਿੰਘ ਸਿੱਧੂ ਅਤੇ ਸ਼ਹਿਰੀ ਪ੍ਰਧਾਨ ਧਰਮਕੋਟ ਰਣਜੀਤ ਸਿੰਘ ਔਜਲਾ ਨੇ ਸਾਂਝੇ ਤੌਰ 'ਤੇ ਕੀਤਾ । ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸਮਿਤੀ ਚੋਣਾਂ ਦੌਰਾਨ ਅਕਾਲੀ ਦਲ ਦੇ ਉਮੀਦਵਾਰਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਸਫਲਤਾ ਨੇ ਸਪਸ਼ਟ ਕਰ ਦਿੱਤਾ ਹੈ ਕਿ ਲੋਕ ਅਕਾਲੀ ਦਲ ਦੀਆਂ ਨੀਤੀਆਂ 'ਤੇ ਭਰੋਸਾ ਕਰ ਰਹੇ ਹਨ।

## ਮਾਤਾ ਗੁਜਰੀ ਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਗੁਰਮਤਿ ਸਮਾਗਮ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਸਥਾਨਕ ਮਾਤਾ ਸਾਹਿਬ ਕੌਰ ਖਾਲਸਾ ਗਰਲਜ਼ ਕਾਲਜ ਆਫ ਐਜੂਕੇਸ਼ਨ, ਧਾਮੋਮਾਜਰਾ ਵੱਲੋਂ ਚੇਤਨਾ ਮਾਰਚ ਕੱਢਿਆ ਗਿਆ। ਇਸ ਦੌਰਾਨ ਉਚੇਚੇ ਤੌਰ 'ਤੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਸਾਬਕਾ ਚੇਅਰਮੈਨ ਲਖਵੀਰ ਸਿੰਘ ਲੌਟ ਆਦਿ ਪੁੱਜੇ ਹੋਏ ਸਨ। ਕਾਲਜ ਵਿਚ ਗੁਰਮਤਿ ਚੇਤਨਾ ਸਭਾ ਵੱਲੋਂ ਮਾਤਾ ਗੁਜਰ ਕੌਰ ਜੀ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਦੌਰਾਨ ਸ੍ਰੀ ਜਪੁਜੀ ਸਾਹਿਬ ਜੀ ਤੇ ਸ੍ਰੀ ਚੌਪਈ ਸਾਹਿਬ ਜੀ ਦੇ ਪਾਠ ਅਤੇ ਸ਼ਬਦ ਕੀਰਤਨ ਕਰਵਾਇਆ ਗਿਆ।ਕੀਰਤਨ ਉਪਰੰਤ ਭਾਈ ਪਰਵਿੰਦਰ ਸਿੰਘ (ਪ੍ਰਚਾਰਕ, ਧਰਮ ਪ੍ਰਚਾਰ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ) ਵੱਲੋਂ ਮਾਤਾ ਗੁਜਰ ਕੌਰ ਜੀ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਵਿਸ਼ੇ 'ਤੇ ਆਪਣੇ ਵਿਚਾਰ ਵਿਦਿਆਰਥਣਾਂ ਨਾਲ ਸਾਂਝੇ ਕੀਤੇ ਗਏ। ਕਾਲਜ ਪ੍ਰਿੰਸੀਪਲ, ਡਾ. ਹਰਮੀਤ ਕੌਰ ਆਨੰਦ ਨੇ ਮਾਤਾ ਗੁਜਰ ਕੌਰ ਜੀ ਅਤੇ ਸਾਹਿਬਜ਼ਾਦਿਆਂ ਦੇ ਜੀਵਨ ਅਤੇ ਲਾਸਾਨੀ ਸ਼ਹਾਦਤ ਬਾਰੇ ਆਪਣੇ ਵਿਚਾਰ ਸਮੂਹ ਸੰਗਤ ਨਾਲ ਸਾਂਝੇ ਕੀਤੇ। ਸਮੂਹ ਸਟਾਫ ਅਤੇ ਵਿਦਿਆਰਥਣਾਂ ਵੱਲੋਂ ਇਸ ਮਾਰਚ ਵਿੱਚ ਬੜੀ ਸ਼ਰਧਾਪੂਰਵਕ ਸ਼ਮੂਲੀਅਤ ਕੀਤੀ ਗਈ।

## ਸਿਪਾਹੀ ਸੁਰਜੀਤ ਸਿੰਘ ਦਾ ਅੰਤਮ ਸੰਸਕਾਰ

**ਸਿਰਸਾ (ਸੁਰਿੰਦਰ ਪਾਲ ਸਿੰਘ)**- ਗੁਹਾਟੀ ਦੇ ਸੀਵਾਨ ਇਲਾਕੇ ਵਿੱਚ ਟਰੱਕ ਪਲਟਣ ਨਾਲ ਹੋਏ ਸੜਕ ਹਾਦਸੇ ਵਿੱਚ ਸ਼ਹੀਦ ਐਸ ਐਸ ਬੀ ਦੇ (ਸਾਸ਼ਤਰ ਸੀਮਾਂ ਬੱਲ) ਸਿਪਾਹੀ ਸੁਰਜੀਤ



ਸਿੰਘ ਦੀ ਦੇਹ ਦੇ ਪਿੰਡ ਧੂਕੜਾ ਪਹੁੰਚਣ 'ਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਸਥਾਨਕ ਆਗੂ ਅਤੇ ਪਿੰਡ ਵਾਸੀ ਸ਼ਹੀਦ ਦੇ ਘਰ ਇਕੱਠੇ ਹੋਏ । ਪਰਿਵਾਰਕ ਮੈਂਬਰ ਅਤੇ ਐਸ ਐਸ ਬੀ ਅਧਿਕਾਰੀ ਦੇਹ ਦੇ ਨਾਲ ਪਹਿਲਾਂ ਸ਼ਹੀਦ ਦੇ ਜੱਦੀ ਪਿੰਡ ਸ਼ਰਧਾਂਜਲੀ ਦੇਣ ਲਈ ਗੁਡੀਆਖੇੜਾ ਗਏ ਅਤੇ ਬਾਅਦ ਵਿਚ ਪਿੰਡ ਧੂਕੜਾ ਦੇ ਖੇਡ ਮੈਦਾਨ ਵਿੱਚ ਪੂਰੇ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ। ਪਿੰਡ ਧੂਕੜਾਂ ਦੇ ਸਰਪੰਚ ਰਾਜਿੰਦਰ ਨੇ ਦੱਸਿਆ ਕਿ ਸਿਪਾਹੀ ਸੁਰਜੀਤ ਗੁਹਾਟੀ ਦੇ ਸੀਵਾਨ ਇਲਾਕੇ ਵਿੱਚ ਇੱਕ ਟਰੱਕ ਪਲਟਣ ਨਾਲ ਹੋਏ ਸੜਕ ਹਾਦਸੇ ਵਿੱਚ ਸ਼ਹੀਦ ਹੋ ਗਿਆ ਸੀ। ਸੁਰਜੀਤ ਕਿਸਾਨ ਭੰਵਰ ਲਾਲ ਸਿੰਘ ਦਾ ਸਭ ਤੋਂ ਵੱਡਾ ਪੁੱਤਰ ਸੀ ਅਤ ਉਹ ਪਿੰਡ ਨੇਜਾਡੇਲਾ ਵਿਖੇ ਵਿਆਹਿਆ ਹੋਇਆ ਸੀ ਅਤੇ ਉਸ ਦੇ ਦੋ ਬੇਟੇ ਹਨ।

## ਸਿਹਤ ਮੰਤਰੀ ਦੇ ਜ਼ਿਲ੍ਹੇ 'ਚ ਹਸਪਤਾਲ਼ ਬਿਮਾਰ, ਆਮ ਆਦਮੀ ਕਲੀਨਿਕ ਬਣ ਕੇ ਰਹਿ ਗਿਆ ਹਸਪਤਾਲ

**ਸਨੌਰ/ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)** ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਜਿੱਥੇ ਪੰਜਾਬ ਵਾਸੀਆਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਦੇ ਦਾਅਵੇ ਕੀਤੇ ਜਾ ਰਹੇ ਹਨ, ਉੱਥੇ ਸਿਹਤ ਤੇ ਪਰਵਾਰ ਭਲਾਈ ਵਿਭਾਗ ਦੇ ਮੰਤਰੀ ਦੇ ਆਪਣੇ ਜ਼ਿਲ੍ਹੇ ਅੰਦਰ ਪੈਂਦੇ ਵਿਧਾਨ ਸਭਾ ਹਲਕਾ ਸਨੌਰ ਦਾ ਹਸਪਤਾਲ਼ ਬਿਮਾਰ ਹੋ ਕੇ ਹੁਣ ਵੈਂਟੀਲੇਟਰ 'ਤੇ ਹੈ, ਕਿਉਂਕਿ ਸਨੌਰ ਵਾਸੀਆਂ ਨੂੰ 30 ਸਾਲ ਪਹਿਲਾਂ ਦਿਖਾਇਆ ਸੁਪਨਾ ਅੱਜ ਤੱਕ ਪੂਰਾ ਨਹੀਂ ਹੋ ਸਕਿਆ ਹੈ।ਹਸਪਤਾਲ ਬਣਾਉਣ ਦਾ ਨੀਂਹ ਪੱਥਰ ਰੱਖ ਦਿੱਤਾ ਗਿਆ, ਇਮਾਰਤ ਵੀ ਬਣੀ ਤੇ ਹਸਪਤਾਲ ਖੋਲ੍ਹ ਵੀ ਦਿੱਤਾ ਗਿਆ, ਪਰ ਤਰੱਕੀ ਕਰਨ ਦੀ ਬਜਾਏ ਹਲਕੇ ਦਾ ਇਹ ਹਸਪਤਾਲ ਇਕ ਡਿਸਪੈਂਸਰੀ ਬਣ ਕੇ ਹੀ ਹੁਣ ਰਹਿ ਗਿਆ ਹੈ।ਇਮਾਰਤ ਦੇ ਬਾਹਰ ਨੀਂਹ ਪੱਥਰ ਜਿਥੇ ਸਰਕਾਰੀ ਵਿਕਾਸ ਦਾ ਮੂੰਹ ਚਿੜਾਅ ਰਿਹਾ ਹੈ, ਉਥੇ ਲੋਕ ਸਿਆਸੀ ਵਾਅਦਿਆਂ ਨੂੰ ਮਹਿਜ਼ ਜੁਮਲਾ ਦੱਸ ਰਹੇ ਹਨ।ਕਾਂਗਰਸ ਦੀ ਸਰਕਾਰ ਸਮੇਂ 23 ਮਾਰਚ



1992 ਨੂੰ ਉਸ ਸਮੇਂ ਦੇ ਹਲ਼ਕਾ ਵਿਧਾਇਕ ਤੇ ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਰਹੇ ਲਾਲ ਸਿੰਘ ਵਲੋਂ ਸਨੌਰ ਵਿਖੇ ਹਸਪਤਾਲ ਬਣਾਉਣ ਲਈ ਨੀਂਹ ਪੱਥਰ ਰੱਖਿਆ ਗਿਆ।ਉਸ ਸਮੇਂ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਐਸ.ਪੀ ਕਰਕਰਾ ਸਨ। ਉਸ ਸਮੇਂ ਪ੍ਰਾਜੈਕਟ ਤਹਿਤ ਤਿੰਨ ਸਾਲਾਂ ਵਿਚ ਇਮਾਰਤ ਤਿਆਰ ਕਰ ਦਿੱਤੀ ਗਈ ਤੇ 1995 'ਚ ਉਸ ਸਮੇਂ ਦੇ ਮੁੱਖ ਮੰਤਰੀ ਬੇਅੰਤ ਸਿੰਘ ਵਲੋਂ ਹਸਪਤਾਲ ਦਾ ਉਦਘਾਟਨ ਕੀਤਾ ਗਿਆ ਸੀ। ਕਾਂਗਰਸ ਦੀ ਸਰਕਾਰ ਸਮੇਂ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਅਤੇ ਵੱਖ-ਵੱਖ ਬਿਮਾਰੀਆਂ ਦਾ ਇਲਾਜ ਕਰਨ ਵਾਲੇ ਡਾਕਟਰ ਤੈਨਾਤ ਕਰਕੇ ਇਸ ਹਸਪਤਾਲ਼ ਨੂੰ ਆਧੁਨਿਕ ਸਾਜੋ ਸਮਾਨ ਨਾਲ ਲੈਸ ਕਰ ਦਿੱਤਾ ਗਿਆ, ਪ੍ਰੰਤੂ ਇਸ ਸਰਕਾਰ ਤੋਂ ਬਾਅਦ ਨਾ ਤਾਂ ਇਥੇ ਪੱਕੇ ਤੌਰ 'ਤੇ ਕੋਈ ਡਾਕਟਰ ਰਿਹਾ ਤੇ ਨਾ ਹੀ ਕੋਈ ਅਮਲਾ ਫੈਲਾ। ਸਨੌਰ ਵਾਸੀਆਂ ਨੂੰ ਆਮ ਆਦਮੀ ਦੀ ਸਰਕਾਰ ਤੋਂ ਬਹੁਤ ਉਮੀਦਾਂ ਸਨ ਕਿ ਉਹ ਇਸ ਹਸਪਤਾਲ ਨੂੰ ਮੁੜ ਅਮਲੀ ਜਾਮਾ ਪਹਿਨਾਵੇਗੀ, ਪ੍ਰੰਤੂ ਪੰਜਾਬ ਦੇ ਸਿਹਤ ਮੰਤਰੀ ਪਟਿਆਲ਼ਾ ਜ਼ਿਲ੍ਹੇ ਨਾਲ ਸਬੰਧਤ ਹੋਣ ਦੇ ਬਾਵਜੂਦ ਵੀ ਮੌਜੂਦਾ ਸਰਕਾਰ ਵੱਲੋ ਇਸ ਹਸਪਤਾਲ਼ ਨੂੰ ਅਮਲੀ ਜਾਮਾ ਪਹਿਨਾਉਣ ਦੀ ਥਾਂ ਇਸ ਨੂੰ ਆਮ ਆਦਮੀਂ ਕਲੀਨਿਕ ਬਣਾ ਕੇ ਲੋਕਾਂ ਦੀਆਂ ਆਸਾਂ ਤੇ ਪਾਣੀ ਫੇਰ ਦਿੱਤਾ ਹੈ, ਜਿਸ ਕਾਰਨ ਸਨੌਰ ਵਾਸੀਆਂ ਅਤੇ ਨਾਲ ਲਗਦੇ ਇਲਾਕੇ ਦੇ 25-30 ਪਿੰਡਾਂ ਦੇ ਲੋਕਾਂ ਨੂੰ ਸਰਕਾਰੀ ਮੁੱਢਲੀਆਂ ਸਿਹਤ ਸਹੂਲਤਾਂ ਮਿਲਣ ਕਾਰਣ ਉਨ੍ਹਾਂ ਨੂੰ ਆਪਣੇ ਇਲਾਜ ਪ੍ਰਾਈਵੇਟ ਜਾਂ ਦੂਰ-ਦੁਰਾਡੇ ਦੇ ਸ਼ਹਿਰਾਂ ਦੇ ਹਸਪਤਾਲਾਂ ਵਿਖੇ ਜਾਣਾ ਪੈ ਰਿਹਾ ਹੈ।

## ਮਾਤਾ ਗੁਜਰੀ ਕਾਲਜ ਵਿਖੇ ਗੁਰਮਤਿ ਸਮਾਗਮ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ, ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫ਼ਤਹਿ ਸਿੰਘ ਜੀ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸਥਾਨਕ ਮਾਤਾ ਗੁਜਰੀ ਕਾਲਜ ਵੱਲੋਂ ਗੁਰਮਤਿ ਸਮਾਗਮ ਕਰਵਾਏ ਗਏ। ਇਨ੍ਹਾਂ ਸਮਾਗਮਾਂ ਵਿੱਚ ਕਾਲਜ ਦੇ ਸਟਾਫ਼, ਐਨ.ਐਸ.ਐਸ., ਐਨ.ਸੀ.ਸੀ., ਮਾਤਾ ਗੁਜਰੀ ਸਟੱਡੀ ਸਰਕਲ, ਪੱਤਰਕਾਰੀ ਵਿਭਾਗ ਅਤੇ ਹੋਰ ਵਿਦਿਆਰਥੀਆਂ ਵੱਲੋਂ ਸੰਗਤੀ ਰੂਪ ਵਿੱਚ ਸ਼ਰਧਾ ਭਾਵਨਾ ਨਾਲ ਸ੍ਰੀ ਜਪੁਜੀ ਸਾਹਿਬ ਅਤੇ ਸ੍ਰੀ ਚੌਪਈ ਸਾਹਿਬ ਦੇ ਪਾਠ ਕੀਤੇ ਗਏ। ਇਸ ਮੌਕੇ ਕਾਲਜ ਦੇ ਬੀ.ਏ. ਭਾਗ ਦੂਸਰਾ ਦੀ ਵਿਦਿਆਰਥਣ ਗੁਲਮੋਹਰ ਕੌਰ ਨੇ ਧਾਰਮਿਕ ਕਵਿਤਾ ਪੇਸ਼ ਕੀਤੀ।ਗੁਰਮਤਿ ਸਮਾਗਮ ਦੀ ਸਮਾਪਤੀ ਤੋਂ ਬਾਅਦ ਕਾਲਜ ਦੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੱਕ ਗੁਰਮਤਿ ਚੇਤਨਾ ਮਾਰਚ ਦੌਰਾਨ ਵਾਹਿਗੁਰੂ ਦਾ ਜਾਪ ਅਤੇ ਬੋਲੇ ਸੋ ਨਿਹਾਲ ਦੇ ਜੈਕਾਰੇ ਲਗਾਉਂਦਿਆਂ ਬਹੁਤ ਹੀ ਸ਼ਰਧਾ ਭਾਵਨਾ ਨਾਲ ਹਿੱਸਾ ਲਿਆ।ਇਸ ਮੌਕੇ ਕਾਲਜ ਦੀ ਗਵਰਨਿੰਗ ਬਾਡੀ ਦੇ ਐਡੀਸ਼ਨਲ ਸਕੱਤਰ ਇੰਜੀਨੀਅਰ ਸੁਖਮਿੰਦਰ ਸਿੰਘ ਨੇ ਨੌਜਵਾਨ ਪੀੜ੍ਹੀ ਨੂੰ ਮਹਾਨ ਸ਼ਹੀਦਾਂ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੰਦਿਆਂ ਕਿਹਾ ਕਿ ਦੁਨੀਆ ਦੇ ਇਤਿਹਾਸ ਵਿੱਚ ਅਜਿਹੀ ਅਦੁੱਤੀ ਕੁਰਬਾਨੀ ਕਿਤੇ ਵੀ ਦੇਖਣ-ਸੁਣਨ ਨੂੰ ਨਹੀਂ ਮਿਲਦੀ। ਕਾਲਜ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਸ਼ਹੀਦਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਂਟ ਕਰਦਿਆਂ ਕਿਹਾ ਕਿ ਸਾਨੂੰ ਸਾਕਾ ਚਮਕੌਰ ਅਤੇ ਸਾਕਾ ਸਰਹਿੰਦ ਤੋਂ ਵਿਰਾਸਤੀ ਪ੍ਰੇਰਨਾ ਮਿਲਦੀ ਹੈ, ਜਿਸ ਦਾ ਉੱਤਮ ਸ੍ਰੋਤ ਗੁਰਬਾਣੀ ਹੈ। ਕਾਲਜ ਦੇ ਵਾਈਸ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਧੰਨਵਾਦ ਕਰਦਿਆਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਮਹਾਨ ਸ਼ਹੀਦਾਂ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਮਿਲਦੀ ਹੈ ਇਸ ਮੌਕੇ ਐਨ.ਐਸ.ਐਸ. ਅਫ਼ਸਰ ਪ੍ਰੋ. ਬੀਰਇੰਦਰ ਸਿੰਘ ਸਰਾਓ, ਪ੍ਰੋ. ਰਵਿੰਦਰ ਕੌਰ, ਪ੍ਰੋ. ਹਰਭਿੰਦਰ ਸਿੰਘ, ਐਨ.ਸੀ.ਸੀ. ਅਫ਼ਸਰ ਲੈਫਟੀਨੈਂਟ ਡਾ. ਪੁਸ਼ਪਿੰਦਰ ਸਿੰਘ, ਡਾ. ਜੁਝਾਰ ਸਿੰਘ, ਪ੍ਰੋ. ਹਰਬੀਰ ਕੌਰ, ਡਾ. ਹਰਗੁਣਪ੍ਰੀਤ ਸਿੰਘ ਅਤੇ ਹੋਰ ਸਟਾਫ਼ ਮੈਂਬਰਾਂ ਨੇ ਗੁਰਮਤਿ ਸਮਾਗਮ ਨੂੰ ਸਫ਼ਲ ਬਣਾਉਣ ਵਿੱਚ ਅਹਿਮ ਯੋਗਦਾਨ ਪਾਇਆ।

## ਸਾਹਿਬਜ਼ਾਦਿਆਂ ਦੀ ਯਾਦ 'ਚ ਧਾਰਮਿਕ ਸਮਾਗਮ



**ਸਮਰਾਲਾ (ਸੁਰਜੀਤ ਸਿੰਘ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੁਆਰਾ ਸੰਚਾਲਿਤ ਝਾੜ ਸਾਹਿਬ ਕਾਲਜ ਵਿੱਚ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਸਕੱਤਰ ਵਿੱਦਿਆ ਸੁਖਮਿੰਦਰ ਦੀ ਅਗਵਾਈ ਹੇਠ ਕਾਲਜ ਪ੍ਰਿੰਸੀਪਲ ਡਾ ਰਾਜਿੰਦਰ ਕੌਰ ਦੀ ਰਹਿਨੁਮਾਈ ਹੇਠ ਝਾੜ ਸਾਹਿਬ ਕਾਲਜ ਵਲੋਂ ਮਾਤਾ ਗੁਜਰ ਕੌਰ ਅਤੇ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਗੁਰਮਤਿ ਮਾਰਚ ਕੱਢਿਆ ਗਿਆ, ਜਿਸ ਵਿਚ ਝਾੜ ਸਾਹਿਬ ਕਾਲਜ ਦਾ ਸਟਾਫ ਅਤੇ ਵਿਦਿਆਰਥਣਾਂ ਵਲੋਂ ਜਪੁਜੀ ਸਾਹਿਬ ਅਤੇ ਚੌਪਈ ਸਾਹਿਬ ਦੇ ਪਾਠ ਕੀਤੇ ਗਏ। ਉਪਰੰਤ ਕਾਲਜ ਦੇ ਸੰਗੀਤ ਵਿਭਾਗ ਦੀ ਮੁਖੀ ਡਾ. ਅਮਨਪ੍ਰੀਤ ਕੌਰ ਕੰਗ ਅਤੇ ਵਿਦਿਆਰਥਣਾਂ ਵਲੋਂ ਇਲਾਹੀ ਬਾਣੀ ਦੇ ਕੀਰਤਨ ਕੀਤੇ ਗਏ। ਧਾਰਮਿਕ ਸਮਾਗਮ ਤੇ ਪਹੁੰਚੇ ਭਾਈ ਬਚਿੱਤਰ ਸਿੰਘ, ਧਰਮ ਪ੍ਰਚਾਰ ਕਮੇਟੀ ਨੇ ਮਾਤਾ ਗੁਜਰ ਕੌਰ ਅਤੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਾ ਬਿਆਨ ਬਹੁਤ ਭਾਵੁਕ ਢੰਗ ਨਾਲ ਕੀਤਾ । ਉਹਨਾਂ ਸਮੂਹ ਸੰਗਤ ਨੂੰ ਸ਼ਹੀਦੀ ਦਿਨਾਂ ਦੌਰਾਨ ਜਪੁਜੀ ਸਾਹਿਬ ਦੇ ਪਾਠ ਕਰਨ ਲਈ ਪ੍ਰੇਰਿਤ ਕੀਤਾ।ਪ੍ਰਿੰ ਡਾ ਰਾਜਿੰਦਰ ਕੌਰ ਨੇ ਵਿਦਿਆਰਥਣਾਂ ਨਾਲ ਵਿਚ ਸਾਂਝੇ ਕਰਦਿਆਂ ਗੁਰਬਾਣੀ ਅਤੇ ਗੁਰੂ ਇਤਿਹਾਸ ਨਾਲ ਸਾਂਝ ਪਾਉਣ ਲਈ ਕਿਹਾ।ਇਸ ਉਪਰੰਤ ਸਮੂਹ ਸਟਾਫ ਅਤੇ ਵਿਦਿਆਰਥਣਾਂ ਵਲੋਂ ਪਿੰਡ ਝਾੜ ਸਾਹਿਬ ਵਿਖੇ ਗੁਰਮਤਿ ਮਾਰਚ ਕੱਢਿਆ। ਜਿਸ ਦੌਰਾਨ ਵਿਦਿਆਰਥਣਾਂ ਨੇ ਗੁਰੂ ਗੋਬਿੰਦ ਸਿੰਘ ਜੀ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨਾਲ ਸਬੰਧਤ ਸਲੋਗਨ ਅਤੇ ਸ਼ਬਦ ਗਾਇਨ ਕੀਤਾ।ਇਹ ਚੇਤਨਾ ਮਾਰਚ ਨੇੜਲੇ ਇਲਾਕੇ ਵਿਚੋਂ ਗੁਜ਼ਰਦਾ ਹੋਇਆ ਗੁਰਦਵਾਰਾ ਸ੍ਰੀ ਝਾੜ ਸਾਹਿਬ ਪਹੁੰਚਿਆ। ਜਿੱਥੇ ਸਮੂਹ ਸੰਗਤ ਨੇ ਗੁਰੁਦਆਰਾ ਸਾਹਿਬ ਵਿਖੇ ਨਤਮਸਤਕ ਹੋਣ ਤੋਂ ਬਾਅਦ ਪ੍ਰਸਾਦਾ ਛਕਿਆ। ਇਸ ਮੌਕੇ ਭਾਰੀ ਗਿਣਤੀ ਵਿਚ ਇਲਾਕੇ ਦੇ ਪਤਵੰਤੇ ਹਾਜ਼ਰ ਰਹੇ।

# ਇਸਤਰੀ ਭਲਾਈ ਮੰਚ ਪੰਜਾਬ ਵੱਲੋਂ ਮਾਲੇਰਕੋਟਲਾ 'ਚ ਰੋਸ ਧਰਨਾ

**ਮਾਲੇਰਕੋਟਲਾ (ਨ ਜ਼ ਸ)**- ਇਸਤਰੀ ਭਲਾਈ ਮੰਚ, ਪੰਜਾਬ ਦੀ ਅਗਵਾਈ ਹੇਠ ਮਾਲੇਰਕੋਟਲਾ ਵਿੱਚ ਡੀ ਸੀ ਦਫ਼ਤਰ ਦੇ ਬਾਹਰ ਇਲਾਕੇ ਦੀਆਂ ਔਰਤਾਂ ਵਲੋਂ ਬਿਹਾਰ ਦੇ ਮੁੱਖ ਮੰਤਰੀ ਨਿਤਿਸ਼ ਕੁਮਾਰ ਵੱਲੋਂ ਇਕ ਲੜਕੀ ਦਾ ਨਕਾਬ ਖਿੱਚਣ ਜਿਹੀ ਭੱਦੀ ਹਰਕਤ ਕਰਨ ਖਿਲਾਫ ਉਸ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਦੀ ਮੰਗ ਨੂੰ ਲੈ ਕੇ ਇੱਕ ਰੋਸ ਧਰਨਾ ਦਿੱਤਾ ਗਿਆ। ਧਰਨੇ ਵਿੱਚ ਵੱਡੀ ਗਿਣਤੀ ਵਿੱਚ ਮਹਿਲਾਵਾਂ, ਸਮਾਜਿਕ ਕਾਰਕੁਨਾਂ ਅਤੇ ਵੱਖ-ਵੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਸ਼ਮੂਲੀਅਤ ਕਰਦਿਆਂ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ।ਇਸ ਮੌਕੇ ਇਸਤਰੀ ਭਲਾਈ ਮੰਚ, ਪੰਜਾਬ ਵੱਲੋਂ ਪਹਿਲਾਂ ਤਿਆਰ ਕੀਤੇ ਗਏ ਤਿੰਨੇ ਮੰਗ ਪੱਤਰ ਵੱਖ-ਵੱਖ ਅਧਿਕਾਰੀਆਂ ਨੂੰ ਸੌਂਪੇ ਗਏ। ਰਾਸ਼ਟਰਪਤੀ ਦੇ ਨਾਂ ਤਿਆਰ ਕੀਤਾ ਗਿਆ ਮੰਗ ਪੱਤਰ ਕਾਰਵਾਈ ਲਈ ਏ.ਡੀ.ਸੀ. ਮੈਡਮ ਮਨਦੀਪ ਕੌਰ ਨੂੰ ਸੌਂਪਿਆ ਗਿਆ, ਜਿਸ ਵਿੱਚ ਕੇਂਦਰੀ ਪੱਧਰ 'ਤੇ ਦਖ਼ਲ ਦੇ ਕੇ ਪੀੜਤਾ ਨੂੰ ਨਿਆਂ ਦਿਵਾਉਣ ਦੀ ਮੰਗ ਕੀਤੀ ਗਈ।ਇਸ ਧਰਨੇ ਦੌਰਾਨ ਐਫ.ਆਈ.ਆਰ. ਦਰਜ ਕਰਨ ਅਤੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਦੀ ਮੰਗ ਨੂੰ ਲੈ ਕੇ ਐਸ.ਐਸ.ਪੀ. ਮਾਲੇਰਕੋਟਲਾ ਦੇ ਨਾਂ ਦਾ ਮੰਗ ਪੱਤਰ ਡੀ.ਐਸ.ਪੀ.(ਡੀ) ਸਤੀਸ਼ ਕੁਮਾਰ ਨੂੰ ਸੌਂਪਿਆ ਗਿਆ। ਇਸੇ ਤਰ੍ਹਾਂ ਘੱਟ ਗਿਣਤੀ ਕਮਿਸ਼ਨ ਪੰਜਾਬ ਦੇ ਨਾਂ ਤਿਆਰ ਕੀਤਾ ਗਿਆ ਮੰਗ ਪੱਤਰ ਕਮਿਸ਼ਨ ਦੇ ਮੈਂਬਰ ਨਦੀਮ ਅਨਵਾਰ ਖਾਂ ਨੂੰ ਸੌਂਪਿਆ ਗਿਆ।ਧਰਨੇ ਦੌਰਾਨ ਸੰਵਿਧਾਨ ਬਚਾਓ ਸੰਘਰਸ਼ ਮੋਰਚਾ ਤੋਂ ਹਲਕਾ ਕੋਆਰਡੀਨੇਟਰ ਐਡਵੋਕੇਟ ਜ਼ਰਕਾ ਜਾਫ਼ਰੀ, ਪੰਜਾਬ ਸਟੂਡੈਂਟਸ ਯੂਨੀਅਨ ਤੋਂ ਕਮਲਦੀਪ ਕੌਰ, ਇਸਤਰੀ ਜਾਗ੍ਰਤੀ ਮੰਚ ਤੋਂ ਅਮਨਜੋਤ ਦਿਓਲ, ਜਮਾਅਤੇ ਇਸਲਾਮੀ (ਇਸਤਰੀ ਵਿੰਗ) ਤੋਂ ਮੈਮੂਨਾ ਰਾਊਫ਼, ਜੀਆਈਓ ਤੋਂ ਆਸਿਆ ਹਲੀਮ, ਸੀਆਈਓ ਤੋਂ ਜ਼ੋਇਆ ਨਾਜ਼, ਮਨਜੀਤ ਕੌਰ ਖਾਲਸਾ ਫਲੌਰੀ, ਮੈਡਮ ਸੁਖਦੀਪ ਕੌਰ ਅਤੇ ਅਨਮ ਨੇ ਆਪਣੇ ਵਿਚਾਰ ਪੇਸ਼ ਕਰਦੇ ਹੋਏ ਔਰਤਾਂ ਖ਼ਿਲਾਫ਼ ਹੋ ਰਹੇ ਅਨਿਆਇ 'ਤੇ ਗੰਭੀਰ ਚਿੰਤਾ ਜਤਾਈ। ਸਟੇਜ ਦੀ ਕਾਰਵਾਈ ਪ੍ਰੋਫੈਸਰ ਡਾਕਟਰ ਰੁਬੀਨਾ ਸ਼ਬਨਮ ਨੇ ਬਾਖੂਬੀ ਨਿਭਾਈ।ਉਥੇ ਹੀ ਸ਼ਹਿਰ ਦੀਆਂ ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਜਥੇਬੰਦੀਆਂ ਜਿਵੇਂ ਕਿ ਜਮੀਅਤ ਏ ਉਲੇਮਾ ਹਿੰਦ, ਜਮਾਅਤੇ ਇਸਲਾਮੀ ਹਿੰਦ, ਜੁਆਇੰਟ ਐਕਸ਼ਨ ਕਮੇਟੀ, ਅਲ ਕੁਰਆਨ ਸੁਸਾਇਟੀ, ਤਕਵਾ ਵੈਲਫੇਅਰ ਸੁਸਾਇਟੀ, ਨੈਸ਼ਨਲ ਵੈਲਫੇਅਰ ਮੂਵਮੈਂਟ, ਸਹਾਰਾ ਮੁਸਲਿਮ ਵੈਲਫੇਅਰ ਸੁਸਾਇਟੀ, ਆਲ ਇੰਡੀਆ ਸ਼ੀਆ ਪਰਸਨਲ ਲਾਅ ਬੋਰਡ ਅਤੇ ਡਾਕਟਰ ਅਬੁਲ ਕਲਾਮ ਆਜ਼ਾਦ ਫਾਊਂਡੇਸ਼ਨ ਵੱਲੋਂ ਪੂਰਨ ਸਹਿਯੋਗ ਦਿੱਤਾ ਗਿਆ।ਬੁਲਾਰਿਆਂ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਜੇਕਰ ਪ੍ਰਸ਼ਾਸਨ ਵੱਲੋਂ ਜਲਦੀ ਇਨਸਾਫ਼ ਨਹੀਂ ਦਿੱਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਨੂੰ ਹੋਰ ਵਿਸਤਾਰ ਦਿੱਤਾ ਜਾਵੇਗਾ।ਇਸ ਮੌਕੇ ਨੀਤਿਸ਼ ਕੁਮਾਰ ਮੁਰਦਾਬਾਦ ਅਤੇ ਹੋਰ ਕਈ ਤਰ੍ਹਾਂ ਦੇ ਨਾਅਰੇ ਵੀ ਲਾਏ ਗਏ।



# 'ਵਿਕਸਤ ਭਾਰਤ-ਜੀ ਰਾਮ ਜੀ ਬਿੱਲ' ਵਾਪਸ ਲਵੇ ਸਰਕਾਰ : ਡੀ ਐਮ ਐਫ਼

**ਦਿੜਬਾ (ਸਤਵੀਰ ਲਾਡੀ)** ਬਲਾਕ ਕਮੇਟੀ ਦਿੜਬਾ ਡੈਮੋਕ੍ਰੇਟਿਕ ਮਨਰੇਗਾ ਫਰੰਟ ਵੱਲੋਂ ਐਸ.ਡੀ.ਐਮ ਦੇ ਦਫਤਰ ਸਾਹਮਣੇ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਰਾਜ ਕੁਮਾਰ ਸਿੰਘ ਕਨਸੂਹਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਮਗਨਰੇਗਾ ਕਾਨੂੰਨ ਰੱਦ ਕਰਕੇ ਨਵੇਂ ਲਿਆਂਦੇ ਵਿਕਸਤ ਭਾਰਤ ਜੀ ਰਾਮ ਜੀ ਬਿੱਲ 2025 ਨੂੰ ਸਰਕਾਰ ਵਾਪਸ ਲਵੇ ਤੇ ਮੁੜ ਮਗਨਰੇਗਾ ਕਾਨੂੰਨ ਨੂੰ ਬਹਾਲ ਕਰੇ, ਕਿਉਂਕਿ ਇਹ ਕਿਰਤੀਆਂ ਦਾ ਬੁਨਿਆਦੀ ਹੱਕ ਖੋਹਣ ਵਾਲਾ ਅਤੇ ਦੇਸ਼ ਦੇ ਫੈਡਰਲ ਢਾਂਚੇ ਨੂੰ ਕਮਜ਼ੋਰ ਕਰਨ ਵਾਲਾ ਹੈ। ਉਨ੍ਹਾਂ ਕਿਹਾ ਕਿ ਪਹਿਲਾਂ ਇਹ ਮੰਗ ਅਧਾਰਤ ਕਾਨੂੰਨ ਸੀ, ਹੁਣ ਇਸ ਨੂੰ ਸਪਲਾਈ ਅਧਾਰਤ ਬਣਾ ਕੇ ਕੇਂਦਰ ਸਰਕਾਰ ਦੇ ਰਹਿਮ ਕਰਮ 'ਤੇ ਕਰ ਦਿੱਤਾ ਹੈ। ਮਨਰੇਗਾ ਵਰਕਰਾਂ ਨੂੰ ਸੰਬੋਧਨ ਕਰਦਿਆਂ ਫਰੰਟ ਦੀ ਹਮਾਇਤ 'ਤੇ ਆਏ ਇਨਟਰਨੈਸ਼ਨਲਿਸਟ ਡੈਮੋਕ੍ਰੇਟਿਕ ਪਲੇਟਫਾਰਮ ਕੌਮੀ ਪ੍ਰਧਾਨ ਕਰਨੈਲ ਸਿੰਘ ਜਖੇਪਲ ਤੇ ਤਰਲੋਚਨ ਸਿੰਘ ਸੂਲਰ ਘਰਾਟ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਪਾਰਲੀਮੈਂਟ ਵਿੱਚ ਮਨਰੇਗਾ ਕਾਨੂੰਨ ਖ਼ਤਮ ਕਰਕੇ ਦੇਸ਼ ਦੇ ਹੇਠਲੇ ਵਰਗ ਦਾ ਸੰਵਿਧਾਨਕ ਹੱਕ ਖੋਹ ਲਿਆ ਹੈ। ਨਵੇਂ ਲਿਆਂਦੇ ਕਾਨੂੰਨ



ਵਿਕਸਤ ਭਾਰਤ ਜੀ ਰਾਮ ਜੀ ਨੂੰ ਲਿਆ ਕੇ ਸੂਬਿਆਂ ਦਾ ਹੱਕ ਮਾਰਿਆ ਹੈ।ਉਨ੍ਹਾਂ ਕਿਹਾ ਪੰਜਾਬ ਵਰਗਾ ਸੂਬਾ ਜੋ ਜੀ ਐਸ ਟੀ ਤੇ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਪਹਿਲਾਂ ਹੀ ਕਰਜ਼ੇ ਵਿੱਚ ਡੁੱਬਿਆ ਹੋਇਆ ਹੈ, ਉਹ 40 ਫ਼ੀਸਦੀ ਪੈਸਾ ਕਿਵੇਂ ਪਾ ਸਕਦਾ ਹੈ ਕਿਉਂਕਿ ਪਹਿਲਾਂ ਕੇਂਦਰ 90 ਫ਼ੀਸਦੀ ਹਿੱਸਾ ਤੇ ਸੂਬਾ 10 ਫੀਸਦੀ ਹਿੱਸਾ ਪਾਉਂਦਾ ਸੀ।ਹੁਣ ਉਹ ਰੇਸ਼ੋ 60:40 ਕਰ ਦਿੱਤੀ ਹੈ।ਦੂਜਾ ਜੋ ਮਟੀਰੀਅਲ ਕਾਸਟ 'ਚੋਂ ਪਿੰਡਾਂ ਦੇ ਵਿਕਾਸ ਲਈ ਪੈਸਾ ਆਉਂਦਾ ਸੀ, ਉਹ ਨਾ ਆਉਣ ਕਰਕੇ ਪਿੰਡਾਂ ਦੇ ਵਿਕਾਸ ਕਾਰਜ ਵੀ ਪ੍ਰਭਾਵਤ ਹੋਣਗੇ, ਇਸ ਲਈ ਇਹ ਫੈਸਲਾ ਸਭ ਨਾਲ ਸਬੰਧਤ ਹੈ, ਜਦੋਂਕਿ ਮਨਰੇਗਾ ਕਾਨੂੰਨ ਦੀ ਅਸਲ ਭਾਵਨਾ ਤਹਿਤ ਪਹਿਲਾਂ ਵੀ ਰਾਜ ਨੂੰ ਪੰਜਾਬ ਵਿੱਚ ਕਿਸੇ ਵੀ ਸਰਕਾਰ ਵੱਲੋਂ ਲਾਗੂ ਨਹੀਂ ਕੀਤਾ ਗਿਆ।125 ਦਿਨ ਕਰਕੇ ਇਸ ਦੇ ਵਿਰੋਧ ਨੂੰ ਮੋਠਾ ਕਰਨ ਦੀ ਕੋਸ਼ਿਸ਼ ਹੈ, ਜਦੋਂਕਿ ਪਹਿਲਾਂ ਹੀ ਦੇਸ਼ ਵਿੱਚ ਔਸਤ 50 ਦਿਨ, ਪੰਜਾਬ ਵਿੱਚ ਔਸਤ 38 ਦਿਨ ਤੋਂ ਵੱਧ ਕੰਮ ਨਹੀਂ ਦਿੱਤਾ ਗਿਆ, ਇਸ ਸਾਲ ਵਿੱਚ ਹੁਣ ਤੱਕ ਔਸਤ 26 ਦਿਨ ਹੀ ਕੰਮ ਦਿੱਤਾ ਹੈ। ਕੇਂਦਰ ਸਰਕਾਰ ਦਾ ਇਹ ਫੈਸਲਾ ਗਰੀਬਾਂ ਦੇ ਚੁੱਲਿਆਂ ਦੀ ਅੱਗ ਬੁਝਾਉਣ ਵਾਲਾ ਹੈ।ਇਸ ਲਈ ਅੱਜ ਹਰ ਇੱਕ ਨੂੰ ਇਹ ਕਾਨੂੰਨ ਵਾਪਸ ਕਰਾਉਣ ਦੀ ਜੱਦੋ ਜਹਿਦ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ।

# 25 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਥਾਣਾ ਮੱਲਾਂਵਾਲਾ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇਕ ਵਿਅਕਤੀ ਨੂੰ 25 ਬੋਤਲਾਂ ਨਜਾਇਜ਼ ਸ਼ਰਾਬ ਸਮੇਤ ਗ੍ਰਿਫ਼ਤਾਰ ਕਰਕੇ ਉਸ ਖਿਲਾਫ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਸਤਿੰਦਰਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਦੌਰਾਨ ਰਵਾਨਾ ਸੀ ਤਾਂ ਇਸ ਦੌਰਾਨ ਖਾਸ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਗੁਰਮੇਜ ਸਿੰਘ ਉਰਫ ਗੇਜੂ ਪੁੱਤਰ ਦਰਸ਼ਨ ਸਿੰਘ ਵਾਸੀ ਬਸਤੀ ਚੰਦੇ ਵਾਲੀ ਨਜਾਇਜ਼ ਸ਼ਰਾਬ ਵੇਚਣ ਦਾ ਆਦੀ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਦੇ ਘਰ ਵਿਚ ਛਾਪੇਮਾਰੀ ਕਰਕੇ ਉਸ ਕੋਲੋਂ 25 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕੀਤੀ। ਪੁਲਿਸ ਨੇ ਉਕਤ ਦੋਸ਼ੀ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

# ਗੁਰੂ ਗੋਬਿੰਦ ਸਿੰਘ ਜੀ ਦਾ ਜੀਵਨ ਸਾਹਸ ਤੇ ਨੈਤਿਕਤਾ ਦਾ ਮਾਡਲ : ਡਾ. ਪ੍ਰਿਤਪਾਲ ਸਿੰਘ

**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੀ ਐਨ.ਐਸ.ਐਸ. ਇਕਾਈ ਵੱਲੋਂ ਪਿੰਡ ਧੀਰਪੁਰ ਵਿੱਚ ਗੁਰੂ ਗੋਬਿੰਦ ਸਿੰਘ ਜੀ ਤੋਂ ਸਿੱਖਣਯੋਗ ਨੇਤ੍ਰਿਤਵ ਗੁਣ ਨਿਰਭਉ, ਨਿਰਵੈਰ ਤੇ ਸਿੱਖ ਚਰਿੱਤਰ ਵਿਸ਼ੇ 'ਤੇ ਇਕ ਪ੍ਰੇਰਣਾਦਾਇਕ ਤੇ ਬੌਧਿਕ ਤੌਰ 'ਤੇ ਸਮ੍ਰਿਧ ਕਾਰਜਕ੍ਰਮ ਦਾ ਆਯੋਜਨ ਕੀਤਾ ਗਿਆ।ਇਹ ਉਪਰਾਲਾ ਯੂਨੀਵਰਸਿਟੀ ਦੀ ਨੌਜਵਾਨਾਂ 'ਚ ਮੁੱਲ-ਆਧਾਰਤ ਨੇਤ੍ਰਿਤਵ ਵਿਕਸਤ ਕਰਨ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਕਾਰਜਕ੍ਰਮ ਦੇ ਮੁੱਖ ਵਕਤਾ ਪ੍ਰਸਿੱਧ ਸਿੱਖ ਵਿਦਵਾਨ ਸੇਵਕ ਸਿੰਘ ਰਹੇ, ਜਿਨ੍ਹਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਤੋਂ ਪ੍ਰੇਰਿਤ ਅਟੱਲ ਨੇਤ੍ਰਿਤਵ ਆਦਰਸ਼ਾਂ 'ਤੇ ਵਿਸਥਾਰ ਨਾਲ ਪ੍ਰਕਾਸ਼ ਪਾਇਆ।ਉਨ੍ਹਾਂ ਨੇ ਨਿਰਭਉ ਅਤੇ ਨਿਰਵੈਰ ਦੇ ਅਰਥਾਂ ਨੂੰ ਸਮਝਾਉਂਦਿਆਂ ਦੱਸਿਆ ਕਿ ਇਹ ਗੁਣ ਸਿੱਖ ਚਰਿੱਤਰ ਦੀ ਮੂਲ ਨੀਂਹ ਹਨ ਤੇ ਆਧੁਨਿਕ ਸਮਾਜਿਕ ਤੇ ਨੈਤਿਕ ਜੀਵਨ ਵਿੱਚ ਵੀ ਉਨ੍ਹਾਂ ਦੀ ਮਹੱਤਤਾ ਅਟੱਲ ਹੈ। ਸੰਦੇਸ਼ ਦਿੰਦਿਆਂ



ਪ੍ਰੋ. (ਡਾ.) ਪ੍ਰਿਤਪਾਲ ਸਿੰਘ ਉਪ ਕੁਲਪਤੀ ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਦਾ ਜੀਵਨ ਸਾਹਸ, ਨੈਤਿਕਤਾ ਤੇ ਆਤਮਿਕ ਨੇਤ੍ਰਿਤਵ ਦਾ ਅਜਿਹਾ ਮਾਡਲ ਪੇਸ਼ ਕਰਦਾ ਹੈ।ਉਨ੍ਹਾਂ ਨੇ ਜ਼ੋਰ ਦਿੱਤਾ ਕਿ ਸਿੱਖਿਆ ਸੰਸਥਾਵਾਂ ਲਈ ਇਹ ਲਾਜ਼ਮੀ ਹੈ ਕਿ ਅਜਿਹੇ ਮੁੱਲਾਂ ਨੂੰ ਸਿੱਖਿਆ ਪ੍ਰਣਾਲੀ ਦਾ ਅਟੁੱਟ ਹਿੱਸਾ ਬਣਾਇਆ ਜਾਵੇ ਤਾਂ ਜੁ ਸਮਾਜਕ ਤੌਰ 'ਤੇ ਸੰਵੇਦਨਸ਼ੀਲ ਅਤੇ ਨੈਤਿਕ ਤੌਰ 'ਤੇ ਮਜਬੂਤ ਨੇਤਾ ਤਿਆਰ ਹੋ ਸਕਣ।ਡਾ. ਹਰਨੀਤ ਬਿਲਿੰਗ, ਪ੍ਰੋਗਰਾਮ ਕੋਆਰਡੀਨੇਟਰ, ਐਨ.ਐਸ.ਐਸ ਨੇ ਕਿਹਾ ਕਿ ਇਸ ਕਾਰਜਕ੍ਰਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਦਇਆ, ਨਿਆਂ ਤੇ ਨਿਸ਼ਕਾਮ ਸੇਵਾ 'ਤੇ ਆਧਾਰਿਤ ਨੇਤ੍ਰਿਤਵ ਅਪਣਾਉਣ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਦੱਸਿਆ ਕਿ ਐਨ.ਐਸ.ਐਸ. ਸਮਾਜਿਕ ਸੇਵਾ ਅਤੇ ਨੈਤਿਕ ਸਿੱਖਿਆ ਦੇ ਮਿਲਾਪ ਰਾਹੀਂ ਜ਼ਿੰਮੇਵਾਰ ਨਾਗਰਿਕ ਤਿਆਰ ਕਰਨ ਲਈ ਨਿਰੰਤਰ ਯਤਨਸ਼ੀਲ ਹੈ। ਡਾ. ਸਿਕੰਦਰ ਸਿੰਘ, ਡੀਨ, ਵਿਦਿਆਰਥੀ ਭਲਾਈ ਨੇ ਐਨ.ਐਸ.ਐਸ. ਇਕਾਈ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨਿਰਭਉ ਤੇ ਨਿਰਵੈਰ ਦੇ ਅਸੂਲਾਂ 'ਤੇ ਆਧਾਰਤ ਨੈਤਿਕ ਵਿਦਿਆਰਥੀਆਂ ਨੂੰ ਆਤਮ ਵਿਸ਼ਵਾਸ, ਨਿਮਰਤਾ ਤੇ ਸਮਾਜਿਕ ਜ਼ਿੰਮੇਵਾਰੀ ਨਾਲ ਕਾਰਜ ਕਰਨ ਯੋਗ ਬਣਾਉਂਦਾ ਹੈ। ਡਾ. ਮੋਨਿਕਾ ਤੇ ਡਾ. ਸਤਪ੍ਰੀਤ ਸਿੰਘ, ਪ੍ਰੋਗ੍ਰਾਮ ਅਫਸਰ, ਐਨ.ਐਸ.ਐਸ ਵੀ ਮੌਜੂਦ ਰਹੇ, ਜਿਨ੍ਹਾਂ ਨੇ ਵਿਦਿਆਰਥੀਆਂ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਉਪਦੇਸ਼ਾਂ ਨੂੰ ਅਨੁਸ਼ਾਸਤ ਜੀਵਨ ਅਤੇ ਨਿਸ਼ਕਾਮ ਸੇਵਾ ਰਾਹੀਂ ਅਪਣਾਉਣ ਲਈ ਪ੍ਰੇਰਿਤ ਕੀਤਾ।ਪਿੰਡ ਦੇ ਸਰਪੰਚ ਨੇ ਯੂਨੀਵਰਸਿਟੀ ਵੱਲੋਂ ਪਿੰਡ ਪੱਧਰ 'ਤੇ ਕਰਾਏ ਗਏ ਇਸ ਅਰਥਪੂਰਨ ਅਤੇ ਮੁੱਲ-ਕੇਂਦਰਿਤ ਕਾਰਜਕ੍ਰਮ ਦੀ ਸਰਾਹਨਾ ਕੀਤੀ ਤੇ ਆਸ ਪ੍ਰਗਟਾਈ ਕਿ ਅਜਿਹੇ ਉਪਰਾਲੇ ਭਵਿੱਖ ਵਿੱਚ ਵੀ ਸਮੁਦਾਇਕ-ਸੰਸਥਾਗਤ ਸਾਂਝ ਨੂੰ ਮਜ਼ਬੂਤ ਕਰਨਗੇ।

# ਮਨਰੇਗਾ ਐਕਟ 'ਚ ਕੀਤੀਆਂ ਮਜ਼ਦੂਰ ਮਾਰੂ ਸੋਧਾਂ ਬਰਦਾਸ਼ਤ ਨਹੀਂ ਕਰਾਂਗੇ : ਮਜ਼ਦੂਰ ਮੁਕਤੀ ਮੋਰਚਾ ਪੰਜਾਬ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)** ਮਨਰੇਗਾ ਐਕਟ ਦਾ ਮਹਿਜ਼ ਨਾਂਅ ਬਦਲ ਕੇ ਜੀ ਜੀ ਰਾਮ ਜੀ ਨਹੀਂ ਕੀਤਾ ਗਿਆ, ਬਲਕਿ ਮਜ਼ਦੂਰਾਂ ਤੋਂ ਰੁਜ਼ਗਾਰ ਦਾ ਹੱਕ ਵੀ ਖੋਹ ਲਿਆ ਗਿਆ ਹੈ। ਨਵੇਂ ਕਾਨੂੰਨ ਤਹਿਤ ਮਨਰੇਗਾ ਮਜ਼ਦੂਰਾਂ ਦੇ ਫੰਡ 'ਚ ਕਟੌਤੀ ਕਰਕੇ 90 ਫੀਸਦੀ ਦੀ ਬਜਾਏ ਕੇਂਦਰ ਸਰਕਾਰ ਵੱਲੋਂ ਮਹਿਜ਼ 60 ਫੀਸਦੀ ਫੰਡ ਹੀ ਜਾਰੀ ਕੀਤਾ ਜਾਵੇਗਾ, ਜਿਸ ਦੇ ਫਲਸਰੂਪ ਮਨਰੇਗਾ ਦਾ ਕੰਮ 100 ਦੀ ਬਜਾਇ 125 ਦਿਨ ਕੀਤਾ ਜਾਵੇਗਾ, ਇਕ ਛਲਾਵੇ ਤੋਂ ਵੱਧ ਕੁੱਝ ਵੀ ਨਹੀਂ ਹੈ।ਨਵੇਂ ਐਕਟ ਤਹਿਤ ਆਉਣ ਵਾਲੇ ਸਮੇਂ 'ਚ ਕੰਮ ਦੇ ਘੰਟੇ ਅੱਠ ਦੀ ਬਜਾਏ 12 ਘੰਟੇ ਕੀਤੇ ਜਾਣ ਦਾ ਵੀ ਰਾਹ ਪੱਧਰਾ ਕਰ ਦਿੱਤਾ ਗਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਲਿਬਰੇਸ਼ਨ ਦੇ ਸੱਦੇ 'ਤੇ ਪਿੰਡ ਠੀਕਰੀਵਾਲਾ ਵਿਖੇ ਕੀਤੇ ਜਾ ਰਹੇ ਅਰਥੀ ਫੂਕ ਮੁਜ਼ਾਹਰੇ ਮੌਕੇ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਜ਼ਿਲ੍ਹਾ ਆਗੂ ਕਰਨੈਲ ਸਿੰਘ ਠੀਕਰੀਵਾਲਾ ਅਤੇ ਸੀ ਪੀ ਆਈ (ਐਮ ਐਲ) ਲਿਬਰੇਸ਼ਨ ਦੇ ਕਾਰਕਰਤਾ ਜ਼ਿਲ੍ਹਾ ਸਕੱਤਰ ਗੁਰਨਾਮ ਸਿੰਘ ਹਿੰਮਤਪੁਰਾ ਨੇ ਸੰਬੋਧਨ ਕਰਦਿਆਂ ਕੀਤਾ। ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਜੀ ਰਾਮ ਜੀ ਐਕਟ ਤਹਿਤ



ਪਹਿਲਾਂ ਬਣੇ ਮਨਰੇਗਾ ਐਕਟ ਦੀ ਮੂਲ ਭਾਵਨਾ ਤੇ ਹਮਲਾ ਕਰਕੇ ਇੱਕ ਤਰ੍ਹਾਂ ਕਰਕੇ ਮਜ਼ਦੂਰਾਂ ਦੇ ਹੱਕਾਂ ਦੀ ਹੱਤਿਆ ਕਰ ਦਿੱਤੀ ਹੈ।ਮਜ਼ਦੂਰ ਆਗੂਆਂ ਨੇ ਕਿਹਾ ਮਨਰੇਗਾ ਐਕਟ ਤਹਿਤ 200 ਦਿਨ ਕੰਮ, 1000 ਰੁਪਏ ਦਿਹਾੜੀ ਤੇ 6 ਘੰਟੇ ਕੰਮ ਦਿਹਾੜੀ ਲਈ ਵਿਸ਼ਾਲ ਜਨਤਕ ਅੰਦੋਲਨ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਜਿੱਥੇ ਮਜ਼ਦੂਰਾਂ ਦੀ ਰੁਜ਼ਗਾਰ ਗਰੰਟੀ ਦਾ ਐਕਟ ਖ਼ਤਮ ਕਰ ਰਹੀ ਹੈ, ਉਥੇ ਅਰਾਵਲੀ ਪਰਬਤ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਕੇ ਪਹਾੜਾਂ, ਜੰਗਲਾਂ, ਜਲ ਅਤੇ ਜ਼ਮੀਨਾਂ 'ਤੇ ਹਮਲਾ ਕਰ ਰਹੀ ਹੈ। ਮਜ਼ਦੂਰ ਆਗੂਆਂ ਨੇ ਦੱਸਿਆ ਕਿ ਕੇਂਦਰ ਸਰਕਾਰ ਦੀਆਂ ਮਾਰੂ ਨੀਤੀਆਂ ਵਿਰੁੱਧ ਸਾਂਝੇ ਮਜ਼ਦੂਰ ਮੋਰਚੇ ਦੇ ਫੈਸਲੇ ਮੁਤਾਬਿਕ ਪੰਜਾਬ ਭਰ ਵਿੱਚ ਮਜ਼ਦੂਰ ਸੰਘਰਸ਼ ਤੇਜ਼ ਕੀਤਾ ਜਾਵੇਗਾ।

# ਫ਼ਤਿਹਗੜ੍ਹ ਸਾਹਿਬ ਨਤਮਸਤਕ ਹੋਣ ਲਈ ਕਾਂਗਰਸ ਦਾ ਵੱਡਾ ਕਾਫਲਾ ਰਵਾਨਾ

**ਦੋਰਾਹਾ (ਜਗਦੀਪ ਸੋਨੂ)** - ਹਰ ਸਾਲ ਦੀ ਤਰ੍ਹਾਂ ਸਰਬੰਸ ਦਾਨੀ ਗੁਰੂ ਗੋਬਿੰਦ ਸਿੰਘ ਜੀ ਦੇ ਪੁੱਤਰਾਂ ਦੇ ਸ਼ਹੀਦੀ ਦਿਹਾੜੇ 'ਤੇ ਉਨ੍ਹਾਂ ਨੂੰ ਨਤਮਸਤਕ ਹੋਣ ਲਈ ਕਾਂਗਰਸ ਪਾਰਟੀ ਦਾ ਵੱਡਾ ਕਾਫ਼ਲਾ ਸਾਬਕਾ ਮੰਤਰੀ ਤੇਜ ਪ੍ਰਕਾਸ਼ ਸਿੰਘ ਕੋਟਲੀ ਅਤੇ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਪਾਇਲ ਦੀ ਅਗਵਾਈ ਹੇਠ ਪੈਦਲ ਯਾਤਰਾ ਰਾਹੀਂ ਫਤਿਹਗੜ੍ਹ ਸਾਹਿਬ ਵਿਖੇ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ 'ਤੇ ਸ਼ਰਧਾ ਅਤੇ ਸਤਿਕਾਰ ਨਾਲ ਗੁਰੂ ਘਰ ਨਤਮਸਤਕ ਹੋਣ ਲਈ



ਰਵਾਨਾ ਹੋਇਆ। ਇਸ ਮੌਕੇ ਪੈਦਲ ਯਾਤਰਾ ਵਿੱਚ ਹਰ ਸਾਲ ਜਾਣ ਵਾਲੇ ਬਲਾਕ ਕਾਂਗਰਸ ਮਲੌਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਸਰਬੰਸ ਦਾਨੀ ਗੁਰੂ ਗੋਬਿੰਦ ਸਿੰਘ ਜੀ ਨੇ ਖ਼ਾਲਸਾ ਪੰਥ ਦੀ ਚੜ੍ਹਦੀ ਕਲਾ ਲਈ ਆਪਣਾ ਪਰਿਵਾਰ ਵਾਰਿਆ ਅਤੇ ਗੁਰੂ ਦਾ ਭਾਣਾ ਮਿੱਠਾ ਕਰਕੇ ਮੰਨਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ ਤਾਰੀ ਗਿਆਨਪੁਰਾ ਸਰਦਾਰਾਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਕਮਲਜੀਤ ਸਿੰਘ ਸਿਆੜ ਸਾਬਕਾ ਚੇਅਰਮੈਨ, ਗੁਰਵਿੰਦਰ ਸਿੰਘ ਟੀਨੂੰ ਜ਼ਿਲ੍ਹਾ ਪ੍ਰੀਸ਼ਦ ਮੈਂਬਰ, ਜਤਿੰਦਰ ਸਿੰਘ ਚੀਮਾ ਚੇਅਰਮੈਨ ਕਿਸਾਨ ਸੈਲ, ਬਿੱਟੂ ਘੁਡਾਣੀ, ਗੁਰਮੁੱਖ ਸਿੰਘ ਗੋਮੀ ਸਿਆੜ ਮੈਂਬਰ ਬਲਾਕ ਸੰਮਤੀ, ਨਿਰਭੈ ਸਿੰਘ ਗਿੱਲ ਬੇਰਕਲਾਂ, ਤਰਲੋਕ ਸਿੰਘ ਚੱਕ, ਸੋਨੀ ਟਿੱਬਾ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

# ਵਿਦਿਆਰਥੀ ਚੇਤਨਾ ਪ੍ਰੀਖਿਆ ਦੇ ਨਤੀਜੇ ਦਾ ਐਲਾਨ

I, Suman Abrol w/o Mohan Krishan Abrol R/o Factory Area, Kapurthala, have lost the original Ownership Transfer Deed No. 656 dated 01.06.2017 regarding property situated at Plot No. 7, Wadala Kalan, Tehsil & District Kapurthala, transferred by Manmohan Singh S/o Pritpal Singh S/o Shobha Singh in favor of Gurmehar Singh S/o Manmohan Singh S/o Pritpal Singh. If any person found or objection then contact me within 15 days (M): 9357200700

## COURT NOTICE

(U/o 5 Rule 20 CPC)
In The Court of Ms. Rajni Chhokra
Addl.District and Sessions Judge-V, Jalandhar
CNR No. PBJL01-005377-2025 Next Date:- 21-01-2026
1) Nirvair Singh
(S/O Avtar Singh R/O G.T. Road Goraya, Tehsil Phillaur, District Jalandhar)
(Appellants/Defendants)
Vs.
1) Bahadur Singh Mahal
(S/o Malkiat Singh R/o Village Mahal, Tehsil Phillaur, District Jalandhar Through Lrs)
(Respondents/Plaintiffs) Publication Issued To:

1 (A) Rashpal Kaur Mahal W/o Bahadur Singh Mahal 1 (B) Gurminder Singh Mahal S/o Bahadur Singh Mahal 1 (C) Davinder Singh Mahal D/o Bahadur Singh Mahal, All R/o Village Mahal, Tehsil Phillaur, District Jalandhar. (Legal Heirs of Bahadur Singh Mahal S/o Malkiat Singh) (Respondent/Plaintiffs)

3) Harjap Singh Alias Harman Singh S/o Gian Singh, 4) Sukhwinder Singh S/o Gian Singh, 5) Harpreet Singh S/o Gian Singh, 7) Charan Kaur Alias Charanjit Kaur D/o Gian Singh, 8) Asempreet Kaur D/O Avtar Singh, 9) Mohinder Singh S/O Naranjan Singh, 10) Kulwant Singh S/o Joginder Singh 11) Baldev Singh S/o Joginder Singh 12) Sumit Singh S/o Joginder Singh 13) Harpal Singh S/o Rattan Singh 14) Darbara Singh S/o Rattan Singh 15) Jaswinder Kaur Wd/o Hari Singh 16) Jasmin Kaur D/o Hari Singh, 17) Gurpreet Kaur D/o Hari Singh. All R/o G.T. Road Goraya, Tehsil Phillaur, District Jalandhar. (Respondent/Defendants)

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 21-01-2026 at 10:00 a.m.

For details logon to https://highcourtchd.gov.in/?mod=district_notice&district=Jalandhar

Dated, this day of 16-12-2025 Addl. District and Sessions Judge-V, Jalandhar

## ਸਨਮੁੱਖ ਸੁਖਜੀਤ ਸਿੰਘ ਜੌਲੀ ਐਡਵੋਕੇਟ ਦੇ ਸਾਲਸੀ ਟ੍ਰਿਬਿਊਨਲ/ਇਕਮਾਤਰ ਸਾਲਸੀ, ਜਲੰਧਰ

ਕੈਪੀਟਲ ਸਮਾਲ ਫਾਈਨਾਂਸ ਬੈਂਕ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਇਕ ਕਾਰਪੋਰੇਟ ਅਦਾਰਾ ਜਿਸ ਦਾ ਮੁੱਖ ਦਫਤਰ 37, ਮਿਡਾਸ ਕਾਰਪੋਰੇਟ ਪਾਰਕ, ਜੀ ਟੀ ਰੋਡ ਜਲੰਧਰ ਵਿਖੇ ਹੈ ਅਤੇ ਇਸ ਦੀਆਂ ਹੋਰ ਸ਼ਾਖਾਵਾਂ ਵਿੱਚ ਇੱਕ ਸ਼ਾਖਾ ਦਫਤਰ ਸੁਲਤਾਨਪੁਰ ਲੋਧੀ ਵਿਖੇ ਹੈ, ਵਿਧੀਗਤ ਗਠਿਤ ਅਟਾਰਨੀ ਰਾਹੀਂ। ਬਿਨੈਕਾਰ

ਬਨਾਮ

1. ਸ਼੍ਰੀਮਤੀ ਸੁਖਵਿੰਦਰ ਕੌਰ ਪਤਨੀ ਸ਼੍ਰੀ ਅਵਤਾਰ ਸਿੰਘ
2. ਸ਼੍ਰੀ ਲਵਪ੍ਰੀਤ ਸਿੰਘ ਪੁੱਤਰ ਸ਼੍ਰੀ ਅਵਤਾਰ ਸਿੰਘ (ਕਾਨੂੰਨੀ ਵਾਰਸ ਮ੍ਰਿਤਕ ਸ਼੍ਰੀ ਅਵਤਾਰ ਸਿੰਘ ਦੇ)
3. ਸ਼੍ਰੀਮਤੀ ਪ੍ਰਭਜੋਤ ਕੌਰ ਪੁੱਤਰੀ ਸ਼੍ਰੀ ਅਵਤਾਰ ਸਿੰਘ (ਕਾਨੂੰਨੀ ਵਾਰਸ ਮ੍ਰਿਤਕ ਸ਼੍ਰੀ ਅਵਤਾਰ ਸਿੰਘ ਦੇ)। ਸਾਰੇ ਵਾਸੀ ਪਿੰਡ ਗੋਪੀਪੁਰ, ਤਹਿਸੀਲ ਅਤੇ ਜ਼ਿਲ੍ਹਾ ਕਪੂਰਥਲਾ
4. ਸ਼੍ਰੀ ਤਰਸੇਮ ਸਿੰਘ ਪੁੱਤਰ ਠਾਕੁਰ ਸਿੰਘ ਵਾਸੀ ਪਿੰਡ ਰਾਮੇ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ।

ਜਵਾਬਦੇਹ

ਉਕਤ ਦੱਸੀਆਂ ਪਾਰਟੀਆਂ ਵਿਚਾਲੇ ਵਿਵਾਦ ਦੇ ਚੱਲਦਿਆਂ ਜਵਾਬਦੇਹਾਂ ਨੂੰ ਰਜਿਸਟਰਡ ਕਵਰ 'ਚ ਨੋਟਿਸ ਭੇਜੇ ਗਏ ਸਨ। ਜਵਾਬਦੇਹਾਂ 1 ਤੋਂ 4 ਨੂੰ ਭੇਜੇ ਨੋਟਿਸ ਪਹਿਲੀ ਵਾਰ ਟਰੈਕ ਰਿਪੋਰਟ ਅਨੁਸਾਰ ਡਲਿਵਰ ਹੋ ਗਏ ਸਨ। ਜਵਾਬਦੇਹਾਂ ਨੂੰ ਭੇਜਿਆ ਦੂਜਾ ਨੋਟਿਸ ਦੂਸਰੀ ਵਾਰ ਪ੍ਰਾਪਤ ਨਹੀਂ ਕੀਤਾ ਗਿਆ, ਜਿਸ ਤੋਂ ਸਪੱਸ਼ਟ ਪਤਾ ਲੱਗਦਾ ਹੈ ਕਿ ਜਵਾਬਦੇਹਾਂ ਨੂੰ ਪ੍ਰਕ੍ਰਿਆ ਬਾਰੇ ਜਾਣਕਾਰੀ ਹੈ ਤੇ ਉਹ ਜਾਣਬੁੱਝ ਕੇ ਟ੍ਰਿਬਿਊਨਲ ਸਾਹਮਣੇ ਪੇਸ਼ ਨਹੀਂ ਹੋਏ। ਬੇਸ਼ੱਕ ਸਾਰੇ ਜਵਾਬਦੇਹਾਂ ਨੂੰ ਇਕ ਹੋਰ ਮੌਕਾ ਦੇਣ ਲਈ ਇਹ ਹੁਕਮ ਦਿੱਤਾ ਜਾਂਦਾ ਹੈ ਕਿ ਉਨ੍ਹਾਂ ਨੂੰ ਵਿਵਾਦ ਦੇ ਮਾਮਲੇ 'ਚ ਆਪਣੇ ਦਾਅਵੇ ਅਤੇ ਇਤਰਾਜ਼ ਪੇਸ਼ ਕਰਨ ਲਈ ਅਖਬਾਰ 'ਚ ਪ੍ਰਕਾਸ਼ਨਾ ਰਾਹੀਂ ਸੂਚਿਤ ਕੀਤਾ ਜਾਵੇ। ਤੁਹਾਨੂੰ ਜਵਾਬਦੇਹਾਂ ਨੂੰ ਆਪਣੇ ਇਤਰਾਜ਼ ਅਤੇ ਦਾਅਵੇ, ਜੇਕਰ ਕੋਈ ਹਨ ਤਾਂ ਦਾਖਲ ਕਰਨ ਲਈ 23.01.2026 ਨੂੰ ਦੁਪਹਿਰ 1.00 ਵਜੇ ਖੁਦ ਜਾਂ ਆਪਣੇ ਪ੍ਰਤੀਨਿਧ ਜਾਂ ਵਕੀਲ ਰਾਹੀਂ ਸਾਲਸ ਸਨਮੁੱਖ ਚੈਂਬਰ ਨੰਬਰ 113, ਨਵੀਆਂ ਕਚਹਿਰੀਆਂ, ਜਲੰਧਰ ਵਿਖੇ ਪੇਸ਼ ਹੋਣ ਦੀ ਹਦਾਇਤ ਕੀਤੀ ਜਾਂਦੀ ਹੈ। ਅਸਫਲ ਰਹਿਣ 'ਤੇ ਤੁਹਾਡੇ ਵਿਰੁੱਧ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।

ਮਿਤੀ : 22.12.2025 ਸੁਖਜੀਤ ਸਿੰਘ ਜੌਲੀ
ਜਲੰਧਰ ਸਾਲਸ

## ਸਨਮੁੱਖ ਸੁਖਜੀਤ ਸਿੰਘ ਜੌਲੀ ਐਡਵੋਕੇਟ ਦੇ ਸਾਲਸੀ ਟ੍ਰਿਬਿਊਨਲ/ਇਕਮਾਤਰ ਸਾਲਸੀ, ਜਲੰਧਰ

ਕੈਪੀਟਲ ਸਮਾਲ ਫਾਈਨਾਂਸ ਬੈਂਕ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਇਕ ਕਾਰਪੋਰੇਟ ਅਦਾਰਾ ਜਿਸ ਦਾ ਮੁੱਖ ਦਫਤਰ 37, ਮਿਡਾਸ ਕਾਰਪੋਰੇਟ ਪਾਰਕ, ਜੀ ਟੀ ਰੋਡ ਜਲੰਧਰ ਵਿਖੇ ਹੈ ਅਤੇ ਇਸ ਦੀਆਂ ਹੋਰ ਸ਼ਾਖਾਵਾਂ ਵਿੱਚ ਇੱਕ ਸ਼ਾਖਾ ਦਫਤਰ ਗੁਰਦਾਸਪੁਰ ਵਿਖੇ ਹੈ, ਵਿਧੀਗਤ ਗਠਿਤ ਅਟਾਰਨੀ ਰਾਹੀਂ।

ਬਿਨੈਕਾਰ

ਬਨਾਮ

1. 1. ਬਲਵਿੰਦਰ ਸਿੰਘ ਪੁੱਤਰ ਸ਼੍ਰੀ ਸੁੱਚਾ ਸਿੰਘ ਵਾਸੀ ਪਿੰਡ ਤਲਵੰਡੀ, ਡਾਕਖਾਨਾ ਪਸਨਾਵਾਲ, ਤਹਿਸੀਲ ਅਤੇ ਜ਼ਿਲ੍ਹਾ ਗੁਰਦਾਸਪੁਰ।
2. ਮਨਦੀਪ ਕੌਰ ਪਤਨੀ ਸ਼੍ਰੀ ਬਲਵਿੰਦਰ ਸਿੰਘ ਵਾਸੀ ਤਲਵੰਡੀ, ਡਾਕਖਾਨਾ ਪਸਨਾਵਾਲ, ਤਹਿਸੀਲ ਅਤੇ ਜ਼ਿਲ੍ਹਾ ਗੁਰਦਾਸਪੁਰ।
3. ਮਨਦੀਪ ਸਿੰਘ ਪੁੱਤਰ ਸ਼੍ਰੀ ਹਰਜਿੰਦਰ ਸਿੰਘ ਵਾਸੀ ਪਿੰਡ ਝਾਵਰ, ਤਹਿਸੀਲ ਅਤੇ ਜ਼ਿਲ੍ਹਾ ਗੁਰਦਾਸਪੁਰ

ਜਵਾਬਦੇਹ....

ਉਕਤ ਪਾਰਟੀਆਂ ਵਿਚਾਲੇ ਵਿਵਾਦ ਦੇ ਚੱਲਦਿਆਂ ਰਜਿਸਟਰਡ ਕਵਰ ਵਿਚ ਜਵਾਬਦੇਹ ਨੂੰ ਨੋਟਿਸ ਭੇਜੇ ਗਏ ਸਨ। ਜਵਾਬਦੇਹ ਨੰ: 1 ਅਤੇ 2 ਨੂੰ ਭੇਜੇ ਗਏ ਨੋਟਿਸ ਇਨਕਾਰ ਸਮੇਤ ਵਾਪਸ ਆ ਗਏ ਸਨ ਅਤੇ ਜਵਾਬਦੇਹ ਨੰ: 3 ਨੂੰ ਭੇਜਿਆ ਨੋਟਿਸ ਪਹਿਲੀ ਵਾਰ ਵਾਪਸ ਨਹੀਂ ਆਇਆ। ਜਵਾਬਦੇਹ ਨੰ: 1 ਤੇ 2 ਨੂੰ ਭੇਜਿਆ ਦੂਸਰਾ ਨੋਟਿਸ ਇਨਕਾਰ ਸਮੇਤ ਵਾਪਸ ਆ ਗਿਆ ਤੇ ਜਵਾਬਦੇਹ ਨੰ: 3 ਨੂੰ ਭੇਜਿਆ ਨੋਟਿਸ ਦੂਸਰੀ ਵਾਰ ਵਾਪਸ ਨਹੀਂ ਆਇਆ, ਜਿਸ ਤੋਂ ਸਾਫ ਪਤਾ ਲੱਗਦਾ ਹੈ ਕਿ ਜਵਾਬਦੇਹਾਂ ਨੂੰ ਕਾਰਵਾਈ ਬਾਰੇ ਜਾਣਕਾਰੀ ਹੈ ਤੇ ਉਹ ਜਾਣ-ਬੁਝ ਕੇ ਟ੍ਰਿਬਿਊਨਲ ਅੱਗੇ ਪੇਸ਼ ਨਹੀਂ ਹੋਏ। ਜਵਾਬਦੇਹ ਨੂੰ ਇਕ ਹੋਰ ਮੌਕਾ ਦਿੰਦਿਆਂ ਹੁਕਮ ਦਿੱਤਾ ਜਾਂਦਾ ਹੈ ਕਿ ਉਨ੍ਹਾਂ ਨੂੰ ਅਖਬਾਰ 'ਚ ਪ੍ਰਕਾਸ਼ਨਾ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਵਿਵਾਦ ਸੰਬੰਧੀ ਆਪਣਾ ਜਵਾਬੀ ਦਾਅਵਾ ਅਤੇ ਇਤਰਾਜ਼ ਦਾਇਰ ਕਰਨ। ਜਵਾਬਦੇਹਾਂ ਨੂੰ ਨਿਰਦੇਸ਼ ਦਿੱਤਾ ਜਾਂਦਾ ਹੈ ਕਿ ਉਹ ਨਿੱਜੀ ਤੌਰ 'ਤੇ ਜਾਂ ਆਪਣੇ ਏਜੰਟ ਵਕੀਲ ਰਾਹੀਂ ਸਾਲਸ ਸਾਹਮਣੇ 23.01.2026 ਨੂੰ 1.00 ਵਜੇ ਦੁਪਹਿਰ ਵੇਲੇ ਚੈਂਬਰ ਨੰ: 113, ਨਿਊ ਕੋਰਟਸ ਜਲੰਧਰ ਪੇਸ਼ ਹੋ ਕੇ ਕੋਈ ਇਤਰਾਜ਼ ਜਾਂ ਦਾਅਵਾ ਹੈ, ਦਾਇਰ ਕਰਨ। ਅਫਸਲ ਰਹਿਣ 'ਤੇ ਪ੍ਰਕ੍ਰਿਆ ਵਿਚ ਸ਼ਾਮਲ ਨਾ ਹੋਣ ਲਈ ਇਕਤਰਫਾ ਕਾਰਵਾਈ ਕਰ ਦਿੱਤੀ ਜਾਵੇਗੀ।

ਮਿਤੀ : 22.12.2025 ਸੁਖਜੀਤ ਸਿੰਘ ਜੌਲੀ
ਜਲੰਧਰ ਸਾਲਸ


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸ.,ਉਤਰ ਰੇਲਵੇ, ਜੰਮੂ ਤਵੀ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ (ਰੁ) | ਬਿਆਨਾ ਰਾਸ਼ੀ (ਰੁ) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| 251-J-ਬਿਜਲੀ-T-20-2025-26 | BJPL-SVDK ਸੈਕਸ਼ਨ ਦੇ ਤਹਿਤ ਵੇਂਟਿਲੇਟਡ ਟਨਲ ਟੀ-25 ਟੀ-23, ਟੀ-07, ਸਟੇਸ਼ਨ ਯਾਰਡ, ਸਰਕੂਲੇਟਿੰਗ ਏਰੀਆ, ਕਾਲੋਨੀਆਂ ਆਦਿ ਵਿਚ ਲਾਈਟਿੰਗ ਪ੍ਰਬੰਧਾਂ ਵਿਚ ਸੁਧਾਰ ਦੇ ਬਿਜਲੀ ਕੰਮ। | Rs. 1,81,43,065.03 | 2,40,700.00 | 06 ਮਹੀਨੇ | 15.01.2026 15:00 Hrs ਦੇ ਬਾਅਦ | www.ireps.gov.in |

ਨੰ.- 251-J-ਬਿਜਲੀ/ਟੈਂਡਰ ਨੋਟਿਸ ਨੰ. /20/2025-26 ਮਿਤੀ 24.12.2025 3989/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਸਾਧਾਰਨ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ-ਟੈਂਡਰਾਂ (www.ireps.gov.in) ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ (₹) | ਬਿਆਨਾ ਰਾਸ਼ੀ (₹) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|
| 251- ਬਿਜਲੀ - T-20-2025-26 | ਫਿਰੋਜਪੁਰ ਡਵੀਜਨ ਵਿਚ ਸਟਾਫ ਕਵਾਟਰ ਦੇ ਲਈ ਸਮਾਰਟ ਪ੍ਰੀਪੇਡ ਐਨਰਜੀ ਮੀਟਰ ਲਗਾਉਣ ਅਤੇ ਉਸ ਨਾਲ ਜੁੜੇ ਇਲੈਕਟ੍ਰੀਕਲ ਕੰਮ ਦੇ ਸਬੰਧ ਵਿਚ ਇਲੈਕਟ੍ਰੀਕਲ ਕੰਮ। | Rs. 3,53,30,106.32/- | Rs. 326700.00/- | 06 ਮਹੀਨੇ | 14.01.2026 15:00 ਵਜੇ ਦੇ ਬਾਅਦ | www.ireps.gov.in |

ਨੰ. 251-ਬਿਜਲੀ ਟੈਂਡਰ ਨੋਟਿਸ ਨੰ. 22/ਬਿਜਲੀ-2025-26 ਮਿਤੀ 24.12.2025 3985/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਹੈਰੋਇਨ ਸਮੇਤ 4 ਗ੍ਰਿਫ਼ਤਾਰ, ਮਾਮਲਾ ਦਰਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ) ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 14 ਗ੍ਰਾਮ ਹੈਰੋਇਨ ਤੇ ਹੈਰੋਇਨ ਦੀ ਸਮੱਗਰੀ ਸਮੇਤ 4 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਖਿਲਾਫ ਵੱਖ-ਵੱਖ ਥਾਣਿਆਂ ਵਿੱਚ ਐਨਡੀਪੀਐਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਥਾਣਾ ਸਿਟੀ ਫਿਰੋਜ਼ਪੁਰ ਪੁਲਿਸ ਦੇ ਸਹਾਇਕ ਥਾਣੇਦਾਰ ਕੁਲਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਦੌਰਾਨੇ ਗਸ਼ਤ ਸੀ ਤਾਂ ਇਸ ਦੌਰਾਨ ਸੋਮਾ ਉਰਫ ਗੰਜੀ ਪਤਨੀ ਮੋਹਨ ਸਿੰਘ ਵਾਸੀ ਬਸਤੀ ਸ਼ੇਖਾਂ ਵਾਲੀ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ। ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਲਈ ਰਵਾਨਾ ਸੀ ਤਾਂ ਇਸ ਦੌਰਾਨ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਆਨ ਰਵੀ ਪੁੱਤਰ ਤਰਸੇਮ ਸਿੰਘ ਵਾਸੀ ਬੱਧਨੀ ਜੈਮਲ ਸਿੰਘ ਤੇ ਅਜੇ ਪੁੱਤਰ ਬੂਟਾ ਸਿੰਘ ਵਾਸੀ ਸ਼ੇਖਾਂ ਹੈਰੋਇਨ ਵੇਚਣ ਦੇ ਆਦੀ ਹਨ, ਜੋ ਅੱਜ ਵੀ ਹੈਰੋਇਨ ਵੇਚ ਰਹੇ ਹਨ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਕੋਲੋਂ 4 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਆਰਿਫ਼ ਕੇ ਪੁਲਸ ਦੇ ਸਹਾਇਕ ਥਾਣੇਦਾਰ ਨਿਰਮਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਪਿੰਡ ਮੁਸੇ ਵਾਲਾ ਸ਼ਮਸ਼ਾਨਘਾਟ ਪਾਸ ਪੁੱਜੀ ਤਾਂ ਇਕ ਮੋਨਾ ਨੌਜਵਾਨ ਹਰਮਨ ਸਿੰਘ ਪੁੱਤਰ ਮਹਿਲ ਸਿੰਘ ਵਾਸੀ ਪਿੰਡ ਸੰਧੂ ਸ਼ਾਹ ਵਾਲਾ ਬੈਠਾ ਵਿਖਾਈ ਦਿੱਤਾ, ਜੋ ਕੋਈ ਨਸ਼ੀਲੀ ਵਸਤੂ ਸੁੰਘ ਰਿਹਾ ਸੀ, ਜਿਸ ਨੂੰ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਕਾਬੂ ਕੀਤਾ ਗਿਆ ਤੇ ਉਸ ਕੋਲੋਂ 1 ਗ੍ਰਾਮ ਹੈਰੋਇਨ, 1 ਲਾਈਟਰ, 1 ਪੰਨੀ ਤੇ 10 ਰੁਪਏ ਦਾ ਨੋਟ ਬਰਾਮਦ ਹੋਇਆ। ਥਾਣਾ ਮੱਲਾਂਵਾਲਾ ਪੁਲਿਸ ਦੇ ਸਹਾਇਕ ਥਾਣੇਦਾਰ ਸਤਿਕਰਤਾਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਗਸ਼ਤ ਅਤੇ ਚੈਕਿੰਗ ਲਈ ਰਵਾਨਾ ਸੀ ਤਾਂ ਇਸ ਦੌਰਾਨ ਪਿੰਡ ਮੁੰਨਵਾਂ ਚੌਂਕ ਦੇ ਕੋਲੋਂ ਇਕ ਨੌਜਵਾਨ ਸਾਗਰ ਪੁੱਤਰ ਸ਼ਾਮ ਲਾਲ ਵਾਸੀ ਜੈਮਲ ਵਾਲਾ ਰੋਡ ਮੱਲਾਂਵਾਲਾ ਨੂੰ ਗ੍ਰਿਫ਼ਤਾਰ ਕਰਕੇ ਉਸ ਕੋਲੋਂ 5 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਅਕਲੀਆ ਤੇ ਖੋਖਰ ਕਲਾਂ ਤੋਂ ਬੱਸਾਂ ਰਵਾਨਾ



ਮਾਨਸਾ (ਆਤਮਾ ਸਿੰਘ ਪਮਾਰ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਦੇ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਾਉਣ ਲਈ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਨ ਸਭਾ ਹਲਕਾ ਮਾਨਸਾ ਤੇ ਹਲਕਾ ਸਰਦੂਲਗੜ੍ਹ ਤੋਂ ਬੱਸਾਂ ਰਵਾਨਾ ਕੀਤੀਆਂ। ਵਿਧਾਇਕ ਮਾਨਸਾ ਡਾ. ਵਿਜੇ ਸਿੰਗਲਾ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਮਾਨਸਾ ਦੇ ਪਿੰਡ ਅਕਲੀਆ ਤੋਂ ਪਵਿੱਤਰ ਨਗਰੀ ਸ੍ਰੀ ਅੰਮ੍ਰਿਤਸਰ ਸਾਹਿਬ ਯਾਤਰਾ ਲਈ 40 ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਯਾਤਰੀਆਂ ਲਈ ਆਵਾਜਾਈ, ਰਹਿਣ-ਸਹਿਣ, ਭੋਜਨ ਤੇ ਮੈਡੀਕਲ ਸਹੂਲਤਾਂ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਬਿਲਕੁਲ ਮੁਫ਼ਤ ਕੀਤਾ ਗਿਆ ਹੈ ਤਾਂ ਜੁ ਕਿਸੇ ਵੀ ਯਾਤਰੀ ਨੂੰ ਕੋਈ ਅਸੁਵਿਧਾ ਨਾ ਹੋਵੇ। ਹਲਕਾ ਸਰਦੂਲਗੜ੍ਹ ਦੇ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਨੇ ਦੱਸਿਆ ਕਿ ਪਿੰਡ ਖੋਖਰ ਕਲਾਂ ਤੋਂ ਪਵਿੱਤਰ ਨਗਰੀ ਸ੍ਰੀ ਅੰਮ੍ਰਿਤਸਰ ਦੀ ਯਾਤਰਾ ਲਈ 40 ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ।ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਰਾਜ ਦੇ ਵੱਖ-ਵੱਖ ਹਿੱਸਿਆਂ ਤੋਂ ਸ਼ਰਧਾਲੂਆਂ ਨੂੰ ਪਵਿੱਤਰ ਨਗਰੀ ਸ੍ਰੀ ਸਾਹਿਬ ਅੰਮ੍ਰਿਤਸਰ ਸਮੇਤ ਹੋਰ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਵੀ ਦਰਸ਼ਨ ਕਰਾਏ ਜਾ ਰਹੇ ਹਨ।

# ਹੜ੍ਹਾਂ 'ਚ ਮਾਪੇ ਗੁਆਉਣ ਵਾਲੇ ਬੱਚਿਆਂ ਨਾਲ ਮੁਲਾਕਾਤ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ) ਐਸ.ਡੀ.ਐਮ. ਅਮਨਦੀਪ ਸਿੰਘ ਮਾਵੀ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੜ੍ਹਾਂ ਦੌਰਾਨ ਮਾਪਿਆਂ ਨੂੰ ਗਵਾਉਣ ਵਾਲੇ 3 ਬੱਚਿਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਸਨੇਹ ਪੱਤਰ ਵੰਡੇ।ਉਨ੍ਹਾਂ ਕਿਹਾ ਕਿ ਹੜ੍ਹਾਂ ਦੌਰਾਨ ਲੋਕਾਂ ਦੀ ਸੰਭਾਲ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਪੱਖੋਂ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪੀ.ਐਮ. ਕੇਅਰ ਫਾਰ ਚਿਲਡਰਨ ਸਕੀਮ ਅਧੀਨ ਬੱਚਿਆਂ ਦੀ ਪੜ੍ਹਾਈ ਦਾ ਪੂਰਾ ਖਰਚ ਚੁੱਕਿਆ ਜਾਵੇਗਾ, ਪੜ੍ਹਾਈ ਪੱਖੋਂ ਬੱਚਿਆਂ ਨੂੰ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਤੇ ਬੱਚੇ ਨਿਰਵਿਘਨ ਆਪਣੀ ਪੜ੍ਹਾਈ ਜਾਰੀ ਰੱਖ ਸਕਣਗੇ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਬੱਚੇ ਨੂੰ ਕੋਈ ਮੁਸ਼ਕਲ ਆਉਂਦੀ ਹੈ ਤਾਂ ਬੱਚੇ ਉਨ੍ਹਾਂ ਦੇ ਦਫ਼ਤਰ ਨਾਲ ਸਿੱਧੇ ਤੌਰ 'ਤੇ ਸੰਪਰਕ ਕਰ ਸਕਦੇ ਹਨ ਤਾਂ ਜੁ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰ ਦੀਆਂ ਸਾਰੀਆਂ ਸਕੀਮਾਂ ਦਾ ਲਾਭ ਵੱਧ ਤੋਂ ਵੱਧ ਯੋਗ ਲਾਭਪਾਤਰੀਆਂ ਤੱਕ ਪੁੱਜਦਾ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ।


# सुशासन की राह पर अग्रसर हरियाणा



सुशासन दिवस के अवसर पर मैं भारत रत्न, पूर्व प्रधानमंत्री श्री अटल बिहारी वाजपेयी जी को सादर नमन करता हूँ। श्री वाजपेयी जी सुशासन और जन-कल्याण के आदर्श प्रतीक रहे हैं।

सुशासन—जिसका मूल अर्थ है समाज की आवश्यकताओं की पूर्ति के लिए सार्वजनिक कार्यों और संसाधनों का प्रभावी, पारदर्शी, जवाबदेह और समावेशी प्रबंधन। हरियाणा सरकार का मूल मंत्र भी यही रहा है और आज भी बना हुआ है। ई-गवर्नेंस के मार्ग पर चलते हुए, बीते ग्यारह वर्षों में हमारी सरकार द्वारा प्रशासन के आधुनिकीकरण, समयबद्ध और भ्रष्टाचारमुक्त सेवा वितरण सुनिश्चित करने तथा समावेशी विकास को बढ़ावा देने के लिए ठोस और निर्णायक कदम उठाए गए हैं।

पूर्व प्रधानमंत्री और महान राजनेता भारत रत्न श्री अटल बिहारी वाजपेयी, जिनका जन्मदिवस 25 दिसंबर को सुशासन दिवस के रूप में मनाया जाता है, वे भारत में सुशासन के प्रतीक के रूप में स्मरण किए जाते हैं। उनका शासन मॉडल वैचारिक प्रतिबद्धताओं और व्यवहारिक, समावेशी तथा जन-केंद्रित प्रशासन के संतुलन से परिपूर्ण था। उनका दृढ़ विश्वास था कि शासन का उद्देश्य लोगों के जीवन में सुधार लाना और विशेष रूप से गरीबों तथा वंचितों का कल्याण सुनिश्चित करना है।

श्रद्धेय श्री अटल बिहारी वाजपेयी जी का हरियाणा से विशेष लगाव था। उन्होंने विभिन्न अवसरों पर हरियाणा का दौरा और प्रवास किया। यह भी संयोग की बात है कि 24 दिसंबर, 1987 के ही दिन भारत रत्न पूर्व प्रधानमंत्री स्वर्गीय श्री अटल बिहारी वाजपेयी जी हरियाणा विधानसभा सत्र के दौरान विधानसभा की कार्यवाही देखने के लिए भी पधारे थे।

श्री वाजपेयी जी की सोच से प्रेरणा लेते हुए और प्रधानमंत्री श्री नरेन्द्र मोदी के उस दृष्टिकोण से मार्गदर्शन प्राप्त करते हुए—जिसके अनुसार सुशासन के लिए राजनीतिक इच्छाशक्ति, पारदर्शिता, जवाबदेही और जनभागीदारी आवश्यक है तथा ई-गवर्नेंस इसका प्रमुख साधन है—हरियाणा सरकार ने व्यापक नीतिगत सुधार किए हैं। इन सुधारों का उद्देश्य प्रशासन को जनता की आवश्यकताओं और सुविधा के अनुरूप बनाना, सेवाओं को उनके द्वार तक पहुँचाना, सेवाओं की ऑनलाइन उपलब्धता करना, भ्रष्टाचार के रास्ते बंद करना तथा दलालों और बिचौलियों को पूरी तरह समाप्त करना है।

हमारा मानना है कि नीतिगत निर्णय हितधारकों की नब्ज टटोलने के बाद लिए जाते हैं। सार्वजनिक हित की सेवा के लिए कानून के शासन और सहभागिता के सिद्धांतों का उपयोग करते हुए निर्णय लिए जाते हैं, जिससे समाज विकास और नागरिकों का सशक्तिकरण सुनिश्चित हो सके। ऐसे वातावरण के निर्माण के प्रयास किए गए हैं जिसमें सभी नागरिकों—विशेषकर पिछड़े वर्गों—को अपनी बात रखने का अवसर मिले और उन्हें समान अवसर प्राप्त हों।

राज्य सरकार जनता की सेवा के लिए पूरी तरह प्रतिबद्ध है। सामान्य व्यक्ति के लिए जीवन को सरल बनाना और उद्योग के लिए कारोबार करना आसान बनाना हमारा लक्ष्य है। हमने ई-गवर्नेंस के माध्यम से प्रधानमंत्री जी की परिकल्पना को साकार करने और लोगों तथा कल्याणकारी योजनाओं के बीच की दूरी को शून्य करने के लिए अनेक ई-हस्तक्षेप किए हैं जिससे आज हरियाणा में अधिकांश सेवाएँ केवल एक क्लिक की दूरी पर हैं।

सुशासन सुधारों ने लोगों को उनके घर बैठे या नजदीकी सामुदायिक सेवा केन्द्रों पर जाकर सभी कल्याणकारी योजनाओं का लाभ प्राप्त करने में सक्षम बनाया है। प्रमुख योजना परिवार पहचान—पत्र (पीपीपी) के माध्यम से अब अधिकांश योजनाओं का लाभ स्वत: लोगों तक पहुँच रहा है और डीबीटी योजना के तहत राशि सीधे उनके बैंक खातों में जमा हो रही है। जैसे ही कोई व्यक्ति वरिष्ठ नागरिक बनता है, उसकी पेंशन स्वत: खाते में जमा हो जाती है; संपत्ति के सौदे ऑनलाइन पंजीकृत किए जा रहे हैं (अब तक 50,000 हो चुके हैं ); किसानों को खरीदी गई फसलों का भुगतान अब 72 घंटों के बजाय 48 घंटों में मिल रहा है; और सभी कर्मचारियों के स्थानांतरण ऑनलाइन किए जा रहे हैं।

वर्षों से असमाधानित मामलों को सुलझाने में सक्षम फोरेंसिक व्यवस्था से लेकर एआई-सक्षम आपातकालीन प्रतिक्रिया प्रणालियों तक; महिलाओं की सुरक्षा पहलों से लेकर परिणामोन्मुख साइबर अपराध नियंत्रण तक—हरियाणा पुलिस मानवीय दृष्टिकोण के साथ नागरिक-केंद्रित पुलिसिंग में नए मानक स्थापित कर रही है। नवाचार, पारदर्शिता और नागरिक-प्रथम रणनीतियों पर ध्यान केंद्रित करते हुए, हरियाणा पुलिस ने अगस्त 2025 में राष्ट्रीय प्रदर्शन रैंकिंग में 100 का पूर्ण स्कोर प्राप्त किया है और अपना शीर्ष स्थान बरकरार रखा है।

ये पहलें अलग-थलग प्रयास नहीं हैं; बल्कि ये उस व्यापक दृष्टि का हिस्सा हैं जिसके अंतर्गत सेवा वितरण और पारदर्शिता सुनिश्चित करने के लिए तकनीक को एक उपकरण के रूप में अपनाया गया है, ताकि सेवा प्राप्त करने वाले और सेवा देने वाले के बीच का संपर्क न्यूनतम हो। हरियाणा का तकनीक-संचालित शासन मॉडल दर्शाता है कि डिजिटल प्लेटफॉर्म किस प्रकार जटिल प्रशासनिक प्रक्रियाओं को सरल बनाते हुए नागरिकों को सशक्त बना सकते हैं।

भूमि और राजस्व अभिलेखों का आधुनिकीकरण एक मील का पत्थर साबित हुआ है। करोड़ों पृष्ठों के राजस्व अभिलेखों को स्कैन, सत्यापित और डिजिटाइज़ करके हरियाणा ने न केवल महत्वपूर्ण दस्तावेजों को संरक्षित किया है, बल्कि नागरिकों के लिए उनकी तत्काल और आसान उपलब्धता भी सुनिश्चित की है। इससे विवादों और मुकदमों में कमी आई है, विश्वास बढ़ा है और प्रशासनिक प्रक्रियाएँ अधिक सुव्यवस्थित हुई हैं।

कर्मचारियों को प्रोत्साहन और सम्मान दिया जा सके।

यह तो केवल हरियाणा सरकार की ओर से एक शुरुआत है। राज्य सरकार जनता की बेहतर सेवा के लिए सुधारों की गति को और तेज करने के लिए दृढ़ संकल्पित है। हरियाणा सुशासन के राजमार्ग पर आगे बढ़ रहा है, और इस विकास यात्रा को यूं ही नभशिखर की ओर ले जाने के लिए हमारी सरकार संकल्प शक्ति से विकास समृद्धि की ओर कदम दर कदम आगे बढ़ती जाएगी। हमारा संकल्प ही हमारा सुशासन है। राज्य के विकास और पारदर्शी शासन को सफल बनाने में आपका सहयोग अपेक्षित है ।

**- नायब सिंह सैनी**
**मुख्यमंत्री, हरियाणा**


# ਪਾਥਵੇਜ਼ ਗਲੋਬਲ ਸਕੂਲ ਨੇ 'ਸਫ਼ਰ-ਏ-ਸ਼ਹਾਦਤ' ਸ਼ਹੀਦੀ ਹਫ਼ਤਾ ਮਨਾਇਆ

ਕੋਟ ਈਸੇ ਖਾਂ (ਅਰੋੜਾ)- ਪਾਥਵੇਅਜ਼ ਗਲੋਬਲ ਸਕੂਲ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਮਾਤਾ ਗੁਜਰੀ ਜੀ ਅਤੇ ਚਾਰੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ 'ਸਫ਼ਰ ਏ ਸ਼ਹਾਦਤ' ਸ਼ਹੀਦੀ ਹਫ਼ਤਾ ਮਨਾਇਆ ਗਿਆ।ਸ਼ਹਾਦਤ ਨੂੰ ਮੁੱਖ ਰੱਖਦੇ ਪਾਥਵੇਜ਼ ਗਲੋਬਲ ਸਕੂਲ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਸੁਖਮਨੀ ਸਾਹਿਬ ਦੇ ਜਾਪ ਕੀਤੇ ਗਏ। ਉਪਰੰਤ ਗੁਰੂ ਦੇ ਅਤੁੱਟ ਲੰਗਰ ਚਲਾਏ ਗਏ।ਸ਼ਹੀਦ ਕਿਸੇ ਵੀ ਕੌਮ ਦਾ ਅਮੁਲਾ ਸਰਮਾਇਆ ਹੁੰਦੇ ਹਨ ਤੇ ਸਿੱਖ ਇਤਿਹਾਸ ਤਾਂ ਹੈ ਹੀ ਸ਼ਹੀਦਾਂ ਦਾ ਇਤਿਹਾਸ।ਗੁਰੂ ਅਰਜਨ ਦੇਵ ਜੀ ਦੀ ਅਦੁਤੀ ਸ਼ਹਾਦਤ ਤੋਂ ਆਰੰਭ ਹੋ ਕੇ ਗੁਰੂ ਤੇਗ ਬਹਾਦਰ ਜੀ ਦੀ ਲਾਸਾਨੀ ਸ਼ਹਾਦਤ ਤੱਕ ਤੇ ਇਸੇ ਲੜੀ ਦੇ ਅਨਮੋਲ ਹੀਰੇ ਨਿੱਕੀਆਂ ਜਿੰਦਾਂ ਵੱਡੇ ਸਾਕੇ ਕਰਨ ਵਾਲੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਕੋਟਾਨ ਕੋਟ ਪ੍ਰਣਾਮ ਕਰਦੇ ਹੋਏ ਪਾਥਵੇਜ਼ ਸਕੂਲ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ, ਸਪੀਚ ਤੇ ਕਵਿਤਾ ਗਾਇਨ ਆਦਿ ਪੇਸ਼ ਕੀਤੇ ਗਏ। ਸਕੂਲ ਦੇ ਕਮੇਟੀ ਮੈਂਬਰ ਚੇਅਰਮੈਨ ਗੁਰਜੀਤ ਸਿੰਘ ਸਿੱਧੂ, ਪ੍ਰਧਾਨ ਡਾ ਅਨਿਲਜੀਤ ਕੰਬੋਜ, ਵਾਈਸ ਚੇਅਰਮੈਨ ਅਵਤਾਰ ਸਿੰਘ ਸੰਧੂ, ਚਾਰਤ ਕੰਬੋਜ, ਸਤਨਾਮ ਸਿੰਘ ਸੰਧੂ, ਗੁਰਪ੍ਰੀਤ ਸਿੰਘ ਸਿੱਧੂ ਕੌਂਸਲ, ਜੋਗਿੰਦਰ ਸਿੰਘ ਸਰਪੰਚ, ਜਸਵਿੰਦਰ ਸਿੰਘ ਸਿੱਧੂ ਤੇ ਮਾਨਯੋਗ ਪ੍ਰਿੰਸੀਪਲ ਡਾਕਟਰ ਅਰਵਿੰਦ ਕੁਮਾਰ ਸ਼ਰਮਾ ਨੇ ਸ਼ਹੀਦੀ ਦਿਵਸ ਮੌਕੇ ਗੁਰੂ ਗੋਬਿੰਦ ਸਿੰਘ ਜੀ ਅਤੇ ਚਾਰੋਂ ਸਾਹਿਬਜ਼ਾਦਿਆਂ ਨੂੰ ਕੋਟਾਨ ਕੋਟ ਪ੍ਰਣਾਮ ਕੀਤਾ।ਪ੍ਰਿੰਸੀਪਲ ਨੇ ਗੁਰੂ ਗੋਬਿੰਦ ਸਿੰਘ ਜੀ ਮਾਤਾ ਗੁਜਰੀ ਜੀ ਤੇ ਚਾਰੋਂ ਸਾਹਿਬਜ਼ਾਦਿਆਂ ਦੇ ਜੀਵਨ ਬਾਰੇ ਚਾਨਣਾ ਪਾਇਆ ਤੇ ਦੱਸਿਆ ਕਿ ਸਿੱਖ ਧਰਮ ਵਿੱਚ ਛੋਟੇ ਸਾਹਿਬਜ਼ਾਦਿਆਂ ਦੀ ਕੁਰਬਾਨੀ ਇੱਕ ਲਾਸਾਨੀ ਕੁਰਬਾਨੀ ਹੈ, ਜਿਸ ਦੀ ਮਿਸਾਲ ਪੂਰੀ ਦੁਨੀਆ 'ਚ ਨਹੀਂ ਮਿਲਦੀ।



# ਕੁਰੂਕਸ਼ੇਤਰ 'ਵਰਸਿਟੀ 'ਚ 'ਚਾਰ ਸਾਹਿਬਜ਼ਾਦੇ' ਫਿਲਮ ਦੀ ਵਿਸ਼ੇਸ਼ ਸਕ੍ਰੀਨਿੰਗ

ਲੌਂਗੋਵਾਲ (ਪ੍ਰਦੀਪ ਸੰਧਲ)- ਕੁਰੂਕਸ਼ੇਤਰ ਯੂਨੀਵਰਸਿਟੀ ਕੁਰੂਕਸ਼ੇਤਰ ਦੇ ਯੂਨੀਵਰਸਿਟੀ ਸੀਨੀਅਰ ਸੈਕੰਡਰੀ ਮਾਡਲ ਸਕੂਲ ਵਿੱਚ ਇੰਡੀਪੈਂਡੇਂਟ ਸਟੂਡੈਂਟ ਵੈਲਫੇਅਰ ਐਸੋਸੀਏਸ਼ਨ ਵੱਲੋਂ ਸਿੱਖ ਇਤਿਹਾਸ ਦੀ ਮਹਾਨ ਗਾਥਾ 'ਤੇ ਆਧਾਰਿਤ ਫ਼ਿਲਮ ਚਾਰ ਸਾਹਿਬਜ਼ਾਦੇ ਦੀ ਵਿਸ਼ੇਸ਼ ਸਕ੍ਰੀਨਿੰਗ ਕਰਵਾਈ ਗਈ। ਇਸ ਆਯੋਜਨ ਦਾ ਉਦੇਸ਼ ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਅਦੁੱਤੀ ਸ਼ਹਾਦਤ ਨੂੰ ਯਾਦ ਕਰਨਾ ਅਤੇ ਨੌਜਵਾਨ ਪੀੜ੍ਹੀ ਵਿੱਚ ਧਾਰਮਿਕ, ਨੈਤਿਕ ਤੇ ਸਾਂਸਕ੍ਰਿਤਿਕ ਚੇਤਨਾ ਨੂੰ ਮਜ਼ਬੂਤ ਕਰਨਾ ਸੀ। ਫ਼ਿਲਮ ਸਕ੍ਰੀਨਿੰਗ ਦੌਰਾਨ ਯੂਨੀਵਰਸਿਟੀ ਦੇ ਵਿਦਿਆਰਥੀਆਂ, ਅਧਿਆਪਕਾਂ ਅਤੇ ਕਰਮਚਾਰੀਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਰਜਿਸਟਰਾਰ ਡਾ. ਵਰਿੰਦਰਪਾਲ ਸਿੰਘ ਨੇ ਕਿਹਾ ਕਿ ਫ਼ਿਲਮ ਵਿੱਚ ਦਰਸਾਏ ਗਏ ਸਿੱਖ ਇਤਿਹਾਸਕ ਪ੍ਰਸੰਗਾਂ ਨੇ ਦਰਸ਼ਕਾਂ ਨੂੰ ਗਹਿਰੇ ਤੌਰ 'ਤੇ ਪ੍ਰਭਾਵਿਤ ਕੀਤਾ। ਚਾਰ ਸਾਹਿਬਜ਼ਾਦਿਆਂ ਦੀ ਨਿਡਰਤਾ, ਧਰਮ ਪ੍ਰਤੀ ਅਟੱਲ ਵਿਸ਼ਵਾਸ ਅਤੇ ਜ਼ੁਲਮ ਵਿਰੁੱਧ ਡਟ ਕੇ ਖੜ੍ਹਨ ਦੀ ਭਾਵਨਾ ਨੂੰ ਹਾਜ਼ਰੀਨ ਨੇ ਨਮਨ ਕੀਤਾ। ਇਸ ਮੌਕੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋਫੈਸਰ ਸੋਮਨਾਥ ਸਚਦੇਵਾ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਅਜਿਹੇ ਆਯੋਜਨ ਵਿਦਿਆਰਥੀਆਂ ਨੂੰ ਆਪਣੇ ਇਤਿਹਾਸ ਨਾਲ ਜੋੜਦੇ ਹਨ ਅਤੇ ਉਨ੍ਹਾਂ ਵਿੱਚ ਸੱਚ, ਸਹਿਨਸ਼ੀਲਤਾ, ਬਲੀਦਾਨ ਅਤੇ ਮਨੁੱਖੀ ਮੁੱਲਾਂ ਦੀ ਸਮਝ ਪੈਦਾ ਕਰਦੇ ਹਨ। ਇਸ ਮੌਕੇ ਡਾ. ਪ੍ਰਮੇਸ਼ ਕੁਮਾਰ , ਡਾ ਦੀਪਕ ਬੱਬਰ, ਡਾ ਗੁਰਪ੍ਰੀਤ ਸਿੰਘ, ਡਾ ਹਰਵਿੰਦਰ ਲੌਂਗੋਵਾਲ, ਪ੍ਰਿੰਸੀਪਲ ਸੁੱਖਵਿੰਦਰ ਸਿੰਘ ਗ਼ਮਦੂਰ ਸਿੰਘ, ਅਨਮੋਲ ਸਿੰਘ, ਦਰਮਪ੍ਰੀਤ, ਸੰਦੀਪ, ਸੁਨੀਲ ਕੁਮਾਰ , ਮਨਜੀਤ ਸਿੰਘ, ਜਗਮੀਤ ਸਿੰਘ, ਸੁਖਰਾਜ ਸਿੰਘ, ਪ੍ਰਭਕੀਰਤ ਸਿੰਘ, ਕਰਨਪ੍ਰੀਤ ਸਿੰਘ, ਰਾਵਜੀਤ ਸਿੰਘ, ਵੈਸ਼ਵੀ ਸ਼ਰਮਾ,ਗੂੰਜਣ ਸ਼ਰਮਾ, ਦੀਪਾਂਸ਼ੂ ਆਦਿ ਹਾਜ਼ਰ ਸਨ।



# ਮਾਨ ਸਰਕਾਰ ਨੇ ਸ਼ਹਿਰੀ ਤੇ ਉਦਯੋਗਿਕ ਸੁਧਾਰਾਂ 'ਚ ਲਿਆਂਦੀ ਤੇਜ਼ੀ

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਜਿਹੜੇ ਪਲਾਟ ਧਾਰਕ ਆਪਣੀਆਂ ਬਕਾਇਆ ਕਿਸ਼ਤਾਂ ਜਮ੍ਹਾਂ ਨਹੀਂ ਕਰਵਾ ਸਕੇ ਜਾਂ ਨਿਰਧਾਰਤ ਸਮਾਂ-ਸੀਮਾ ਅੰਦਰ ਉਸਾਰੀ ਮੁਕੰਮਲ ਨਹੀਂ ਕਰ ਸਕੇ ਜਾਂ ਨਾਨ ਕੰਸਟ੍ਰਕਸ਼ਨ ਫੀਸ ਜਮ੍ਹਾਂ ਨਹੀਂ ਕਰਵਾ ਸਕੇ, ਉਨ੍ਹਾਂ ਲਈ ਵਿਭਾਗ ਨੇ ਸਾਲ 2025 ਦੌਰਾਨ ਐਮਨੈਸਟੀ ਸਕੀਮ ਲਿਆਂਦੀ ਜਿਸ ਦਾ ਉਦੇਸ਼ ਯੋਜਨਾਬੱਧ ਸ਼ਹਿਰੀ ਵਿਕਾਸ ਨੂੰ ਕਾਇਮ ਰੱਖਦਿਆਂ ਪੁਰਾਣੇ ਮੁੱਦਿਆਂ ਨੂੰ ਸੁਲਝਾਉਣਾ ਅਤੇ ਲੋਕਾਂ ਦੇ ਵਿਸ਼ਵਾਸ ਨੂੰ ਮਜ਼ਬੂਤ ਕਰਨਾ ਹੈ।


**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

ਸੀਨੀਅਰ ਮੰਡਲ ਇੰਜੀਨੀਅਰ - ਤੀਸਰੀ,/ਫ਼ਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ **15.01.2026** ਵਕਤ **15.00 ਵਜੇ** ਤਕ **www.ireps.gov.in** ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ **www.ireps.gov.in** ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲੀ | ਕੰਮ | ਇਕ ਬੋਲੀ ਪ੍ਰਣਾਲੀ |
| ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰੀ ਕਰਨ ਦੀ ਮਿਤੀ ਅਤੇ ਸਮਾਂ |
| 23.12.2025 | 01.01.2026 | 15.01.2026, 15:00 ਵਜੇ |

| ਲੜੀ ਨੰਬਰ | ਟੈਂਡਰ ਨੰਬਰ | ਟੈਂਡਰ ਦਾ ਵੇਰਵਾ |
|---|---|---|
| 1. | 208-2025-26-SrDEN-III-FZR | ਸਹਾਇਕ ਮੰਡਲ ਇੰਜੀਨੀਅਰ-ਪਹਿਲੀ/ਅੰਮ੍ਰਿਤਸਰ ਅਤੇ ਸਹਾਇਕ ਮੰਡਲ ਇੰਜੀਨੀਅਰ-ਦੂਸਰੀ/ਅੰਮ੍ਰਿਤਸਰ ਦੇ ਖੰਡ ਵਿਚ ਬਯਾਸ-ਤਰਨ ਤਾਰਨ ਖੰਡ ਉਤੇ 30.157 ਕਿਮੀ, ਵੇਰਕਾ-ਡੇਰਾ ਬਾਬਾ ਨਾਨਲ ਖੰਡ ਉਤੇ 9.140 ਕਿਮੀ ਅਤੇ ਬਟਾਲਾ-ਕਦੀਨਾ ਖੰਡ ਉਤੇ 10.518 ਕਿਮੀ ਦੀ ਮੈਨੂੰਅਲ ਗਹਨ ਸਕਰੀਨਿੰਗ ਦਾ ਕੰਮ। (ਕੁਲ ਯੋਗ = 49.815 ਕਿਮੀ) |

| ਵਿਗਿਆਪਨ ਮੂਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
|---|---|---|---|
| 5,91,90,975.11 | 4,46,000.00 | 60 ਦਿਨ | 12 ਮਹੀਨੇ |

ਸਮਾਨ ਪ੍ਰਕ੍ਰਿਤੀ ਦਾ ਕੰਮ - "ਟ੍ਰੈਕ ਦੀ ਉਚਾਈ ਵਧਾਣਾ, ਸਕਰੀਨਿੰਗ ਕਰਨਾ, ਟ੍ਰੈਕ ਨੂੰ ਖਰਾਬ ਕਰਨਾ, ਟ੍ਰੈਕ ਰੱਖ-ਰੱਖਾਵ ਮਸ਼ੀਨਾ ਜਿਸ ਤਰ੍ਹਾਂ ਟੈਂਪਿੰਗ ਮਸ਼ੀਨ/ਬੈਲਾਸਟ ਸਕਰੀਨਿੰਗ/ਰੇਗੁਲੇਟਿੰਗ ਮਸ਼ੀਨ ਆਦਿ ਦੇ ਲਈ ਪੂਰਵ ਅਤੇ ਬਾਅਦ ਕੰਮ ਸਹਿਤ ਸੀਟੀਆਰ/ਟੀਆਰਆਰ/ਟੀਐਫਆਰ/ਟੀਐਫਆਰ/ਟੀਟੀਆਰ ਅਤੇ ਟੀਟੀਆਰ, ਟੀ-28 ਦੁਵਾਰਾ ਸੰਚਾਲਿਤ ਟੀਟੀਆਰ ਸਹਿਤ।"

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਣਗੇ। ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਨੰ: 208-2025-26-SrDEN-III-FZR ਮਿਤੀ : 23.12.2025   3988/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਗੁਰੂ ਗ੍ਰੰਥ ਸਾਹਿਬ ਵਰਲਡ 'ਵਰਸਿਟੀ ਵਿਖੇ ਸ਼ਹੀਦੀ ਸਭਾ ਦੀ ਸ਼ਰਧਾ ਭਾਵਨਾ ਨਾਲ ਸ਼ੁਰੂਆਤ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਵੱਲੋਂ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਚਾਰ ਰੋਜ਼ਾ ਚੌਥੇ ਸਲਾਨਾ ਪੁਸਤਕ ਮੇਲੇ ਅਤੇ ਵਿਦਿਆਰਥੀ ਮੁਕਾਬਲਿਆਂ ਦੀ ਸ਼ੁਰੂਆਤ ਗੰਭੀਰਤਾ ਅਤੇ ਸ਼ਰਧਾ ਭਾਵਨਾ ਨਾਲ ਕੀਤੀ ਗਈ।ਇਸ ਮੌਕੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਵੰਡਦਿਆਂ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਕਿਹਾ ਕਿ ਸ਼ਹੀਦੀ ਸਭਾ ਦੌਰਾਨ ਦੇਸ਼-ਵਿਦੇਸ਼ ਤੋਂ ਪਹੁੰਚ ਰਹੀ ਸੰਗਤ ਨੂੰ ਗੁਰਮਤਿ ਸਿਧਾਂਤਾਂ, ਗੁਰਬਾਣੀ ਅਤੇ ਗੁਰ ਇਤਿਹਾਸ ਨਾਲ ਜੋੜਨਾ ਯੂਨੀਵਰਸਿਟੀ ਦਾ ਮੁਢਲਾ ਅਤੇ ਨੈਤਿਕ ਫਰਜ਼ ਹੈ। ਉਨ੍ਹਾਂ ਦੱਸਿਆ ਕਿ ਪੁਸਤਕ ਮੇਲੇ ਵਿੱਚ 30 ਤੋਂ ਵੱਧ ਪ੍ਰਕਾਸ਼ਕ ਗੁਰਮਤਿ ਸਾਹਿਤ, ਇਤਿਹਾਸਕ ਅਤੇ ਧਾਰਮਿਕ ਪੁਸਤਕਾਂ ਲੈ ਕੇ ਸ਼ਾਮਲ ਹੋਏ ਹਨ।ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ ਵਿਦਿਆਰਥੀ ਮੁਕਾਬਲਿਆਂ ਦੇ ਨਤੀਜੇ ਦੱਸਦਿਆਂ ਕਿਹਾ ਕਿ ਗੁਰਬਾਣੀ ਕੰਠ ਮੁਕਾਬਲੇ ਵਿੱਚ ਪਹਿਲਾ ਸਥਾਨ ਗੁਰਜੀਤ ਸਿੰਘ ਅਤੇ ਦੂਜਾ ਸਥਾਨ ਵਿਕਾਸਪ੍ਰੀਤ ਸਿੰਘ (ਦੋਵੇਂ ਸੇਵਾ ਸੰਗੀਤ ਅਕੈਡਮੀ, ਮਹਿਤਾ ਚੌਂਕ, ਅੰਮ੍ਰਿਤਸਰ) ਨੇ ਹਾਸਲ ਕੀਤਾ। ਸਲੋਗਨ ਰਾਈਟਿੰਗ ਮੁਕਾਬਲੇ ਵਿੱਚ ਪਹਿਲਾ ਸਥਾਨ ਤਰਨਜੋਤ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਧੰਗੇੜਾ, ਨਾਭਾ ਅਤੇ ਦੂਜਾ ਸਥਾਨ ਰਾਜਨ ਪਰਮਿੰਦਰ ਕੌਰ (ਸਮਰ ਹਿੱਲ ਕਾਨਵੈਂਟ ਸਕੂਲ, ਮਾਨਸਾ ਰੋਡ, ਬਠਿੰਡਾ) ਨੇ ਪ੍ਰਾਪਤ ਕੀਤਾ।ਡੀਨ ਫੈਕਲਟੀ ਆਫ ਸ੍ਰੀ ਗੁਰੂ ਗ੍ਰੰਥ ਸਾਹਿਬ ਸਟੱਡੀਜ਼ ਡਾ. ਹਰਦੇਵ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੱਲ੍ਹ ਸਕੂਲ ਵਿਦਿਆਰਥੀਆਂ ਦੇ ਗੁਰਬਾਣੀ ਮੁਕਾਬਲੇ ਅਤੇ ਉਸ ਤੋਂ ਅਗਲੇ ਦਿਨ ਕਵਿਤਾ ਉਚਾਰਨ ਅਤੇ ਭਾਸ਼ਣ ਮੁਕਾਬਲੇ ਕਰਵਾਏ ਜਾਣਗੇ। ਇਸ ਮੌਕੇ ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ ਨੇ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਸ਼ਹੀਦੀ ਸਭਾ ਵਿੱਚ ਪਹੁੰਚ ਰਹੀ ਸੰਗਤ ਦੀ ਸੇਵਾ ਲਈ ਮੁਫ਼ਤ ਫਿਜ਼ੀਓਥੈਰੇਪੀ ਕੈਂਪ, ਦਸਤਾਰ ਸਿਖਲਾਈ ਕੈਂਪ ਅਤੇ ਐਨ.ਐੱਸ.ਐੱਸ. ਸੇਵਾਵਾਂ ਦੀ ਵੀ ਅੱਜ ਤੋਂ ਸ਼ੁਰੂਆਤ ਕੀਤੀ ਗਈ ਹੈ।ਸਮਾਗਮ ਦੇ ਅੰਤ ਵਿੱਚ ਸੰਯੋਜਕ ਡਾ. ਨਵ ਸ਼ਗਨ ਦੀਪ ਕੌਰ ਨੇ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ।




# ਸ਼ਹੀਦ ਊਧਮ ਸਿੰਘ ਦੇ ਜਨਮ ਦਿਹਾੜੇ ਮੌਕੇ ਕੋਟਕਪੂਰਾ ਵਿਖੇ ਸਨਮਾਨ ਸਮਾਗਮ ਭਲਕੇ

ਕੋਟਕਪੂਰਾ: (ਰਛਪਾਲ ਭੁੱਲਰ)- ਰਾਮ ਮੁਹੰਮਦ ਸਿੰਘ ਆਜ਼ਾਦ ਵੈਲਫੇਅਰ ਸੁਸਾਇਟੀ ਕੋਟਕਪੂਰਾ ਵੱਲੋਂ 26 ਦਸੰਬਰ ਦਿਨ ਸ਼ੁੱਕਰਵਾਰ ਨੂੰ ਸਵੇਰੇ 11ਵਜੇ ਸ਼ਹੀਦ ਊਧਮ ਸਿੰਘ ਦਾ ਜਨਮ ਦਿਹਾੜਾ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਸਾਹਮਣੇ ਸਰਕਾਰੀ ਮਿਡਲ ਸਕੂਲ ਪੁਰਾਣਾ ਕਿਲ੍ਹਾ ਵਿਖੇ ਮਨਾਇਆ ਜਾ ਰਿਹਾ ਹੈ। ਸੁਸਾਇਟੀ ਦੇ ਪ੍ਰਧਾਨ ਅਸ਼ੋਕ ਕੌਸ਼ਲ ,ਮੀਤ ਪ੍ਰਧਾਨ ਪ੍ਰੇਮ ਚਾਵਲਾ, ਜਨਰਲ ਸਕੱਤਰ ਕੁਲਵੰਤ ਸਿੰਘ ਚਾਨੀ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਮੁੱਖ ਸਲਾਹਕਾਰ ਗੁਰਿੰਦਰ ਸਿੰਘ ਮਹਿੰਦੀਰੱਤਾ , ਪ੍ਰੋਫੈਸਰ ਹਰਬੰਸ ਸਿੰਘ ਪਦਮ, ਮੁਖ਼ਤਿਆਰ ਸਿੰਘ ਮੱਤਾ, ਗੁਰਚਰਨ ਸਿੰਘ ਮਾਨ,ਇਕਬਾਲ ਸਿੰਘ ਮੰਘੇੜਾ ਅਤੇ ਤਰਸੇਮ ਨਰੂਲਾ ਨੇ ਦੱਸਿਆ ਹੈ ਕਿ ਇਸ ਸਮਾਗਮ ਦੇ ਮੁੱਖ ਮਹਿਮਾਨ ਜਸਵੰਤ ਸਿੰਘ ਸੇਵਾ ਮੁਕਤ ਚੀਫ ਮੈਨੇਜਰ ਸਟੇਟ ਬੈਂਕ ਆਫ ਇੰਡੀਆ , ਚੰਡੀਗੜ੍ਹ ਅਤੇ ਵਿਸ਼ੇਸ਼ ਮਹਿਮਾਨ ਡਾਕਟਰ ਮਨਜੀਤ ਸਿੰਘ ਢਿੱਲੋਂ ਚੇਅਰਮੈਨ ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਕੋਟਕਪੂਰਾ ਹੋਣਗੇ । ਸਮਾਗਮ ਦੌਰਾਨ ਪਿਛਲੀਆਂ ਰਵਾਇਤਾਂ ਅਨੁਸਾਰ ਜ਼ਿਲ੍ਹਾ ਫਰੀਦਕੋਟ ਦੇ ਸਕੂਲ ਮੁਖੀ ਅਤੇ ਵੱਖ ਵੱਖ ਵਰਗਾਂ ਦੇ ਅਧਿਆਪਕ ਸਨਮਾਨਿਤ ਕੀਤੇ ਜਾ ਰਹੇ ਹਨ। ਉਹਨਾਂ ਅੱਗੇ ਦੱਸਿਆ ਕਿ ਸਨਮਾਨਿਤ ਕੀਤੇ ਜਾ ਰਹੇ ਅਧਿਆਪਕਾਂ ਵਿੱਚ ਮੈਡਮ ਕੁਲਵਿੰਦਰ ਕੌਰ ਪ੍ਰਿੰਸੀਪਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਾਰਾ, ਹਰਸਿਮਰਨਜੀਤ ਕੌਰ ਮੁੱਖ ਅਧਿਆਪਕਾ ਸਰਕਾਰੀ ਹਾਈ ਸਕੂਲ ਬੀੜ ਸਿੱਖਾਂ ਵਾਲਾ, ਰੁਪਿੰਦਰਜੀਤ ਸਿੰਘ ਲੈਕਚਰਾਰ ਅੰਗਰੇਜ਼ੀ, ਡਾਕਟਰ ਹਰੀ ਸਿੰਘ ਸੇਵਕ ਸਕੂਲ ਆਫ ਐਮੀਨੈਸ ਕੋਟਕਪੂਰਾ, ਅਮੋਲਕ ਸਿੰਘ ਸਿੱਧੂ ਪੰਜਾਬੀ ਮਾਸਟਰ ਸਰਕਾਰੀ ਮਿਡਲ ਸਕੂਲ ਰਣ ਸਿੰਘ ਵਾਲਾ, ਅਮਨਦੀਪ ਕੌਰ ਮੈਥ ਮਿਸਟਰੈਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਜਾਕੀ ਕਲਾਂ , ਪਰਮਿੰਦਰ ਕੌਰ ਸਾਇੰਸ ਮਿਸਟਰੈਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੱਖੀ ਕਲਾਂ , ਸਤਵਿੰਦਰ ਸਿੰਘ ਈ ਟੀ ਟੀ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਦੁਆਰੇਆਣਾ ਅਤੇ ਰਾਕੇਸ਼ ਕੁਮਾਰ ਈ ਟੀ ਟੀ ਅਧਿਆਪਕ ਸਰਕਾਰੀ ਪ੍ਰਾਇਮਰੀ ਸਕੂਲ ਰੋੜੀਕਪੂਰਾ ਬਲਾਕ ਜੈਤੋ ਸ਼ਾਮਿਲ ਹਨ। ਇਸ ਤੋਂ ਇਲਾਵਾ ਸੁਸਾਇਟੀ ਦਾ ਸਾਲ 2026 ਦਾ ਕੈਲੰਡਰ ਵੀ ਜਾਰੀ ਕੀਤਾ ਜਾਵੇਗਾ।



# ਦੇਸ਼ ਭਗਤ ਗਲੋਬਲ ਸਕੂਲ 'ਚ ਧੂਮਧਾਮ ਨਾਲ ਮਨਾਇਆ ਸਾਲਾਨਾ ਸਮਾਗਮ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ) ਦੇਸ਼ ਭਗਤ ਗਲੋਬਲ ਸਕੂਲ ਵੱਲੋਂ ਦੇਸ਼ ਭਗਤ ਗਰੁੱਪ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ. ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਸਰਪ੍ਰਸਤੀ ਹੇਠ ਸਕੂਲ ਦੇ ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਦੀ ਯੋਗ ਅਗਵਾਈ ਹੇਠ ਚੱਲ ਰਹੇ ਦੇਸ਼ ਭਗਤ ਗਲੋਬਲ ਸਕੂਲ ਵਿਖੇ ਸਾਲਾਨਾ ਸਮਾਗਮ ਬੜੀ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਰੰਗਾਰੰਗ ਸਾਂਸਕ੍ਰਿਤਿਕ ਪ੍ਰੋਗਰਾਮ, ਗਨੇਸ਼ ਵੰਦਨਾ, ਪੰਜਾਬੀ ਸਕਿੱਟ, ਨਾਟਕ, ਭੰਗੜਾ, ਗਿੱਧਾ, ਗੀਤ, ਘੂੰਮਰ, ਕਵਾਲੀ ਆਦਿ ਪ੍ਰਸਤੁਤ ਕੀਤੇ ਗਏ, ਜਿਨ੍ਹਾਂ ਨੇ ਦਰਸ਼ਕਾਂ ਦਾ ਮਨ ਮੋਹ ਲਿਆ।ਇਸ ਮੌਕੇ ਮੁੱਖ ਮਹਿਮਾਨ - ਸ੍ਰੀ ਰਾਜਿੰਦਰ ਸੋਨੀ, ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ), ਪ੍ਰੋ. (ਡਾ.) ਸੰਦੀਪ ਸਿੰਘ, ਪ੍ਰੈਜ਼ੀਡੈਂਟ, ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ, ਡਾ.ਹਰਸ਼ ਸਦਾਵਰਤੀ, ਵਾਈਸ ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ, ਸ੍ਰੀ ਬੂਟਾ ਰਾਮ ਕਾਮਰਾ, ਸਮਾਜ ਸੇਵੀ ਪਹੁੰਚੇ ਅਤੇ ਬੱਚਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਸ੍ਰੀ ਰਾਜਿੰਦਰ ਸੋਨੀ ਨੇ ਵਿਦਿਆਰਥੀਆਂ ਨੂੰ ਜੀਵਨ ਵਿੱਚ ਲਗਾਤਾਰ ਮਿਹਨਤ ਕਰਨ, ਅਧਿਆਪਕਾਂ ਤੇ ਮਾਪਿਆਂ ਦਾ ਸਤਿਕਾਰ ਕਰਨ ਅਤੇ ਦੇਸ਼ ਦਾ ਨਾਂਅ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਸਮਾਗਮ ਦੌਰਾਨ ਪ੍ਰਤਿਭਾਵਾਨ ਵਿਦਿਆਰਥੀਆਂ ਨੂੰ ਖੇਡਾਂ, ਪਾਠਕ੍ਰਮ ਤੇ ਸੰਸਕ੍ਰਿਤਿਕ ਖੇਤਰ ਵਿੱਚ ਜ਼ਿਕਰਯੋਗ ਪ੍ਰਦਰਸ਼ਨ ਲਈ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ।ਮਾਪਿਆਂ ਤੇ ਮਹਿਮਾਨਾਂ ਵੱਲੋਂ ਬੱਚਿਆਂ ਦੇ ਹੁਨਰ ਦੀ ਭਰਪੂਰ ਸ਼ਲਾਘਾ ਕੀਤੀ ਗਈ।ਵਾਈਸ ਚਾਂਸਲਰ ਡਾ.ਹਰਸ਼ ਸਦਾਵਰਤੀ, ਦੇਸ਼ ਭਗਤ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ ਨੇ ਕਿਹਾ ਕਿ ਸਕੂਲ ਪ੍ਰਬੰਧਕ ਕਮੇਟੀ, ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ ਤੇ ਸਟਾਫ਼ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਸਕੂਲ ਵੱਲੋਂ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ ਤੇ ਖੇਡ ਗਤੀਵਿਧੀਆਂ ਨੂੰ ਵੀ ਬਰਾਬਰ ਮਹੱਤਵ ਦਿੱਤਾ ਜਾ ਰਿਹਾ ਹੈ। ਪ੍ਰਿੰਸੀਪਲ ਡਾਕਟਰ ਸੰਜੀਵ ਜਿੰਦਲ ਨੇ ਕਿਹਾ ਕਿ ਸਾਲਾਨਾ ਸਮਾਗਮ ਬੱਚਿਆਂ ਦੇ ਅੰਦਰ ਲੁਕੇ ਹੁਨਰ ਨੂੰ ਨਿਖਾਰਨ ਲਈ ਇੱਕ ਮਹੱਤਵਪੂਰਨ ਮੰਚ ਹੈ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਕਾਰਜਕ੍ਰਮ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ ਤੇ ਟੀਮ ਵਰਕ ਦੀ ਭਾਵਨਾ ਪੈਦਾ ਕਰਦੇ ਹਨ, ਉੱਥੇ ਵਾਈਸ ਪ੍ਰਿੰਸੀਪਲ ਡਾਕਟਰ ਪਰਮਪ੍ਰੀਤ ਕੌਰ ਨੇ ਕਿਹਾ ਕਿ ਸਕੂਲ ਸਿਰਫ ਪੜ੍ਹਾਈ ਹੀ ਨਹੀਂ, ਸਗੋਂ ਬੱਚਿਆਂ ਦੀ ਸਰਵਾਂਗੀਣ ਵਿਕਾਸ ਲਈ ਵੀ ਪ੍ਰਤਿਬੱਧ ਹੈ।ਉਨ੍ਹਾਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਮਾਗਮ ਦੀ ਸਫਲਤਾ ਲਈ ਵਧਾਈ ਦਿੱਤੀ ਤੇ ਮਾਪਿਆਂ ਦੇ ਸਹਿਯੋਗ ਲਈ ਧੰਨਵਾਦ ਪ੍ਰਗਟ ਕੀਤਾ।



# ਵਾਹਿਗੁਰੂ ਦੇ ਓਟ-ਆਸਰੇ ਨਾਲ ਹੈਰੀਟੇਜ ਗਰੈਂਡ ਪੈਲੇਸ ਦੀ ਸ਼ਾਨਦਾਰ ਸ਼ੁਰੂਆਤ

ਬਾਘਾ ਪੁਰਾਣਾ (ਮਨੀ ਸਿੰਗਲਾ)- ਬਾਘਾ ਪੁਰਾਣਾ ਸ਼ਹਿਰ ਦੀ ਨਿਹਾਲ ਸਿੰਘ ਵਾਲਾ ਸੜਕ ਉੱਪਰ ਨਵੇਂ ਤੌਰ 'ਤੇ ਤਿਆਰ ਹੋਏ ਹੈਰੀਟੇਜ ਗਰੈਂਡ ਪੈਲੇਸ ਦੀ ਸ਼ੁਰੂਆਤ ਵਾਹਿਗੁਰੂ ਦੇ ਓਟ-ਆਸਰੇ ਨਾਲ ਬੜੀ ਧਾਰਮਿਕ ਅਤੇ ਸ਼ਾਨਦਾਰ ਵਿਧੀ ਨਾਲ ਕੀਤੀ ਗਈ। ਇਸ ਪਵਿੱਤਰ ਮੌਕੇ 'ਤੇ ਸ੍ਰੀ ਸੁਖਮਨੀ ਸਾਹਿਬ ਦੇ ਪਾਠਾਂ ਦੇ ਭੋਗ ਪਾਏ ਗਏ ਅਤੇ ਰਾਗੀ ਜਥੇ ਵੱਲੋਂ ਰੂਹਾਨੀ ਕੀਰਤਨ ਕਰਵਾਇਆ ਗਿਆ, ਜਿਸ ਨਾਲ ਸਾਰਾ ਮਾਹੌਲ ਧਾਰਮਿਕਤਾ ਅਤੇ ਆਤਮਿਕ ਸ਼ਾਂਤੀ ਨਾਲ ਭਰ ਗਿਆ। ਇਸ ਮੌਕੇ ਮੁੱਖ ਮਹਿਮਾਨ ਬਾਬਾ ਬਲਵਿੰਦਰ ਸਿੰਘ ਭਦੌੜ ਵਾਲੇ, ਬਾਬਾ ਕੁਲਵੰਤ ਸਮਾਧ ਠਾਠ, ਬਾਬਾ ਮਟੀਲੀ ਵਾਲੇ ਵਲੋਂ ਵੀ ਹਾਜ਼ਰੀ ਭਰੀ ਗਈ। ਹੈਰੀਟੇਜ ਗਰੈਂਡ ਪੈਲੇਸ ਦੇ ਮਾਲਕ ਐਡਵੋਕੇਟ ਅਮਿਤ ਅਗਰਵਾਲ, ਲਵਕੇਸ਼ ਅਰੋੜਾ ਅਤੇ ਟੀਨੂੰ ਗਰਗ ਨੇ ਆਪਣੇ ਪਰਿਵਾਰਾਂ ਸਮੇਤ ਸਮਾਗਮ ਵਿਚ ਪਹੁੰਚੇ ਹੋਏ ਸਾਰੇ ਮਹਿਮਾਨਾਂ ਨੂੰ ਜੀ ਆਇਆ ਕਿਹਾ ਅਤੇ ਪੈਲੇਸ ਦੀਆਂ ਵਿਸ਼ੇਸ਼ਤਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਪੈਲੇਸ ਆਧੁਨਿਕ ਸੁਵਿਧਾਵਾਂ, ਖੁੱਲ੍ਹੇ ਅਤੇ ਸੁੰਦਰ ਹਾਲ, ਆਕਰਸ਼ਕ ਸਜਾਵਟ ਅਤੇ ਹਰ ਤਰ੍ਹਾਂ ਦੇ ਸਮਾਗਮਾਂ ਲਈ ਉਪਯੋਗ ਸਹੂਲਤਾਂ ਨਾਲ ਲੈਸ ਹੈ । ਇਸ ਮੌਕੇ ਜਤਿੰਦਰ ਅਰੋੜਾ ਜੋਤੀ, ਸੌਰਵ ਸ਼ਰਮਾ, ਮਨਦੀਪ ਸਿੰਘ ਝੀਤੇ, ਸੁਖਮਨ ਬਰਾੜ, ਪ੍ਰਕਾਸ਼ ਬਰਾੜ, ਬੱਬੂ ਚੱਡਾ, ਰਮਨ ਸੰਧੂ ਫਰੀਦਕੋਟ, ਪਿਆਰ ਸੰਧੂ ਫਰੀਦਕੋਟ, ਗੁਰਪ੍ਰੀਤ ਗੋਪੀ, ਖੁਸ਼ ਕੰਬੋ, ਗੁਰਪ੍ਰੀਤ ਗੋਰਾ, ਅੰਗਰੇਜ ਸੰਧੂ, ਗੁਰਪ੍ਰੀਤ ਮਨਚੰਦਾ, ਮਨਦੀਪ ਕੱਕੜ, ਵਿਕਾਸ ਕਪੂਰ (ਸ਼ਿਵ ਸੈਨਾ ਮੋਗਾ), ਗਗਨ ਨੌਹਰੀਆ (ਸ਼ਿਵ ਸੈਨਾ ਮੋਗਾ), ਰਾਮ ਬਚਨ ਰਾਏ ਪ੍ਰਧਾਨ ਸ਼ਿਵ ਸੈਨਾ ਮੋਗਾ, ਮੈਡਮ ਮਨਦੀਪ ਸ਼ਰਮਾ (ਸ਼ਿਵ ਸੈਨਾ ਮੋਗਾ), ਕੁਨਾਲ ਅਰੋੜਾ ਮੋਗਾ ਸਾਂਝ ਸਵੀ, ਭਾਰਤ ਭੂਸ਼ਨ ਐਮ.ਸੀ ਮੋਗਾ ਅਤੇ ਹੋਰ ਹਾਜ਼ਰ ਸਨ ।




**AXIS BANK LTD.** AXIS BANK LTD., RETAIL ASSET CENTRE, 2ND FLOOR, PROPERTY # 7-E, MUNICIPAL 3903/1142/16, MALHAR ROAD, SARABHA NAGAR, LUDHIANA -141001

REGISTERED OFFICE: "TRISHUL" – 3RD FLOOR OPP. SAMARTHESWAR TEMPLE, NEAR LAW GARDEN, ELLISBRIDGE, AHMEDABAD – 380006.

**ਅੰਤਿਕਾ IV [ਹਵਾਲਾ ਰੂਲ-8 (1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਰਸੇ)**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫ਼ਸਰ ਵਜੋਂ ਸਕਿਉਰਟੀਜੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ਼ ਫਾਇਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ਼ ਸਕਿਉਰਿਟੀ ਇੰਟਰੈਸਟ ਐਕਟ, 2002 ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 16 ਅਗਸਤ 2024 ਨੂੰ ਡਿਮਾਂਡ ਨੋਟਿਸ ਜਾਰੀ ਕਰਦਿਆਂ ਸ੍ਰੀ ਸੁਰਜੀਤ ਸਿੰਘ ਪੁੱਤਰ ਸ਼ੇਖਰ ਬਿਡਲਾ ਨੂੰ ਨੋਟਿਸ 'ਚ ਦਰਸਾਈ ਰਕਮ 24,24,771/- (ਚੌਵੀ ਲੱਖ ਚੌਵੀ ਹਜ਼ਾਰ ਸੱਤ ਸੌ ਇਕੱਤਰ ਰੁਪਏ ਕੇਵਲ) ਸਮੇਤ ਇਸ 'ਤੇ ਹੋਰ ਅਣ ਲਾਗੂ ਯੋਗ ਵਿਆਜ ਅਤੇ ਲਾਗਤ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਅਦਾ ਕਰਨ ਲਈ ਕਿਹਾ ਸੀ। ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਰਕਮ ਵਾਪਸ ਮੋੜਨ 'ਚ ਅਸਫ਼ਲ ਰਹੇ ਹਨ। ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਰਹਿਣਕਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨ ਹਸਤਾਖਰੀ ਨੇ ਸਕਿਉਰਿਟੀ ਇਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13(4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 23 ਦਸੰਬਰ 2025 ਨੂੰ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰਾਂ/ਸਹਿ-ਕਰਜ਼ਦਰਾਂ/ਰਹਿਣਕਾਰਾਂ/ਗਰੰਟਰ ਨੂੰ ਖਾਸ ਤੌਰ 'ਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਐਕਸਿਸ ਬੈਂਕ ਲਿਮਟਿਡ ਦੀ ਬਕਾਇਆ ਰਕਮ ਰੁਪਏ 24,24,771/-(ਚੌਵੀ ਲੱਖ ਚੌਵੀ ਹਜ਼ਾਰ ਸੱਤ ਸੌ ਇਕੱਤਰ ਰੁਪਏ ਕੇਵਲ) ਸਮੇਤ ਇਸ 'ਤੇ ਅਦਾਇਗੀ ਦੀ ਮਿਤੀ ਤੱਕ ਵਿਆਜ ਦੀ ਠੇਕਾ ਦਰ ਅਤੇ ਖਰਚੇ ਦੀ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਰਹਿਣਕਾਰਾਂ/ਗਰੰਟਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ ਸੈਕਸ਼ਨ (8) ਵਿਵਸਥਾਵਾਂ ਵੱਲ ਧਿਆਨ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ**

ਬੈਨਾਮਾ ਨੰ. 2020-21/13/1/7756 ਮਿਤੀ 14-12-2020 ਅਨੁਸਾਰ (1) ਮੁਕੇਸ਼ ਦੇਵੀ ਬਿਡਲਾ ਪਤਨੀ ਸ਼ੇਖਰ ਬਿਡਲਾ (2) ਸੁਰਜੀਤ ਸਿੰਘ ਪੁੱਤਰ ਸ਼ੇਖਰ ਬਿਡਲਾ (3) ਰਣਜੀਤ ਸਿੰਘ ਪੁੱਤਰ ਸ਼ੇਖਰ ਬਿਡਲਾ (4) ਵਿਜੈ ਬਿਡਲਾ ਪੁੱਤਰ ਸ਼ੇਖਰ ਬਿਡਲਾ ਦੇ ਨਾਂਅ ਜਾਇਦਾਦ/ਮਕਾਨ ਨੰ. 54-ਏ (70 ਵਰਗ ਗਜ਼) ਰਕਬਾ 00 ਕਨਾਲ 02 ਮਰਲਾ 03 ਸਰਸਾਈ ਖੇਵਟ ਖੱਤਾ ਨੰ. 745/770, ਖਸਰਾ ਨੰ. 56//5(7-12) ਕਿੱਤੇ 07, ਰਕਬਾ 01 ਕਨਾਲ 12 ਮਰਲੇ ਦਾ ਹਿੱਸਾ 21/1368, ਵੀ-ਸਿਟੀ 2 ਵਿਖੇ ਸਥਿਤ, ਪਿੰਡ ਭਵਾਤ ਐਮ ਸੀ, ਜ਼ੀਰਕਪੁਰ, ਜ਼ਿਲ੍ਹਾ ਐਸ ਏ ਐਸ ਨਗਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਸਾਈਟ ਅਨੁਸਾਰ) : ਪੂਰਬ : ਹੋਰ ਮਾਲਕ, ਪੱਛਮ : ਰਸਤਾ, ਉੱਤਰ : ਮਕਾਨ ਨੰ: 54, ਦੱਖਣ : ਪਲਾਟ ਨੰ: 55

ਮਿਤੀ : 23 ਦਸੰਬਰ 2025   ਸਹੀ/- ਅਧਿਕਾਰਤ ਅਫ਼ਸਰ,
ਸਥਾਨ : ਜ਼ੀਰਕਪੁਰ   ਐਕਸਿਸ ਬੈਂਕ ਲਿਮਟਿਡ।


# ਆਲ ਇੰਡੀਆ ਹਿਊਮਨ ਰਾਈਟਸ ਦਾ ਪੈਨਸ਼ਨ ਵੰਡ ਸਮਾਰੋਹ

ਜਗਰਾਉਂ (ਸੰਜੀਵ ਅਰੋੜਾ)- ਆਲ ਇੰਡੀਆ ਹਿਊਮਨ ਰਾਈਟਸ ਐਸੋਸੀਏਸ਼ਨ ਜੋ ਕਿ ਲਗਭਗ ਪਿੱਛਲੇ 16 ਸਾਲਾਂ ਤੋਂ ਬਜ਼ੁਰਗਾਂ ਨੂੰ ਪੈਨਸ਼ਨ ਵੰਡਦਾ ਆ ਰਿਹਾ ਹੈ, ਦੇ 190 ਵੇਂ ਪੈਨਸ਼ਨ ਵੰਡ ਸਮਾਰੋਹ ਦੇ ਮੁੱਖ ਮਹਿਮਾਨ ਬਲਬੀਰ ਸਿੰਘ ਕਲੇਰ ਕੈਨੇਡਾ, ਉਨ੍ਹਾਂ ਦੀ ਧਰਮ ਪਤਨੀ ਮਹਿੰਦਰ ਕੌਰ ਕਲੇਰ, ਬੇਟੀਆਂ ਹੈਮਰੀਨ ਕੌਰ ਕਲੇਰ, ਅਵਨੀਤ ਕੌਰ ਕਲੇਰ, ਰਹਿਮਨ ਕੌਰ ਕਲੇਰ ਅਤੇ ਮਨਪ੍ਰੀਤ ਕੌਰ ਸਿੱਧੂ ਸਨ, ਜਿਹੜੇ ਕਿ ਪਿੱਛਲੇ 8-9 ਵਰ੍ਹਿਆਂ ਤੋਂ ਬਜ਼ੁਰਗਾਂ ਦੀਆਂ ਪੈਨਸ਼ਨ ਦੇ ਨਾਲ-ਨਾਲ ਹੋਰ ਜ਼ਰੂਰੀ ਵਸਤੂਆਂ ਵੀ ਭੇਜ ਰਿਹਾ ਹੈ। ਇਸ ਪਰਿਵਾਰ ਨੇ ਆਪਣੀ ਨੇਕ ਕਮਾਈ 'ਚੋਂ 25 ਬਜ਼ੁਰਗਾਂ ਨੂੰ ਪੈਨਸ਼ਨ ਵੰਡੀ। ਇਸ ਸਮਾਗਮ ਦੇ ਗੈਸਟ ਆਫ਼ ਆਨਰ ਰਜਿੰਦਰ ਜੈਨ ਕਾਕਾ ਪ੍ਰਸਿੱਧ ਸਮਾਜ ਸੇਵੀ ਸਨ, ਜਿੰਨ੍ਹਾਂ ਨੇ ਆਪਣੀ ਨੇਕ ਕਮਾਈ ਵਿਚੋਂ ਬਜ਼ੁਰਗਾਂ ਲਈ ਮਾਇਕ ਸਹਾਇਤਾ ਸੰਸਥਾ ਨੂੰ ਦਿੱਤੀ। ਇਸ ਤੋਂ ਇਲਾਵਾ ਐਸ਼ਲੇ ਸਨਿਕ ਨੇ ਵੀ ਉਚੇਚੇ ਤੌਰ 'ਤੇ ਪਹੁੰਚ ਕੇ ਸੇਵਾ ਕੀਤੀ। ਇਸ ਮਹੀਨੇ ਲਈ ਬਜ਼ੁਰਗਾਂ ਲਈ ਆਟੇ ਦੀਆਂ ਥੈਲੀਆਂ ਦੀ ਸੇਵਾ ਹਰੀ ਓਮ ਵਰਮਾ, ਉਨ੍ਹਾਂ ਦੇ ਭਰਾ ਵਿਸ਼ਨੂੰ ਇਟਲੀ ਨੇ ਆਪਣੇ ਮਾਤਾ ਮੀਨਾ ਰਾਣੀ ਅਤੇ ਪਿਤਾ ਸ੍ਰੀ ਪ੍ਰੇਮ ਲਾਲ ਜੀ ਦੀ ਯਾਦ ਵਿਚ ਕੀਤੀ। ਕੈਨੇਡੀਅਨ ਬੇਟੀ ਰਹਿਮਨ ਕੌਰ ਨੇ ਆਲ ਇੰਡੀਆ ਹਿਊਮਨ ਰਾਈਟਸ ਐਸੋਸੀਏਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਚਾਰੋ ਭੈਣਾਂ ਰਲਕੇ ਬਜ਼ੁਰਗਾਂ ਲਈ ਅਲੱਗ ਤੋਂ ਸੇਵਾ ਭੇਜਿਆ ਕਰਨਗੀਆਂ। ਗੁਰਪ੍ਰੀਤ ਸਿੰਘ ਅਤੇ ਮਨਜਿੰਦਰ ਸਿੰਘ ਪਾਲ ਸਿੰਘ ਹਨੀ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਬਜ਼ੁਰਗਾਂ ਨੂੰ ਸਰਦੀ ਦੇ ਮੌਸਮ ਨੂੰ ਦੇਖਦੇ ਹੋਏ ਰਿਟਾ: ਜ਼ਿਲ੍ਹਾ ਸਿੱਖਿਆ ਅਫ਼ਸਰ ਕੁਲਵੰਤ ਸਿੰਘ ਵੱਲੋਂ ਵਧੀਆ ਕੰਬਲ ਵੰਡੇ ਗਏ। ਇਸ ਤੋਂ ਇਲਾਵਾ ਬਜ਼ੁਰਗਾਂ ਲਈ ਚਾਹ, ਟੋਸਟ, ਨਾਸ਼ਤੇ ਦਾ ਪ੍ਰਬੰਧ ਹਰੀ ਓਮ ਵਰਮਾ ਦੇ ਪਰਿਵਾਰ ਵੱਲੋਂ ਕੀਤਾ ਗਿਆ। ਸੰਸਥਾ ਦੇ ਮੈਂਬਰਾਂ ਮਨਜਿੰਦਰਪਾਲ ਸਿੰਘ ਹਨੀ, ਸੈਕਟਰੀ ਰਾਕੇਸ਼ ਮੈਣੀ, ਜੁਆਇੰਟ ਸੈਕਟਰੀ ਜਸਪਾਲ ਸਿੰਘ, ਪ੍ਰੋਜੈਕਟਰ ਡਾਇਰੈਕਟਰ ਵਿੱਕੀ ਔਲਖ ਅਤੇ ਵਿਕਰਮ ਜੱਸੀ, ਪਬਲਿਸਿਟੀ ਅਫ਼ਸਰ ਆਸ਼ੀਸ਼ ਕਪੂਰ ਅਤੇ ਨਵਦੀਪ ਬਾਵਾ, ਪ੍ਰੇਮ ਸੈਕਟਰੀ ਹਰੀ ਓਮ, ਲੀਗਲ ਐਡਵਾਈਜ਼ਰ ਦਿਨੇਸ਼ ਕਤਿਆਲ ਆਦਿ ਨੇ ਬਜ਼ੁਰਗਾਂ ਤੋਂ ਆਸ਼ੀਰਵਾਦ ਲਿਆ।



# ਭਾਰਤੀਯ ਅੰਬੇਡਕਰ ਮਿਸ਼ਨ ਨੇ ਸ਼ਹੀਦਾਂ ਨੂੰ ਯਾਦ ਕੀਤਾ

ਸੰਗਰੂਰ (ਪ੍ਰਵੀਨ ਸਿੰਘ)- ਦੇਸ਼ ਦੀ ਪ੍ਰਸਿੱਧ ਤੇ ਸਰਗਰਮ ਸਮਾਜਿਕ ਜੱਥੇਬੰਦੀ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਵੱਲੋਂ ਇੱਕ ਚੰਗਾ ਉਪਰਾਲਾ ਕਰਦਿਆਂ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਮਿਸ਼ਨ ਦੇ ਸੀਨੀਅਰ ਆਗੂ ਜਗਸੀਰ ਸਿੰਘ ਖੇੜੀ ਚੰਦਵਾ ਪ੍ਰਧਾਨ ਭਗਵਾਨ ਵਾਲਮੀਕਿ ਵੈਲਫੇਅਰ ਸੁਸਾਇਟੀ ਖੇੜੀ ਚੰਦਵਾ ਦੀ ਅਗਵਾਈ ਹੇਠ ਕੌਮ ਦੇ ਮਹਾਨ ਸ਼ਹੀਦ ਰੰਗਰੇਟਾ ਗੁਰੂ ਕਾ ਬੇਟਾ ਬਾਬਾ ਜੀਵਨ ਸਿੰਘ ਜੀ (ਭਾਈ ਜੈਤਾ ਜੀ) ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਜ਼ਿਲ੍ਹਾ ਸੰਗਰੂਰ ਦੇ ਪਿੰਡ ਖੇੜੀ ਚੰਦਵਾ ਦੇ ਗੁਰਦੁਆਰਾ ਸਾਹਿਬ ਸਿੰਘ ਸਭਾ ਵਿਖੇ ਅੱਖਾਂ ਦਾ ਵਿਸ਼ਾਲ ਚੈੱਕਅਪ ਕੈਂਪ ਲਗਾਇਆ ਗਿਆ ਜਿਸ ਵਿੱਚ ਮੁੱਖ ਮਹਿਮਾਨ ਵੱਜੋਂ ਮਿਸ਼ਨ ਦੇ ਮੁੱਖ ਸਰਪ੍ਰਸਤ ਮੈਡਮ ਪੂਨਮ ਕਾਂਗੜਾ ਸ਼ਾਮਿਲ ਹੋਏ ਜਦ ਕਿ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ੍ਰੀ ਰਵੀ ਚਾਵਲਾ ਪ੍ਰਧਾਨ ਭਗਵਾਨ ਵਾਲਮੀਕਿ ਰਾਮਾਇਣ ਭਵਨ ਸਰੋਵਰ ਆਸ਼ਰਮ ਸੰਗਰੂਰ ਨੇ ਸ਼ਿਰਕਤ ਕੀਤੀ । ਕੈਂਪ ਵਿੱਚ ਪਹੁੰਚੀ ਗਲੋਬਲ ਹਸਪਤਾਲ ਸੰਗਰੂਰ ਦੇ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ 350 ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕੀਤਾ ਗਿਆ ਅਤੇ ਲੋੜਵੰਦ ਮਰੀਜ਼ਾਂ ਨੂੰ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਵੱਲੋਂ ਦਵਾਈਆਂ ਮੁਫ਼ਤ ਦਿੱਤੀਆਂ ਗਈਆਂ । ਇਸ ਮੌਕੇ ਸੰਬੋਧਨ ਕਰਦਿਆਂ ਮੈਡਮ ਪੂਨਮ ਕਾਂਗੜਾ ਨੇ ਕਿਹਾ ਕਿ ਸ਼ਹੀਦ ਸਾਡੀ ਕੌਮ ਦਾ ਸਰਮਾਇਆ ਹੁੰਦੇ ਹਨ ਸ਼ਹੀਦਾਂ ਦੀਆਂ ਲਾਸਾਨੀ ਸ਼ਹਾਦਤਾਂ ਨੂੰ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਨੇ ਬਾਬਾ ਜੀਵਨ ਸਿੰਘ ਦਾ ਜਿਕਰ ਕਰਦਿਆਂ ਕਿਹਾ ਕਿ ਬਾਬਾ ਜੀਵਨ ਸਿੰਘ ਜੀ ਜੋ ਗੁਰੂ ਤੇਗ ਬਹਾਦਰ ਜੀ ਦਾ ਸੀਸ ਦਿੱਲੀ ਤੋਂ ਸ੍ਰੀ ਅਨੰਦਪੁਰ ਸਾਹਿਬ ਲੈ ਕੇ ਆਏ ਸਨ ਜਿਸ ਸਦਕਾ ਗੁਰੂ ਗੋਬਿੰਦ ਸਿੰਘ ਜੀ ਨੇ ਬਾਬਾ ਜੀਵਨ ਸਿੰਘ ਜੀ ਨੂੰ ਗੱਲ ਨਾਲ ਲਗਾਉਂਦਿਆਂ ਰੰਗਰੇਟਾ ਗੁਰੂ ਕਾ ਬੇਟਾ ਦਾ ਖ਼ਿਤਾਬ ਦਿੱਤਾ। ਇਸ ਮੌਕੇ ਮਿਸ਼ਨ ਦੇ ਪ੍ਰਬੰਧਕਾਂ ਅਤੇ ਸਮੂਹ ਪੰਚਾਇਤ ਵੱਲੋਂ ਮੈਡਮ ਪੂਨਮ ਕਾਂਗੜਾ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਮਾਗਮ ਵਿੱਚ ਜਤਿੰਦਰ ਸਿੰਘ ਸਾਬਕਾ ਸਰਪੰਚ, ਗ੍ਰੰਥੀ ਮਨਮੋਹਨ ਸਿੰਘ, ਨਿਰਮਲ ਸਿੰਘ ਸਿੱਧੂ, ਅਮਰ ਸਿੰਘ, ਤੇਜ ਕੌਰ ਸਾਬਕਾ ਸਰਪੰਚ, ਪਰਮਾਤਮਾ ਸਿੰਘ, ਮੇਵਾ ਸਿੰਘ, ਮਨੀ ਸਿੰਘ, ਬੰਤ ਸਿੰਘ, ਅਮਰਜੀਤ ਕੌਰ, ਨਛੱਤਰ ਸਿੰਘ ਚੌਕੀਦਾਰ, ਗੁਰਦੀਪ ਸਿੰਘ ਸਾਬਕਾ ਪੰਚ, ਡਾ ਰਾਜਿੰਦਰ ਕੁਮਾਰ ਸਾਰਵਾਨ,ਡਾ ਗੁਰਦੀਪ ਸਿੰਘ ਬਿੱਟੂ,ਡਾ ਕ੍ਰਿਸ਼ਨ ਸਿੰਘ ਆਦਿ ਹਾਜ਼ਰ ਸਨ।





**UMMEED HOUSING FINANCE PVT. LTD**
Registered office at : Unit 2009-14, 20th Floor, Magnum Global Park, Golf Course Extension Road, Sec-58, Gurugram (Haryana)-122011
CIN: U64990HR2016PTC057984

**ਅੰਤਿਕਾ IV [(ਦੇਖੋ ਰੂਲ 8 (1)] ਕਬਜ਼ਾ ਨੋਟਿਸ**

ਜਦੋਂਕਿ ਨਿਮਨਹਸਤਾਖਰੀ 'ਸਕਿਉਰਿਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈ: ਲਿਮ: ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ (ਰੂਲ 3) ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਏ ਕਰਜ਼ਦਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਨੋਟਿਸ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਸੰਬੰਧਤ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਵਾਪਸ ਅਦਾ ਕਰਨ 'ਚ ਅਸਫਲ ਰਹੇ ਹਨ ਅਤੇ ਉਨ੍ਹਾਂ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਿਟੀ ਇੰਟਰੈੱਸਟ ਇਨਫੋਰਸਮੈਂਟ ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਨਿਮਨਹਸਤਾਖਰੀ ਨੇ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਆਮ ਤੌਰ 'ਤੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਸੌਦੇਬਾਜ਼ੀ ਨਾ ਕਰਨ ਅਤੇ ਜਾਇਦਾਦ ਸੰਬੰਧੀ ਕੀਤੀ ਗਈ ਕੋਈ ਵੀ ਸੌਦੇਬਾਜ਼ੀ ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈ: ਲਿਮ: ਨੂੰ ਰਕਮ ਅਤੇ ਉਸ ਉੱਪਰ ਵਿਆਜ, ਲਾਗਤਾਂ ਅਤੇ ਚਾਰਜਿਜ਼ ਆਦਿ ਨੂੰ ਨਿਮਨਲਿਖਤ ਨਿਰਧਾਰਤ ਮਿਤੀਆਂ ਤੋਂ ਮੁਕੰਮਲ ਅਦਾਇਗੀ ਤੱਕ ਹੱਕਦਾਰ ਬਣਾਏਗੀ।

ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ ਸੈਕਸ਼ਨ (8) ਦੀਆਂ ਵਿਵਸਥਾਵਾਂ ਅਧੀਨ ਸਕਿਉਰਡ ਐੱਸਟਸ ਨੂੰ ਪੁਨਰਗ੍ਰਹਿਣ ਕਰਨ ਲਈ ਦਿੱਤੇ ਗਏ ਸਮੇਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ ਗਰੰਟਰਾਂ, ਸਕਿਉਰਟੀਜ਼, ਬਕਾਇਆ ਰਕਮਾਂ, ਡਿਮਾਂਡ ਨੋਟਿਸ ਸੈਕਸ਼ਨ 13 (2) ਅਧੀਨ ਭੇਜੇ ਗਏ ਹਨ ਅਤੇ ਇਸ ਅਧੀਨ ਦਾਅਵਾ ਕੀਤੀ ਗਈ ਰਕਮ ਅਤੇ ਕਬਜ਼ੇ ਦੀ ਮਿਤੀ ਹੇਠਾਂ ਦਰਸਾਏ ਅਨੁਸਾਰ ਹੈ :

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ, ਗਰੰਟਰ ਦਾ ਨਾਂਅ ਅਤੇ ਪਤਾ, ਕਰਜ਼ਾ ਖਾਤਾ ਨੰ. ਅਤੇ ਕਰਜ਼ਾ ਰਾਸ਼ੀ | ਡਿਮਾਂਡ ਨੋਟਿਸ ਦੀ ਮਿਤੀ | ਭੌਤਿਕ ਕਬਜ਼ੇ ਦੀ ਮਿਤੀ |
|---|---|---|---|
| 1. | 1. ਨਰੇਸ਼ ਕੁਮਾਰ ਗਰਗ ਪੁੱਤਰ ਦੇਵੀ ਚੰਦ (ਕਰਜ਼ਦਾਰ) 2. ਅਨੂ ਗਰਗ ਪਤਨੀ ਨਰੇਸ਼ ਕੁਮਾਰ ਗਰਗ (ਸਹਿ-ਕਰਜ਼ਦਾਰ) ਦੋਵੇਂ ਵਾਸੀ ਮਕਾਨ ਨੰ. 1, ਗਲੀ ਨੰ. 1, ਨੂਰਾਵਾਲਾ ਰੋਡ, ਬਸੰਤ ਵਿਹਾਰ ਬਸਤੀ, ਜੋਧੇਵਾਲ, ਲੁਧਿਆਣਾ, ਪੰਜਾਬ-141007 ਕਰਜ਼ਾ ਨੰ. LXLUD02924-250045435 ਕਰਜ਼ਾ ਇਕਰਾਰਨਾਮਾ ਮਿਤੀ : 30 ਨਵੰਬਰ 2024 ਕਰਜ਼ਾ ਰਕਮ : ਰੁਪਏ 31,75,000/- | 10-10-2025 | 23-12-2025 |
| | | ਬਕਾਇਆ ਰਕਮ ਰੁਪਏ 'ਚ: 10-10-2025 ਨੂੰ ਰੁਪਏ 33,09,278/- (ਤੇਤੀ ਲੱਖ ਨੌਂ ਹਜ਼ਾਰ ਦੋ ਸੌ ਅਠੱਤਰ ਰੁਪਏ ਕੇਵਲ) ਜਮ੍ਹਾਂ 11-10-2025 ਤੋਂ ਹੋਰ ਵਿਆਜ ਅਤੇ ਹੋਰ ਚਾਰਜਿਜ਼ | |

ਸਕਿਉਰਡ ਐੱਸਟਸ ਦਾ ਵੇਰਵਾ : ਪਲਾਟ ਖਸਰਾ ਨੰ. 24//13/1/1, ਖੇਵਟ/ਖਤੌਨੀ ਨੰ. 75/78, ਰਕਬਾ 100 ਵਰਗ ਗਜ਼, ਹਦਬਸਤ ਨੰ. 80, ਜਮ੍ਹਾਂਬੰਦੀ ਸਾਲ 2005-06, ਪਿੰਡ ਕਾਕੋਵਾਲੀ ਵਿਖੇ ਸਥਿਤ, ਅਬਾਦੀ ਨਿਊ ਬਸੰਤ ਵਿਹਾਰ, ਡਾ. ਬੋਧੀ ਵਾਲੀ ਗਲੀ, ਕਾਕੋਵਾਲ ਰੋਡ, ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਖਾਲੀ ਪਲਾਟ, ਪੱਛਮ : ਗਲੀ 20 ਫੁੱਟ ਚੌੜੀ, ਉੱਤਰ : ਸਤੀਸ਼ ਕੁਮਾਰ, ਦੱਖਣ : ਯੋਗਰਾਜ।

ਮਿਤੀ : 25.12.2025   ਅਧਿਕਾਰਤ ਅਫਸਰ, ਸ੍ਰੀ ਗੌਰਵ ਤ੍ਰਿਪਾਠੀ ਮੋਬਾਇਲ-96500-55701
ਸਥਾਨ : ਗੁਰੂਗ੍ਰਾਮ, ਹਰਿਆਣਾ   ਉਮੀਦ ਹਾਊਸਿੰਗ ਫਾਇਨਾਂਸ ਪ੍ਰਾਈਵੇਟ ਲਿਮਟਿਡ

25-Dec-PAGE-9.qxd 12/24/2025 11:38 PM Page 1



# ਮਜ਼ਦੂਰ-ਕਿਸਾਨ ਵਿਰੋਧੀ ਨੀਤੀਆਂ ਵਿਰੁੱਧ ਕਨਵੈਨਸ਼ਨ 28 ਨੂੰ : ਬਾਸੀ

**ਜਲੰਧਰ (ਰਾਜੇਸ਼ ਥਾਪਾ)**- ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ (ਜੇ ਪੀ ਐੱਮ ਓ) ਵੱਲੋਂ ਕੇਂਦਰ ਸਰਕਾਰ ਵੱਲੋਂ ਲਗਾਤਾਰ ਲਾਗੂ ਕੀਤੀਆਂ ਜਾ ਰਹੀਆਂ ਨਵਉਦਾਰਵਾਦੀ ਨੀਤੀਆਂ, ਮਜ਼ਦੂਰਾਂ ਵਿਰੋਧੀ ਕਿਰਤ ਕੋਡਾਂ, ਮਨਰੇਗਾ ਦੇ ਖਾਤਮੇ, ਤਜ਼ਵੀਜਤ ਬਿਜਲੀ ਸੋਧ ਬਿੱਲ ਤੇ ਬੀਜ ਸੋਧ ਬਿੱਲ, ਕੁਦਰਤੀ ਸਰੋਤਾਂ ਤੇ ਜਨਤਕ ਖੇਤਰ ਦੇ ਅਦਾਰਿਆਂ ਨੂੰ ਕਾਰਪੋਰੇਟਾਂ ਹਵਾਲੇ ਕਰਨ ਵਿਰੁੱਧ 28 ਦਸੰਬਰ ਨੂੰ ਜਲੰਧਰ ਸ਼ਹਿਰ ਦੇ ਰੇਲਵੇ ਸਟੇਸ਼ਨ ਦੇ ਸਾਹਮਣੇ ਵਿਸ਼ਾਲ ਜਨਤਕ ਕਨਵੈਨਸ਼ਨ ਕੀਤੀ ਜਾਵੇਗੀ। ਉਪਰੰਤ ਰੋਹ ਭਰਭੂਰ ਮਾਰਚ ਕੀਤਾ ਜਾਵੇਗਾ। ਇਹ ਜਾਣਕਾਰੀ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਦੇਸ਼ ਭਗਤ ਯਾਦਗਾਰ ਹਾਲ ਵਿਖੇ ਹੋਈ ਮੀਟਿੰਗ ਦੇ ਫੈਸਲੇ ਪ੍ਰੈੱਸ ਨੂੰ ਜਾਰੀ ਕਰਦਿਆਂ ਪ ਸ ਸ ਫ (1406-22ਬੀ ਚੰਡੀਗੜ੍ਹ) ਦੇ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਨੇ ਦਿੱਤੀ ਹੈ। ਮੀਟਿੰਗ ਨੂੰ ਸੀ ਟੀ ਯੂ ਪੰਜਾਬ ਦੇ ਮੀਤ ਪ੍ਰਧਾਨ ਅਤੇ ਜਨਰਲ ਸਕੱਤਰ ਜਗਦੀਸ਼ ਚੰਦਰ ਅਤੇ ਨੱਥਾ ਸਿੰਘ, ਦਿਹਾਤੀ ਮਜ਼ਦੂਰ



ਸਭਾ ਦੇ ਪ੍ਰਧਾਨ ਤੇ ਜਨਰਲ ਸਕੱਤਰ ਦਰਸ਼ਨ ਨਾਹਰ ਤੇ ਗੁਰਨਾਮ ਸਿੰਘ ਦਾਊਦ, ਜਮਹੂਰੀ ਕਿਸਾਨ ਸਭਾ ਪੰਜਾਬ ਦੇ ਪ੍ਰਧਾਨ ਤੇ ਜਨਰਲ ਸਕੱਤਰ ਡਾ. ਸਤਨਾਮ ਸਿੰਘ ਅਜਨਾਲਾ ਤੇ ਕੁਲਵੰਤ ਸਿੰਘ ਸੰਧੂ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਜਨਰਲ ਸਕੱਤਰ ਧਰਮਿੰਦਰ ਸਿੰਘ ਮੁਕੇਰੀਆ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਪ੍ਰਧਾਨ ਸਤੀਸ਼ ਰਾਣਾ, ਐਨ.ਆਰ.ਐਮ.ਯੂ. ਡਵੀਜ਼ਨਲ ਸਕੱਤਰ ਸ਼ਿਵ ਕੁਮਾਰ ਤੇ ਤਰਸੇਮ ਲਾਲ, ਟੈਕਨੀਕਲ ਸਰਵਿਸਿਜ਼ ਯੂਨੀਅਨ ਦੇ ਸੂਬਾਈ ਆਗੂ ਸ਼ਿਵ ਕੁਮਾਰ ਤਿਵਾੜੀ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਮਜ਼ਦੂਰਾਂ, ਕਿਸਾਨਾਂ, ਮੁਲਾਜ਼ਮਾ ਅਤੇ ਆਮ ਲੋਕਾਂ ਦੇ ਹੱਕ ਵਿੱਚ ਬਣੇ ਕਨੂੰਨ ਖਤਮ ਕਰਕੇ ਲੋਕ ਹਿੱਤਾਂ 'ਤੇ ਹੱਕਾਂ ਛਾਪੇ ਮਾਰ ਰਹੀ ਹੈ ਅਤੇ ਸਾਮਰਾਜੀਆਂ ਤੇ ਕਾਰਪੋਰੇਟਾਂ ਦੇ ਹਿੱਤ ਪੂਰਨ ਲਈ ਨਵੇਂ ਕਾਨੂੰਨ ਘੜ ਰਹੀ ਹੈ। ਉਹਨਾਂ ਐਲਾਨ ਕੀਤਾ ਕਿ ਕਨਵੈਨਸ਼ਨ ਦੇ ਫ਼ੈਸਲਿਆਂ ਮੁਤਾਬਕ ਵਿਸ਼ਾਲ ਜਨਤਕ ਲਾਮਬੰਦੀ 'ਤੇ ਅਧਾਰਤ ਜਨ ਸੰਗਰਾਮ ਵਿੱਢੇ ਜਾਣਗੇ ਅਤੇ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਮਾਰੂ ਦੇਸ਼ ਵਿਰੋਧੀ ਨੀਤੀਆਂ ਦਾ ਡੱਟਵਾਂ ਵਿਰੋਧ ਕੀਤਾ ਜਾਵੇਗਾ।

# ਬਿਜਲੀ ਸੋਧ ਬਿੱਲ ਰੱਦ ਕਰਨ ਦੀ ਮੰਗ ਨੂੰ ਲੈ ਕੇ ਰੋਸ ਪ੍ਰਦਰਸ਼ਨ 16 ਨੂੰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਕੁੱਲ ਹਿੰਦ ਕਿਸਾਨ ਸਭਾ ਪੰਜਾਬ ਜ਼ਿਲ੍ਹਾ ਇਕਾਈ ਰੋਪੜ ਦੀ ਇੱਕ ਮੀਟਿੰਗ ਸਥਾਨਕ ਪੰਜ ਪਿਆਰਾ ਪਾਰਕ ਵਿੱਚ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਜ਼ਿਲਾ ਸਕੱਤਰ ਜਸਵਿੰਦਰ ਸਿੰਘ ਭੰਗਲ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਦੇਸ਼ ਦੀ ਜਨਤਾ ਤੇ ਬਹੁਤ ਵੱਡੇ ਹਮਲੇ ਕਰਕੇ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਦਿੱਤਾ ਜਾ ਰਿਹਾ ਹੈ।ਉਹਨਾਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਮਗਨਰੇਗਾ ਕਾਨੂੰਨ ਨੂੰ ਰੱਦ ਕਰਕੇ ਨਵੀਂ ਵੀ ਬੀ ਜੀ ਰਾਮ ਜੀ ਦਾ ਕਾਨੂੰਨ ਪਾਸ ਕੀਤਾ ਹੈ ਇਹ ਪੇਂਡੂ ਗਰੀਬ ਮਜ਼ਦੂਰਾਂ ਤੇ ਬਹੁਤ ਵੱਡਾ ਹਮਲਾ ਹੈ। ਉਹਨਾਂ ਦੀ ਰੋਟੀ ਰੋਜੀ ਖੁੱਸ ਜਾਵੇਗੀ। ਇਸ ਦੇ ਨਾਲ ਹੀ ਬਿਜਲੀ ਸੋਧ ਬਿੱਲ 2025 ਨੂੰ ਰੱਦ ਨਹੀਂ ਕੀਤਾ ਜਾ ਰਿਹਾ। ਜਿਸ ਕਰਕੇ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ 16 ਜਨਵਰੀ ਨੂੰ ਐਸ ਸੀ ਦਫਤਰਾਂ ਮੂਹਰੇ ਦੇਸ਼ ਪੱਧਰ ਤੇ ਧਰਨੇ ਮਾਰੇ ਜਾ ਰਹੇ ਹਨ।ਇਸ ਦੇ ਨਾਲ ਹੀ ਉਹਨਾਂ ਨੇ ਦੱਸਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਕਿਸਾਨਾਂ ਮਜ਼ਦੂਰਾਂ ਦੇ ਮਸਲਿਆਂ ਨੂੰ ਲੈ ਕੇ 28 ਦਸੰਬਰ ਤੋਂ ਚਾਰ ਜਨਵਰੀ ਤੱਕ ਪਿੰਡਾਂ ਵਿੱਚ ਜਨਤਕ ਮੁਹਿੰਮ ਚਲਾਈ ਜਾਵੇਗੀ।



ਕੁੱਲ ਹਿੰਦ ਕਿਸਾਨ ਸਭਾ ਹੇਠਲੇ ਪੱਧਰ ਤੇ ਕਿਸਾਨਾਂ ਮਜ਼ਦੂਰਾਂ ਨਾਲ ਰਾਬਤਾ ਕਾਇਮ ਕਰਕੇ ਸੰਘਰਸ਼ ਕਰਨ ਦਾ ਸੱਦਾ ਦੇਵੇਗੀ। ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਨਰਿੰਦਰ ਸਿੰਘ ਮਾਵੀ, ਪਵਨ ਕੁਮਾਰ ਚੱਕ ਕਰਮਾ, ਰਾਮਪਾਲ ਸਿੰਘ ਭਲਾਣ, ਬਜਿੰਦਰ ਪੰਡਤ, ਮਹਿੰਦਰ ਸਿੰਘ ਸੰਗਤਪੁਰ, ਤੇਲੂ ਰਾਮ, ਅਮਰਜੀਤ ਸਿੰਘ ਚੱਕ ਹੋਲਗੜ੍ਹ ,ਸੋਮ ਸਿੰਘ ਕਰਤਾਰਪੁਰ,ਰਾਮ ਸਿੰਘ ਲਸਾੜੀ, ਗੁਰਨਾਮ ਸਿੰਘ ਧਾਰਨੀ ਬੜਾ ਪਿੰਡ, ਅਮਰ ਸਿੰਘ ਬੜਾ ਪਿੰਡ, ਬਲਵੀਰ ਸਿੰਘ ਸੰਗਤਪੁਰ, ਤਿਲਕ ਰਾਜ, ਜਗੀਰ ਸਿੰਘ ਰੌਲੀ ਵੀ ਹਾਜ਼ਰ ਸਨ।

# ਸਿਲਵਰ ਓਕ ਦੇ ਵਿਦਿਆਰਥੀਆਂ ਦਸਮ ਪਿਤਾ ਦੀਆਂ ਕੁਰਬਾਨੀਆਂ ਤੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਿਜਦਾ ਕੀਤਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀ. ਸੈਕੰ. ਸਕੂਲ ਸ਼ਾਹਬਾਜਪੁਰ ਵਿੱਚ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਯਾਦ ਕਰਦਿਆਂ ਉਹਨਾਂ ਦੀਆਂ ਕੁਰਬਾਨੀਆਂ ਨੂੰ ਸਿਜਦਾ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਵੀਰ ਬਾਲ ਦਿਵਸ ਦੇ ਰੂਪ ਦੇ ਵਿੱਚ ਅਲੱਗ ਅਲੱਗ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਬਾਰੇ ਜਾਣਕਾਰੀ ਦੇਣ ਲਈ ਡਾਕੂਮੈਂਟਰੀ ਫਿਲਮ ਦਿਖਾਈ ਗਈ। ਇਸ ਉਪਰੰਤ ਸਕੂਲ ਦੇ ਅਧਿਆਪਕਾਂ ਪਰਮਜੀਤ ਕੌਰ, ਰਵਿੰਦਰ ਕੁਮਾਰ ਵੱਲੋਂ ਬੱਚਿਆਂ ਦੁਆਰਾ ਤਿਆਰ ਕਰਵਾਏ ਗਏ ਸ਼ਬਦ ਕੀਰਤਨ ਉਚਾਰਨ ਕੀਤੇ ਗਏ। ਇਸ ਮੌਕੇ ਛੋਟੇ ਛੋਟੇ ਬੱਚਿਆਂ ਅਤੇ ਅਧਿਆਪਕਾਂ ਨੇ ਧੰਨ ਗੁਰੂ ਗੋਬਿੰਦ ਸਿੰਘ ਜੀ ਅਤੇ ਸਾਹਿਬਜ਼ਾਦਿਆਂ ਦੀ ਕੁਰਬਾਨੀ ਨੂੰ ਯਾਦ



ਕਰਦਿਆਂ ਕਵਿਤਾ ਪਾਠ ਕੀਤਾ। ਇਸ ਮੌਕੇ ਖਾਸ ਤੌਰ 'ਤੇ ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਨੇ ਹਾਜ਼ਰੀ ਭਰੀ। ਚੇਅਰਮੈਨ ਤਰਲੋਚਨ ਸਿੰਘ ਨੇ ਆਪਣੇ ਵਿਚਾਰ ਬੱਚਿਆਂ ਨਾਲ ਸਾਂਝੇ ਕਰਦੇ ਹੋਏ ਕਿਹਾ ਕਿ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਦੇਸ਼ ਕੌਮ ਦੀ ਰਾਖੀ ਵਾਸਤੇ ਆਪਣਾ ਸਰਬੰਸ ਵਾਰ ਦਿੱਤਾ। ਕੁਰਬਾਨੀਆਂ ਦੀ ਅਜਿਹੀ ਮਿਸਾਲ ਦੁਨੀਆਂ ਵਿੱਚ ਹੋਰ ਕਿਧਰੇ ਵੀ ਨਜ਼ਰ ਨਹੀਂ ਆਉਂਦੀ। ਪ੍ਰਿੰਸੀਪਲ ਮਨੀਸ਼ਾ ਸੰਗਰ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਉਹਨਾਂ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਹਮੇਸ਼ਾ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਹਨਾਂ ਦੇ ਪਰਵਾਰ ਦੀਆਂ ਕੀਤੀਆਂ ਹੋਈਆਂ ਕੁਰਬਾਨੀਆਂ ਨੂੰ ਯਾਦ ਰੱਖਣਾ ਚਾਹੀਦਾ ਹੈ। ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ ਤਰਨ ਸੈਣੀ, ਅਮਰਜੀਤ ਕੌਰ ਸੈਣੀ ਜਗਬੰਧਨ ਸਿੰਘ, ਹਰਪ੍ਰੀਤ ਕੌਰ, ਬਿਕਰਮਜੀਤ ਸਿੰਘ, ਹਰਮਿੰਦਰ ਕੌਰ, ਪ੍ਰੀਆ, ਸੁਮਿੰਦਰ, ਰਮਨ, ਮਨਦੀਪ, ਰੁਪਿੰਦਰ, ਮੋਨੀਕਾ, ਆਸ਼ਾ, ਗੁਰਮੀਤ, ਇਕਬਾਲ, ਪੰਕਜ, ਸੁਰੇਸ਼, ਬਲਦੇਵ, ਗੁਰਦੇਵ, ਹਰਜੀਤ, ਜਸਪਾਲ, ਅਮਰੀਕ, ਅਜੇ, ਸੁਖਵਿੰਦਰ ਅਤੇ ਬਾਕੀ ਸਟਾਫ ਮੌਜੂਦ ਸੀ।

## ਸਿਟੀ ਕਲੱਬ ਵਰਗੀਆਂ ਸੰਸਥਾਵਾਂ ਸਮਾਜ 'ਚ ਸਕਾਰਾਤਮਕ ਭੂਮਿਕਾ ਨਿਭਾਉਂਦੀਆਂ : ਚੱਬੇਵਾਲ



**ਫਗਵਾੜਾ (ਡਾ. ਰਮਨ)**-ਸਿਟੀ ਕਲੱਬ ਫਗਵਾੜਾ ਦੇ ਨਵੇਂ ਚੁਣੇ ਗਏ ਪ੍ਰਧਾਨ ਪਰਮਜੀਤ ਸਿੰਘ ਖੁਰਾਣਾ ਨੇ ਸੰਸਦ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਮੀਟਿੰਗ ਦੌਰਾਨ ਡਾ. ਚੱਬੇਵਾਲ ਤੇ ਉਨ੍ਹਾਂ ਦੇ ਨਾਲ ਮੌਜੂਦ ਸੀਨੀਅਰ 'ਆਪ' ਆਗੂ ਦਲਜੀਤ ਸਿੰਘ ਰਾਜੂ ਦਰਵੇਸ਼ ਪਿੰਡ ਨੇ ਨਵੇਂ ਚੁਣੇ ਗਏ ਪ੍ਰਧਾਨ ਪਰਮਜੀਤ ਖੁਰਾਣਾ ਦਾ ਮੂੰਹ ਮਿੱਠਾ ਕਰਵਾਇਆ ਤੇ ਉਨ੍ਹਾਂ ਦੇ ਸਫਲ ਕਾਰਜਕਾਲ ਦੀ ਕਾਮਨਾ ਕੀਤੀ। ਡਾ. ਰਾਜਕੁਮਾਰ ਚੱਬੇਵਾਲ ਨੇ ਕਿਹਾ ਕਿ ਸਿਟੀ ਕਲੱਬ ਵਰਗੀਆਂ ਸਮਾਜਿਕ ਸੰਸਥਾਵਾਂ ਸਮਾਜ ਵਿੱਚ ਸਕਾਰਾਤਮਕ ਭੂਮਿਕਾ ਨਿਭਾਉਂਦੀਆਂ ਹਨ ਅਤੇ ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਪਰਮਜੀਤ ਸਿੰਘ ਖੁਰਾਣਾ ਦੀ ਅਗਵਾਈ ਹੇਠ ਕਲੱਬ ਸਮਾਜਿਕ, ਸੱਭਿਆਚਾਰਕ ਅਤੇ ਖੇਡ ਗਤੀਵਿਧੀਆਂ ਨੂੰ ਇੱਕ ਨਵੀਂ ਦਿਸ਼ਾ ਮਿਲੇਗੀ।

## ਮਨਰੇਗਾ ਖਤਮ ਹੋਣ ਨਾਲ 10 ਲੱਖ ਮਜ਼ਦੂਰਾਂ ਦੇ ਚੁੱਲ੍ਹੇ ਹੋਏ ਠੰਢੇ : ਕਰਨ ਸਿੰਘ ਰਾਣਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਦੇਸ਼ ਅੰਦਰ ਕੇਂਦਰੀ ਹਾਕਮਾਂ ਨੇ 13 ਕਰੋੜ ਮਜ਼ਦੂਰ ਪਰਵਾਰਾਂ ਦੀ ਰੋਟੀ ਖੋਹ ਕੇ ਗੰਭੀਰ ਸੰਕਟ ਪੈਦਾ ਕਰ ਦਿੱਤਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸੰਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਹਨਾਂ ਕਿਹਾ ਕਿ ਪੰਜਾਬ ਅੰਦਰ ਮਨਰੇਗਾ ਦੇ ਖਤਮ ਹੋਣ ਨਾਲ ਦਸ ਲੱਖ ਮਜ਼ਦੂਰ ਪਰਵਾਰਾਂ ਦੇ ਚੁੱਲ੍ਹੇ ਠੰਢੇ ਹੋ ਗਏ ਹਨ। ਇਸ ਤੋਂ ਪਹਿਲਾਂ ਕੇਂਦਰ ਸਰਕਾਰ ਨੇ ਬਿਜਲੀ ਸੋਧ ਬਿਲ 2020, ਚਾਰ ਲੇਬਰ ਕੋਡਾਂ ਦਾ ਕਾਨੂੰਨ ਅਤੇ ਸੀਡ ਬਿਲ ਦੀ ਤਜਵੀਜ਼ ਲਿਆ ਕੇ ਸਮੁੱਚੇ ਕਿਸਾਨ ਮਜ਼ਦੂਰ ਅਤੇ ਕਿਰਤੀ ਭਾਈਚਾਰੇ ਤੇ ਵੱਡਾ ਹਮਲਾ ਬੋਲਿਆ ਹੋਇਆ ਹੈ। ਸਾਥੀ ਰਾਣਾ ਨੇ ਹੈਰਾਨੀ ਪ੍ਰਗਟ ਕੀਤੀ ਕਿ 21 ਦਸੰਬਰ ਐਤਵਾਰ ਨੂੰ ਹੀ ਰਾਸ਼ਟਰਪਤੀ ਨੂੰ ਮਨਰੇਗਾ ਨੂੰ ਖਤਮ ਕਰਨ ਦੇ ਕਾਨੂੰਨ ਤੇ ਦਸਖਤ ਕੀਤੇ ਤੇ ਐਤਵਾਰ ਨੂੰ ਹੀ ਕੇਂਦਰ ਸਰਕਾਰ ਨੇ ਰਾਜ ਸਰਕਾਰਾਂ ਨੂੰ ਹੁਕਮ ਚਾੜ ਦਿੱਤਾ ਕਿ ਪਿੰਡਾਂ ਵਿੱਚ 26 ਦਸੰਬਰ ਤੋਂ ਪਹਿਲਾਂ ਗ੍ਰਾਮ ਪੰਚਾਇਤਾਂ ਰਾਹੀਂ ਨਵੇਂ ਬਣੇ ਕਾਨੂੰਨ ਦੇ ਹੱਕ ਵਿੱਚ ਪ੍ਰਚਾਰ ਕੀਤਾ ਜਾਵੇ ਅਤੇ ਉਸ ਨੂੰ ਲਾਗੂ ਕਰ ਦਿੱਤਾ ਜਾਵੇ। ਉਨਾਂ ਕਿਹਾ ਕਿ ਨਵੇਂ ਕਾਨੂੰਨ ਅਨੁਸਾਰ ਸੂਬਿਆਂ ਨੂੰ 40%



ਬਜਟ ਦਾ ਹਿੱਸਾ ਦੇਣਾ ਪੈਣਾ ਹੈ ਜੋ ਕਿ ਕਿਸੇ ਤਰ੍ਹਾਂ ਵੀ ਸੰਭਵ ਨਹੀਂ ਹੈ।ਪੰਜਾਬ ਅੰਦਰ ਇਸ ਸਾਲ 1350 ਕਰੋੜ ਰੁਪਏ ਦਾ ਮਨਰੇਗਾ ਦਾ ਬਜਟ ਹੈ। ਸਾਥੀ ਰਾਣਾ ਨੇ ਕਿਹਾ ਕਿ ਮਜ਼ਦੂਰ ਇਕੱਲੇ ਇਸ ਵੱਡੇ ਹਮਲੇ ਦਾ ਮੁਕਾਬਲਾ ਨਹੀਂ ਕਰ ਸਕਣਗੇ, ਇਸ ਲਈ ਕਿਸਾਨਾਂ ਮਜ਼ਦੂਰਾਂ ਅਤੇ ਹੋਰ ਕਿਰਤੀ ਲੋਕਾਂ ਨੂੰ ਇੱਕ ਵਿਸ਼ਾਲ ਮੋਰਚਾ ਬਣਾਉਣਾ ਪਵੇਗਾ। ਇਸ ਮੌਕੇ ਮੋਹਨ ਲਾਲ ਕੈਂਥ, ਮਾਸਟਰ ਮਲਕੀਤ ਚੰਦ ਤੇ ਵਿਪਨ ਕੁਮਾਰ ਵੀ ਹਾਜ਼ਰ ਸਨ।

## ਸਰਕਾਰੀ ਸੀਨੀਅਰ ਸੈਕੰਡਰੀ ਸਕੂਲ 'ਚ ਮੈਗਾ ਪੀ ਟੀ ਐੱਮ ਕਰਵਾਈ

**ਕਾਲਾ ਸੰਘਿਆਂ (ਮਨਜੀਤ ਮਾਨ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਸਿੱਖਿਆ ਮੰਤਰੀ ਹਰਜੋਤ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੁਲਾਰ ਵਿਖੇ ਮੈਗਾ ਪੀ ਟੀ ਐੱਮ ਸਕੂਲ ਪ੍ਰਿੰਸੀਪਲ ਬਲਦੀਸ਼ ਕੌਰ ਦੀ ਰਹਿਨੁਮਾਈ ਹੇਠ ਕਰਵਾਈ ਗਈ ਅਤੇ ਮਾਪਿਆਂ ਦੀ ਇਸ ਸਭਾ ਵਿੱਚ ਮਾਪਿਆਂ ਨੇ ਵੱਧ ਤੋਂ ਵੱਧ ਆਪਣੀ ਭਾਗੀਦਾਰੀ ਦਿਖਾਈ ਤੇ ਸਕੂਲ ਮੁਖੀ ਸ੍ਰੀਮਤੀ ਬਲਦੀਸ਼ ਕੌਰ ਅਤੇ ਸਮੂਹ ਸਟਾਫ ਨਾਲ



ਆਪਣੇ ਬੱਚਿਆਂ ਦੀ ਕਾਰਗੁਜ਼ਾਰੀ ਅਤੇ ਉਨ੍ਹਾਂ ਦੀਆਂ ਹਰ ਤਰ੍ਹਾਂ ਦੀਆਂ ਗਤੀ-ਵਿਧੀਆਂ ਬਾਰੇ ਗੱਲਬਾਤ ਕੀਤੀ। ਇਸ ਮੌਕੇ ਬੱਚਿਆਂ ਦੇ ਮਾਪੇ ਸਕੂਲ ਦੇ ਅਨੁਸ਼ਾਸਨ ਅਤੇ ਸਮੂਹ ਸਟਾਫ ਦੀ ਮਿਹਨਤ ਤੋਂ ਬਹੁਤ ਪ੍ਰਭਾਵਿਤ ਹੋਏ। ਸਕੂਲ ਮੁਖੀ ਬਲਦੀਸ਼ ਕੌਰ ਨੇ ਇਸ ਮੈਗਾ ਪੀਟੀਐਮ ਦਾ ਮੰਤਵ ਦੱਸਦੇ ਹੋਏ ਕਿਹਾ ਕਿ ਇਹ ਇੱਕ ਜ਼ਰੀਆ ਹੈ ਜਿਸ ਨਾਲ ਮਾਪਿਆਂ ਅਤੇ ਅਧਿਆਪਕਾਂ ਦਾ ਰਿਸ਼ਤਾ ਹੋਰ ਮਜ਼ਬੂਤ ਹੁੰਦਾ ਹੈ। ਇਸ ਮੌਕੇ ਸਕੂਲ ਦੇ ਸੀਨੀਅਰ ਅਧਿਆਪਕ ਸ੍ਰੀਮਤੀ ਸੀਮਾ ਸਹਿਗਲ ਨੇ ਵੀ ਮਾਤਾ-ਪਿਤਾ ਨੂੰ ਸੰਬੋਧਨ ਕਰਦੇ ਹੋਏ ਬੱਚਿਆਂ ਦੀਆਂ ਸਾਲ ਭਰ ਦੀਆਂ ਪ੍ਰਾਪਤੀਆਂ ਬਾਰੇ ਵਿਸਥਾਰ ਨਾਲ ਦੱਸਿਆ। ਇਸ ਮੌਕੇ ਸ੍ਰੀ ਜਗਜੀਵਨ ਕੁਮਾਰ, ਸੁਨੀਲ ਕੁਮਾਰ, ਸਪਨਾ, ਨੇਹਾ, ਵੀਰਪਾਲ ਕੌਲ, ਸੀਮਾ ਬਾਲੀ, ਰਾਮੋ ਰਾਣੀ, ਨਿਰਮਲਜੀਤ ਕੌਰ, ਮਨਿੰਦਰ ਕੌਰ ਤੇ ਜੋਗਾ ਸਿੰਘ, ਮੰਗਤ ਸਿੰਘ ਆਦਿ ਨੇ ਇਸ ਪੀ ਟੀ ਐੱਮ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਪੂਰਾ ਯੋਗਦਾਨ ਦਿੱਤਾ।

## ਫਾਲਕਨ ਇੰਟਰਨੈਸ਼ਨਲ ਸਕੂਲ 'ਚ ਸ਼ਹੀਦੀ ਦਿਵਸ ਮਨਾਇਆ

**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਇੰਟਰਨੈਸ਼ਨਲ ਸਕੂਲ 'ਚ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਤ ਵੀਰ ਬਾਲ ਦਿਵਸ ਮਨਾਇਆ ਗਿਆ। ਜਿਸ ਵਿੱਚ ਜਮਾਤ ਪੰਜਵੀਂ ਤੋਂ ਦਸਵੀਂ ਦੇ ਬੱਚਿਆਂ ਨੇ ਸ਼ਬਦ ਗਾਇਨ, ਕਵਿਤਾ, ਪਾਠ ਅਤੇ ਭਾਸ਼ਣ ਆਦਿ ਗਤੀਵਿਧੀਆਂ ਵਿੱਚ ਭਾਗ ਲਿਆ। ਇਹੋ ਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ, ਬਹਾਦਰੀ ਅਤੇ ਨਿਮਰਤਾ ਦੇ ਗੁਣ ਸਿਖਾਉਂਦੀਆਂ ਹਨ। ਇਸ ਮੌਕੇ ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਅਤੇ ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਹਾਜ਼ਰ ਸਨ। ਉਹਨਾਂ ਬੱਚਿਆਂ ਨੂੰ ਨੈਤਿਕਤਾ, ਧਰਮ, ਬਹਾਦਰੀ, ਨਿਮਰਤਾ ਅਤੇ ਸੱਚ ਦੇ ਰਾਹ ਚੱਲਣ



ਲਈ ਪ੍ਰੇਰਿਤ ਕੀਤਾ। ਉਨ੍ਹਾਂ ਬੱਚਿਆਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਹਨਾਂ ਦੇ ਚਾਰ ਸਾਹਿਬਜ਼ਾਦਿਆਂ ਬਾਬਾ ਅਜੀਤ ਸਿੰਘ, ਬਾਬਾ ਜੁਝਾਰ ਸਿੰਘ, ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਦੀ ਬਹਾਦਰੀ ਅਤੇ ਲਾਸਾਨੀ ਸ਼ਹਾਦਤ ਬਾਰੇ ਵਿਸਥਾਰ ਨਾਲ ਦੱਸਿਆ ਤਾਂ ਜੋ ਬੱਚਿਆਂ ਵਿੱਚ ਸਿੱਖ ਇਤਿਹਾਸ ਤੋਂ ਜਾਣੂ ਕਰਵਾਇਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਰਵਿੰਦਰਜੀਤ ਕੌਰ, ਕੋਆਰਡੀਨੇਟਰ ਰਜਨੀ ਦੀਪ, ਐਕਟੀਵਿਟੀ ਇੰਚਾਰਜ ਸ਼ਰਨਜੀਤ ਕੌਰ, ਐਨ ਸੀ ਸੀ ਇੰਚਾਰਜ ਗੁਰਬਚਨ ਸਿੰਘ, ਸਪੋਰਟਸ ਇੰਚਾਰਜ ਜਤਿੰਦਰ ਸਿੰਘ, ਸੁਨੀਲ ਕੁਮਾਰ, ਮੈਡਮ ਨੀਤਾ, ਤਾਨੀਆ, ਕੁਲਵਿੰਦਰ ਕੌਰ, ਸਿਮਰਨਜੀਤ, ਰਾਜਵਿੰਦਰ ਕੌਰ, ਹਾਜ਼ਰ ਸਨ।

## ਖੇਡ ਮੈਦਾਨਾਂ ਦੀ ਰੌਣਕ ਨਾਲ ਹੀ ਬਣਦਾ ਹੈ ਸਿਹਤਮੰਦ ਸਮਾਜ : ਡਾ. ਰਵਜੋਤ

**ਹੁਸ਼ਿਆਰਪੁਰ (ਓ ਪੀ ਰਾਣਾ)**- ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਪਿੰਡ ਡਡਿਆਣਾ ਖੁਰਦ ਵਿੱਚ ਪਿੰਡ ਵਾਸੀਆਂ ਵੱਲੋਂ ਆਯੋਜਿਤ ਇਕ ਸ਼ਾਨਦਾਰ ਕ੍ਰਿਕਟ ਟੂਰਨਾਮੈਂਟ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਖਿਡਾਰੀਆਂ ਨਾਲ ਜਾਣ-ਪਛਾਣ ਕੀਤੀ ਅਤੇ ਪ੍ਰਬੰਧਕ ਕਮੇਟੀ ਨੂੰ ਵਧਾਈ ਦਿੱਤੀ।ਡਾ. ਰਵਜੋਤ ਸਿੰਘ ਨੇ ਕਿਹਾ ਕਿ ਨੌਜਵਾਨਾਂ ਨੂੰ



ਖੇਡਾਂ ਨਾਲ ਜੋੜਨਾ ਸਮੇਂ ਦੀ ਲੋੜ ਹੈ। ਖੇਡਾਂ ਨਾ ਸਿਰਫ਼ ਸਰੀਰਕ ਸਿਹਤ ਨੂੰ ਮਜ਼ਬੂਤ ਕਰਦੀਆਂ ਹਨ, ਸਗੋਂ ਮਾਨਸਿਕ ਅਨੁਸ਼ਾਸਨ, ਟੀਮ ਭਾਵਨਾ ਅਤੇ ਲੀਡਰਸ਼ਿਪ ਦੇ ਹੁਨਰ ਵੀ ਵਿਕਸਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਜਦੋਂ ਨੌਜਵਾਨ ਖੇਡਾਂ ਵਿੱਚ ਸਰਗਰਮ ਰਹਿੰਦੇ ਹਨ ਤਾਂ ਉਹ ਨਸ਼ੇ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਵੀ ਦੂਰ ਰਹਿੰਦੇ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਪੇਂਡੂ ਪੱਧਰ 'ਤੇ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਖੇਡ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਇਸ ਸਮਾਗਮ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਨੂੰ ਅਨੁਸ਼ਾਸਨ, ਖੇਡ ਭਾਵਨਾ ਅਤੇ ਸਖ਼ਤ ਮਿਹਨਤ ਨਾਲ ਅੱਗੇ ਵਧਣ ਦਾ ਸੰਦੇਸ਼ ਦਿੱਤਾ ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਨੌਜਵਾਨ ਖਿਡਾਰੀ ਅਤੇ ਪ੍ਰਬੰਧਕ ਕਮੇਟੀ ਦੇ ਮੈਂਬਰ ਮੌਜੂਦ ਸਨ।

# ਤਿੰਨ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ

**ਜੇਜੋ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਖੇਤਰ ਮਾਹਿਲਪੁਰ ਤੇ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਸੇਵਾ ਸੁਸਾਇਟੀ ਮਾਹਿਲਪੁਰ ਵੱਲੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ



ਅੰਮ੍ਰਿਤਸਰ ਦੇ ਸਹਿਯੋਗ ਨਾਲ ਚਾਰ ਸਾਹਿਬਜ਼ਾਦਿਆਂ, ਮਾਤਾ ਗੁਜਰ ਕੌਰ ਅਤੇ ਸਮੂਹ ਸ਼ਹੀਦ ਸਿੰਘਾਂ ਜੀ ਦੀ ਲਾਸਾਨੀ ਸ਼ਹਾਦਤਾਂ ਨੂੰ ਸਮਰਪਿਤ ਗੁਰਦੁਆਰਾ ਸ਼ਹੀਦਾਂ ਲੱਧੇਵਾਲ ਮਾਹਿਲਪੁਰ ਵਿਖੇ ਤਿੰਨ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਹਨਾਂ ਤਿੰਨਾ ਦਿਨਾਂ ਦੌਰਾਨ ਸਮਾਗਮ ਵਿੱਚ ਪਹੁੰਚੇ ਵੱਖ-ਵੱਖ ਵਿਦਵਾਨਾਂ ਨੇ ਵਿਦਿਆਰਥੀਆਂ ਨੂੰ ਸਿੱਖ ਕੌਮ ਦੇ ਗੌਰਵਮਈ ਵਿਰਸੇ ਤੋਂ ਜਾਣੂ ਕਰਵਾਇਆ ਅਤੇ ਉਨਾਂ ਨੂੰ ਸੇਵਾ-ਸਿਮਰਨ ਤੇ ਪਰਉਪਕਾਰੀ ਜ਼ਿੰਦਗੀ ਜਿਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਸਮਾਗਮ ਦੇ ਆਯੋਜਕਾਂ ਵੱਲੋਂ ਇਸ ਗੁਰਮਤਿ ਸਿਖਲਾਈ ਕੈਂਪ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ।ਇਸ ਮੌਕੇ ਪ੍ਰੋਫੈਸਰ ਆਪਿੰਦਰ ਸਿੰਘ ਮਾਹਿਲਪੁਰੀ, ਜਥੇਦਾਰ ਹਰਬੰਸ ਸਿੰਘ ਸਰਹਾਲਾ, ਮਾਸਟਰ ਜਗਜੀਤ ਸਿੰਘ ਗਣੇਸ਼ਪੁਰ, ਭਾਈ ਗੁਰਜਿੰਦਰ ਸਿੰਘ, ਪ੍ਰਿੰਸੀਪਲ ਜਗਮੋਹਨ ਸਿੰਘ ਬੱਡੋਂ, ਬੀਬੀ ਪਰਮਜੀਤ ਕੌਰ ਅੰਮ੍ਰਿਤਸਰ, ਨਵਪ੍ਰੀਤ ਸਿੰਘ, ਮੈਡਮ ਸੁਰਿੰਦਰ ਕੌਰ ਖ਼ਾਲਸਾ, ਪ੍ਰਿੰਸੀਪਲ ਸੁਖਨਿੰਦਰ ਸਿੰਘ ਖਾਲਸਾ ਰਣਵੀਰ ਸਿੰਘ ਸਕੱਤਰ, ਪਰਮਿੰਦਰ ਸਿੰਘ, ਸੁਖਪ੍ਰੀਤ ਸਿੰਘ, ਸੁਰਿੰਦਰ ਸਿੰਘ ਮਹਿਦੋਵਾਲ, ਜਗਦੀਪ ਸਿੰਘ ਸਟੱਡੀ ਸਰਕਲ ਸੀਨੀਅਰ ਮੈਂਬਰ, ਮਨਦੀਪ ਕੌਰ, ਅਮਰੀਕ ਸਿੰਘ, ਠੇਕੇਦਾਰ ਹਰਦੀਪ ਸਿੰਘ ਬਾਹੋਵਾਲ, ਗਗਨਦੀਪ ਸਿੰਘ ਸਮੇਤ ਵੱਖ-ਵੱਖ ਸਕੂਲਾਂ ਦੇ ਅਧਿਆਪਕ ਅਤੇ ਵਿਦਿਆਰਥੀਆਂ ਹਾਜ਼ਰ ਸਨ। ਵਰਨਣਯੋਗ ਹੈ ਕਿ ਇਹ ਗੁਰਮਤਿ ਕੈਂਪ ਸਾਹਿਬਜਾਦਾ ਬਾਬਾ ਅਜੀਤ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਿਕ ਧਰਤੀ ਗੁ. ਸ਼ਹੀਦਾਂ ਲੱਧੇਵਾਲ ਮਾਹਿਲਪੁਰ ਵਿਖੇ ਲਗਾਇਆ ਗਿਆ।

# ਅਜਨੋਹਾ 'ਚ ਫੁੱਟਬਾਲ ਟੂਰਨਾਮੈਂਟ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਅਜਨੋਹਾ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨ ਆਰ ਆਈਜ਼ ਅਤੇ ਇਲਾਕੇ ਦੇ ਸਹਿਯੋਗ ਨਾਲ ਸਪੋਰਟਸ ਕਲੱਬ ਅਜਨੋਹਾ ਵੱਲੋਂ ਸਵ. ਪਿਆਰਾ ਸਿੰਘ ਅਤੇ ਕਾਕਾ ਮਨਮੋਹਨ ਸਿੰਘ ਮੈਮੋਰੀਅਲ ਸਲਾਨਾ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ। ਇਸ ਮੌਕੇ ਕਲੱਬ ਪ੍ਰਧਾਨ ਇੰਦਰਜੀਤ ਸਿੰਘ, ਹਰਕੀਰਤ ਸਿੰਘ ਗੋਰਖਾ ਨੇ ਦੱਸਿਆ ਕਿ ਸਲਾਨਾ ਸ਼ਾਨਦਾਰ ਫੁੱਟਬਾਲ ਟੂਰਨਾਮੈਂਟ ਦਾ ਉਦਘਾਟਨ ਮੁੱਖ ਮਹਿਮਾਨ ਰਜਿੰਦਰ ਸਿੰਘ ਪਰਮਾਰ, ਰਮਿੰਦਰ ਸਿੰਘ ਪਰਮਾਰ ਅਸਟ੍ਰੇਲੀਆ ਨੇ ਸਾਂਝੇ ਤੌਰ 'ਤੇ ਕੀਤਾ। ਉਨ੍ਹਾਂ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਆਲ ਓਪਨ ਦੀਆਂ 16 ਟੀਮਾਂ, ਪਿੰਡ ਪੱਧਰ ਓਪਨ 32 ਟੀਮਾਂ ਅਤੇ ਅੰਡਰ 17 ਦੀਆਂ 16 ਟੀਮਾਂ ਹਿੱਸਾ ਲਿਆ।ਜਿਸ ਵਿੱਚ ਅੰਡਰ 17 ਦੀਆਂ ਟੀਮਾਂ ਵਿੱਚੋਂ ਅਜਨੋਹਾ ਦੀ ਟੀਮ ਜੇਤੂ ਰਹੀ। ਓਪਨ ਪਿੰਡ ਪੱਧਰ ਵਿੱਚੋਂ ਰਿਹਾਣਾ ਜੱਟਾਂ ਨੇ ਪੰਜੋੜ ਨੂੰ ਹਰਾ ਕੇ ਫਾਈਨਲ ਟਰਾਫੀ ਆਪਣੇ ਨਾਂਅ ਕੀਤੀ। ਆਲ ਓਪਨ ਕਲੱਬਾਂ ਦੀਆਂ ਟੀਮਾਂ ਵਿੱਚੋਂ ਪਰਮਾਰ ਕਲੱਬ ਆਸਟਰੇਲੀਆ ਪਾਲਦੀ ਨੇ ਸੀ ਆਰ ਪੀ ਐਫ ਜਲੰਧਰ ਨੂੰ ਹਰਾ ਕੇ ਫਾਈਨਲ ਮੁਕਾਬਲਾ ਜਿੱਤਿਆ। ਅੰਡਰ 17 ਦੇ ਫਾਈਨਲ ਵਿੱਚ ਅਜਨੋਹਾ ਨੇ ਖਲਵਾੜਾ ਦੀ ਟੀਮ ਨੂੰ



2-1 ਗੋਲਾਂ ਨਾਲ ਹਰਾ ਕੇ ਫਾਈਨਲ ਟਰਾਫੀ ਆਪਣੇ ਨਾਂਅ ਕੀਤੀ। ਪ੍ਰਬੰਧਕਾਂ ਨੇ ਦੱਸਿਆ ਕਿ ਫਾਈਨਲ ਵਾਲੇ ਦਿਨ ਮੁੱਖ ਮਹਿਮਾਨ ਹਲਕਾ ਵਿਧਾਇਕ ਡਾਕਟਰ ਇਸ਼ਾਂਕ ਕੁਮਾਰ ਚੱਬੇਵਾਲ, ਦੀਪਕ ਬਾਲੀ ਵੱਲੋਂ ਸਾਂਝੇ ਤੌਰ 'ਤੇ ਜੇਤੂ ਟੀਮਾਂ ਨੂੰ ਨਗਦ ਇਨਾਮ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਆਲ ਓਪਨ ਫੁੱਟਬਾਲ ਟੂਰਨਾਮੈਂਟ ਦਾ ਪਹਿਲਾ ਇਨਾਮ ਡੇਢ ਲੱਖ ਰੁਪਏ ਅਤੇ ਦੂਜਾ ਇਨਾਮ 1 ਲੱਖ ਰੁਪਏ ਅਤੇ ਟਰਾਫੀ ਦੇ ਕੇ ਸਨਮਾਨਤ ਕੀਤਾ ਗਿਆ। ਇਸੇ ਤਰ੍ਹਾਂ ਪਿੰਡ ਓਪਨ ਪਹਿਲਾ ਇਨਾਮ 51 ਹਜਾਰ ਰੁਪਏ ਅਤੇ ਦੂਜਾ ਇਨਾਮ 41 ਹਜ਼ਾਰ ਰੁਪਏ ਅਤੇ ਟਰਾਫੀ ਦੇ ਕੇ ਸਨਮਾਨਤ ਕੀਤਾ ਗਿਆ। ਅੰਡਰ 17 ਦਾ ਪਹਿਲਾ ਇਨਾਮ 31 ਹਜ਼ਾਰ ਰੁਪਏ ਅਤੇ ਦੂਜਾ ਇਨਾਮ 25 ਹਜ਼ਾਰ ਰੁਪਏ ਪਲੱਸ ਟਰਾਫੀ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕਲੱਬ ਪ੍ਰਧਾਨ ਇੰਦਰਜੀਤ ਸਿੰਘ, ਸਤਵਿੰਦਰ ਸਿੰਘ ਉਪ ਪ੍ਰਧਾਨ, ਸੁਰਿੰਦਰ ਪਾਲ ਸਿੰਘ ਖਜਾਨਚੀ, ਕੁਲਦੀਪ ਸਿੰਘ ਜੀਏ ਅਜਨੋਹਾ, ਮਾਸਟਰ ਹਰਭਜਨ ਸਿੰਘ ਅਜਨੋਹਾ, ਜਥੇਦਾਰ ਹਰੀ ਸਿੰਘ ਜਸਵਾਲ ਭਾਮ, ਸਰਪੰਚ ਰਾਜਵਿੰਦਰ ਕੌਰ, ਜਸਕਰਨ ਸਿੰਘ ਪੰਚ, ਸੁਖਵਿੰਦਰ ਸਿੰਘ ਬਰਫ਼ੀ, ਜਗਦੀਪ ਸਿੰਘ ਜੌਲੀ, ਕੁਲਦੀਪ ਸਿੰਘ ਬੱਧਣ, ਗੁਰਪ੍ਰੀਤ ਸਿੰਘ, ਸਤਨਾਮ ਸਿੰਘ ਪੰਚ, ਨਿਰੰਕਾਰ ਸਿੰਘ ਸਾਬਕਾ ਸਰਪੰਚ, ਹਰਕੀਰਤ ਸਿੰਘ ਗੋਰਖਾ, ਅਰਸ਼ਦੀਪ ਸਿੰਘ, ਅੰਮ੍ਰਿਤ ਪ੍ਰੀਤ ਸਿੰਘ, ਰਣਜੋਧ ਸਿੰਘ, ਤਲਵਿੰਦਰ ਸਿੰਘ ਤੱਲੂ, ਇੰਦਰਜੀਤ ਸਿੰਘ, ਅਮਰਜੀਤ ਸਿੰਘ, ਲੱਕੀ, ਸੰਨੀ ਰੀਹਲ, ਮਹਿੰਦਰ ਸਿੰਘ, ਮੋਹਣ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ 'ਚ ਖੇਡ ਪ੍ਰੇਮੀ ਹਾਜ਼ਰ ਸਨ।

## ਸਿਮਰਨਜੀਤ ਸਿੰਘ ਨੇ ਸ੍ਰੀ ਹਰੀ ਵੱਲਭ ਸੰਗੀਤ ਮੁਕਾਬਲੇ 'ਚ ਹਾਸਲ ਕੀਤਾ ਦੂਜਾ ਸਥਾਨ

**ਅੱਡਾ ਸਰਾਂ (ਜਸਵੀਰ ਕਾਜਲ)**- ਵਿਕਟੋਰੀਆ ਇੰਟਰਨੈਸ਼ਨਲ ਸਕੂਲ ਦੇ 6ਵੀਂ ਜਮਾਤ ਦੇ ਪ੍ਰਤਿਭਾਸ਼ਾਲੀ ਵਿਦਿਆਰਥੀ ਸਿਮਰਨਜੀਤ ਸਿੰਘ ਨੇ 22 ਦਸੰਬਰ ਨੂੰ ਆਯੋਜਿਤ ਵੱਕਾਰੀ ਸ੍ਰੀ ਹਰੀ ਵੱਲਭ ਸੰਗੀਤ ਮੁਕਾਬਲੇ ਵਿਚ ਜੂਨੀਅਰ ਏਜ ਗਰੁੱਪ (ਵੋਕਲ/ਗਾਇਨ) ਵਿਚ ਦੂਜਾ ਸਥਾਨ



ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ ਹੈ। ਸਿਮਰਨਜੀਤ ਸਿੰਘ ਨੇ ਭਾਰਤੀ ਸ਼ਾਸਤਰੀ ਸੰਗੀਤ ਦੇ ਇਕ ਸ਼ਾਸਤਰੀ ਰਾਗ ਦੀ ਇਕ ਆਤਮਵਿਸ਼ਵਾਸੀ, ਅਨੁਸ਼ਾਸਿਤ ਅਤੇ ਰੂਹਾਨੀ ਪੇਸ਼ਕਾਰੀ ਕੀਤੀ, ਜਿਸ ਦੀ ਮਾਣਯੋਗ ਜਿਊਰੀ ਦੁਆਰਾ ਬਹੁਤ ਪ੍ਰਸ਼ੰਸਾ ਕੀਤੀ ਗਈ। ਸਖ਼ਤ ਮੁਕਾਬਲੇ ਅਤੇ ਪੂਰੀ ਤਰ੍ਹਾਂ ਮੁਲਾਂਕਣ ਤੋਂ ਬਾਅਦ, ਉਸ ਨੂੰ ਉਸਦੀ ਸ਼੍ਰੇਣੀ ਵਿਚ ਦੂਜਾ ਸਥਾਨ ਦਿੱਤਾ ਗਿਆ। ਇਹ ਪੂਰੀ ਪ੍ਰਾਪਤੀ ਸਕੂਲ ਦੇ ਡਾਇਰੈਕਟਰ, ਪ੍ਰੋਫੈਸਰ ਜੀ ਐੱਸ ਮੁਲਤਾਨੀ, ਨੀਰੂ ਮੁਲਤਾਨੀ ਅਤੇ ਪ੍ਰਿੰਸੀਪਲ ਪੂਜਾ ਪਟਿਆਲ ਦੀ ਯੋਗ ਅਗਵਾਈ ਅਤੇ ਦਿਸ਼ਾ-ਨਿਰਦੇਸ਼ ਹੇਠ ਸੰਭਵ ਹੋਈ। ਪ੍ਰਿੰਸੀਪਲ ਪੂਜਾ ਪਟਿਆਲ ਨੇ ਹੋਣਹਾਰ ਵਿਦਿਆਰਥੀ ਦਾ ਸਨਮਾਨ ਕਰਦੇ ਹੋਏ ਕਿਹਾ ਕਿ ਇਹ ਸ਼ਾਨਦਾਰ ਸਫਲਤਾ ਉਨ੍ਹਾਂ ਦੇ ਸੰਗੀਤ ਅਧਿਆਪਕ ਨਵਨੀਤ ਜੌੜਾ ਦੇ ਨਿਰੰਤਰ ਸਮਰਥਨ, ਸਹੀ ਮਾਰਗਦਰਸ਼ਨ ਅਤੇ ਹੁਨਰਮੰਦ ਸਿਖਲਾਈ ਦਾ ਨਤੀਜਾ ਸੀ।

# ਪੱਤਰਕਾਰਤਾ ਨੂੰ ਨਵੀਂ ਦਿਸ਼ਾ ਦੇਣ 'ਚ ਕਾਮਯਾਬ ਰਹੇ ਬਲਜਿੰਦਰ ਸਿੰਘ : ਸੰਜੀਵ ਤਲਵਾੜ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਲੋਕਤੰਤਰ ਦੇ ਚੌਥੇ ਸਤੰਭ ਪ੍ਰੈਸ ਦੀ ਆਜ਼ਾਦੀ ਆਜ਼ਾਦ ਭਾਰਤ ਲਈ ਓਨੀ ਹੀ ਜ਼ਰੂਰੀ ਹੈ ਜਿੰਨੀ ਕਿ ਜੀਵਨ ਜੀਣ ਲਈ ਸਾਹ, ਇਸ ਦੇ ਨਾਲ ਨਾਲ ਇਸ ਸਤੰਭ ਦੀ ਪਹਿਲੀ ਕੜੀ ਪੱਤਰਕਾਰ ਦਾ ਨਿਰਪੱਖ ਹੋਣਾ ਵੀ ਜ਼ਰੂਰੀ ਹੈ। ਉਪਰੋਕਤ ਸ਼ਬਦ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਸੰਜੀਵ ਤਲਵਾਰ ਨੇ ਬਲਜਿੰਦਰ ਸਿੰਘ ਨੂੰ ਪ੍ਰੈਸ ਕਲੱਬ ਦਾ ਪ੍ਰਧਾਨ ਬਣਨ 'ਤੇ ਵਧਾਈ ਦਿੰਦੇ ਹੋਏ ਕਹੇ। ਸੰਜੀਵ ਤਲਵਾਰ ਨੇ ਕਿਹਾ ਬਲਜਿੰਦਰ ਸਿੰਘ ਨੇ ਆਪਣੀ ਸੋਚ ਅਤੇ ਕਲਮ ਨੂੰ ਕਦੀ ਵੀ ਕਿਸੇ ਦਾ ਗੁਲਾਮ ਹੋਣ ਨਹੀਂ ਦਿੱਤਾ। ਇਸੇ ਕਾਰਨ ਅੱਜ ਚੋਟੀ ਦੇ ਪੱਤਰਕਾਰਾਂ ਵਿੱਚ ਉਹਨਾਂ ਦੀ ਗਿਣਤੀ ਹੁੰਦੀ ਹੈ। ਉਹਨਾਂ ਕਿਹਾ ਕਿ ਬਲਜਿੰਦਰ ਸਿੰਘ ਦੀ ਸੋਚ ਅਤੇ ਸਹਿਯੋਗ ਦੇ ਚਲਦਿਆਂ ਲੋਕਤੰਤਰ ਦਾ



ਇਹ ਚੌਥਾ ਸਤੰਭ ਆਪਣੀਆਂ ਨੀਹਾਂ ਮਜ਼ਬੂਤ ਕਰ ਸਕਿਆ ਹੈ। ਉਹਨਾਂ ਨੇ ਵਧਾਈ ਦਿੰਦਿਆਂ ਹੋਇਆ ਆਖਿਆ ਕਲਮ ਦੇ ਇਸ ਧਨੀ ਪੱਤਰਕਾਰ ਦੇ ਸਹਿਯੋਗ ਦੇ ਨਾਲ ਸਮਾਜ ਵਿੱਚ ਪਨਪ ਰਹੀਆਂ ਬੁਰਾਈਆਂ ਨੂੰ ਖਤਮ ਕਰਨ ਵਿੱਚ ਸਹਾਇਤਾ ਮਿਲੇਗੀ। ਇਸ ਮੌਕੇ ਭੁਪਿੰਦਰ ਸਿੰਘ ਮਹਿੰਦੀਪੁਰ, ਤੀਰਥ ਸਿੰਘ ਲੰਬੜਦਾਰ, ਸੁੱਚਾ ਸਿੰਘ ਫੌਜੀ, ਬਲਵੀਰ ਸਿੰਘ, ਸਰਦਾਰ ਜਗਤਾਰ ਸਿੰਘ, ਸਰਦਾਰਾ ਸੰਤੋਖ ਸਿੰਘ, ਇਕਬਾਲ ਸਿੰਘ ਗੋਪੀ, ਰੇਸ਼ਮ ਕੌਰ, ਪਰਮਿੰਦਰ ਸਿੰਘ, ਜਸਵਿੰਦਰ ਸਿੰਘ, ਨੀਤੀ ਤਲਵਾਰ, ਪਰਮਜੀਤ ਕੌਰ, ਪ੍ਰੀਆ ਸੈਨੀ, ਕ੍ਰਿਸ਼ਨਾ ਥਾਪਰ, ਨੇ ਵੀ ਵਧਾਈ ਦਿੱਤੀ।

# ਰਾਮ ਕਿਸ਼ਨ ਦਾ ਮਰਨ ਉਪਰੰਤ ਸਰੀਰ ਦਾਨ ਕਰਨਾ ਸਮਾਜ ਲਈ ਪ੍ਰੇਰਨਾਸਰੋਤ : ਸੰਜੀਵ ਅਰੋੜਾ/ਬਹਿਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਆਈ ਬੈਂਕ ਅਤੇ ਕੋਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ ਵੱਲੋਂ ਪ੍ਰਧਾਨ ਜੇ. ਬੀ. ਬਹਿਲ ਦੀ ਅਗਵਾਈ ਹੇਠ ਕੁਝ ਸਮਾਂ ਪਹਿਲਾਂ ਤੇਰਾ ਆਸਰਾ ਸੇਵਾ ਘਰ, ਦਸਮੇਸ਼ ਨਗਰ ਵਿੱਚ ਨੇਤਰ ਦਾਨ ਅਤੇ ਸਰੀਰ ਦਾਨ ਸਬੰਧੀ ਸੈਮੀਨਾਰ ਦਾ ਆਯੋਜਨ ਕੀਤਾ ਗਿਆ ਸੀ। ਇਸ ਸੈਮੀਨਾਰ ਤੋਂ ਪ੍ਰਭਾਵਿਤ ਹੋ ਕੇ ਉੱਥੇ ਰਹਿ ਰਹੇ ਬੁਜ਼ੁਰਗਾਂ ਨੇ ਨੇਤਰ ਦਾਨ ਅਤੇ ਸਰੀਰ ਦਾਨ ਦੇ ਪ੍ਰਣ ਪੱਤਰ ਭਰੇ ਸਨ, ਜਿਨ੍ਹਾਂ ਨੂੰ ਐਡੀਸ਼ਨਲ ਡਿਪਟੀ ਕਮਿਸ਼ਨਰ ਅਮਰਬੀਰ ਕੌਰ ਭੁੱਲਰ ਵੱਲੋਂ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ ਗਿਆ ਸੀ।ਇਸ ਮੌਕੇ ਪ੍ਰਧਾਨ ਜੇ. ਬੀ. ਬਹਿਲ ਨੇ ਦੱਸਿਆ ਕਿ ਤੇਰਾ ਆਸਰਾ ਸੇਵਾ ਘਰ ਦੀ ਸੰਚਾਲਿਕਾ ਰਜਿੰਦਰ ਕੌਰ ਦਾ ਫ਼ੋਨ ਆਇਆ ਕਿ ਇੱਕ ਬੁਜ਼ੁਰਗ ਰਾਮ ਕਿਸ਼ਨ ਦੀ ਮੌਤ ਹੋ ਗਈ ਹੈ ਅਤੇ ਉਨ੍ਹਾਂ ਦੀ ਇੱਛਾ ਅਨੁਸਾਰ ਉਨ੍ਹਾਂ ਦਾ ਸਰੀਰ ਦਾਨ ਕਰਨਾ ਹੈ। ਇਸ ਉਪਰੰਤ ਤੁਰੰਤ ਕਾਰਵਾਈ ਕਰਦੇ ਹੋਏ ਪ੍ਰਧਾਨ ਜੇ. ਬੀ. ਬਹਲ ਵੱਲੋਂ ਸੰਕਰਾ ਆਈ ਹਸਪਤਾਲ, ਲੁਧਿਆਣਾ ਨਾਲ ਸੰਪਰਕ ਕੀਤਾ ਗਿਆ, ਜਿੱਥੇ ਡਾ. ਸ਼ੁਭਮ ਅਤੇ ਉਨ੍ਹਾਂ ਦੀ ਟੀਮ ਰੂਪਿੰਦਰ ਕੌਰ ਅਤੇ ਰਘੁਬੀਰ ਸਿੰਘ ਵੱਲੋਂ ਅੱਖਾਂ ਲੈਣ ਦੀ



ਪ੍ਰਕਿਰਿਆ ਨੂੰ ਪੂਰਾ ਕੀਤਾ ਗਿਆ। ਇਸ ਤੋਂ ਬਾਅਦ ਸਰੀਰ ਨੂੰ ਖੋਜ ਲਈ ਰਜਿੰਦਰਾ ਮੈਡੀਕਲ ਕਾਲਜ, ਪਟਿਆਲਾ ਭੇਜ ਦਿੱਤਾ ਗਿਆ। ਇਸ ਮੌਕੇ ਸਕੱਤਰ ਪ੍ਰੋ. ਦਲਜੀਤ ਸਿੰਘ ਨੇ ਦੱਸਿਆ ਕਿ ਇਸ ਸਮੇਂ ਤੇਰਾ ਆਸਰਾ ਸੇਵਾ ਘਰ ਵਿੱਚ 24 ਬੇਸਹਾਰਾ ਬੁਜ਼ੁਰਗ ਰਹਿ ਰਹੇ ਹਨ ਅਤੇ ਸਾਰਿਆਂ ਨੇ ਨੇਤਰ ਦਾਨ ਅਤੇ ਸਰੀਰ ਦਾਨ ਦੇ ਪ੍ਰਣ ਪੱਤਰ ਭਰੇ ਹੋਏ ਹਨ, ਜੋ ਕਿ ਸਮਾਜ ਲਈ ਇੱਕ ਬਹੁਤ ਚੰਗਾ ਸੰਦੇਸ਼ ਹੈ।ਇਸ ਦੌਰਾਨ ਚੇਅਰਮੈਨ ਅਤੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਨੇ ਦੱਸਿਆ ਕਿ ਤੇਰਾ ਆਸਰਾ ਸੇਵਾ ਘਰ ਵੱਲੋਂ ਇਹ ਦੂਜਾ ਸਰੀਰ ਮਰਨਉਪਰੰਤ ਰਾਜਿੰਦਰਾ ਮੈਡੀਕਲ ਕਾਲਜ ਨੂੰ ਰਿਸਰਚ ਲਈ ਭੇਜਿਆ ਗਿਆ ਹੈ, ਜਿਸ ਨਾਲ ਉੱਥੇ ਮੈਡੀਕਲ ਦੀ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਨੂੰ ਲਾਭ ਮਿਲੇਗਾ। ਉਨ੍ਹਾਂ ਨੇ ਦੱਸਿਆ ਕਿ ਸੋਸਾਇਟੀ ਵੱਲੋਂ ਹੁਣ ਤੱਕ 28 ਸਰੀਰ ਵੱਖ-ਵੱਖ ਮੈਡੀਕਲ ਕਾਲਜਾਂ ਨੂੰ ਰਿਸਰਚ ਲਈ ਭੇਜੇ ਜਾ ਚੁੱਕੇ ਹਨ। 250 ਲੋਕਾਂ ਵੱਲੋਂ ਸਰੀਰ ਦਾਨ ਲਈ ਰਜਿਸਟ੍ਰੇਸ਼ਨ ਕਰਵਾਈ ਜਾ ਚੁੱਕੀ ਹੈ ਅਤੇ 4146 ਲੋਕਾਂ ਨੂੰ ਨਵੀਂ ਅੱਖ ਲਗਵਾ ਕੇ ਰੋਸ਼ਨੀ ਪ੍ਰਦਾਨ ਕੀਤੀ ਜਾ ਚੁੱਕੀ ਹੈ।ਇਸ ਮੌਕੇ ਤੇਰਾ ਆਸਰਾ ਸੇਵਾ ਘਰ ਦੀ ਸੰਚਾਲਿਕਾ ਰਜਿੰਦਰ ਕੌਰ ਨੇ ਕਿਹਾ ਕਿ ਇੱਥੇ ਸਿਰਫ਼ ਬੇਸਹਾਰਾ ਬੁਜ਼ੁਰਗ ਹੀ ਰਹਿੰਦੇ ਹਨ, ਜਿਨ੍ਹਾਂ ਦੀ ਸੇਵਾ ਬਿਲਕੁਲ ਨਿਸ਼ਕਾਮ ਭਾਵ ਨਾਲ ਕੀਤੀ ਜਾਂਦੀ ਹੈ। ਰਾਮ ਕਿਸ਼ਨ ਦੀ ਦਿਲੀ ਇੱਛਾ ਸੀ ਕਿ ਮਰਨ ਉਪਰੰਤ ਉਨ੍ਹਾਂ ਦਾ ਸਰੀਰ ਦਾਨ ਕੀਤਾ ਜਾਵੇ, ਜਿਸ ਨੂੰ ਪੂਰਾ ਕਰਦੇ ਹੋਏ ਰੋਟਰੀ ਆਈ ਬੈਂਕ ਦੇ ਮਾਧਿਅਮ ਨਾਲ ਉਨ੍ਹਾਂ ਦਾ ਸਰੀਰ ਦਾਨ ਕੀਤਾ ਗਿਆ।ਇਸ ਮੌਕੇ ਤੇਰਾ ਆਸਰਾ ਸੇਵਾ ਘਰ ਵੱਲੋਂ ਅਮ੍ਰਿਤਜੋਤ ਸਿੰਘ, ਸ਼ੰਗਾਰਾ ਸਿੰਘ, ਪਰਸ਼ਨ ਸਿੰਘ, ਬਲਜਿੰਦਰ ਕੌਰ ਅਤੇ ਸੋਸਾਇਟੀ ਵੱਲੋਂ ਮਦਨ ਲਾਲ ਮਹਾਜਨ, ਵੀਨਾ ਚੋਪੜਾ, ਪ੍ਰੋ. ਸੀ. ਬੀ. ਅਰੋੜਾ, ਕ੍ਰਿਸ਼ਨ ਕਿਸ਼ੋਰ ਅਤੇ ਹੋਰ ਹਾਜ਼ਰ ਸਨ।

## ਬਾਬਾ ਗੋਪਾਲ ਗਿਰ ਦੀ ਬਰਸੀ ਮਨਾਈ

**ਅੱਡਾ ਸਰਾ (ਜਸਵੀਰ ਕਾਜਲ)**- ਪਿੰਡ ਭਾਗੀਆ ਵਿਖੇ ਡੇਰਾ ਬਾਬਾ ਪੂਰਨ ਜੀ ਦੇ ਦਰਬਾਰ ਤੇ ਸ਼੍ਰੀ ਸ਼੍ਰੀ 108 ਬਾਬਾ ਗੋਪਾਲ ਗਿਰ ਜੀ ਦੀ ਸਾਲਾਨਾ ਬਰਸੀ ਸ਼੍ਰੀ ਸ਼੍ਰੀ ਬਾਬਾ ਸ਼ੁਕਰ ਗਿਰ ਜੀ



ਗੱਦੀ ਨਸ਼ੀਨ ਦੀ ਅਗਵਾਈ ਵਿੱਚ ਬਾਬਾ ਪੂਰਨ ਸਪੋਰਟਸ ਕੱਲਬ ਵਲੋ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਮਨਾਈ ਗਈ। ਇਸ ਮੌਕੇ ਹੱਵਨ ਯੱਗ ਅਤੇ ਝੰਡਾ ਦੀ ਰਸਮ ਕਰਨ ਉਪਰੰਤ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਗਈ। ਟੀ ਵੀ ਕਲਾਕਾਰ ਦੇਵ ਹਰਿਆਣਵੀ ਅਤੇ ਹੋਰ ਧਾਰਮਿਕ ਮੰਡਲੀ ਜਥਿਆਂ ਵਲੋਂ ਬਾਬਾ ਜੀ ਦੀ ਮਹਿਮਾ ਗੁਣਗਾਨ ਕੀਤਾ ਗਿਆ। ਵੱਖ ਵੱਖ ਡੇਰਿਆਂ ਦੇ ਸੰਤ ਵੀ ਹਾਜ਼ਰ ਸਨ। ਸੰਗਤਾਂ ਵਾਸਤੇ ਚਾਹ ਪਕੋੜਿਆ ਅਤੇ ਗੁਰੂ ਦਾ ਅਤੁੱਟ ਲੰਗਰ ਵੀ ਵਰਤਾਇਆ ਗਿਆ।

# ਰਵਿੰਦਰ ਸਿੰਘ ਯੂ ਕੇ (ਲੀਡਜ਼) ਵਾਲਿਆਂ ਵੱਲੋਂ ਧਾਰਮਿਕ ਟ੍ਰੈਕ 'ਦਾਦੀ ਕਹਿੰਦੀ ਲਾਲਾਂ ਨੂੰ' ਰਿਲੀਜ਼



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮਿਊਜ਼ਿਕ ਬੈਨਰ ਨੰਗਲ ਈਸ਼ਰ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਤਿਕਾਰਯੋਗ ਮਾਤਾ ਗੁਜਰ ਕੌਰ ਜੀ, ਚਾਰੇ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦਾਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਭਾਈ ਰਵਿੰਦਰ ਸਿੰਘ ਯੂ.ਕੇ (ਲੀਡਜ਼) ਵਾਲਿਆਂ ਵੱਲੋਂ ਗਾਇਨ ਕੀਤਾ ਗਿਆ ਧਾਰਮਿਕ ਟ੍ਰੈਕ 'ਦਾਦੀ ਕਹਿੰਦੀ ਲਾਲਾਂ ਨੂੰ' ਗੁਰਦੁਆਰਾ ਸਿੰਘ ਸਭਾ ਦੱਖਣ ਪੱਟੀ ਪਿੰਡ ਨੰਗਲ ਈਸ਼ਰ ਵਿਖੇ ਸਫ਼ਰ-ਏ-ਸ਼ਹਾਦਤ ਨੂੰ ਸਮਰਪਤ ਕਰਵਾਇਆਂ ਗਿਆ। ਗੁਰਮਤਿ ਸਮਾਗਮ ਦੌਰਾਨ ਗਿਆਨੀ ਹਰਜੀਤ ਸਿੰਘ ਸੋਹਲਪੁਰ ਢਾਡੀ ਜਥਾ, ਭਾਈ ਸੁਖਵੀਰ ਸਿੰਘ ਗੜ੍ਹਦੀਵਾਲਾ, ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਮਿਊਜ਼ਿਕ ਕੰਪਨੀ ਨੰਗਲ ਈਸ਼ਰ ਦੀ ਸਮੁੱਚੀ ਟੀਮ ਵਲੋਂ ਰਿਲੀਜ਼ ਕੀਤਾ ਗਿਆ। ਹਰਵਿੰਦਰ ਸਿੰਘ ਨੰਗਲ ਈਸ਼ਰ ਨੇ ਦੱਸਿਆ ਕਿ ਇਸ ਸ਼ਬਦ ਦੀ ਆਡੀਓ ਵਿਸ਼ਵ ਪੱਧਰ ਦੇ ਸਾਰੇ ਹੀ ਆਡੀਓ ਸਾਈਟ 'ਤੇ ਅਤੇ ਵੀਡੀਓ ਯੂਟਿਊਬ ਚੈਨਲ 'ਨੰਗਲ ਈਸ਼ਰ' ਤੇ ਰਿਲੀਜ਼ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਮਿਊਜ਼ਿਕ ਬੈਨਰ ਨੰਗਲ ਈਸ਼ਰ ਵਲੋਂ ਭਾਈ ਰਵਿੰਦਰ ਸਿੰਘ ਯੂ.ਕੇ ਲੀਡਜ਼ ਵਾਲਿਆਂ ਵਲੋਂ ਗਾਇਨ ਇਸ ਧਾਰਮਿਕ ਟ੍ਰੈਕ 'ਦਾਦੀ ਕਹਿੰਦੀ ਲਾਲਾਂ ਨੂੰ' ਦੇ ਲੇਖਕ ਅਤੇ ਪੇਸ਼ ਕਰਤਾ ਜਸਪਾਲ ਸਿੰਘ ਪ੍ਰੀਤ ਨੰਗਲ ਹਨ, ਇਸ ਦੇ ਪ੍ਰੋਡਿਊਸਰ ਰਾਜਵਿੰਦਰ ਕੌਰ ਨੀਰੂ ਹਨ, ਸੰਗੀਤ ਅਮਰ (ਦਾ ਮਿਊਜ਼ਿਕ ਮਿਰਰ) ਅਤੇ ਵੀਡੀਓ ਮਨਦੀਪ ਕੇ.ਬੀ. ਵਲੋਂ ਤਿਆਰ ਕੀਤੀ ਗਈ ਹੈ ਅਤੇ ਇਸ ਦੇ ਪ੍ਰੋਜੈਕਟ ਮੈਨੇਜਰ ਨਰੇਸ਼ ਐੱਸ. ਗਰਗ ਹਨ। ਸਮਾਗਮ ਦੌਰਾਨ ਸਮੂਹ ਸੰਗਤਾਂ ਵਲੋਂ ਸ੍ਰੀ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਭਾਈ ਸੁਖਵੀਰ ਸਿੰਘ ਗੜ੍ਹਦੀਵਾਲਾ, ਗਿਆਨੀ ਹਰਜੀਤ ਸਿੰਘ ਸੋਹਲਪੁਰ ਢਾਡੀ ਜਥਾ, ਬੀਬੀ ਯਾਦਵਿੰਦਰ ਕੌਰ, ਬੀਬੀ ਸੁਖਮਨਪ੍ਰੀਤ ਕੌਰ, ਭਾਈ ਹਰਵਿੰਦਰ ਸਿੰਘ ਨੰਗਲ ਈਸ਼ਰ ਵਲੋਂ ਕਥਾ-ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਇਸ ਮੌਕੇ ਸਮੂਹ ਨਗਰ ਨਿਵਾਸੀ ਸੰਗਤਾਂ ਅਤੇ ਸਮੂਹ ਨੌਜਵਾਨ ਹਾਜ਼ਰ ਸਨ।

# ਬੁਨਿਆਦੀ ਢਾਂਚਾ ਵਿਕਾਸ ਤੇ ਟਿਕਾਊਪਣ 'ਤੇ ਤੀਜੀ ਅੰਤਰਰਾਸ਼ਟਰੀ ਕਾਨਫਰੰਸ

**ਜਲੰਧਰ (ਰਾਜੇਸ਼ ਥਾਪਾ)**- ਦੇਸ਼ ਦੀ ਪ੍ਰਮੁੱਖ ਰੀਅਲ ਐਸਟੇਟ ਅਤੇ ਇੰਫਰਾਸਟਰਕਚਰ ਕੰਪਨੀ ਏ ਜੀ ਆਈ ਇੰਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਨੂੰ ਅਦਾਨੀ ਯੂਨੀਵਰਸਿਟੀ, ਅਹਿਮਦਾਬਾਦ ਵੱਲੋਂ ਕਰਵਾਈ ਗਈ ਬੁਨਿਆਦੀ ਢਾਂਚਾ ਵਿਕਾਸ ਅਤੇ ਟਿਕਾਊਪਣ 'ਤੇ ਤੀਜੀ ਅੰਤਰਰਾਸ਼ਟਰੀ ਕਾਨਫਰੰਸ ਵਿੱਚ ਗੈਸਟ ਆਫ ਆਨਰ ਵਜੋਂ ਸੱਦਾ ਦਿੱਤਾ ਗਿਆ।ਇਸ ਅੰਤਰਰਾਸ਼ਟਰੀ ਕਾਨਫਰੰਸ ਵਿੱਚ ਭਾਰਤ ਅਤੇ ਵਿਦੇਸ਼ਾਂ ਤੋਂ ਆਏ ਵਿਦਵਾਨਾਂ, ਉਦਯੋਗਿਕ ਮਾਹਰਾਂ, ਵਿਦਿਆਰਥੀਆਂ ਅਤੇ ਖੋਜਕਾਰਾਂ ਨੇ ਭਾਗ ਲਿਆ। ਇਸ ਮੰਚ 'ਤੇ ਏ ਜੀ ਆਈ ਇੰਫਰਾ ਲਿਮਟਿਡ ਨੇ ਟਿਕਾਊ ਵਿਕਾਸ ਅਤੇ ਰਾਸ਼ਟਰ ਨਿਰਮਾਣ ਬਾਰੇ ਆਪਣੀ ਸੋਚ ਨੂੰ ਬਹੁਤ ਸਪੱਸ਼ਟ ਤਰੀਕੇ ਨਾਲ ਪੇਸ਼ ਕੀਤਾ।ਆਪਣੇ ਸੰਬੋਧਨ ਵਿੱਚ ਸੁਖਦੇਵ ਸਿੰਘ ਨੇ ਕਿਹਾ ਕਿ ਭਾਰਤ ਵਿੱਚ ਬੁਨਿਆਦੀ ਢਾਂਚਾ ਹਮੇਸ਼ਾ ਦੇਸ਼ ਦੀ ਤਰੱਕੀ ਦੀ ਨੀਂਹ ਰਿਹਾ ਹੈ। ਸੜਕਾਂ, ਪੁਲ, ਰਿਹਾਇਸ਼ੀ ਪ੍ਰੋਜੈਕਟ ਅਤੇ ਜਨਤਕ ਸਹੂਲਤਾਂ ਦੂਰ ਦਰਾਜ ਇਲਾਕਿਆਂ ਨੂੰ ਮੁੱਖ ਧਾਰਾ ਨਾਲ ਜੋੜਦੀਆਂ ਹਨ। ਇਸ ਨਾਲ ਸਿੱਖਿਆ, ਸਿਹਤ ਸੇਵਾਵਾਂ ਅਤੇ ਰੋਜ਼ਗਾਰ ਦੇ ਮੌਕੇ ਵਧਦੇ ਹਨ ਅਤੇ ਲੋਕਾਂ ਦੀ



ਜ਼ਿੰਦਗੀ ਬਿਹਤਰ ਬਣਦੀ ਹੈ।ਉਨ੍ਹਾਂ ਕਿਹਾ ਕਿ ਅੱਜ ਜਦੋਂ ਭਾਰਤ ਵਿਸ਼ਵ ਪੱਧਰ 'ਤੇ ਇੱਕ ਮਜ਼ਬੂਤ ਆਰਥਿਕ ਤਾਕਤ ਬਣਨ ਵੱਲ ਵਧ ਰਿਹਾ ਹੈ, ਤਾਂ ਇੰਫਰਾਸਟਰਕਚਰ ਦਾ ਵਿਕਾਸ ਸੋਚ-ਵਿਚਾਰ ਅਤੇ ਦੂਰਦਰਸ਼ਤਾ ਨਾਲ ਹੋਣਾ ਚਾਹੀਦਾ ਹੈ। ਤਰੱਕੀ ਦੇ ਨਾਲ-ਨਾਲ ਪਰਿਆਵਰਨ ਦੀ ਸੁਰੱਖਿਆ, ਸਰੋਤਾਂ ਦੀ ਸਹੀ ਵਰਤੋਂ ਅਤੇ ਸਮਾਜ ਦੇ ਹਰ ਵਰਗ ਨੂੰ ਬਰਾਬਰ ਲਾਭ ਮਿਲਣਾ ਬਹੁਤ ਜ਼ਰੂਰੀ ਹੈ। ਸੁਖਦੇਵ ਸਿੰਘ ਨੇ ਦੱਸਿਆ ਕਿ ਏ ਜੀ ਆਈ ਇੰਫਰਾ ਲਿਮਟਿਡ ਦਾ ਵਿਸ਼ਵਾਸ ਹੈ ਕਿ ਸਿੱਖਿਆ, ਇੰਫਰਾਸਟਰਕਚਰ ਅਤੇ ਸਮਾਜਿਕ ਜ਼ਿੰਮੇਵਾਰੀ ਇਕ-ਦੂਜੇ ਨਾਲ ਜੁੜੀਆਂ ਹੋਈਆਂ ਹਨ ਅਤੇ ਇਹਨਾਂ ਨੂੰ ਇਕੱਠੇ ਅੱਗੇ ਵਧਾਉਣਾ ਚਾਹੀਦਾ ਹੈ। ਇਹ ਕਾਨਫਰੰਸ ਸੰਵਿਧਾਨਕ ਮੁੱਲਾਂ ਅਤੇ ਟਿਕਾਊ ਵਿਕਾਸ ਦੇ ਸਿਧਾਂਤਾਂ ਦੇ ਅਨੁਕੂਲ ਭਾਰਤ ਦੇ ਲੰਬੇ ਸਮੇਂ ਦੇ ਵਿਕਾਸ ਨੂੰ ਮਜ਼ਬੂਤੀ ਦਿੰਦੇ ਹਨ।

# ਡਾ. ਮਨਪ੍ਰੀਤ ਸਿੰਘ ਬੈਂਸ ਵੱਲੋਂ ਮੈਡੀਕਲ ਸਟੋਰਾਂ ਦੀ ਅਚਨਚੇਤ ਚੈਕਿੰਗ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਿਵਲ ਸਰਜਨ ਹੁਸ਼ਿਆਰਪੁਰ ਡਾ. ਬਲਵਿੰਦਰ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਆਮ ਲੋਕਾਂ ਨੂੰ ਸੁਰੱਖਿਅਤ ਅਤੇ ਗੁਣਵੱਤਾ ਭਰੀਆਂ ਦਵਾਈਆਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਬਲਾਕ ਹਾਰਟਾ ਬਡਲਾ ਅਧੀਨ ਆਉਂਦੇ ਮੈਡੀਕਲ ਸਟੋਰਾਂ ਦੀ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਸਿੰਘ ਬੈਂਸ ਵੱਲੋਂ ਅਚਨਚੇਤ ਚੈਕਿੰਗ ਕੀਤੀ ਗਈ।ਉਨ੍ਹਾਂ ਵਲੋਂ ਦਵਾਈਆਂ ਦੀ ਮਿਆਦ, ਸਟੋਰੇਜ ਪ੍ਰਬੰਧ, ਲਾਇਸੰਸ ਅਤੇ ਰਿਕਾਰਡ ਦੀ ਜਾਂਚ ਕੀਤੀ ਗਈ।ਉਨ੍ਹਾ ਮੈਡੀਕਲ ਸਟੋਰ ਮਾਲਕਾਂ ਨੂੰ ਸਰਕਾਰ ਵੱਲੋਂ ਜਾਰੀ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਅਤੇ ਮਿਆਦ ਪੁੱਗੀਆਂ ਦਵਾਈਆਂ ਦੀ ਵਿਕਰੀ ਨਾ ਕਰਨ ਦੀ ਹਦਾਇਤ ਕੀਤੀ। ਉਨ੍ਹਾ ਕਿਹਾ ਕਿ ਲੋਕਾਂ ਦੀ ਸਿਹਤ ਨਾਲ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨਾਂ ਕੈਮਿਸਟਾਂ ਨੂੰ ਹਿਦਾਇਤ ਕੀਤੀ ਕਿ ਕੋਈ ਵੀ ਕੈਮਿਸਟ ਡਾਕਟਰ ਦੁਆਰਾ ਲਿਖੀ ਪਰਚੀ ਤੋਂ ਬਿਨਾਂ ਦਵਾਈ ਨਾ ਵੇਚੇ ਅਤੇ ਦਵਾਈਆਂ ਦੀ ਸੇਲ ਅਤੇ ਪਰਚੇਜ਼ ਦੇ ਰਿਕਾਰਡ ਨੂੰ ਮੇਨਟੇਨ ਰੱਖੇ। ਇਸ ਤੋਂ ਇਲਾਵਾ ਪਾਬੰਦੀਸ਼ੁਦਾ ਜਾਂ ਨਸ਼ੇ ਵਜੋਂ ਵਰਤ ਹੋਣ ਵਾਲੀਆਂ ਦਵਾਈਆਂ ਨਾ ਰੱਖੀਆਂ ਜਾਣ। ਉਨ੍ਹਾਂ ਦੱਸਿਆ ਕਿ ਜਾਂਚ ਦੌਰਾਨ ਜਿੱਥੇ ਕਮੀ ਪਾਈ ਗਈ, ਉਥੇ ਸੰਬੰਧਿਤ



ਮੈਡੀਕਲ ਸਟੋਰਾਂ ਨੂੰ ਚੇਤਾਵਨੀ ਦਿੱਤੀ ਗਈ ਕਿ ਜੇਕਰ ਕੋਈ ਵੀ ਕੈਮਿਸਟ ਡਰੱਗ ਐਂਡ ਕਾਸਮੈਟਿਕ ਐਕਟ ਦੀ ਉਲੰਘਣਾ ਕਰਦਾ ਪਾਇਆ ਗਿਆ ਜਾਂ ਗੈਰ ਕਾਨੂੰਨੀ ਢੰਗ ਨਾਲ ਦਵਾਈਆਂ ਦਾ ਕਾਰੋਵਾਰ, ਜਾਂ ਨਸ਼ੇ ਸੰਬੰਧੀ ਦਵਾਈਆਂ ਵੇਚਦਾ ਫੜਿਆ ਗਿਆ ਤਾਂ ਉਸ ਦੇ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇ ਉਨਾਂ ਨਾਲ ਨਵਦੀਪ ਸਿੰਘ ਵੀ ਹਾਜ਼ਰ ਸਨ।

25 Dec Page 10.qxd 12/24/2025 11:55 PM Page 1



# ਆਮ ਸੰਗਤ ਦੀ ਮਦਦ ਲਈ ਥਾਂ-ਥਾਂ ਸਹਾਇਤਾ ਕੇਂਦਰ ਸਥਾਪਤ ਕੀਤੇ : ਵਿਧਾਇਕ ਰਾਏ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫਤਿਹ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ, ਧੰਨ ਧੰਨ ਮਾਤਾ ਗੁਜਰ ਕੌਰ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸ਼ਹੀਦੀ ਸਭਾ 25, 26 ਅਤੇ 27 ਦਸੰਬਰ ਨੂੰ



ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਭਰੇਗੀ। ਪੰਜਾਬ ਸਰਕਾਰ ਵੱਲੋਂ ਦੂਰ ਦੁਰਾਡਿਓਂ ਆਉਣ ਵਾਲੀਆਂ ਸੰਗਤਾਂ ਦੀ ਸਹਾਇਤਾ ਦੇ ਲਈ ਵੱਖ-ਵੱਖ ਥਾਵਾਂ 'ਤੇ ਸਹਾਇਤਾ ਕੇਂਦਰ ਸਥਾਪਿਤ ਕੀਤੇ ਗਏ ਹਨ। ਇਹ ਪ੍ਰਗਟਾਵਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਜ਼ਿਲਾ ਪ੍ਰਸ਼ਾਸਨ ਦੇ ਵੱਲੋਂ ਜਿੱਥੇ ਟਰੈਫਿਕ ਵਿਵਸਥਾ ਨੂੰ ਕੰਟਰੋਲ ਕਰਨ ਦੇ ਲਈ ਵੱਖ-ਵੱਖ ਪਾਰਕਾਂ ਬਣਾਈਆਂ ਗਈਆਂ ਹਨ, ਸਿਹਤ ਵਿਭਾਗ ਦੇ ਵੱਲੋਂ ਆਰਜ਼ੀ ਡਿਸਪੈਂਸਰੀਆਂ ਬਣਾਈਆਂ ਗਈਆਂ ਹਨ। ਇਸੇ ਤਰ੍ਹਾਂ ਆਮ ਲੋਕਾਂ ਦੀ ਮਦਦ ਦੇ ਲਈ ਸਹਾਇਤਾ ਕੇਂਦਰ ਵੀ ਬਣਾਏ ਗਏ ਹਨ। ਉਕਤ ਵਿਵਸਥਾ 'ਤੇ ਨਿਗਰਾਨੀ ਰੱਖਣ ਦੇ ਲਈ ਸੀ ਸੀ ਟੀ ਵੀ ਕੈਮਰੇ ਵੀ ਲਗਾਏ ਗਏ ਹਨ। ਉਹਨਾਂ ਕਿਹਾ ਕਿ ਸਰਕਾਰ ਦਾ ਉਦੇਸ਼ ਇਸ ਸ਼ਹੀਦੀ ਸਭਾ ਨੂੰ ਸਹੀ ਦਿਸ਼ਾ ਵੱਲ ਲੈ ਕੇ ਆਉਣ ਦਾ ਹੈ। ਅਜਿਹੇ ਵਿੱਚ ਸਾਡਾ ਵੀ ਫਰਜ਼ ਬਣਦਾ ਹੈ ਕਿ ਅਸੀਂ ਆਪਣੀਆਂ ਜ਼ਿੰਮੇਵਾਰੀਆਂ ਨੂੰ ਨਿਭਾਈਏ। ਨੌਜਵਾਨਾਂ ਨੂੰ ਅਪੀਲ ਹੈ ਕਿ ਉਹ ਹੁੱਲੜਬਾਜ਼ੀ ਤੋਂ ਬਚਣ। ਟਰੈਕਟਰਾਂ ਦੇ ਉੱਤੇ ਉੱਚੀ ਆਵਾਜ਼ ਦੇ ਵਿੱਚ ਸਾਊਂਡ ਵਜਾਉਣ ਦੇ ਨਾਲ ਸ਼ੋਰ ਸ਼ਰਾਬਾ ਹੁੰਦਾ ਹੈ, ਇਸ ਲਈ ਕੋਸ਼ਿਸ਼ ਕੀਤੀ ਜਾਵੇ ਕਿ ਕਿਸੇ ਤਰ੍ਹਾਂ ਦਾ ਵੀ ਆਵਾਜ਼ ਪ੍ਰਦੂਸ਼ਣ ਨਾ ਕੀਤਾ ਜਾਵੇ। ਇਸ ਮੌਕੇ ਬਲਾਕ ਸੰਮਤੀ ਮੈਂਬਰ ਸਤਵੀਰ ਸਿੰਘ, ਗੁਰਵੀਰ ਜੱਲਾ, ਰੁਪਿੰਦਰ ਸਿੰਘ ਪਿੰਦਰੀ, ਬਲਦੇਵ ਸਿੰਘ ਭੱਲ ਮਾਜਰਾ, ਪ੍ਰਗਟ ਸਿੰਘ ਜੱਲਾ ਗੁਰਪ੍ਰੀਤ ਸਿੰਘ ਆਦਿ ਵੀ ਹਾਜ਼ਰ ਸਨ।

# ਆਂਗਣਵਾੜੀ ਕੇਂਦਰਾਂ 'ਚ ਯੂਥ ਅਗੇਂਸਟ ਡਰੱਗਜ਼ ਸੈਮੀਨਾਰ

**ਸੰਗਰੂਰ (ਪ੍ਰਵੀਨ ਸਿੰਘ)** ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਾ-ਮੁਕਤ ਜੀਵਨ ਵੱਲ ਪ੍ਰੇਰਿਤ ਕਰਨ ਦੇ ਉਦੇਸ਼ ਨਾਲ ਜ਼ਿਲ੍ਹਾ ਸੰਗਰੂਰ ਦੇ ਵੱਖ-ਵੱਖ ਆਂਗਣਵਾੜੀ ਕੇਂਦਰਾਂ ਵਿੱਚ ਯੂਥ ਅਗੇਂਸਟ ਡਰੱਗਜ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਮੀਨਾਰ ਦਾ ਮੁੱਖ ਮਕਸਦ ਨੌਜਵਾਨਾਂ, ਬੱਚਿਆਂ, ਮਾਤਾਵਾਂ ਦੇ ਨਾਲ-ਨਾਲ ਸਕੂਲੀ ਆਂਗਣਵਾੜੀ ਬੱਚਿਆਂ ਅਤੇ ਪਿੰਡਾਂ ਦੇ ਲੋਕਾਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਮਾੜੇ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਜਾਣੂ ਕਰਾਉਣਾ ਸੀ।ਬੁਲਾਰਿਆਂ ਵੱਲੋਂ ਦੱਸਿਆ ਗਿਆ ਕਿ ਨਸ਼ਿਆਂ ਦੀ ਲਤ ਨਾ ਸਿਰਫ਼ ਵਿਅਕਤੀ ਦੀ ਸਿਹਤ ਨੂੰ ਨੁਕਸਾਨ ਪੁਚਾਉਂਦੀ ਹੈ, ਸਗੋਂ ਉਸਦੇ ਭਵਿੱਖ, ਪਰਵਾਰਕ ਤਾਣੇ-ਬਾਣੇ ਅਤੇ ਸਮਾਜਿਕ ਢਾਂਚੇ ਨੂੰ ਵੀ ਗੰਭੀਰ ਪ੍ਰਭਾਵਤ ਕਰਦੀ ਹੈ। ਸੈਮੀਨਾਰ ਦੌਰਾਨ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਨਾਲ ਸੰਬੰਧਤ ਕਾਨੂੰਨੀ ਸਹੂਲਤਾਂ ਤੇ ਨਸ਼ਾ ਤਸਕਰੀ ਨਾਲ ਜੁੜੇ ਸਖ਼ਤ ਕਾਨੂੰਨੀ ਨਤੀਜਿਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਨਾਲ ਹੀ ਨਸ਼ਾ-ਪੀੜਤ ਵਿਅਕਤੀਆਂ ਲਈ ਉਪਲਬਧ ਮੁਫ਼ਤ ਕਾਨੂੰਨੀ ਸਹਾਇਤਾ, ਕਾਊਂਸਲਿੰਗ ਤੇ ਪੁਨਰਵਾਸ ਸੇਵਾਵਾਂ ਬਾਰੇ ਦੱਸਿਆ ਗਿਆ। ਇਸ ਉਪਰਾਲੇ ਵਿੱਚ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵੱਲੋਂ ਮਹੱਤਵਪੂਰਨ ਭੂਮਿਕਾ ਨਿਭਾਈ ਗਈ, ਜਿਨ੍ਹਾਂ ਨੇ ਪਿੰਡ ਪੱਧਰ 'ਤੇ ਲੋਕਾਂ ਨੂੰ ਸੈਮੀਨਾਰ ਨਾਲ ਜੋੜਿਆ।ਸੈਮੀਨਾਰ ਦੇ ਅੰਤ 'ਚ ਸਾਰੇ ਭਾਗੀਦਾਰਾਂ ਵੱਲੋਂ ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਲਈ ਸਾਂਝਾ ਸੰਕਲਪ ਲਿਆ ਗਿਆ ਤੇ ਇਸ ਤਰ੍ਹਾਂ ਦੇ ਜਾਗਰੂਕਤਾ ਪ੍ਰੋਗਰਾਮ ਨਿਰੰਤਰ ਜਾਰੀ ਰੱਖਣ ਦੀ ਅਪੀਲ ਕੀਤੀ ਗਈ।



# ਗੁਰੂ ਗੋਬਿੰਦ ਸਿੰਘ ਰਿਫਾਈਨਰੀ 'ਚ ਕੀਤਾ ਜਾਵੇਗਾ 2,600 ਕਰੋੜ ਦਾ ਨਵਾਂ ਨਿਵੇਸ਼

**ਬਠਿੰਡਾ (ਪਰਵਿੰਦਰ ਜੀਤ ਸਿੰਘ)** ਐਚਪੀਸੀਐਲ ਮਿੱਤਲ ਐਨਰਜੀ ਲਿਮ: ਦੁਆਰਾ ਸੰਚਾਲਤ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਵਿੱਚ ₹2,600 ਕਰੋੜ ਦਾ ਨਵਾਂ ਨਿਵੇਸ਼ ਕੀਤਾ ਜਾਵੇਗਾ। ਇਸ ਨਿਵੇਸ਼ ਦੇ ਤਹਿਤ ਪਾਲੀਪ੍ਰੋਪਾਈਲੀਨ ਡਾਊਨਸਟ੍ਰੀਮ ਉਦਯੋਗ ਸਥਾਪਤ ਕੀਤੇ ਜਾਣਗੇ ਤੇ ਫਾਈਨ ਕੈਮੀਕਲ ਨਾਲ ਸੰਬੰਧਤ ਨਵੇਂ ਪ੍ਰੋਜੈਕਟ ਲਾਏ ਜਾਣਗੇ। ਇਸ ਦਾ ਐਲਾਨ ਐਚਐਮਈਐਲ ਦੇ ਐਮਡੀ ਅਤੇ ਸੀਈਓ ਸ੍ਰੀ ਪ੍ਰਭਦਾਸ ਅਤੇ ਪੰਜਾਬ ਸਰਕਾਰ ਦੇ ਉਦਯੋਗ ਅਤੇ ਵਪਾਰ ਮੰਤਰੀ ਸ੍ਰੀ ਸੰਜੀਵ ਅਰੋੜਾ ਵੱਲੋਂ ਕੀਤਾ ਗਿਆ। ਸ੍ਰੀ ਪ੍ਰਭਦਾਸ ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਰਿਫਾਈਨਰੀ ਦੇ ਕਾਰਨ ਪੰਜਾਬ ਦੇਸ਼ ਵਿੱਚ ਪਾਲੀਪ੍ਰੋਪਾਈਲੀਨ ਉਤਪਾਦਨ ਦਾ ਇੱਕ ਮਹੱਤਵਪੂਰਨ ਕੇਂਦਰ ਬਣ ਚੁੱਕਾ ਹੈ।ਉਨ੍ਹਾਂ ਦੱਸਿਆ ਕਿ ਦੇਸ਼ ਦੀ ਕੁੱਲ ਪਾਲੀਪ੍ਰੋਪਾਈਲੀਨ ਮੰਗ ਦਾ ਲਗਭਗ 14 ਪ੍ਰਤੀਸ਼ਤ ਹਿੱਸਾ ਇਸ ਰਿਫਾਈਨਰੀ ਤੋਂ ਪੂਰਾ ਕੀਤਾ ਜਾਂਦਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਪਿਛਲੇ ਕਈ ਸਾਲਾਂ ਤੋਂ ਰਿਫਾਈਨਰੀ ਦਾ ਸੰਚਾਲਨ ਬਿਨਾਂ ਕਿਸੇ ਰੁਕਾਵਟ ਦੇ ਲਗਾਤਾਰ ਜਾਰੀ ਹੈ।




ਉਨ੍ਹਾਂ ਕਿਹਾ ਕਿ ਬਠਿੰਡਾ ਵਿੱਚ ਸਿਰਫ ਪੈਟਰੋਲ, ਡੀਜ਼ਲ ਤੇ ਗੈਸ ਹੀ ਨਹੀਂ, ਬਲਕਿ ਹੁਣ ਫਾਈਨ ਕੈਮੀਕਲ ਪ੍ਰੋਜੈਕਟ ਰਾਹੀਂ ਉਦਯੋਗਿਕ ਗਤੀਵਿਧੀਆਂ ਨੂੰ ਹੋਰ ਵਧਾਉਣ ਦੀ ਯੋਜਨਾ ਵੀ ਬਣਾਈ ਜਾ ਰਹੀ ਹੈ। ਪੰਜਾਬ ਸਰਕਾਰ ਦੇ ਕੈਬਿਨੇਟ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਦੱਸਿਆ ਕਿ 2011 'ਚ ਸਥਾਪਤ ਇਹ ਰਿਫਾਈਨਰੀ ਲਗਭਗ 2,000 ਏਕੜ ਵਿੱਚ ਫੈਲੀ ਹੋਈ ਹੈ ਤੇ ਸਾਲਾਨਾ ਕਰੀਬ 90,000 ਕਰੋੜ ਦਾ ਵਪਾਰ ਕਰਦੀ ਹੈ।ਉਨ੍ਹਾਂ ਕਿਹਾ ਕਿ ਰਿਫਾਈਨਰੀ ਰਾਜ ਸਰਕਾਰ ਨੂੰ ਹਰ ਸਾਲ ਲਗਭਗ ₹2,100 ਕਰੋੜ ਟੈਕਸ ਦੇ ਰੂਪ ਵਿੱਚ ਯੋਗਦਾਨ ਪਾਉਂਦੀ ਹੈ। ਉਨ੍ਹਾਂ ਦੱਸਿਆ ਕਿ 2,600 ਕਰੋੜ ਦੇ ਇਸ ਨਵੇਂ ਨਿਵੇਸ਼ ਨਾਲ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ। ਇਸ ਸਮੇਂ ਰਿਫਾਈਨਰੀ ਸਿੱਧੇ ਅਤੇ ਅਪਰੋਕਸ਼ ਤੌਰ 'ਤੇ ਲਗਭਗ 10,000 ਲੋਕਾਂ ਨੂੰ ਰੋਜ਼ਗਾਰ ਮੁਹੱਈਆ ਕਰਾ ਰਹੀ ਹੈ।ਉਨ੍ਹਾਂ ਦੱਸਿਆ ਕਿ ਦੇਸ਼ ਦੇ ਕੁੱਲ ਪੈਟਰੋਲ-ਡੀਜ਼ਲ ਉਤਪਾਦਨ ਵਿੱਚ ਬਠਿੰਡਾ ਰਿਫਾਈਨਰੀ ਦਾ ਯੋਗਦਾਨ 5 ਤੋਂ 6 ਪ੍ਰਤੀਸ਼ਤ ਹੈ।

# ਸਮਾਜ ਵਿਰੋਧੀ ਅਨਸਰਾਂ ਵੱਲੋਂ ਪਰਾਲੀ ਦੀਆਂ ਗੱਠਾਂ ਨੂੰ ਅੱਗ, ਮੁਆਵਜ਼ੇ ਦੀ ਮੰਗ

**ਸਿਰਸਾ (ਸੁਰਿੰਦਰ ਪਾਲ ਸਿੰਘ)**- ਸਿਰਸਾ ਜ਼ਿਲ੍ਹੇ ਵਿੱਚ ਪਰਾਲੀ ਭੰਡਾਰਨ ਦੀਆਂ ਗੱਠਾਂ ਨੂੰ ਰਾਤ ਅੱਗ ਲਾਉਣ ਦੇ ਮਾਮਲੇ ਲਗਾਤਾਰ ਵੱਧ ਰਹੇ ਹਨ। ਐਲਨਾਬਾਦ ਦੇ ਢੋਲਪਾਲੀਆ ਵਿੱਚ ਇੱਕ ਤਾਜ਼ਾ ਮਾਮਲਾ ਸਾਹਮਣੇ ਆਇਆ ਹੈ ਜਿੱਥੇ 1,000 ਕੁਇੰਟਲ ਤੋਂ ਵੱਧ ਪਰਾਲੀ ਦੇ ਭੰਡਾਰ ਨੂੰ ਅੱਗ ਲਾ ਦਿੱਤੀ ਗਈ।ਪਰਾਲੀ ਭੰਡਾਰਕਾਂ ਦਾ ਕਹਿਣਾ ਹੈ ਕਿ ਇੱਕ ਗਿਰੋਹ ਸਰਗਰਮ ਹੋ ਗਿਆ ਹੈ ਤੇ ਇਹ ਲੋਕ ਰਾਤ ਨੂੰ ਆਉਂਦੇ ਹਨ ਤੇ ਸਟਾਕ ਨੂੰ ਅੱਗ ਲਾ ਕੇ ਭੱਜ ਜਾਂਦੇ ਹਨ। ਉਨ੍ਹਾਂ ਦਾ ਦੋਸ਼ ਹੈ ਕਿ ਅਜਿਹੇ ਅਨਸਰਾਂ ਵਿਰੁੱਧ ਪੁਲਿਸ ਕੋਈ ਕਾਰਵਾਈ ਨਹੀਂ ਕਰ ਰਹੀ। ਪਰਾਲੀ ਭੰਡਾਰ ਕਰਨ ਵਾਲਿਆਂ ਦਾ ਕਹਿਣਾ ਹੈ ਕਿ ਪੁਲਿਸ ਨੂੰ ਸ਼ਿਕਾਇਤਾਂ ਦਰਜ ਕਰਾਈਆਂ ਗਈਆਂ ਹਨ। ਪਰਾਲੀ ਭੰਡਾਰ ਕਰਨ ਵਾਲੇ ਹੁਣ ਚੌਕਸ ਹੋ ਗਏ ਹਨ ਅਤੇ ਰਾਤ ਦੀ ਗਸ਼ਤ ਸ਼ੁਰੂ ਕਰ ਦਿੱਤੀ ਹੈ। ਪਰਾਲੀ ਮਾਲਕ ਗੋਪੀ ਰਾਮ ਕੋਲ ਲਗਭਗ 1,000 ਕੁਇੰਟਲ ਦਾ ਭੰਡਾਰ ਸੀ । ਉਸ ਦਾ ਅੱਗ ਲੱਗਣ ਕਾਰਨ ਲਗਭਗ 2 ਲੱਖ ਰੁਪਏ ਦਾ ਨੁਕਸਾਨ ਹੋਇਆ। ਪਿੰਡ ਢੋਲਪਾਲੀਆ ਦੇ ਗੋਪੀ ਰਾਮ ਦੀ ਮੰਗ ਹੈ ਕਿ ਗਿਰੋਹ ਦੀ ਪਛਾਣ ਕੀਤੀ ਜਾਵੇ ਅਤੇ ਨੁਕਸਾਨ ਦੀ ਭਰਪਾਈ ਕੀਤੀ ਜਾਵੇ।

# ਚਾਰ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਦੀ ਸ਼ਹਾਦਤ ਨੂੰ ਸਮਰਪਤ ਸ਼ਰਧਾਂਜਲੀ ਸਮਾਗਮ

**ਬਾਘਾ ਪੁਰਾਣਾ (ਮਨੀ ਸਿੰਗਲਾ)** ਪੰਜਾਬ ਕੋ ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ, ਜੋ ਸੰਸਥਾ ਦੇ ਬਾਨੀ ਪ੍ਰਿੰਸੀਪਲ ਗੁਰਦੇਵ ਸਿੰਘ, ਪ੍ਰਿੰਸੀਪਲ ਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਦੀ ਯੋਗ ਤੇ ਸੁਚੱਜੀ ਅਗਵਾਈ ਨਿੱਤ-ਨਵੀਆਂ ਪੁਲਾਘਾਂ ਪੁੱਟ ਰਹੀ ਹੈ, ਵਿਖੇ ਚਾਰ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਸ਼ਰਧਾਂਜਲੀ ਸਮਾਗਮ ਕੀਤਾ ਗਿਆ, ਜਿਸ ਦਾ ਉਦੇਸ਼ ਵਿਦਿਆਰਥੀਆਂ ਨੂੰ ਆਪਣੇ ਗੌਰਵਮਈ ਇਤਿਹਾਸ ਤੋਂ ਜਾਣੂ ਕਰਾਉਣਾ ਅਤੇ ਸਿੱਖ ਗੁਰੂਆਂ ਦੀਆਂ ਧਰਮ ਦੀ ਰਾਖੀ ਲਈ ਦਿੱਤੀਆਂ ਅਦੁੱਤੀਆਂ ਸ਼ਹਾਦਤਾਂ ਬਾਰੇ ਜਾਣਕਾਰੀ ਦੇਣਾ ਹੈ। ਸੰਸਥਾ ਦੇ ਬਾਨੀ ਪ੍ਰਿੰਸੀਪਲ ਗੁਰਦੇਵ ਸਿੰਘ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਇਨ੍ਹਾਂ ਦਿਨਾਂ ਨੂੰ ਹਰ ਪੰਜਾਬੀ ਹਿਰਦੇ ਵਲੂੰਧਰਣ ਵਾਲੀਆਂ ਘਟਨਾਵਾਂ ਦੇ ਮੱਦੇਨਜ਼ਰ ਯਾਦ ਕਰਦੇ ਹੋਏ ਮਹਾਨ ਸ਼ਹੀਦਾਂ ਦੀਆਂ ਲਾਸਾਨੀ ਸ਼ਹਾਦਤਾਂ ਨੂੰ ਸਿਜਦਾ ਕਰਦੇ ਹਨ।ਸੰਸਥਾ ਦੇ ਪ੍ਰਿੰਸੀਪਲ ਤੇ ਡਾਇਰੈਕਟਰ ਸ਼੍ਰੀ ਸੰਦੀਪ ਮਹਿਤਾ ਨੇ ਆਪਣੇ ਵਿਚਾਰ ਸਾਂਝੇ ਕਰਦਿਆ ਦੱਸਿਆ ਕਿ ਇਸ ਸ਼ਹੀਦੀ ਹਫ਼ਤੇ (21 ਤੋਂ 28 ਪੋਹ ਤੱਕ) ਸਫ਼ਰ-ਏ-ਸ਼ਹਾਦਤ ਤੋਂ ਹਰ ਚੇਤਨ ਇਨਸਾਨ ਨੂੰ ਜਾਣੂੰ ਹੋਣਾ ਚਾਹੀਦਾ ਹੈ, ਤਾਂ ਜੁ ਆਪਣੇ ਪੂਰਵਜਾਂ ਦੀ ਗੌਰਵਮਈ ਵਿਰਾਸਤ ਦੀ ਜਾਣਕਾਰੀ ਮਿਲ ਸਕੇ। ਉਨ੍ਹਾਂ ਕਿਹਾ ਕਿ ਦਸਵੇਂ ਪਤਸ਼ਾਹ ਨੇ ਸਾਨੂੰ ਪਰਵਾਰ ਵਾਰ ਕੇ ਅਣਖ ਤੇ ਗੈਰਤ ਦੀ ਜ਼ਿੰਦਗੀ ਜਿਊਣ ਦੇ ਸਮਰੱਥ ਬਣਾਇਆ ਹੈ ਤੇ ਦੂਜਿਆਂ ਲਈ ਆਪਾ ਵਾਰਨ ਦੀ ਪ੍ਰੇਰਨਾ ਦਿੱਤੀ, ਜਿਸ ਨੂੰ ਸਾਨੂੰ ਕਦੇ ਭੁਲਣਾ ਨਹੀਂ ਚਾਹੀਦਾ।ਛੇਵੀਂ ਸ਼੍ਰੇਣੀ ਦੀਆਂ ਵਿਦਿਆਰਥਣਾਂ ਵੱਲੋਂ 'ਵਾਟਾਂ ਲੰਮੀਆਂ ਤੇ ਰਸਤਾ ਪਹਾੜ ਦਾ', ਜੈਸਮੀਨ ਕੌਰ ਵੱਲੋਂ ਧਾਰਮਿਕ ਸ਼ਬਦ ਗਾਇਨ ਕੀਤਾ ਗਿਆ।ਲੜਕੀ ਏਕਮਜੋਤ ਕੌਰ ਨੇ ਜਾਣਕਾਰੀ ਭਰਪੂਰ ਭਾਸ਼ਣ ਦਿੱਤਾ।ਮੈਡਮ ਨੀਲਮ ਸੋਬਤ ਵੱਲੋਂ ਵੀ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਸ਼ਬਦ ਗਾਇਆ ਗਿਆ।





# ਟਾਂਗਰੀ ਨਦੀ ਦੀ ਖੁਦਾਈ ਦੇ ਕੰਮ ਦਾ ਅਚਾਨਕ ਨਿਰੀਖਣ

**ਦੇਵੀਗੜ੍ਹ/ਭੁੰਨਰਹੇੜੀ, (ਰਾਜਿੰਦਰ ਸਿੰਘ ਥਿੰਦ)** ਹਲਕਾ ਇੰਚਾਰਜ ਸਨੌਰ ਤੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਰਣਜੋਧ ਸਿੰਘ ਹਡਾਣਾ ਨੇ ਟਾਂਗਰੀ ਨਦੀ 'ਤੇ ਚੱਲ ਰਹੇ ਵੱਡੇ ਖੁਦਾਈ ਪ੍ਰਾਜੈਕਟ ਦਾ ਅਚਾਨਕ ਦੌਰਾ ਕਰਕੇ ਮੌਕੇ 'ਤੇ ਕੰਮ ਦੀ ਗੁਣਵੱਤਾ ਦਾ ਜਾਇਜ਼ਾ ਲਿਆ।ਹਡਾਣਾ ਨੇ ਕਿਹਾ ਕਿ ਸਰਕਾਰ ਦੇ ਚੱਲਦੇ ਕੰਮਾਂ ਵਿੱਚ ਢਿੱਲ ਬਿਲਕੁਲ ਵੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਦੌਰੇ ਦੌਰਾਨ ਡਰੇਨੇਜ ਵਿਭਾਗ ਦੇ ਸਬੰਧਤ ਅਧਿਕਾਰੀ ਵੀ ਹਾਜ਼ਰ ਰਹੇ। ਦੱਸਣਯੋਗ ਹੈ ਕਿ ਟਾਂਗਰੀ ਨਦੀ ਦੇ ਕਰੀਬ 18 ਕਿਲੋਮੀਟਰ ਲੰਮੇ ਹਿੱਸੇ ਦੀ ਖੁਦਾਈ ਦਾ ਕੰਮ ਵੱਖ-ਵੱਖ ਠੇਕੇਦਾਰਾਂ ਰਾਹੀਂ ਕਰਾਇਆ ਜਾ ਰਿਹਾ ਹੈ, ਜੋ ਪਿਛਲੇ ਕੁਝ ਦਿਨਾਂ ਤੋਂ ਜਾਰੀ ਹੈ ਤੇ ਇਸ ਨੂੰ ਤਿੰਨ ਤੋਂ ਚਾਰ ਮਹੀਨਿਆਂ ਵਿੱਚ ਪੂਰਾ ਕਰਨ ਦਾ ਟੀਚਾ ਟੀਚਾ ਰੱਖਿਆ ਗਿਆ ਹੈ।ਲਗਭਗ 16 ਕਰੋੜ ਰੁਪਏ ਦੀ ਲਾਗਤ ਨਾਲ ਹੋ ਰਹੇ ਇਸ ਪ੍ਰਾਜੈਕਟ ਦਾ ਮਕਸਦ ਹਲਕੇ ਨੂੰ ਹੜ੍ਹਾਂ ਦੇ ਖ਼ਤਰੇ ਤੋਂ ਬਚਾਉਣਾ ਹੈ। ਹਡਾਣਾ ਨੇ ਕਿਹਾ ਕਿ ਪਿੰਡਾਂ ਦੇ ਸਰਪੰਚਾਂ ਤੇ ਇਲਾਕਾ ਵਾਸੀਆਂ ਵੱਲੋਂ ਮਿਲ ਰਹੀਆਂ ਸ਼ਿਕਾਇਤਾਂ ਤੋਂ ਬਾਅਦ ਉਨ੍ਹਾਂ ਖੁਦ ਮੌਕੇ 'ਤੇ ਪਹੁੰਚ ਕੇ ਚੱਲ ਰਹੇ ਕੰਮ ਦਾ ਮੁਆਇਨਾ ਕੀਤਾ।ਉਨ੍ਹਾਂ ਇਸ ਮਗਰੋਂ ਗੁਰਦੁਆਰਾ ਭਗਤ ਧੰਨਾ ਜੀ, ਖਾਂਸਾ, ਔਜਾਂ, ਖਤੌਲੀ, ਦੁਧਨਗੁੱਜਰਾਂ ਤੇ ਰੱਤਾਖੇੜਾ ਸਮੇਤ ਕਈ ਪਿੰਡਾਂ ਦੇ ਨੇੜੇ ਵੀ ਚੱਲ ਰਹੇ ਕੰਮ ਦੀ ਜਾਂਚ ਕੀਤੀ।ਹਡਾਣਾ ਨੇ ਕਿਹਾ ਕਿ ਜਿੱਥੇ ਕੰਢਿਆਂ 'ਤੇ ਮਿੱਟੀ ਪਾਉਣ ਦਾ ਕੰਮ ਢੰਗ ਨਾਲ ਹੋ ਰਿਹਾ ਹੈ, ਉੱਥੇ ਨਦੀ ਦੇ ਮੱਧ ਵਿੱਚ ਖੁਦਾਈ ਦੀ ਗਹਿਰਾਈ ਤੇ ਸਮਾਨਤਾ ਵਿੱਚ ਕਮੀ ਨਜ਼ਰ ਆਈ, ਜਿਸ 'ਤੇ ਉਨ੍ਹਾਂ ਡਰੇਨੇਜ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਸਖ਼ਤ ਸ਼ਬਦਾਂ ਵਿੱਚ ਹਦਾਇਤਾਂ ਦਿੰਦਿਆਂ ਕਿਹਾ ਕਿ ਖੁਦਾਈ ਦਾ ਕੰਮ ਤਕਨੀਕੀ ਮਾਪਦੰਡਾਂ ਅਨੁਸਾਰ ਤੇ ਪੂਰੀ ਗੰਭੀਰਤਾ ਨਾਲ ਕਰਾਇਆ ਜਾਵੇ।ਉਨ੍ਹਾਂ ਜ਼ੋਰ ਦਿੱਤਾ ਕਿ ਕੰਮ ਵਿੱਚ ਲਾਪ੍ਰਵਾਹੀ ਕਤਈ ਬਰਦਾਸ਼ਤ ਨਹੀਂ ਕੀਤੀ ਜਾਵੇਗੀ, ਕਿਉਂਕਿ ਇਹ ਪ੍ਰਾਜੈਕਟ ਸਿੱਧੇ ਤੌਰ 'ਤੇ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਨਾਲ ਜੁੜਿਆ ਹੋਇਆ ਹੈ।



# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਧੁੰਦ ਦੇ ਮੱਦੇਨਜ਼ਰ ਲਾਏ ਰਿਫਲੈਕਟਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਡਾ. ਐਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ ਵੱਲੋਂ ਧੁੰਦ ਦੇ ਮੱਦੇਨਜ਼ਰ ਮਲੋਟ ਰੋਡ ਚੌਂਕ ਸ੍ਰੀ ਮੁਕਤਸਰ ਸਾਹਿਬ ਵਿੱਚ ਵੱਖ-ਵੱਖ ਵਹੀਕਲਾਂ ਤੇ ਵੱਡੀ ਗਿਣਤੀ 'ਚ ਰਿਫਲੈਕਟਰ ਲਾਏ ਗਏ ਅਤੇ ਲਾਪ੍ਰਵਾਹੀ ਕਾਰਨ ਹੋ ਰਹੇ ਵੱਡੀ ਗਿਣਤੀ ਵਿੱਚ ਹਾਦਸਿਆਂ ਤੋਂ ਬਚਾਅ ਲਈ ਲਿਟਰੇਚਰ ਵੀ ਵਾਹਣ ਚਾਲਕਾਂ ਨੂੰ ਦਿੱਤਾ ਗਿਆ। ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਧੁੰਦ ਦਾ ਪ੍ਰਕੋਪ ਵਧਣ ਕਾਰਨ ਕੁੱਝ ਵੀ ਦਿਖਾਈ ਨਹੀਂ ਦਿੰਦਾ ਤੇ ਐਕਸੀਡੈਂਟ ਹੋਣ ਕਾਰਣ ਕੀਮਤੀ ਜਾਨਾਂ ਅਜਾਈਂ ਜਾ ਰਹੀਆਂ ਹਨ। ਇਨ੍ਹਾਂ ਕੀਮਤੀ ਜਾਨਾਂ ਨੂੰ ਬਚਾਉਣ ਲਈ ਡਾਕਟਰ ਓਬਰਾਏ ਵੱਲੋਂ ਹਰ ਸਾਲ ਧੁੰਦ ਦੇ ਮੌਸਮ ਵਿੱਚ ਲੱਖਾਂ ਦੀ ਤਾਦਾਦ ਵਿੱਚ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਰਿਫਲੈਕਟਰ ਲਵਾਏ ਜਾਂਦੇ ਹਨ। ਰਿਫਲੈਕਟਰ ਚਮਕਦਾਰ ਹੋਣ ਕਾਰਨ ਵਹੀਕਲਾਂ ਦੇ ਆਪਸ ਵਿੱਚ ਟਕਰਾਉਣ ਤੋਂ ਬਚਾਅ ਹੋ ਜਾਂਦਾ ਹੈ।



# ਢੰਡੋਲੀ ਕਲਾਂ 'ਚ ਅਜ਼ਾਦ ਉਮੀਦਵਾਰ ਨੇ ਵੋਟਰਾਂ ਦਾ ਕੀਤਾ ਧੰਨਵਾਦ

**ਦਿੜ੍ਹਬਾ ਮੰਡੀ (ਜਸਵੀਰ ਲਾਡੀ)** ਪਿੰਡ ਢੰਡੋਲੀ ਕਲਾਂ ਵਿਖੇ ਲੰਘੀਆਂ ਬਲਾਕ ਸੰਮਤੀ ਚੋਣਾਂ ਵਿੱਚ ਆਜ਼ਾਦ ਉਮੀਦਵਾਰ ਕਰਮਜੀਤ ਕੌਰ ਨੇ ਧੜੱਲੇ ਦੀਆਂ ਸਿਆਸੀ ਪਾਰਟੀਆਂ ਨੂੰ ਪੂਰੀ ਟੱਕਰ ਦਿਤੀ।ਜ਼ਿਕਰਯੋਗ ਹੈ ਕਿ ਬਲਵਿੰਦਰ ਸਿੰਘ ਢੰਡੋਲੀ ਕਲਾਂ ਪਿਛਲੇ ਕਾਫੀ ਸਮੇਂ ਤੋਂ ਚੋਣਾਂ ਲੜਨ ਦੀ ਤਿਆਰੀ ਕਰ ਰਿਹਾ ਸੀ, ਜਿਸਦੇ ਚੱਲਦਿਆਂ ਉਸ ਨੇ ਚੋਣਾਂ ਵਿੱਚ ਆਮ ਆਦਮੀ ਪਾਰਟੀ ਤੋਂ ਟਿਕਟ ਦੀ ਮੰਗ ਕੀਤੀ।ਕਿਸੇ ਕਾਰਨ ਉਨ੍ਹਾਂ ਨੂੰ ਪਾਰਟੀ ਟਿਕਟ ਨਹੀਂ ਮਿਲੀ ਤਾਂ ਉਨ੍ਹਾਂ ਨੇ ਅਜ਼ਾਦ ਚੋਣ ਲੜਨ ਦਾ ਫੈਸਲਾ ਕੀਤਾ ਤੇ ਪੂਰੀ ਮਿਹਨਤ ਤੇ ਤਨਦੇਹੀ ਨਾਲ ਆਪਣਾ ਪ੍ਰਚਾਰ ਕੀਤਾ, ਜਿਸ ਦੇ ਚੱਲਦਿਆਂ ਉਸਨੂੰ ਪਿੰਡ ਵਿਚੋਂ ਵੱਧ ਵੋਟਾਂ ਪਈਆਂ। ਉਮੀਦਵਾਰ ਕਰਮਜੀਤ ਕੌਰ ਦੇ ਪਤੀ ਬਲਵਿੰਦਰ ਸਿੰਘ ਨੇ ਕਿਹਾ ਕਿ ਭਾਵੇਂ ਕਰਮਜੀਤ ਕੌਰ ਚੋਣ ਸੂਲਰ ਘਰਾਟ ਤੋਂ ਹਾਰ ਗਏ, ਪਰ ਢੰਡੋਲੀ ਕਲਾਂ 'ਚੋਂ ਉਨ੍ਹਾਂ ਨੂੰ ਸਭ ਤੋਂ ਵੱਧ ਲੋਕਾਂ ਨੇ ਪਿਆਰ ਦੇ ਕੇ ਅੱਗੇ ਰੱਖਿਆ ਹੈ। ਬਲਵਿੰਦਰ ਸਿੰਘ ਨੇ ਅੱਗੇ ਦੱਸਿਆ ਕਿ ਉਹ ਹੁਣ ਆਪਣੇ ਭਾਈਚਾਰੇ ਦੇ ਸਹਿਯੋਗ ਤੇ ਹਲਕਾ ਦਿੜ੍ਹਬਾ ਦੇ ਲੋਕਾਂ ਦੀ ਮੰਗ 'ਤੇ ਵਿਧਾਨ ਸਭਾ ਚੋਣਾਂ 2027 ਆਜ਼ਾਦ ਚੋਣ ਲੜਨਗੇ।

# ਹਲਕਾ ਵਿਧਾਇਕ ਵੱਲੋਂ ਜੇਤੂ ਉਮੀਦਵਾਰਾਂ ਦਾ ਸਨਮਾਨ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਵੱਲੋਂ ਪਾਰਟੀ ਦੇ ਮੁੱਖ ਦਫਤਰ ਵਿਖੇ ਬਲਾਕ ਸੰਮਤੀ ਜੇਤੂ ਸੀਬੋ ਕੌਰ, ਦਵਿੰਦਰ ਕੌਰ, ਸੁਖਬੀਰ ਕੌਰ, ਸੁਖਪ੍ਰੀਤ ਕੌਰ, ਬੇਅੰਤ ਸਿੰਘ, ਕਾਕਾ ਸਿੰਘ, ਨਿੱਕਾ ਸਿੰਘ, ਜਸਪ੍ਰੀਤ ਕੌਰ, ਰਮਨਦੀਪ ਕੌਰ ਛੱਤਿਆਣਾ, ਅਮਨਦੀਪ ਕੌਰ, ਜਗਦੀਪ ਸਿੰਘ, ਗੁਰਬਾਜ ਸਿੰਘ ਕੌਰ, ਦਿਲਬਾਗ ਸਿੰਘ ਤੇ ਜ਼ਿਲ੍ਹਾ ਪ੍ਰੀਸ਼ਦ ਜੇਤੂ ਸਮਿੰਦਰ ਸਿੰਘ ਢਿੱਲੋਂ, ਸਾਬਕਾ ਸਰਪੰਚ ਕੋਟਲੀ ਅਬਲੂ, ਵੀਰਪਾਲ ਕੌਰ ਕਰਾਈਵਾਲਾ, ਨਿਰਮਲ ਸਿੰਘ ਉਮੀਦਵਾਰਾਂ ਨੂੰ ਪਾਰਟੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਅਤੇ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਡਿੰਪੀ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਤੇ ਲੋਕਾਂ ਨੇ ਮੋਹਰ ਲਾ ਕੇ ਸਪੱਸ਼ਟ ਕਰ ਦਿੱਤਾ ਹੈ ਕਿ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਦੀ ਸਰਕਾਰ ਦੇ ਹੱਕ ਵਿੱਚ ਖੜੇ ਹਨ।ਉਨ੍ਹਾਂ ਕਿਹਾ ਕਿ ਇਨ੍ਹਾਂ ਚੋਣਾਂ ਵਿੱਚ ਕਾਗਜ਼ ਦਾਖਲ ਕਰਨ ਤੋਂ ਲੈ ਕੇ ਗਿਣਤੀ ਤੱਕ ਕਿਸੇ ਨਾਲ ਕਿਸੇ ਤਰ੍ਹਾਂ ਦਾ ਕੋਈ ਵੀ ਧੱਕਾ ਨਹੀਂ ਹੋਇਆ ਸਾਰਾ ਕੰਮ ਪਾਰਦਰਸ਼ੀ ਹੋਇਆ ਹੈ, ਲੋਕਾਂ ਨੇ ਜਿਸ ਨੂੰ ਵੀ ਫਤਵਾ ਦਿੱਤਾ ਹੈ, ਉਹ ਕਬੂਲ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਦੀ ਜਿੱਤ ਹੈ ਤੇ ਆਉਣ ਵਾਲੇ ਸਮੇਂ ਵਿੱਚ ਹਲਕੇ ਦੇ ਜੋ ਵੀ ਅਧੂਰੇ ਕੰਮ ਰਹਿੰਦੇ ਹਨ, ਉਹ ਜਲਦੀ ਪੂਰੇ ਕੀਤੇ ਜਾਣਗੇ।

# ਯੂਰੋ ਕਿਡਜ਼ ਐਂਡ ਡ੍ਰੀਮ ਬੈਰੀ ਕਾਨਵੈਂਟ ਸਕੂਲ ਵਿਖੇ ਸ਼ਹੀਦੀ ਦਿਹਾੜਾ ਮਨਾਇਆ

**ਦੋਰਾਹਾ (ਹਰਮਿੰਦਰ ਸੇਠ)**- ਦੋਰਾਹਾ ਸ਼ਹਿਰ ਦੀ ਨਾਮਵਰ ਵਿੱਦਿਅਕ ਸੰਸਥਾ ਯੂਰੋ ਕਿਡਜ਼ ਐਂਡ ਡ੍ਰੀਮ ਬੈਰੀ ਕਾਨਵੈਂਟ ਸਕੂਲ ਦੋਰਾਹਾ ਵਿਖੇ ਮੈਨੇਜਮੈਂਟ ਡਾਇਰੈਕਟਰ ਰਜਤ ਸ਼ਰਮਾ ਦੀ ਅਗਵਾਈ ਵਿੱਚ ਸ਼ਹੀਦੀ ਦਿਹਾੜਾ ਮਨਾਇਆ ਗਿਆ।ਇਸ ਸਮੇਂ ਅਧਿਆਪਕਾ ਵੱਲੋਂ ਬੱਚਿਆਂ ਨੂੰ ਸ਼ਾਹਿਬਜਾਦਿਆਂ ਦੀ ਲਾਸ਼ਾਨੀ ਸ਼ਹਾਦਤ ਬਾਰੇ ਗਿਆਨ ਦਿੱਤਾ ਗਿਆ ਜਦ ਕਿ ਬੱਚਿਆਂ ਵੱਲੋਂ ਵੀ ਆਪੋ ਆਪਣੇ ਤਰੀਕੇ ਨਾਲ ਛੋਟੇ ਸਾਹਿਬਜਾਦਿਆਂ ਅਤੇ ਮਾਤਾ ਗੁਜਰੀ ਜੀ ਨੂੰ ਸਮਰਪਿਤ ਕਵਿਤਾਵਾਂ 'ਤੇ ਸ਼ਬਦ ਪੇਸ਼ ਕੀਤੇ । ਪ੍ਰਿੰਸੀਪਲ ਸੁਰਿੰਦਰਪਾਲ ਕੌਰ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੀ ਕੌਮ ਲਈ ਨਿੱਕੀਆਂ ਜਿੰਦਾਂ ਨੂੰ ਕੁਰਬਾਨ ਕੀਤਾ ਅਤੇ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਸਿੱਖ ਕੌਮ ਲਈ ਆਪਣਾ ਪੂਰਾ ਸਰਬੰਸ ਵਾਰ ਦਿੱਤਾ ।ਇਸ ਮੌਕੇ ਮੁੱਖ ਮਹਿਮਾਨ ਚੇਅਰਮੈਨ ਜਤਿੰਦਰ ਸ਼ਰਮਾ ,ਡਾਇਰੈਕਟਰ ਨੀਰਜ ਸ਼ਰਮਾ , ਸੁਮਨ ਸ਼ਰਮਾ , ਸੋਨੀਆਂ ਸ਼ਰਮਾ ਤੋਂ ਇਲਾਵਾ ਅਮਨਦੀਪ ਕੌਰ , ਜਸਵਿੰਦਰ ਕੌਰ ,ਕੋਮਲ ਸ਼ਰਮਾ , ਨਵਪ੍ਰੀਤ ਕੌਰ , ਜਸਪ੍ਰੀਤ ਕੌਰ , ਨਵਦੀਪ ਕੌਰ , ਮੁਸ਼ਕਾਨ ਭਾਟੀਆ , ਰਾਜਵਿੰਦਰ ਕੌਰ , ਬਲਜੀਤ ਕੌਰ , ਸਰਬਜੀਤ ਕੌਰ ,ਸ਼ੁਭਮ ਸ਼ਰਮਾ , ਮੀਨੂੰ ,ਰੇਨੂੰ ,ਰਾਜੂ ਸਿੰਘ ,ਗੁਰਬਿੰਦਰ ਸਿੰਘ ਅਤੇ ਇੰਦਰਜੀਤ ਸਿੰਘ ਆਦਿ ਹਾਜਰ ਸਨ।

# ਗੁਰੂਕੁਲ ਗਲੋਬਲ ਸਕੂਲ ਦਾ ਸਾਲਾਨਾ ਸਮਾਗਮ ਯਾਦਗਾਰੀ ਹੋ ਨਿੱਬੜਿਆ

**ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ/ਨਿਸ਼ਾਨ ਸਿੰਘ ਬਣਵਾਲਾ)** : ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਗੁਰੂਕੁਲ ਗਲੋਬਲ ਕਰੀਐਂਜ਼ਾ ਸਕੂਲ ਪਾਤੜਾਂ ਵੱਲੋਂ ਸਕੂਲ ਦੇ ਬਾਨੀ ਸੋਹਨ ਲਾਲ ਸਿੰਗਲਾ ਦੇ ਅਸ਼ੀਰਵਾਦ ਨਾਲ ਸਾਲਾਨਾ ਸਮਾਗਮ ਮੰਥਨ 2025 ਦਾ ਆਯੋਜਨ ਕੀਤਾ ਗਿਆ।ਸਕੂਲ ਦੇ ਚੇਅਰਮੈਨ ਰਾਕੇਸ਼ ਕੁਮਾਰ ਸਿੰਗਲਾ, ਵਾਈਸ ਚੇਅਰਮੈਨ ਸ਼ਾਮ ਸੁੰਦਰ ਦੀ ਅਗਵਾਈ ਵਿੱਚ ਕਰਵਾਏ ਗਏ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਸਾਬਕਾ ਕੈਬਨਟ ਮੰਤਰੀ ਵਿਜੈ ਇੰਦਰ ਸਿੰਗਲਾ ਨੇ ਸ਼ਿਰਕਤ ਕੀਤੀ, ਜਦੋਂ ਕਿ ਵਿਸ਼ੇਸ਼ ਮਹਿਮਾਨਾਂ ਵਜੋਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ, ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲ ਆਰਗੇਨਾਈਜ਼ੇਸ਼ਨ ਦੇ ਪ੍ਰਧਾਨ ਜਗਜੀਤ ਸਿੰਘ ਧੂਰੀ ਤੇ ਪ੍ਰਸਿੱਧ ਪੰਜਾਬੀ ਲੋਕ ਗਾਇਕਾ ਕੌਰ ਬੀ ਨੇ ਸ਼ਮੂਲੀਅਤ ਕੀਤੀ। ਸਮਾਗਮ ਦੀ ਸ਼ੁਰੂਆਤ ਮਹਿਮਾਨਾਂ ਵੱਲੋਂ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਉਪਰੰਤ ਸੱਭਿਆਚਾਰਕ ਪ੍ਰੋਗਰਾਮ ਵਿੱਚ ਗਣੇਸ਼ ਵੰਦਨਾ, ਖਾਟੂ ਸ਼ਿਆਮ ਜੀ, ਸ਼ਬਦ ਗਾਇਨ, ਸ਼ਹੀਦਾਂ ਨੂੰ ਪ੍ਰਣਾਮ ਗੱਤਕਾ, ਸਮਕਾਲੀ ਨਾਚ, ਸ਼ਾਨ-ਏ-ਭੰਗੜਾ, ਝੂਮਰ, ਲਾਈਵ ਗਿੱਧਾ, ਫੌਜ ਐਕਟ, ਵਿਭਿੰਨਤਾ ਵਿੱਚ ਏਕਤਾ : ਤਿਉਹਾਰਾਂ ਦੀਆਂ ਝਲਕੀਆਂ ਵਰਗੇ ਮਨਮੋਹਕ ਪ੍ਰਦਰਸ਼ਨ ਪੇਸ਼ ਕੀਤੇ ਗਏ। ਪਲੇਵੇਅ ਤੋਂ ਲੈ ਕੇ ਕਲਾਸ 9ਵੀਂ ਤੇ 11ਵੀਂ ਤੱਕ ਦੇ ਸਾਰੇ ਗ੍ਰੇਡਾਂ ਦੇ ਵਿਦਿਆਰਥੀਆਂ ਦੁਆਰਾ ਊਰਜਾਵਾਨ ਤੇ ਦਿਲਚਸਪ ਪ੍ਰਦਰਸ਼ਨਾਂ ਨੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਮੁੱਖ ਮਹਿਮਾਨ ਤੇ ਮਾਪਿਆਂ ਨੇ ਵਿਦਿਆਰਥੀਆਂ ਦੇ ਯਤਨਾਂ ਤੇ ਪ੍ਰਤਿਭਾ ਦੀ ਬਹੁਤ ਪ੍ਰਸੰਸਾ ਕੀਤੀ। ਸਕੂਲ ਪ੍ਰਬੰਧਕਾ ਪ੍ਰਿੰਸੀਪਲ ਹਰਪ੍ਰੀਤ ਕੌਰ ਨੇ ਸਕੂਲ ਦੀ ਸਾਲਾਨਾ ਰਿਪੋਰਟ ਪੇਸ਼ ਕੀਤੀ।ਇਸ ਦੌਰਾਨ ਪ੍ਰੇਮ ਚੰਦ ਸਿੰਗਲਾ, ਗੁਰੂਕੁਲ ਖਨੌਰੀ ਦੇ ਚੇਅਰਮੈਰ ਸ਼ਮਸ਼ੇਰ ਸਿੰਘ ਹੁੰਦਲ, ਡਾਇਰੈਕਟਰ ਇੰਦਰਜੀਤ ਸਿੰਘ ਨੇ ਪਤਵੰਤਿਆਂ, ਸੱਦੇ ਗਏ ਮਹਿਮਾਨਾਂ, ਮਾਪਿਆਂ ਤੇ ਅਧਿਆਪਨ ਅਤੇ ਗੈਰ-ਅਧਿਆਪਨ ਸਟਾਫ਼ ਦਾ ਧੰਨਵਾਦ ਕੀਤਾ।ਵਾਇਸ ਪ੍ਰਿੰਸੀਪਲ ਯਾਦਵਿੰਦਰ ਸਿੰਘ, ਮੈਨੇਜਰ ਜਸਵਿੰਦਰ ਸਿੰਘ, ਸੀਨੀਅਰ ਕੋਆਰਡੀਨੇਟਰ ਕਮਲਜੀਤ ਸਿੰਘ ਤੇ ਕੋਆਰਡੀਨੇਟਰ ਦਵਿੰਦਰਪਾਲ ਸਿੰਘ ਦਾ ਉਨ੍ਹਾਂ ਦੇ ਅਟੁੱਟ ਸਮਰਪਣ ਤੇ ਇਸ ਸਮਾਗਮ ਨੂੰ ਸ਼ਾਨਦਾਰ ਬਣਾਉਣ ਵਿੱਚ ਅਣਥੱਕ ਯਤਨਾਂ ਲਈ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਜਸ਼ਨ ਰਾਸ਼ਟਰੀ ਗੀਤ ਨਾਲ ਦੇਸ਼ ਭਗਤੀ ਦੇ ਨੋਟ 'ਤੇ ਸਮਾਪਤ ਹੋਇਆ।



# ਮਾਤਾ ਗੁਜਰੀ ਸਕੂਲ ਦੀ ਵਾਲੀਬਾਲ ਟੂਰਨਾਮੈਂਟ 'ਚ ਸ਼ਾਨਦਾਰ ਪ੍ਰਾਪਤੀ

**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)** ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਮੇਰਾ ਯੁਵਾ ਭਾਰਤ, ਪਟਿਆਲਾ ਵੱਲੋਂ ਆਯੋਜਤ ਜ਼ਿਲ੍ਹਾ ਪੱਧਰੀ ਸਪੋਰਟਸ ਟੂਰਨਾਮੈਂਟ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਂਅ ਰੌਸ਼ਨ ਕੀਤਾ। ਵਾਲੀਬਾਲ ਮੁਕਾਬਲਿਆਂ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਅੰਡਰ-19 ਵਰਗ ਵਿੱਚ ਪਹਿਲਾ ਸਥਾਨ ਤੇ ਅੰਡਰ-17 ਵਰਗ ਵਿੱਚ ਦੂਜਾ ਸਥਾਨ ਹਾਸਲ ਕੀਤਾ।ਇਹ ਸਾਰੇ ਮੁਕਾਬਲੇ ਧੁਨ ਗਰੁੱਪ ਆਫ ਇੰਸਟੀਟਿਊਟ ਵਿਖੇ ਕਰਾਏ ਗਏ।ਸਕੂਲ ਦੇ ਨਿਰਦੇਸ਼ਕ ਸਰਦਾਰ ਭੁਪਿੰਦਰ ਸਿੰਘ, ਪ੍ਰਧਾਨ ਮੈਡਮ ਰਵਿੰਦਰ ਕੌਰ ਅਤੇ ਪ੍ਰਿੰਸੀਪਲ ਮੈਡਮ ਮਮਤਾ ਮੱਕੜ ਨੇ ਜੇਤੂ ਵਿਦਿਆਰਥੀਆਂ ਅਤੇ ਕੋਚਾਂ ਹਰਦੀਪ ਕੁਮਾਰ ਤੇ ਅਰਸ਼ਦੀਪ ਸਿੰਘ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਪ੍ਰਾਪਤੀਆਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਟੀਮ ਵਰਕ ਤੇ ਆਤਮ-ਵਿਸ਼ਵਾਸ ਨੂੰ ਮਜ਼ਬੂਤ ਕਰਦੀਆਂ ਹਨ।



# ਪੀ ਐੱਮ ਸ਼੍ਰੀ ਸਰਕਾਰੀ ਹਾਈ ਸਕੂਲ ਭੂੰਦੜ ਵਿਖੇ ਮੈਗਾ ਪੀ ਟੀ ਐੱਮ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**- ਪੀ ਐੱਮ ਸ਼੍ਰੀ ਸਰਕਾਰੀ ਹਾਈ ਸਕੂਲ ਭੂੰਦੜ ਵਿਖੇ ਵਿਦਿਆਰਥੀਆਂ ਦੇ ਮਾਪਿਆਂ ਨਾਲ ਸੰਪਰਕ ਕਾਇਮ ਕਰਨ ਲਈ ਮੈਗਾ ਪੀ ਟੀ ਐੱਮ ਦੌਰਾਨ ਡਿਪਟੀ ਡਾਇਰੈਕਟਰ ਸ੍ਰੀ ਸੁਸ਼ੀਲ ਨਾਥ ਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਸ੍ਰੀ ਚਮਕੌਰ ਸਿੰਘ ਸਿੱਧੂ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਨਾਲ ਜ਼ਿਲ੍ਹਾ ਮੈਂਟਰ ਇੰਗਲਿਸ਼ ਬਾਲ ਕ੍ਰਿਸ਼ਨ ਅਗਰਵਾਲ ਵੀ ਸ਼ਾਮਲ ਹੋਏ। ਮੁੱਖ ਮਹਿਮਾਨਾਂ ਨੇ ਸਕੂਲ ਸਟਾਫ਼ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮਾਪਿਆਂ ਨੂੰ ਵੱਧ ਤੋਂ ਵੱਧ ਗਾਈਡ ਕੀਤਾ ਜਾਵੇ ਤਾਂ ਜੋ ਪੜ੍ਹਾਈ ਵਿੱਚ ਉੱਚਤਮ ਦਰਜੇ ਦੇ ਬੱਚੇ ਵੱਧ ਤੋਂ ਵੱਧ ਮੈਰਿਟ ਵਿੱਚ ਆ ਸਕਣ। ਉਨ੍ਹਾਂ ਸਕੂਲ ਵਿੱਚ ਚੱਲ ਰਹੇ ਵਿਕਾਸ ਕੰਮਾਂ ਦਾ ਜਾਇਜ਼ਾ ਲਿਆ ਤੇ ਸਟਾਫ਼ ਨੂੰ ਇਸੇ ਤਰ੍ਹਾਂ ਸੰਸਥਾ ਦੀ ਭਲਾਈ ਲਈ ਕੰਮ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਰਪੰਚ ਸਰਬਜੀਤ ਕੌਰ, ਕੈਨੇਡਾ ਵਾਸੀ ਉਨ੍ਹਾਂ ਦੇ ਵੱਡੇ ਭੈਣ ਜੀ ਚਰਨਜੀਤ ਕੌਰ ਤੇ ਸਮਾਜ ਸੇਵੀ ਗੁਰਮੀਤ ਸਿੰਘ, ਗ੍ਰਾਮ ਪੰਚਾਇਤ ਪਿੰਡ ਭੂੰਦੜ, ਬਲਾਕ ਸੰਮਤੀ ਮੈਂਬਰ ਮਨਪ੍ਰੀਤ ਕੌਰ, ਚੇਅਰਮੈਨ ਕੁਲਦੀਪ ਸਿੰਘ, ਐੱਸ. ਐੱਮ. ਸੀ. ਕਮੇਟੀ ਮੈਂਬਰ, ਸਕੂਲ ਦਾ ਸਮੂਹ ਸਟਾਫ ਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ।

# ਅਰੁਣ ਸੇਖੜੀ ਨੇ ਡਵੀਜ਼ਨਲ ਕਮਿਸ਼ਨਰ ਵਜੋਂ ਸੰਭਾਲਿਆ ਵਾਧੂ ਚਾਰਜ



**ਫ਼ਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** 2004 ਬੈਚ ਦੇ ਸੀਨੀਅਰ ਆਈ.ਏ.ਐਸ. ਅਧਿਕਾਰੀ ਸ਼੍ਰੀ ਅਰੁਣ ਸੇਖੜੀ ਨੇ ਬਤੌਰ ਡਵੀਜ਼ਨਲ ਕਮਿਸ਼ਨਰ ਫ਼ਰੀਦਕੋਟ ਦਾ ਵਾਧੂ ਚਾਰਜ ਸੰਭਾਲ ਲਿਆ ਹੈ।ਜ਼ਿਕਰਯੋਗ ਹੈ ਕਿ ਸ਼੍ਰੀ ਸੇਖੜੀ ਇਸ ਵੇਲੇ ਡਵੀਜ਼ਨਲ ਕਮਿਸ਼ਨਰ ਫਿਰੋਜ਼ਪੁਰ ਵਜੋਂ ਸੇਵਾਵਾਂ ਨਿਭਾ ਰਹੇ ਹਨ ਤੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਨੂੰ ਫ਼ਰੀਦਕੋਟ ਡਵੀਜ਼ਨ ਦੀ ਵਾਧੂ ਜ਼ਿੰਮੇਵਾਰੀ ਸੌਂਪੀ ਗਈ ਹੈ।ਦਫ਼ਤਰ ਪਹੁੰਚਣ 'ਤੇ ਡਵੀਜ਼ਨਲ ਕਮਿਸ਼ਨਰ ਨੂੰ ਪੁਲਿਸ ਦੀ ਟੁਕੜੀ ਵੱਲੋਂ ਗਾਰਡ ਆਫ ਆਨਰ ਦਿੱਤਾ ਗਿਆ।ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਨੇ ਡਿਵੀਜ਼ਨ ਨਾਲ ਸਬੰਧਿਤ ਪ੍ਰਸ਼ਾਸਨਿਕ ਕਾਰਜਾਂ ਦੀ ਸਮੀਖਿਆ ਲਈ ਵੱਖ-ਵੱਖ ਵਿਭਾਗਾਂ ਦੇ ਉੱਚ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਕੀਤੀ।ਇਸ ਦੌਰਾਨ ਉਨ੍ਹਾਂ ਨੇ ਚੱਲ ਰਹੇ ਵਿਕਾਸ ਪ੍ਰੋਜੈਕਟਾਂ, ਜਨ-ਕਲਿਆਣਕਾਰੀ ਸਕੀਮਾਂ ਅਤੇ ਦਫ਼ਤਰੀ ਪ੍ਰਬੰਧਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਹਾਸਲ ਕੀਤੀ। ਸ਼੍ਰੀ ਸੇਖੜੀ ਨੇ ਕਿਹਾ ਕਿ ਉਨ੍ਹਾਂ ਦੀ ਤਰਜ਼ੀਹ ਫ਼ਰੀਦਕੋਟ ਡਵੀਜ਼ਨ ਵਿੱਚ ਪ੍ਰਸ਼ਾਸਨਿਕ ਪਾਰਦਰਸ਼ਤਾ ਲਿਆਉਣਾ ਅਤੇ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਕਰਨਾ ਹੈ।

# ਸ਼ਹੀਦ ਡਾ. ਅਨਿਲ ਬਾਗੀ ਦੀ ਬਰਸੀ ਨੂੰ ਸਮਰਪਤ ਮੈਡੀਕਲ ਕੈਂਪ

**ਫਿਰੋਜ਼ਪੁਰ (ਗੁਰਬਚਨ ਸਿੰਘ, ਅਸ਼ੋਕ ਸ਼ਰਮਾ)** : ਅਨਿਲ ਬਾਗੀ ਹਸਪਤਾਲ ਵੱਲੋਂ ਸ਼ਹੀਦ ਡਾ. ਅਨਿਲ ਬਾਗੀ ਦੀ 40ਵੀਂ ਬਰਸੀ ਮੌਕੇ ਹਸਪਤਾਲ ਵਿੱਚ ਵਿਸ਼ੇਸ਼ ਮੁਫਤ ਮੈਗਾ ਮੈਡੀਕਲ ਚੈੱਕਅਪ ਕੈਂਪ ਲਾਇਆ ਗਿਆ।ਇਸ ਕੈਂਪ ਵਿਚ 1500 ਤੋਂ ਵੱਧ ਮਰੀਜ਼ਾਂ ਨੇ ਮੁਫਤ ਸਿਹਤ ਸੇਵਾਵਾਂ ਦਾ ਲਾਭ ਉਠਾਇਆ।ਇਸ ਕੈਂਪ ਵਿੱਚ ਸੁਪਰ ਸਪੈਸ਼ਲਿਸਟ ਤੇ ਤਜਰਬੇਕਾਰ ਡਾਕਟਰਾਂ ਨੇ ਮਰੀਜ਼ਾਂ ਦੀ ਮੁਫਤ ਓਪੀਡੀ ਰਾਹੀਂ ਜਾਂਚ ਕੀਤੀ ਤੇ ਨਾਲ ਹੀ ਫਾਈਬਰੋ ਸਕੈਨ, ਹੱਡੀਆਂ ਦੀ ਜਾਂਚ ਲਈ ਬੀਐੱਮਡੀ, ਫੇਫੜਿਆਂ ਦੀ ਜਾਂਚ ਲਈ ਸਪਾਈਰੋਮੈਟਰੀ, ਯੂਰਿਨ ਟੈਸਟ ਤੇ ਦਿਲ ਦੇ ਮਰੀਜ਼ਾਂ ਲਈ ਈਸੀਜੀ ਤੇ ਬਲੱਡ ਸ਼ੂਗਰ ਵਰਗੇ ਮਹੱਤਵਪੂਰਨ ਟੈਸਟ ਬਿਲਕੁਲ ਮੁਫਤ ਕੀਤੇ ਗਏ।ਜਾਣਕਾਰੀ ਦਿੰਦਿਆਂ ਹਸਪਤਾਲ ਦੇ ਸੀਈਓ ਡਾ. ਸੌਰਭ ਬਾਗੀ ਨੇ ਦੱਸਿਆ ਕਿ ਕੈਂਪ ਵਿੱਚ ਲੋੜਵੰਦ ਮਰੀਜ਼ਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ ਤੇ ਕਈ ਤਰ੍ਹਾਂ ਦੇ ਮਹਿੰਗੇ ਟੈਸਟਾਂ 'ਤੇ ਭਾਰੀ ਛੋਟ ਵੀ ਦਿੱਤੀ ਗਈ।ਡਾ. ਬਾਗੀ ਨੇ ਦੱਸਿਆ ਕਿ ਸ਼ਹੀਦ ਡਾ. ਅਨਿਲ ਬਾਗੀ ਦੀ ਯਾਦ ਨੂੰ ਸਮਰਪਤ ਇਹ ਕੈਂਪ ਉਨ੍ਹਾਂ ਦੀ ਲੋਕ ਸੇਵਾ ਦੀ ਸੋਚ ਤੇ ਸਮਰਪਣ ਦਾ ਪ੍ਰਤੀਕ ਹੈ।ਉਨ੍ਹਾਂ ਕੈਂਪ ਦੀ ਸਫਲਤਾ ਲਈ ਹਸਪਤਾਲ ਦੇ ਸਾਰੇ ਡਾਕਟਰਾਂ, ਸਟਾਫ ਤੇ ਇਲਾਕਾ ਨਿਵਾਸੀਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਅਨਿਲ ਬਾਗੀ ਹਸਪਤਾਲ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਲੋਕ ਭਲਾਈ ਸਿਹਤ ਕੈਂਪ ਲਗਾਉਂਦਾ ਰਹੇਗਾ।



# ਮਾਊਂਟ ਲਿਟਰਾ ਜ਼ੀ ਸਕੂਲ 'ਚ ਸਰਬੰਸ ਦਾਨੀ ਬਾਰੇ ਦੱਸਿਆ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਮਾਊਂਟ ਲਿਟਰਾ ਜ਼ੀ ਸਕੂਲ ਵਿਖੇ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਹਰ ਸਮੇਂ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਕਰਾਈਆਂ ਜਾਂਦੀਆਂ ਹਨ, ਜਿਸ ਦੌਰਾਨ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਜ਼ਿੰਦਗੀ ਦੇ ਹੋਰ ਅਹਿਮ ਪਹਿਲੂਆਂ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ।ਪੋਹ ਦੇ ਮਹੀਨੇ ਸਰਬੰਸਦਾਨੀ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣਾ ਸਾਰਾ ਪਰਵਾਰ ਦੇਸ਼ ਕੌਮ ਤੋਂ ਕੁਰਬਾਨ ਕਰ ਦਿੱਤਾ।ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਕਰਦਿਆਂ ਤੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਇੱਕ ਵਿਸ਼ੇਸ਼ ਅਸੰਬਲੀ ਸਕੂਲ ਵਿੱਚ ਕਰਾਈ ਗਈ, ਜਿਸ ਰਾਹੀਂ ਸਾਹਿਬਜ਼ਾਦਿਆਂ ਦੇ ਹੌਸਲੇ, ਜੋਸ਼, ਨਿਡਰਤਾ ਅਤੇ ਬਹਾਦਰੀ ਨੂੰ ਯਾਦ ਕੀਤਾ ਗਿਆ ਅਤੇ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਲਈ ਪ੍ਰੇਰਿਤ ਕੀਤਾ ਗਿਆ।ਅੱਠਵੀਂ ਅਚੀਵਰਜ ਜਮਾਤ ਦੇ ਵਿਦਿਆਰਥੀਆਂ ਵੱਲੋਂ ਮੂਲ ਮੰਤਰ ਨਾਲ ਅਸੈਂਬਲੀ ਦੀ ਸ਼ੁਰੂਆਤ ਕੀਤੀ,ਫਿਰ ਸਾਹਿਬਜ਼ਾਦਿਆਂ ਦੀ ਬਹਾਦਰੀ ਨੂੰ ਦਰਸਾਉਂਦਾ ਸ਼ਬਦ ਗਾਇਆ ਗਿਆ ਤੇ ਸਾਹਿਬਜਾਦਿਆਂ ਦੇ ਜੀਵਨ ਨਾਲ ਸਬੰਧਤ ਭਾਸ਼ਣ ਪੇਸ਼ ਕੀਤਾ ਗਿਆ। ਭਾਸ਼ਣ ਰਾਹੀਂ ਉਨ੍ਹਾਂ ਨੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੀ ਅਦੁੱਤੀ ਸ਼ਹਾਦਤ ਬਾਰੇ ਭਰਪੂਰ ਜਾਣਕਾਰੀ ਦਿੱਤੀ ਗਈ। ਇਸ ਤੋਂ ਬਾਅਦ ਸ਼ਾਹਿਬਜ਼ਾਦਿਆਂ ਬਾਰੇ ਇੱਕ ਕਵਿਤਾ ਦਾ ਉਚਾਰਨ ਵੀ ਕੀਤਾ ਗਿਆ।ਸਕੂਲ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ ਤੇ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ ਕਿਹਾ ਕਿ ਸਾਹਿਬਜ਼ਾਦਿਆਂ ਦਾ ਸਾਰਾ ਜੀਵਨ ਹੀ ਪ੍ਰੇਰਣਾਦਾਇਕ ਹੈ।ਵਿਦਿਆਰਥੀ ਉਹਨਾਂ ਦੇ ਜੀਵਨ ਤੋਂ ਬਹੁਤ ਕੁਝ ਸਿੱਖ ਸਕਦੇ ਹਨ।ਸਾਹਿਬਜ਼ਾਦਿਆਂ ਦੇ ਜੀਵਨ ਬਾਰੇ ਜਾਣ ਕੇ ਵਿਦਿਆਰਥੀ ਨਿਡਰ, ਅਨੁਸ਼ਾਸਤ, ਸਹਿਹਣਸ਼ੀਲ ਬਣ ਸਕਦੇ ਹਨ ਤੇ ਇਹ ਸਾਰੇ ਗੁਣ ਅੱਜ ਦੇ ਬੱਚਿਆਂ ਵਿੱਚ ਹੋਣੇ ਬਹੁਤ ਜ਼ਰੂਰੀ ਹਨ।



# ਰਾਮਗੜ੍ਹੀਆ ਅਕਾਲ ਜਥੇਬੰਦੀ ਵੱਲੋਂ ਬੀਬੀ ਕਿਰਨਜੀਤ ਕੌਰ ਮਠਾੜੂ ਦਾ ਸਨਮਾਨ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਪਿੰਡ ਚੰਨਣਵਾਲ ਵਿਖੇ ਬਲਾਕ ਸੰਮਤੀ ਮੈਂਬਰ ਬੀਬੀ ਕਿਰਨਜੀਤ ਕੌਰ ਮਠਾੜੂ ਨੂੰ ਰਾਮਗੜ੍ਹੀਆ ਅਕਾਲ ਜਥੇਬੰਦੀ ਵੱਲੋਂ ਮਹਾਨ ਸੂਰਬੀਰ ਸਿੱਖ ਜਰਨੈਲ ਸਰਦਾਰ ਜੱਸਾ ਸਿੰਘ ਰਾਮਗੜ੍ਹੀਆ ਜੀ ਦੀ ਤਸਵੀਰ, ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਸੂਬਾਈ ਮੀਤ ਪ੍ਰਧਾਨ ਮੁਕੰਦ ਸਿੰਘ ਰਾਮਗੜ੍ਹੀਆ, ਜਥੇਬੰਦਕ ਸਕੱਤਰ ਜਰਨੈਲ ਸਿੰਘ ਮਠਾੜੂ ਨੇ ਕਿਹਾ ਕਿ ਬੇਹੱਦ ਖੁਸ਼ੀ ਦੀ ਗੱਲ ਹੈ ਕਿ ਆਮ ਆਦਮੀ ਪਾਰਟੀ ਵੱਲੋਂ ਬਲਾਕ ਸੰਮਤੀ ਜ਼ੋਨ ਚੰਨਣਵਾਲ ਤੋਂ ਬੀਬੀ ਕਿਰਨਜੀਤ ਕੌਰ ਮਠਾੜੂ ਨੂੰ ਚੋਣ ਮੈਦਾਨ 'ਚ ਉਤਾਰਿਆ ਤੇ ਵੋਟਰਾਂ ਨੇ ਉਨ੍ਹਾਂ ਤੇ ਭਰੋਸਾ ਪ੍ਰਗਟ ਕਰਦਿਆ ਸ਼ਾਨਦਾਰ ਜਿੱਤ ਪ੍ਰਾਪਤ ਕਰਾਈ ਹੈ। ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਦੀਆਂ ਰਾਜਨੀਤਕ ਧਿਰਾਂ ਪੰਜਾਬ 'ਚ ਰਾਮਗੜ੍ਹੀਆ ਭਾਈਚਾਰੇ ਨੂੰ ਬਣਦਾ ਮਾਣ-ਸਨਮਾਨ ਦੇਣ ਤਾਂ ਜੁ ਭਾਈਚਾਰੇ ਦੀਆਂ ਚਿਰਾਂ ਤੋਂ ਲਟਕਦੀਆਂ ਮੰਗਾਂ ਪ੍ਰਤੀ ਆਵਾਜ਼ ਉਠਾਈ ਜਾ ਸਕੇ। ਇਸ ਮੌਕੇ ਸੰਮਤੀ ਮੈਂਬਰ ਬੀਬੀ ਕਿਰਨਜੀਤ ਕੌਰ ਮਠਾੜੂ ਨੇ ਮਾਣ ਸਨਮਾਨ ਦੇਣ ਲਈ ਰਾਮਗੜ੍ਹੀਆ ਅਕਾਲ ਜਥੇਬੰਦੀ ਪੰਜਾਬ ਦੇ ਸਮੂਹ ਆਗੂਆਂ, ਵਰਕਰਾਂ ਦਾ ਧੰਨਵਾਦ ਕੀਤਾ।ਇਸ ਮੌਕੇ ਬਲਵੀਰ ਸਿੰਘ ਮਠਾੜੂ, ਜੁਗਿੰਦਰ ਸਿੰਘ ਧੰਜਲ, ਨਰਿੰਦਰ ਸਿੰਘ ਸੋਹਲ, ਗੁਰਤੇਜ ਸਿੰਘ ਮਠਾੜੂ ਛੀਨੀਵਾਲ ਤੇ ਜਨਕ ਮਠਾੜੂ ਤੇ ਬਾਬਾ ਬੁੱਧ ਸਿੰਘ ਕਲਸੀ ਆਦਿ ਹਾਜ਼ਰ ਸਨ।



# ਇੰਜ. ਦੀਪਾਂਸ਼ ਗੁਪਤਾ ਬਣੇ ਡਿਪਲੋਮਾ ਇੰਜੀਨੀਅਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ

**ਸੰਗਰੂਰ, (ਪ੍ਰਵੀਨ ਸਿੰਘ)** ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਜੂਨੀਅਰ ਇੰਜਨੀਅਰਾਂ, ਪਦਉੱਨਤ ਉਪ ਮੰਡਲ ਇੰਜੀਨੀਅਰਾਂ ਤੇ ਕਾਰਜਕਾਰੀ ਇੰਜਨੀਅਰਾਂ



ਦੀ ਜਥੇਬੰਦੀ ਡਿਪਲੋਮਾ ਇੰਜੀਨੀਅਰ ਐਸੋਸੀਏਸ਼ਨ ਦੇ ਸੂਬਾਈ ਅਹੁਦੇਦਾਰਾਂ ਦੀ ਚੋਣ ਅਬਜ਼ਰਵਰ ਇੰਜ. ਸ਼੍ਰੀ ਅਮ੍ਰਿਤਪਾਲ ਸਿੰਘ ਸੇਵਾ ਮੁਕਤ ਐਸ.ਡੀ.ਈ, ਇੰਜ. ਸ਼੍ਰੀ ਵਿਨੋਦ ਉੱਪਲ ਸੇਵਾਮੁਕਤ ਐਸ.ਡੀ.ਈ ਤੇ ਇੰਜ. ਸ਼੍ਰੀ ਲਾਲ ਚੰਦ ਸੇਵਾ ਮੁਕਤ ਐਸ.ਡੀ.ਈ ਦੀ ਨਿਗਰਾਨੀ ਹੇਠ ਮੋਹਾਲੀ ਵਿਖੇ ਸੱਦੇ ਗਏ ਇਜਲਾਸ ਵਿੱਚ ਹੋਈ। ਸੂਬਾਈ ਇਜਲਾਸ ਵਿਚ ਸਾਰੇ 13 ਜ਼ੋਨਾਂ ਦੇ ਨੁਮਾਇੰਦਿਆਂ ਨੇ ਭਾਗ ਲਿਆ ਤੇ ਸਰਬਸੰਮਤੀ ਨਾਲ ਚੰਡੀਗੜ੍ਹ ਜ਼ੋਨ ਤੋਂ ਇੰਜ. ਸ਼੍ਰੀ ਦੀਪਾਸ਼ ਗੁਪਤਾ ਨੂੰ ਸੂਬਾਈ ਪ੍ਰਧਾਨ, ਲੁਧਿਆਣਾ ਜ਼ੋਨ ਤੋਂ ਇੰਜ. ਸ਼੍ਰੀ ਸੁਖਰਾਜ ਸਿੰਘ ਨੂੰ ਜਰਨਲ ਸਕੱਤਰ ਅਤੇ ਜਲੰਧਰ ਜ਼ੋਨ ਤੋਂ ਇੰਜ. ਸ਼੍ਰੀ ਬਲਜਿੰਦਰ ਸਿੰਘ ਨੂੰ ਵਿੱਤ ਸਕੱਤਰ ਵਜੋ ਚੁਣੀਆਂ ਗਿਆ। ਐਸੋਸੀਏਸ਼ਨ ਦੇ ਸਰਪ੍ਰਸਤ ਇੰਜ. ਸ਼੍ਰੀ ਸੁਖਮਿੰਦਰ ਸਿੰਘ ਲਵਲੀ ਕਾਰਜਕਾਰੀ ਇੰਜੀਨੀਅਰ, ਇੰਜ. ਸ਼੍ਰੀ ਕਰਮਜੀਤ ਸਿੰਘ ਬਹੀਲਾ, ਇੰਜ. ਸ਼੍ਰੀ ਅਰਵਿੰਦ ਸੈਣੀ ਐਸ.ਡੀ.ਈ ਤੇ ਇੰਜ. ਸ਼੍ਰੀ ਕਮਰਜੀਤ ਸਿੰਘ ਮਾਨ ਨੇ ਵੀ ਆਪਣੀ ਸਮੂਲੀਅਤ ਦਿੱਤੀ।ਨਵੇਂ ਚੁਣੇ ਪ੍ਰਧਾਨ ਇੰਜ. ਸ਼੍ਰੀ ਦੀਪਾਸ਼ ਗੁਪਤਾ ਵੱਲੋਂ ਸਾਰੇ ਹਾਜ਼ਰ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇੰਜਨੀਅਰ ਕਲਾਸ ਦੀਆਂ ਕਾਫੀ ਸਮੇਂ ਤੋਂ ਲਟਕਦੀਆਂ ਮੰਗਾਂ ਜਿਵੇਂ ਪ੍ਰਮੋਸ਼ਨ ਕੋਟੇ ਨੂੰ ਵਧਉਣਾ, ਪੈਟਰੋਲ ਭੱਤਾ ਬਹਾਲ ਕਰਾਉਣਾ, ਏ.ਸੀ.ਪੀ ਸਕੀਮ ਤੇ ਹੋਰ ਮੰਗਾਂ ਨੂੰ ਹਰ ਸੰਭਵ ਕੋਸ਼ਿਸ਼ ਕਰਕੇ ਪੂਰਾ ਕਰਾਉਣ ਦਾ ਭਰੋਸਾ ਦਿਵਾਇਆ ਗਿਆ।

# ਸ਼ਹੀਦੀ ਦਿਵਸ ਨੂੰ ਸਮਰਪਤ ਪ੍ਰੋਗਰਾਮ ਸਫ਼ਲਤਾਪੂਰਵਕ ਸੰਪੰਨ

**ਭੀਖੀ (ਗੁਰਿੰਦਰ ਸਿੰਘ ਔਲਖ)** ਮਾਡਰਨ ਸੈਕੂਲਰ ਪਬਲਿਕ ਸਕੂਲ ਦੇ ਸਮੂਹ ਸਟਾਫ ਤੇ ਵਿਦਿਆਰਥੀਆਂ ਵੱਲੋਂ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਨੂੰ ਸਮਰਪਤ ਵੱਖ ਵੱਖ ਪ੍ਰੋਗਰਾਮ ਉਲੀਕੇ ਗਏ, ਜਿਸ ਦੌਰਾਨ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੇ ਸਕੂਲ ਅੱਗੇ ਗਰਮ ਕੱਪੜਿਆਂ ਤੇ ਦੁੱਧ ਦਾ ਲੰਗਰ ਲਾਇਆ, ਜੋ ਸਾਰਿਆਂ ਲਈ ਖੁੱਲ੍ਹਾ ਸੀ। ਸੰਸਥਾ ਦੇ ਡਾਇਰੈਕਟਰ ਤੇ ਪੰਜਾਬ ਦੇ ਸਕੂਲਾਂ ਦੀ ਫੈਡਰੇਸ਼ਨ ਦੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਦਾ ਕਹਿਣਾ ਹੈ ਕਿ ਸਾਹਿਬਜ਼ਾਦਿਆਂ ਦੀ ਸ਼ਹਾਦਤ ਦਾ ਦਿਨ ਉਨ੍ਹਾਂ ਦੀ ਲਾਸਾਨੀ ਕੁਰਬਾਨੀ ਨੂੰ ਯਾਦ ਕਰਦਿਆਂ ਮਨਾਉਣਾ ਚਾਹੀਦਾ ਹੈ।ਇਹ ਇੱਕ ਅਜਿਹੀ ਘਟਨਾ ਸੀ, ਜਦੋਂ ਬਹੁਤ ਹੀ ਛੋਟੀ ਉਮਰ ਦੇ ਸਾਹਿਬਜ਼ਾਦਿਆਂ 'ਤੇ ਜ਼ੁਲਮ ਕੀਤਾ ਗਿਆ ਸੀ, ਪ੍ਰੰਤੂ ਉਹ ਅਡੋਲ ਰਹੇ। ਉਨ੍ਹਾਂ ਕਿਹਾ ਕਿ 22 ਦਸੰਬਰ ਤੋਂ 28 ਦਸੰਬਰ ਤੱਕ ਕੋਈ ਵੀ ਰੰਗਾਰੰਗ ਪ੍ਰੋਗਰਾਮ ਨਹੀਂ ਕਰਨਾ ਚਾਹੀਦਾ।ਪਹਿਲਾਂ ਪੰਜਾਬ ਦੇ ਲੋਕ ਇਨ੍ਹਾਂ ਦਿਨਾਂ ਵਿੱਚ ਜ਼ਮੀਨ ਉੱਪਰ ਸੌਂਦੇ ਸਨ ਤਾਂ ਜੁ ਉਹ ਦਰਦ ਮਹਿਸੂਸ ਕਰ ਸਕਣ, ਜੋ ਮਾਤਾ ਗੁਜਰੀ ਅਤੇ ਛੋਟੇ ਸਾਹਿਬਜ਼ਾਦਿਆਂ ਨੇ ਹੰਢਾਇਆ ਸੀ।ਸਕੂਲ ਦੇ ਪ੍ਰਿੰਸੀਪਲ ਮੈਡਮ ਅਮਨਦੀਪ ਦੌਦਰੀਆ ਨੇ ਦੱਸਿਆ ਕਿ ਇਸ ਕੜਕਦੀ ਠੰਢ ਵਿੱਚ ਬਹੁਤ ਬੱਚੇ ਤੇ ਬਜ਼ੁਰਗ ਅਜਿਹੇ ਹਨ, ਜਿਨ੍ਹਾਂ ਨੂੰ ਠੰਢ ਤੋਂ ਬਚਣ ਲਈ ਇਹਨਾਂ ਕੱਪੜਿਆਂ ਦੀ ਜ਼ਰੂਰਤ ਹੈ, ਜਿਸ ਨੂੰ ਮੁੱਖ ਰੱਖਦੇ ਹੋਏ ਤੇ ਮੋਤੀ ਰਾਮ ਮਹਿਰਾ ਜੀ ਦੀ ਯਾਦ ਵਿੱਚ ਦੁੱਧ ਦਾ ਲੰਗਰ ਲਾਇਆ ਗਿਆ।



# ਬਲੌਸਮਜ਼ ਕਾਨਵੈਂਟ ਵਿਖੇ ਕਵਿਤਾ ਉਚਾਰਨ ਮੁਕਾਬਲਾ

**ਜਗਰਾਓਂ (ਅਮਿਤ ਖੰਨਾ)**- ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਰਵਾਰ ਦੇ ਸਫ਼ਰ-ਏ-ਸ਼ਹਾਦਤ ਨੂੰ ਮੁੱਖ ਰੱਖਦੇ ਹੋਏ ਵਿਦਿਆਰਥੀਆਂ ਵਿਚਕਾਰ ਕਵਿਤਾ ਉਚਾਰਣ ਮੁਕਾਬਲਾ ਕਰਵਾਇਆ ਗਿਆ।ਬਹੁਤ ਸਾਰੇ ਵਿਦਿਆਰਥੀਆਂ ਨੇ ਸ਼ਹਾਦਤ ਨੂੰ ਸਮਰਪਤ ਕਵਿਤਾਵਾਂ ਸੁਣਾਈਆਂ, ਜੋ ਕੌਮ ਦੀਆਂ ਕੁਰਬਾਨੀਆਂ ਨੂੰ ਯਾਦ ਵੀ ਕਰਵਾ ਰਹੀਆਂ ਸਨ ਤੇ ਨਿੱਕੇ-ਨਿੱਕੇ ਬੱਚਿਆਂ ਨੂੰ ਇਤਿਹਾਸ ਤੋਂ ਵੀ ਜਾਣੂੰ ਕਰਵਾ ਰਹੀਆਂ ਸਨ।ਇਸ ਗਤੀਵਿਧੀ ਵਿੱਚ ਬਹੁਤ ਸਾਰੇ ਸਿੱਖ ਬੱਚੇ ਬਾਣੇ ਵਿੱਚ ਆਏ ਜੋ ਕਿ ਗੁਰੂ ਦੀਆਂ ਲਾਡਲੀਆਂ ਫੌਜਾਂ ਦੀ ਦਿੱਖ ਦੇ ਰਹੇ ਸਨ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਸ਼ਹੀਦੀ ਦਿਹਾੜਿਆਂ ਨੂੰ ਨਤਮਸਤਕ ਹੁੰਦੇ ਹੋਏ ਕਿਹਾ ਕਿ ਗੁਰੂ ਸਾਹਿਬ ਨੇ ਕੌਮ ਲਈ ਆਪਣਾ ਸਾਰਾ ਪਰਿਵਾਰ ਵਾਰ ਦਿੱਤਾ, ਅਸੀਂ ਤੁੱਛ ਦੇ ਬਰਾਬਰ ਇਨ੍ਹਾਂ ਉਪਰਾਲਿਆਂ ਸਦਕਾ ਕੋਸ਼ਿਸ਼ ਕਰਦੇ ਹਾਂ ਤਾਂ ਜੋ ਵਿਦਿਆਰਥੀ ਜੀਵਨ ਵਿੱਚ ਬਾਣੀ ਤੇ ਬਾਣੇ ਦੀ ਅਹਿਮੀਅਤ ਭਰ ਸਕੀਏ।ਇਸ ਮੁਕਾਬਲੇ ਵਿੱਚ ਉਚਾਰੀਆਂ ਕਵਿਤਾਵਾਂ ਰੂਹ ਨੂੰ ਹਿੰਮਤ ਤੇ ਹੌਂਸਲੇ ਦੇ ਰਹੀਆਂ ਸਨ।ਸਾਡੀ ਹਮੇਸ਼ਾ ਇਹੀ ਕੋਸ਼ਿਸ਼ ਹੁੰਦੀ ਹੈ ਕਿ ਅਸੀਂ ਪੜ੍ਹਾਈ ਦੇ ਨਾਲ-ਨਾਲ ਨੈਤਿਕ ਸਿੱਖਿਆ ਤੇ ਜੀਵਨ ਸੇਧ ਭਰੀਆਂ ਗਤੀਵਿਧੀਆਂ ਜ਼ਰੂਰ ਕਰਵਾਈਏ ਤਾਂ ਜੋ ਵਿਦਿਆਰਥੀ ਜੀਵਨ ਵਿੱਚੋਂ ਨੇਕ ਰੂਹਾਂ ਇਸ ਸਮਾਜ ਵਿੱਚ ਵਿਚਰਨ।ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਸ੍ਰ. ਮਨਪ੍ਰੀਤ ਸਿੰਘ ਬਰਾੜ ਨੇ ਵੀ ਇਨ੍ਹਾਂ ਦਿਹਾੜਿਆਂ ਨੂੰ ਨਤਮਸਤਕ ਕੀਤਾ।



# ਸਰਕਾਰੀ ਸਕੂਲ ਕੁੱਬਾ ਦੇ ਸਟੇਟ ਪੱਧਰੀ ਖਿਡਾਰੀ ਸਨਮਾਨਤ

**ਸਮਰਾਲਾ (ਸੁਰਜੀਤ ਸਿੰਘ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੁੱਬਾ ਦੇ ਪੜ੍ਹਾਈ ਤੇ ਖੇਡਾਂ ਵਿੱਚ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।ਇਸ ਸਕੂਲ ਦੀ ਕਬੱਡੀ ਅੰਡਰ 19 ਨੇ ਪੰਜਾਬ ਵਿੱਚ ਦੂਜਾ ਸਥਾਨ ਪ੍ਰਾਪਤ ਕੀਤਾ ਹੈ।ਇਸ ਲਈ ਜਸਪ੍ਰੀਤ ਸਿੰਘ ਤੇ ਸਾਹਿਬਪ੍ਰੀਤ ਸਿੰਘ ਨੂੰ ਸਨਮਾਨਤ ਕੀਤਾ ਗਿਆ।ਗੁਰਨੂਰ ਸ਼ਰਮਾ, ਸਾਹਿਬ ਤੇ ਗੌਤਮ ਨੂੰ ਕ੍ਰਮਵਾਰ ਸਰਕਲ ਕਬੱਡੀ, ਪੌਲਵਲਟ ਤੇ ਲੰਮੀ ਛਾਲ ਵਿੱਚ ਸਟੇਟ ਪੱਧਰ ਤੇ ਭਾਗ ਲੈਣ ਲਈ ਸਨਮਾਨਤ ਕੀਤਾ ਗਿਆ।ਇਹ ਸਨਮਾਨ ਸਕੂਲ ਮੈਨੇਜਮੈਂਟ ਕਮੇਟੀ, ਗ੍ਰਾਮ ਪੰਚਾਇਤ ਤੇ ਬਾਬਾ ਦਲੀਪ ਸਿੰਘ ਯਾਦਗਾਰੀ ਟਰੱਸਟ ਕੁੱਬਾ ਵੱਲੋਂ ਕੀਤਾ ਗਿਆ ਹੈ।ਇਸ ਸਮਾਗਮ ਵਿੱਚ ਜਸਬੀਰ ਕੌਰ, ਹਰਜਿੰਦਰ ਕੌਰ, ਗੁਰਇਕਬਾਲ ਸਿੰਘ, ਸੁਖਜੀਤ ਕੌਰ, ਰੁਪਿੰਦਰ ਪਾਲ ਸਿੰਘ ਗਿੱਲ, ਪ੍ਰੀਤਪਾਲ ਕੌਰ, ਮਨਪ੍ਰੀਤ ਸਿੰਘ, ਪ੍ਰਵੀਨ ਲਤਾ, ਜਸਪ੍ਰੀਤ ਕੌਰ, ਮਨਜਿੰਦਰ ਕੌਰ, ਅੰਮ੍ਰਿਤਪਾਲ ਸਿੰਘ, ਬਲਪ੍ਰੀਤ ਕੌਰ, ਬਿਕਰਮਜੀਤ ਸਿੰਘ, ਮਨਦੀਪ ਕੌਰ ਤੇ ਅਵਨਿੰਦਰ ਸਿੰਘ ਆਦਿ ਮੌਜੂਦ ਸਨ।



# ਔਰਤਾਂ ਦੀ ਆਜ਼ਾਦੀ ਤੇ ਬਰਾਬਰੀ ਦੇ ਹੱਕ 'ਤੇ ਡਾਕਾ ਮਾਰਿਆ ਜਾ ਰਿਹੈ : ਨਰਿੰਦਰ ਸੋਹਲ, ਰਜਿੰਦਰ ਪਾਲ ਕੌਰ

ਤਰਨਤਾਰਨ (ਨਰਜ਼)-ਪੰਜਾਬ ਇਸਤਰੀ ਸਭਾ ਦੇ ਆਗੂਆਂ ਸੂਬਾ ਜਨਰਲ ਸਕੱਤਰ ਨਰਿੰਦਰ ਸੋਹਲ, ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ, ਸੂਬਾ, ਚੇਅਰਪਰਸਨ ਕੁਸ਼ਲ ਭੌਰਾ ਅਤੇ ਸਹਪ੍ਰਧ ਨਰਿੰਦਰਪਾਲ ਪਾਲੀ ਨੇ ਪਿਛਲੇ ਦਿਨੀਂ ਵਿੱਚ ਔਰਤਾਂ ਦੇ ਹੱਕਾਂ ਪ੍ਰਤੀ ਸਮਾਜ ਅਤੇ ਸਰਕਾਰਾਂ ਵੱਲੋਂ ਅਪਣਾਈ ਗਈ ਅਸੰਵੇਦਨਸ਼ੀਲਤਾ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਸੂਬਾ ਜਨਲ ਸਕੱਤਰ ਨਰਿੰਦਰ ਸੋਹਲ ਨੇ ਦੱਸਿਆ ਕਿ ਬਿਹਾਰ ਵਿੱਚ ਨਿਯੁਕਤੀ ਪੱਤਰ ਦੇਣ ਵੇਲੇ ਕਿਸੇ ਔਰਤ ਦਾ ਬੁਰਕਾ ਮੁੱਖ ਮੰਤਰੀ ਵੱਲੋਂ ਆਪਣੇ ਹੱਥਾਂ ਨਾਲ ਚੁੱਕ ਦੇਣਾ ਅੱਤ ਦੀ ਘਿਨਾਉਣੀ ਹਰਕਤ ਹੈ।ਜੇਕਰ ਪਤਾ ਕਰਨਾ ਸੀ ਕਿ ਨਿਯੁਕਤੀ ਪੱਤਰ ਪ੍ਰਾਪਤ ਕਰਨ ਵਾਲਾ ਉਮੀਦਵਾਰ ਸਹੀ ਹੈ ਜਾਂ ਨਹੀਂ ਤਾਂ ਕਿਸੇ ਔਰਤ ਅਧਿਕਾਰੀ ਦੀ ਡਿਊਟੀ ਲਗਾਈ ਜਾ ਸਕਦੀ ਸੀ ਅਤੇ ਉਸਦੇ ਡਾਕੂਮੈਂਟਸ ਨਾਲ ਉਸਦੇ ਚਿਹਰੇ ਦਾ ਮਿਲਾਨ ਕੀਤਾ ਜਾ ਸਕਦਾ ਸੀ, ਪਰੰਤੂ ਸ਼ਰੇਆਮ ਹੀ ਕਿਸੇ ਔਰਤ ਦਾ ਬੁਰਕਾ ਚੁੱਕ ਦੇਣਾ ਔਰਤ ਜਾਤੀ ਦਾ ਅਪਮਾਨ ਹੈ।ਅਸੀਂ ਬੁਰਕਾ ਪਾਉਣ ਜਾਂ ਨਾ ਪਾਉਣ ਬਾਰੇ ਵਿਚਾਰ ਚਰਚਾ ਨਹੀਂ ਕਰ ਰਹੇ ਕਿਉਂਕਿ ਇਹ ਤਾਂ ਕਿਸੇ ਔਰਤ ਦੀ ਆਪਣੀ ਮਰਜ਼ੀ ਹੈ ਪਰ ਬਤੌਰ ਔਰਤਾਂ ਇਹ ਸਾਡੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਵੀ ਇਸ ਵਾਪਰੀ ਘਟਨਾ ਬਾਰੇ ਆਪਣਾ ਪ੍ਰਤੀਕਰਮ ਦੇਈਏ।ਉਸ ਤੋਂ ਬਾਅਦ ਇੱਕ ਭੋਜਪੁਰੀ ਬੀਜੇਪੀ ਦੇ ਆਗੂ ਨੇ ਬੇਹੱਦ ਗੰਦੀ ਟਿੱਪਣੀ ਕੀਤੀ ਕਿ ਬੁਰਕਾ ਉਠਾ ਦੇਣਾ ਕਿਹੜੀ ਗਲਤ ਗੱਲ ਹੈ, ਜੇਕਰ ਮੁੱਖ ਮੰਤਰੀ ਉਸ ਔਰਤ ਨੂੰ ਛੂਹ ਵੀ ਲੈਂਦਾ ਤਾਂ ਵੀ ਕੁੱਝ ਮਾੜਾ ਨਹੀਂ ਸੀ ਹੋਣਾ।ਬਾਅਦ ਵਿੱਚ ਉਸ ਨੇ ਕਿਹਾ ਕਿ ਮੇਰੇ ਸ਼ਬਦਾਂ ਨੂੰ ਤੋੜ ਮਰੋੜ ਕੇ ਪੇਸ਼ ਕੀਤਾ ਗਿਆ ਹੈ।ਜਨ ਵਿਰੋਧ ਤੋਂ ਬਾਅਦ ਹੀ ਉਸ ਮੰਤਰੀ ਨੇ ਆਪਣੀ ਗਲਤੀ ਮਹਿਸੂਸ ਕੀਤੀ।

ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ ਨੇ ਕਿਹਾ ਕਿ ਜਿੱਥੇ ਬਿਹਾਰ ਦੇ ਮੁੱਖ ਮੰਤਰੀ ਵੱਲੋਂ ਕੀਤੀ ਗਈ ਹਰਕਤ ਦੁਖਦਾਇਕ ਹੈ ਉਸ ਦੇ ਨਾਲ ਹੀ ਰਾਜਸਥਾਨ ਦੇ ਜਲੌਰ ਜ਼ਿਲ੍ਹੇ ਦੇ 15 ਪਿੰਡਾਂ ਦੇ ਚੌਧਰੀ ਭਾਈਚਾਰੇ ਵੱਲੋਂ ਇਕ ਫਤਵਾ ਜਾਰੀ ਕਰ ਕੇ ਇਹ ਫੈਸਲਾ ਕੀਤਾ ਗਿਆ ਕਿ ਔਰਤਾਂ ਸਮਾਰਟ ਫੋਨਾਂ ਨੂੰ ਘਰ ਤੋਂ ਬਾਹਰ ਨਾ ਲਿਜਾਣ। ਘਰ ਵਿੱਚ ਵੀ ਸਿਰਫ ਪੜ੍ਹਨ ਵਾਲੀਆਂ ਕੁੜੀਆਂ ਹੀ ਇਹ ਫੋਨ ਵਰਤਣਗੀਆਂ। ਪੰਚਾਇਤ ਦੇ ਇਹ ਫੈਸਲਾ ਜਲਦੀ ਲਾਗੂ ਕਰਵਾਉਣਗੀਆਂ।ਔਰਤਾਂ ਹਮੇਸ਼ਾ ਮਹਿਸੂਸ ਕਰਨ ਕਿ ਉਹ ਮਰਦ ਦੇ ਬਰਾਬਰ ਨਹੀਂ ਹਨ ਅਤੇ ਉਨ੍ਹਾਂ ਨੂੰ ਹਮੇਸ਼ਾ ਦੱਬ ਕੇ ਰਹਿਣਾ ਚਾਹੀਦਾ ਹੈ। ਸੂਬਾ ਸਹਪ੍ਰਧ ਨਰਿੰਦਰ ਪਾਲ ਪਾਲੀ ਅਤੇ ਸੂਬਾਈ ਚੇਅਰਪਰਸਨ ਕੁਸ਼ਲ ਭੌਰਾ ਨੇ ਇਨ੍ਹਾਂ ਦੋਵਾਂ ਵਰਤਾਰਿਆਂ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ।ਉਨ੍ਹਾਂ ਕਿਹਾ ਕਿ ਔਰਤਾਂ ਲਈ ਅਜਿਹੇ ਪਿਛਾਂਹ ਖਿਚੂ ਫੈਸਲਿਆਂ ਦਾ ਪੰਜਾਬ ਇਸਤਰੀ ਸਭਾ ਸਖਤ ਵਿਰੋਧ ਕਰਦੀ ਹੈ।

# ਸਰਕਾਰੀ ਆਈ ਟੀ ਆਈ ਬਾਬਾ ਬਕਾਲਾ ਸਾਹਿਬ ਦਾ ਨਾਂਅ ਭਾਈ ਜੈਤਾ ਜੀ ਦੇ ਨਾਂਅ 'ਤੇ ਰੱਖਿਆ ਜਾਵੇਗਾ : ਈ ਟੀ ਓ

ਬਿਆਸ (ਪਰਮਜੀਤ ਸਿੰਘ ਰੱਖੜਾ) ਪੰਜਾਬ ਸਰਕਾਰ ਵੱਲੋਂ ਬਾਬਾ ਬਕਾਲਾ ਸਾਹਿਬ ਵਿਖੇ ਸ਼੍ਰੀ ਬਾਬਾ ਜੀਵਨ ਸਿੰਘ ਜੀ (ਭਾਈ ਜੈਤਾ ਜੀ) ਦੇ ਮਨਾਏ ਗਏ ਰਾਜ ਪੱਧਰੀ ਸਮਾਗਮ ਦੇ ਮੁੱਖ ਮਹਿਮਾਨ ਹਰਭਜਨ ਸਿੰਘ ਈ ਟੀ ਓ ਕੈਬਨਿਟ ਮੰਤਰੀ ਪੰਜਾਬ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰੀ ਆਈ ਟੀ ਆਈ ਬਾਬਾ ਬਕਾਲਾ ਸਾਹਿਬ ਦਾ ਨਾਂਅ ਭਾਈ ਜੈਤਾ ਜੀ ਦੇ ਨਾਂਅ 'ਤੇ ਰੱਖਿਆ ਜਾਵੇਗਾ।ਕੈਬਨਿਟ ਮੰਤਰੀ ਨੇ ਕਿਹਾ ਕਿ ਬੜੇ ਮਾਣ ਵਾਲੀ ਗੱਲ ਹੈ ਕਿ ਮਾਨ ਸਰਕਾਰ ਵੱਲੋਂ 21 ਕਰੋੜ ਰੁਪਏ ਦੀ ਲਾਗਤ ਨਾਲ ਭਾਈ ਜੈਤਾ ਜੀ ਦਾ ਸਮਾਰਕ ਉਸਾਰਿਆ ਗਿਆ ਹੈ। ਉਹਨਾ ਕਿਹਾ ਕਿ ਸਾਡੀ ਸਰਕਾਰ ਨੌਜਵਾਨ ਪੀੜ੍ਹੀ ਨੂੰ ਸਹੀ ਰਸਤਾ ਦਿਖਾਉਣ ਲਈ ਗੁਰੂ ਸਾਹਿਬਾਨਾਂ ਵੱਲੋਂ ਕੀਤੇ ਗਏ ਕਾਰਜਾਂ ਤੋਂ ਜਾਣੂੰ ਕਰਵਾ ਰਹੀ ਹੈ ਅਤੇ ਇਸ ਲਈ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਤ ਅਨੇਕਾਂ ਸਮਾਗਮ ਕਰਵਾਏ ਗਏ ਹਨ, ਤਾਂ ਜੋ ਸਾਡੀ ਨੌਜਵਾਨ ਪੀੜ੍ਹੀ ਆਪਣੇ ਗੁਰੂ ਦੀ ਕੁਰਬਾਨੀ ਤੋਂ ਜਾਣੂੰ ਹੋ ਸਕੇ।ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਵੱਲੋਂ ਕੈਬਨਿਟ ਮੰਤਰੀ ਨੂੰ ਭਾਈ ਜੈਤਾ ਜੀ ਦਾ ਚਿੱਤਰ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਐੱਸ ਸੀ ਲੈਂਡ ਕਾਰਪੋਰੇਸ਼ਨ ਰਵਿੰਦਰ ਹੰਸ, ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਕੌਰ, ਐੱਸ ਡੀ ਐੱਮ ਅਮਨਪ੍ਰੀਤ ਸਿੰਘ, ਚੇਅਰਮੈਨ ਰਾਮਗੜ੍ਹੀਆ ਵੈੱਲਫੇਅਰ ਸਤਪਾਲ ਸੋਖੀ, ਸੁਰਿੰਦਰ ਕੌਰ, ਡਾ. ਇੰਦਰਪਾਲ ਸਿੰਘ, ਸੁਖਚੈਨ ਸਿੰਘ, ਸੁਨੈਨਾ ਰੰਧਾਵਾ, ਕਮਾਂਡੈਂਟ ਜਸਕਰਨ ਸਿੰਘ, ਸਤਨਾਮ ਸਿੰਘ ਮਠਾਰੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



# ਮਨਰੇਗਾ ਖ਼ਤਮ ਕਰਨ ਵਿਰੁੱਧ ਸਾਂਝੇ ਮਜ਼ਦੂਰ ਮੋਰਚੇ ਵੱਲੋਂ ਪ੍ਰਦਰਸ਼ਨ ਭਲਕੇ

*** ਗ੍ਰਾਮ ਸਭਾ ਕਰਵਾ ਕੇ 'ਜੀ ਰਾਮ ਜੀ' ਕਾਨੂੰਨ 'ਤੇ ਮੋਹਰ ਲਵਾਉਣ ਦਾ ਵਿਰੋਧ ਕਰੇਗਾ ਮਜ਼ਦੂਰ ਮੋਰਚਾ**

ਚੰਡੀਗੜ੍ਹ (ਨਰਜ਼)-ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ ਕੇਂਦਰ ਸਰਕਾਰ ਵੱਲੋਂ ਮਨਰੇਗਾ ਨੂੰ ਖਤਮ ਕਰਨ ਨੂੰ ਵਾਜਿਬ ਠਹਿਰਾਉਣ ਲਈ 26 ਦਸੰਬਰ ਨੂੰ ਗ੍ਰਾਮ ਸਭਾਵਾਂ ਰਾਹੀਂ ਮਤੇ ਪਵਾਉਣ ਦੇ ਸੱਦੇ ਨੂੰ ਮਜ਼ਦੂਰਾਂ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਦੀ ਕਾਰਵਾਈ ਕਰਾਰ ਦਿੰਦਿਆਂ 26 ਦਸੰਬਰ ਨੂੰ ਪਿੰਡ-ਪਿੰਡ ਵਿਰੋਧ ਪ੍ਰਦਰਸ਼ਨ ਕਰਨ ਦਾ ਐਲਾਨ ਕੀਤਾ ਹੈ।ਸਾਂਝੇ ਮਜ਼ਦੂਰ ਮੋਰਚੇ ਦੇ ਆਗੂਆਂ ਦੇਵੀ ਕੁਮਾਰੀ ਸਰਹਾਲੀ ਕਲਾਂ, ਤਰਸੇਮ ਪੀਟਰ, ਲਛਮਣ ਸਿੰਘ ਸੇਵੇਵਾਲਾ, ਗੋਬਿੰਦ ਛਾਜਲੀ, ਗੁਰਮੇਸ਼ ਸਿੰਘ, ਕੁਲਵੰਤ ਸਿੰਘ ਸੇਲਬਰਾਹ, ਮੁਕੇਸ਼ ਮਲੌਦ ਤੇ ਦਰਸ਼ਨ ਨਾਹਰ ਨੇ ਜਾਰੀ ਕੀਤੇ ਬਿਆਨ ਰਾਹੀਂ ਆਖਿਆ ਕਿ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਇੱਕ ਪਾਸੇ ਮਨਰੇਗਾ ਨੂੰ ਖਤਮ ਕਰਕੇ 'ਵੀ ਬੀ ਜੀ ਰਾਮ ਜੀ' ਲਿਆਉਣ ਰਾਹੀਂ ਕੇਂਦਰੀ ਬਜਟ 'ਚੋਂ ਪੈਣ ਵਾਲਾ 90 ਫੀਸਦੀ ਹਿੱਸਾ ਘਟਾ ਕੇ 60 ਫੀਸਦੀ ਕਰਨ ਵਰਗੇ ਮਜ਼ਦੂਰ ਵਿਰੋਧੀ ਕਦਮਾਂ ਰਾਹੀਂ ਮਜ਼ਦੂਰਾਂ ਦਾ ਰੁਜ਼ਗਾਰ ਖੋਹ ਰਹੀ ਹੈ। ਦੂਜੇ ਪਾਸੇ ਪਿੰਡਾਂ ਦੀਆਂ ਪੰਚਾਇਤਾਂ ਰਾਹੀਂ ਇਨ੍ਹਾਂ ਮਜ਼ਦੂਰ ਵਿਰੋਧੀ ਕਦਮਾਂ ਦੇ ਹੱਕ 'ਚ ਮਤੇ ਪਾਸ ਕਰਵਾ ਕੇ ਪਿੰਡਾਂ 'ਚ ਮਜ਼ਦੂਰਾਂ ਖ਼ਿਲਾਫ਼ ਨਫ਼ਰਤ ਪੈਦਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਆਖਿਆ ਕਿ ਹਰੀ ਕ੍ਰਾਂਤੀ ਅਤੇ ਨਿੱਜੀਕਰਨ ਦੀਆਂ ਨੀਤੀਆਂ ਕਾਰਨ ਬੇਰੁਜ਼ਗਾਰੀ ਦਾ ਸੰਤਾਪ ਹੰਢਾਉਂਦੇ ਪੇਂਡੂ ਤੇ ਖੇਤ ਮਜ਼ਦੂਰਾਂ ਨੂੰ ਬਦਲਵੇਂ ਤੇ ਪੱਕੇ ਰੁਜ਼ਗਾਰ ਦੀ ਗਰੰਟੀ ਕਰਨ ਲਈ ਕੋਈ ਠੋਸ ਤਾਂ ਮਨਰੇਗਾ 'ਚ ਹੁੰਦੀ ਸਿਆਸੀ ਦਖਲਅੰਦਾਜ਼ੀ ਤੇ ਭ੍ਰਿਸ਼ਟਾਚਾਰ ਨੂੰ ਰੋਕਣ, ਬਜਟ ਵਧਾਉਣ ਅਤੇ ਮਨਰੇਗਾ ਨੂੰ ਪੈਦਾਵਾਰੀ ਕੰਮਾਂ ਨਾਲ ਜੋੜ ਕੇ ਦਿਹਾੜੀ ਦਾ ਘੇਰਾ ਤੇ ਦਿਨ ਵਧਾਉਣ ਤੋਂ ਇਲਾਵਾ ਦਿਹਾੜੀ ਦੇ ਰੇਟ 'ਚ ਵਾਧਾ ਕਰਨ ਵਰਗੇ ਕਦਮ ਚੁੱਕਣ ਦੀ ਥਾਂ ਪਰ ਕੇਂਦਰ ਸਰਕਾਰ ਉਲਟੀ ਗੰਗਾ ਵਹਾ ਰਹੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਵੱਲੋਂ ਪਹਿਲਾਂ ਮਜ਼ਦੂਰ ਵਰਗ ਨੂੰ ਸਰਮਾਏਦਾਰਾਂ ਤੇ ਕਾਰਪੋਰੇਟ ਘਰਾਣਿਆਂ ਦੀ ਅੰਨ੍ਹੀ ਲੁੱਟ ਸ਼ਿਕਾਰ ਬਣਾਉਣ ਲਈ ਕਿਰਤ ਕਾਨੂੰਨਾਂ 'ਚ ਮਜ਼ਦੂਰ ਵਿਰੋਧੀ ਸੋਧਾਂ ਕੀਤੀਆਂ ਗਈਆਂ ਅਤੇ ਹੁਣ ਮਨਰੇਗਾ ਨੂੰ ਖਤਮ ਕਰਕੇ ਸੰਸਾਰ ਬੈਂਕ ਤੇ ਕੌਮਾਂਤਰੀ ਮੁਦਰਾ ਕੋਸ਼ ਵਰਗੀਆਂ ਸਾਮਰਾਜੀ ਸੰਸਥਾਵਾਂ ਦੁਆਰਾ ਖੇਤੀ ਸੈਕਟਰ 'ਚ ਬਣਾਈ ਯੋਜਨਾਵਾਂ 'ਤੇ ਖਰਚੇ ਜਾਂਦੇ ਬਜਟਾਂ ਨੂੰ ਛਾਂਗਣ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕੀਤੀ ਜਾ ਰਹੀ ਹੈ।ਉਨ੍ਹਾਂ ਆਖਿਆ ਕਿ ਕੇਂਦਰ ਤੋਂ ਇਲਾਵਾ ਪੰਜਾਬ ਦੀ ਭਗਵੰਤ ਮਾਨ ਦੀ ਸਰਕਾਰ ਵੀ ਨਿੱਜੀਕਰਨ ਦੀਆਂ ਨੀਤੀਆਂ ਲਾਗੂ ਕਰਨ ਰਾਹੀਂ ਜਨਤਕ ਖੇਤਰ ਦੀਆਂ ਜਾਇਦਾਦਾਂ ਵੇਚਣ ਅਤੇ ਪੱਕੇ ਰੁਜ਼ਗਾਰ ਦੀ ਥਾਂ ਠੇਕਾ ਭਰਤੀ ਦੀ ਨੀਤੀ ਲਾਗੂ ਕਰ ਰਹੀ ਹੈ।ਮਜ਼ਦੂਰ ਆਗੂਆਂ ਨੇ ਐਲਾਨ ਕੀਤਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੀਆਂ ਮਜ਼ਦੂਰ ਅਤੇ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਸੰਘਰਸ਼ ਤੇਜ਼ ਕੀਤਾ ਜਾਵੇਗਾ ਅਤੇ ਹੱਕੀ ਮਜ਼ਦੂਰ ਮੰਗਾਂ ਨੂੰ ਲੈ ਕੇ 6 ਤੇ 7 ਜਨਵਰੀ ਨੂੰ ਪੰਜਾਬ ਭਰ 'ਚ ਡਿਪਟੀ ਕਮਿਸ਼ਨਰ ਦਫ਼ਤਰਾਂ ਅੱਗੇ ਰੋਹ ਭਰਪੂਰ ਧਰਨੇ ਦਿੱਤੇ ਜਾਣਗੇ।

## ਬਾਵਾ ਲਾਲ ਦਿਆਲ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਸੰਧਿਆ ਫੇਰੀਆਂ ਭਲਕ ਤੋਂ

**ਅਜਨਾਲਾ, (ਸੁੱਖਤਿੰਦਰ ਸਿੰਘ ਰਾਜੂ)**-ਸਤਿਗੁਰੂ ਸ੍ਰੀ ਬਾਵਾ ਲਾਲ ਦਿਆਲ ਮਹਾਰਾਜ ਦੇ 671ਵੇਂ ਜਨਮ ਦਿਵਸ ਨੂੰ ਸਮਰਪਿਤ ਅਜਨਾਲਾ 'ਚ ਪ੍ਰਭਾਤ ਫੇਰੀਆਂ 26 ਦਸੰਬਰ ਤੋਂ ਸ਼ੁਰੂ ਹੋ ਰਹੀਆਂ ਹਨ। ਇਹ ਜਾਣਕਾਰੀ ਮੌਜੂਦਾ ਗੱਦੀਨਸ਼ੀਨ ਸ੍ਰੀ 1008 ਮਹੰਤ ਰਾਮ ਸੁੰਦਰ ਦਾਸ ਨੇ ਦਿੱਤੀ। ਉਨ੍ਹਾਂ ਦੱਸਿਆ ਕਿ ਮੰਦਿਰ ਲਾਲ ਦੁਆਰਾ ਅਜਨਾਲਾ ਵੱਲੋਂ ਇਹ ਸੰਧਿਆ ਫੇਰੀਆਂ 26 ਦਸੰਬਰ ਤੋਂ ਲੈ ਕੇ 18 ਜਨਵਰੀ ਤੱਕ ਘਰ-ਘਰ ਕੱਢੀਆਂ ਜਾ ਰਹੀਆਂ ਹਨ। ਇਹ ਫੇਰੀਆਂ ਮੰਦਿਰ ਤੋਂ ਹਰ ਰੋਜ਼ ਸ਼ਾਮ 7 ਵਜੇ ਚੱਲਿਆ ਕਰਨਗੀਆਂ ਤੇ 9-30 ਸ਼ਾਮ ਵਜੇ ਆਰਤੀ ਹੋਵੇਗੀ।ਸਮੂਹ ਸਾਧ ਸੰਗਤ ਨੂੰ ਬੇਨਤੀ ਹੈ ਕਿ ਇਨ੍ਹਾਂ ਸੰਧਿਆ ਫੇਰੀਆਂ ਵਿੱਚ ਪਹੁੰਚ ਕੇ ਅਸ਼ੀਰਵਾਦ ਪ੍ਰਾਪਤ ਕਰੋ ਤੇ ਆਪਣਾ ਜੀਵਨ ਸਫਲ ਬਣਾਉ।ਇਹ ਜਾਣਕਾਰੀ ਮੰਦਰ ਲਾਲ ਦੁਆਰਾ ਕਮੇਟੀ ਦੇ ਪ੍ਰਧਾਨ ਰਾਕੇਸ਼ ਕੁਮਾਰ ਮਰਵਾਹਾ ਨੇ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਲੰਗਰ ਭੰਡਾਰਾਂ ਦੀ ਅਤੁੱਟ ਵਰਤਾਇਆ ਜਾਵੇਗਾ।

## ਸ਼ੈਮਰੌਕ ਇੰਟਰਨੈਸ਼ਨਲ ਸਕੂਲ 'ਚ ਖੁਸ਼ੀਆਂ ਖੇੜਿਆਂ ਨਾਲ ਮਨਾਈ ਕ੍ਰਿਸਮਸ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਸ਼ੈਮਰੌਕ ਇੰਟਰਨੈਸ਼ਨਲ ਸਕੂਲ ਦੀਨਾਨਗਰ ਵਿੱਚ ਕ੍ਰਿਸਮਸ ਦਾ ਤਿਉਹਾਰ ਬਹੁਤ ਖੁਸ਼ੀ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਪ੍ਰਾਂਗਣ ਨੂੰ ਲਾਲ ਅਤੇ ਹਰੇ ਰੰਗਾਂ ਦੀ ਸੁੰਦਰ ਸਜਾਵਟ ਨਾਲ ਸਜਾਇਆ ਗਿਆ ਜਿਸ ਨਾਲ ਮਾਹੌਲ ਖੁਸ਼ਨੁਮਾ ਅਤੇ ਤਿਉਹਾਰੀ ਬਣ ਗਿਆ।ਵਿਦਿਆਰਥੀ ਲਾਲ ਰੰਗ ਦੇ ਪਹਿਰਾਵਿਆਂ ਵਿੱਚ ਸਜੇ ਹੋਏ ਸਨ, ਜੋ ਪਿਆਰ ਅਤੇ ਖੁਸ਼ੀ ਦਾ ਪ੍ਰਤੀਕ ਹਨ।ਸਮਾਰੋਹ ਵਿੱਚ ਕੈਰੋਲ ਗਾਇਨ ਅਤੇ ਡਾਂਸ ਪ੍ਰਸਤੁਤੀਆਂ ਮੁੱਖ ਆਕਰਸ਼ਣ ਰਹੀਆਂ।ਇਸ ਸਮਾਗਮ ਰਾਹੀਂ ਪਿਆਰ, ਸਾਂਝ, ਦਇਆ ਅਤੇ ਸ਼ਾਂਤੀ ਦਾ ਸੰਦੇਸ਼ ਦਿੱਤਾ ਗਿਆ।ਅਧਿਆਪਕਾਂ ਨੇ ਵੀ ਕ੍ਰਿਸਮਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਅਤੇ ਵਿਦਿਆਰਥੀਆਂ ਨੂੰ ਦਇਆ, ਏਕਤਾ ਅਤੇ ਭਾਈਚਾਰੇ ਦੇ ਮੁੱਲ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।ਸਮਾਰੋਹ ਦੀ ਸਮਾਪਤੀ ਖੁਸ਼ੀ ਅਤੇ ਉਲਾਸ ਨਾਲ ਹੋਈ ਅਤੇ ਇਹ ਉਤਸਵ ਸਭ ਦੇ ਦਿਲਾਂ ਵਿੱਚ ਕ੍ਰਿਸਮਸ ਦੀਆਂ ਮਿੱਠੀਆਂ ਯਾਦਾਂ ਛੱਡ ਗਿਆ।



## ਹਲਕਾ ਮਜੀਠਾ 'ਚ 'ਆਪ' ਦੀ ਜਿੱਤ ਪਾਰਟੀ ਵਰਕਰਾਂ ਦੀ ਜਿੱਤ: ਤਲਬੀਰ ਗਿੱਲ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਬਲਾਕ ਸੰਮਤੀ ਜ਼ਿਲ੍ਹਾ ਪ੍ਰੀਸ਼ਦ ਦੀਆਂ ਚੋਣਾਂ ਵਿੱਚ ਹਲਕਾ ਮਜੀਠਾ ਵਿੱਚ ਆਮ ਆਦਮੀ ਦੀ ਹੋਈ ਇਤਿਹਾਸਿਕ ਜਿੱਤ ਬਾਰੇ ਗੱਲਬਾਤ ਕਰਦਿਆਂ ਹਲਕਾ ਮਜੀਠਾ ਦੇ ਇੰਚਾਰਜ ਸਰਦਾਰ ਤਲਬੀਰ ਸਿੰਘ ਗਿੱਲ ਨੇ ਕਿਹਾ ਕਿ ਇਹ ਜਿੱਤ ਪਾਰਟੀ ਦੇ ਵਰਕਰਾਂ ਦੀ ਜਿੱਤ ਹੈ ਅਤੇ ਹਲਕਾ ਮਜੀਠਾ ਵਿੱਚ ਕਰਾਏ ਗਏ ਵਿਕਾਸ ਕਾਰਜਾਂ ਦੀ ਜਿੱਤ ਹੈ। ਆਉਣ ਵਾਲੇ ਦਿਨਾਂ ਵਿੱਚ ਹਲਕਾ ਮਜੀਠਾ ਵਿੱਚ ਹੋਰ ਵੱਧ ਤੋਂ ਵੱਧ ਵਿਕਾਸ ਕਰਵਾਏ ਜਾਣਗੇ। ਇਸ ਮੌਕੇ ਦੀਪਕ ਭੰਡਾਰੀ, ਕਰਮਜੀਤ ਫੌਜੀ, ਸਵਰਨ ਸਿੰਘ (ਐੱਸ.ਐੱਸ.), ਵਿਕਰਮ ਭੰਡਾਰੀ, ਜਗਦੀਸ਼ ਸਿੰਘ (ਸੈਕਟਰੀ), ਸਵਰਨਜੀਤ ਸਿੰਘ, ਅਜੈਪਾਲ ਸਿੰਘ (ਏ.ਪੀ.), ਜਸਪਾਲ ਸ਼ਰਮਾ, ਹਰਪਾਲ ਸਿੰਘ, ਜੰਗ ਸਿੰਘ (ਜੰਗੀ), ਉਪਕਾਰ ਸਿੰਘ (ਕਾਰੀ), ਰਣਜੀਤ ਸਿੰਘ (ਬਿੱਟਾ), ਮਾਸਟਰ ਗੰਗਾ ਸਿੰਘ, ਹਰਮੀਤ ਸਿੰਘ ਫੌਜੀ, ਹਰਨੂਰ ਸਿੰਘ, ਕਰਨਬੀਰ ਸਿੰਘ, ਹੀਰਾ ਸਿੰਘ, ਹਰਜੋਤ ਸੰਧੂ, ਹਰਪ੍ਰੀਤ ਸਿੰਘ ਆਦਿ ਵਰਕਰ ਹਾਜ਼ਰ ਸਨ।



## ਜੂਡੀਸ਼ੀਅਲ ਕੋਰਟ ਕੰਪਲੈਕਸ ਵਿਖੇ ਬਣਾਈ ਜਾਣ ਵਾਲੀ ਰਿਹਾਇਸ਼ੀ ਕਲੋਨੀ ਨੂੰ ਲੈ ਕੇ ਹੋਈ ਵਿਸ਼ੇਸ਼ ਬੈਠਕ

ਪਠਾਨਕੋਟ, (ਦਵਿੰਦਰ ਸਿੰਘ)-ਜ਼ਿਲ੍ਹਾ ਪਠਾਨਕੋਟ ਵਿਖੇ ਸਥਿਤ ਜੂਡੀਸ਼ੀਅਲ ਕੋਰਟ ਕੰਪਲੈਕਸ ਵਿਖੇ ਰਿਹਾਇਸ਼ੀ ਕਲੋਨੀ ਬਣਾਏ ਜਾਣ ਨੂੰ ਲੈ ਕੇ ਜੂਡੀਸ਼ੀਅਲ ਕੋਰਟ ਕੰਪਲੈਕਸ ਮਲਿਕਪੁਰ ਪਠਾਨਕੋਟ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਜਤਿੰਦਰ ਪਾਲ ਸਿੰਘ ਖੁਰਮੀ ਜ਼ਿਲ੍ਹਾ ਤੇ ਸੈਸ਼ਨ ਜੱਜ ਪਠਾਨਕੋਟ ਅਤੇ ਡਾ. ਪੱਲਵੀ ਡਿਪਟੀ ਕਮਿਸ਼ਨਰ ਪਠਾਨਕੋਟ ਵਿਸ਼ੇਸ਼ ਤੌਰ 'ਤੇ ਹਾਜਰ ਰਹੇ।ਇਸ ਤੋਂ ਇਲਾਵਾ ਪ੍ਰਦੀਪ ਕੁਮਾਰ ਐਕਸੀਅਨ ਲੋਕ ਨਿਰਮਾਣ ਵਿਭਾਗ, ਸੰਜੀਵ ਪਠਾਨੀਆ ਜ਼ਿਲ੍ਹਾ ਮਾਲ ਅਫਸਰ, ਪਰਵਿੰਦਰ ਸਿੰਘ ਐੱਸਡੀਓ ਲੋਕ ਨਿਰਮਾਣ ਵਿਭਾਗ, ਜਸਵਿੰਦਰ ਸਿੰਘ ਐਕਸੀਅਨ ਪਾਵਰਕਾਮ ਪਠਾਨਕੋਟ, ਰਣਦੀਪ ਸਿੰਘ ਨਾਇਬ ਤਹਿਸੀਲਦਾਰ ਪਠਾਨਕੋਟ ਅ੍ਤੇ ਵਣ ਵਿਭਾਗ ਦੇ ਅਧਿਕਾਰੀ ਵੀ ਹਾਜ਼ਰ ਸਨ।ਮੀਟਿੰਗ ਦੌਰਾਨ ਜੱਜ ਸਾਹਿਬਾਨ ਲਈ ਬਣਾਈ ਜਾਣ ਵਾਲੀ ਰਿਹਾਇਸ਼ੀ ਕਲੋਨੀ ਦੇ ਸਬੰਧ ਵਿੱਚ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਜਾਣਕਾਰੀ ਦਿੰਦਿਆਂ ਡਾ. ਪੱਲਵੀ ਨੇ ਦੱਸਿਆ ਕਿ ਜ਼ਿਲ੍ਹਾ ਪਠਾਨਕੋਟ ਵਿਖੇ ਜੂਡੀਸ਼ੀਅਲ ਕੋਰਟ ਕੰਪਲੈਕਸ ਮਲਿਕਪੁਰ ਵਿਖੇ ਜੱਜ ਸਾਹਿਬਾਨ ਦੇ ਲਈ ਰਿਹਾਇਸ਼ੀ ਕਲੋਨੀ ਬਣਾਈ ਜਾਣੀ ਹੈ।ਉਨ੍ਹਾਂ ਕੋਰਟ ਕੰਪਲੈਕਸ ਦੇ ਨਾਲ ਲਗਦੇ ਖੇਤਰ ਦਾ ਦੌਰਾ ਵੀ ਕੀਤਾ ਕਲੋਨੀ ਸਬੰਧੀ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਦਿੱਤੇ ਕਿ ਕਲੋਨੀ ਦੇ ਨਿਰਮਾਣ ਲਈ ਸਾਰੀ ਕਾਰਵਾਈ ਸ਼ੁਰੂ ਕੀਤੀ ਜਾਵੇ।



## ਪੰਜਾਬ ਸਰਕਾਰ ਸੂਬੇ ਦੀਆਂ ਔਰਤਾਂ ਨੂੰ ਆਤਮਨਿਰਭਰ ਤੇ ਸਸ਼ਕਤ ਬਣਾਉਣ ਲਈ ਵਚਨਬੱਧ: ਸ਼ੈਰੀ ਕਲਸੀ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੀਆਂ ਔਰਤਾਂ ਨੂੰ ਆਤਮ-ਨਿਰਭਰ ਅਤੇ ਸਸ਼ਕਤ ਬਣਾਉਣ ਲਈ ਵਚਨਬੱਧ ਹੈ।ਇਸ ਦਿਸ਼ਾ ਵਿੱਚ ਵੱਡਾ ਕਦਮ ਚੁੱਕਦੇ ਹੋਏ ਪੰਜਾਬ ਸਰਕਾਰ ਵੱਲੋਂ ਵਿਧਵਾ ਅਤੇ ਨਿਆਸਰੀਆਂ ਔਰਤਾਂ ਨੂੰ ਹੁਣ ਤੱਕ 895 ਕਰੋੜ ਰੁਪਏ ਤੋਂ ਵੱਧ ਦੀ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਚੁੱਕੀ ਹੈ।ਚਾਲੂ ਵਿੱਤੀ ਸਾਲ ਦੌਰਾਨ ਹੁਣ ਤੱਕ ਸੂਬੇ ਦੀਆਂ 6 ਲੱਖ 75 ਹਜ਼ਾਰ 857 ਯੋਗ ਲਾਭਪਾਤਰੀ ਔਰਤਾਂ ਨੂੰ ਇਹ ਵਿੱਤੀ ਸਹਾਇਤਾ ਨਿਯਮਿਤ ਤੌਰ 'ਤੇ ਪ੍ਰਦਾਨ ਕੀਤੀ ਜਾ ਰਹੀ ਹੈ, ਜਿਸ ਨਾਲ ਲੱਖਾਂ ਪਰਿਵਾਰਾਂ ਨੂੰ ਆਰਥਿਕ ਸਹਾਰਾ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਯੋਜਨਾ ਸਿਰਫ਼ ਵਿੱਤੀ ਮਦਦ ਤੱਕ ਸੀਮਿਤ ਨਹੀਂ, ਸਗੋਂ ਵਿਧਵਾ ਅਤੇ ਨਿਆਸਰੀਆਂ ਔਰਤਾਂ ਨੂੰ ਸਮਾਜਿਕ ਸੁਰੱਖਿਆ, ਆਤਮ-ਸਨਮਾਨ ਅਤੇ ਆਰਥਿਕ ਮਜ਼ਬੂਤੀ ਪ੍ਰਦਾਨ ਕਰਨ ਵੱਲ ਇੱਕ ਮਜ਼ਬੂਤ ਕਦਮ ਹੈ, ਤਾਂ ਜੋ ਉਹ ਆਪਣੇ ਅਤੇ ਆਪਣੇ ਪਰਿਵਾਰਾਂ ਦਾ ਭਵਿੱਖ ਸੁਰੱਖਿਅਤ ਕਰ ਸਕਣ।ਉਨ੍ਹਾਂ ਨੇ ਅੱਗੇ ਦੱਸਿਆ ਕਿ ਵਿਧਵਾ ਔਰਤਾਂ ਨੂੰ ਵਿੱਤੀ ਸਹਾਇਤਾ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਇਸ ਮਦ ਅਧੀਨ 1170 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਹੈ, ਜਿਸ ਦਾ ਲਾਭ ਪਾਰਦਰਸ਼ੀ ਅਤੇ ਸਰਲ ਪ੍ਰਕਿਰਿਆ ਰਾਹੀਂ ਯੋਗ ਲਾਭਪਾਤਰੀਆਂ ਤੱਕ ਪਹੁੰਚਾਇਆ ਜਾ ਰਿਹਾ ਹੈ।

## 'ਬਿਮਾਰੀ ਦੇ ਸੰਕੇਤਾਂ ਨੂੰ ਨਜ਼ਰਅੰਦਾਜ਼ ਨਾ ਕਰੋ, ਸਮੇਂ ਸਿਰ ਪਹਿਚਾਣ ਨਾਲ ਜਾਨ ਬਚ ਸਕਦੀ ਹੈ'

ਅੰਮ੍ਰਿਤਸਰ-ਫੋਰਟਿਸ ਹਸਪਤਾਲ ਅੰਮ੍ਰਿਤਸਰ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਬੀਮਾਰੀ ਦੇ ਸ਼ੁਰੂਆਤੀ ਖਤਰੇ ਦੇ ਸੰਕੇਤਾਂ ਨੂੰ ਹਲਕੇ ਵਿੱਚ ਨਾ ਲਿਆ ਜਾਵੇ।ਹਸਪਤਾਲ ਵੱਲੋਂ ਜਾਰੀ ਹੈਲਥ ਐਡਵਾਈਜ਼ਰੀ ਵਿੱਚ ਕਿਹਾ ਗਿਆ ਹੈ ਕਿ ਕਈ ਮੈਡੀਕਲ ਐਮਰਜੈਂਸੀ ਹੌਲੀ-ਹੌਲੀ ਵਿਕਸਤ ਹੁੰਦੀਆਂ ਹਨ ਅਤੇ ਲੱਛਣ ਆਮ ਲੱਗਣ ਕਾਰਨ ਲੋਕ ਇਲਾਜ ਵਿੱਚ ਦੇਰੀ ਕਰ ਦਿੰਦੇ ਹਨ, ਜਿਸ ਨਾਲ ਹਾਲਤ ਗੰਭੀਰ ਹੋ ਸਕਦੀ ਹੈ।ਫੋਰਟਿਸ ਹਸਪਤਾਲ ਦੇ ਐਡੀਸ਼ਨਲ ਡਾਇਰੈਕਟਰ (ਇੰਟਰਨਲ ਮੈਡੀਸਨ) ਡਾ. ਵਰੁਣ ਪੁਸ਼ਕਰਨਾ ਨੇ ਦੱਸਿਆ ਕਿ ਸਰੀਰ ਕਦੇ ਵੀ ਬਿਨਾਂ ਚੇਤਾਵਨੀ ਦੇ ਖਰਾਬ ਨਹੀਂ ਹੁੰਦਾ।ਸਾਹ ਲੈਣ ਵਿੱਚ ਦਿੱਕਤ, ਛਾਤੀ ਵਿੱਚ ਦਰਦ, ਲਗਾਤਾਰ ਉਲਟੀਆਂ, ਤੇਜ਼ ਬੁਖਾਰ, ਉਲਝਣ, ਬਹੁਤ ਜ਼ਿਆਦਾ ਥਕਾਵਟ, ਬੇਹੋਸ਼ੀ ਜਾਂ ਅਸਧਾਰਣ ਖੂਨ ਵਗਣਾ ਗੰਭੀਰ ਬੀਮਾਰੀ ਦੇ ਸੰਕੇਤ ਹੋ ਸਕਦੇ ਹਨ।ਉਨ੍ਹਾਂ ਕਿਹਾ ਕਿ ਵਾਇਰਲ ਬੁਖਾਰ, ਸਾਹ ਦੀ ਇਨਫੈਕਸ਼ਨ, ਫੂਡ ਪੁਆਇਜ਼ਨਿੰਗ ਅਤੇ ਐਲਰਜੀ ਵਰਗੀਆਂ ਆਮ ਬੀਮਾਰੀਆਂ ਵੀ ਸਮੇਂ ਸਿਰ ਇਲਾਜ ਨਾ ਮਿਲਣ 'ਤੇ ਜਾਨਲੇਵਾ ਸਾਬਤ ਹੋ ਸਕਦੀਆਂ ਹਨ। ਸ਼ੂਗਰ, ਹਾਈ ਬਲੱਡ ਪ੍ਰੈਸ਼ਰ, ਦਿਲ, ਗੁਰਦੇ ਅਤੇ ਜਿਗਰ ਦੇ ਮਰੀਜ਼ਾਂ ਨੂੰ ਖਾਸ ਸਾਵਧਾਨੀ ਵਰਤਣ ਦੀ ਲੋੜ ਹੈ। ਲੱਛਣ ਵਧਣ 'ਤੇ ਤੁਰੰਤ ਮੈਡੀਕਲ ਮਦਦ ਲੈਣੀ ਚਾਹੀਦੀ ਹੈ।

# ਸਵਾਮੀ ਸ਼ਰਧਾਨੰਦ ਦਾ ਬਲੀਦਾਨ ਦਿਵਸ ਮਨਾਇਆ



ਝਬਾਲ (ਹਰਜਿੰਦਰ ਸਿੰਘ ਸੋਨੀ)-ਜੇ. ਆਰ. ਐੱਸ. ਡੀਏਵੀ ਪਬਲਿਕ ਸਕੂਲ ਝਬਾਲ ਵਿਖੇ ਸਵਾਮੀ ਸ਼ਰਧਾਨੰਦ ਜੀ ਦਾ ਬਲੀਦਾਨ ਦਿਵਸ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ।ਇਸ ਮੌਕੇ ਸਕੂਲ ਵਿੱਚ ਇੱਕ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਵੱਲੋਂ ਭਜਨ ਅਤੇ ਪ੍ਰੇਰਨਾਦਾਇਕ ਭਾਸ਼ਣ ਪੇਸ਼ ਕਰਕੇ ਸਵਾਮੀ ਜੀ ਦੇ ਬਲੀਦਾਨ ਅਤੇ ਰਾਸ਼ਟਰ ਸੇਵਾ ਨੂੰ ਯਾਦ ਕੀਤਾ ਗਿਆ। ਸਭਾ ਨੂੰ ਸੰਬੋਧਨ ਕਰਦਿਆਂ ਸਕੂਲ ਦੇ ਪ੍ਰਧਾਨ ਅਸ਼ਵਨੀ ਕੁਮਾਰ ਨੇ ਵਿਦਿਆਰਥੀਆਂ ਨੂੰ ਸਵਾਮੀ ਸ਼ਰਧਾਨੰਦ ਦੇ ਆਦਰਸ਼ਾਂ-ਸੱਚ, ਸਾਹਸ ਅਤੇ ਦੇਸ਼ਭਗਤੀ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਅਜਿਹੇ ਮਹਾਨ ਪੁਰਸ਼ਾਂ ਦਾ ਜੀਵਨ ਸਾਨੂੰ ਨਿਸ਼ਕਾਮ ਸੇਵਾ ਅਤੇ ਸਮਾਜ ਦੇ ਉਥਾਨ ਲਈ ਕਾਰਜ ਕਰਨ ਦੀ ਪ੍ਰੇਰਨਾ ਦਿੰਦਾ ਹੈ।ਇਸ ਮੌਕੇ ਅਧਿਆਪਿਕਾ ਰੇਜੂ ਸਚਦੇਵਾ ਵੱਲੋਂ ਸਵਾਮੀ ਜੀ ਦੇ ਜੀਵਨ 'ਤੇ ਆਧਾਰਿਤ ਇੱਕ ਭਾਵਪੂਰਨ ਕਵਿਤਾ ਪੇਸ਼ ਕੀਤੀ ਗਈ, ਜਿਸ ਰਾਹੀਂ ਉਨ੍ਹਾਂ ਦੇ ਤਿਆਗ, ਸੰਘਰਸ਼ ਅਤੇ ਰਾਸ਼ਟਰਹਿਤ ਦੇ ਕਾਰਜਾਂ ਨੂੰ ਪ੍ਰਗਟ ਕੀਤਾ ਗਿਆ। ਕਵਿਤਾ ਨੇ ਸਭ ਹਾਜ਼ਰ ਲੋਕਾਂ ਨੂੰ ਭਾਵੁਕ ਕਰ ਦਿੱਤਾ।ਸਭਾ ਦਾ ਉਦੇਸ਼ ਵਿਦਿਆਰਥੀਆਂ ਵਿੱਚ ਰਾਸ਼ਟਰੀ ਚੇਤਨਾ, ਨੈਤਿਕ ਮੁੱਲਾਂ ਅਤੇ ਮਹਾਪੁਰਸ਼ਾਂ ਪ੍ਰਤੀ ਸਤਿਕਾਰ ਦੀ ਭਾਵਨਾ ਜਾਗਰੂਕ ਕਰਨਾ ਸੀ।ਸਮਾਰੋਹ ਸ਼ਾਂਤਮਈ ਅਤੇ ਪ੍ਰੇਰਨਾਦਾਇਕ ਵਾਤਾਵਰਨ ਵਿੱਚ ਸੰਪੰਨ ਹੋਇਆ।

## ਟਰੈਫਿਕ ਪੁਲਸ ਨੇ ਮਿੰਨੀ ਆਟੋ ਟੈਕਸੀ ਸਟੈਂਡ ਵਿਖੇ ਲਗਾਇਆ ਜਾਗਰੂਕਤਾ ਸੈਮੀਨਾਰ



ਗੁਰਦਾਸਪੁਰ, (ਜਨਕ ਮਹਾਜਨ)-ਜ਼ਿਲ੍ਹਾ ਟਰੈਫਿਕ ਪੁਲਸ ਵੱਲੋਂ ਇੱਕ ਸੈਮੀਨਾਰ ਬਟਾਲਾ ਰੋਡ ਮਿੰਨੀ ਆਟੋ ਟੈਕਸੀ ਸਟੈਂਡ ਵਿਖ ਲਗਾਇਆ ਗਿਆ, ਜਿਸ ਵਿਚ ਆਮ ਪਬਲਿਕ ਅਤੇ ਡਰਾਈਵਰਾਂ ਨੂੰ ਟਰੈਫਿਕ ਨਿਯਮਾਂ ਬਾਰੇ ਜਾਣਕਾਰੀ ਦਿੱਤੀ ਗਈ। ਏ. ਐੱਸ.ਆਈ. ਅਮਨਦੀਪ ਸਿੰਘ ਨੇ ਡਰਾਈਵਿੰਗ ਲਾਇਸੰਸ ਦੀ ਅਹਿਮੀਅਤ ਬਾਰੇ ਦੱਸਿਆ। ਧੁੰਦ ਦੇ ਮੌਸਮ ਵਿੱਚ ਡਰਾਈਵਿੰਗ ਕਰਦੇ ਸਮੇਂ ਸਾਵਧਾਨੀਆਂ ਵਰਤਣ ਲਈ ਦੱਸਿਆ ਗਿਆ। ਹੌਲੀ ਰਫ਼ਤਾਰ ਨਾਲ ਗੱਡੀਆਂ ਚਲਾਉਣ, ਲਾਈਟਾਂ ਹਮੇਸ਼ਾ ਲੋ ਬੀਮ ਮੋਡ ਰੱਖਣ, ਵਿੰਡੋ ਥੋੜਾ ਖੁੱਲਾ ਰੱਖਣ, ਸੜਕਾਂ 'ਤੇ ਲੱਗੇ ਸਾਈਨ ਬੋਰਡ ਤੇ ਰੋਡ ਲਾਈਨ ਦੀ ਸਹਾਇਤਾ ਲੈਣ ਬਾਰੇ ਜਾਗਰੂਕ ਕੀਤਾ ਗਿਆ। ਨਸ਼ਾ ਕਰਕੇ ਡਰਾਈਵਿੰਗ ਕਰਨਾ ਕਾਨੂੰਨੀ ਅਪਰਾਧ ਹੈ, ਬਾਰੇ ਦੱਸਿਆ ਗਿਆ। ਵਾਹਨਾਂ ਉਪਰ ਰਿਫਲੈਕਟਰ ਜਾਂ ਯੈਲੋ ਟੇਪ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ। ਐਕਸੀਡੈਂਟ ਪੀੜਤ ਦੀ ਮਦਦ ਵਾਸਤੇ ਅੱਗੇ ਆਉਣ ਲਈ ਵੀ ਪ੍ਰੇਰਿਤ ਕੀਤਾ। ਹੈਲਪ ਲਾਈਨ ਨੰਬਰ 112 1033 1930 ਬਾਰੇ ਜਾਣਕਾਰੀ ਦਿੱਤੀ। ਸੈਮੀਨਾਰ ਵਿੱਚ ਏਐੱਸਆਈ ਅਮਨਦੀਪ ਸਿੰਘ, ਹਰਦੀਪ ਸਿੰਘ ਅਤੇ ਸੁਰਜੀਤ ਸਿੰਘ ਜੱਸ ਆਦਿ ਨੇ ਹਿੱਸਾ ਲਿਆ।

## ਪ੍ਰਭੂ ਯਿਸੂ ਮਸੀਹ ਦੇ ਜਨਮ ਦਿਹਾੜੇ ਨੂੰ ਸਮਰਪਿਤ ਉੱਚਾ ਠੀਕਰੀਵਾਲ ਕ੍ਰਿਸ਼ਚੀਅਨ ਪੱਤੀ ਵਿਖੇ ਸ਼ੋਭਾ ਯਾਤਰਾ ਸਜਾਈ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪਿੰਡ ਉੱਚਾ ਠੀਕਰੀਵਾਲ ਕ੍ਰਿਸ਼ਚੀਅਨ ਪੱਤੀ ਵਿਖੇ ਪ੍ਰਭੂ ਯਿਸੂ ਮਸੀਹ ਦੇ ਜਨਮ ਦਿਹਾੜੇ ਨੂੰ ਲੈ ਕੇ ਇੱਕ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਪਿੰਡ ਉੱਚਾ ਠੀਕਰੀਵਾਲ ਕ੍ਰਿਸ਼ਚੀਅਨ ਪੱਤੀ ਦੇ ਸਰਪੰਚ ਸੁਖਵਿੰਦਰ ਮਸੀਹ ਉਰਫ ਬੂਟਾ ਮਸੀਹ ਨੇ ਦੱਸਿਆ ਕਿ ਸ਼ੋਭਾ ਯਾਤਰਾ ਪਿੰਡ ਉੱਚਾ ਠੀਕਰੀਵਾਲ ਕ੍ਰਿਸ਼ਚੀਅਨ ਪੱਤੀ ਦੇ ਚਰਚ ਤੋਂ ਸ਼ੁਰੂ ਹੁੰਦੀ ਹੋਈ ਅਲੱਗ ਅਲੱਗ ਪਿੰਡਾਂ ਤੋਂ ਹੋ ਕੇ ਵਾਪਸ ਪੱਤੀ ਵਿਖੇ ਸਮਾਪਤ ਕੀਤੀ ਗਈ ਜਿਸ ਵਿੱਚ ਵੱਡੀ ਗਿਣਤੀ ਕ੍ਰਿਸ਼ਚੀਅਨ ਭਾਈਚਾਰੇ ਦੀ ਸੀ। ਇਸ ਦੇ ਨਾਲ ਨਾਲ ਹੋਰ ਵੀ ਵੱਖ-ਵੱਖ ਧਰਮਾਂ ਦੇ ਲੋਕਾਂ ਨੇ ਹਾਜ਼ਰ ਹੋ ਭਾਗ ਲਿਆ। ਸ਼ੋਭਾ ਯਾਤਰਾ ਲਈ ਪੰਜ ਟਰਾਲੀਆਂ ਦਾ ਪ੍ਰਬੰਧ ਬਲਾਕ ਸੰਮਤੀ ਮੈਂਬਰ ਕੈਪਟਨ ਹਰਜਿੰਦਰ ਸਿੰਘ ਵੱਲੋਂ ਕੀਤਾ ਗਿਆ ਜਿਨ੍ਹਾਂ ਦਾ ਸੁਖਵਿੰਦਰ ਮਸੀਹ ਸਰਪੰਚ ਅਤੇ ਉਨ੍ਹਾਂ ਦੀ ਪੰਚਾਇਤ ਅਤੇ ਸਮੂਹ ਨਗਰ ਵੱਲੋਂ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ ਅਤੇ 25 ਤਰੀਕ ਨੂੰ ਕ੍ਰਿਸ਼ਚੀਅਨ ਪੱਤੀ ਦੀ ਚਰਚ ਪਿੰਡ ਉਚਾ ਠੀਕਰੀਵਾਲ ਵਿਖੇ ਵੱਡਾ ਦਿਨ ਬੜੀ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ ਜਾਵੇਗਾ ਜਿਸ ਵਿੱਚ ਆਈਆਂ ਸੰਗਤਾਂ ਲਈ ਵਿਸ਼ੇਸ਼ ਪ੍ਰਕਾਰ ਦੇ ਭੋਜਨ ਦਾ ਵੀ ਪ੍ਰਬੰਧ ਕੀਤਾ ਗਿਆ ਹੈ।

ਇਸ ਮੌਕੇ ਸਰਪੰਚ ਸੁਖਵਿੰਦਰ ਮਸੀਹ ਉਰਫ ਬੂਟਾ ਮਸੀਹ ਤੋਂ ਇਲਾਵਾ ਪਾਸਟਰ ਸੈਮੂਅਲ ਮਸੀਹ, ਪਾਸਟਰ ਬਲਕਾਰ ਮਸੀਹ, ਬਿਨਆਮੀਨ ਮਸੀਹ, ਪਾਸਟਰ ਬਨਾਰਸੀ ਮਸੀਹ, ਪਾਸਟਰ ਜੋਇਲ ਗਿੱਲ, ਬਲਾਕ ਸੰਮਤੀ ਮੈਂਬਰ ਕੈਪਟਨ ਹਰਜਿੰਦਰ ਸਿੰਘ, ਸਰਪੰਚ ਮਨਪ੍ਰੀਤ ਸਿੰਘ, ਸਰਪੰਚ ਚਮਕੌਰ ਸਿੰਘ, ਪ੍ਰਿੰਸੀਪਲ ਕੁਲਵੰਤ ਸਿੰਘ, ਜਸਪਾਲ ਸਿੰਘ ਫੌਜੀ, ਸੁਖਵਿੰਦਰ ਸਿੰਘ ਕਾਲਾ, ਡਾਕਟਰ ਦਲਬੀਰ ਸਿੰਘ, ਤਰਸੈਦ ਮਸੀਹ, ਬਿਕਰਮਜੀਤ ਸਿੰਘ ਸਹੋਤਾ, ਰੋਵਨ ਸਹੋਤਾ ਮੀਡੀਆ ਇੰਚਾਰਜ ਅਤੇ ਅਰਵਿੰਦਰ ਸਿੰਘ ਟੀਟਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕ੍ਰਿਸ਼ਚੀਅਨ ਭਾਈਚਾਰੇ ਦੇ ਲੋਕ ਹਾਜ਼ਰ ਸਨ।

# ਇੰਪਲਾਈਜ਼ ਫੈਡਰੇਸ਼ਨ ਚਾਹਲ ਨੇ ਐਕਸੀਨ ਅਜਨਾਲਾ ਨਾਲ ਕੀਤੀ ਅਹਿਮ ਮੀਟਿੰਗ

ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)-ਅਜਨਾਲਾ ਇੰਪਲਾਈਜ਼ ਫੈਡਰੇਸ਼ਨ ਚਾਹਲ ਅਜਨਾਲਾ ਦੇ ਪ੍ਰਧਾਨ ਸਰਦਾਰ ਰਣਜੀਤ ਸਿੰਘ ਭੱਖਾ ਵੱਲੋਂ ਆਪਣੇ ਡਿਪਾਰਟਮੈਂਟ ਦੀਆਂ ਹੱਕੀ ਮੰਗਾਂ ਲਈ ਅਜਨਾਲਾ ਬਿਜਲੀ ਬੋਰਡ ਦੇ ਵਧੀਕ ਨਿਗਰਾਨ ਇੰਜੀਨੀਅਰ ਐਕਸੀਅਨ ਅਨੀਸ਼ਦੀਪ ਸਿੰਘ ਨਾਲ ਮੁਲਾਜ਼ਮਾਂ ਦੇ ਪੈਂਡਿੰਗ ਮਸਲਿਆਂ ਦੇ ਸਬੰਧ ਵਿੱਚ ਮੀਟਿੰਗ ਕੀਤੀ ਗਈ ਜਿਸ ਵਿੱਚ ਵਧੀਕ ਨਿਗਰਾਨ ਇੰਜੀਨੀਅਰ ਮੰਡਲ ਅਜਨਾਲਾ ਐਕਾਊਂਟੈਂਟ ਕਿਰਨਦੀਪ ਕੌਰ ਅਤੇ ਸਹਾਇਕ ਰਿਸ਼ੀ ਸਲਵਾਨ ਹਾਜ਼ਰ ਰਹੇ।ਇੰਪਲਾਈਜ਼ ਫੈਡਰੇਸ਼ਨ ਵੱਲੋਂ ਪ੍ਰਧਾਨ ਰਣਜੀਤ ਸਿੰਘ ਅਜਨਾਲਾ, ਸਕੱਤਰ ਪ੍ਰਭਜੋਤ ਸਿੰਘ ਕਲਰਕ, ਮੀਤ ਪ੍ਰਧਾਨ ਗਰਨਾਮ ਸਿੰਘ ਕਲਰਕ, ਤਸਬੀਰ ਸਿੰਘ, ਹਰਪ੍ਰੀਤ ਮਸੀਹ, ਸਰਕਲ ਪ੍ਰਧਾਨ ਹਰਜਿੰਦਰ ਸਿੰਘ, ਨਿੱਕੋ ਸਰਾਂ, ਸੁਦੇਸ਼ ਕੁਮਾਰ ਐੱਸਐੱਸਏ, ਜੋਗਿੰਦਰ ਸਿੰਘ ਲਾਇਨਮੈਨ, ਸੰਦੀਪ ਕੁਮਾਰ ਲਾਇਨਮੈਨ ਹਾਜ਼ਰ ਹੋਏ।ਵਧੀਕ ਨਿਗਰਾਨ ਇੰਜੀਨੀਅਰ ਮੰਡਲ ਅਜਨਾਲਾ ਵੱਲੋਂ ਮੁਲਾਜ਼ਮਾਂ ਦੇ ਸਾਰੇ ਕੰਮਾਂ ਦਾ ਮੌਕੇ ਤੇ ਨਿਪਟਾਰਾ ਕੀਤਾ ਗਿਆ।ਸਮੂਹ ਮੁਲਾਜ਼ਮਾਂ ਵੱਲੋਂ ਅਪੀਲ ਕੀਤੀ ਗਈ ਕਿ ਖਪਤਕਾਰਾਂ ਨੂੰ ਠੀਕ ਬਿਜਲੀ ਦਿੱਤੀ ਜਾਵੇ।ਖਪਤਕਾਰਾਂ ਨੂੰ ਬਿਜਲੀ ਚੋਰੀ ਕਰਨ ਤੋਂ ਰੋਕਿਆ ਜਾਵੇ ਅਤੇ ਜਿਨ੍ਹਾਂ ਦੇ ਗਲਤ ਬਿੱਲ ਬਣੇ ਹਨ ਉਹ ਜਲਦ ਠੀਕ ਕੀਤੇ ਜਾਣ।ਪੰਜਾਬ ਸਰਕਾਰ ਦੀਆਂ ਬਿਜਲੀ ਨਾਲ ਸਬੰਧਤ ਸਕੀਮਾਂ ਨੂੰ ਖਪਤਕਾਰਾਂ ਨੂੰ ਸੁਚੇਤ ਕੀਤਾ ਜਾਵੇ।



## ਜਮਾਤ ਅਹਿਮਦੀਆ ਦਾ 130ਵਾਂ ਸਾਲਾਨਾ ਜਲਸਾ ਭਲਕ ਤੋਂ; ਬਾਜਵਾ ਨੇ ਦਿੱਤੀ ਵਧਾਈ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਮੁਸਲਿਮ ਜਮਾਤ ਅਹਿਮਦੀਆ ਦੇ ਹੋ ਰਹੇ 130ਵੇਂ ਸਲਾਨਾ ਜਲਸੇ ਵਿੱਚ ਸ਼ਾਮਿਲ ਹੋਣ ਲਈ ਸ਼ਰਧਾਲੂ ਦੇਸ਼ ਵਿਦੇਸ਼ਾਂ ਤੋਂ ਵੱਡੀ ਗਿਣਤੀ ਵਿੱਚ ਕਾਦੀਆਂ ਪਹੁੰਚ ਰਹੇ ਹਨ।ਇਹ ਜਲਸਾ 26 ਦਸੰਬਰ ਤੋਂ 28 ਦਸੰਬਰ ਤੱਕ ਕਾਦੀਆਂ ਵਿਖੇ ਹਰ ਸਾਲ ਦੀ ਤਰ੍ਹਾਂ ਆਯੋਜਿਤ ਹੋ ਰਿਹਾ ਹੈ। ਇਸ ਜਲਸੇ ਨੂੰ ਕਾਮਯਾਬ ਬਣਾਉਣ ਲਈ ਮੁਸਲਿਮ ਜਮਾਤ ਅਹਿਮਦੀਆ ਵੱਲੋਂ ਵੱਡੇ ਪੱਧਰ 'ਤੇ ਤਿਆਰੀਆਂ ਕੀਤੀਆਂ ਗਈਆਂ ਹਨ। ਇਸ ਸੰਬੰਧ ਵਿੱਚ ਸਾਬਕਾ ਵਿਧਾਇਕ ਅਤੇ ਭਾਜਪਾ ਦੇ ਮੀਤ ਪ੍ਰਧਾਨ ਪੰਜਾਬ ਸ. ਫਤਿਹ ਜੰਗ ਸਿੰਘ ਬਾਜਵਾ ਨੇ ਵਿਸ਼ੇਸ਼ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਨ੍ਹਾਂ ਦੇ ਪਿਤਾ ਸਵਰਗਵਾਸੀ ਸਰਦਾਰ ਸਤਨਾਮ ਸਿੰਘ ਬਾਜਵਾ ਦੇ ਸਮੇਂ ਤੋਂ ਮੁਸਲਿਮ ਜਮਾਤ ਅਹਿਮਦੀਆ ਦੇ ਨਾਲ ਬਹੁਤ ਭਾਈਚਾਰਕ ਅਤੇ ਡੂੰਘੇ ਸੰਬੰਧ ਰਹੇ ਹਨ।ਉਨ੍ਹਾਂ ਦੇ ਪਰਿਵਾਰ ਵੱਲੋਂ ਹਰ ਸਾਲ ਹੀ ਹੋਣ ਵਾਲੇ ਜਲਸੇ 'ਚ ਆਏ ਮਹਿਮਾਨਾਂ ਦਾ ਸਵਾਗਤ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਸ ਸਾਲ ਵੀ ਜਲਸੇ ਵਿੱਚ ਸ਼ਾਮਿਲ ਹੋਣ ਵਾਲੇ ਸ਼ਰਧਾਲੂਆਂ ਨੂੰ ਉਹਨਾਂ ਵੱਲੋਂ ਜੀ ਆਇਆਂ ਆਖਿਆ ਜਾਂਦਾ ਹੈ। ਉਹਨਾਂ ਨੇ ਪੂਰੀ ਮੁਸਲਿਮ ਜਮਾਤ ਅਹਿਮਦੀਆ ਅਤੇ ਮੁਸਲਿਮ ਜਮਾਤ ਅਹਿਮਦੀਆ ਦੇ ਰੂਹਾਨੀ ਖਲੀਫਾ ਹਜ਼ਰਤ ਮਿਰਜ਼ਾ ਮਸਰੂਰ ਅਹਿਮਦ ਸਾਹਿਬ ਨੂੰ ਵੀ 130ਵੇਂ ਜਲਸਾ ਸਾਲਾਨਾ ਦੀ ਵਧਾਈ ਦਿੱਤੀ ਹੈ। ਉਨ੍ਹਾਂ ਨੇ ਇਸ ਸਾਲਾਨਾ ਜਲਸੇ ਦੀ ਕਾਮਯਾਬੀ ਲਈ ਸ਼ੁਭਕਾਮਨਾਵਾਂ ਦਿੱਤੀਆਂ ਹਨ।

ਇਸ ਮੌਕੇ ਉਨ੍ਹਾਂ ਦੇ ਨਾਲ ਫਤਿਹ ਜੰਗ ਸਿੰਘ ਬਾਜਵਾ ਦੇ ਪੀਏ ਬਲਵਿੰਦਰ ਸਿੰਘ ਮਿੰਟੂ ਬਾਜਵਾ, ਰਾਜਬੀਰ ਸਿੰਘ ਪੀਏ, ਭੁਪਿੰਦਰ ਸਿੰਘ ਬਿੱਟੀ, ਬਲਵਿੰਦਰ ਸਿੰਘ ਭਿੰਦਾ, ਗੌਰਵ ਰਾਜਪੂਤ ਕਾਦੀਆਂ, ਕਮਲ ਜੋਤੀ, ਗੋਗੀ ਖੋਸਲਾ, ਬੱਬੂ ਖੋਸਲਾ, ਸਿਮਾ ਘੁੰਮਣ ਰਜਨੀਸ਼ ਮਹਾਜਨ, ਅਜੇ ਪਾਲ ਸਿੰਘ ਬੱਬੂ ਅੱਜ ਇਸ ਮੌਕੇ ਵਿਸ਼ੇਸ਼ ਤੌਰ ਤੇ ਉਨ੍ਹਾਂ ਦੇ ਨਾਲ ਮੌਜੂਦ ਸਨ।

## ਸੈਂਟ ਕਬੀਰ ਸਕੂਲ ਸੁਲਤਾਨਪੁਰ ਵਿਖੇ 'ਬਜ਼ੁਰਗਾਂ ਦੇ ਸਤਿਕਾਰ' ਸੰਬੰਧੀ ਕਰਵਾਇਆ ਪ੍ਰੋਗਰਾਮ



ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿਖੇ ਹੈਲਪਏਜ ਇੰਡੀਆ (ਰਿਜਨਲ ਰਿਸੋਰਸਸ ਐਂਡ ਟ੍ਰੇਨਿੰਗ ਸੈਂਟਰ ਆਫ ਸ਼ਿਮਲਾ ਐਂਡ ਚੰਡੀਗੜ੍ਹ) ਵੱਲੋਂ ਮੈਡਮ ਅਰਪਨਾ ਸ਼ਰਮਾ (ਮੈਨੇਜਰ ਸੀਨੀਅਰ ਸਿਟੀਜ਼ਨ ਹੋਮ, ਹੈਲਪ ਏਜ,ਇੰਡੀਆ) ਦੀ ਅਗਵਾਈ ਸਦਕਾ ਬਜ਼ੁਰਗਾਂ ਦੇ ਸਤਿਕਾਰ ਅਤੇ ਸਮਾਜ ਵਿੱਚ ਉਨ੍ਹਾਂ ਦਾ ਰੁਤਬਾ ਕਾਇਮ ਰੱਖਣ ਸਬੰਧੀ ਪ੍ਰੋਗਰਾਮ ਕਰਵਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਮਧੁਰ ਸਬਦ ਦਾ ਗਾਇਨ ਕਰਦਿਆਂ ਕੀਤੀ ਗਈ। ਉਪਰੰਤ ਸਕੂਲ ਅਧਿਆਪਕ ਲਵਪ੍ਰੀਤ ਕੌਰ ਅਤੇ ਏਕਮਦੀਪ ਕੌਰ ਦੁਆਰਾ ਪ੍ਰੋਗਰਾਮ ਨੂੰ ਅੱਗੇ ਤੋਰਦਿਆਂ ਹੋਇਆਂ ਸਾਰੇ ਪਹੁੰਚੇ ਹੋਏ ਬਜ਼ੁਰਗਾਂ ਨੂੰ 'ਜੀ ਆਇਆ' ਆਖਿਆ। ਸਕੂਲ ਦੇ ਪ੍ਰਿੰਸੀਪਲ ਐਸ.ਬੀ.ਨਾਯਰ ਅਤੇ ਪ੍ਰਬੰਧਕ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਦੱਸਿਆ ਕਿ ਇਸ ਵਿੱਚ ਸੇਂਟ ਕਬੀਰ ਸਕੂਲ ਦੇ ਅੱਠਵੀਂ ਅਤੇ ਨੌਂਵੀਂ ਜਮਾਤ ਦੇ ਵਿਦਿਆਰਥੀਆਂ ਨੇ ਬਜ਼ੁਰਗਾਂ ਦੇ ਜੀਵਨ, ਉਨ੍ਹਾਂ ਦੀਆਂ ਲੋੜਾਂ, ਅੰਦਰੂਨੀ ਜਜ਼ਬਾਤ ਤੇ ਭਾਵਨਾਵਾਂ ਸਬੰਧੀ ਖੂਬਸੂਰਤ ਕਵਿਤਾਵਾਂ ਅਤੇ ਕਹਾਣੀਆਂ ਦੀ ਪੇਸ਼ਕਾਰੀ ਕੀਤੀ ਜਿਸ ਦਾ ਮੁੱਖ ਮਕਸਦ ਸਮਾਜ ਨੂੰ ਆਪਣੇ ਤੋਂ ਵੱਡਿਆਂ ਅਤੇ ਬਜ਼ੁਰਗਾਂ ਦੇ ਜੀਵਨ ਨੂੰ ਸਮਝਣਾ ਅਤੇ ਉਨ੍ਹਾਂ ਨੂੰ ਭਰਪੂਰ ਪਿਆਰ ਅਤੇ ਸਤਿਕਾਰ ਦੇਣਾ ਹੈ। ਬਜ਼ੁਰਗ ਹਮੇਸ਼ਾ ਬੱਚਿਆਂ ਦੇ ਰਾਹ ਦਸੇਰਾ ਹੁੰਦੇ ਹਨ ਅਤੇ ਸਾਨੂੰ ਇਹ ਕਦੀ ਵੀ ਨਹੀਂ ਭੁੱਲਣਾ ਚਾਹੀਦਾ ਕਿ ਇਹ ਸਮਾਂ ਹਰ ਇੱਕ 'ਤੇ ਆਉਣਾ ਹੈ ਅਤੇ ਅਸੀਂ ਅੱਜ ਜਿਸ ਤਰ੍ਹਾਂ ਆਪਣੇ ਮਾਤਾ- ਪਿਤਾ ਤੇ ਦਾਦਾ-ਦਾਦੀ ਨਾਲ ਵਰਤਾਵ ਕਰਾਂਗੇ। ਕੱਲ੍ਹ ਨੂੰ ਸਾਡੇ ਨਾਲ ਵੀ ਇਸੇ ਤਰੀਕੇ ਵਤੀਰਾ ਹੋਵੇਗਾ। ਪ੍ਰੋਗਰਾਮ ਦੇ ਅੰਤ ਵਿੱਚ ਜੱਜ ਸਾਹਿਬਾਨਾਂ ਪਰਮਜੀਤ ਸਿੰਘ (ਸੇਵਾ ਮੁਕਤ ਡੀ.ਪੀ.), ਸ੍ਰੀ ਜੈ ਰਘੂਬੀਰ (ਸੇਵਾ ਮੁਕਤ ਇੰਸਪੈਕਟਰ), ਡਾਕਟਰ ਐੱਸ. ਪੀ. ਸਿੰਘ (ਰੈਜ਼ੀਡੈਂਟ ਓਲਡ ਏਜ ਹੋਮ) ਦੁਆਰਾ ਕਵਿਤਾ ਤੇ ਕਹਾਣੀ ਮੁਕਾਬਲੇ ਦੇ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਾਰੇ ਵਿਦਿਆਰਥੀਆਂ ਨੂੰ ਹਮੇਸ਼ਾ ਆਪਣੇ ਤੋਂ ਵੱਡਿਆਂ ਪ੍ਰਤੀ ਪ੍ਰੇਮ- ਭਾਵ ਰੱਖਣ ਤੇ ਆਪਣੀ ਜ਼ਿੰਮੇਵਾਰੀ ਨੂੰ ਬਾਖੂਬੀ ਸਮਝਣ ਦੀ ਪ੍ਰੇਰਨਾ ਵੀ ਦਿੱਤੀ ਗਈ।

# ਐਸੋਸੀਏਟ ਅਧਿਆਪਕਾਂ (ਕੱਚੇ ਅਧਿਆਪਕ) ਨੇ ਡੀ ਸੀ ਪਠਾਨਕੋਟ ਨੂੰ ਦਿੱਤਾ ਮੰਗ ਪੱਤਰ



ਪਠਾਨਕੋਟ (ਦਵਿੰਦਰ ਸਿੰਘ)-ਐਸੋਸੀਏਟ ਅਧਿਆਪਕਾਂ ਨੇ ਪ੍ਰਧਾਨ ਮੁਨੀਸ਼ ਕੁਮਾਰ, ਉਪ ਪ੍ਰਧਾਨ ਸ਼ਾਮ ਲਾਲ ਅਤੇ ਖਜ਼ਾਨਚੀ ਅਜੇ ਕੁਮਾਰ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਪਠਾਨਕੋਟ ਨੂੰ ਮਿਲ ਕੇ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤਾ।ਉਨ੍ਹਾਂ ਆਪਣੀਆਂ ਮੰਗਾਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਸੀਂ ਪਿਛਲੇ 20 ਸਾਲਾਂ ਦੇ ਕਰੀਬ ਲੰਮੇ ਸਮੇਂ ਤੋਂ ਸਰਕਾਰੀ ਸਕੂਲਾਂ ਵਿੱਚ ਨਿਗੂਣੀਆਂ ਤਨਖਾਹਾਂ ਤੇ ਸੇਵਾਵਾਂ ਨਿਭਾ ਰਹੇ ਹਾਂ। ਹਰ ਸਰਕਾਰ ਨੇ ਸਾਡਾ ਸ਼ੋਸ਼ਣ ਕੀਤਾ ਅਤੇ ਅਸੀਂ ਸਰਕਾਰੀ ਸਕੂਲਾਂ ਵਿੱਚ ਰੈਗੂਲਰ ਅਧਿਆਪਕਾਂ ਦੇ ਬਰਾਬਰ ਕੰਮ ਕਰ ਰਹੇ ਹਾਂ।

28 ਜੁਲਾਈ 2023 ਨੂੰ ਸਰਕਾਰ ਨੇ ਕੁਝ ਤਨਖਾਹ ਵਾਧਾ ਕਰਕੇ ਸਾਨੂੰ ਰੈਗੂਲਰ ਦਾ ਨਾਂਅ ਦਿੱਤਾ, ਪਰ ਅਸਲ ਵਿੱਚ ਇਹ ਵੀ ਸਾਡੇ ਨਾਲ ਧੋਖਾ ਹੀ ਸੀ।ਉਨ੍ਹਾਂ ਕਿਹਾ ਕਿ ਨਾ ਤਾਂ ਸਾਨੂੰ ਰੈਗੂਲਰ ਅਧਿਆਪਕਾਂ ਦੀ ਤਰ੍ਹਾਂ ਤਨਖਾਹ ਦਿੱਤੀ ਜਾਂਦੀ ਹੈ ਅਤੇ ਨਾ ਹੀ ਰੈਗੂਲਰ ਅਧਿਆਪਕਾਂ ਦੀ ਤਰ੍ਹਾਂ ਕੋਈ ਲਾਭ ਜਾਂ ਭੱਤੇ ।ਉਨ੍ਹਾਂ ਡਿਪਟੀ ਕਮਿਸ਼ਨਰ ਨੂੰ ਹੱਥ ਜੋੜ ਕੇ ਬੇਨਤੀ ਕਰਦਿਆਂ ਕਿਹਾ ਕਿ ਸਾਡੀ ਚੋਣਾਂ ਵਿੱਚ ਜਾਂ ਕਿਸੇ ਹੋਰ ਗੈਰ ਵਿੱਦਿਅਕ ਕੰਮਾਂ ਵਿੱਚ ਡਿਊਟੀ ਨਾ ਲਗਾਈ ਜਾਵੇ ਕਿਉਂਕਿ ਜੇ ਚੋਣਾਂ ਵਿੱਚ ਸਾਡੇ ਨਾਲ ਕੋਈ ਮਾੜੀ ਦੁਰਘਟਨਾ ਹੋ ਜਾਂਦੀ ਹੈ ਤਾਂ ਸਿੱਖਿਆ ਵਿਭਾਗ ਵੱਲੋਂ ਸਾਡੀ ਕੋਈ ਸਾਰ ਨਹੀਂ ਲਈ ਜਾਂਦੀ ਅਤੇ ਨਾ ਹੀ ਕੋਈ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਐਸੋਸੀਏਟ ਟੀਚਰ ਨਾਲ ਅਜਿਹੀ ਦੁਰਘਟਨਾ ਵਾਪਰ ਚੁੱਕੀ ਹੈ।

## ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਦਾ ਬੀ ਐੱਸ ਸੀ ਦਾ ਨਤੀਜਾ ਸੌ ਫੀਸਦੀ

**ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)**-ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਜ਼ ਫਰੀਦਕੋਟ ਵੱਲੋਂ ਬੀ.ਐੱਸਸੀ. ਸਮੈਸਟਰ ਪਹਿਲਾ ਦੇ ਐਲਾਨੇ ਗਏ ਨਤੀਜੇ ਵਿਚ ਸ੍ਰੀ ਗੁਰੂ ਰਾਮਦਾਸ ਨਰਸਿੰਗ ਇੰਸਟੀਚਿਊਟ ਪੰਧੇਰ ਦੇ ਵਿਦਿਆਰਥੀਆਂ ਨੇ ਮੱਲਾਂ ਮਾਰੀਆਂ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਾਲਜ ਦੇ ਪ੍ਰਿੰਸੀਪਲ ਹਰਜਿੰਦਰਪਾਲ ਕੌਰ ਕੰਗ ਨੇ ਦੱਸਿਆ ਕਿ ਸਾਡੇ ਕਾਲਜ ਦੇ ਵਿਦਿਆਰਥੀਆਂ ਦਾ ਨਤੀਜਾ ਸੌ ਫੀਸਦੀ ਰਿਹਾ ਹੈ।ਉਨ੍ਹਾਂ ਦੱਸਿਆ ਕਿ ਕਾਲਜ ਦੀਆਂ ਵਿਦਿਆਰਥਣਾਂ ਨੇ 10 ਵਿੱਚੋਂ 8 ਅੰਕ ਹਾਸਿਲ ਕੀਤੇ ਹਨ।ਕਾਲਜ ਦੀ ਵਿਦਿਆਰਥਣ ਕੋਮਲਪ੍ਰੀਤ ਕੌਰ, ਲਵਪ੍ਰੀਤ ਕੌਰ, ਸਮਰੀਤ ਕੌਰ ਨੇ 8 ਅੰਕ ਲੈ ਕੇ 80 ਫੀਸਦੀ ਅੰਕ ਹਾਸਿਲ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ ਹੈ।ਕਾਲਜ ਦੇ ਬਾਕੀ ਵਿਦਿਆਰਥੀ ਵੀ ਵਧੀਆ ਅੰਕ ਲੈ ਕੇ ਪਾਸ ਹੋਏ ਹਨ।



ਉਨ੍ਹਾਂ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਲਈ ਸਟਾਫ ਵੱਲੋਂ ਕਾਰਵਾਈ ਸਖ਼ਤ ਮਿਹਨਤ ਅਤੇ ਵਿਦਿਆਰਥੀਆਂ ਵੱਲੋਂ ਖੁਦ ਕੀਤੀ ਸ਼ਖ਼ਤ ਮਿਹਨਤ ਲਈ ਵਧਾਈ ਦਿੱਤੀ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅੱਗੇ ਤੋਂ ਹੋਰ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਯੂਨੀਵਰਸਿਟੀ ਵਿੱਚੋਂ ਅੱਵਲ ਅੱਗੋਂ ਜਿਹੜਾ ਪਹਿਲਾ ਸਥਾਨ ਹਾਸਿਲ ਕਰੇਗਾ ਉਸਨੂੰ ਅਤੇ ਉਸਦੇ ਪਰਿਵਾਰ ਨੂੰ ਵਿਸ਼ੇਸ ਤੌਰ 'ਤੇ ਸਨਮਾਨਿਤ ਕੀਤਾ ਜਾਵੇਗਾ।ਉਨ੍ਹਾਂ ਨੇ ਸਟਾਫ ਅਤੇ ਕਲਾਸ ਇੰਚਾਰਜ ਨੂੰ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਲਈ ਵਧਾਈ ਦਿੱਤੀ।

## ਭਗਵਾਨਪੁਰ ਦਾ ਸਰਪੰਚ ਅਤੇ ਮੈਂਬਰ ਪੰਚਾਇਤ ਸਾਥੀਆਂ ਸਣੇ ਆਪ 'ਚ ਸ਼ਾਮਲ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਵਿਧਾਨਸਭਾ ਹਲਕਾ ਦੀਨਾਨਗਰ ਅੰਦਰ ਆਮ ਆਦਮੀ ਪਾਰਟੀ ਨੂੰ ਉਦੋਂ ਹੋਰ ਬਲ ਮਿਲਿਆ ਜਦੋਂ ਹਲਕੇ ਦੇ ਪਿੰਡ ਭਗਵਾਨਪੁਰ ਦੇ ਮੌਜੂਦਾ ਸਰਪੰਚ ਨੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ।ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਰਪੰਚ ਰਮਾ ਰਾਣੀ, ਉਨ੍ਹਾਂ ਦੇ ਪਤੀ ਰਾਮ ਪਾਲ, ਮੈਂਬਰ ਪੰਚਾਇਤ ਸੁਲੱਖਣ ਪਾਲ ਅਤੇ ਇਕ ਹੋਰ ਸਾਥੀ ਨਰਿੰਦਰ ਕੁਮਾਰ ਦੇ ਇਲਾਵਾ ਪਿੰਡ ਸਦਾਨਾ ਦੇ ਨੰਬਰਦਾਰ ਸ਼ਿਵ ਕੁਮਾਰ ਦਾ ਪਾਰਟੀ ਵਿੱਚ ਸ਼ਾਮਲ ਹੋਣ ਤੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਸਵਾਗਤ ਕਰਦਿਆਂ, ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਪਾਰਟੀ ਅੰਦਰ ਪੂਰੇ ਮਾਣ ਸਨਮਾਨ ਦਾ ਭਰੋਸਾ ਦਿੱਤਾ।ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਲੋਕਪ੍ਰਿਅਤਾ ਲਗਾਤਾਰ ਵਧ ਰਹੀ ਹੈ, ਜਿਸਦਾ ਸੰਕੇਤ ਲੋਕਾਂ ਦਾ ਲਗਾਤਾਰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣਾ ਹੈ।ਉਨ੍ਹਾਂ ਕਿਹਾ ਕਿ ਲੋਕ ਰਵਾਇਤੀ ਪਾਰਟੀਆਂ ਦੀ ਧੱਕੇਸ਼ਾਹੀ ਅਤੇ ਭ੍ਰਿਸ਼ਟ ਰਾਜਨੀਤੀ ਤੋਂ ਪੂਰੀ ਤਰ੍ਹਾਂ ਤੰਗ ਆ ਚੁੱਕੇ ਹਨ ਅਤੇ ਇਮਾਨਦਾਰ ਸੋਚ ਵਾਲੀ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।ਸ਼ਮਸ਼ੇਰ ਸਿੰਘ ਨੇ ਕਿਹਾ ਕਿ ਸੂਬੇ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਹਰ ਵਰਗ ਦੇ ਵਿਕਾਸ ਨੂੰ ਧਿਆਨ ਵਿੱਚ ਰੱਖ ਕੇ ਕੰਮ ਕਰ ਰਹੀ ਹੈ ਜਦੋਂਕਿ ਇਸ ਤੋਂ ਪਹਿਲੀਆਂ ਸਰਕਾਰਾਂ ਨੇ ਹਮੇਸ਼ਾ ਧਰਮ ਅਤੇ ਵਰਗਾਂ ਦੇ ਨਾਂ ਉਪਰ ਸਿਆਸਤ ਕੀਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਇਸ ਵੇਲੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪੂਰੀ ਤਰ੍ਹਾਂ ਖੁਸ਼ ਹਨ ਅਤੇ ਆਮ ਆਦਮੀ ਪਾਰਟੀ ਦੇ ਨਾਲ ਖੜ੍ਹੇ ਹਨ।

# ਸਰਕਾਰੀ ਕਾਲਜ ਗੁਰਦਾਸਪੁਰ ਨੇ ਇੱਕ ਰੋਜ਼ਾ ਲੀਡਰਸ਼ਿਪ ਟਰੇਨਿੰਗ ਵਰਕਸ਼ਾਪ ਲਗਾਈ



ਗੁਰਦਾਸਪੁਰ, (ਜਨਕ ਮਹਾਜਨ)-ਸਰਕਾਰੀ ਕਾਲਜ ਗੁਰਦਾਸਪੁਰ ਦੀ ਕਾਮਰਸ ਤੇ ਬਿਜ਼ਨੈਸ ਮੈਨੇਜਮੈਂਟ ਫੈਕਲਟੀ ਵੱਲੋਂ ਡੇਰਾ ਬਾਬਾ ਨਾਨਕ ਕੋਰੀਡੋਰ ਵਿੱਚ ਤਾਇਨਾਤ ਅਧਿਕਾਰੀਆਂ ਅਤੇ ਕਰਮਚਾਰੀਆਂ ਲਈ ਇੱਕ ਰੋਜ਼ਾ ਲੀਡਰਸ਼ਿਪ ਟਰੇਨਿੰਗ ਵਰਕਸ਼ਾਪ ਲਗਾਈ ਗਈ, ਜੋ ਕਿ ਕਾਲਜ ਲਈ ਮਾਣ ਦੀ ਗੱਲ ਹੈ। ਇਹ ਵਰਕਸ਼ਾਪ ਮੈਨੇਜਰ ਸੰਦੀਪ ਮਹਾਜਨ ਲੈਂਡ ਪੋਰਟ ਅਥਾਰਟੀ ਆਫ਼ ਇੰਡੀਆ ਵੱਲੋਂ ਕੋਰੀਡੋਰ ਵਿੱਚ ਤਾਇਨਾਤ ਵੱਖ-ਵੱਖ ਏਜੰਸੀਆਂ ਦੇ ਕਰਮਚਾਰੀਆਂ ਲਈ ਕੀਤੀ ਗਈ। ਵਰਕਸ਼ਾਪ ਵਿੱਚ ਸਰਕਾਰੀ ਕਾਲਜ ਗੁਰਦਾਸਪੁਰ ਦੇ ਕਾਮਰਸ, ਮੈਨੇਜਮੈਂਟ ਵਿਭਾਗ ਤੋਂ ਅਸਿਸਟੈਂਟ ਪ੍ਰੋਫੈਸਰ ਜਤਿਨ ਮਹਾਜਨ ਅਤੇ ਅਸਿਸਟੈਂਟ ਪ੍ਰੋਫੈਸਰ ਗੁਰਪ੍ਰੀਤ ਕੌਰ ਸਿੱਧੂ ਨੇ ਮੁੱਖ ਵਕਤਾ ਵਜੋਂ ਸ਼ਿਰਕਤ ਕੀਤੀ। ਟਰੇਨਿੰਗ ਪ੍ਰੋਗਰਾਮ ਨੂੰ ਚਾਰ ਭਾਗਾਂ ਵਿੱਚ ਵੰਡਿਆ ਗਿਆ। ਪਹਿਲੇ ਭਾਗ 'ਲੀਡਰਸ਼ਿਪ ਅਤੇ ਟੀਮ ਮੈਨੇਜਮੈਂਟ' ਵਿਚ ਅਸਿਸਟੈਂਟ ਪ੍ਰੋ. ਜਤਿਨ ਮਹਾਜਨ ਨੇ ਪ੍ਰਭਾਵਸ਼ਾਲੀ ਲੀਡਰਸ਼ਿਪ ਦੇ ਅਸੂਲਾਂ ਅਤੇ ਮਜ਼ਬੂਤ ਟੀਮ ਬਣਾਉਣ ਦੇ ਤਰੀਕਿਆਂ 'ਤੇ ਵਿਸਥਾਰਪੂਰਵਕ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ 'ਡਾਇਵਰਸਿਟੀ ਅਤੇ ਇਨਕਲੂਜ਼ਨ ਇਨ ਵਰਕਪਲੇਸ' ਵਿਸ਼ੇ ਤਹਿਤ ਵੱਖ-ਵੱਖ ਵਿਭਿੰਨ ਵਾਤਾਵਰਣਾਂ ਵਿੱਚ ਟੀਮਾਂ ਨੂੰ ਨਾਲ ਲੈ ਕੇ ਕੰਮ ਕਰਨ ਅਤੇ ਸਰਹੱਦੀ ਖੇਤਰਾਂ ਵਿੱਚ ਔਰਤਾਂ ਦੀ ਭਾਗੀਦਾਰੀ ਵਧਾਉਣ ਦੇ ਉਪਾਅ 'ਤੇ ਵੀ ਪ੍ਰਮੁੱਖ ਚਰਚਾ ਕੀਤੀ। ਦੂਜੇ ਭਾਗ ਵਿਚ ਅਸਿਸਟੈਂਟ ਪ੍ਰੋ. ਗੁਰਪ੍ਰੀਤ ਕੌਰ ਸਿੱਧੂ ਨੇ 'ਸਟਰੈਟਿਜਿਕ ਪਲੈਨਿੰਗ ਅਤੇ ਇਫੈਕਟਿਵ ਡਿਸੀਜ਼ਨ ਮੇਕਿੰਗ' ਅਤੇ 'ਇੰਟਰ-ਏਜੰਸੀ ਕੋਆਰਡੀਨੇਸ਼ਨ ਅਤੇ ਸਟੇਕਹੋਲਡਰ ਮੈਨੇਜਮੈਂਟ' ਵਿਸ਼ਿਆਂ 'ਤੇ ਵਿਸਥਾਰ ਨਾਲ ਵਿਚਾਰ ਰੱਖੇ। ਇਸ ਮੌਕੇ ਮੈਨੇਜਰ ਸੰਦੀਪ ਮਹਾਜਨ ਨੇ ਸਰਕਾਰੀ ਕਾਲਜ ਗੁਰਦਾਸਪੁਰ ਦੇ ਪ੍ਰਿੰਸੀਪਲ ਡਾ. ਅਸ਼ਵਨੀ ਕੁਮਾਰ ਭੱਲਾ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਆਪਣੇ ਪ੍ਰੋਫੈਸਰ ਸਾਹਿਬਾਨ ਨੂੰ ਵਿਸ਼ੇਸ਼ ਲੈਕਚਰ ਲਈ ਭੇਜਣਾ ਕੋਰੀਡੋਰ ਵਿੱਚ ਤਾਇਨਾਤ ਕਰਮਚਾਰੀਆਂ ਦੀ ਪ੍ਰਸ਼ਿਕਸ਼ਣ ਸਮਰੱਥਾ ਨੂੰ ਮਜ਼ਬੂਤ ਕਰਦਾ ਹੈ।

## ਕਿਸਾਨੀ ਸੰਘਰਸ਼ 'ਚ ਯੋਗਦਾਨ ਪਾਉਣ ਵਾਲੇ ਸਨਮਾਨਿਤ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਕੁੱਲ ਹਿੰਦ ਕਿਸਾਨ ਸਭਾ ਵੱਲੋਂ ਦਿੱਲੀ ਵਿਚ ਚੱਲੇ ਕਿਸਾਨੀ ਸੰਘਰਸ਼ 'ਚ ਵੱਡਮੁੱਲਾ ਯੋਗਦਾਨ ਪਾਉਣ 'ਤੇ ਡਾ. ਸਵੈਮਾਨ ਦੇ ਮਾਤਾ-ਪਿਤਾ (ਸੁਰਿੰਦਰ ਕੌਰ ਖਹਿਰਾ-ਜਸਵਿੰਦਰਪਾਲ ਸਿੰਘ ਪੱਖੋਕੇ) ਅਤੇ ਪਰਮਜੀਤ ਸਿੰਘ ਗਾਂਧਰੀ ਨੂੰ ਸਨਮਾਨਿਤ ਕੀਤਾ ਗਿਆ। ਇਸ ਸਨਮਾਨ ਸਮਾਰੋਹ ਦੌਰਾਨ ਪ੍ਰਧਾਨ ਕਾਮਰੇਡ ਰਣਜੀਤ ਸਿੰਘ ਬੱਲ, ਜਨਰਲ ਸਕੱਤਰ ਸਵਿੰਦਰ ਸਿੰਘ ਮੀਰਾਂਕੋਟ, ਸੀਨੀਅਰ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਤੇ ਵਿੱਤ ਸਕੱਤਰ ਕਵਲਜੀਤ ਕੌਰ ਨੇ ਜੀ.ਟੀ.ਯੂ.(ਗੌਰਮਿੰਟ ਟੀਚਰਜ਼ ਯੂਨੀਅਨ) ਦੇ ਸਾਬਕਾ ਸੂਬਾ ਪ੍ਰਧਾਨ ਪਰਮਜੀਤ ਸਿੰਘ ਗਾਂਧਰੀ ਤੇ ਐੱਸ.ਐੱਫ.ਆਈ. ਦੇ ਸਾਬਕਾ ਸੂਬਾ ਪ੍ਰਧਾਨ ਜਸਵਿੰਦਰਪਾਲ ਸਿੰਘ ਵੱਲੋਂ ਕਿਸਾਨੀ ਸੰਘਰਸ਼ 'ਚ ਪਾਏ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਿਸਾਨਾਂ ਦੀ ਜਿੱਤ ਪਿੱਛੇ ਇਨ੍ਹਾਂ ਦੀ ਅਹਿਮ ਭੂਮਿਕਾ ਰਹੀ। ਇਸ ਮੌਕੇ ਚਰਨਜੀਤ ਮਜੀਠਾ, ਰਤਨ ਰੰਧਾਵਾ, ਹਰਜੀਤ ਸਿੰਘ, ਕਰਨੈਲ ਸਿੰਘ, ਜਸਬੀਰ ਸਿੰਘ ਝਬਾਲ, ਮੰਗਲ ਸਿੰਘ ਟਾਂਡਾ ਤੇ ਬਲਬੀਰ ਝਾਮਕਾ ਨੇ ਵੀ ਸਾਥੀਆਂ ਵੱਲੋਂ ਸੰਘਰਸ਼ ਵਿਚ ਯੋਗਦਾਨ ਪਾਉਣ ਲਈ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਸਾਥੀ ਅੱਜ ਵੀ ਸੰਘਰਸ਼ਾਂ ਵਿਚ ਵੱਧ-ਚੜ੍ਹ ਕੇ ਹਿੱਸਾ ਪਾ ਰਹੇ ਹਨ।

## ਪਾਵਰਕੌਮ ਦੇ ਹਾਕੀ ਟੀਮ ਦੇ ਕੈਪਟਨ ਹਰਪ੍ਰੀਤ ਸਿੰਘ ਗਿੱਲ ਦਾ ਸਨਮਾਨ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਦੀ ਹਾਕੀ ਟੀਮ ਵਲੋਂ ਮੱਧ ਪ੍ਰਦੇਸ਼ ਦੇ ਸ਼ਹਿਰ ਜਬਲਪੁਰ ਵਿਖੇ ਫਾਈਨਲ ਮੈਚ ਖੇਡਿਆ ਗਿਆ ਅਤੇ ਗੋਲਡ ਮੈਡਲ ਜਿੱਤਿਆ, ਜਿਸ ਦੀ ਕਪਤਾਨੀ ਕਰਦੇ ਸਾਥੀ ਹਰਪ੍ਰੀਤ ਸਿੰਘ ਗਿੱਲ ਜੋ ਗੁਰਦਾਸਪੁਰ ਸਰਕਲ ਅਧੀਨ ਸ਼ਬ ਡਵੀਜ਼ਨ ਦੋਰਾਂਗਲਾ ਵਿਖੇ ਬਤੌਰ ਐਲ ਡੀ ਸੀ ਕੰਮ ਕਰ ਰਹੇ ਹਨ।

ਉਨ੍ਹਾਂ ਦਾ ਗੁਰਦਾਸਪੁਰ ਪਹੁੰਚਣ ਤੇ ਪੀ ਐੱਸ ਈ ਬੀ ਇੰਪਲਾਈਜ ਫੈਡਰੇਸ਼ਨ ਏਟਕ ਵਲੋਂ ਸਨਮਾਨਿਤ ਕੀਤਾ ਗਿਆ ਵਿਸ਼ੇਸ਼ ਤੌਰ ਤੇ ਸੀ, ਅਮਿਤ ਸ਼ਰਮਾ ਉਪ ਮੁੱਖ ਇੰਜੀਨੀਅਰ ਹਲਕਾ ਗੁਰਦਾਸਪੁਰ ਸਿਰੀ ਕੁਲਦੀਪ ਸਿੰਘ ਵਧੀਕ ਨਿਗਰਾਨ ਇੰਜੀਨੀਅਰ ਮੰਡਲ ਗੁਰਦਾਸਪੁਰ ਵਲੋਂ ਸਨਮਾਨਿਤ ਕੀਤਾ ਗਿਆ ਅਤੇ ਕਿਹਾ ਹੈ ਸਾਡੇ ਸਰਕਲ ਵਾਸਤੇ ਬੜੀ ਮਾਣ ਵਾਲੀ ਗੱਲ ਹੈ ਹਰਪ੍ਰੀਤ ਸਿੰਘ ਗਿੱਲ ਨੇ ਮਹਿਕਮੇ ਦਾਂ ਨਾਂਅ ਰੌਸ਼ਨ ਕੀਤਾ ਹੈ। ਇਸ ਮੌਕੇ ਜਥੇਬੰਦੀ ਦੇ ਸਰਕਲ ਪ੍ਰਧਾਨ ਅਤੇ ਪੰਜਾਬ ਦੇ ਮੀਤ ਪ੍ਰਧਾਨ ਕਾਮਰੇਡ ਬਲਵਿੰਦਰ ਉਦੀਪੁਰ, ਸਰਕਲ ਸੁਪਰਡੈਂਟ ਗੁਰਜੀਤ ਸਿੰਘ, ਮੰਡਲ ਸੁਪਰਡੈਂਟ ਮੈਡਮ ਮਿਨਾਕਸ਼ੀ, ਮੰਡਲ ਅਕਾਊਂਟੈਂਟ ਅਮ੍ਰਿਤਪਾਲ ਸਿੰਘ, ਸਾਹਿਬ ਸਿੰਘ ਧਾਲੀਵਾਲ, ਜੇ. ਪੀ. ਜੰਜੂਆ, ਅਮਨਦੀਪ ਸਿੰਘ ਧਾਲੀਵਾਲ ਮੰਡਲ ਪ੍ਰਧਾਨ, ਲਖਵਿੰਦਰ ਸਿੰਘ ਟਾਂਡਾ, ਮਲਕੀਤ ਸਿੰਘ ਤਿੱਬੜ, ਗੌਰਵ ਪ੍ਰਿਆ, ਬਲਜੀਤ ਸਿੰਘ ਹੁੰਦਲ, ਰਣਜੀਤ ਸਿੰਘ ਦੋਰਾਂਗਲਾ , ਨਿਸ਼ਾਨ ਸਿੰਘ ਸੋਹਲ, ਰੂਪ ਲਾਲ, ਅਸ਼ੋਕ ਕੁਮਾਰ ਆਦਿ ਆਗੂ ਹਾਜ਼ਰ ਸਨ।

25-Dec-PAGE-12-Add.qxd 12/24/2025 11:57 PM Page 1



# ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਵੱਲੋਂ ਕਾਨਫਰੰਸ

**ਜਲੰਧਰ**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐੱਮ ਪੀ ਆਈ)ਤਹਿਸੀਲ ਜਲੰਧਰ ਵੱਲੋਂ ਸੰਤੋਖਪੁਰਾ ਬਾਈ ਪਾਸ ਜਲੰਧਰ ਵਿਖੇ ਕਾਮਰੇਡ ਹਰੀਮੁਨੀ ਸਿੰਘ ਦੀ ਪ੍ਰਧਾਨਗੀ ਹੇਠ ਇੱਕ




ਪ੍ਰਭਾਵਸ਼ਾਲੀ ਕਾਨਫਰੰਸ ਕੀਤੀ ਗਈ।ਕਾਨਫਰੰਸ ਨੂੰ ਆਰ ਐੱਮ ਪੀ ਆਈ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਜਪਾ ਦੀ ਅਗਵਾਈ ਹੇਠਲੀ ਕੇਂਦਰ ਦੀ ਮੋਦੀ ਸਰਕਾਰ ਨੇ ਮੁਸ਼ਕਿਲ ਨਾਲ ਜੂਨ ਗੁਜ਼ਾਰਾ ਕਰਦੇ ਬੇਜ਼ਮੀਨੇ-ਸਾਧਨਹੀਣ ਪੇਂਡੂ ਕਿਰਤੀਆਂ ਨੂੰ ਸੀਮਤ ਦਿਨਾਂ ਲਈ ਗਰੰਟੀ ਸ਼ੁਦਾ ਰੁਜ਼ਗਾਰ ਦੇਣ ਵਾਲੇ ਮਗਨਰੇਗਾ ਕਾਨੂੰਨ ਦਾ ਸਿਰਫ ਨਾਂ ਹੀ ਨਹੀਂ ਬਦਲ ਕੇ ਵਿਕਸਿਤ ਭਾਰਤ ਰੁਜ਼ਗਾਰ ਆਜੀਵਕਾ ਗਾਰੰਟੀ ਮਿਸ਼ਨ (ਗ੍ਰਾਮੀਣ) ਵੀ ਬੀ ਜੀ ਰਾਮ ਜੀ ਹੀ ਨਹੀਂ ਕੀਤਾ, ਬਲਕਿ ਢਾਂਚਾਗਤ ਬਦਲਾਅ ਕਰਕੇ ਇਸ ਕਾਨੂੰਨ ਦੀ ਰੂਹ ਕਤਲ ਕਰ ਦਿੱਤੀ ਹੈ। ਅਜਿਹਾ ਕਰਕੇ ਮੋਦੀ ਸਰਕਾਰ ਨੇ ਆਪਣੇ ਵਿਚਾਰਧਾਰਕ ਆਕਾ, ਦਲਿਤ ਵਿਰੋਧੀ ਮੰਦੀ ਸੋਚ ਦੇ ਮਾਲਕ ਆਰ.ਐਸ.ਐਸ. ਦੀ ਮਗਨਰੇਗਾ ਦੇ ਖ਼ਾਤਮੇ ਦੀ ਚਿਰੋਕਣੀ ਮਨੂੰਵਾਦੀ ਸਾਜ਼ਿਸ਼ ਪੂਰ ਚੜ੍ਹਾਈ ਹੈ। ਨਤੀਜੇ ਵਜੋਂ ਪਹਿਲਾਂ ਹੀ ਘੋਰ ਗੁਰਬਤ ਦਾ ਸੰਤਾਪ ਹੰਢਾਅ ਰਹੇ ਪੇਂਡੂ ਕਿਰਤੀਆਂ, ਜਿਨ੍ਹਾਂ ਚੋਂ ਭਾਰੀ ਗਿਣਤੀ ਅਨੁਸੂਚਿਤ ਜਾਤੀਆਂ, ਜਨ ਜਾਤੀਆਂ ਨਾਲ ਸਬੰਧਤ ਹਨ, ਦੇ ਭੁੱਖੇ ਮਰਨ ਦੀ ਨੌਬਤ ਆ ਜਾਵੇਗੀ। ਸਾਥੀ ਪਾਸਲਾ ਨੇ ਕਿਹਾ ਕਿ ਇਸ ਤੋਂ ਪਹਿਲਾਂ ਮਜ਼ਦੂਰਾਂ ਨੇ ਲਹੂ ਵੀਟਵੇਂ ਸੰਘਰਸ਼ਾਂ ਨਾਲ ਬਣਵਾਏ 44 ਕਿਰਤ ਕਾਨੂੰਨਾਂ ਨੂੰ ਰੱਦ ਕਰਕੇ 4 ਕੋਡ ਬਣਾ ਕੇ ਮਜ਼ਦੂਰਾਂ ਨੂੰ ਮਿਲਦੇ ਹੱਕਾਂ ਤੋਂ ਵਾਂਝੇ ਕਰ ਦਿੱਤਾ ਹੈ। ਉਨ੍ਹਾਂ ਦਲਿਤਾਂ, ਔਰਤਾਂ ਨੂੰ ਗੁਲਾਮ ਬਣਾਈ ਰੱਖਣ ਦੀ ਪੈਰਵੀ ਕਰਦੀ ਮਨੂੰ ਸਿਮਰਤੀ ਦੀ ਦੇਸ਼ ਦੀ ਸ਼ਾਸ਼ਨ ਪੱਧਤੀ ਵਜੋਂ ਪੁਨਰ ਸਥਾਪਤੀ ਦੀਆਂ ਸੰਘ ਪਰਵਾਰ ਦੀਆਂ ਕੁਚਾਲਾਂ ਨੂੰ ਪਛਾੜਨ ਲਈ ਦੇਸ਼ ਵਿਆਪੀ ਘੋਲਾਂ ਵੱਲ ਪੇਸ਼ ਕਦਮੀ ਕਰਨ ਦੀ ਅਪੀਲ ਕੀਤੀ ਹੈ। ਪਾਰਟੀ ਦੇ ਸੂਬਾ ਸਕੱਤਰੇਤ ਮੈਂਬਰ ਸਾਥੀ ਦਰਸ਼ਨ ਨਾਹਰ ਨੇ ਅੱਗੇ ਆਖਿਆ ਕਿ ਸਮੂਹ ਕਿਰਤੀ-ਕਿਸਾਨਾਂ, ਮੁਲਾਜ਼ਮਾਂ ਤੇ ਹੋਰ ਮਿਹਨਤੀ ਵਰਗਾਂ ਵਲੋਂ ਬਿਜਲੀ ਸੋਧ ਬਿਲ 2025 ਪੇਸ਼ ਕਰਨ ਦੀ ਤਿਆਰੀ ਕੀਤੀ ਹੋਈ ਹੈ ਅਤੇ ਪਬਲਿਕ ਸੈਕਟਰ ਦੇ ਅਦਾਰੇ ਕੁਝ ਕਾਰਪੋਰੇਟ ਘਰਾਣਿਆਂ ਨੂੰ ਵੇਚ ਦਿੱਤੇ ਬਾਕੀ ਰਹਿੰਦਿਆਂ ਨੂੰ ਵੇਚਣ ਦੀ ਤਿਆਰੀ ਹੈ ਮੋਦੀ ਸਰਕਾਰ ਦੀ ਨਿੱਜੀਕਰਨ ਦੀ ਨੀਤੀ ਖਿਲਾਫ ਜਨ ਅੰਦੋਲਨ ਵਿਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਗਜੀਤ ਸਿੰਘ ਖਾਂਬਰਾ, ਸੁਨੀਤਾ ਨੂਰਪੁਰੀ, ਪਾਰਵਤੀ, ਕੰਚਨ, ਸ਼ੰਭੂ ਚੌਹਾਨ, ਮੀਰਾਂ ਦੇਵੀ ਆਦਿ ਹਾਜ਼ਰ ਸਨ।

# ਨਵੀਂ ਵਾਰਡਬੰਦੀ ਰੱਦ ਕਰਕੇ ਪੁਰਾਣੀ ਨੂੰ ਬਹਾਲ ਕਰਨ ਦੀ ਮੰਗ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ, ਹਨੀ)**-ਸੁਲਤਾਨਪੁਰ ਲੋਧੀ ਵਿੱਚ ਨਗਰ ਕੌਂਸਲ ਦੀ ਨਵੀਂ ਵਾਰਡਬੰਦੀ ਨੂੰ ਲੈ ਕੇ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾ ਗਿਆ ਹੈ। ਸ਼ਹਿਰ ਵਿੱਚ ਜਿੱਥੇ ਆਮ ਲੋਕਾਂ ਵਿੱਚ ਭਾਰੀ ਰੋਸ ਦੇਖਣ ਨੂੰ ਮਿਲ ਰਿਹਾ ਹੈ, ਉੱਥੇ ਹੀ ਸਿਆਸੀ ਪਾਰਟੀਆਂ ਦਰਮਿਆਨ ਤਣਾਅ ਵੀ



ਲਗਾਤਾਰ ਵਧਦਾ ਜਾ ਰਿਹਾ ਹੈ। ਇਸ ਮਾਮਲੇ ਨੂੰ ਲੈ ਕੇ ਨਗਰ ਕੌਂਸਲ ਦਫ਼ਤਰ ਵਿੱਚ ਪ੍ਰਧਾਨ ਦੀਪਕ ਧੀਰ ਰਾਜੂ ਸਮੇਤ ਰਾਣਾ ਧੜੇ ਦੇ ਕੌਂਸਲਰਾਂ ਤੇਜਵੰਤ ਸਿੰਘ , ਅਸ਼ੋਕ ਮੌਂਗਲਾ, ਪਾਵਨ ਕਨੌਜੀਆ ਆਦਿ ਵੱਲੋਂ ਇੱਕ ਅਹਿਮ ਪ੍ਰੈੱਸ ਕਾਨਫਰੰਸ ਕੀਤੀ ਗਈ, ਜਿਸ ਦੌਰਾਨ ਨਵੀਂ ਵਾਰਡਬੰਦੀ ਨੂੰ ਸਿਰੇ ਤੋਂ ਖ਼ਾਰਜ ਕਰਦੇ ਹੋਏ ਇਸਨੂੰ ਲੋਕਤੰਤਰ ਦੇ ਮੂਲ ਸਿਧਾਂਤਾਂ ਦੇ ਖਿਲਾਫ਼ ਦੱਸਿਆ ਗਿਆ ਅਤੇ ਪੁਰਾਣੀ ਵਾਰਡਬੰਦੀ ਨੂੰ ਬਹਾਲ ਰੱਖਣ ਦੀ ਮੰਗ ਕੀਤੀ।

ਪ੍ਰੈੱਸ ਕਾਨਫਰੰਸ ਦੌਰਾਨ ਕੌਂਸਲਰਾਂ ਨੇ ਸਾਂਝੇ ਤੌਰ 'ਤੇ ਕਿਹਾ ਕਿ ਨਗਰ ਕੌਂਸਲ ਹੱਦਾਂ ਅੰਦਰ ਕੀਤੀ ਗਈ ਇਹ ਨਵੀਂ ਵਾਰਡਬੰਦੀ ਵਿੱਚ ਲੋਕਾਂ ਦੀ ਸੁਵਿਧਾ ਨੂੰ ਧਿਆਨ ਵਿੱਚ ਨਹੀਂ ਰੱਖਿਆ ਗਿਆ ਹੈ। ਕੌਂਸਲਰਾਂ ਦਾ ਕਹਿਣਾ ਸੀ ਕਿ ਵਾਰਡਾਂ ਦੀ ਹੱਦਬੰਦੀ ਇਸ ਤਰੀਕੇ ਨਾਲ ਬਦਲੀ ਗਈ ਹੈ ਕਿ ਕਈ ਵਾਰਡਾਂ ਨੂੰ ਅਨਕੁਦਰਤੀ ਤੌਰ 'ਤੇ ਦੂਰ-ਦੂਰ ਕਰ ਦਿੱਤਾ ਗਿਆ, ਜਿਸ ਨਾਲ ਵੋਟਰਾਂ ਦੀ ਗਿਣਤੀ ਵਿੱਚ ਭਾਰੀ ਅਸਮਾਨਤਾ ਪੈਦਾ ਹੋ ਗਈ ਹੈ। ਉਨ੍ਹਾਂ ਦੱਸਿਆ ਕਿ ਕਈ ਥਾਵਾਂ 'ਤੇ ਇੱਕੋ ਗਲੀ ਜਾਂ ਮੁਹੱਲੇ ਨੂੰ ਦੋ ਜਾਂ ਤਿੰਨ ਵੱਖ-ਵੱਖ ਵਾਰਡਾਂ ਵਿੱਚ ਵੰਡ ਦਿੱਤਾ ਗਿਆ, ਜਿਸ ਨਾਲ ਲੋਕਾਂ ਨੂੰ ਪ੍ਰਸ਼ਾਸਨਿਕ ਕੰਮਾਂ ਅਤੇ ਵੋਟਿੰਗ ਦੌਰਾਨ ਵੱਡੀਆਂ ਦਿੱਕਤਾਂ ਦਾ ਸਾਹਮਣਾ ਕਰਨਾ ਪਵੇਗਾ।ਅੰਤ ਵਿੱਚ ਕੌਂਸਲਰਾਂ ਨੇ ਸਰਕਾਰ ਅਤੇ ਸੰਬੰਧਤ ਵਿਭਾਗਾਂ ਤੋਂ ਮੰਗ ਕੀਤੀ ਕਿ ਨਗਰ ਕੌਂਸਲ ਸੁਲਤਾਨਪੁਰ ਲੋਧੀ ਵਿੱਚ ਕੀਤੀ ਗਈ ਨਵੀਂ ਵਾਰਡਬੰਦੀ ਨੂੰ ਤੁਰੰਤ ਰੱਦ ਕਰਕੇ ਪੁਰਾਣੀ ਵਾਰਡਬੰਦੀ ਨੂੰ ਬਹਾਲ ਕੀਤਾ ਜਾਵੇ।

## ਨਸ਼ਾ ਛੁਡਾਊ ਕੇਂਦਰ ਦੇ ਮਰੀਜ਼ਾਂ ਨੂੰ ਕੰਬਲ ਵੰਡੇ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਜ਼ਿਲ੍ਹਾ ਰੈਡ ਕਰਾਸ ਸੁਸਾਇਟੀ, ਐੱਸ ਏ ਐੱਸ ਨਗਰ ਵੱਲੋਂ ਲੋਕ-ਭਲਾਈ ਦੇ ਕੰਮ ਲਗਾਤਾਰ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਸਰਦ ਰੁੱਤ ਨੂੰ ਧਿਆਨ ਵਿੱਚ ਰੱਖਦੇ ਹੋਏ ਕੋਮਲ ਮਿੱਤਲ, ਆਈ.ਏ.ਐਸ., ਡਿਪਟੀ



ਕਮਿਸ਼ਨਰ ਅਤੇ ਪ੍ਰਧਾਨ, ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਵੱਲੋਂ ਜ਼ਿਲ੍ਹਾ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰ, ਸੈਕਟਰ-66, ਐੱਸ ਏ ਐੱਸ ਨਗਰ ਵਿਖੇ 80 ਮਰੀਜ਼ਾਂ ਨੂੰ ਕੰਬਲ ਵੰਡੇ ਗਏ। ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਕੇਂਦਰ ਵਿੱਚ ਦਾਖਲ ਮਰੀਜ਼ਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਵੀ ਹਾਸਲ ਕੀਤੀ ਗਈ। ਰੈਡ ਕਰਾਸ ਦੇ ਸਕੱਤਰ ਵੱਲੋਂ ਦੱਸਿਆ ਗਿਆ ਕਿ ਇਹ ਸਮਾਨ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਵੱਲੋਂ ਦਿੱਤੇ ਗਏ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹੀ ਮੁਹੱਈਆ ਕਰਵਾਇਆ ਗਿਆ ਹੈ।

## 10 ਆਧੁਨਿਕ ਹਸਪਤਾਲ ਜਨਤਾ ਨੂੰ ਕੀਤੇ ਸਮਰਪਿਤ : ਮੁੱਖ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਕਿਹਾ ਕਿ ਸੂਬੇ ਵਿੱਚ ਨਾਗਰਿਕਾਂ ਨੂੰ ਸਿਹਤ ਸਹੂਲਤਾਂ ਉਪਲਬਧ ਕਰਵਾਉਣ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਇਸੇ ਦਿਸ਼ਾ ਵਿੱਚ ਹਰ ਜ਼ਿਲ੍ਹਾ ਪੱਧਰ 'ਤੇ ਸਾਰੀ ਤਰ੍ਹਾ ਦੀ ਸਹੂਲਤਾਂ ਨਾਲ ਲੈਸ ਇੱਕ ਹਸਪਤਾਲ ਵਿਕਸਿਤ ਕੀਤਾ ਜਾ ਰਿਹਾ ਹੈ। ਹੁਣ ਤੱਕ 10 ਹਸਪਤਾਲ ਜਨਤਾ ਨੂੰ ਸਮਰਪਿਤ ਕੀਤੇ ਜਾ ਚੁੱਕੇ ਹਨ। ਇਨ੍ਹਾਂ ਵਿੱਚ ਸੀ ਟੀ ਸਕੈਨ, ਅਲਟਰਾਸਾਊਂਡ, ਐਮਆਰਆਈ ਤੇ ਲੈਬ ਸਮੇਤ ਸਾਰੀ ਸਹੂਲਤਾਂ ਮਿਲ ਰਹੀਆਂ ਹਨ। ਹੋਰ 22 ਹਸਪਤਾਲਾਂ 'ਤੇ ਕੰਮ ਚੱਲ ਰਿਹਾ ਹੈ।ਮੁੱਖ ਮੰਤਰੀ ਸੋਮਵਾਰ ਨੂੰ ਹਰਿਆਣਾ ਵਿਧਾਨਸਭਾ ਦੇ ਸਰਦੀ ਰੁੱਤ ਸੈਸ਼ਨ ਦੌਰਾਨ ਸੁਆਲ ਸਮੇਂ ਵਿੱਚ ਵਿਧਾਇਕ ਸ੍ਰੀ ਮਾਮਨ ਖਾਨ ਵੱਲੋਂ ਪੁੱਛੇ ਗਏ ਇੱਕ ਸੁਆਲ ਦਾ ਜਵਾਬ ਦੇ ਰਹੇ ਸਨ।

# ਸਾਲਾਨਾ ਕੀਰਤਨ ਦਰਬਾਰ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

## ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਨਗੇ ਰਾਗੀ-ਢਾਡੀ ਜੱਥੇ



**ਫਗਵਾੜਾ (ਡਾ. ਰਮਨ)**

ਬਾਬਾ ਫਤਿਹ ਸਿੰਘ ਨਗਰ ਵੈਲਫੇਅਰ ਸੁਸਾਇਟੀ ਫਗਵਾੜਾ ਦੀ ਇੱਕ ਮੀਟਿੰਗ ਸੁਸਾਇਟੀ ਦੇ ਚੇਅਰਮੈਨ ਮੇਜਰ ਸਿੰਘ ਸੈਣੀ ਅਤੇ ਪ੍ਰਧਾਨ ਰਾਮ ਪਾਲ ਸਿੰਘ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰੇ ਸਾਹਿਬਜਾਦਿਆਂ ਅਤੇ ਮਾਤਾ ਗੁਜਰ ਕੌਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾ ਰਹੇ 26ਵੇਂ ਸਾਲਾਨਾ ਮਹਾਨ ਕੀਰਤਨ ਦਰਬਾਰ ਦੀਆਂ ਤਿਆਰੀਆਂ ਸਬੰਧੀ ਜਾਇਜ਼ਾ ਲਿਆ ਗਿਆ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਮੇਜਰ ਸਿੰਘ ਸੈਣੀ ਅਤੇ ਪ੍ਰਧਾਨ ਰਾਮ ਪਾਲ ਸਿੰਘ ਨੇ ਦੱਸਿਆ ਕਿ ਸਾਲਾਨਾ ਮਹਾਨ ਕੀਰਤਨ ਦਰਬਾਰ ਸਮੂਹ ਸੰਗਤਾਂ ਦੇ ਸਹਿਯੋਗ ਨਾਲ 28 ਦਸੰਬਰ ਨੂੰ ਸਵੇਰੇ 10 ਤੋਂ ਸ਼ਾਮ 4 ਵਜੇ ਤੱਕ ਗੁਰਦੁਆਰਾ ਸੱਤ ਸਮਾਇਣ ਸਾਹਿਬ, ਮੁਹੱਲਾ ਬਾਬਾ ਫਤਿਹ ਸਿੰਘ ਨਗਰ ਸੁਖਚੈਨਆਣਾ ਸਾਹਿਬ ਰੋਡ ਫਗਵਾੜਾ ਵਿਖੇ ਬੜੀ ਸ਼ਰਧਾ ਪੂਰਵਕ ਕਰਵਾਇਆ ਜਾ ਰਿਹਾ ਹੈ।ਉਹਨਾਂ ਦੱਸਿਆ ਕਿ ਸਵੇਰੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਸਰਬਜੀਤ ਸਿੰਘ ਵਲੋਂ ਸਰਬੱਤ ਦੇ ਭਲੇ ਅਤੇ ਪੰਥ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਜਾਵੇਗੀ। ਉਪਰੰਤ ਧਾਰਮਿਕ ਦੀਵਾਨ ਸਜਾਇਆ ਜਾਵੇਗਾ। ਜਿਸ ਵਿੱਚ ਭਾਈ ਜਗਜੀਤ ਸਿੰਘ ਖਾਲਸਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਸੁਖਮਨ ਸਿੰਘ ਅਤੇ ਭਾਈ ਗੁਰਦਿੱਤ ਸਿੰਘ ਫਗਵਾੜਾ ਵਾਲੇ, ਭਾਈ ਰੌਣਕ ਸਿੰਘ ਰਾਗੀ ਫਗਵਾੜਾ ਵਾਲੇ ਤੋਂ ਇਲਾਵਾ ਨਿਰਮਲ ਕੌਰ ਡੋਗਰਪੁਰ ਵਾਲੀਆਂ ਬੀਬੀਆਂ ਦੇ ਢਾਡੀ ਜੱਥੇ ਵੱਲੋਂ ਸੰਗਤਾਂ ਨੂੰ ਕਥਾ-ਕੀਰਤਨ ਸਰਵਣ ਕਰਵਾਇਆ ਜਾਵੇਗਾ ਅਤੇ ਢਾਡੀ ਵਾਰਾਂ ਰਾਹੀਂ ਗੁਰ ਇਤਿਹਾਸ ਨਾਲ ਜੋੜਿਆ ਜਾਵੇਗਾ। ਚਾਹ ਪਕੌੜੇ ਅਤੇ ਲੰਗਰ ਦੀ ਸੇਵਾ ਅਤੁੱਟ ਵਰਤਾਈ ਜਾਵੇਗੀ। ਉਹਨਾਂ ਦੱਸਿਆ ਕਿ ਮਹਾਨ ਕੀਰਤਨ ਦਰਬਾਰ ਦੀਆਂ ਤਿਆਰੀਆਂ ਅੰਤਮ ਦੌਰ ਵਿੱਚ ਹਨ। ਇਸ ਮੌਕੇ ਗੁਰਮੀਤ ਸਿੰਘ ਜੀਤਾ, ਜਤਿੰਦਰ ਸਿੰਘ ਖਾਲਸਾ, ਦਲਜੀਤ ਸਿੰਘ ਕਾਲਾ, ਮਹਿੰਗਾ ਸਿੰਘ, ਅਮਰੀਕ ਸਿੰਘ ਰਿਟਾ. ਐੱਸ ਡੀ ਓ, ਮਲਕੀਤ ਸਿੰਘ ਨਿੱਕਾ, ਸਤਨਾਮ ਸਿੰਘ, ਰੇਸ਼ਮ ਸਿੰਘ ਬਸੂਟਾ, ਸਤਵਿੰਦਰ ਸਿੰਘ ਬਿੱਲਾ, ਗੁਰਨਾਮ ਸਿੰਘ ਰਿਟਾ. ਹੈੱਡ ਮਾਸਟਰ ਆਦਿ ਹਾਜ਼ਰ ਸਨ।

# 'ਸ਼ਫ਼ਰ ਏ ਸ਼ਹਾਦਤ' ਦੇ ਚੱਲਦਿਆਂ ਬੱਚਿਆਂ ਨੂੰ ਦਿਖਾਈ ਚਾਰ ਸਾਹਿਬਜ਼ਾਦੇ ਫਿਲਮ

**ਮਹਿਤਪੁਰ (ਰਾਜਾ)**- ਏਕਮ ਪਬਲਿਕ ਸਕੂਲ ਮਹਿਤਪੁਰ ਵਿੱਚ ਸਫ਼ਰ ਇਹ ਸ਼ਹਾਦਤ ਦੇ ਚਲਦਿਆਂ ਸਕੂਲ ਵਿੱਚ ਸਪੈਸ਼ਲ ਅਸੈਂਬਲੀ ਕਰਵਾਈ ਗਈ। ਪ੍ਰੋਗਰਾਮ ਦੀ ਸ਼ੁਰੂਆਤ ਛੇਵੀਂ ਕਲਾਸ ਦੀਆਂ ਵਿਦਿਆਰਥਣਾਂ ਵੱਲੋਂ ਸ਼ਬਦ ਗਾਇਨ ਨਾਲ ਕੀਤੀ ਗਈ।




ਉਸ ਤੋਂ ਮਗਰੋਂ ਚੌਥੀ ਕਲਾਸ ਦੀ ਵਿਦਿਆਰਥਣ ਐਮਰੀਨ ਕੌਰ ਵੱਲੋਂ ਸਿੱਖ ਇਤਿਹਾਸ ਨਾਲ ਸੰਬੰਧਿਤ ਆਪਣੇ ਵਿਚਾਰ ਸਾਂਝੇ ਕੀਤੇ ਗਏ। ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਯਾਦ ਕਰਦਿਆਂ ਚੌਥੀ ਕਲਾਸ ਦੀਆਂ ਵਿਦਿਆਰਥਣਾਂ ਹਰਗੁਨ ਕੌਰ ਅਤੇ ਦਵਿੰਦਰਪ੍ਰੀਤ ਕੌਰ ਵੱਲੋਂ ਕਵਿਤਾ ਪੇਸ਼ ਕੀਤੀ ਗਈ। ਇਸੇ ਪ੍ਰਕਾਰ ਤੀਸਰੀ ਜਮਾਤ ਦੀਆਂ ਵਿਦਿਆਰਥਣਾਂ, ਜਿਨਾਂ ਵਿੱਚ ਹਰਕੀਰਤ ਕੌਰ, ਜਾਨਵੀ ਅਤੇ ਸੁਖਮਨਪ੍ਰੀਤ ਕੌਰ ਵੱਲੋਂ ਸ਼ਬਦ ਪੇਸ਼ ਕੀਤਾ ਗਿਆ।ਇਸ ਮੌਕੇ ਸਕੂਲ ਅਧਿਆਪਕਾ ਮਲਕੀਤ ਕੌਰ ਵੱਲੋਂ ਬੱਚਿਆਂ ਨੂੰ ਸਿੱਖ ਇਤਿਹਾਸ ਬਾਰੇ ਜਾਣਕਾਰੀ ਦਿੱਤੀ ਗਈ।ਸਟੇਜ ਸੰਚਾਲਨ ਮੈਡਮ ਨਿਧੀ ਵਲੋਂ ਕੀਤਾ ਗਿਆ।ਇਸ ਦੇ ਨਾਲ ਹੀ ਚਰਨਜੀਤ ਕੌਰ, ਗੁਰਜੀਤ ਕੌਰ, ਨਵਦੀਪ ਕੌਰ, ਅਨਰੂਪ ਕੌਰ, ਪ੍ਰੀਆ, ਅਮਨਦੀਪ ਕੌਰ, ਅਕਵਿੰਦਰ ਕੌਰ ਅਤੇ ਪੰਜਵੀਂ ਜਮਾਤ ਦੇ ਵਿਦਿਆਰਥੀ ਗੁਰਫਤਿਹ ਸਿੰਘ ਵੱਲੋਂ 'ਵਾਟਾਂ ਲੰਮੀਆਂ ਤੇ ਰਸਤਾ ਪਹਾੜ ਦਾ' ਸ਼ਬਦ ਗਾਇਨ ਕੀਤਾ ਗਿਆ। ਇਸ ਮੌਕੇ ਪੂਰਾ ਮਾਹੌਲ ਰੂਹਾਨੀਅਤ ਵਿੱਚ ਰੰਗਿਆ ਗਿਆ। ਜੈਕਾਰਿਆਂ ਦੀ ਆਵਾਜ਼ ਨਾਲ ਪੂਰਾ ਔਡੀਟੋਰੀਅਮ ਗੂੰਜ ਉੱਠਿਆ। ਉਪਰੋਕਤ ਜਾਣਕਾਰੀ ਸਕੂਲ ਡਾਇਰੈਕਟਰ ਨਿਰਮਲ ਸਿੰਘ ਥਿੰਦ ਅਤੇ ਪ੍ਰਿੰਸੀਪਲ ਸ਼੍ਰੀਮਤੀ ਅਮਨਦੀਪ ਕੌਰ ਵੱਲੋਂ ਸਾਂਝੇ ਤੌਰ ਤੇ ਦਿੱਤੀ ਗਈ। ਇਸ ਮੌਕੇ ਬੱਚਿਆਂ ਨੂੰ ਚਾਰ ਸਾਹਿਬਜ਼ਾਦੇ ਫਿਲਮ ਦਿਖਾਈ ਗਈ ਜਿਸ ਨੇ ਮਾਹੌਲ ਨੂੰ ਇੱਕ ਵੱਖਰਾ ਹੀ ਰੰਗ ਚਾੜ ਦਿੱਤਾ।ਇਸ ਮੌਕੇ ਸਕੂਲ ਮੈਨੇਜਮੈਂਟ ਤੋਂ ਦਲਜੀਤ ਸਿੰਘ,ਵਾਈਸ ਪ੍ਰਿੰਸੀਪਲ ਦਲਜੀਤ ਕੌਰ ਤੇ ਸਮਿਕਸ਼ਾ ਸ਼ਰਮਾ, ਬਲੌਕ ਹੈੱਡ ਦਵਿੰਦਰ ਨਾਹਰ ਅਤੇ ਨੇਹਾ ਭੱਲਾ, ਐਡਮਿਨ ਹੈੱਡ ਸਮੀਰ, ਮਾਈਕਲ ਅਤੇ ਬਾਕੀ ਸਭ ਅਧਿਆਪਕ ਮੌਜੂਦ ਸਨ।

## ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਅਸੈਂਬਲੀ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**-ਅਕਾਲ ਗਲੈਕਸੀ ਕਾਨਵੈਂਟ ਸਕੂਲ ਸਿੱਧੂਪੁਰ ਲੋਹੀਆਂ ਖਾਸ ਵਿਖੇ ਪ੍ਰਿੰਸੀਪਲ ਮੈਡਮ ਅਮਨਪ੍ਰੀਤ ਕੌਰ ਦੀ ਯੋਗ ਅਗਵਾਈ ਸਦਕਾ ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ ਜਿਸ ਦੌਰਾਨ ਸਕੂਲ



ਸੰਗੀਤ ਅਧਿਆਪਕ ਹਰਦੀਪ ਸਿੰਘ, ਰਾਜਨਪ੍ਰੀਤ ਸਿੰਘ ਅਤੇ ਸਕੂਲ ਵਿਦਿਆਰਥੀਆਂ ਦੁਆਰਾ ਸ਼ਬਦ ਗਾਇਨ ਕੀਤੇ ਗਏ, ਚੌਪਈ ਸਾਹਿਬ ਜੀ ਦੇ ਪਾਠ ਕੀਤੇ ਗਏ ਅਤੇ ਸਕੂਲ ਵਿਦਿਆਰਥੀਆਂ ਦੁਆਰਾ ਸਾਹਿਬਜ਼ਾਦਿਆਂ ਦੇ ਵਿਛੋੜੇ ਨੂੰ ਯਾਦ ਕਰਦਿਆਂ ਕਰੁਣਾਮਈ ਘੋੜੀਆਂ, ਕਵਿਸ਼ਰੀ, ਵਾਰ ਗਾਏ ਗਏ। ਪ੍ਰਸ਼ਨਾਵਲੀ ਪ੍ਰਤਿਯੋਗਿਤਾ ਆਯੋਜਿਤ ਕੀਤੀ ਗਈ। ਅਕੈਡਮਿਕ ਕੰਸਲਟੈਂਟ, ਕੋਆਰਡੀਨੇਟਰ ਦੀਪਿਕਾ ਦੁਆਰਾ ਬੱਚਿਆਂ ਨੂੰ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦ ਹੋ ਜਾਣ ਦੇ ਇਤਿਹਾਸ ਤੋਂ ਜਾਣੂ ਕਰਵਾਇਆ ਗਿਆ ਕਿ ਕਿਵੇਂ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਆਪਣਾ ਸਰਬੰਸ ਦੇਸ਼ ਲਈ ਵਾਰ ਦਿੱਤਾ। ਛੋਟੇ ਸਾਹਿਬਜ਼ਾਦਿਆਂ ਨੂੰ ਕਿਵੇਂ ਜਿਉਂਦਿਆਂ ਨੀਹਾਂ ਵਿੱਚ ਚਿਣਵਾ ਦਿੱਤਾ ਗਿਆ। ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ ਅਤੇ ਅਰਦਾਸ ਉਪਰੰਤ ਸਾਰੇ ਸਟਾਫ਼ ਅਤੇ ਵਿਦਿਆਰਥੀਆਂ ਨੂੰ ਪ੍ਰਸ਼ਾਦ ਵੰਡਿਆ ਗਿਆ।

## ਨਵੇਂ ਸਭ-ਡਿਪੋ ਦੀ ਸਥਾਪਨਾ ਦੇ ਪ੍ਰਸਤਾਵ ਨੂੰ ਦਿੱਤੀ ਮਨਜ਼ੂਰੀ : ਵਿਜ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਟ੍ਰਾਂਸਪੋਰਟ ਮੰਤਰੀ ਅਨਿਲ ਵਿਜ ਨੇ ਕਿਹਾ ਕਿ ਨਵੰਬਰ, 2025 ਵਿੱਚ ਰਾਜ ਸਰਕਾਰ ਵੱਲੋਂ 11.57 ਕਰੋੜ ਰੁਪਏ ਦੀ ਲਾਗਤ ਨਾਲ ਕੋਸਲੀ ਵਿੱਚ ਇੱਕ ਨਵੇਂ ਸਭ-ਡਿਪੋ ਦੀ ਸਥਾਪਨਾ ਦੇ ਪ੍ਰਸਤਾਵ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਸ ਦੇ ਲਈ 92 ਨਵੀਂ ਅਸਾਮਿਆਂ ਦੀ ਮਨਜ਼ੂਰੀ ਵੀ ਪ੍ਰਦਾਨ ਕੀਤੀ ਗਈ ਹੈ। ਵਿਜ ਸੋਮਵਾਰ ਨੂੰ ਇੱਥੇ ਚੰਡੀਗੜ੍ਹ ਵਿੱਚ ਹਰਿਆਣਾ ਵਿਧਾਨਸਭਾ ਵਿੱਚ ਚਲ ਰਹੇ ਸ਼ਰਦ ਰੁੱਤ ਸ਼ੈਸ਼ਨ ਵਿੱਚ ਲੱਗੇ ਇੱਕ ਸੁਆਲ ਦਾ ਜਵਾਬ ਦੇ ਰਹੇ ਸਨ।ਟ੍ਰਾਂਸਪੋਰਟ ਮੰਤਰੀ ਨੇ ਕਿਹਾ ਕਿ ਕੋਸਲੀ ਵਿੱਚ ਇੱਕ ਸਭ-ਡਿਪੋ ਪੱਧਰ ਦੀ ਕਰਮਸ਼ਾਲਾ ਵੀ ਸਥਾਪਿਤ ਕੀਤੀ ਗਈ ਹੈ।

## ਬੈਂਕ ਦੀ ਨਵੀਂ ਬਣੀ ਇਮਾਰਤ 'ਚ ਸੁਖਮਨੀ ਸਾਹਿਬ ਦੇ ਅਖੰਡ ਪਾਠ ਕਰਵਾਏ



**ਬਲਾਚੌਰ (ਜਸਵਿੰਦਰ ਬੈਂਸ)**-ਸ਼ਹੀਦ ਭਗਤ ਸਿੰਘ ਦੇ ਪਿੰਡ ਰੈਲਮਾਜਰਾ ਵਿਖੇ ਪੰਜਾਬ ਨੈਸ਼ਨਲ ਬੈਂਕ ਬ੍ਰਾਂਚ ਰੈਲਮਾਜਰਾ ਦੀ ਨਵੀਂ ਬਣੀ ਇਮਾਰਤ ਦਾ ਉਦਘਾਟਨ ਪੰਜਾਬ ਨੈਸ਼ਨਲ ਬੈਂਕ ਜੋਨਲ ਦਫ਼ਤਰ ਅੰਮ੍ਰਿਤਸਰ ਦੇ ਜੋਨਲ ਮੈਨੇਜਰ ਸ੍ਰੀ ਅਮ੍ਰਿਤਾਵ ਆਨੰਦ ਤੇ ਸਰਕਲ ਹੈੱਡ ਕਪੂਰਥਲਾ ਦੇ ਸਰਕਲ ਹੈੱਡ ਹਰਿੰਦਰਪਾਲ ਸਿੰਘ ਚਾਵਲਾ ਦੇ ਵੱਲੋਂ ਸਮੁੱਚੀ ਪੰਜਾਬ ਨੈਸ਼ਨਲ ਬੈਂਕ ਦੀ ਟੀਮ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਅਖੰਡ ਪਾਠ ਦੇ ਭੋਗ ਤੋ ਬਾਅਦ ਸਾਂਝੇ ਤੌਰ 'ਤੇ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਦੇ ਵਜੋਂ ਉਦਘਾਟਨ ਸਮਾਰੋਹ ਤੇ ਪਹੁੰਚੇ ਪੰਜਾਬ ਨੈਸ਼ਨਲ ਬੈਂਕ ਦੇ ਜੋਨਲ ਮੈਨੇਜਰ ਅਮ੍ਰਿਤਾਵ ਆਨੰਦ ਦੇ ਵੱਲੋਂ ਬੈਂਕ ਦੇ ਸਮਾਰੋਹ ਦੌਰਾਨ ਸ਼ਾਮਿਲ ਹੋਏ ਸਮੁੱਚੇ ਇਲਾਕੇ ਦੇ ਗ੍ਰਾਹਕਾ ਤੇ ਲੋਕਾਂ ਨੂੰ ਵਿਧਾਈ ਦਿੰਦਿਆਂ ਕਿਹਾ ਕਿ ਪੰਜਾਬ ਨੈਸ਼ਨਲ ਬੈਂਕ ਇੱਕ ਅਜਿਹਾ ਬੈਂਕ ਹੈ ਜੋ ਹਰ ਗ੍ਰਾਹਕ ਦੀ ਹਰ ਸਮੇਂ ਮਦਦ ਕਰਦਾ ਹੈ ਜਿਸ ਦੀਆਂ ਵੱਧ ਤੋਂ ਵੱਧ ਸਰਕਾਰੀ ਸਕੀਮਾਂ ਤੇ ਡਿਜਟਲ ਸਕੀਮਾਂ ਦਾ ਹਰ ਕਾਰੋਬਾਰੀ ਤੇ ਗ੍ਰਾਹਕ ਨੂੰ ਲਾਭ ਪ੍ਰਦਾਨ ਕਰਨਾ ਚਾਹੀਦਾ ਹੈ ਉਨ੍ਹਾਂ ਨੇ ਕਿਹਾ ਪੰਜਾਬ ਨੈਸ਼ਨਲ ਬੈਂਕ ਦੀ ਪੰਜਾਬ ਦੀ ਕਿਸੇ ਵੀ ਬ੍ਰਾਂਚ ਵਿੱਚ ਜਾਂ ਕਿ ਤੁਸੀ ਆਪਣਾ ਖਾਤਾ ਖਲਵਾ ਸਕਦੇ ਹੋ ਜਿਸ ਦੇ ਨਾਲ ਸਾਨੂੰ ਵੱਖ ਵੱਖ ਸਕੀਮਾਂ ਦਾ ਲਾਭ ਪ੍ਰਾਪਤ ਹੋਵੇਗਾ।

## ਔਰਤਾਂ ਦੀ ਆਰਥਿਕ ਸੁਰੱਖਿਆ ਤੇ ਸਸ਼ਕਤੀਕਰਨ ਮਾਨ ਸਰਕਾਰ ਦੀ ਪ੍ਰਮੁੱਖ ਤਰਜੀਹ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਸੂਬੇ ਦੀਆਂ ਔਰਤਾਂ ਨੂੰ ਆਤਮ-ਨਿਰਭਰ ਅਤੇ ਸਸ਼ਕਤ ਬਣਾਉਣ ਲਈ ਵਚਨਬੱਧ ਹੈ। ਇਸ ਦਿਸ਼ਾ ਵਿੱਚ ਵੱਡਾ ਕਦਮ ਚੁੱਕਦੇ ਹੋਏ ਪੰਜਾਬ ਸਰਕਾਰ ਵੱਲੋਂ ਵਿਧਵਾ ਅਤੇ ਨਿਆਸ਼ਰਿਤ ਔਰਤਾਂ ਨੂੰ ਹੁਣ ਤੱਕ 895 ਕਰੋੜ ਰੁਪਏ ਤੋਂ ਵੱਧ ਦੀ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਚੁੱਕੀ ਹੈ। ਇਹ ਜਾਣਕਾਰੀ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦਿੱਤੀ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਕਿਹਾ ਕਿ ਚਾਲੂ ਵਿੱਤੀ ਸਾਲ ਦੌਰਾਨ ਹੁਣ ਤੱਕ ਸੂਬੇ ਦੀਆਂ 6 ਲੱਖ 75 ਹਜ਼ਾਰ 857 ਯੋਗ ਲਾਭਪਾਤਰੀ ਔਰਤਾਂ ਨੂੰ ਇਹ ਵਿੱਤੀ ਸਹਾਇਤਾ ਨਿਯਮਿਤ ਤੌਰ 'ਤੇ ਪ੍ਰਦਾਨ ਕੀਤੀ ਜਾ ਰਹੀ ਹੈ, ਜਿਸ ਨਾਲ ਲੱਖਾਂ ਪਰਵਾਰਾਂ ਨੂੰ ਆਰਥਿਕ ਸਹਾਰਾ ਮਿਲ ਰਿਹਾ ਹੈ।

# 19 ਸਕੂਲੀ ਵਾਹਨਾਂ ਦੀ ਚੈਕਿੰਗ, ਦੋ ਸਕੂਲ ਬੱਸਾਂ ਦੇ ਕਟੇ ਚਲਾਨ

**ਨਵਾਂਸ਼ਹਿਰ, (ਜਸਵਿੰਦਰ ਬੈਂਸ,ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਹੁਕਮਾ ਤਹਿਤ ਤੇ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਤੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਜਗਰੂਪ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਦੀ ਅਗਵਾਈ ਹੇਠ ਟੀਮ ਦੇ ਸਹਿਯੋਗ ਨਾਲ ਸਾਂਝੇ ਤੌਰ 'ਤੇ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਨਵਾਂਸ਼ਹਿਰ ਜ਼ਿਲ੍ਹੇ ਵਿਚ ਸਕੂਲੀ ਵਾਹਨਾ ਦੀ ਚੈਕਿੰਗ ਕੀਤੀ ਗਈ ਅਤੇ ਸਕੂਲੀ ਬਸਾਂ ਦੇ ਡਰਾਈਵਰਾਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਸ਼ਰਤਾਂ ਬਾਰੇ ਜਾਣੂੰ ਕਰਵਾਇਆ ਗਿਆ। ਚੈਕਿੰਗ ਦੌਰਾਨ ਮਾਤਾ ਪ੍ਰਕਾਸ਼ ਕੌਰ ਪਬਲਿਕ ਸਕੂਲ, ਦੁਆਬਾ ਸਿੱਖ ਨੈਸ਼ਨਲ ਪਬਲਿਕ ਸਕੂਲ,ਪੀ ਐੱਸ ਪ੍ਰੈਜੀਡੈਂਸੀ ਸਕੂਲ ਅਤੇ ਕੈਂਬਰਿਜ ਇੰਟਰਨੈਸ਼ਨਲ ਸਕੂਲ ਦੀਆਂ ਬੱਸਾਂ ਵੀ ਸ਼ਾਮਲ ਸਨ। ਇਸ ਮੁਹਿੰਮ ਦੌਰਾਨ ਤਕਰੀਬਨ 6 ਸਕੂਲਾਂ ਦੀਆਂ ਕੁੱਲ 19 ਸਕੂਲੀ ਬੱਸਾਂ ਦੇ ਦਸਤਾਵੇਜ ਚੈੱਕ ਕੀਤੇ ਗਏ ਅਤੇ ਸੇਫ ਸਕੂਲ ਵਾਹਨ ਪਾਲਸੀ ਦੀਆਂ ਸ਼ਰਤਾਂ ਦੀ ਉਲੰਘਣਾ ਕਰਨ ਵਾਲੀਆਂ 2 ਸਕੂਲੀ ਬੱਸਾਂ ਦੇ ਚਲਾਨ (ਫਸਟ ਐਡ ਬਾਕਸ ਵਿਚ ਲੋੜੀਂਦੀ ਦਵਾਈਆਂ ਨਾ ਮਿਲਣ ਕਾਰਨ, ਸਕੂਲ ਬੱਸ ਦੇ ਡਰਾਈਵਰ ਦਾ ਯੂਨੀਫੋਰਮ ਨਾ ਪਾਉਣ ਕਰਕੇ ਅਤੇ ਸੀਟ ਬੈਲਟ ਨਾ ਲਗਾਉਣ ਕਾਰਨ) ਵੀ ਕੀਤੇ ਗਏ।ਇਸ ਮੌਕੇ ਟੀਮ ਵਲੋਂ ਸਕੂਲੀ ਵਾਹਨਾਂ ਦੇ ਡਰਾਈਵਰਾਂ ਨੂੰ ਇਹ ਗੱਲ ਸਪੱਸ਼ਟ ਕੀਤੀ ਗਈ ਕਿ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਵੱਲੋਂ ਸਮੇ-ਸਮੇ ਤੇ ਸਕੂਲ ਦੇ ਪ੍ਰਿੰਸੀਪਲਾਂ ਅਤੇ ਸਕੂਲ ਵਾਹਨਾ ਦੇ ਡਰਾਈਵਰਾਂ ਨੂੰ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਜਿਵੇ ਕਿ ਸੀ.ਸੀ ਟੀ. ਵੀ. ਕੈਮਰਾ, ਖਿੜਕੀ ਤੇ ਲੋਹੇ ਦੀ ਗਰਿਲ, ਫਸਟ ਐਡ ਬਾਕਸ, ਲੇਡੀ ਕੰਡਕਟਰ, ਬਸ ਡਰਾਈਵਰ ਦਾ ਸਕੂਲ ਯੂਨੀਫੋਮ ਵਿੱਚ ਹੋਣਾ, ਸੀਟ ਬੈਲਟ ਲਗਾਣਾ, ਕਪੈਸਿਟੀ ਤੋਂ ਵੱਧ ਬੱਚੇ ਸਕੂਲ ਬੱਸ ਵਿੱਚ ਨਾ ਬਿਠਾਣਾ ਆਦਿ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਤੋ ਇਲਾਵਾ ਸਕੂਲ ਵਾਰਨ ਦੇ ਡਰਾਇਵਰਾ ਕੋਲ ਵਾਹਨ ਦੇ ਕਾਗਜਾਤ ਵੀ ਪੂਰੇ ਹੋਣੇ ਚਾਹੀਦੇ ਹਨ ਤਾਂ ਜੋ ਉਹਨਾ ਨੂੰ ਕਿਸੇ ਵੀ ਪ੍ਰਕਾਰ ਦੀ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।



# ਕਲਾਸ ਫੋਰ ਗੌ: ਇੰਪ: ਯੂਨੀਅਨ ਦੇ ਆਗੂਆਂ ਦੀ ਸਕੱਤਰ-ਕਮ-ਡਾਇਰੈਕਟਰ ਨਾਲ ਹੋਈ ਮੀਟਿੰਗ ਤੇ ਤਸੱਲੀ ਦਾ ਪ੍ਰਗਟਾਵਾ

**ਚੰਡੀਗੜ੍ਹ (ਨ ਜ ਸ)**- ਇੱਥੇ ਅਨਾਜ ਭਵਨ ਸੈਕਟਰ 39-ਸੀ ਚੰਡੀਗੜ੍ਹ ਵਿਖੇ ਸਥਿਤ ਦਫਤਰ ਖੁਰਾਕ ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਵਿਭਾਗ ਵਿਖੇ ਦੀ ਕਲਾਸ ਫੋਰ ਗੌ: ਇੰਪ: ਯੂਨੀਅਨ ਪੰਜਾਬ ਦੇ ਪ੍ਰਮੁੱਖ ਆਗੂਆਂ ਦੀ ਮੀਟਿੰਗ ਮਾਨਯੋਗ ਵਰਿੰਦਰ ਕੁਮਾਰ ਸਰਮਾਂ, ਸਕੱਤਰ -ਕਮ- ਡਾਇਰੈਕਟਰ, ਖੁਰਾਕ , ਸਿਵਲ ਸਪਲਾਈਜ਼ ਵਿਭਾਗ ਪੰਜਾਬ ਨਾਲ ਕਮੇਟੀ ਰੂਮ ਵਿਖੇ ਹੋਈ ਮੀਟਿੰਗ ਵਿੱਚ ਦਰਜਾ-4 /ਪੀ ਆਰ ਚੌਕੀਦਾਰਾਂ/ ਰੈਗੂਲਰ ਚੌਕੀਦਾਰਾਂ ਅਤੇ ਆਊਟ ਸੋਰਸ ਸਕਿਉਰਟੀ ਗਾਰਡਾਂ ਦੀਆਂ ਲੰਮੇਂ ਸਮੇਂ ਤੋਂ ਲਟਕ ਅਵਸਥਾ ਵਿੱਚ ਪਈਆਂ ਮੰਗਾਂ/ਮੁਸ਼ਕਲਾਂ ਸਬੰਧੀ ਵਿਸਥਾਰ ਪੂਰਵਕ ਵਿਚਾਰ ਵਟਾਂਦਰਾ ਹੋਇਆ ਅਤੇ ਕਾਫੀ ਮੰਗਾਂ ਦਾ ਨਿਪਟਾਰਾ ਮਾਨਯੋਗ ਸਕੱਤਰ-ਕਮ- ਡਾਇਰੈਕਟਰ ਸਾਹਿਬ ਵੱਲੋਂ ਮੌਕੇ 'ਤੇ ਹੀ ਕਰ ਦਿੱਤਾ ਗਿਆ ਜਿਵੇਂ ਕਿ ਆਊਟ ਸੋਰਸ ਪ੍ਰਣਾਲੀ ਖਤਮ ਕਰਕੇ ਸਕਿਉਰਟੀ ਗਾਰਡਾਂ ਨੂੰ ਵਿਭਾਗ ਵਿੱਚ ਖਪਾ ਕੇ ਪੱਕਾ ਕਰਨ ਸਬੰਧੀ ਪੰਜਾਬ ਸਰਕਾਰ ਵੱਲੋਂ ਮੰਗੇ ਜਾ ਰਹੇ ਵੇਰਵੇ ਜਲਦੀ ਭੇਜਣਾ,ਸਕਿਉਰਟੀ ਗਾਰਡਾਂ ਦੀਆਂ ਤਨਖਾਹਾਂ ਬੈਂਕਾਂ ਰਾਹੀਂ ਸਮੇਂ ਸਿਰ ਦੇਣਾ ਯਕੀਨੀ ਬਣਾਉਣਾ, ਠੇਕਾ ਕੰਪਨੀਆਂ ਵੱਲ ਬਕਾਇਆ ਖੜ੍ਹਾ ਈ ਪੀ ਐਫ ਕਰਮਚਾਰੀਆਂ ਦੇ ਖਾਤਿਆਂ 'ਚ ਜਲਦੀ ਪਵਾਉਣਾ ਆਦਿ ਮੰਗਾਂ ਸਬੰਧੀ ਮੀਟਿੰਗ ਵਿੱਚ ਵਿਭਾਗ ਵੱਲੋਂ ਜਿਤੇਸ਼ ਬਜਾਜ ਡਿਪਟੀ ਡਾਇਰੈਕਟਰ, ਸੰਜੀਵ ਕੁਮਾਰ ਸਹਾਇਕ ਡਾਇਰੈਕਟਰ, ਗੁਰਿੰਦਰ ਸਿੰਘ ਸ਼ਾਮਲ ਸਨ। ਯੂਨੀਅਨ ਵੱਲੋਂ ਸੂਬਾ ਸਬ ਕਮੇਟੀ ਦੇ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਜਨਰਲ ਸਕੱਤਰ ਬਲਜਿੰਦਰ ਸਿੰਘ, ਅਡੀ:ਜਨਰਲ ਸਕੱਤਰ ਹੰਸ ਰਾਜ ਦੀਦਾਰਗੜ੍ਹ, ਜਨਰਲ ਖਜਾਨਚੀ ਚੰਦਨ ਸਿੰਘ ਚੰਡੀਗੜ੍ਹ,ਖਜਾਨਚੀ ਪ੍ਰਮਜੀਤ ਸਿੰਘ ਮਲੋਟ,ਮੀਤ ਪ੍ਰਧਾਨ ਰਵੀ ਰਾਮਪੁਰਾ,ਮੀਤ ਪ੍ਰਧਾਨ ਗੁਰਮੀਤ ਸਿੰਘ ਮਿੱਡਾ,ਸਿੰਦਰ ਪਾਲ ਮੁਕਤਸਰ ਸਾਹਿਬ,ਰਣਜੀਤ ਸਿੰਘ ਰਾਜਾ ਕਰਤਾਰਪੁਰ ਸਾਹਿਬ,ਤਰਸੇਮ ਸਿੰਘ ਅਤੇ ਸੁਖਵਿੰਦਰ ਸਿੰਘ ਫਰੀਦਕੋਟ,ਹਰਪ੍ਰੀਤ ਸਿੰਘ ਅਤੇ ਲਵਪ੍ਰੀਤ ਸਿੰਘ ਗੁਰਦਾਸਪੁਰ ਸਮੇਤ ਡੇਡ ਦਰਜਨ ਆਗੂ ਸ਼ਾਮਲ ਹੋਏ।



## ਹੈਫੇਡ ਫੀਡ ਪਲਾਂਟ ਨੂੰ ਸ਼ਹਿਰ ਤੋਂ ਬਾਹਰ ਟ੍ਰਾਂਸਫਰ ਕਰਨ ਦਾ ਫੈਸਲਾ : ਸ਼ਰਮਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਸਹਿਕਾਰਤਾ ਮੰਤਰੀ ਡਾ. ਅਰਵਿੰਦ ਸ਼ਰਮਾ ਨੇ ਕਿਹਾ ਕਿ ਰੋਹਤਕ ਸਥਿਤ ਹੈਫੇਡ ਫੀਡ ਪਲਾਂਟ ਨੂੰ ਸ਼ਹਿਰ ਤੋਂ ਬਾਹਰ ਟ੍ਰਾਂਸਫਰ ਕਰਨ ਦਾ ਫੈਸਲਾ ਕੀਤਾ ਹੈ। ਮੌਜੂਦਾ ਫੀਡ ਪਲਾਂਟ ਨੂੰ ਆਈਐਮਟੀ ਰੋਹਤਕ ਸਥਿਤ ਮੇਗਾ ਫੂਡ ਪਾਰਕ ਵਿੱਚ ਟ੍ਰਾਂਸਫਰ ਕਰਨ ਇੱਕ ਨਵਾਂ, ਆਧੁਨਿਕ ਪਸ਼ੂ ਚਾਰਾ ਪਲਾਂਟ ਸਥਾਪਿਤ ਕੀਤਾ ਜਾਵੇਗਾ।

## ਅਸੰਧ ਦੇ ਹਸਪਤਾਲ 'ਚ ਟਰਾਮਾ ਕੇਅਰ ਦੀ ਸਹੂਲਤ ਵੀ ਸ਼ੁਰੂ ਕੀਤੀ ਜਾਵੇਗੀ : ਸਿਹਤ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੀ ਸਿਹਤ ਮੰਤਰੀ ਆਰਤੀ ਸਿੰਘ ਰਾਓ ਨੇ ਦੱਸਿਆ ਕਿ ਕਰਨਾਲ ਜ਼ਿਲ੍ਹਾ ਦੇ ਅਸੰਧ ਵਿੱਚ ਜਿਸ 100 ਬਿਸਤਰੇ ਦਾ ਹਸਪਤਾਲ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਉਸੀ ਵਿੱਚ ਲੇਵਲ-3 ਟ੍ਰਾਮਾ ਕੇਅਰ ਦੀ ਸਹੂਲਤ ਵੀ ਸ਼ੁਰੂ ਹੋ ਜਾਵੇਗੀ। ਸਿਹਤ ਮੰਤਰੀ ਸੋਮਵਾਰ ਨੂੰ ਹਰਿਆਣਾ ਵਿਧਾਨਸਭਾ ਦੇ ਸਰਦੀ ਰੁੱਤ ਸੈਸ਼ਨ ਦੌਰਾਨ ਸਦਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਸੁਆਲ ਦਾ ਜਵਾਬ ਦੇ ਰਹੇ ਸਨ।

# ਖ਼ੂਨਦਾਨ ਤੇ ਫਰੀ ਮੈਡੀਕਲ ਚੈੱਕਅੱਪ ਕੈਂਪ ਲਗਾਇਆ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਅਤੇ ਕਾਰਜਕਾਰੀ ਚੇਅਰਮੈਨ ,ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ ਏ ਐੱਸ ਨਗਰ ਜੀਆਂ ਦੇ ਪ੍ਰਾਪਤ ਹਦਾਇਤਾ ਅਤੇ ਮਾਨਯੋਗ ਜਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਸ਼ਹੀਦ ਭਗਤ ਸਿੰਘ ਨਗਰ ਸ੍ਰੀਮਤੀ ਪ੍ਰਿਆ ਸੂਦ ਜੀਆਂ ਦੇ ਪ੍ਰਾਪਤ ਦਿਸ਼ਾਂ ਨਿਰਦੇਸ਼ਾਂ ਤਹਿਤ ਸੀ.ਜੇ.ਐਮ -ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਬੀ.ਐਸ. ਨਗਰ ਡਾ.ਅਮਨਦੀਪ ਜੀਆਂ ਦੀ ਅਗਵਾਈ ਹੇਠ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋ ਬਲੱਡ ਬੈਂਕ ਸਿਵਲ ਹਸਪਤਾਲ ਬੰਗਾ ਅਤੇ ਸਿਵਲ ਹਸਪਤਾਲ ਨਵਾਂਸਹਿਰ ਦੇ ਸਹਿਯੋਗ ਨਾਲ ਨਵੀ ਕੋਰਟ ਕੰਪਲੈਕਸ ਸ ਭ ਸ ਨਗਰ ਵਿਖੇ 'ਯੂਥ ਅਗੇਂਸਟ ਡਰੱਗਜ਼' ਮੁਹਿੰਮ ਤਹਿਤ ਸਵੈ-ਇੱਛੁਕ ਖੂਨਦਾਨ ਅਤੇ ਫਰੀ ਮੈਡੀਕਲ ਚੈਕਅੱਪ ਕੈਂਪ ਲਗਾਇਆ । ਇਸ ਮੌਕੇ ਨਿਆਇਕ ਅਧਿਕਾਰੀ, ਪ੍ਰਧਾਨ ਬਾਰ ਐਸੋਸੀਏਸ਼ਨ , ਸੈਕਟਰੀ ਬਾਰ ਐਸੋਸ਼ੀਏਸ਼ਨ, ਬਾਰ ਐਡਵੋਕੇਟ ਅਤੇ ਹੋਰ ਸਟਾਫ ਹਾਜ਼ਰ ਰਹੇ । ਇਸ ਮੌਕੇ ਖ਼ੂਨਦਾਨ ਕਰਨ ਵਾਲੇ ਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਗਿਆ। ਇਸ ਮੌਕੇ ਸੀ ਜੇ ਐੱਮ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ ਬੀ ਐੱਸ ਨਗਰ ਡਾ.ਅਮਨਦੀਪ ਵੱਲੋ ਦੱਸਿਆ ਗਿਆ ਕਿ ਜ਼ਿਲੇ ਵਿੱਚ ਨਸ਼ਿਆਂ ਦੇ ਖਿਲਾਫ ਇੱਕ ਵਿਸ਼ੇਸ਼ ਮੁਹਿੰਮ 'ਯੂਥ ਅਗੇਂਸਟ ਡਰੱਗਜ਼' ਦੀ ਸ਼ੁਰੂ ਕੀਤੀ ਹੈ ਜੋ ਕਿ ਮਿਤੀ 06.12.2025 ਤੋਂ ਸ਼ੁਰੂ ਕੀਤੀ ਗਈ ਹੈ ਅਤੇ ਮਿਤੀ 06.01.2026 ਤੱਕ ਚੱਲੇਗੀ ਜਿਸ ਦੇ ਤਹਿਤ ਸਵੈ-ਇੱਛੁਕ ਖ਼ੂਨਦਾਨ ਤੇ ਫਰੀ ਮੈਡੀਕਲ ਚੈਕਅੱਪ ਕੈਂਪ ਲਗਾਇਆ ਗਿਆ । ਇਸ ਮੌਕੇ ਬਲੱਡ ਬੈਂਕ ਸਿਵਲ ਹਸਪਤਾਲ ਬੰਗਾ ਅਤੇ ਸਿਵਲ ਹਸਪਤਾਲ ਨਵਾਂਸ਼ਹਿਰ ਦੇ ਟੀਮ ਮੈਂਬਰ ਹਾਜ਼ਰ ਰਹੇ ।




## ਬਿਜਲੀ ਬੋਰਡ ਦੀ ਸੋਨ ਤਮਗਾ ਜੇਤੂ ਹਾਕੀ ਟੀਮ ਦਾ ਸ਼ਾਨਦਾਰ ਸਵਾਗਤ



**ਮੋਹਾਲੀ (ਗੁਰਜੀਤ ਬਿੱਲਾ)**- ਪੀ. ਐਸ. ਪੀ. ਸੀ.ਐਲ. ਦੀ ਹਾਕੀ ਦੀ ਟੀਮ ਵੱਲੋਂ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਮੱਧ ਪ੍ਰਦੇਸ਼ ਦੇ ਜਬਲਪੁਰ ਵਿੱਚ ਫਾਈਨਲ ਮੈਚ ਮੁਕਾਬਲੇ ਵਿੱਚ ਗੋਲਡ ਕੱਪ ਜਿੱਤ ਕੇ ਲਿਆਂਦਾ। ਇਸ ਟੀਮ ਵਿੱਚ ਖੇਡ ਰਹੇ ਮੋਹਾਲੀ ਸਰਕਲ ਦੇ ਪ੍ਰਧਾਨ ਮੋਹਨ ਸਿੰਘ ਗਿੱਲ ਅਤੇ ਰਾਜੂ ਦਾ ਮੋਹਾਲੀ ਪਹੁੰਚਣ 'ਤੇ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਕੇਟ ਕੱਟ ਕੇ ਅਤੇ ਨੱਚ ਟੱਪ ਕੇ ਸਾਰੇ ਸਰਕਲ ਮੈਂਬਰਾਂ ਨੇ ਖੁਸ਼ੀ ਮਨਾਈ। ਬਿਜਲੀ ਬੋਰਡ ਹਾਕੀ ਦੀ ਟੀਮ ਵੱਲੋਂ ਗੋਲਡ ਕੱਪ ਜਿੱਤਣ ਦੀ ਖੁਸ਼ੀ ਵਿੱਚ ਪਾਵਰਕੌਮ ਸਰਕਲ ਮੋਹਾਲੀ ਅਤੇ ਐਮ ਦਫਤਰ ਵਲੋਂ ਕਰਵਾਏ ਗਏ ਇਸ ਸਮਾਰੋਹ ਵਿੱਚ ਮੁਹਾਲੀ ਸਰਕਲ ਦੇ ਮੈਂਬਰ ਵਲੋਂ ਰਾਜੂ ਅਤੇ ਸਰਕਲ ਪ੍ਰਧਾਨ ਮੋਹਨ ਸਿੰਘ ਗਿੱਲ ਨੇ ਹਿੱਸਾ ਲਿਆ ਜੋ ਕਿ ਇਸ ਹਾਕੀ ਟੀਮ ਦੇ ਮੁੱਖ ਖਿਡਾਰੀਆਂ ਵਿਚੋਂ ਹਨ। ਜਿੱਤ ਦੀ ਖੁਸ਼ੀ ਵਿੱਚ ਸਟਾਫ ਵੱਲੋਂ ਦੋਹਾਂ ਖਿਡਾਰੀਆਂ ਨੂੰ ਗਿਫ਼ਟ ਭੇਟ ਕੀਤੇ ਗਏ ਅਤੇ ਲੇਡੀ ਸਟਾਫ ਵੱਲੋਂ ਗਿੱਧਾ ਵੀ ਪਾਇਆ ਗਿਆ।ਇਸ ਸਮਾਰੋਹ ਵਿੱਚ ਵਿਸ਼ੇਸ਼ ਤੌਰ ਤੇ ਜਨਰਲ ਸਕੱਤਰ ਪੰਜਾਬਸੁਰਿੰਦਰਪਾਲ ਸਿੰਘ ਲਾਹੌਰੀਆ ਵੀ ਸ਼ਾਮਲ ਹੋਏ ਅਤੇ ਉਨ੍ਹਾਂ ਤੋਂ ਇਲਾਵਾ ਫੈਡਰੇਸ਼ਨ ਏਟਕ ਦੀ ਸਮੁੱਚੀ ਟੀਮ ਨੇ ਹਿੱਸਾ ਲਿਆ।ਓ ਅਤੇ ਐਮ ਦੇ ਵਧੀਕ ਨਿਗਰਾਨ ਇੰਜੀਨੀਅਰ ਮੁਨੀਸ਼ ਦੱਤਾ ਨੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।

# ਵਿਦਿਆਰਥੀਆਂ ਨੇ ਕਮਲਾ ਨਹਿਰੂ ਕਾਲਜ ਦਾ ਕੀਤਾ ਦੌਰਾ



**ਫਗਵਾੜਾ (ਡਾ ਰਮਨ)**- ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਘੁੰਮਣ ਦੇ ਵਿਦਿਆਰਥੀਆਂ ਲਈ ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ, ਫਗਵਾੜਾ ਵਿਖੇ ਇੱਕ ਵਿਦਿਅਕ ਫੇਰੀ ਦਾ ਪ੍ਰਬੰਧ ਕੀਤਾ ਗਿਆ ਸੀ, ਜਿਸ ਦਾ ਉਦੇਸ਼ ਸੀਨੀਅਰ ਸਕੂਲ ਦੇ ਵਿਦਿਆਰਥੀਆਂ ਨੂੰ ਅਕਾਦਮਿਕ ਐਕਸਪੋਜ਼ਰ ਅਤੇ ਕਰੀਅਰ ਜਾਗਰੂਕਤਾ ਪ੍ਰਦਾਨ ਕਰਨਾ ਸੀ। ਨੌਵੀਂ, ਦਸਵੀਂ, ਗਿਆਰਵੀਂ ਅਤੇ ਬਾਰ੍ਹਵੀਂ ਜਮਾਤ ਦੇ ਕੁੱਲ 65 ਵਿਦਿਆਰਥੀਆਂ ਨੇ ਚਾਰ ਅਧਿਆਪਕਾਂ ਦੇ ਨਾਲ ਇਸ ਦੌਰੇ ਵਿੱਚ ਹਿੱਸਾ ਲਿਆ।ਫੇਰੀ ਦੌਰਾਨ, ਵਿਦਿਆਰਥੀਆਂ ਨੇ ਕਾਲਜ ਦੇ ਵੱਖ-ਵੱਖ ਵਿਭਾਗਾਂ ਦੀ ਪੜਚੋਲ ਕੀਤੀ, ਜਿਸ ਵਿੱਚ ਲਾਇਬ੍ਰੇਰੀ, ਵਿਰਾਸਤ ਭਵਨ ਅਤੇ ਕੰਪਿਊਟਰ ਪ੍ਰਯੋਗਸ਼ਾਲਾਵਾਂ ਸ਼ਾਮਲ ਸਨ, ਜਿੱਥੇ ਉਨ੍ਹਾਂ ਨੂੰ ਉੱਚ ਸਿੱਖਿਆ ਸਰੋਤਾਂ ਅਤੇ ਸਿੱਖਣ ਦੇ ਵਾਤਾਵਰਣ ਬਾਰੇ ਸਮਝ ਪ੍ਰਾਪਤ ਹੋਈ। ਵਿਦਿਆਰਥੀਆਂ ਨੇ ਕਾਸਮੈਟੋਲੋਜੀ ਅਤੇ ਫੈਸ਼ਨ ਡਿਜ਼ਾਈਨਿੰਗ ਵਿਭਾਗਾਂ ਦੁਆਰਾ ਆਯੋਜਿਤ ਵਰਕਸ਼ਾਪਾਂ ਵਿੱਚ ਹਿੱਸਾ ਲਿਆ, ਜਿੱਥੇ ਉਨ੍ਹਾਂ ਨੂੰ ਵਿਹਾਰਕ ਸਿਖਲਾਈ ਦੇ ਨਾਲ-ਨਾਲ ਵਿਸ਼ੇ ਦਾ ਗਿਆਨ ਪ੍ਰਦਾਨ ਕੀਤਾ ਗਿਆ। ਇਕੱਠ ਨੂੰ ਸੰਬੋਧਨ ਕਰਦੇ ਹੋਏ ਡਾ. ਨੀਤੀ ਨੇ ਵਿਦਿਆਰਥੀਆਂ ਦੇ ਦ੍ਰਿਸ਼ਾਂ ਨੂੰ ਵਿਸ਼ਾਲ ਕਰਨ ਅਤੇ ਸੂਚਿਤ ਕਰੀਅਰ ਵਿਕਲਪ ਬਣਾਉਣ ਵਿੱਚ ਮਦਦ ਕਰਨ ਵਿੱਚ ਅਜਿਹੇ ਵਿਦਿਅਕ ਦੌਰਿਆਂ ਦੀ ਮਹੱਤਤਾ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਿਸ਼ਵਾਸ ਅਤੇ ਸਮਰਪਣ ਨਾਲ ਆਪਣੀਆਂ ਰੁਚੀਆਂ ਨੂੰ ਅੱਗੇ ਵਧਾਉਣ ਲਈ ਵੀ ਪ੍ਰੇਰਿਤ ਕੀਤਾ।

# ਏ ਆਈ ਤੇ 'ਦਾਸਤਾਨ-ਏ-ਸ਼ਹਾਦਤ' ਪ੍ਰਦਰਸ਼ਨੀ ਵਿਗਿਆਨ ਤੇ ਵਿਰਸੇ ਦਾ ਸੁਮੇਲ

**ਬਲਾਚੌਰ (ਜਸਵਿੰਦਰ ਬੈਂਸ)**

ਨਿਊ ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਸੜੋਆ ਵਿੱਚ ਆਧੁਨਿਕ ਤਕਨਾਲੋਜੀ ਅਤੇ ਸਿੱਖ ਇਤਿਹਾਸ ਦੇ ਗੌਰਵਮਈ ਪੰਨਿਆਂ ਨੂੰ ਸਮਰਪਿਤ ਇੱਕ ਵਿਸ਼ੇਸ਼ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਜਿੱਥੇ ਵਿਦਿਆਰਥੀਆਂ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਵਰਕਿੰਗ ਮਾਡਲ ਪੇਸ਼ ਕੀਤੇ, ਉੱਥੇ ਹੀ 'ਦਾਸਤਾਨ-ਏ-ਸ਼ਹਾਦਤ' ਰਾਹੀਂ ਚਾਰੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸ਼ਰਧਾਂਜਲੀ ਭੇਟ ਕੀਤੀ। ?ਤਕਨਾਲੋਜੀ ਅਤੇ ਨਵੀਨਤਾ ਦੇ ਮਾਡਲ ?ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਨੇ ਆਪਣੀ ਵਿਗਿਆਨਕ ਸੋਚ ਦਾ ਪ੍ਰਦਰਸ਼ਨ ਕਰਦਿਆਂ ਕਈ ਅਹਿਮ ਮਾਡਲ ਤਿਆਰ ਕੀਤੇ, ਜਿਨ੍ਹਾਂ ਵਿੱਚ ਵਾਤਾਵਰਣ ਅਤੇ ਊਰਜਾ: ਰੇਨ ਵਾਟਰ ਹਾਰਵੇਸਟਿੰਗ, ਸੋਲਰ ਐਨਰਜੀ ਅਤੇ ਡੇਅ-ਨਾਈਟ ਮਾਡਲ। ਰੋਬੋਟਿਕਸ, ਵੈਕਿਊਮ ਕਲੀਨਰ, ਹਾਈਡ੍ਰੋਲਿਕ ਜੇਸੀਬੀ, ਲਿਫਟ ਅਤੇ ਏਟੀਐਮ ਮਸ਼ੀਨ।ਵਿਗਿਆਨਕ ਪ੍ਰਾਪਤੀਆਂ: ਚੰਦਰਯਾਨ-3 ਅਤੇ ਮਨੁੱਖੀ ਬਲੱਡ ਸਰਕੂਲੇਟ ਸਿਸਟਮ। ਸਮਾਰਟ ਸਿਟੀ: ਅਰਬਨ ਏਰੀਆ ਦੀਆਂ ਆਧੁਨਿਕ ਸੁਵਿਧਾਵਾਂ ਅਤੇ ਸਮਾਰਟ ਡੋਰਬੈਲ। ?ਵਿਰਸੇ ਅਤੇ ਸ਼ਹਾਦਤ ਦੀ ਝਲਕ ਵਿਦਿਆਰਥੀਆਂ ਨੇ ਚਾਰੇ ਸਾਹਿਬਜ਼ਾਦਿਆਂ—ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ, ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫਤਹਿ ਸਿੰਘ ਜੀ ਦੀ ਕੁਰਬਾਨੀ ਨੂੰ ਦਰਸਾਉਂਦੇ ਮਾਡਲ ਅਤੇ ਚਾਰਟ ਵੀ ਪੇਸ਼ ਕੀਤੇ। ਇਸ ਰਾਹੀਂ ਬੱਚਿਆਂ ਨੂੰ ਸਿੱਖ ਇਤਿਹਾਸ ਦੇ ਨੈਤਿਕ ਮੁੱਲਾਂ ਅਤੇ ਮਾਤਾ ਗੁਜਰੀ ਜੀ ਦੇ ਤਿਆਗ ਬਾਰੇ ਡੂੰਘੀ ਜਾਣਕਾਰੀ ਮਿਲੀ। ਪ੍ਰਿੰਸੀਪਲ ਨੇ ਇਹ ਪ੍ਰਦਰਸ਼ਨੀ ਬੱਚਿਆਂ ਦੇ ਆਤਮ-ਵਿਸ਼ਵਾਸ ਨੂੰ ਵਧਾਉਣ ਅਤੇ ਉਨ੍ਹਾਂ ਵਿੱਚ ਵਿਗਿਆਨਕ ਦ੍ਰਿਸ਼ਟੀਕੋਣ ਪੈਦਾ ਕਰਨ ਲਈ ਇੱਕ ਸਾਰਥਕ ਕਦਮ ਹੈ। ਇਸ ਮੌਕੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਰਿਹਾ, ਜਿਨ੍ਹਾਂ ਵਿੱਚ ਧਰਮਿੰਦਰ ਸਿੰਘ, ਪਰਵੀਨ ਕੌਸ਼ਲ, ਜੋਗੀਤਾ ਸ਼ਰਮਾ, ਸੰਦੀਪ ਕੌਰ, ਸੁਨੀਤਾ ਸ਼ਰਮਾ, ਹਰਦੀਪ ਕੁਮਾਰ, ਅਨੀਤਾ ਧੀਮਾਨ, ਰਾਜਕੁਮਾਰੀ, ਸਾਗਰ, ਵਿਸ਼ਾਲੀ, ਜੋਗਿੰਦਰ ਪਾਲ, ਸੁਖਪਾਲ, ਸਪਨਾ, ਕੁਲਵਿੰਦਰ ਕੌਰ, ਸੀਮਾ, ਹਰਪ੍ਰੀਤ, ਸੀਮਾ ਸ਼ਰਮਾ, ਗੁਰਦੀਪ ਕੌਰ ਆਦਿ ਸ਼ਾਮਲ ਸਨ।



ੴ ਵਾਹਿਗੁਰੂ ਜੀ ਕੀ ਫ਼ਤਹ॥

ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਅਤੇ ਸਤਿਕਾਰਯੋਗ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ

ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ

ਸਾਲਾਨਾ ਸ਼ਹੀਦੀ ਸਭਾ

ਮਿਤੀ ੧੧ ਤੋਂ ੧੪ ਪੋਹ, ਨਾਨਕਸ਼ਾਹੀ ਸੰਮਤ ੫੫੭ (25 ਤੋਂ 28 ਦਸੰਬਰ 2025)

ਪ੍ਰੋਗਰਾਮ

- ਸ੍ਰੀ ਅਖੰਡ ਪਾਠ ਸਾਹਿਬ:- 25 ਦਸੰਬਰ 2025 ਨੂੰ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ, ਜਿਸ ਦੇ ਭੋਗ 27 ਦਸੰਬਰ 2025 ਨੂੰ ਪੈਣਗੇ।
- ਧਾਰਮਿਕ ਦੀਵਾਨ:- 25 ਦਸੰਬਰ ਤੋਂ 28 ਦਸੰਬਰ 2025 ਤੀਕ ਲਗਾਤਾਰ ਦਿਨ-ਰਾਤ ਧਾਰਮਿਕ ਦੀਵਾਨ ਸਜਣਗੇ, ਜਿਸ ਵਿਚ ਪੰਥਕ ਸ਼ਖਸੀਅਤਾਂ, ਪ੍ਰਸਿੱਧ ਵਿਦਵਾਨ, ਰਾਗੀ ਜਥੇ, ਢਾਡੀ ਜਥੇ, ਕਵੀਸ਼ਰੀ ਜਥੇ ਅਤੇ ਪ੍ਰਚਾਰਕ ਸੰਗਤਾਂ ਨੂੰ ਗੁਰਬਾਣੀ ਕੀਰਤਨ ਤੇ ਗੁਰ-ਇਤਿਹਾਸ ਸਰਵਣ ਕਰਵਾਉਣਗੇ। 26 ਦਸੰਬਰ ਦੀ ਰਾਤ ਨੂੰ 9:00 ਵਜੇ ਤੋਂ ਵਿਸ਼ੇਸ਼ ਕਵੀ ਸਮਾਗਮ ਵੀ ਹੋਵੇਗਾ।
- ਨਗਰ ਕੀਰਤਨ:- 27 ਦਸੰਬਰ 2025 ਨੂੰ ਸਵੇਰੇ 9:00 ਵਜੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਨਗਰ ਕੀਰਤਨ ਆਰੰਭ ਹੋਵੇਗਾ, ਜਿਸ ਦੀ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਪੁੱਜਣ 'ਤੇ ਸੋਹਿਲਾ ਸਾਹਿਬ ਦੇ ਪਾਠ ਉਪਰੰਤ ਸਮਾਪਤੀ ਹੋਵੇਗੀ।
- ਅੰਮ੍ਰਿਤ ਸੰਚਾਰ:- 27 ਦਸੰਬਰ 2025 ਨੂੰ ਦੁਪਹਿਰ 12:00 ਵਜੇ ਅੰਮ੍ਰਿਤ ਸੰਚਾਰ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਸ੍ਰੀ ਦਰਬਾਰ ਸਾਹਿਬ ਜੀ ਦੀ ਉੱਪਰਲੀ ਮੰਜ਼ਿਲ 'ਤੇ ਹੋਵੇਗਾ।
- ਵਿਸ਼ੇਸ਼ ਕਥਾ:- ਸਾਹਿਬਜ਼ਾਦਿਆਂ ਦੇ ਲਾਸਾਨੀ ਜੀਵਨ ਤੇ ਸ਼ਹਾਦਤ ਦੇ ਅਦੁੱਤੀ ਸਫਰ ਦੀ ਕਥਾ 28 ਦਸੰਬਰ 2025 ਤੀਕ ਰੋਜ਼ਾਨਾ ਅੰਮ੍ਰਿਤ ਵੇਲੇ ਮੁੱਖ ਦਰਬਾਰ ਸਾਹਿਬ ਵਿਚ ਹੋਵੇਗੀ।

ਸੰਗਤ ਨੂੰ ਅਪੀਲ ਹੈ ਕਿ ਨਗਰ ਕੀਰਤਨ ਦੌਰਾਨ ਵਾਹਿਗੁਰੂ ਸਿਮਰਨ ਦਾ ਜਾਪ ਕਰਦਿਆਂ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ ਜਾਵੇ।

-ਗੁਰੂ ਪੰਥ ਦੇ ਦਾਸ-

ਸਮੂਹ ਅਹੁਦੇਦਾਰ ਤੇ ਮੈਂਬਰ ਸਾਹਿਬਾਨ

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ,

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਜਾਰੀ ਕਰਤਾ:- ਮੈਨੇਜਰ, ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ, ਜ਼ਿਲ੍ਹਾ ਸ੍ਰੀ ਫ਼ਤਹਿਗੜ੍ਹ ਸਾਹਿਬ।

25-Dec-PAGE-13.qxd 12/24/2025 11:50 PM Page 1



## ਪੁਲਸ ਅਕੈਡਮੀ ਫਿਲੌਰ ਵਿਖੇ ਸੈਮੀਨਾਰ 'ਚ ਸਿਸੋਦੀਆ ਤੇ ਅਮਨ ਅਰੋੜਾ ਨੇ ਲਿਆ ਹਿੱਸਾ



ਫਿਲੌਰ, (ਨਿਰਮਲ)-ਆਮ ਆਦਮੀ ਪਾਰਟੀ ਨੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ ਵਿਖੇ ਇੱਕ ਵੱਡਾ ਸੈਮੀਨਾਰ ਆਯੋਜਿਤ ਕੀਤਾ, ਜਿਸ ਵਿੱਚ ਪੰਜਾਬ ਭਰ ਤੋਂ 'ਆਪ' ਵਰਕਰਾਂ ਨੇ ਸ਼ਿਰਕਤ ਕੀਤੀ। ਆਮ ਆਦਮੀ ਪਾਰਟੀ ਦੇ ਇੰਚਾਰਜ ਮਨੀਸ਼ ਸਿਸੋਦੀਆ ਅਤੇ ਪੰਜਾਬ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਸੈਮੀਨਾਰ ਵਿੱਚ ਵਿਸ਼ੇਸ਼ ਮਹਿਮਾਨ ਸਨ। ਫਿਲੌਰ ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਸ ਅਕੈਡਮੀ ਵਿਖੇ ਪਹੁੰਚਣ 'ਤੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਅਤੇ ਹਲਕਾ ਕੋਆਰਡੀਨੇਟਰ ਡਾ. ਵੈਭਵ ਸ਼ਰਮਾ ਨੇ ਉਨ੍ਹਾਂ ਦਾ ਗੁਲਦਸਤੇ ਦੇ ਕੇ ਸਵਾਗਤ ਕੀਤਾ। ਮਨੀਸ਼ ਸਿਸੋਦੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਆਈ ਹੈ, ਉਦੋਂ ਤੋਂ ਹੀ ਨਸ਼ਿਆਂ ਵਿਰੁੱਧ ਨਿਰੰਤਰ ਮੁਹਿੰਮ ਚੱਲ ਰਹੀ ਹੈ, ਜਿਸ ਤਹਿਤ ਪੰਜਾਬ ਪੁਲਸ ਨੇ ਹੁਣ ਤੱਕ ਕਈ ਵੱਡੇ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਸੁੱਟਿਆ ਹੈ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਤੋਂ ਨਸ਼ੇ ਬਰਾਮਦ ਕੀਤੇ ਹਨ। ਆਪਣੇ ਸੰਬੋਧਨ ਵਿੱਚ ਅਮਨ ਅਰੋੜਾ ਨੇ ਕਿਹਾ ਕਿ ਇੱਕ ਨਵੀਂ ਯੋਜਨਾ 'ਪਿੰਡ ਕੇ ਪਹਿਰੇਦਾਰ' ਯੋਜਨਾ ਜਲਦੀ ਹੀ ਸ਼ੁਰੂ ਕੀਤੀ ਜਾਵੇਗੀ, ਜਿਸ ਤਹਿਤ ਹਰ ਪਿੰਡ ਵਿੱਚ ਗਾਰਡ ਨਿਯੁਕਤ ਕਰਕੇ ਨਸ਼ਿਆਂ ਦੀ ਦੁਰਵਰਤੋਂ ਨੂੰ ਜੜ੍ਹ ਤੋਂ ਖਤਮ ਕੀਤਾ ਜਾਵੇਗਾ। ਇਸ ਸਮਾਗਮ ਵਿੱਚ ਪੰਜਾਬ ਦੇ ਬੁਲਾਰੇ ਅਤੇ ਪੰਜਾਬ ਨਸ਼ਾ ਮੁਕਤੀ ਮੋਰਚਾ ਦੇ ਮੁਖੀ ਬਲਤੇਜ ਪੰਨੂ, ਦੋਆਬਾ ਨਸ਼ਾ ਮੁਕਤੀ ਮੋਰਚਾ ਦੇ ਮੁਖੀ ਨਯਨ ਛਾਬੜਾ, ਮਾਝਾ ਨਸ਼ਾ ਮੁਕਤੀ ਮੋਰਚਾ ਦੇ ਮੁਖੀ ਸੋਨੀਆ ਮਾਨ ਤੇ ਚਾਹਲ ਹਾਜ਼ਰ ਸਨ।

## ਕੈਬਨਿਟ ਮੰਤਰੀ ਨੇ ਵਾਰਡ ਨੰ. 56 'ਚ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ

ਜਲੰਧਰ (ਇਕਬਾਲ ਸਿੰਘ ਉੱਭੀ)

ਸ਼ਹਿਰ ਦੇ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਵੱਡਾ ਹੁਲਾਰਾ ਦਿੰਦਿਆਂ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਸ਼ਹਿਰ ਦੇ ਵਾਰਡ ਨੰ. 56 ਅਧੀਨ ਪੈਂਦੇ ਕ੍ਰਿਸ਼ਨਾ ਨਗਰ, ਹਰਬੰਸ ਨਗਰ ਅਤੇ ਜੇ ਪੀ ਨਗਰ ਵਿਖੇ 1.22 ਕਰੋੜ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ।ਕੈਬਨਿਟ ਮੰਤਰੀ ਨੇ ਕ੍ਰਿਸ਼ਨਾ ਨਗਰ ਵਿਖੇ 80 ਲੱਖ ਰੁਪਏ ਦੀ ਲਾਗਤ ਨਾਲ ਮੇਨ ਰੋਡ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ ਰੱਖਦਿਆਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਇਲਾਕਾ ਵਾਸੀਆਂ ਦੀ ਪ੍ਰਮੁੱਖ ਮੰਗ ਪੂਰੀ ਹੋਣ ਦੇ ਨਾਲ-ਨਾਲ ਆਉਣ-ਜਾਣ ਵਾਲੇ ਲੋਕਾਂ ਲਈ ਆਵਾਜਾਈ ਆਸਾਨ ਹੋਵੇਗੀ। ਭਗਤ ਵੱਲੋਂ ਇਸ ਮੌਕੇ ਇਲਾਕਾ ਵਾਸੀਆਂ ਲਈ ਮਨੋਰੰਜਨ ਸੁਵਿਧਾਵਾਂ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਜੇ.ਪੀ. ਨਗਰ, ਹਰਬੰਸ ਨਗਰ ਸਮੇਤ ਇਲਾਕੇ ਵਿੱਚ 42 ਲੱਖ ਰੁਪਏ ਦੀ ਲਾਗਤ ਨਾਲ ਪਾਰਕਾਂ ਦੇ ਨਵੀਨੀਕਰਨ ਦਾ ਕੰਮ ਦੀ ਸ਼ੁਰੂਆਤ ਵੀ ਕਰਵਾਈ ਗਈ। ਇਸ ਮੌਕੇ ਉਨ੍ਹਾਂ ਨਾਲ ਮੇਅਰ ਵਿਨੀਤ ਧੀਰ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮੁੱਖ ਮੰਤਰੀਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਮੇਅਰ ਵਿਨੀਤ ਧੀਰ ਨੇ ਕਿਹਾ ਕਿ ਇਨ੍ਹਾਂ ਵਿਕਾਸ ਕੰਮਾਂ ਦੇ ਮੁਕੰਮਲ ਹੋਣ ਨਾਲ ਇਲਾਕੇ ਦੇ ਲੋਕਾਂ ਲਈ ਜਿਥੇ ਸੜਕੀ ਸੰਪਰਕ ਬਿਹਤਰ ਹੋਵੇਗਾ ਅਤੇ ਪਾਰਕਾਂ ਦੇ ਨਵੀਨੀਕਰਨ ਨਾਲ ਇਲਾਕਾ ਵਾਸੀਆਂ ਨੂੰ ਸੈਰ ਆਦਿ ਲਈ ਬਿਹਤਰ ਸਹੂਲਤ ਮਿਲੇਗੀ।



## ਜਾਮੀਆ ਮਿਲੀਆ ਦਾ ਅਧਿਆਪਕ ਮੁਅੱਤਲ

ਨਵੀਂ ਦਿੱਲੀ : ਜਾਮੀਆ ਮਿਲੀਆ ਇਸਲਾਮੀਆ ਯੂਨੀਵਰਸਿਟੀ ਨੇ ਇੱਕ ਪ੍ਰੋਫੈਸਰ ਨੂੰ ਪ੍ਰੀਖਿਆ ਦੇ ਪ੍ਰਸ਼ਨ ਪੱਤਰ ਵਿੱਚ 'ਮੁਸਲਮਾਨਾਂ ਵਿਰੁੱਧ ਅੱਤਿਆਚਾਰ' ਬਾਰੇ ਸਵਾਲ ਪੁੱਛਣ ਦੇ ਦੋਸ਼ ਵਿੱਚ ਮੁਅੱਤਲ ਕਰ ਦਿੱਤਾ ਹੈ। ਯੂਨੀਵਰਸਿਟੀ ਪ੍ਰਸ਼ਾਸਨ ਨੇ ਇਹ ਕਾਰਵਾਈ ਸੋਸ਼ਲ ਮੀਡੀਆ 'ਤੇ ਪ੍ਰਸ਼ਨ ਪੱਤਰ ਦੀ ਫੋਟੋ ਵਾਇਰਲ ਹੋਣ ਅਤੇ ਭਾਰੀ ਹੰਗਾਮਾ ਹੋਣ ਤੋਂ ਬਾਅਦ ਕੀਤੀ ਹੈ।

ਬੀ ਏ (ਆਨਰਜ਼) ਸੋਸ਼ਲ ਵਰਕ ਦੇ ਪਹਿਲੇ ਸਮੈਸਟਰ ਦੀ ਪ੍ਰੀਖਿਆ ਦੌਰਾਨ 'ਭਾਰਤ ਵਿੱਚ ਸਮਾਜਿਕ ਸਮੱਸਿਆਵਾਂ' ਵਿਸ਼ੇ ਦੇ ਪੇਪਰ ਵਿੱਚ ਇਹ ਸਵਾਲ ਪੁੱਛਿਆ ਗਿਆ ਸੀ ਕਿ ਉਚਿਤ ਉਦਾਹਰਣਾਂ ਦਿੰਦੇ ਹੋਏ ਭਾਰਤ ਵਿੱਚ ਮੁਸਲਮਾਨਾਂ ਵਿਰੁੱਧ ਹੋ ਰਹੇ ਅੱਤਿਆਚਾਰਾਂ ਬਾਰੇ ਚਰਚਾ ਕਰੋ। ਯੂਨੀਵਰਸਿਟੀ ਦੇ ਰਜਿਸਟਰਾਰ ਦਫਤਰ ਵੱਲੋਂ ਜਾਰੀ ਕੀਤੇ ਗਏ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਪ੍ਰੋਫੈਸਰ ਨੇ ਆਪਣੀ ਜ਼ਿੰਮੇਵਾਰੀ ਨਿਭਾਉਣ ਵਿੱਚ ਲਾਪਰਵਾਹੀ ਵਰਤੀ ਹੈ ਅਤੇ ਅਜਿਹੇ ਸਵਾਲ ਵਿਦਿਆਰਥੀਆਂ ਦੇ ਮਨਾਂ ਵਿੱਚ ਨਕਾਰਾਤਮਕਤਾ ਪੈਦਾ ਕਰ ਸਕਦੇ ਹਨ। ਯੂਨੀਵਰਸਿਟੀ ਨੇ ਮਾਮਲੇ ਦੀ ਜਾਂਚ ਲਈ ਕਮੇਟੀ ਬਣਾ ਦਿੱਤੀ ਹੈ ਅਤੇ ਜਾਂਚ ਪੂਰੀ ਹੋਣ ਤੱਕ ਸੰਬੰਧਤ ਅਧਿਆਪਕ ਨੂੰ ਮੁਅੱਤਲ ਰੱਖਿਆ ਗਿਆ ਹੈ।

ਦੂਜੇ ਪਾਸੇ, ਵਿਦਿਆਰਥੀਆਂ ਦੇ ਇੱਕ ਹਿੱਸੇ ਅਤੇ ਕੁਝ ਅਕਾਦਮਿਕ ਮਾਹਰਾਂ ਨੇ ਇਸ ਕਾਰਵਾਈ ਨੂੰ ਅਕਾਦਮਿਕ ਆਜ਼ਾਦੀ ਦਾ ਘਾਣ ਦੱਸਿਆ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਸਮਾਜਿਕ ਮੁੱਦਿਆਂ 'ਤੇ ਚਰਚਾ ਕਰਨਾ ਪੜ੍ਹਾਈ ਦਾ ਹਿੱਸਾ ਹੈ ਅਤੇ ਇਸ ਲਈ ਪ੍ਰੋਫੈਸਰ ਨੂੰ ਸਜ਼ਾ ਦੇਣਾ ਗਲਤ ਹੈ। ਫਿਲਹਾਲ ਯੂਨੀਵਰਸਿਟੀ ਕੈਂਪਸ ਵਿੱਚ ਇਸ ਮੁੱਦੇ ਨੂੰ ਲੈ ਕੇ ਤਣਾਅਪੂਰਨ ਮਾਹੌਲ ਬਣਿਆ ਹੋਇਆ ਹੈ।

## 80 ਸਾਲ ਤੋਂ ਵੱਧ ਉਮਰ ਦੇ ਸੇਵਾ-ਮੁਕਤ ਅਧਿਆਪਕ ਸਨਮਾਨਤ

ਫਿਲੌਰ (ਨਿਰਮਲ)-ਫਿਲੌਰ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੀ ਫਿਲੌਰ ਇਕਾਈ ਵੱਲੋਂ ਸੀਨੀਅਰ ਪੈਨਸ਼ਨਰ ਨੂੰ ਸਨਮਾਨਤ ਕਰਨ ਸੰਬੰਧੀ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਸਮਾਗਮ ਦੌਰਾਨ ਮੁੱਖ ਮਹਿਮਾਨ ਪੁਸ਼ਪਿੰਦਰ ਪਠਾਨੀਆ ਖਜ਼ਾਨਾ ਅਫਸਰ ਫਿਲੌਰ ਵੱਲੋਂ ਹਾਜ਼ਰੀ ਲਗਵਾਈ ਗਈ ਜਿਸ ਦੌਰਾਨ ਉਨ੍ਹਾਂ ਵੱਲੋਂ ਸੀਨੀਅਰ ਪੈਨਸ਼ਨਰ ਜਿਨ੍ਹਾਂ ਵਿੱਚ ਸ੍ਰੀਮਤੀ ਨਿਰਮਲ ਪੱਬੀ ਸੇਵਾ ਮੁਕਤ ਅਧਿਆਪਕਾ, ਮਾਸਟਰ ਦਲੀਪ ਸਿੰਘ, ਗੁਰਪਾਲ ਕੌਰ, ਸ਼ਰੂਤੀ ਸ਼ਰਮਾ,ਬੱਗੂ ਰਾਮ ਨੂੰ ਸਨਮਾਨਿਤ ਚਿੰਨ ਅਤੇ ਲੋਈ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਖਜ਼ਾਨਾ ਅਫਸਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਸਾਡੇ ਉਹ ਸੀਨੀਅਰ ਪੈਨਸ਼ਨਰ ਹਨ ਜਿਨ੍ਹਾਂ ਵੱਲੋਂ ਆਪਣੇ ਸੇਵਾ ਕਾਲ ਦੌਰਾਨ ਤਨਦੇਹੀ ਨਾਲ ਸੇਵਾ ਨਿਭਾਈ। ਸਾਨੂੰ ਸਾਰਿਆਂ ਨੂੰ ਇਨ੍ਹਾਂ ਦਾ ਸਨਮਾਨ ਕਰਨਾ ਚਾਹੀਦਾ ਹੈ। ਇਸ ਮੌਕੇ ਪੈਨਸ਼ਨਰ ਮਾਸਟਰ ਚੰਦਰ ਮੋਹਨ, ਹੁਕਮ ਚੰਦ ਥਰੇਜਾ, ਹਰਮੇਸ਼ ਰਾਹੀਂ ਨੂੰ ਗਲੌਗੀ ਪਾਸੀ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਹੁਕਮ ਚੰਦ ਥਰੇਜਾ, ਮਾਸਟਰ ਚੰਦਰ ਮੋਹਨ ਵੱਲੋਂ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ।



## ਨਾਗਰਿਕ ਸੇਵਾਵਾਂ ਸੰਬੰਧੀ ਅਰਜ਼ੀਆਂ ਦਾ ਨਿਪਟਾਰਾ ਕਰਨ 'ਚ ਜ਼ਿਲ੍ਹਾ ਜਲੰਧਰ ਮੋਹਰੀ



ਜਲੰਧਰ (ਇਕਬਾਲ ਸਿੰਘ ਉਭੀ)-ਨਿਰਧਾਰਿਤ ਸਮੇਂ ਦੇ ਅੰਦਰ ਨਾਗਰਿਕ ਸੇਵਾਵਾਂ ਸੰਬੰਧੀ ਸਭ ਤੋਂ ਵੱਧ ਅਰਜ਼ੀਆਂ ਦਾ ਨਿਪਟਾਰਾ ਕਰਕੇ ਜ਼ਿਲ੍ਹਾ ਜਲੰਧਰ ਨੇ ਈ-ਗਵਰਨੈਂਸ ਸੇਵਾ ਨਿਪਟਾਰੇ 'ਚ ਪੰਜਾਬ ਵਿੱਚ ਮੋਹਰੀ ਸਥਾਨ ਹਾਸਲ ਕੀਤਾ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਡਾ. ਸੁਮਿਤਾ ਅਬਰੋਲ, ਲੋਕਲ ਰਜਿਸਟਰਾਰ (ਜਨਮ ਅਤੇ ਮੌਤ), ਨਗਰ ਨਿਗਮ ਜਲੰਧਰ ਅਤੇ ਡਾ. ਜੋਤੀ ਫੁਲੇਕਾ, ਸਹਾਇਕ ਜ਼ਿਲ੍ਹਾ ਰਜਿਸਟਰਾਰ (ਏ ਡੀ ਆਰ), ਸਿਵਲ ਸਰਜਨ ਦਫ਼ਤਰ, ਜਲੰਧਰ ਨੂੰ ਇਸ ਪ੍ਰਾਪਤੀ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਸਨਮਾਨਤ ਕੀਤਾ। ਇਨ੍ਹਾਂ ਦੇ ਸੁਹਿਰਦ ਯਤਨਾਂ ਨੇ ਜਲੰਧਰ ਨੂੰ ਸੂਬੇ ਦੇ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਜ਼ਿਲ੍ਹਿਆਂ ਵਿੱਚ ਸ਼ਾਮਲ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਦੋਵਾਂ ਅਧਿਕਾਰੀਆਂ ਨੇ ਫੌਰੀ ਅਤੇ ਨਾਗਰਿਕ-ਕੇਂਦਰਿਤ ਸੇਵਾ ਪ੍ਰਦਾਨ ਕਰਨ ਵਿੱਚ ਮਿਸਾਲ ਕਾਇਮ ਕਰਦਿਆਂ ਜਨਮ ਅਤੇ ਮੌਤ ਰਜਿਸਟ੍ਰੇਸ਼ਨ ਨਾਲ ਸਬੰਧਤ 97 ਫੀਸਦੀ ਤੋਂ ਵੱਧ ਅਰਜ਼ੀਆਂ ਦਾ ਨਿਪਟਾਰਾ ਨਿਰਧਾਰਤ ਸਮਾਂ ਸੀਮਾ ਦੇ ਅੰਦਰ ਸਫ਼ਲਤਾਪੂਰਵਕ ਕੀਤਾ।

## ਬਿਜਲੀ ਬਿੱਲ 2025 ਦੇ ਵਿਰੋਧ 'ਚ ਰੋਸ ਮੁਜ਼ਾਹਰਾ



ਖਰੜ (ਹਰਨਾਮ ਸਿੰਘ ਡੱਲਾ)

ਖਰੜ, ਕੁਰਾਲੀ ਤੇ ਮੋਹਾਲੀ ਦੇ ਬਿਜਲੀ ਕਾਮਿਆਂ ਵਲੋਂ ਮੋਹਾਲੀ ਵਿਖੇ ਬਿਜਲੀ ਬਿਲ 2025 ਦੇ ਵਿਰੋਧ ਵਿੱਚ ਜ਼ਬਰਦਸਤ ਮੁਜਾਹਰਾ ਕੀਤਾ ਗਿਆ। ਇਸ ਜ਼ਿਲ੍ਹਾ ਪੱਧਰ ਦੇ ਪ੍ਰਦਰਸ਼ਨ ਦੀ ਅਗਵਾਈ ਰੰਮੀ ਕੁਮਾਰ ਆਗੂ ਮਨਿਸਟਰੀਅਲ ਮੁਲਾਜਮ ਆਗੂ ਨੇ ਕੀਤੀ। ਇਸ ਮੁਜਾਹਰੇ ਨੂੰ ਸੁਖਵਿੰਦਰ ਸਿੰਘ ਦੁਮਣਾ,ਮੈਂਬਰ ਜੁਆਇੰਟ ਫੋਰਮ ਪੰਜਾਬ, ਗੁਰਮੁਖ ਸਿੰਘ ਪ੍ਰਧਾਨ ਈਸਟ ਜੋਨ ਟੀ ਐੱਸ ਯੂ, ਬਲਵਿੰਦਰ ਸਿੰਘ ਰੜਿਆਲਾ ਪ੍ਰਧਾਨ ਸਰਕਲ ਮੋਹਾਲੀ, ਬਲਜਿੰਦਰ ਸਿੰਘ ਸਰਕਲ ਸਕੱਤਰ, ਮਲਵਿੰਦਰ ਸਿੰਘ ਤੇ ਰੰਮੀ ਕੁਮਾਰ ਡਵੀਜ਼ਨ ਮੋਹਾਲੀ, ਗੁਰਭਜਨੀਕ ਸਿੰਘ ਸਕੱਤਰ, ਅੰਜੂ ਬਾਲਾ, ਸੂਬਾ ਆਗੂ ਐੱਮ ਐੱਸ ਯੂ, ਯੋਗਰਾਜ ਸਿੰਘ ਜੋਨਲ ਆਗੂ, ਪੈਨਸ਼ਨਰਜ਼ ਐਸੋਸੀਏਸ਼ਨ ਦੇ ਪ੍ਰਧਾਨ ਭੁਪਿੰਦਰ ਮਦਨਹੇੜੀ ਤੇ ਸਕੱਤਰ ਭੁਪਿੰਦਰ ਸਿੰਘ,ਸੁਰਿੰਦਰ ਸ਼ਰਮਾ ਸਰਕਲ ਪ੍ਰਧਾਨ ਕੁਰਾਲੀ ਡਵੀਜ਼ਨ ਅਤੇ ਅਮਰੀਕ ਸਿੰਘ ਨੇ ਸੰਬੋਧਨ ਕੀਤਾ। ਵੱਖ ਵੱਖ ਆਗੂਆਂ ਨੇ ਆਪਣੇ ਸੰਬੋਧਨ ਵਿੱਚ ਬਿਜਲੀ ਸੋਧ ਬਿਲ 2025 ਦਾ ਵਿਰੋਧ ਕਰਦਿਆਂ ਕਿਹਾ ਕਿ ਇਸ ਬਿਲ ਦੇ ਪਾਸ ਹੋ ਜਾਣ ਨਾਲ ਜਿੱਥੇ ਬਿਜਲੀ ਕਾਮਿਆਂ ਵਿੱਚ ਬੇਰੁਜ਼ਗਾਰੀ ਫੈਲੇਗੀ ਉੱਥੇ ਬਿਜਲੀ ਪ੍ਰਾਈਵੇਟ ਹੱਥਾਂ ਵਿੱਚ ਚਲੇ ਜਾਵੇਗੀ ਅਤੇ ਲੋਕਾਂ ਲਈ ਵੀ ਮਹਿੰਗੀ ਹੋ ਜਾਵੇਗੀ। ਇਸ ਬਿਲ ਦੀ ਧਾਰਾ 14 ਬਿਜਲੀ ਨੂੰ ਪ੍ਰਾਈਵੇਟ ਹੱਥਾਂ ਵਿੱਚ ਦੇਣ ਦੀ ਵਕਾਲਤ ਕਰਦੀ ਹੈ। ਇਸ ਤੋਂ ਬਿਨਾ ਇਸ ਬਿਲ ਦੀ ਧਾਰਾ 42 ਬਿਜਲੀ ਨਿਗਮ ਅਤੇ ਸਰਕਾਰੀ ਪੈਸੇ ਨਾਲ ਬਣਾਈ ਜਾਇਦਾਦ, ਮਸ਼ੀਨਰੀ, ਸਰਕਾਰੀ ਬਿਲਡਗਾਂ, ਤਕਨੀਕੀ ਅਮੀਰਤ ਨੂੰ ਵੀ ਹਥਿਆ ਕੇ ਨਿੱਜੀ ਮਾਲਕਾਂ ਨੂੰ ਲਾਭ ਪਹੁੰਚਾਉਣ ਦਾ ਕੰਮ ਕਰੇਗੀ। ਬੁਲਾਰਿਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਬਿਜਲੀ ਸੋਧ ਬਿਲ 2025 ਰੱਦ ਕੀਤਾ ਜਾਵੇ। ਇਸ ਸਮੇਂ ਧਰਮ ਪਾਲ, ਰਜ਼ਾ ਉਲ ਮੁਹੰਮਦ, ਮਹੇਸ਼ ਕੁਮਾਰ, ਕਪਿਲ ਸ਼ਰਮਾ, ਭਾਗ ਸਿੰਘ, ਸੁਖਬੀਰ ਸਿੰਘ ਕੁਰਾਲੀ, ਜਸਵਿੰਦਰ ਸਿੰਘ, ਸੁਰਿੰਦਰ ਸਿੰਘ ਅਤੇ ਮਨਦੀਪ ਸਿੰਘ ਨੇ ਵੀ ਆਪਣੇ ਸਾਥੀਆਂ ਨਾਲ ਰੈਲੀ ਵਿੱਚ ਹਾਜ਼ਰੀ ਭਰੀ।

## ਗੁਰਦੁਆਰਾ ਸਾਹਿਬ ਬਾਬਾ ਬਿਸ਼ਨ ਸਿੰਘ ਵਿਖੇ ਗੁਰਮਤਿ ਸਮਾਗਮ

ਅੱਡਾ ਸਰਾਂ (ਜਸਵੀਰ ਕਾਜਲ)

ਗੁਰਦੁਆਰਾ ਸਾਹਿਬ ਧੰਨ ਧੰਨ ਬਾਬਾ ਬਿਸ਼ਨ ਸਿੰਘ ਜੀ ਕੰਧਾਲਾ ਜੱਟਾਂ ਵਿਖੇ ਮਾਤਾ ਗੁਜਰੀ ਜੀ ਅਤੇ ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਆਰੰਭ ਹੋਏ 9 ਦਿਨਾਂ ਗੁਰਮਤਿ ਸਮਾਗਮ ਦੌਰਾਨ ਦੂਸਰੀ ਤੀਸਰੀ ਤੇ ਚੌਥੀ ਰਾਤਰੀ ਦੇ ਦੀਵਾਨ ਸਜਾਏ ਗਏ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਐੱਨ ਆਰ ਆਈ ਤੇ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਦੇ ਸਹਿਯੋਗ ਨਾਲ ਰੋਜਾਨਾ ਹੀ ਸ਼ਾਮ 6 ਵਜੇ ਤੋਂ 9 ਤੋਂ ਵਜੇ ਤੱਕ ਕਰਵਾਏ ਜਾ ਰਹੇ ਸਮਾਗਮ ਦੌਰਾਨ ਨਗਰ ਦੀਆਂ ਸੰਗਤਾਂ ਵੱਲੋਂ ਕੜਾਕੇ ਦੀ ਠੰਡ ਦੇ ਬਾਵਜੂਦ ਹਾਜ਼ਰੀ ਲਗਵਾ ਕੇ ਮਹਾਨ ਸ਼ਹਾਦਤਾਂ ਨੂੰ ਸਿਜਦਾ ਕੀਤਾ ਜਾ ਰਿਹਾ ਹੈ। ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸੇਵਾਦਾਰ ਭਾਈ ਅੰਮ੍ਰਿਤਪਾਲ ਸਿੰਘ ਧਾਲੀਵਾਲ ਨੇ ਸਮਾਗਮ ਸਬੰਧੀ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 20 ਦਸੰਬਰ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਹੋਏ ਸਮਾਗਮ ਦੇ ਦੌਰਾਨ 25 ਦਸੰਬਰ ਰਾਤਰੀ ਦੇ ਦੀਵਾਨ ਵਿੱਚ ਢਾਡੀ ਜਥਾ ਭਾਈ ਜਤਿੰਦਰ ਪਾਲ ਸਿੰਘ ਜੋਧ ਤਰਨਾ ਦਲ ਵਾਲੇ, ਭਾਈ ਗੁਰਪਿੰਦਰ ਸਿੰਘ ਨੀਲਾ ਕਥਾ ਵਾਚਕ ਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਰਾਗੀ ਢਾਡੀ ਜਥੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਸਿੱਖ ਕੌਮ ਦੇ ਕੁਰਬਾਨੀਆਂ ਭਰੇ ਇਤਿਹਾਸ ਨਾਲ ਜੋੜਨਗੇ। ਇਸ ਮੌਕੇ ਉਨਾਂ ਨੇ ਕਿਹਾ ਕਿ ਸਾਨੂੰ ਮਾਤਾ ਗੁਜਰ ਕੌਰ ਜੀ, ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ, ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ, ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ, ਅਤੇ ਸਾਹਿਬਜ਼ਾਦਾ ਬਾਬਾ ਜੋਰਾਵਰ ਸਿੰਘ ਜੀ ਦੀਆਂ ਲਾਸਾਨੀ ਸ਼ਹਾਦਤਾਂ ਨੂੰ ਸਿਜਦਾ ਕਰਦੇ ਹੋਏ ਸਮਾਗਮਾਂ ਦਾ ਹਿੱਸਾ ਬਣਨਾ ਚਾਹੀਦਾ ਹੈ।



## ਡਾ. ਕੁਲਵਿੰਦਰ ਸਿੰਘ ਢਾਹਾਂ ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ ਵੱਲੋਂ ਸਨਮਾਨਤ

ਬੰਗਾ (ਅਵਤਾਰ ਕਲੇਰ)-ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ ਪੰਜਾਬ ਵੱਲੋਂ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਆਪਣੇ ਦਫਤਰ ਵਿਚ ਪਿਛਲੇ 40 ਸਾਲ ਤੋਂ ਮੈਡੀਕਲ ਅਤੇ ਵਿਦਿਅਕ ਸੇਵਾਵਾਂ ਪ੍ਰਦਾਨ ਕਰਵਾ ਰਹੇ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਡਾ. ਕੁਲਵਿੰਦਰ ਸਿੰਘ ਢਾਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਫਾਊਂਡੇਸ਼ਨ ਦੇ ਪ੍ਰਧਾਨ ਲਖਵਿੰਦਰ ਸਿੰਘ ਕਾਹਨੇ ਕੇ ਨੇ ਕਿਹਾ ਕਿ ਪੰਜਾਬ ਦੇ ਪੇਂਡੂ ਖੇਤਰ ਵਿਚ ਟਰੱਸਟ ਵੱਲੋਂ ਢਾਹਾਂ ਕਲੇਰਾਂ ਦੀ ਧਰਤੀ 'ਤੇ ਮੈਡੀਕਲ ਅਤੇ ਵਿਦਿਅਕ ਖੇਤਰ ਵਿਚ ਕੀਤੀਆਂ ਜਾ ਰਹੀਆਂ ਸੇਵਾਵਾਂ ਬਹੁਤ ਸ਼ਲਾਘਾਯੋਗ ਹਨ ਤੇ ਟਰੱਸਟ ਵੱਲੋਂ ਦਾਨੀਆਂ ਦੇ ਸਹਿਯੋਗ ਨਾਲ ਕੀਤੇ ਇਸ ਸਾਂਝੇ ਉਦਮ ਨਾਲ ਪੰਜਾਬ ਦੀ ਤਰੱਕੀ ਅਤੇ ਵਿਕਾਸ ਦੇ ਨਵੇਂ ਮੁਕਾਮ ਕਾਇਮ ਕੀਤੇ ਹਨ। ਉਹਨਾਂ ਨੇ ਚਾਰ ਦਹਾਕਿਆਂ ਤੋਂ ਨਿਰੰਤਰ ਮੈਡੀਕਲ ਅਤੇ ਵਿਦਿਅਕ ਸੇਵਾਵਾਂ ਦੇਣ ਲਈ ਡਾ.ਕੁਲਵਿੰਦਰ ਸਿੰਘ ਢਾਹਾਂ ਅਤੇ ਸਮੂਹ ਟਰੱਸਟੀਆਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ ਅਤੇ ਹਰ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਡਾ. ਕੁਲਵਿੰਦਰ ਸਿੰਘ ਢਾਹਾਂ ਨੇ ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ ਪੰਜਾਬ ਦੀ ਪੂਰੀ ਟੀਮ ਦਾ ਧੰਨਵਾਦ ਕਰਦੇ ਕਿਹਾ ਕਿ ਉਹ ਹਮੇਸ਼ਾਂ ਲੋਕਾਂ ਦੀ ਸੇਵਾ ਨੂੰ ਸਮਰਪਿਤ ਹਨ ਅਤੇ ਉਹਨਾਂ ਦੇ ਦਰਵਾਜ਼ੇ ਲੋੜਵੰਦਾਂ ਲਈ 24 ਘੰਟੇ ਖੁੱਲ੍ਹੇ ਹਨ ।



## ਜ਼ਿੰਮੇਵਾਰ ਪੱਤਰਕਾਰਤਾ ਸਮਾਜ 'ਚ ਭਰੋਸਾ ਕਾਇਮ ਰੱਖਣ ਲਈ ਜ਼ਰੂਰੀ : ਧਨਪ੍ਰੀਤ ਕੌਰ

ਬਸਤੀ ਸ਼ੇਖ (ਜਲੰਧਰ) (ਲਖਵਿੰਦਰ ਸਿੰਘ)

ਕਮਿਸ਼ਨਰ ਆਫ਼ ਪੁਲਸ ਜਲੰਧਰ ਧਨਪ੍ਰੀਤ ਕੌਰ ਨੇ ਪੰਜਾਬ ਪ੍ਰੈੱਸ ਕਲੱਬ ਜਲੰਧਰ ਵਿਖੇ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਪੰਜਾਬ ਪ੍ਰੈੱਸ ਕਲੱਬ ਦੀ ਗਵਰਨਿੰਗ ਕੌਂਸਲ ਵੱਲੋਂ ਪ੍ਰਧਾਨ ਜਸਪ੍ਰੀਤ ਸਿੰਘ ਸੈਣੀ ਦੀ ਅਗਵਾਈ ਹੇਠ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਕਮਿਸ਼ਨਰ ਪੁਲਿਸ ਨੇ ਪੱਤਰਕਾਰ ਭਾਈਚਾਰੇ ਨਾਲ ਸੰਵਾਦ ਕੀਤਾ ਅਤੇ ਕਾਨੂੰਨ-ਵਿਵਸਥਾ, ਸੁਰੱਖਿਆ ਪ੍ਰਬੰਧਾਂ ਅਤੇ ਪੁਲਿਸ-ਪ੍ਰੈੱਸ ਸਹਿਯੋਗ ਨੂੰ ਹੋਰ ਮਜ਼ਬੂਤ ਬਣਾਉਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਜਨਤਕ ਹਿੱਤਾਂ ਨਾਲ ਜੁੜੀ ਸਹੀ ਅਤੇ ਜ਼ਿੰਮੇਵਾਰ ਪੱਤਰਕਾਰਤਾ ਸਮਾਜ ਵਿੱਚ ਭਰੋਸਾ ਕਾਇਮ ਰੱਖਣ ਲਈ ਬਹੁਤ ਜ਼ਰੂਰੀ ਹੈ।ਇਸ ਮੌਕੇ ਪ੍ਰਧਾਨ ਜਸਪ੍ਰੀਤ ਸਿੰਘ ਸੈਣੀ ਨੇ ਕਮਿਸ਼ਨਰ ਪੁਲਿਸ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਪ੍ਰੈੱਸ ਕਲੱਬ ਹਮੇਸ਼ਾ ਪ੍ਰਸ਼ਾਸਨ ਨਾਲ ਸਕਾਰਾਤਮਕ ਸਹਿਯੋਗ ਲਈ ਤਿਆਰ ਹੈ। ਗਵਰਨਿੰਗ ਕੌਂਸਲ ਦੇ ਮੈਂਬਰਾਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਪੁਲਸ-ਮੀਡੀਆ ਸਬੰਧਾਂ ਨੂੰ ਮਜ਼ਬੂਤ ਕਰਨ ਬਾਰੇ ਗੱਲਬਾਤ ਕੀਤੀ।ਅੰਤ ਵਿੱਚ ਕਮਿਸ਼ਨਰ ਪੁਲਸ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤਾ ਗਿਆ। ਇਸ ਮੌਕੇ ਕਲੱਬ ਦੇ ਸੀਨੀਅਰ ਮੀਤ ਪ੍ਰਧਾਨ ਰਾਜੇਸ਼ ਥਾਪਾ, ਜਨਰਲ ਸਕੱਤਰ ਪੁਨੀਤ ਸਹਿਗਲ, ਮੀਤ ਪ੍ਰਧਾਨ ਪਰਮਜੀਤ ਸਿੰਘ ਰੰਗਪੁਰੀ ਤੇ ਮਨਦੀਪ ਸ਼ਰਮਾ, ਸਕੱਤਰ ਰਾਜੇਸ਼ ਯੋਗੀ, ਸੰਯੁਕਤ ਸਕੱਤਰ ਸੁਕਰਾਂਤ ਸਫਰੀ, ਖਜ਼ਾਨਚੀ ਸ਼ਿਵ ਸ਼ਰਮ, ਮਦਨ ਭਾਰਦਵਾਜ ਤੇ ਜਨਰਲ ਮੈਨੇਜਰ ਜਤਿੰਦਰ ਪਾਲ ਸਿੰਘ ਹਾਜ਼ਰ ਸਨ।



## ਮੀਨਾ ਪਰਮਾਰ ਫਾਊਂਡੇਸ਼ਨ ਵੱਲੋਂ ਸੰਦੀਪ ਕੌਰ ਸਨਮਾਨਤ



ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)-ਮੀਨਾ ਪਰਮਾਰ ਫਾਊਂਡੇਸ਼ਨ ਯੂ ਕੇ ਦੇ ਸਰਪ੍ਰਸਤ ਦਲਵਿੰਦਰ ਸਿੰਘ ਪਰਮਾਰ ਵੱਲੋਂ ਭੇਜੀ 10,000 ਰੁਪਏ ਦੀ ਰਾਸ਼ੀ ਤੇ ਸਨਮਾਨ ਚਿੰਨ੍ਹ ਨਾਲ ਜਥੇਦਾਰ ਬਾਬਾ ਗੁਰਮੀਤ ਸਿੰਘ ਨਡਾਲੋਂ ਸੰਪਰਦਾਇ ਕਾਰ ਸੇਵਾ ਸ੍ਰੀ ਹਜ਼ੂਰ ਸਾਹਿਬ ਵੱਲੋਂ ਗੁਰਦੁਆਰਾ ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਵਿਖੇ ਬੱਚੀ ਸੰਦੀਪ ਕੌਰ ਖ਼ਾਲਸਾ ਸਰਹਾਲ ਮੁੰਡੀ ਨੂੰ ਸਨਮਾਨਤ ਕੀਤਾ ਗਿਆ। ਉਕਤ ਬੱਚੀ ਨੂੰ 15 ਬਾਣੀਆਂ ਕੰਠ ਹੋਣ ਕਰਕੇ ਉਸ ਦਾ ਸਨਮਾਨ ਕੀਤਾ ਗਿਆ ਹੈ। ਬਾਬਾ ਗੁਰਮੀਤ ਸਿੰਘ ਨੇ ਦੱਸਿਆ ਕਿ ਉਕਤ ਫਾਊਂਡੇਸ਼ਨ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੇ ਬੱਚਿਆਂ ਤੇ ਹੋਰ ਸਮਾਜ ਭਲਾਈ ਦੇ ਕੰਮਾਂ 'ਚ ਵੱਡਾ ਯੋਗਦਾਨ ਪਾਇਆ ਜਾ ਰਿਹਾ ਹੈ। ਇਸ ਮੌਕੇ ਬਾਬਾ ਜਰਨੈਲ ਸਿੰਘ ਨਡਾਲੋਂ, ਸੁਖਦੇਵ ਸਿੰਘ ਨਡਾਲੋਂ, ਧਰਮਿੰਦਰ ਸਿੰਘ ਸੋਨੂੰ, ਲਖਵਿੰਦਰ ਸਿੰਘ ਵਿੰਦਾ, ਅਮਰਜੀਤ ਸਿੰਘ ਖਾਲਸਾ ਜਾਂਗਲੀਆਣਾ, ਬਲਜਿੰਦਰ ਸਿੰਘ ਖਾਲਸਾ ਪੰਜੌੜ, ਰਣਜੋਧ ਸਿੰਘ ਨਡਾਲੋਂ, ਕਮਲਜੀਤ ਸਿੰਘ ਰਾਣਾ ਅਜਨੋਹਾ, ਪਰਮਜੀਤ ਸਿੰਘ ਪੰਮਾ ਭਾਮ, ਦਲਜੀਤ ਸਿੰਘ ਗੋਪਾਲੀਆਂ ਆਦਿ ਹਾਜ਼ਰ ਸਨ।

## ਸ਼ਹੀਦੀ ਦਿਵਸ 'ਤੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ

ਮਹਿਤਪੁਰ (ਰਾਜਾ)

ਸ਼ਹੀਦੀ ਦਿਵਸ ਦੇ ਪਾਵਨ ਅਵਸਰ 'ਤੇ ਡਿਪਸ ਸੰਸਥਾ ਵੱਲੋਂ ਆਯੋਜਿਤ ਸ੍ਰੀ ਸੁਖਮਨੀ ਸਾਹਿਬ ਪਾਠ ਨੇ ਪੂਰੇ ਸਕੂਲ ਪਰਿਸਰ ਨੂੰ ਭਗਤੀ, ਤਿਆਗ ਅਤੇ ਕਰੁਣਾ ਦੇ ਭਾਵਾਂ ਨਾਲ ਭਰ ਦਿੱਤਾ। ਇਹ ਧਾਰਮਿਕ ਸਮਾਗਮ ਚਾਰ ਸਾਹਿਬਜ਼ਾਦਿਆਂ ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ, ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫਤਹਿ ਸਿੰਘ ਜੀ ਅਤੇ ਮਾਤਾ ਗੁਜਰ ਕੌਰ ਜੀ ਦੀ ਅਮਰ ਅਤੇ ਅਭੁੱਲ ਕੁਰਬਾਨੀਆਂ ਨੂੰ ਸਮਰਪਿਤ ਸੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਨੌਜਵਾਨ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਸਮੂਹ ਵਾਤਾਵਰਣ ਗੰਭੀਰ, ਭਾਵੁਕ ਅਤੇ ਆਤਮਿਕ ਹੋ ਗਿਆ।ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿਆ ਮਨਮੋਹਕ ਸ਼ਬਦ ਕੀਰਤਨ ਹਰ ਇੱਕ ਦੇ ਹਿਰਦੇ ਨੂੰ ਛੂਹ ਗਿਆ। ਉਨ੍ਹਾਂ ਦੀ ਮਾਸੂਮ ਆਵਾਜ਼ ਨੇ ਹਾਜ਼ਰੀਨ ਦੇ ਮਨਾਂ 'ਤੇ ਡੂੰਘਾ ਪ੍ਰਭਾਵ ਛੱਡਿਆ ਅਤੇ ਇੱਕ ਆਤਮਿਕ ਜੁੜਾਵ ਪੈਦਾ ਕੀਤਾ। ਪਾਠ ਅਤੇ ਕੀਰਤਨ ਉਪਰੰਤ ਗੁਰੂ ਕਾ ਲੰਗਰ ਪਿਆਰ, ਸਮਾਨਤਾ ਅਤੇ ਨਿਮਰਤਾ ਨਾਲ ਵਰਤਾਇਆ ਗਿਆ। ਵਿਦਿਆਰਥੀ ਭਗਤੀ ਦੇ ਰੰਗ ਵਿੱਚ ਰੰਗੇ ਹੋਏ ਦਿੱਖੇ, ਜਦਕਿ ਅਧਿਆਪਕਾਂ ਅਤੇ ਸਟਾਫ ਨੇ ਆਪਣੇ ਆਪ ਨੂੰ ਆਤਮਿਕ ਤੌਰ 'ਤੇ ਉੱਚਾ ਮਹਿਸੂਸ ਕੀਤਾ। ਇਹ ਸਮਾਗਮ ਡਿਪਸ ਸੰਸਥਾ ਦੇ ਮੈਨੇਜਿੰਗ ਡਾਇਰੈਕਟਰ ਤਰਵਿੰਦਰ ਸਿੰਘ ਦੀ ਅਗਵਾਈ ਹੇਠ ਸਫ਼ਲਤਾਪੂਰਵਕ ਆਯੋਜਿਤ ਕੀਤਾ ਗਿਆ। ਇਸ ਮੌਕੇ 'ਤੇ ਮੈਨੇਜਿੰਗ ਡਾਇਰੈਕਟਰ ਤਰਵਿੰਦਰ ਸਿੰਘ, ਸੀ ਈ ਓ ਰਮੀਕ ਸਿੰਘ, ਸੀ ਈ ਓ ਜਸ਼ਨ ਸਿੰਘ ਅਤੇ ਪ੍ਰਿੰਸੀਪਲ ਡਾ. ਅੰਜਲੀ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਡਿਪਸ ਸੰਸਥਾ ਵਿਦਿਆਰਥੀਆਂ ਨੂੰ ਸਿਰਫ਼ ਸਿੱਖਿਆ ਅਤੇ ਖੇਡਾਂ ਨਾਲ ਹੀ ਨਹੀਂ, ਸਗੋਂ ਉਨ੍ਹਾਂ ਦੀਆਂ ਜੜ੍ਹਾਂ, ਸਭਿਆਚਾਰ ਅਤੇ ਵਿਰਾਸਤ ਨਾਲ ਵੀ ਜੋੜਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।



## ਪਾਰਟੀ ਦੀ ਰੀੜ੍ਹ ਵਾਂਗ ਹਨ ਅਕਾਲੀ ਦਲ ਦੇ ਵਰਕਰ : ਸ਼ਰਮਾ

ਡੇਰਾਬੱਸ (ਵਿਜੈ ਜੈਨ)-ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਵਿਧਾਇਕ ਐੱਨ ਕੇ ਸ਼ਰਮਾ ਨੇ ਕਿਹਾ ਕਿ ਅਕਾਲੀ ਦਲ ਨੇ ਹਮੇਸ਼ਾ ਆਪਣੇ ਵਰਕਰਾਂ ਨੂੰ ਸਤਿਕਾਰ ਦਿੱਤਾ ਹੈ। ਅਕਾਲੀ ਦਲ ਦੇ ਵਰਕਰ ਪਾਰਟੀ ਦੀ ਰੀੜ੍ਹ ਵਾਂਗ ਹਨ। ਅਕਾਲੀ ਦਲ ਦੇ ਵਰਕਰ ਸੰਘਰਸ਼ ਦਾ ਪ੍ਰਤੀਕ ਹਨ। ਐੱਨ ਕੇ ਸ਼ਰਮਾ ਜਵਾਹਰਪੁਰ ਜ਼ੋਨ ਤੋਂ ਪਾਰਟੀ ਉਮੀਦਵਾਰ ਸੁਖਵਿੰਦਰ ਕੌਰ ਦੇ ਨਿਵਾਸ ਸਥਾਨ 'ਤੇ ਵਰਕਰਾਂ ਨਾਲ ਰੂਬਰੂ ਹੋ ਰਹੇ ਸਨ। ਉਨ੍ਹਾਂ ਕਿਹਾ ਕਿ ਡੇਰਾਬੱਸੀ ਹਲਕੇ ਦੇ ਲੋਕਾਂ ਨੇ ਅਕਾਲੀ ਦਲ ਨੂੰ ਪੂਰੀ ਤਰ੍ਹਾਂ ਸਵੀਕਾਰ ਕਰ ਲਿਆ ਹੈ। ਸ਼ਰਮਾ ਨੇ ਕਿਹਾ ਕਿ ਚੋਣਾਂ ਵਿੱਚ ਜਿੱਤ ਅਤੇ ਹਾਰ ਲੋਕਤੰਤਰ ਦਾ ਹਿੱਸਾ ਹੈ, ਪਰ ਵਰਕਰਾਂ ਦੀ ਏਕਤਾ ਅਤੇ ਤਾਕਤ ਸਭ ਤੋਂ ਮਹੱਤਵਪੂਰਨ ਹੈ। ਇਸ ਮੌਕੇ ਅਕਾਲੀ ਆਗੂ ਅਰਵਿੰਦਰ ਸਿੰਘ, ਗੁਰਸੇਵਕ ਸਿੰਘ, ਪਾਲ ਸਿੰਘ, ਜਸਵੀਰ ਸਿੰਘ, ਮਨਜੀਤ ਸਿੰਘ, ਗੁਰਮੇਲ ਪੰਚ, ਆਤਮਾ ਰਾਮ, ਦਲਜੀਤ ਸਿੰਘ, ਰਾਮ ਕਿਸ਼ਨ, ਸਤਪਾਲ ਸਿੰਘ, ਸੁਖਬੀਰ ਸਿੰਘ, ਪ੍ਰਦੀਪ ਸਿੰਘ, ਹਰਭਜਨ ਸਿੰਘ, ਬਲਵੀਰ ਸਿੰਘ ਸਮੇਤ ਕਈ ਪਤਵੰਤੇ ਮੌਜੂਦ ਸਨ।



## ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਨਗਰ ਕੀਰਤਨ ਅੱਜ

ਮਹਿਤਪੁਰ (ਰਾਜਾ)-ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਮਹਿਤਪੁਰ ਵਿਖੇ ਵਿਸ਼ਾਲ ਨਗਰ ਕੀਰਤਨ ਸਜਾਏ ਜਾ ਰਹੇ ਹਨ। ਨਗਰ ਕੀਰਤਨ ਗੁਰਦੁਆਰਾ ਹਲਟੀ ਸਾਹਿਬ ਖੁਰਮਪੁਰ ਤੋਂ ਆਰੰਭ ਹੋਵੇਗਾ ਅਤੇ ਵੱਖ ਵੱਖ ਪੜਾਅ ਦਸ਼ਮੇਸ਼ ਕਾਲੋਨੀ, ਮਾਡਲ ਟਾਊਨ, ਕਵਾਟਰਾਂ, ਮਹਿਤਪੁਰ, ਸ਼ਾਹਪੁਰ ਖੁਰਮਪੁਰ ਤੋਂ ਹੁੰਦਾ ਹੋਇਆ ਵਾਪਿਸ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਕੀਤਾ ਜਾਵੇਗਾ। ਜਿਸ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜੱਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੰਜ, ਦਰਬਾਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਉਚੇਚੇ ਤੌਰ 'ਤੇ ਪਹੁੰਚ ਰਹੇ ਹਨ। ਨਗਰ ਕੀਰਤਨ ਦੌਰਾਨ ਪੰਥ ਪ੍ਰਸਿੱਧ ਇੰਟਰਨੈਸ਼ਨਲ ਬੀਬੀ ਜਸਵੀਰ ਕੌਰ ਜੱਸ, ਭਾਈ ਹਰਦੀਪ ਸਿੰਘ ਦੀਪ, ਬੀਬੀ ਰਛਪਾਲ ਕੌਰ ਸ਼ਰੀਹ ਵਾਲਿਆਂ ਦਾ ਢਾਡੀ ਜੱਥਾ ਅਤੇ ਗੁਰਦੁਆਰਾ ਬੇਰ ਸਾਹਿਬ ਸ਼ਾਹਪੁਰ ਦੇ ਬੱਚਿਆਂ ਵੱਲੋਂ ਕੀਰਤਨ 'ਚ ਹਾਜ਼ਰੀ ਭਰੀ ਜਾਵੇਗੀ। ਗੋਬਿੰਦ ਸਰਵਰ ਬੁਲੰਦਪੁਰੀ ਸਾਹਿਬ ਦੇ ਬੱਚਿਆਂ ਵੱਲੋਂ ਬੈਂਡ ਦੀ ਸੇਵਾ ਕੀਤੀ ਜਾਵੇਗੀ । ਬੱਚਿਆਂ ਵੱਲੋਂ ਵੱਖ ਵੱਖ ਪੜਾਵਾਂ ਤੇ ਕਵਿਤਾਵਾਂ ਧਾਰਮਿਕ ਸ਼ਬਦ ਗਾਇਨ ਕੀਤੇ ਜਾਣਗੇ। ਇਸ ਮੌਕੇ ਰਸ਼ਪਾਲ ਸਿੰਘ ਧੰਜੂ, ਬਾਬਾ ਕੁਲਵਿੰਦਰ ਸਿੰਘ, ਬਲਵਿੰਦਰ ਸਿੰਘ, ਬਲਜੀਤ ਸਿੰਘ ਸਾਬੀ, ਤਲਵਿੰਦਰ ਸਿੰਘ, ਨਵਦੀਪ ਸਿੰਘ, ਲਵਪ੍ਰੀਤ ਸਿੰਘ, ਗੁਰਮੁਖ ਸਿੰਘ, ਵਿਕਰਮਜੀਤ ਸਿੰਘ, ਲਖਵਿੰਦਰ ਸਿੰਘ ਦਾਸ, ਨਿਰਮਲ ਸਿੰਘ ਆਦਿ ਮੈਂਬਰ ਹਾਜ਼ਰ ਸਨ।



## ਸ਼ਹੀਦੀ ਦਿਹਾੜੇ ਨੂੰ ਸਮਰਪਤ ਗੁਰਮਤਿ ਚੇਤਨਾ ਮਾਰਚ ਸਜਾਇਆ



ਜੇਜੋ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)

ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਾਹਿਬਜ਼ਾਦਾ ਅਜੀਤ ਸਿੰਘ ਪਬਲਿਕ ਸਕੂਲ ਮਾਹਿਲਪੁਰ ਦੇ ਵਿਦਿਆਰਥੀਆਂ ਵੱਲੋਂ ਸਾਹਿਬਜਾਦਾ ਬਾਬਾ ਅਜੀਤ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਿਕ ਧਰਤੀ ਗੁਰਦੁਆਰਾ ਸ਼ਹੀਦਾਂ ਲੱਧੇਵਾਲ ਤੋਂ ਗੁਰਮਤਿ ਚੇਤਨਾ ਮਾਰਚ ਸਜਾਇਆ ਗਿਆ। ਇਹ ਚੇਤਨਾ ਮਾਰਚ ਪਿੰਡ ਪਥਰਾਲੇ ਤੋਂ ਹੁੰਦਾ ਹੋਇਆ ਪਿੰਡ ਗਣੇਸ਼ਪੁਰ ਧੰਨ-ਧੰਨ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਮਹਾਰਾਜ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਥੜ੍ਹਾ ਸਾਹਿਬ ਬਾਬਾ ਲੱਖੋ ਵਿਖੇ ਪਹੁੰਚਿਆ। ਇਸ ਚੇਤਨਾ ਮਾਰਚ ਵਿੱਚ ਸ਼ਾਮਿਲ ਵਿਦਿਆਰਥੀਆਂ ਵੱਲੋਂ ਮਾਤਾ ਗੁਜਰ ਕੌਰ, ਚਾਰੇ ਸਾਹਿਬਜ਼ਾਦਿਆਂ ਅਤੇ ਸ਼ਹੀਦ ਸਿੰਘਾਂ ਦੀ ਕੁਰਬਾਨੀ ਤੇ ਚਾਨਣਾ ਪਾਇਆ ਗਿਆ। ਵਰਨਣਯੋਗ ਹੈ ਕਿ ਇਸ ਤੋਂ ਪਹਿਲਾਂ ਗੁਰਦੁਆਰਾ ਸ਼ਹੀਦਾਂ ਲੱਧੇਵਾਲ ਵਿਖੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਖੇਤਰ ਮਾਹਿਲਪੁਰ ਅਤੇ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਸੇਵਾ ਸੁਸਾਇਟੀ ਮਾਹਿਲਪੁਰ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਸਹਿਯੋਗ ਨਾਲ ਚਾਰੇ ਸਾਹਿਬਜ਼ਾਦਿਆਂ, ਮਾਤਾ ਗੁਜਰ ਕੌਰ ਅਤੇ ਸਮੂਹ ਸ਼ਹੀਦ ਸਿੰਘਾਂ ਜੀ ਦੀ ਲਾਸਾਨੀ ਸ਼ਹਾਦਤਾਂ ਨੂੰ ਸਮਰਪਿਤ ਤਿੰਨ ਰੋਜ਼ਾ ਗੁਰਮਤਿ ਸਿਖਲਾਈ ਕੈਂਪ ਲਗਾਇਆ ਗਿਆ। ਇਹਨਾਂ ਤਿੰਨਾ ਦਿਨਾਂ ਦੌਰਾਨ ਸਮਾਗਮ ਵਿੱਚ ਪਹੁੰਚੇ ਵੱਖ-ਵੱਖ ਵਿਦਵਾਨਾਂ ਨੇ ਵਿਦਿਆਰਥੀਆਂ ਨੂੰ ਸਿੱਖ ਕੌਮ ਦੇ ਗੌਰਵਮਈ ਵਿਰਸੇ ਤੋਂ ਜਾਣੂ ਕਰਵਾਇਆ ਅਤੇ ਉਨਾਂ ਨੂੰ ਸੇਵਾ-ਸਿਮਰਨ ਤੇ ਪਰਉਪਕਾਰੀ ਜ਼ਿੰਦਗੀ ਜਿਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਪ੍ਰੋਫੈਸਰ ਆਪਿੰਦਰ ਸਿੰਘ ਮਾਹਿਲਪੁਰੀ, ਜਥੇਦਾਰ ਹਰਬੰਸ ਸਿੰਘ ਸਰਹਾਲਾ, ਮਾਸਟਰ ਜਗਜੀਤ ਸਿੰਘ ਗਣੇਸ਼ਪੁਰ, ਭਾਈ ਗੁਰਜਿੰਦਰ ਸਿੰਘ, ਪ੍ਰਿੰਸੀਪਲ ਜਗਮੋਹਨ ਸਿੰਘ ਬੱਡੋਂ, ਬੀਬੀ ਪਰਮਜੀਤ ਕੌਰ ਅੰਮ੍ਰਿਤਸਰ, ਨਵਪ੍ਰੀਤ ਸਿੰਘ, ਮੈਡਮ ਸੁਰਿੰਦਰ ਕੌਰ ਖ਼ਾਲਸਾ, ਪ੍ਰਿੰਸੀਪਲ ਸੁਖਨਿੰਦਰ ਸਿੰਘ ਖਾਲਸਾ ਰਣਵੀਰ ਸਿੰਘ ਸਕੱਤਰ ਸਮੇਤ ਵੱਖ-ਵੱਖ ਸਕੂਲਾਂ ਦੇ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

## ਸਿਹਤਮੰਦ ਸਮਾਜ ਲਈ ਸਾਹਿਤ ਦਾ ਅਹਿਮ ਰੋਲ : ਅਜੀਤ ਪ੍ਰਦੇਸੀ

ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)-ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਸ਼ਹੀਦੀ ਜੋੜ ਮੇਲ ਨੂੰ ਸਮਰਪਿਤ ਤਿੰਨੋ ਦਿਨ ਸਾਹਿਤ ਦੀਆਂ ਕਿਤਾਬਾਂ ਦੀ ਪ੍ਰਦਰਸ਼ਨੀ ਲਗਾਈ ਗਈ।ਤਰਕਸ਼ੀਲ ਜ਼ੋਨ ਚੰਡੀਗੜ੍ਹ ਦੇ ਮੁਖੀ ਅਜੀਤ ਪ੍ਰਦੇਸ਼ੀ ਨੇ ਇਸ ਮੌਕੇ ਨੌਜਵਾਨਾਂ ਨੂੰ ਕਿਹਾ ਕਿ ਸਮਾਜ ਨੂੰ ਸਿਹਤਮੰਦ ਬਣਾਉਣ ਵਿੱਚ ਸਾਹਿਤ ਦਾ ਬਹੁਤ ਵੱਡਾ ਯੋਗਦਾਨ ਹੈ, ਇਸ ਲਈ ਉਹ ਸਾਹਿਤ ਦੀਆਂ ਕਿਤਾਬਾਂ ਵੱਧ ਤੋਂ ਵੱਧ ਪੜ੍ਹਨ ਤਾਂ ਜੋ ਕਿ ਉਨ੍ਹਾਂ ਨੂੰ ਸਹੀ ਸੇਧ ਮਿਲ ਸਕੇ । ਉਨ੍ਹਾਂ ਕਿਹਾ ਕਿ ਚੰਗੇ ਸਮਾਜ ਦੀ ਸਿਰਜਣਾ ਲਈ ਤਰਕਸ਼ੀਲ ਸੁਸਾਇਟੀ ਪੰਜਾਬ ਪਿਛਲੇ 41 ਸਾਲਾਂ ਤੋ ਵਿਗਿਆਨਕ ਸਾਹਿਤ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਲਗਾਤਾਰ ਯਤਨ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਤਰਕਸ਼ੀਲ ਸਾਹਿਤ ਲਈ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ। ਜ਼ੋਨ ਦੇ ਮੀਡੀਆ ਮੁਖੀ ਪ੍ਰਿੰਸੀਪਲ ਗੁਰਮੀਤ ਸਿੰਘ ਖਰੜ ਨੇ ਦੱਸਿਆ ਕਿ ਤਰਕਸ਼ੀਲ ਸਾਹਿਤ ਵੈਨ ਇੱਥੋਂ ਚਲ ਕੇ ਰੂਪਨਗਰ, ਖਰੜ, ਮੁਹਾਲੀ, ਚੰਡੀਗੜ੍ਹ ਅਤੇ ਫਤਿਹਗੜ੍ਹ ਸਾਹਿਬ ਵਿਖੇ ਸਕੂਲਾਂ ਅਤ ਕਾਲਜਾਂ ਵਿੱਚ ਵਿਦਿਆਰਥੀਆਂ ਨੂੰ ਅੰਧਵਿਸ਼ਵਾਸ ਵਿਰੁੱਧ ਚੇਤਨ ਕਰੇਗੀ। ਸਾਹਿਤਕਾਰਾਂ ਨੇ ਦੱਸਿਆ ਕਿ ਫਤਿਹਗੜ੍ਹ ਸਾਹਿਬ ਜੋੜ ਮੇਲੇ ਤੇ ਪੁਸਤਕ ਪ੍ਰਦਰਸ਼ਨੀ ਅਤੇ ਤਰਕਸ਼ੀਲ ਪ੍ਰੋਗਰਾਮ ਦਿੱਤਾ ਜਾਵੇਗਾ। ਇਸ ਮੌਕੇ ਜਸਵੀਰ ਸੋਨੀ ਮਾਨਸਾ ਸਮੇਤ ਹੋਰ ਵੀ ਸਾਹਿਤਕਾਰ ਹਾਜ਼ਰ ਸਨ।

## ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਧਾਰਮਿਕ ਸਮਾਗਮ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)

ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ। ਸਕੂਲ ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਦੇ ਪਾਏ ਪੂਰਨਿਆਂ 'ਤੇ ਚੱਲਣ ਲਈ ਪ੍ਰੇਰਿਆ। ਉਹਨਾਂ ਵਿਦਿਆਰਥੀਆਂ ਨੂੰ ਸੱਚਾਈ ਦੇ ਰਾਹ ਤੇ ਚੱਲਣ, ਦਸਾਂ ਨਹੁੰਆਂ ਦੀ ਕਿਰਤ ਕਰਨ ਅਤੇ ਨੈਤਿਕ ਕਦਰਾਂ ਕੀਮਤਾਂ ਨੂੰ ਜ਼ਿੰਦਗੀ ਵਿੱਚ ਅਪਨਾਉਣ ਲਈ ਵੀ ਪ੍ਰੇਰਿਆ। ਸਕੂਲ ਦੇ ਵਿਦਿਆਰਥੀਆਂ ਵੱਲੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨਾਲ ਸਬੰਧਤ ਲੈਕਚਰ, ਕਵਿਤਾਵਾਂ, ਕਵਿਸ਼ਰੀ ਦੀ ਪੇਸ਼ਕਾਰੀ ਕੀਤੀ ਗਈ। ਮੈਡਮ ਬਲਦੀਪ ਕੌਰ ਨੇ ਸਟੇਜ ਸਕੱਤਰ ਦੀ ਭੂਮਿਕਾ ਬਖ਼ੂਬੀ ਨਿਭਾਈ। ਇਸ ਮੌਕੇ ਰਣਜੋਧ ਸਿੰਘ,ਸਤਿੰਦਰ ਕੌਰ, ਜਸਪ੍ਰੀਤ ਕੌਰ, ਨਰਿੰਦਰ ਕੌਰ, ਰਜਿੰਦਰ ਕੌਰ, ਸੰਦੀਪ ਕੌਰ, ਕੰਵਲਜੀਤ ਕੌਰ, ਮਮਤਾ ਦੇਵੀ, ਸਪਨਾ ਰਾਣੀ, ਸ਼ਾਂਤੀ ਦੇਵੀ, ਦੀਪਾਂਜਲੀ ਸ਼ਰਮਾ, ਆਂਸ਼ੂ, ਨਿਸ਼ਾ ਦੇਵੀ, ਸਿਮਰਨਜੀਤ ਕੌਰ, ਅਮਰਜੀਤ ਕੌਰ, ਮਨਜੀਤ ਕੌਰ, ਕਰਮਜੀਤ ਕੌਰ ਆਦਿ ਹਾਜ਼ਰ ਸਨ।

## ਵਿਦਿਆਰਥੀਆਂ ਨੂੰ ਇਨਾਮ ਵੰਡੇ

ਬੰਗਾ (ਅਵਤਾਰ ਕਲੇਰ)-ਸਰਕਾਰੀ ਮਿਡਲ ਸਕੂਲ ਭੰਗਲ ਖੁਰਦ ਵਿਖੇ ਤਰਕਸ਼ੀਲ ਸੁਸਾਇਟੀ ਵੱਲੋਂ ਕਰਾਈ ਗਈ ਸੱਤਵੀਂ ਚੇਤਨਾ ਪਰਖ ਪ੍ਰੀਖਿਆ ਵਿੱਚੋਂ ਚੰਗੀ ਕਾਰਗੁਜ਼ਾਰੀ ਦਿਖਾਉਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਅਤੇ ਸਨਮਾਨ ਪੱਤਰ ਦਿੱਤੇ ਗਏ। ਇਹ ਪ੍ਰੀਖਿਆ ਗ਼ਦਰ ਲਹਿਰ ਦੀ ਨਾਇਕਾ ਬੀਬੀ ਗੁਲਾਬ ਕੌਰ ਨੂੰ ਉਨ੍ਹਾਂ ਦੀ ਸ਼ਹਾਦਤ ਦੀ ਸੌਵੀਂ ਵਰ੍ਹੇਗੰਢ ਨੂੰ ਸਮਰਪਿਤ ਕਰਾਈ ਗਈ। ਜੋਨ ਨਵਾਂਸ਼ਹਿਰ ਦੇ ਜਥੇਬੰਦਕ ਮੁਖੀ ਮਾ. ਜਗਦੀਸ਼ ਰਾਏਪੁਰ ਡੱਬਾ ਨੇ ਦੱਸਿਆ ਕਿ ਇਸ ਪ੍ਰੀਖਿਆ ਦਾ ਮੁੱਖ ਮੰਤਵ ਵਿਦਿਆਰਥੀਆਂ ਨੂੰ ਅੰਧ-ਵਿਸ਼ਵਾਸਾਂ, ਵਹਿਮਾਂ-ਭਰਮਾਂ, ਜਾਦੂ-ਟੂਣਿਆਂ, ਆਤਮਾਵਾਂ,ਗੈਬੀ ਸ਼ਕਤੀਆਂ ਅਤੇ ਹੋਰ ਭਰਮ ਭੁਲੇਖਿਆਂ 'ਚੋਂ ਕੱਢ ਕੇ ਉਨ੍ਹਾਂ ਦੀ ਸੋਚ ਨੂੰ ਵਿਗਿਆਨਕ ਲੀਹਾਂ ਵੱਲ੍ਹ ਤੋਰਨਾ ਹੈ ਤਾਂ ਕਿ ਉਹ ਆਪਣੀ ਪੜ੍ਹਾਈ ਬਿਨਾਂ ਕਿਸੇ ਡਰ ਤੋਂ ਨਿਰੰਤਰ ਜਾਰੀ ਰੱਖ ਸਕਣ। ਸੁਖਵਿੰਦਰ ਲੰਗੇਰੀ ਵੱਲੋਂ ਕਿਤਾਬਾਂ ਦਾ ਸਟਾਲ ਤੇ ਜਾਦੂ ਟਰਿੱਕ ਵੀ ਦਿਖਾਏ। ਉਹਨਾਂ ਜਾਦੂ ਪ੍ਰਤੀ ਪਾਏ ਜਾਂਦੇ ਸ਼ੰਕਿਆਂ ਨੂੰ ਦੂਰ ਕੀਤਾ। ਇਨਾਮ ਹਾਸਲ ਕਰਨ ਵਾਲਿਆਂ ਵਿੱਚ ਧੀਰਜ ਕੁਮਾਰ ਨੇ ਜੋਨ ਨਵਾਂਸ਼ਹਿਰ ਵਿੱਚੋਂ ਪਹਿਲਾ ਸਥਾਨ, ਸੋਨੀਆਂ ਅਤੇ ਜਸਮੀਨ ਨੇ ਆਪਣੀ ਆਪਣੀ ਜਮਾਤ ਵਿੱਚੋਂ ਇਕਾਈ ਪੱਧਰ ਦੇ ਪਹਿਲੇ ਸਥਾਨ ਹਾਸਲ ਕੀਤੇ। ਤਨਵੀਰ ਅਤੇ ਚਿਰਾਗ ਦੜੋਚ ਛੇਵੀਂ ਜਮਾਤ ਵਿੱਚੋਂ ਕ੍ਰਮਵਾਰ ਪਹਿਲਾ ਅਤੇ ਦੂਜਾ ਸਥਾਨ ਇਕਾਈ ਪੱਧਰੀ ਹਾਸਲ ਕੀਤਾ।ਇਸ ਮੌਕੇ ਸਕੂਲ ਦੇ ਸਟਾਫ਼ ਮੈਂਬਰ ਮੈਡਮ ਅਨੀਤਾ ਚਾਵਲਾ, ਮੁਸਕਾਨ ਸ਼ਰਮਾ ਅਤੇ ਮੈਡਮ ਨੀਰਜ਼ ਕੁਮਾਰੀ ਸਟੇਟ ਐਵਾਰਡੀ ਹਾਜ਼ਰ ਸਨ। ਸੁਸਾਇਟੀ ਵੱਲੋਂ ਪ੍ਰੀਖਿਆ ਨੂੰ ਸਫਲਤਾ ਪੂਰਵਕ ਕਰਾਉਣ ਲਈ ਪਾਏ ਵਡਮੁੱਲੇ ਯੋਗਦਾਨ ਲਈ ਸਕੂਲ ਸਟਾਫ ਨੂੰ ਸਨਮਾਨ ਪੱਤਰ ਨਾਲ ਸਨਮਾਨਤ ਕੀਤਾ ਗਿਆ।



## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੰਪਰਕ ਪ੍ਰੋਗਰਾਮ ਆਯੋਜਿਤ



ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)

ਨਸ਼ਾ ਤਸਕਰੀ ਅਤੇ ਅਪਰਾਧਿਕ ਤੱਤਾਂ ਵਿਰੁੱਧ ਚੱਲ ਰਹੀ ਰੋਕਥਾਮ ਮੁਹਿੰਮ ਤਹਿਤ ਜਲੰਧਰ ਦਿਹਾਤੀ ਪੁਲਸ ਵੱਲੋਂ ਨਕੋਦਰ ਵਿਖੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਧੀਨ ਸੰਪਰਕ ਪ੍ਰੋਗਰਾਮ ਆਯੋਜਿਤ ਕੀਤਾ ਗਿਆ।ਇਹ ਪ੍ਰੋਗਰਾਮ ਸ. ਹਰਵਿੰਦਰ ਸਿੰਘ ਵਿਰਕ, ਸੀਨੀਅਰ ਪੁਲਿਸ ਕਪਤਾਨ, ਜਲੰਧਰ ਦਿਹਾਤੀ ਅਤੇ ਸਰਬਜੀਤ ਰਾਏ, ਐਸ.ਪੀ. (ਇਨਵੈਸਟੀਗੇਸ਼ਨ) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਡੀ ਐੱਸ ਪੀ ਸਬ ਡਿਵੀਜ਼ਨ ਨਕੋਦਰ ਉਂਕਾਰ ਸਿੰਘ ਬਰਾੜ ਦੀ ਅਗਵਾਈ ਹੇਠ ਕਰਵਾਇਆ ਗਿਆ। ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿੰਡ ਸ਼ੰਕਰ, ਥਾਣਾ ਨਕੋਦਰ ਵਿਖੇ ਸੰਪਰਕ ਮੀਟਿੰਗ ਕੀਤੀ ਗਈ, ਜਿਸ ਵਿੱਚ ਕਰੀਬ 250 ਤੋਂ 300 ਦੇ ਕਰੀਬ ਮੁਹਤਬਰ ਵਿਅਕਤੀਆਂ, ਪਿੰਡ ਵਾਸੀਆਂ ਅਤੇ ਨੌਜਵਾਨਾਂ ਨੇ ਭਾਗ ਲਿਆ। ਇਸ ਦੌਰਾਨ ਆਮ ਲੋਕਾਂ ਦੀਆਂ ਨਸ਼ਿਆਂ ਸਬੰਧੀ ਸ਼ਿਕਾਇਤਾਂ ਅਤੇ ਸੁਝਾਅ ਸੁਣੇ ਗਏ।ਮੀਟਿੰਗ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੇ ਨਾਲ ਨਾਲ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀਆਂ ਗਈਆਂ ਵੱਖ-ਵੱਖ ਹੈਲਪਲਾਈਨਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਲੋਕਾਂ ਨੂੰ ਦੱਸਿਆ ਗਿਆ ਕਿ ਨਸ਼ਾ ਤਸਕਰੀ ਸਬੰਧੀ ਜਾਣਕਾਰੀ ਲਈ ਹੈਲਪਲਾਈਨ ਨੰਬਰ 97791-00200 'ਤੇ ਸੰਪਰਕ ਕੀਤਾ ਜਾ ਸਕਦਾ ਹੈ।ਇਸ ਤੋਂ ਇਲਾਵਾ ਚਾਇਲਡ ਹੈਲਪਲਾਈਨ 1098, ਹੈਲਪਲਾਈਨ ਨੰਬਰ 112, ਅਤੇ ਸਾਈਬਰ ਕ੍ਰਾਈਮ ਹੈਲਪਲਾਈਨ 1930 ਸਬੰਧੀ ਜਾਣਕਾਰੀ ਦਿੱਤੀ ਗਈ ਅਤੇ ਆਨਲਾਈਨ ਫਰਾਡ, ਸਾਈਬਰ ਠੱਗੀਆਂ ਅਤੇ ਡਿਜ਼ੀਟਲ ਸੁਰੱਖਿਆ ਵਿਸ਼ਿਆਂ 'ਤੇ ਵੀ ਚਰਚਾ ਕੀਤੀ ਗਈ।

## ਸਾਹਿਬਜ਼ਾਦਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ

ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)-ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਭੋਗਪੁਰ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੇ ਬਹਾਦਰ ਸਪੂਤਾਂ, ਸਾਹਿਬਜ਼ਾਦਿਆਂ ਦੀ ਸਰਵੱਚ ਕੁਰਬਾਨੀ ਨੂੰ ਸਨਮਾਨ ਅਤੇ ਸ਼ਰਧਾਂਜਲੀ ਭੇਂਟ ਕਰਦਾ ਹੈ। ਧਰਮ ਅਤੇ ਸੱਚਾਈ ਲਈ ਉਨ੍ਹਾਂ ਦੀ ਅਤੁਲਨੀ ਸੂਰਬੀਰਤਾ ਅਤੇ ਸਮਰਪਣ ਮਨੁੱਖਤਾ ਨੂੰ ਸਦਾ ਪ੍ਰੇਰਿਤ ਕਰਦਾ ਰਹਿੰਦਾ ਹੈ।ਚਾਰੇ ਸਾਹਿਬਜ਼ਾਦੇ-ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ, ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫ਼ਤਿਹ ਸਿੰਘ ਜੀ—ਨੇ ਨਿਡਰਤਾ ਨਾਲ ਅਨਿਆਂ ਅਤੇ ਜ਼ੁਲਮ ਦਾ ਮੁਕਾਬਲਾ ਕੀਤਾ। ਛੋਟੀ ਉਮਰ ਹੋਣ ਦੇ ਬਾਵਜੂਦ, ਉਨ੍ਹਾਂ ਨੇ ਅਸਾਧਾਰਣ ਬਹਾਦਰੀ ਦਿਖਾਈ ਅਤੇ ਆਪਣਾ ਧਰਮ ਨਾ ਛੱਡਣ ਦੀ ਥਾਂ ਸ਼ਹੀਦੀ ਨੂੰ ਚੁਣਿਆ। ਵੱਡੇ ਸਾਹਿਬਜ਼ਾਦਿਆਂ, ਬਾਬਾ ਅਜੀਤ ਸਿੰਘ ਜੀ ਅਤੇ ਬਾਬਾ ਜੁਝਾਰ ਸਿੰਘ ਜੀ ਨੇ ਚਮਕੌਰ ਦੇ ਮੈਦਾਨ ਵਿੱਚ ਧਰਮ ਦੀ ਰੱਖਿਆ ਕਰਦੇ ਹੋਏ ਸ਼ਹੀਦੀ ਪ੍ਰਾਪਤ ਕੀਤੀ। ਛੋਟੇ ਸਾਹਿਬਜ਼ਾਦਿਆਂ, ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫ਼ਤਿਹ ਸਿੰਘ ਜੀ ਨੇ ਅਡੋਲ ਵਿਸ਼ਵਾਸ ਨਾਲ ਸ਼ਹੀਦੀ ਨੂੰ ਸਵੀਕਾਰ ਕੀਤਾ, ਧਰਮ ਤਿਆਗਣ ਦੀ ਥਾਂ ਮੌਤ ਨੂੰ ਗਲੇ ਲਗਾਇਆ, ਦੱਸਿਆ ਕਿ ਹਿੰਮਤ ਅਤੇ ਵਿਸ਼ਵਾਸ ਲਈ ਉਮਰ ਕੋਈ ਰੁਕਾਵਟ ਨਹੀਂ। ਸਕੂਲ ਪ੍ਰਿੰਸੀਪਲ ਅਮਰੀਕ ਸਿੰਘ ਨੇ ਸਾਹਿਬਜ਼ਾਦਿਆਂ ਦੀ ਪ੍ਰੇਰਨਾਦਾਇਕ ਕਹਾਣੀ ਸਾਂਝੀ ਕੀਤੀ ਅਤੇ ਉਨ੍ਹਾਂ ਦੀ ਸ਼ਕਤੀਸ਼ਾਲੀ ਸਿੱਖਿਆ 'ਕਿਸੇ ਤੋਂ ਨਾ ਡਰੋ ਅਤੇ ਹਮੇਸ਼ਾ ਸੱਚ ਅਤੇ ਨਿਆਂ ਲਈ ਡਟ ਕੇ ਖੜੇ ਰਹੋ' ਨੂੰ ਉਜਾਗਰ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਬਹਾਦਰ, ਇਮਾਨਦਾਰ ਅਤੇ ਚਰਿੱਤਰਵਾਨ ਬਣ ਕੇ ਉਨ੍ਹਾਂ ਦੇ ਮਾਰਗ 'ਤੇ ਚਲਣ ਲਈ ਪ੍ਰੇਰਿਆ।



## ਪ ਸ ਸ ਫ ਵੱਲੋਂ 28 ਦੀ ਸੂਬਾਈ ਕਨਵੈਨਸ਼ਨ 'ਚ ਸ਼ਾਮਲ ਹੋਣ ਦਾ ਐਲਾਨ



ਜਲੰਧਰ (ਰਾਜੇਸ਼ ਥਾਪਾ)

ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ ਜਿਲਾ ਜਲੰਧਰ ਦੀ ਮੀਟਿੰਗ ਪੁਸ਼ਪਿੰਦਰ ਕੁਮਾਰ ਵਿਰਦੀ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਗਈ ।ਮੀਟਿੰਗ ਨੂੰ ਵਿਸ਼ੇਸ਼ ਤੌਰ ਤੇ ਸੰਬੋਧਨ ਕਰਦਿਆਂ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਅਤੇ ਕੁੱਲ ਹਿੰਦ ਰਾਜ ਸਰਕਾਰੀ ਮੁਲਾਜਮ ਫੈਡਰੇਸ਼ਨ ਦੀ ਕੇਂਦਰੀ ਕਮੇਟੀ ਮੈਂਬਰ ਤੀਰਥ ਸਿੰਘ ਬਾਸੀ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਬਿਜਲੀ ਬਿੱਲ 2025, ਸੀਡ ਬਿਲ, ਨਵੀਂ ਸਿੱਖਿਆ ਨੀਤੀ 2020, ਲੇਬਰ ਕੋਡ ਨੂੰ ਬਦਲ ਕੇ ਅਤੇ ਨਰੇਗਾ ਵਰਗੀਆਂ ਸਕੀਮਾਂ ਨੂੰ ਬੰਦ ਕਰਨ ਦੀਆਂ ਨੀਤੀਆਂ ਰਾਹੀਂ ਸਰਮਾਏਦਾਰੀ ਸਿਸਟਮ ਲਾਗੂ ਕਰ ਰਹੀਆਂ ਹਨ । ਉਹਨਾਂ ਆਉਣ ਵਾਲੇ ਦਿਨਾਂ ਵਿੱਚ ਕੀਤੇ ਜਾ ਰਹੇ ਸੰਘਰਸ਼ਾ ਸੰਬੰਧੀ ਵੀ ਜਾਣਕਾਰੀ ਦਿੱਤੀ। ਇਸ ਸਮੇਂ ਜੇ ਪੀ ਐਮ ਓ ਵਲੋਂ 28 ਦਸੰਬਰ ਨੂੰ ਰੇਲਵੇ ਸਟੇਸ਼ਨ ਜਲੰਧਰ ਵਿਖੇ ਕੀਤੀ ਜਾ ਰਹੀ ਸੂਬਾ ਪੱਧਰੀ ਕਨਵੈਂਨਸ਼ਨ ਵਿੱਚ ਭਾਗ ਲੈਣ ਦਾ ਫੈਸਲਾ ਕੀਤਾ ਗਿਆ। ਇਸ ਦੇ ਨਾਲ ਹੀ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਵੱਖ ਵੱਖ ਥਾਵਾਂ ਤੇ ਕੀਤੇ ਜਾ ਰਹੇ ਝੰਡੇ ਮਾਰਚ ਵਿੱਚ ਵੀ ਸ਼ਾਮਿਲ ਹੋਣ ਦਾ ਫੈਸਲਾ ਕੀਤਾ ਗਿਆ ਜਿਸ ਦੀ ਕੜੀ ਵਜੋਂ 28 ਦਸੰਬਰ 2025 ਨੂੰ ਸ਼ਾਹਕੋਟ ਵਿਖੇ, 29 ਦਸੰਬਰ ਨੂੰ ਕਰਤਾਰਪੁਰ ਵਿਖੇ 30 ਦਸੰਬਰ ਨੂੰ ਫਿਲੋਰ ਤੇ ਨਕੋਦਰ ਵਿਖੇ, 31 ਦਸੰਬਰ ਨੂੰ ਭੋਗਪੁਰ ਅਤੇ 02 ਜਨਵਰੀ2026 ਨੂੰ ਨੂਰਮਹਿਲ ਇਲਾਕੇ ਅੰਦਰ ਝੰਡਾ ਮਾਰਚ ਕੀਤਾ ਜਾ ਰਿਹਾ ਹੈ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਤਰਸੇਮ ਮਾਧੋਪੁਰੀ, ਜਗੀਰ ਸਿੰਘ,ਕਰਨੈਲ ਫਿਲੋਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ, ਰਾਜਿੰਦਰ ਮਹਿਤਪੁਰ, ਸੁਰਿੰਦਰ ਕੌਰ ਸਹੋਤਾ,ਸਿਮਰਨਜੀਤ ਕੌਰ ਪਾਸਲਾ, ਹਰੀ ਰਾਮ, ਕੁਲਦੀਪ ਵਾਲੀਆ ਆਦਿ ਹਾਜ਼ਰ ਸਨ।

## ਟੂਰਨਾਮੈਂਟ 'ਚ ਚਰਨਜੀਤ ਸਿੰਘ ਬੰਟੀ ਨੇ ਖਿਡਾਰੀਆਂ ਨਾਲ ਕੀਤੀ ਜਾਣ-ਪਹਿਚਾਣ

ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)-ਸ਼ਹੀਦ ਮੁਖਤਿਆਰ ਸਿੰਘ ਸਪੋਰਟਸ ਕਲੱਬ ਵੱਲੋਂ ਸਮੂਹ ਨਗਰ ਨਿਵਾਸੀਆਂ ਤੇ ਐੱਨ ਆਰ ਆਈ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਸ਼ਹੀਦ ਮੁਖਤਿਆਰ ਸਿੰਘ ਯਾਦਗਾਰੀ ਫੁੱਟਬਾਲ ਟੂਰਨਾਮੈਂਟ ਨਿਰੰਤਰ ਜਾਰੀ ਹੈ। ਟੂਰਨਾਮੈਂਟ ਦੇ ਤੀਜੇ ਦਿਨ ਖਿਡਾਰੀਆਂ ਨਾਲ ਜਾਣ ਪਹਿਚਾਣ ਕਰਨ ਅਤੇ ਉਹਨਾਂ ਨੂੰ ਅਸ਼ੀਰਵਾਦ ਦੇਣ ਲਈ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਸਰਪੰਚ ਮੈਲੀ ਚਰਨਜੀਤ ਸਿੰਘ ਬੰਟੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਉਹਨਾਂ ਖਿਡਾਰੀਆਂ ਨਾਲ ਜਾਣ ਪਛਾਣ ਕੀਤੀ ਅਤੇ ਉਨਾਂ ਨੂੰ ਖੇਡਾਂ ਦੀ ਮਹੱਤਤਾ ਬਾਰੇ ਦੱਸਿਆ। ਇਸ ਮੌਕੇ ਸੰਤ ਮਹਾਂਵੀਰ ਸਿੰਘ ਤਾਜੇਵਾਲ, ਬੀਬੀ ਨਿਰਮਲ ਕੌਰ, ਰਣਜੀਤ ਸਿੰਘ ਫੌਜੀ, ਸੁੱਚਾ ਸਿੰਘ ਪੰਚ, ਨਰਵੀਰ ਸਿੰਘ, ਕੁਲਜੀਤ ਸਿੰਘ ਸੋਢੀ, ਮਨਜਿੰਦਰ ਸਿੰਘ ਸੋਢੀ, ਜਰਨੈਲ ਸਿੰਘ ਜੈਲੋ, ਜਗਜੀਤ ਸਿੰਘ ਲਾਡੀ, ਪ੍ਰਿੰਸ, ਜਸਬੀਰ ਕੁਮਾਰ, ਜਸਵੀਰ ਸ਼ੀਰਾ, ਬਚਿੱਤਰ ਸਿੰਘ ਐਨ.ਆਰ.ਆਈ, ਜਤਿੰਦਰ ਕੁਮਾਰ, ਰੇਸ਼ਮ ਸਿੰਘ, ਬਲਵੀਰ ਸਿੰਘ ਸਮੇਤ ਪਿੰਡ ਤਾਜੇਵਾਲ ਦੇ ਨਗਰ ਨਿਵਾਸੀ ਹਾਜ਼ਰ ਸਨ।



# ਮੁਕੇਸ਼ ਭਾਟੀਆ ਬਣੇ ਲਾਇਨਜ਼ ਕਲੱਬ ਫਗਵਾੜਾ ਰਾਇਲ ਦੇ ਪ੍ਰਧਾਨ

**ਫਗਵਾੜਾ (ਡਾ. ਰਮਨ)**

ਲਾਇਨਜ਼ ਇੰਟਰਨੈਸ਼ਨਲ 321-ਡੀ ਦੀ ਮੋਹਰੀ ਕਲੱਬ ਲਾਇਨਜ਼ ਕਲੱਬ ਫਗਵਾੜਾ ਰਾਇਲ ਦੀ ਇੰਸਟਾਲੇਸ਼ਨ ਸੈਰੇਮਨੀ ਦਾ ਸ਼ਾਨਦਾਰ ਆਯੋਜਨ ਸਥਾਨਕ ਹੋਟਲ ਬੈਸਟ ਵੈਸਟਰਨ ਵਿਖੇ ਕੀਤਾ ਗਿਆ। ਕਲੱਬ ਦੇ



ਪਿਛਲੇ ਸਾਲ ਦੇ ਪ੍ਰਧਾਨ ਲਾਇਨ ਵਿਕਾਸ ਕੋਛੜ ਦੀ ਨਿਗਰਾਨੀ ਹੇਠ ਆਯੋਜਿਤ ਇਸ ਸਮਾਗਮ ਦੌਰਾਨ ਆਉਣ ਵਾਲੇ ਸਾਲ 2025-26 ਲਈ ਚੁਣੇ ਗਏ ਪ੍ਰਧਾਨ ਲਾਇਨ ਮੁਕੇਸ਼ ਭਾਟੀਆ ਅਤੇ ਉਨ੍ਹਾਂ ਦੀ ਪਤਨੀ ਲਾਇਨ ਲੇਡੀ ਪਿੰਕੀ ਭਾਟੀਆ ਕੌਂਸਲਰ, ਵਾਰਡ ਨੰ. 7 ਦਾ ਪਹੁੰਚਣ 'ਤੇ ਫੁੱਲਾਂ ਦੇ ਹਾਰਾਂ ਨਾਲ ਨਿੱਘਾ ਸਵਾਗਤ ਕੀਤਾ ਗਿਆ। ਇਸ ਤੋਂ ਬਾਅਦ ਲਾਇਨ ਮੁਕੇਸ਼ ਭਾਟੀਆ ਨੇ ਲਾਇਨ ਵਿਕਾਸ ਕੋਛੜ ਦੇ ਨਾਲ ਚੇਅਰ ਦੀ ਅਦਲਾ-ਬਦਲੀ ਕਰਕੇ ਪ੍ਰਧਾਨਗੀ ਦਾ ਅਹੁਦਾ ਸੰਭਾਲਿਆ। ਮੁੱਖ ਮਹਿਮਾਨ ਵਜੋਂ ਡਿਸਟ੍ਰਿਕਟ 321-ਡੀ ਦੇ ਗਵਰਨਰ ਲਾਇਨ ਵੀ.ਐਮ. ਗੋਇਲ ਐਮ.ਜੇ.ਐਫ. ਸ਼ਾਮਲ ਹੋਏ ਜਦਕਿ ਐਮ.ਜੇ.ਐਫ. ਲਾਇਨ ਜੀ.ਐਸ. ਭਾਟੀਆ ਵੀਡੀਜੀ-1 ਨੇ ਇੰਸਟਾਲੇਸ਼ਨ ਅਫ਼ਸਰ, ਪੀ.ਐਮ.ਜੇ.ਐਫ. ਲਾਇਨ ਰਾਜੀਵ ਖੋਸਲਾ ਵੀ ਡੀ ਜੀ-2 ਨੇ ਇੰਡਕਸ਼ਨ ਅਫ਼ਸਰ ਅਤੇ ਲਾਇਨ ਰਾਜੀਵ ਵਿਗ ਡਿਸਟ੍ਰਿਕਟ ਜੀ.ਐਮ.ਟੀ. ਕੋਆਰਡੀਨੇਟਰ ਨੇ ਸਟਾਰ ਗੈਸਟ ਵਜੋਂ ਸਮਾਗਮ ਦੀ ਸ਼ੋਭਾ ਵਧਾਈ। ਡਿਸਟ੍ਰਿਕਟ ਗਵਰਨਰ ਲਾਇਨ ਵੀ.ਐਮ. ਗੋਇਲ ਨੇ ਨਵੇਂ ਚੁਣੇ ਪ੍ਰਧਾਨ ਲਾਇਨ ਮੁਕੇਸ਼ ਭਾਟੀਆ ਅਤੇ ਉਨ੍ਹਾਂ ਦੀ ਟੀਮ ਦੇ ਮੈਂਬਰਾਂ ਲਾਇਨ ਜਸਵਿੰਦਰ ਚੱਗਰ ਕਲੱਬ ਸਕੱਤਰ, ਲਾਇਨ ਨਿਤਿਨ ਗਾਬਾ ਕਲੱਬ ਖਜ਼ਾਨਚੀ ਅਤੇ ਲਾਇਨ ਹਰੀਸ਼ ਦੁੱਗਲ ਪੀ.ਆਰ.ਓ. ਨੂੰ ਇੰਟਰਨੈਸ਼ਨਲ ਪਿੰਨ ਲਗਾਈ ਤੇ ਸਰਟੀਫਿਕੇਟ ਭੇਂਟ ਕੀਤੇ। ਲਾਇਨ ਮੁਕੇਸ਼ ਭਾਟੀਆ ਨੇ ਡਿਸਟ੍ਰਿਕਟ ਗਵਰਨਰ ਲਾਇਨ ਵੀ.ਐਮ. ਗੋਇਲ ਦਾ ਧੰਨਵਾਦ ਕੀਤਾ ਅਤੇ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਟੀਮ ਅਗਲੇ ਇੱਕ ਸਾਲ ਸਾਲ ਨਵੇਕਲੇ ਸਮਾਜ ਸੇਵੀ ਪ੍ਰੋਜੈਕਟਾਂ ਦੇ ਨਾਲ ਡਿਸਟ੍ਰਿਕਟ 321-ਡੀ ਦਾ ਮਾਨ ਵਧਾਏਗੀ। ਇੰਸਟਾਲੇਸ਼ਨ ਅਫ਼ਸਰ ਲਾਇਨ ਜੀ.ਐਸ. ਭਾਟੀਆ ਨੇ ਲਾਇਨ ਮੁਕੇਸ਼ ਭਾਟੀਆ ਅਤੇ ਉਨ੍ਹਾਂ ਦੀ ਟੀਮ ਨੂੰ ਸਹੁੰ ਚੁਕਾਈ।

# ਧੁੰਦਾ 'ਚ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਤੇ ਹਾਦਸੇ ਰੋਕਣ ਸੰਬੰਧੀ ਐੱਸ ਡੀ ਐੱਮ ਵੱਲੋਂ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ

**ਫਿਲੌਰ (ਨਿਰਮਲ)**- ਸਰਦੀਆਂ ਦੇ ਮੌਸਮ ਵਿਚ ਧੁੰਦਾਂ ਪੈਣ ਕਾਰਨ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਦੇ ਲਈ ਮੁਸ਼ਕਿਲ ਆਰ ਉਪ ਮੰਡਲ ਮੈਜਿਸਟਰੇਟ ਫਿਲੌਰ ਦੀ



ਪ੍ਰਧਾਨਗੀ ਹੇਠ ਵੱਖ ਵੱਖ ਸੰਬੰਧਤ ਮਹਿਕਮਿਆਂ ਦੇ ਅਧਿਕਾਰੀਆਂ ਨਾਲ ਰੋਡ ਸੇਫਟੀ ਅਤੇ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਮੀਟਿੰਗ ਦਫਤਰ ਉਪ ਮੰਡਲ ਮੈਜਿਸਟਰੇਟ ਫਿਲੌਰ ਵਿਖੇ ਕੀਤੀ ਗਈ। ਜਿਸ ਵਿਚ ਐਸ.ਡੀ.ਐਮ ਵੱਲੋਂ ਸੰਬੰਧਤ ਵਿਭਾਗ ਦੇ ਮੁਖੀਆਂ ਨੂੰ ਆਦੇਸ਼ ਦਿੱਤੇ ਗਏ ਕਿ ਧੁੰਦਾਂ ਪੈਣ ਕਾਰਨ ਆਵਾਜਾਈ ਅਤੇ ਕਿਸੇ ਵੀ ਕਿਸਮ ਦੀ ਅਣਸੁਖਾਵੀਂ ਘਟਨਾ ਨੂੰ ਵਾਪਰਨ ਤੋਂ ਰੋਕਣ ਲਈ ਵਾਹਨ ਚਾਲਕਾਂ ਦੀ ਸਹੂਲਤ ਲਈ ਵਿਜੀਬਿਲਟੀ ਲਈ ਸੜਕਾਂ 'ਤੇ ਰਿਫਲੈਕਟਰ ਅਤੇ ਬਲਿੰਕ ਲਾਈਟਾਂ ਲਗਵਾਈਆਂ ਜਾਣ ਅਤੇ ਸੜਕਾਂ ਦੀ ਮੁਰੰਮਤ ਨੂੰ ਯਕੀਨੀ ਬਣਾਇਆ ਜਾਵੇ। ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲਾਂ ਦੀਆਂ ਬੱਸਾਂ ਨੂੰ ਚੈਕ ਕਰਨ ਲਈ ਐਸ.ਡੀ.ਐਮ ਸਾਹਿਬ ਵੱਲੋਂ ਉਪ ਪੁਲਸ ਕਪਤਾਨ ਟਰੈਫਿਕ (ਰੂਰਲ) ਅਤੇ ਸੰਬੰਧਤ ਥਾਣਿਆਂ ਦੇ ਮੁਖੀਆਂ ਨੂੰ ਆਦੇਸ਼ ਦਿੱਤੇ ਗਏ ਕਿ ਉਹ ਇਹਨਾਂ ਸਕੂਲੀ ਬੱਸਾਂ ਦੀ ਚੈਕਿੰਗ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਕਰਨਾ ਯਕੀਨੀ ਬਣਾਉਣ।ਐਸ.ਡੀ.ਐਮ ਵੱਲੋਂ ਉਹਨਾਂ ਨੂੰ ਇਹ ਵੀ ਆਦੇਸ਼ ਦਿੱਤੇ ਗਏ ਕਿ ਜਿਹਨਾਂ ਸਕੂਲਾਂ ਦੀਆਂ ਬੱਸਾਂ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਦਰਸਾਈਆਂ ਗਈਆਂ ਹਦਾਇਤਾਂ ਨੂੰ ਪੂਰੀਆਂ ਨਹੀਂ ਕਰਦੀਆਂ ਹੋਣਗੀਆਂ ਉਹਨਾਂ ਬੱਸਾਂ 'ਤੇ ਬੱਚਿਆਂ ਨੂੰ ਲਿਆਉਣ ਅਤੇ ਲਿਜਾਣ 'ਤੇ ਰੋਕ ਲਗਾਈ ਜਾਵੇ ਅਤੇ ਸੰਬੰਧਤ ਸਕੂਲਾਂ ਨੂੰ ਚਿਤਾਵਨੀ ਦਿੱਤੀ ਗਈ ਕਿ ਜੇਕਰ ਉਹ ਇਸ ਪਾਲਿਸੀ ਤਹਿਤ ਸ਼ਰਤਾਂ ਪੂਰੀਆਂ ਨਹੀਂ ਕਰਨਗੇ ਤਾਂ ਉਹਨਾਂ ਦੀ ਰਜਿਸਟਰੇਸ਼ਨ ਕੈਂਸਲ ਕਰਨ ਲਈ ਲਿਖ ਦਿੱਤਾ ਜਾਵੇਗਾ।

# ਸਰਕਾਰੀ ਸਕੂਲ ਵਿਖੇ ਬਣਨ ਵਾਲੇ ਕਮਰਿਆਂ ਦਾ ਨੀਂਹ ਪੱਥਰ ਰੱਖਿਆ



**ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਵਿਦਿਆ ਹਮੇਸ਼ਾ ਹੀ ਪਰਉਪਕਾਰੀ ਹੈ ਅਤੇ ਇਸ ਦੇ ਪ੍ਰਚਾਰ ਪ੍ਰਸਾਰ ਵਾਸਤੇ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਉਪਰਾਲੇ ਕਰਨੇ ਚਾਹੀਦੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਡੇਰਾ ਗੁਰੂਸਰ ਖੁੱਡਾ ਨਿਰਮਲ ਟਕਸਾਲ ਜੇਤੀਆਂ ਥਾਬਾ ਦੇ ਮੁੱਖ ਸੇਵਾਦਾਰ ਨਿਰਮਲ ਭੇਖ ਰਤਨ ਸੰਤ ਤੇਜਾ ਸਿੰਘ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੁੱਡਾ ਵਿਖੇ ਹੋਏ ਇੱਕ ਸਮਾਗਮ ਦੌਰਾਨ ਕੀਤਾ। ਪ੍ਰਿੰਸੀਪਲ ਸ੍ਰੀਮਤੀ ਸੁਖਵਿੰਦਰ ਕੌਰ ਦੀ ਅਗਵਾਈ ਵਿੱਚ ਹੋਏ ਇਸ ਸਮਾਗਮ ਦੌਰਾਨ ਸੰਤ ਤੇਜਾ ਸਿੰਘ ਜੀ ਸਕੂਲ ਵਿੱਚ ਬਣਨ ਵਾਲੇ 2 ਕਮਰਿਆਂ ਦੇ ਨਿਰਮਾਣ ਕਾਰਜ ਦੀ ਆਰੰਭਤਾ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਸੰਤ ਤੇਜਾ ਸਿੰਘ ਨੇ ਪ੍ਰਿੰਸੀਪਲ ਸੁਖਵਿੰਦਰ ਕੌਰ ਤੇ ਸਮੂਹ ਸਟਾਫ ਮੈਂਬਰਾਂ ਵੱਲੋਂ ਸਿੱਖਿਆ ਅਤੇ ਸਕੂਲ ਦੀ ਬਿਹਤਰੀ ਵਾਸਤੇ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਪ੍ਰਿੰਸੀਪਲ ਸੁਖਵਿੰਦਰ ਕੌਰ ਨੇ ਸੰਤ ਤੇਜਾ ਸਿੰਘ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਸਰਕਾਰ ਵੱਲੋਂ ਜਾਰੀ 26 ਲੱਖ ਰੁਪਏ ਦੀ ਲਾਗਤ ਨਾਲ ਇਹ ਕਮਰਿਆਂ ਦੀ ਉਸਾਰੀ ਕੀਤੀ ਜਾਵੇਗੀ। ਇਸ ਮੌਕੇ ਸਰਪੰਚ ਹਰਬੰਸ ਸਿੰਘ ਖੁੱਡਾ ਲੈਕਚਰਾਰ ਪਰਮਜੀਤ ਸਿੰਘ, ਲੈਕਚਰਾਰ ਰਕੇਸ਼ ਕੁਮਾਰ ਸੈਣੀ, ਲੈਕਚਰਾਰ ਭੁਪਿੰਦਰ ਸਿੰਘ, ਲੈਕਚਰਾਰ ਜਸਵਿੰਦਰ ਕੌਰ, ਲੈਕਚਰਾਰ ਮੰਜੂ ਸ਼ਾਹ,ਲੈਕਚਰਾਰ ਪ੍ਰਦੀਪ ਸਿੰਘ, ਲੈਕਚਰਾਰ ਜਸਵਿੰਦਰ ਸਿੰਘ, ਲੈਕਚਰਾਰ ਸੁਖਵਿੰਦਰ ਸਿੰਘ, ਬਲਵੀਰ ਸਿੰਘ, ਗੀਤਾ ਰਾਣੀ, ਅਮਨਦੀਪ ਕੌਰ, ਰੁਪਿੰਦਰ ਕੌਰ, ਚਰਨਜੀਤ ਸਿੰਘ, ਹਰਦਿਆਲ ਸਿੰਘ, ਰਕੇਸ਼ ਕੁਮਾਰ, ਗੁਰਪ੍ਰੀਤ ਸਿੰਘ,ਨਵਦੀਪ ਕੌਰ,ਰਾਜਵਿੰਦਰ ਕੌਰ, ਸਤਬੀਰ ਸਿੰਘ, ਪੰਚ ਵਰਿੰਦਰ ਸਿੰਘ, ਪਰਮਿੰਦਰ ਕੌਰ ਸਮੂਹ ਐੱਸ ਐੱਮ ਸੀ ਮੈਂਬਰ, ਰੇਖਾ ਰਾਣੀ ਸ਼ਰਮਾ ਆਦਿ ਹਾਜ਼ਰ ਸਨ।

# ਦਾਸਤਾਂ-ਏ-ਸ਼ਹੀਦੀ ਰਾਹੀਂ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਨੂੰ ਸ਼ਰਧਾਂਜਲੀ ਭੇਟ







**ਮੋਹਾਲੀ (ਗੁਰਜੀਤ ਬਿੱਲਾ)**

ਪੰਜਾਬ ਸਕੂਲ ਸਿੱਖਿਆ ਬੋਰਡ ਦੇ ਵਿਹੜੇ ਵਿੱਚ ਚੇਅਰਮੈਨ ਡਾ. ਅਮਰਪਾਲ ਸਿੰਘ ਦੀ ਅਗਵਾਈ ਹੇਠ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਵਰ੍ਹੇ ਨੂੰ ਸਮਰਪਿਤ ਦਾਸਤਾਂ-ਏ-ਸ਼ਹੀਦੀ ਸਾਕੇ ਦੀ ਲੜੀ ਤਹਿਤ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀਆਂ ਲਸਾਨੀ ਸ਼ਹਾਦਤਾਂ ਨੂੰ ਯਾਦ ਕਰਦੇ ਹੋਏ ਦੋ ਰੋਜ਼ਾ ਸਮਾਗਮ ਕਰਵਾਇਆ ਗਿਆ।

ਸਮਾਗਮ ਦੀ ਸ਼ੁਰੂਆਤ ਸਵੇਰ ਦੀ ਸਭਾ ਦੌਰਾਨ ਦਾਸਤਾਂ-ਏ-ਚਮਕੌਰ ਸਿਰਲੇਖ ਹੇਠ ਦਸ਼ਮੇਸ਼ ਪਿਤਾ, ਚਾਰ ਸਾਹਿਬਜ਼ਾਦੇ ਅਤੇ ਸਿੱਖ ਵਿਸ਼ੇ 'ਤੇ ਪ੍ਰਭਾਵਸ਼ਾਲੀ ਵਖਿਆਨ ਨਾਲ ਹੋਈ। ਇਸ ਦੌਰਾਨ ਖਾਲਸਾ ਪੰਥ ਦੀ ਸਾਜਨਾ ਤੋਂ ਲੈ ਕੇ ਬਾਬਾ ਅਜੀਤ ਸਿੰਘ ਅਤੇ ਬਾਬਾ ਜੁਝਾਰ ਸਿੰਘ ਦੀ ਮਹਾਨ ਸ਼ਹਾਦਤ ਦੀ ਦਾਸਤਾਂ ਬੜੀ ਹੀ ਭਾਵੁਕਤਾ ਨਾਲ ਸਾਂਝੀ ਕੀਤੀ ਗਈ ਅਤੇ ਗੁਰੂ ਸਾਹਿਬਾਨ ਵੱਲੋਂ ਕੌਮ ਅਤੇ ਸਮੂਹ ਮਨੁੱਖਤਾ ਪ੍ਰਤੀ ਦਰਸਾਈ ਗਈ ਅਟੱਲ ਦ੍ਰਿੜਤਾ ਨੂੰ ਯਾਦ ਕੀਤਾ ਗਿਆ।ਸ਼ਾਮ ਦੀ ਸਭਾ ਵਿੱਚ ਬੜੂ ਸਾਹਿਬ ਯੂਨੀਵਰਸਿਟੀ ਦੀਆਂ ਵਿਦਿਆਰਥਣਾਂ ਦੇ ਅਨਾਹਦ ਜੱਥਾ ਵੱਲੋਂ ਗੁਰੂ ਸਾਹਿਬਾਨ ਵੱਲੋਂ ਬਖਸ਼ੇ ਰਵਾਇਤੀ ਤੰਤੀ ਸਾਜ਼ਾਂ ਨਾਲ ਦੋ ਘੰਟੇ ਤੱਕ ਕੀਰਤਨ ਕਰਕੇ ਰਾਗਾਂ ਰਾਹੀਂ ਸੰਗਤ ਨੂੰ ਆਤਮਿਕ ਤੌਰ 'ਤੇ ਨਿਹਾਲ ਕੀਤਾ ।

ਦੂਜੇ ਦਿਨ ਦੀ ਸ਼ੁਰੂਆਤ ਦਾਸਤਾਂ-ਏ-ਸਰਹੰਦ ਸਿਰਲੇਖ ਹੇਠ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦੇ: ਬਿਖੜੇ ਪੈਂਡੇ ਤੇ ਸ਼ਹੀਦੀਆਂ ਵਿਸ਼ੇ 'ਤੇ ਭਾਵਪੂਰਣ ਵਖਿਆਨ ਨਾਲ ਹੋਈ। ਵਖਿਆਨ ਦੌਰਾਨ ਦਰਸਾਇਆ ਗਿਆ ਕਿ ਕਿਵੇਂ ਮਾਤਾ ਗੁਜਰੀ ਜੀ ਨੇ ਅਡੋਲ ਰਹਿੰਦਿਆਂ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਅਤੇ ਬਾਬਾ ਫਤਿਹ ਸਿੰਘ ਨੂੰ ਧਰਮ ਦੇ ਮਾਰਗ 'ਤੇ ਅਡਿੱਗ ਰਹਿਣ ਦੀ ਪ੍ਰੇਰਣਾ ਦਿੱਤੀ ਅਤੇ ਸਾਹਿਬਜ਼ਾਦਿਆਂ ਨੇ ਜੈਕਾਰੇ ਛੱਡਦੇ ਹੋਏ ਮੁਗਲ ਕਚਿਹਰੀ ਵਿੱਚ ਮਹਾਨ ਸ਼ਹਾਦਤ ਪ੍ਰਾਪਤ ਕੀਤੀ।

# ਬੁੱਢੇ ਦਰਿਆ 'ਚ ਪੈ ਰਹੀਆਂ ਜ਼ਹਿਰਾਂ ਨੂੰ ਰੋਕਣ ਦਾ ਇੱਕ ਵਰ੍ਹਾ ਮੁਕੰਮਲ

## ਪਾਣੀ ਦੀ ਗੁਣਵੱਤਾ ਵਿੱਚ ਵੱਡੇ ਸੁਧਾਰ ਦੇ ਬਾਵਜੂਦ ਚੁਣੌਤੀਆਂ ਬਰਕਰਾਰ : ਸੀਚੇਵਾਲ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**- ਪਵਿੱਤਰ ਬੁੱਢੇ ਦਰਿਆ ਨੂੰ ਪ੍ਰਦੂਸ਼ਣ ਤੋਂ ਮੁਕਤ ਕਰਨ ਲਈ ਵਾਤਾਵਰਣ ਪ੍ਰੇਮੀ ਅਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਚਲਾਈ ਜਾ ਰਹੀ ਕਾਰਸੇਵਾ ਦੇ ਦੂਜੇ ਪੜਾਅ ਨੂੰ ਇੱਕ ਸਾਲ ਪੂਰਾ ਹੋ ਗਿਆ ਹੈ। ਬਾਬੇ ਨਾਨਕ ਦੀ ਚਰਨ ਛੋਹ ਪ੍ਰਾਪਤ ਕਾਲੀ ਵੇਈਂ ਨੂੰ ਪ੍ਰਦੂਸ਼ਣ-ਮੁਕਤ ਬਣਾਉਣ ਤੋਂ ਬਾਅਦ ਸੰਤ ਸੀਚੇਵਾਲ ਨੇ ਲੁਧਿਆਣਾ ਵਿੱਚ ਬੁੱਢੇ ਦਰਿਆ ਦਾ ਮੋਰਚਾ ਸੰਭਾਲਿਆ ਹੋਇਆ ਹੈ। 22 ਦਸੰਬਰ 2024 ਨੂੰ ਸੰਤ ਸੀਚੇਵਾਲ ਨੇ ਆਪਣਾ ਵਿਦੇਸ਼ੀ ਦੌਰਾ ਰੱਦ ਕਰਕੇ ਬੁੱਢੇ ਦਰਿਆ ਵਿੱਚ ਵਹਿ ਰਹੇ ਗੰਦੇ ਤੇ ਜ਼ਹਿਰੀਲੇ ਪਾਣੀਆਂ ਨੂੰ ਰੋਕਣ ਲਈ ਪੂਰੀ ਤਰ੍ਹਾਂ ਨਾਲ ਆਪਣੇ ਆਪ ਨੂੰ ਸਮਰਪਤ ਕਰ ਦਿੱਤਾ ਸੀ। ਇੱਕ ਸਾਲ ਦੇ ਅੰਦਰ ਹੀ ਇਸ ਕਾਰਸੇਵਾ ਦੇ ਅਜਿਹੇ ਨਤੀਜੇ ਸਾਹਮਣੇ ਆਏ ਕਿ ਆਲੋਚਕ ਵੀ ਪ੍ਰਸ਼ੰਸਾ ਕਰਨ ਤੋਂ ਪਿੱਛੇ ਨਾ ਰਹੇ। ਕੇਂਦਰੀ ਜੇਲ੍ਹ ਨੇੜੇ ਤਾਜਪੁਰ ਰੋਡ 'ਤੇ ਬਣੇ ਪੁਲ ਤੋਂ ਪਿੱਛੇ ਦਰਿਆ ਦਾ ਪਾਣੀ ਹੁਣ ਕਾਲੇ ਰੰਗ ਦੀ ਥਾਂ ਪਵਿੱਤਰ ਵੇਈਂ ਵਾਂਗ ਨਿਰਮਲ ਧਾਰਾ ਵਿੱਚ ਵਗ ਰਿਹਾ ਹੈ। ਦਰਿਆ ਦੇ ਕੰਢਿਆਂ 'ਤੇ ਪੰਛੀਆਂ ਦੀ ਚਹਿਚਹਾਹਟ ਅਤੇ ਉਨ੍ਹਾਂ ਦੀਆਂ ਅਠਖੇਲੀਆਂ ਇਸ ਬਦਲਾਅ ਦੀ ਗਵਾਹੀ ਭਰ ਰਹੀਆਂ ਹਨ। ਸੰਗਤਘਾਟ 'ਤੇ ਪਿਛਲੇ ਸਾਲ ਜਿੱਥੇ



ਪਾਣੀ ਦਾ ਟੀਡੀਐਸ 2000 ਤੋਂ ਉੱਪਰ ਹੁੰਦਾ ਸੀ, ਅੱਜ ਉਹ 120 ਤੋਂ 160 ਦੇ ਕਰੀਬ ਰਹਿ ਗਿਆ ਹੈ। ਉਸ ਥਾਂ ਸੰਤ ਸੀਚੇਵਾਲ ਖੁਦ ਕਿਸ਼ਤੀ ਚਲਾਉਂਦੇ ਨਜ਼ਰ ਆਉਂਦੇ ਹਨ, ਜਿੱਥੇ ਇੱਕ ਸਾਲ ਪਹਿਲਾਂ ਖੜ੍ਹਾ ਰਹਿਣਾ ਵੀ ਮੁਸ਼ਕਲ ਸੀ। ਦਰਿਆ ਦੇ ਤਲ ਵਿੱਚੋਂ ਛੇ-ਛੇ ਫੁੱਟ ਤੱਕ ਜੰਮੀ ਗਾਰ ਕੱਢੀ ਗਈ, ਗੋਬਰ ਅਤੇ ਗੰਦੇ ਪਾਣੀਆਂ ਨੂੰ ਰੋਕਿਆ ਗਿਆ ਅਤੇ ਲੋਕਾਂ ਨੂੰ ਦਰਿਆ ਨਾਲ ਮੁੜ ਜੋੜਨ ਲਈ ਪਿੰਡ ਭੂਖੜੀ ਖ਼ੁਰਦ ਅਤੇ ਤਾਜਪੁਰ ਨੇੜੇ ਸੁੰਦਰ ਘਾਟ ਤਿਆਰ ਕੀਤੇ ਗਏ। ਅਪ੍ਰੈਲ 2025 ਵਿੱਚ ਚਾਰ ਦਹਾਕਿਆਂ ਬਾਅਦ ਪਹਿਲੀ ਵਾਰ ਬੁੱਢੇ ਦਰਿਆ ਦੇ ਪੱਤਣਾਂ 'ਤੇ ਵਿਸਾਖੀ ਮਨਾਈ ਗਈ, ਜਿੱਥੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਇਸ਼ਨਾਨ ਕੀਤਾ ਅਤੇ ਸੰਤ ਸੀਚੇਵਾਲ ਦੀ ਦੇਖ ਰੇਖ ਹੇਠ ਨਗਰ ਕੀਰਤਨ ਵੀ ਸਜਾਇਆ ਗਿਆ। ਕਾਲੀ ਵੇਈਂ ਦੀ ਤਰਜ 'ਤੇ ਬੁੱਢੇ ਦਰਿਆ ਵਿੱਚੋਂ ਸੱਤ ਪਿੰਡਾਂ ਦੇ ਗੰਦੇ ਪਾਣੀਆਂ ਨੂੰ ਸੀਚੇਵਾਲ ਮਾਡਲ ਅਧੀਨ ਪ੍ਰਬੰਧ ਕੀਤਾ ਗਿਆ। ਜਮਾਲਪੁਰ ਡਰੇਨ ਰਾਹੀਂ ਆ ਰਹੇ ਲਗਭਗ 70 ਐਮ ਐਲ ਡੀ ਗੰਦੇ ਪਾਣੀ ਲਈ ਆਰਜ਼ੀ ਪ੍ਰਬੰਧ ਕਰਕੇ ਉਸਨੂੰ ਟਰੀਟਮੈਂਟ ਪਲਾਂਟ ਤੱਕ ਪਹੁੰਚਾਇਆ ਗਿਆ। ਪੇਂਡੂ ਖੇਤਰ ਦੀਆਂ 79 ਡੇਅਰੀਆਂ ਦਾ ਗੋਹਾ ਦਰਿਆ ਵਿੱਚ ਪੈਣ ਤੋਂ ਰੋਕਿਆ ਗਿਆ ਅਤੇ ਨਗਰ ਨਿਗਮ ਦੇ 165 ਐਮ ਐਲ ਡੀ ਗੰਦੇ ਪਾਣੀ ਨੂੰ ਵੀ ਟਰੀਟਮੈਂਟ ਪਲਾਂਟ ਵੱਲ ਮੋੜਿਆ ਗਿਆ। ਇਸ ਕਾਰਸੇਵਾ ਕਾਰਨ ਇਸ ਵਾਰ ਭਾਰੀ ਮੀਂਹ ਦੇ ਬਾਵਜੂਦ ਇਲਾਕਾ ਸੁਰੱਖਿਅਤ ਰਿਹਾ। ਸੰਤ ਸੀਚੇਵਾਲ ਨੇ ਕਿਹਾ ਕਿ ਭਾਵੇਂ ਪਾਣੀ ਦੀ ਗੁਣਵੱਤਾ ਵਿੱਚ ਵੱਡਾ ਸੁਧਾਰ ਆਇਆ ਹੈ ਪਰ ਅਜੇ ਵੀ ਚੁਣੌਤੀਆਂ ਬਰਕਰਾਰ ਹਨ।

# 'ਹਿੰਦ ਦੀ ਚਾਦਰ' ਗੁਰੂ ਤੇਗ ਬਹਾਦਰ ਜੀ ਦੀ ਯਾਦ 'ਚ ਭਾਸ਼ਣ ਮੁਕਾਬਲਾ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਭਾਰਤ ਵਿਕਾਸ ਪ੍ਰੀਸ਼ਦ ਨੇ ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ ਦੇ ਸਹਿਯੋਗ ਨਾਲ ਸਿੱਖਾਂ ਦੇ ਨੌਵੇਂ ਗੁਰੂ ਧੰਨ-ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਸਰਵਉੱਚ ਬਲੀਦਾਨ ਅਤੇ ਉਨ੍ਹਾਂ ਦੇ ਸਦੀਵੀ ਆਦਰਸ਼ਾਂ ਨੂੰ ਯਾਦ ਕਰਦਿਆਂ ਇੱਕ ਵਿਸ਼ੇਸ਼ ਭਾਸ਼ਣ ਮੁਕਾਬਲੇ ਦਾ ਆਯੋਜਨ ਕੀਤਾ।ਇਹ ਪ੍ਰੋਗਰਾਮ ਭਾਰਤ ਵਿਕਾਸ ਪ੍ਰੀਸ਼ਦ



ਦੇ ਪ੍ਰਧਾਨ ਬਰਖਾ ਰਾਮ ਅਤੇ ਉਪੇਸ਼ ਬੰਸਲ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਮੁਕਾਬਲੇ ਦਾ ਮੁੱਖ ਉਦੇਸ਼ ਨੌਜਵਾਨ ਪੀੜ੍ਹੀ ਵਿੱਚ ਨੈਤਿਕ ਕਦਰਾਂ-ਕੀਮਤਾਂ, ਹਿੰਮਤ, ਧਾਰਮਿਕ ਸਹਿਣਸ਼ੀਲਤਾ ਅਤੇ ਆਪਸੀ ਭਾਈਚਾਰੇ ਦੀ ਭਾਵਨਾ ਪੈਦਾ ਕਰਨਾ ਸੀ।ਵੱਖ-ਵੱਖ ਸਕੂਲਾਂ ਤੋਂ ਆਏ ਵਿਦਿਆਰਥੀਆਂ ਨੇ ਵੱਡੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਗੁਰਦੀਪ ਸਿੰਘ ਚਾਹਲ ਅਤੇ ਪ੍ਰਿੰਸੀਪਲ ਡਾ. ਬਸੁੰਧਰਾ ਨੇ ਵਿਦਿਆਰਥੀਆਂ ਦੀ ਆਤਮਵਿਸ਼ਵਾਸੀ ਪੇਸ਼ਕਾਰੀ, ਵਿਚਾਰਾਂ ਦੀ ਸਪਸ਼ਟਤਾ ਅਤੇ ਸ਼ਾਨਦਾਰ ਭਾਸ਼ਣ ਕਲਾ ਦੀ ਭਰਪੂਰ ਸ਼ਲਾਘਾ ਕੀਤੀ।ਮੁਕਾਬਲੇ ਵਿੱਚ ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀ ਯੁਵਰਾਜ ਨੇ ਪ੍ਰਭਾਵਸ਼ਾਲੀ ਭਾਸ਼ਣ ਨਾਲ ਪਹਿਲਾ ਸਥਾਨ ਹਾਸਲ ਕਰਕੇ ਜੱਜਾਂ ਅਤੇ ਦਰਸ਼ਕਾਂ ਦੋਵਾਂ ਦੀ ਵਾਹ-ਵਾਹ ਲੁੱਟੀ।ਪ੍ਰੋਗਰਾਮ ਦਾ ਸਮਾਪਨ ਧੰਨਵਾਦ ਦੇ ਮਤੇ ਨਾਲ ਹੋਇਆ।

# ਸੰਸਾਰ ਵਿੱਚ ਫੈਲ ਰਹੀ ਨਫਰਤ ਤੇ ਅਸਹਿਣਸ਼ੀਲਤਾ ਚਿੰਤਾ ਦਾ ਵਿਸ਼ਾ : ਫਾਦਰ ਸਿਬਨ ਮੈਥਓ



**ਮਹਿਤਪੁਰ (ਰਾਜਾ)**- ਕ੍ਰਿਸਮਸ ਦੀ ਆਮਦ ਦਾ ਸੁਨੇਹਾ ਦੇਣ ਲਈ ਸੈਂਤਾ ਕਲੋਜ ਦੀ ਅਗਵਾਈ ਹੇਠ ਤਹਿਸੀਲ ਮਹਿਤਪੁਰ ਅਤੇ ਸ਼ਾਹਕੋਟ ਦੇ ਵੱਖ-ਵੱਖ ਪਿੰਡਾਂ ਵਿੱਚ ਇਸਾਈ ਭਾਈਚਾਰੇ ਦੇ ਲੋਕ ਆਪਣੇ ਰੋਜ਼ਮਰਾ ਦੇ ਕੰਮਾਂ ਤੋਂ ਵੇਲੇ ਹੋ ਕੇ ਦੇਰ ਰਾਤ ਵੱਡੇ ਪੱਧਰ ਤੇ ਪੈ ਰਹੀ ਧੁੰਦ ਦੇ ਬਾਵਜੂਦ ਵੱਖ ਵੱਖ ਪਿੰਡਾਂ ਵਿੱਚ ਫਾਦਰ ਸਿਬਨ ਮੈਥਿਓ ਅਤੇ ਪਾਸਟਰ ਸੁਰਿੰਦਰ ਮਸੀਹ ਵੱਡੀ ਗਿਣਤੀ ਵਿੱਚ ਈਸਾ ਮਸੀਹ ਦੇ ਪੈਰੋਕਾਰਾਂ ਨੂੰ ਨਾਲ ਲੈ ਕੇ ਲੋਕਾਂ ਨੂੰ ਭਾਈਚਾਰਕ ਏਕਤਾ, ਸ਼ਾਂਤੀ, ਉਮੀਦ ਅਤੇ ਖੁਸ਼ੀ ਦਾ ਸੁਨੇਹਾ ਦੇਣ ਪਹੁੰਚ ਰਹੇ ਹਨ। ਫਾਦਰ ਸੁਬਿਨ ਮੈਥਓ ਨੇ ਕਿਹਾ ਕਿ ਸਾਰੇ ਸੰਸਾਰ ਵਿੱਚ ਫੈਲ ਰਹੀ ਨਫਰਤ ਅਤੇ ਅਸਹਿਨਸ਼ੀਲਤਾ ਸਾਡੇ ਸਾਰਿਆਂ ਲਈ ਚਿੰਤਾ ਦਾ ਵਿਸ਼ਾ ਹੈ। ਦੇਸ਼ ਅਤੇ ਵਿਦੇਸ਼ਾਂ ਵਿੱਚ ਵੱਖ-ਵੱਖ ਭਾਈਚਾਰਿਆਂ ਵਿੱਚ ਪੈਦਾ ਹੋ ਰਹੀ ਨਫਰਤ ਸਾਰੇ ਭਾਈਚਾਰਿਆਂ ਦੀਆਂ ਚਿੰਤਾਵਾਂ ਵਿੱਚ ਵਾਧਾ ਕਰ ਰਹੀ ਹੈ ਸਾਨੂੰ ਲੋੜ ਹੈ ਕਿ ਅਸੀਂ ਆਪਣੇ ਰਹਿਬਰਾਂ ਵੱਲੋਂ ਦਿੱਤੇ ਪਿਆਰ ਅਤੇ ਭਾਈਚਾਰਕ ਏਕਤਾ ਉੱਤੇ ਪਹਿਰਾ ਦਈਏ।

# ਸੇਂਟ ਸੋਲਜਰ ਗਰੁੱਪ ਨੇ ਕ੍ਰਿਸਮਸ ਦਿਵਸ ਮਨਾਇਆ



**ਜਲੰਧਰ (ਇਕਬਾਲ ਸਿੰਘ ਉਭੀ)**-ਸੇਂਟ ਸੋਲਜਰ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ ਕ੍ਰਿਸਮਸ ਦਿਵਸ ਮਨਾਇਆ, ਜਿਸ ਵਿੱਚ ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ, ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਅਤੇ ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ ਜਲੰਧਰ ਦੀ ਮਾਨ ਨਗਰ ਬ੍ਰਾਂਚ ਦੇ ਵਿਦਿਆਰਥੀਆਂ ਨੇ ਸ਼ਿਰਕਤ ਕੀਤੀ। ਵਿਦਿਆਰਥੀਆਂ ਨੇ ਉਤਸ਼ਾਹ ਨਾਲ ਸਾਂਤਾ ਕਲਾਜ਼ ਅਤੇ ਪਰੀਆਂ ਦੇ ਰੂਪ ਵਿੱਚ ਸਜੇ ਹੋਏ, ਸ਼ਰਧਾਲੂਆਂ ਨੇ ਤਿਉਹਾਰ ਦੀ ਭਾਵਨਾ ਨੂੰ ਮੂਰਤੀਮਾਨ ਕੀਤਾ ਜਦੋਂ ਕਿ ਸੰਗੀਤਾ ਚੋਪੜਾ ਨੇ ਤੋਹਫ਼ੇ ਅਤੇ ਚਾਕਲੇਟ ਵੰਡੇ। ਚੇਅਰਮੈਨ ਅਨਿਲ ਚੋਪੜਾ ਨੇ ਏਕਤਾ, ਖੁਸ਼ੀ, ਸ਼ਾਂਤੀ ਅਤੇ ਭਾਈਚਾਰੇ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਸਾਰਿਆਂ ਨੂੰ ਇਸ ਸਾਰਥਕ ਮੌਕੇ ਨੂੰ ਆਪਣੇ ਪਰਵਾਰਾਂ ਨਾਲ ਮਨਾਉਣ ਲਈ ਉਤਸ਼ਾਹਿਤ ਕੀਤਾ।

# ਅਧਿਆਪਕਾਂ ਦਾ ਸੇਫਟੀ ਤੇ ਸਕਿਓਰਟੀ ਸੰਬੰਧੀ ਇੱਕ ਰੋਜ਼ਾ ਸੈਮੀਨਾਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਹਰਜੋਤ ਸਿੰਘ ਬੈਂਸ ਸਿੱਖਿਆ ਮੰਤਰੀ ਪੰਜਾਬ ਦੀ ਅਗਵਾਈ ਵਿੱਚ ਬਲਾਕ ਪ੍ਰਾਇਮਰੀ ਸਿੱਖਿਆ ਦਫਤਰ ਸ੍ਰੀ ਅਨੰਦਪੁਰ ਸਾਹਿਬ ਵਿਖੇ ਬਲਾਕ ਦੇ ਸਮੂਹ



ਅਧਿਆਪਕਾਂ ਦੀ ਸੇਫਟੀ ਅਤੇ ਸਕਿਓਰਟੀ ਦੇ ਸਬੰਧ ਵਿੱਚ ਇੱਕ ਰੋਜ਼ਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਅਧਿਆਪਕਾਂ ਨੂੰ ਕੁਦਰਤੀ ਆਫਤਾਂ, ਸਾਈਬਰ ਸਕਿਓਰਟੀ, ਫਾਇਰ ਐਂਡ ਸੇਫਟੀ, ਰੈਡ ਕ੍ਰਾਸ ਆਦਿ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਇਸ ਮੌਕੇ ਸੈਮੀਨਾਰ ਦੇ ਰਿਸੋਰਸ ਪਰਸਨ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਮਨਜੀਤ ਸਿੰਘ ਮਾਵੀ, ਸੁਰਿੰਦਰ ਸਿੰਘ ਭਟਨਾਗਰ, ਜੋਗਾ ਸਿੰਘ ਨੇ ਅਧਿਆਪਕਾਂ ਨੂੰ ਪੋਕਸੋ ਐਕਟ ਤਹਿਤ ਸਕੂਲਾਂ ਦੇ ਬੱਚਿਆਂ ਨੂੰ ਹਰ ਤਰ੍ਹਾਂ ਦੀ ਸੁਰੱਖਿਆ ਮੁਹੱਇਆ ਕਰਵਾਉਣਾ ਅਤੇ ਯੋਨ ਸ਼ੋਸ਼ਣ ਸਬੰਧੀ ਅਧਿਆਪਕਾਂ ਨੂੰ ਸਿਖਲਾਈ ਬਾਰੇ ਦੱਸਿਆ ,ਜਿਸ ਨਾਲ ਬੱਚਿਆਂ ਨੂੰ ਜਾਗਰੂਕ ਕੀਤਾ ਜਾ ਸਕੇ ਅਤੇ ਅਧਿਆਪਕ ਵਧੀਆ ਤਰੀਕੇ ਨਾਲ ਬੱਚਿਆਂ ਦੀ ਨਿਗਰਾਨੀ ਕਰਨ ਕਰ ਸਕਣ। ਇਸ ਮੌਕੇ ਸਿਟੀ ਇੰਚਾਰਜ ਸਬ ਇੰਸਪੈਕਟਰ ਜਸਮੇਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਪੁੱਜ ਕੇ ਅਧਿਆਪਕਾਂ ਨੂੰ ਪੌਸਕੋ ਐਕਟ ਅਤੇ ਇਸ ਅਧੀਨ ਲੱਗਣ ਵਾਲੀਆਂ ਧਾਰਾਵਾਂ, ਬੈਡ ਟੱਚ ਅਤੇ ਗੁੱਡ ਟੱਚ ਦੇ ਬਾਰੇ ਵਿਸਤਾਰ ਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਸੀ ਐੱਚ ਟੀ ਬਲਜਿੰਦਰ ਸਿੰਘ ਢਿਲੋਂ, ਜਸਵੀਰ ਸਿੰਘ, ਕਮਲਜੀਤ ਕੌਰ, ਸਨਜੀਤ ਕੋਰ ਸਾਰੇ ਸੀਐਚਟੀ, ਮਨਿੰਦਰ ਸਿੰਘ ਰਾਣਾ, ਕੁਲਦੀਪ ਪਰਮਾਰ, ਪਰਮਜੀਤ ਕੁਮਾਰ, ਮੀਹਮਲ, ਅਵਤਾਰ ਸਿੰਘ ਭੱਠਲ , ਬਲਵਿੰਦਰ ਕੁਮਾਰ , ਵਿਕਰਮ ਸ਼ਰਮਾ, ਰਾਮ ਰਾਣਾ, ਰਾਜ ਕੁਮਾਰ , ਗੁਰਦੀਪ ਸਿੰਘ , ਮਦਨ ਲਾਲ, ਸੁਰਜੀਤ ਸਿੰਘ ਰਾਣਾ, ਰਾਜਵਿੰਦਰ ਸਿੰਘ ਆਦਿ ਅਧਿਆਪਕ ਹਾਜ਼ਰ ਸਨ।

# ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਕਰਵਾਇਆ



**ਫਗਵਾੜਾ (ਡਾ ਰਮਨ)**- ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ ਫਗਵਾੜਾ ਦੇ ਪ੍ਰਿੰਸੀਪਲ ਡਾ. ਸਵਿੰਦਰ ਪਾਲ ਦੀ ਸੁਯੋਗ ਅਗਵਾਈ ਹੇਠ ਆਈਕਿਊਏਸੀ ਵੱਲੋਂ ਚੱਲ ਰਹੇ ਸੱਤ ਰੋਜ਼ਾ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ ਦੇ ਪੰਜਵੇਂ ਦਿਨ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਆਪਨ ਮੈਂਬਰਾਂ ਨੇ ਸ਼ਿਰਕਤ ਕੀਤੀ ਜਿਨ੍ਹਾਂ ਦੇ ਵਿਚਾਰਾਂ ਨੇ ਆਪਸੀ ਅਦਾਨ ਪ੍ਰਦਾਨ ਨਾਲ ਇੱਕ ਅਮੀਰ ਬਹੁ-ਅਨੁਸ਼ਾਸਨੀ ਮਾਹੌਲ ਪੈਦਾ ਹੋਇਆ। ਇਸ ਦਿਨ ਦੋ ਪ੍ਰਭਾਵਸ਼ਾਲੀ ਸੈਸ਼ਨ ਸਨ। ਪਹਿਲਾ ਕੰਪਿਊਟਰ ਸਾਇੰਸ ਵਿਭਾਗ ਵਿੱਚ ਸਹਾਇਕ ਪ੍ਰੋਫੈਸਰ ਸ਼੍ਰੀਮਤੀ ਅੰਜਲੀ ਵਾਲੀਆ ਦੀ ਅਗਵਾਈ ਵਿੱਚ ਇੱਕ ਅਡੋਬ ਫੋਟੋਸ਼ਾਪ ਵਰਕਸ਼ਾਪ ਸੀ। ਉਨਾਂ ਨੇ ਇੱਕ ਸੰਖੇਪ ਪਾਵਰਪੁਆਇੰਟ ਪੇਸ਼ਕਾਰੀ ਨਾਲ ਸ਼ੁਰੂਆਤ ਕੀਤੀ, ਜਿਸ ਤੋਂ ਬਾਅਦ ਫੋਟੋਸ਼ਾਪ ਦੇ ਜ਼ਰੂਰੀ ਸਾਧਨਾਂ ਦਾ ਲਾਈਵ ਪ੍ਰਦਰਸ਼ਨ ਕੀਤਾ ਗਿਆ। ਭਾਗੀਦਾਰਾਂ ਨੇ ਇਸ ਬਾਰੇ ਵਿਹਾਰਕ ਸਮਝ ਪ੍ਰਾਪਤ ਕੀਤੀ ਕਿ ਇਹਨਾਂ ਸਾਧਨਾਂ ਨੂੰ ਨਾ ਸਿਰਫ਼ ਡਿਜ਼ਾਈਨ ਪ੍ਰੋਜੈਕਟਾਂ ਵਿੱਚ, ਸਗੋਂ ਅਕਾਦਮਿਕ ਖੋਜ ਵਿੱਚ ਵੀ ਕਿਵੇਂ ਲਾਗੂ ਕੀਤਾ ਜਾ ਸਕਦਾ ਹੈ, ਜਿਵੇਂ ਕਿ ਖੋਜ ਪੋਸਟਰ ਬਣਾਉਣਾ, ਗ੍ਰਾਫਿਕਲ ਐਬਸਟਰੈਕਟ, ਅਤੇ ਵਿਜ਼ੂਅਲ ਡੇਟਾ ਪ੍ਰਤੀਨਿਧਤਾ। ਦੂਜਾ ਸੈਸ਼ਨ ਆਈ ਪੀ ਆਰ 'ਤੇ ਕੇਂਦ੍ਰਿਤ ਸੀ, ਜੋ ਕਿ ਸ਼੍ਰੀਮਤੀ ਸੰਜਨਾ ਵਾਲੀਆ ਸਹਾਇਕ ਪ੍ਰੋਫੈਸਰ ਅਤੇ ਵਣਜ ਵਿਭਾਗ ਦੇ ਮੁਖੀ ਦੁਆਰਾ ਦਿੱਤਾ ਗਿਆ । ਦੋਵੇਂ ਸੈਸ਼ਨ ਬਹੁਤ ਜਾਣਕਾਰੀ ਭਰਪੂਰ, ਇੰਟਰਐਕਟਿਵ ਅਤੇ ਬੌਧਿਕ ਤੌਰ 'ਤੇ ਉਤੇਜਕ ਸਨ, ਭਾਗੀਦਾਰਾਂ ਦੀ ਖੋਜ ਸਮਝ ਅਤੇ ਵਿਦਵਤਾਪੂਰਨ ਹੁਨਰ ਨੂੰ ਮਹੱਤਵਪੂਰਨ ਤੌਰ 'ਤੇ ਮਜ਼ਬੂਤ ਕਰਦੇ ਸਨ।

# ਸਰਕਾਰ 2029 ਤੱਕ ਪੂਰੇ ਸੂਬੇ ਨੂੰ ਸੇਮ ਮੁਕਤ ਕਰਨ ਲਈ ਯਤਨਸ਼ੀਲ : ਰਾਣਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਦੱਸਿਆ ਕਿ ਸੂਬਾ ਸਰਕਾਰ ਸਾਲ 2029 ਤੱਕ ਪੂਰੇ ਸੂਬੇ ਨੂੰ ਸੇਮਮੁਕਤ ਕਰਨ ਲਈ ਯਤਨਸ਼ੀਲ ਹੈ।ਉਹ ਸੋਮਵਾਰ ਨੂੰ ਹਰਿਆਣਾ ਵਿਧਾਨਸਭਾ ਦੇ ਸਰਦੀ ਰੁੱਤ ਸੈਸ਼ਨ ਦੌਰਾਨ ਦਸਨ ਦੇ ਇੱਕ ਮੈਂਬਰ ਵੱਲੋਂ ਪੁੱਛੇ ਗਏ ਪੂਰਕ ਸੁਆਲ ਦਾ ਜਵਾਬ ਦੇ ਰਹੇ ਸਨ। ਸ੍ਰੀ ਰਾਣਾ ਨੇ ਦੱਸਿਆ ਕਿ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਪੂਰੇ ਸੂਬੇ ਨੂੰ ਸੇਮਮੁਕਤ ਬਨਾਉਣ ਦੀ ਯੋਜਨਾ ਤਿਆਰ ਕਰਨ ਲਈ ਨਿਰਦੇਸ਼ ਦਿੱਤੇ ਸਨ। ਹੁਣ ਯੋਜਨਾ ਬਣਾ ਲਈ ਗਈ ਹੈ। ਰੋਹਤਕ ਅਤੇ ਝੱਜਰ ਜ਼ਿਲ੍ਹਾ ਦੇ ਕੁੱਝ ਖੇਤਰ ਨੂੰ ਛੱਡ ਕੇ ਬਾਕੀ ਸੂਬੇ ਦੀ ਸੇਮਮੁਕਤ ਜਮੀਨ ਨੂੰ ਸਾਲ 2029 ਤੱਕ ਸੇਮ ਤੋਂ ਮੁਕਤੀ ਦਿਲਾ ਦਿੱਤੀ ਜਾਵੇਗਾ।

# ਹਰਦੀਪ ਸਿੰਘ ਮੁੰਡੀਆਂ ਵੱਲੋਂ ਇਜ਼ਰਾਇਲੀ ਡਿਪਲੋਮੈਟ ਨਾਲ ਮੁਲਾਕਾਤ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਇਥੇ ਪੰਜਾਬ ਸਿਵਲ ਸਕੱਤਰੇਤ ਸਥਿਤ ਆਪਣੇ ਦਫ਼ਤਰ ਵਿਖੇ



ਇਜ਼ਰਾਈਲ ਦੇ ਮੰਤਰੀ ਅਤੇ ਇਜ਼ਰਾਇਲੀ ਦੂਤਾਵਾਸ ਵਿਖੇ ਮਿਸ਼ਨ ਡਿਪਟੀ ਹੈੱਡ ਸ੍ਰੀ ਫਾਰੇਸ ਸਾਇਬ ਨਾਲ ਮੁਲਾਕਾਤ ਕੀਤੀ।ਮੀਟਿੰਗ ਦੌਰਾਨ ਪਾਣੀ ਦੀ ਸੰਭਾਲ ਅਤੇ ਸੀਵਰੇਜ ਦੇ ਪਾਣੀ ਦੀ ਮੁੜ ਵਰਤੋਂ ਵਾਲੇ ਖੇਤਰਾਂ ਖ਼ਾਸਕਰ ਰਾਜ ਦੇ ਸ਼ਹਿਰੀ ਖੇਤਰਾਂ ਵਿੱਚ ਵਰਤੋਂ ਲਈ ਉੱਨਤ ਇਜ਼ਰਾਈਲੀ ਤਕਨੀਕਾਂ ਨੂੰ ਅਪਣਾਉਣ 'ਤੇ ਵਿਸਤ੍ਰਿਤ ਚਰਚਾ ਕੀਤੀ ਗਈ।ਕੈਬਨਿਟ ਮੰਤਰੀ ਨੇ ਕਿਹਾ ਕਿ ਤੇਜ਼ੀ ਨਾਲ ਹੋ ਰਹੇ ਸ਼ਹਿਰੀਕਰਨ ਅਤੇ ਨਾਗਰਿਕ ਸੇਵਾਵਾਂ ਦੀ ਵੱਧ ਰਹੀ ਮੰਗ ਦੇ ਮੱਦੇਨਜ਼ਰ ਟਿਕਾਊ ਪਾਣੀ ਪ੍ਰਬੰਧਨ ਅਤੇ ਸੋਧੇ ਹੋਏ ਗੰਦੇ ਪਾਣੀ ਦੀ ਕੁਸ਼ਲ ਢੰਗ ਨਾਲ ਮੁੜ ਵਰਤੋਂ ਸੂਬਾ ਸਰਕਾਰ ਦੀਆਂ ਮੁੱਖ ਤਰਜੀਹਾਂ ਹਨ।

# ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀ ਮੀਟਿੰਗ



**ਬਲਾਚੌਰ (ਜਸਵਿੰਦਰ ਬੈਂਸ)**- ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਵਿਖੇ ਪੰਜਾਬ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਤਹਿਸੀਲ ਬਲਾਚੌਰ ਵਲੋਂ ਪੈਨਸ਼ਨ ਦਿਵਸ ਬੜੀ ਧੂਮਧਾਮ ਨਾਲ ਐਮੀਨੈਂਸ ਸਕੂਲ ਪਿੰਡ ਮਹਿੰਦੀਪੁਰ( ਬਲਾਚੌਰ) ਵਿਖੇ ਸੋਮ ਲਾਲ ਜ਼ਿਲਾ ਪ੍ਰਧਾਨ ਅਤੇ ਕੁਲਦੀਪ ਦੌੜਕਾ ਸਕੱਤਰ ਪੰਜਾਬ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ। ਸਭ ਤੋਂ ਪਹਿਲਾ ਪਿਛਲੇ ਸਮੇਂ ਵਿੱਚ ਸਦੀਵੀ ਵਿਛੋੜਾ ਦੇ ਗਏ ਪੈਨਸ਼ਨਰਜ ਨੂੰ ਸ਼ਰਧਾਂਜਲੀ ਦਿੱਤੀ ਗਈ, ਉਪਰੰਤ ਪੈਨਸ਼ਨਰਾਂ ਨੂੰ ਸੰਬੋਧਨ ਕਰਦਿਆ ਸੋਮ ਲਾਲ ਅਤੇ ਕੁਲਦੀਪ ਦੌੜਕਾ ਨੇ ਪੈਨਸ਼ਨ ਦੇ ਇਤਿਹਾਸ ਅਤੇ ਪੈਨਸ਼ਨ ਦੀ ਮਹੱਤਤਾ ਤੇ ਚਾਨਣਾ ਪਾਇਆ। ਉਨ੍ਹਾਂ ਸਰਕਾਰ ਵੱਲੋਂ 2024 ਤੋਂ ਬਾਅਦ ਪੈਨਸ਼ਨ ਬੰਦ ਕਰਨ ਦੀ ਨਿਖੇਧੀ ਕਰਦਿਆ ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਮੁਲਾਜ਼ਮਾ ਵਲੋਂ ਕੀਤੇ ਜਾ ਰਹੇ ਸੰਘਰਸ਼ ਦਾ ਸਮੱਰਥਨ ਕੀਤਾ ਅਤੇ ਉਨਾਂ ਦੇ ਸੰਘਰਸ਼ ਵਿੱਚ ਪੂਰਾ ਯੋਗਦਾਨ ਪਾਉਣ ਦੀ ਸਾਥੀਆ ਨੂੰ ਅਪੀਲ ਵੀ ਕੀਤੀ । ਸਾਬਕਾ ਉਪ ਜ਼ਿਲਾ ਸਿੱਖਿਆ ਅਧਿਕਾਰੀ ਤਰਨਜੀਤ ਸਿੰਘ ਨੇ ਕਿਹਾ ਕਿ ਪੁਰਾਣੀ ਪੈਨਸ਼ਨ ਬਹਾਲ ਕਰਾ ਕੇ ਹੀ ਆਪਣੀ ਪੈਨਸ਼ਨ ਨੂੰ ਬਚਾਅ ਸਕਦੇ ਹਾਂ।ਇਸ ਲਈ ਜਥੇਬੰਦਕ ਘੋਲ ਬੇਹੱਦ ਜ਼ਰੂਰੀ ਹਨ । ਪ੍ਰਿੰਸੀਪਲ ਚਰਨ ਸਿੰਘ ਅਤੇ ਹਰਭਜਨ ਸਿੰਘ ਗਹੂੰਣ ਨੇ ਦਸਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੇ ਸਰਬੰਸ ਵਲੋਂ ਦਿੱਤੀਆ ਲਾਸਾਨੀ ਸ਼ਹਾਦਤਾ ਨੂੰ ਸਿਜਦਾ ਕੀਤਾ। ਇਸ ਮੌਕੇ ਤੇ ਸੀਨੀਅਰ ਪੈਨਸ਼ਨਰਜ ਪ੍ਰਿੰਸੀਪਲ ਗੁਰਚਰਨ ਕੌਰ, ਨਿਰਮਲ ਦੇਵੀ ਕਪਿਲ, ਮੇਹਰ ਚੰਦ ਬੀ ਪੀ ਈ ਓ, ਹਰਿੰਦਰਪਾਲ ਸਿੰਘ, ਉਪਦੇਸ਼ ਕੌਰ, ਹਰਭਜਨ ਸਿੰਘ ਗਹੂੰਣ, ਸੰਤੋਖ ਸਿੰਘ ਬਛੌੜੀ, ਚੰਨਣ ਰਾਮ ਸਾਹਿਬਾ, ਜੋਗਿੰਦਰ ਸਿੰਘ ਸਾਹਿਬਾ, ਦਰਸ਼ਨ ਦੇਵ, ਜਸਵੰਤ ਰਾਏ, ਪਿਆਰੇ ਲਾਲ, ਰਾਮ ਸਰੂਪ ਅਤੇ ਹਰਭਜਨ ਲਾਲ ਕੁੱਕੜ ਸੂਹਾ, ਗੁਰਬਖਸ ਕੌਰ ਗਿਰਧਾਰੀ ਲਾਲ, ਕਰਮ ਚੰਦ, ਹਰਬਖਸ਼ ਸਿੰਘ ਅਤੇ ਆਤਮਾ ਰਾਮ ਦਾ ਵਿਸ਼ੇਸ ਤੌਰ ਤੇ ਸਨਮਾਨ ਵੀ ਕੀਤਾ ਗਿਆ। ਸਟੇਜ ਸੈਕਟਰੀ ਦੀ ਭੂਮਿਕਾ ਸੋਹਣ ਸਿੰਘ ਤਹਿਸੀਲ ਪ੍ਰਧਾਨ ਵੱਲੋਂ ਨਿਭਾਈ ਗਈ।

# ਸਰਕਾਰ ਦੇ ਕੰਮ ਨੂੰ ਨੇਪਰੇ ਚਾੜ੍ਹਨ ਦੇ ਲਈ ਲੋਕ ਤੇ ਸਮਾਜ ਸੇਵੀ ਜਥੇਬੰਦੀਆਂ ਮਿਲ ਕੇ ਮਾਰਨ ਹੰਭਲਾ : ਕੁਲਵੰਤ ਸਿੰਘ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਲਾਇਨਜ਼ ਕਲੱਬ ਪੰਚਕੂਲਾ ਪ੍ਰੀਮੀਅਮ ਦੀ ਤਰਫੋਂ ਗੌਰਮੈਂਟ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਗੜ੍ਹ ਮੋਹਾਲੀ ਵਿਖੇ 400 ਦੇ ਕਰੀਬ ਸਕੂਲੀ ਬੱਚਿਆਂ ਨੂੰ ਜਰਸੀਆਂ ਅਤੇ ਬੂਟ ਵੰਡੇ ਗਏ। ਇਸ ਮੌਕੇ ਤੇ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਉਚੇਚੇ ਤੌਰ ਤੇ ਸ਼ਮੂਲੀਅਤ ਕੀਤੀ ਅਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਲਾਇਨਜ ਕਲੱਬ ਪੰਚਕੂਲਾ ਪ੍ਰੀਮੀਅਰ ਦੀ ਤਰਫੋਂ ਇਸ ਤੋਂ ਪਹਿਲਾਂ ਵੀ ਸਮਾਜ ਸੇਵਾ ਦੇ ਕੰਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ



ਲਿਆ ਜਾਂਦਾ ਹੈ ਅਤੇ 400 ਦੇ ਕਰੀਬ ਵਿਦਿਆਰਥੀਆਂ ਨੂੰ ਸਰਦੀ ਤੋਂ ਬਚਾਉਣ ਲਈ ਜਰਸੀਆਂ ਅਤੇ ਬੂਟ ਵੰਡੇ ਗਏ ਹਨ,ਜੋ ਕਿ ਇੱਕ ਵਧੀਆ ਉਪਰਾਲਾ ਹੈ। ਲਾਇਨਜ਼ ਕਲੱਬ ਪੰਚਕੂਲਾ ਪ੍ਰੀਮੀਅਰ ਦੀ ਇਸ ਕੋਸ਼ਿਸ਼ ਦੇ ਨਾਲ ਹੋਰਨਾਂ ਸਮਾਜ ਸੇਵੀ ਜਥੇਬੰਦੀਆਂ ਨੂੰ ਵੀ ਪ੍ਰੇਰਨਾ ਮਿਲਦੀ ਹੈ ਅਤੇ ਇਸ ਤਰ੍ਹਾਂ ਹੋਰਨਾਂ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਰਦੀ ਦੀ ਰੁੱਤ ਤੋਂ ਰਾਹਤ ਦੇਣ ਦੇ ਲਈ ਗਰਮ ਕੱਪੜੇ ਵੰਡੇ ਜਾਣਗੇ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਇਕੱਲੀ ਸਰਕਾਰ ਕਦੀ ਵੀ ਕੁਝ ਨਹੀਂ ਕਰ ਸਕਦੀ ਜਦੋਂ ਤੱਕ ਸੂਬੇ ਦੇ ਲੋਕੀ ਅਤੇ ਸਮਾਜ ਸੇਵੀ ਜਥੇਬੰਦੀਆਂ ਅਗਾਂਹ ਹੋ ਕੇ ਆਪਣੀ ਜ਼ਿੰਮੇਵਾਰੀ ਨਹੀਂ ਸਮਝਦੀਆਂ ਅਤੇ ਜਦੋਂ ਇਹ ਤਿੰਨੇ ਧਿਰਾਂ ਇਕੱਠੇ ਹੋ ਜਾਂਦੀਆਂ ਹਨ ਤਾਂ ਮੈਨੂੰ ਨਹੀਂ ਲੱਗਦਾ ਕਿ ਕੋਈ ਵੀ ਕੰਮ ਅਧੂਰਾ ਰਹਿ ਸਕਦਾ ਹੈ। ਉਨ੍ਹਾਂ ਕਿਹਾ ਕਿ ਮੇਰੀ ਇਹ ਸਭਨਾਂ ਨੂੰ ਅਪੀਲ ਹੈ ਕਿ ਸਾਰੇ ਮਿਲ ਕੇ ਸਮਾਜਿਕ ਚੌਗਿਰਦੇ ਨੂੰ ਵਧੀਆ ਬਣਾਉਣ ਦੇ ਲਈ ਅਤੇ ਲੋੜਵੰਦਾਂ ਦੀ ਸਹਾਇਤਾ ਕਰਨ ਦੇ ਲਈ ਇਕੱਠੇ ਹੋ ਕੇ ਹੰਭਲਾ ਮਾਰਨਾ ਚਾਹੀਦਾ ਹੈ।

# ਹੜ੍ਹਾਂ ਦੌਰਾਨ 3.19 ਲੱਖ ਤੋਂ ਵੱਧ ਪਸ਼ੂਆਂ ਦਾ ਮੁਫ਼ਤ ਕੀਤਾ ਇਲਾਜ : ਖੁੱਡੀਆਂ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਦੇ ਪਸ਼ੂ ਪਾਲਣ ਵਿਭਾਗ ਨੇ ਮੌਜੂਦਾ ਸਾਲ ਦੌਰਾਨ ਵੱਖ ਵੱਖ ਖੇਤਰਾਂ ਵਿੱਚ ਪ੍ਰਾਪਤੀਆਂ ਦਰਜ ਕਰਨ ਦੇ ਨਾਲ ਨਾਲ ਹੜ੍ਹਾਂ ਦੌਰਾਨ ਰਾਜ ਦੇ ਪਸ਼ੂਧਨ ਦੀ ਸੁਰੱਖਿਆ ਲਈ ਮਿਸਾਲੀ ਕੰਮ ਕੀਤੇ ਹਨ। ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਦੇ 12 ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਵਿੱਚ ਪਸ਼ੂ-ਧਨ ਨੂੰ ਬਚਾਉਣ ਲਈ ਫੌਰੀ ਅਤੇ ਸਰਗਰਮ ਭੂਮਿਕਾ ਨਿਭਾਈ। ਉਨ੍ਹਾਂ ਦੱਸਿਆ ਕਿ 713 ਪ੍ਰਭਾਵਿਤ ਪਿੰਡਾਂ ਵਿੱਚ 492 ਰੈਪਿਡ-ਰਿਸਪਾਂਸ ਵੈਟਰਨਰੀ ਟੀਮਾਂ ਤਾਇਨਾਤ ਕੀਤੀਆਂ ਗਈਆਂ। ਇਸ ਤੋਂ ਇਲਾਵਾ, 24 ਘੰਟੇ ਐਮਰਜੈਂਸੀ ਗਰਿੱਡ ਸਥਾਪਤ ਕੀਤਾ ਗਿਆ ਅਤੇ 3.19 ਲੱਖ ਤੋਂ ਵੱਧ ਪਸ਼ੂਆਂ ਨੂੰ ਮੁਫਤ ਡਾਕਟਰੀ ਇਲਾਜ ਪ੍ਰਦਾਨ ਕੀਤਾ ਗਿਆ।

# ਹਾਰ ਤੋਂ ਬੌਖਲਾਏ ਕਾਂਗਰਸ ਤੇ ਅਕਾਲੀ ਦਲ ਦੇ ਪ੍ਰਧਾਨ ਝੂਠ ਤੇ ਬਹਾਨਿਆਂ ਦਾ ਸਹਾਰਾ ਲੈ ਰਹੇ : ਬਲਤੇਜ ਪੰਨੂ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਜਨਰਲ ਸਕੱਤਰ ਤੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ



ਰਾਜਾ ਵੜਿੰਗ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਾਲ ਹੀ ਵਿੱਚ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਸਬੰਧੀ ਲਗਾਏ ਗਏ ਬੇਬੁਨਿਆਦ ਦੋਸ਼ਾਂ ਦਾ ਖੰਡਨ ਕੀਤਾ ਹੈ।ਪਾਰਟੀ ਦਫ਼ਤਰ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਕਿਹਾ ਕਿ ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ ਦੋਵੇਂ ਹੀ ਕਈ ਹਲਕਿਆਂ ਵਿੱਚ ਉਮੀਦਵਾਰ ਖੜ੍ਹੇ ਕਰਨ ਵਿੱਚ ਨਾਕਾਮ ਰਹੇ ਹਨ ਅਤੇ ਹੁਣ 'ਆਪ' 'ਤੇ ਸੀਟਾਂ 'ਤੇ ਕਬਜ਼ਾ ਕਰਨ ਦੇ ਝੂਠੇ ਦੋਸ਼ ਲਗਾ ਰਹੇ ਹਨ।ਉਨ੍ਹਾਂ ਕਿਹਾ ਕਿ ਜੇਕਰ ਕਾਂਗਰਸ ਨੇ ਚੋਣਾਂ ਦਾ ਬਾਈਕਾਟ ਇਸ ਲਈ ਕੀਤਾ ਕਿਉਂਕਿ ਉਸ ਨੂੰ ਉਮੀਦਵਾਰ ਨਹੀਂ ਮਿਲੇ, ਤਾਂ ਇਸ ਦੀ ਜ਼ਿੰਮੇਵਾਰੀ ਸਿਰਫ਼ ਕਾਂਗਰਸ ਦੀ ਹੈ। ਕਿਸੇ ਨੇ ਤਾਂ ਉਹ ਸੀਟਾਂ ਜਿੱਤਣੀਆਂ ਹੀ ਸਨ ਅਤੇ 'ਆਪ' ਕੋਲ ਹਰ ਜਗ੍ਹਾ ਉਮੀਦਵਾਰ ਮੌਜੂਦ ਸਨ।

# ਮਦਰਜ਼ ਪਰਾਈਡ ਸਕੂਲ ਦਾ ਸਾਲਾਨਾ ਇਨਾਮ ਵੰਡ ਸਮਾਗਮ

**ਸ਼ਾਹਕੋਟ (ਗਿਆਨ ਸੈਦਪੁਰੀ)**- ਦਸੰਬਰ ਮਹੀਨਾ ਸਕੂਲਾਂ ਦੇ ਸਾਲਾਨਾ ਸਮਾਗਮ ਦਾ ਹੁੰਦਾ ਹੈ। ਆਮ ਤੌਰ 'ਤੇ ਇਹਨਾਂ ਸਮਾਗਮਾਂ ਵਿੱਚ ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹੀ ਜਾਂਦੀ ਹੈ, ਕੁਝ ਗੀਤ ਸੰਗੀਤ ਤੇ ਸਕੂਲ ਦੇ ਵਿਦਿਆਰਥੀਆਂ ਨੂੰ ਇਨਾਮ ਦਿੱਤੇ ਜਾਂਦੇ ਹਨ। ਇਸੇ ਸਿਲਸਿਲੇ ਤਹਿਤ ਮਦਰਜ਼ ਪਰਾਈਡ ਇੰਟਰਨੈਸ਼ਨਲ ਸਕੂਲ ਮਲਸੀਆਂ ਦਾ ਸਾਲਾਨਾ ਇਨਾਮ ਵੰਡ ਸਮਾਗਮ ਵੇਖਣ ਦਾ ਮੌਕਾ ਮਿਲਿਆ। ਇਸ ਵਿੱਚ ਹੋਈਆਂ ਪੇਸ਼ਕਾਰੀਆਂ ਨਾਲ ਜਿੱਥੇ ਮਨ ਨੂੰ ਸਕੂਨ ਮਿਲਿਆ, ਉੱਥੇ ਇਹ ਹੋਰ ਸਕੂਲਾਂ ਲਈ ਪ੍ਰੇਰਨਾਦਾਇਕ ਵੀ ਹੋ ਨਿਬੜਿਆ। ਇਹ ਗੱਲ ਵੀ ਵਿਸ਼ੇਸ਼ ਰਹੀ ਕਿ ਸਮਾਗਮ ਵਿੱਚ ਉਚੇਚ ਨਾਲ ਕੋਈ ਮੁੱਖ ਮਹਿਮਾਨ ਨਹੀਂ ਸੱਦਿਆ ਗਿਆ, ਸਗੋਂ ਸਕੂਲ ਦੇ ਬੱਚਿਆਂ ਤੇ ਉਹਨਾਂ ਦੇ ਮਾਪਿਆਂ ਨੂੰ ਹੀ ਉਕਤ ਸਨਮਾਨ ਦਿੱਤਾ ਗਿਆ। ਪੇਸ਼ਕਾਰੀਆਂ ਵਿੱਚ ਜਿੱਥੇ ਬੱਚਿਆਂ ਅੰਦਰਲੀ ਪ੍ਰਤਿਭਾ ਦੇ ਦਰਸ਼ਨ ਦੀਦਾਰ ਹੋਏ ਉੱਥੇ ਪੰਜਾਬੀ ਤੇ ਪੰਜਾਬੀਅਤ ਨੂੰ ਸਿਖਰਲਾ ਸਤਿਕਾਰ ਮਿਲਦਾ ਨਜ਼ਰ ਆਇਆ। ਸਕੂਲ ਦੇ ਚੇਅਰਪਰਸਨ ਕੁਮਾਰੀ ਅਰੁਣ ਜੱਸਲ ਅਤੇ ਪ੍ਰਿੰਸੀਪਲ ਰਜਨੀ ਬਾਲਾ ਦੀ ਅਗਵਾਈ ਵਿੱਚ ਹੋਏ ਸਾਲਾਨਾ ਸਮਾਗਮ ਦਾ ਆਗਾਜ਼ ਗੁਰਬਾਣੀ ਗਾਇਨ ਨਾਲ ਹੋਇਆ। ਸਕੂਲ ਦੇ ਪ੍ਰਧਾਨ ਸ੍ਰੀ ਤਾਰਾ ਚੰਦ, ਸ਼੍ਰੀਮਤੀ ਪ੍ਰੇਮ ਲਤਾ, ਸ੍ਰੀ ਸ਼ਿਵ ਪ੍ਰਕਾਸ਼ ਅਤੇ ਸ੍ਰੀ ਨਰੇਸ਼ ਵੱਲੋਂ ਜੋਤ ਜਗਾਉਣ ਨਾਲ ਸਮਾਗਮ ਅੱਗੇ ਵਧਿਆ। ਛੋਟੇ ਛੋਟੇ ਬੱਚਿਆਂ ਕੋਲੋਂ ੳ, ਅ, ੲ..... ਕੋਰੀਓਗ੍ਰਾਫੀ ਪੇਸ਼ ਕਰਵਾਉਣ ਵਾਲੇ ਸਟੇਜ ਚਲਾ ਰਹੇ ਮੈਡਮ ਰਾਜਬੀਰ ਕੌਰ ਤੇ ਮੈਡਮ ਪੰਕਜਜੀਤ ਕੌਰ ਵੱਲੋਂ ਬੋਲੇ ਸ਼ਬਦ ਪੂਰੇ ਪੰਡਾਲ ਵਿੱਚ ਮਿਠਾਸ ਘੋਲ ਗਏ।ਉਹਨਾਂ ਵੱਲੋਂ ਇਹ



ਕਹਿਣਾ ਕਿ ਅੱਖਰ ਅੱਜ ਰਿਦਮ ਨਾਲ ਨੱਚਣਗੇ ਬੱਚਿਆਂ ਦੀ ਪੇਸ਼ਕਾਰੀ ਨਾਲ ਇਨਸਾਫ ਕਰਦੇ ਨਜ਼ਰ ਆਏ। ਸਕੂਲ ਦੀ ਵਿਦਿਆਰਥਣ ਕ੍ਰਿਸਟੀ ਅਰੋੜਾ ਵੱਲੋਂ ਹਿੰਦੀ ਤੇ ਅੰਗਰੇਜ਼ੀ ਵਿੱਚ ਕੀਤੀ ਤਕਰੀਰ ਨੇ ਸਮਰੱਥ ਬੁਲਾਰਿਆਂ ਨੂੰ ਵੀ ਹੈਰਾਨ ਕਰ ਦਿੱਤਾ। ਲੋਹੜੇ ਦੀ ਰਵਾਨੀ ਨਾਲ ਕੀਤੀ ਤਕਰੀਰ ਮੌਕੇ ਕ੍ਰਿਸਟੀ ਅੰਦਰਲਾ ਸਵੈ-ਵਿਸ਼ਵਾਸ ਡੁੱਲ੍ਹ-ਡੁੱਲ੍ਹ ਪੈਂਦਾ ਨਜ਼ਰ ਆਇਆ। ਵਿਦਿਆਰਥੀਆਂ ਦੀ ਅਗਲੀ ਪੇਸ਼ਕਾਰੀ 'ਇੰਗਲਿਸ਼ ਵੀਕ, ਮੈਥ ਵੀਕ' ਉਪਰੰਤ ਸਕੂਲ ਦੇ ਪਰਮ ਸਨੇਹੀ ਸ਼ਿਵ ਪ੍ਰਕਾਸ਼ ਨੇ ਆਪਣੇ ਸੰਬੋਧਨ ਰਾਹੀਂ ਸੱਚੇ ਸੁੱਚੇ ਮੋਤੀਆਂ ਦੀ ਮਾਲਾ ਪਰੋ ਦਿੱਤੀ। ਉਹਨਾਂ ਖੁਸ਼ੀ ਭਰੀ ਖਬਰ ਵਰਗੀ ਗੱਲ ਵੀ ਦੱਸੀ ਕਿ ਸਕੂਲ ਨੇ 20 ਵਰ੍ਹਿਆਂ ਦਾ ਮਾਣ ਮੱਤਾ ਸਫਰ ਤੈਅ ਕਰ ਲਿਆ ਹੈ। ਉਹਨਾਂ ਕਿਹਾ ਕਿ ਸ਼ਖਸ ਤੋਂ ਸ਼ਖਸ਼ੀਅਤ ਦਾ ਨਿਰਮਾਣ ਕਰਨ ਵਾਲੇ ਇਸ ਸਕੂਲ ਦਾ ਜਿਸ ਮੰਤਵ ਲਈ ਸਿੱਖਿਆ ਖੇਤਰ ਵਿੱਚ ਪ੍ਰਵੇਸ਼ ਹੋਇਆ ਸੀ, ਉਸ ਦੀ ਪੂਰਤੀ ਹੁੰਦੀ ਸਪਸ਼ਟ ਦਿਸ ਰਹੀ ਹੈ। ਛੋਟੇ ਬੱਚਿਆਂ ਵੱਲੋਂ ਗ੍ਰੈਜੂਏਸ਼ਨ ਦੀ ਡਿਗਰੀ ਲੈਣ ਵਾਲੀ ਰਸਮ ਦੀ ਪੇਸ਼ਕਾਰੀ ਦਰਸ਼ਕਾਂ ਦੇ ਦਿਲਾਂ ਨੂੰ ਛੋਹ ਗਈ। ਨੰਨੀ ਜਿਹੀ ਬੱਚੀ ਅਨੰਨਿਆ ਵੱਲੋਂ ਇਸ ਮੌਕੇ ਕੀਤੀ ਛੋਟੀ ਜਿਹੀ ਤਕਰੀਰ ਉਸ ਅੰਦਰਲਾ ਭਵਿੱਖੀ ਵਕਤਾ ਹੋਣ ਦੀ ਪੈਸ਼ਨਗੋਈ ਕਰਦੀ ਨਜ਼ਰ ਆਈ। ਝੂਮਰ ਪਾਕਿਸਤਾਨ ਦੇ ਸਾਂਦਲ ਬਾਰ ਦੇ ਇਲਾਕੇ ਵਿੱਚ ਜਨਮਿਆ ਸੰਗੀਤ ਤੇ ਨਾਚ ਦਾ ਬੜਾ ਸਹਿਜ ਤੇ ਲੈਅ-ਮਈ ਰੂਪ ਹੈ। ਮਦਰਜ਼ ਪਰਾਈਡ ਇੰਟਰਨੈਸ਼ਨਲ ਪਬਲਿਕ ਸਕੂਲ ਦੇ ਬੱਚਿਆਂ ਵੱਲੋਂ ਕੀਤੀ ਗਈ 'ਝੂਮਰ' ਦੀ ਪੇਸ਼ਕਾਰੀ ਨੇ ਸੱਚਮੁੱਚ ਦਰਸ਼ਕ ਝੂਮਣ ਲਾ ਦਿੱਤੇ। ਸਾਲਾਨਾ ਸਮਾਗਮ ਵਿੱਚ ਇੱਕ ਸੱਤਵੀਂ ਜਮਾਤ ਦੀ ਵਿਦਿਆਰਥਣ ਵੱਲੋਂ ਬਹੁਤ ਖੂਬਸੂਰਤ ਕਵਿਸ਼ਰੀ ਪੇਸ਼ ਕੀਤੀ ਗਈ। ਇਸ ਕਵੀਸ਼ਰੀ ਵਿੱਚ ਮੈਡਮ ਰਾਜਬੀਰ ਤੇ ਸੰਦੀਪ ਨੇ ਬੱਚੀ ਦਾ ਸਾਥ ਦਿੱਤਾ।ਸਕੂਲ ਦੇ ਵਿਦਿਆਰਥੀ ਤੇ ਵਿਦਿਆਰਥਣਾਂ ਵੱਲੋਂ ਪੇਸ਼ ਕੀਤਾ ਗਿਆ ਭੰਗੜਾ ਤੇ ਗਿੱਧਾ ਵੱਖਰਾ ਰੰਗ ਬਖੇਰ ਗਿਆ। ਸਮਾਗਮ ਦਾ ਥੀਮ 'ਮਦਰਜ਼ ਪਰਾਈਡ ਇੰਟਰਨੈਸ਼ਨਲ ਪਬਲਿਕ ਸਕੂਲ ਦੇ ਰੰਗ' ਨਾਲ ਬੱਚਿਆਂ ਵੱਲੋਂ ਕੀਤਾ ਗਿਆ ਸੱਭਿਆਚਾਰਕ ਪ੍ਰੋਗਰਾਮ ਪੂਰੀ ਤਰ੍ਹਾਂ ਇਨਸਾਫ ਕਰ ਗਿਆ। ਸਮਾਗਮ ਵਿੱਚ ਆਪੋ ਆਪਣੇ ਖੇਤਰ ਵਿੱਚ ਨਾਮਾਣਾ ਖੱਟਣ ਵਾਲੀਆਂ ਸ਼ਖਸ਼ੀਅਤਾਂ ਦੀ ਸ਼ਮੂਲੀਅਤ ਵੀ ਅਹਿਮ ਸਥਾਨ ਰੱਖਦੀ ਹੈ। ਇਹਨਾਂ ਵਿੱਚ ਏਕਮ ਸਕੂਲ ਦੇ ਐੱਮ ਡੀ ਨਿਰਮਲ ਸਿੰਘ, 'ਨਬਜ਼' ਮੈਗਜ਼ੀਨ ਦੇ ਮੁੱਖ ਸੰਪਾਦਕ ਦਵਿੰਦਰ ਸਿੰਘ ਆਹਲੂਵਾਲੀਆ, ਐਡਵੋਕੇਟ ਸ਼ਿਵ ਕਰਨ ਮਲਹੋਤਰਾ, ਜਸਵਿੰਦਰ ਸਿੰਘ ਲੱਖਾ, ਸਮਾਜ ਸੇਵਕ ਵਿਪਨ ਪੁਰੀ, ਡਾਕਟਰ ਅਰਵਿੰਦਰ ਸਿੰਘ ਰੂਪਰਾ, 'ਆਪ' ਦੇ ਸੀਨੀਅਰ ਆਗੂ ਅਤੇ ਮੈਂਬਰ ਨਗਰ ਪੰਚਾਇਤ ਸ਼ਾਹਕੋਟ ਪ੍ਰਵੀਨ ਅਰੋੜਾ, ਨਿਰਮਲ ਸਿੰਘ ਟੁਰਨਾ ਸਾਬਕਾ ਸਰਪੰਚ ਸਲੈਚਾ ਆਦਿ ਸ਼ਾਮਿਲ ਹਨ। ਅੰਤ ਵਿੱਚ ਸਕੂਲ ਦੇ ਮੈਨੇਜਰ ਅਤੇ ਸ਼ਾਇਰ ਦੀਪਕ ਸਹਾਇ ਨੇ ਸਮਾਗਮ ਵਿੱਚ ਸ਼ਾਮਿਲ ਹੋਣ 'ਤੇ ਸਭ ਦਾ ਧੰਨਵਾਦ ਕੀਤਾ।

# ਮਜ਼ਦੂਰਾਂ, ਕਿਸਾਨਾਂ ਨੇ 4 ਬਿੱਲ ਦੀਆਂ ਕਾਪੀਆਂ ਸਾੜੀਆਂ



**ਮਾਹਿਲਪੁਰ (ਸ.ਫਰੀ)** - ਬਲਾਕ ਮਾਹਿਲਪੁਰ ਅਧੀਨ ਪੈਂਦੇ ਪਿੰਡ ਬੱਡੋਆਣ ਸਰਦੁੱਲਾ ਪੁਰ ਦੇ ਮਜ਼ਦੂਰਾਂ ਕਿਸਾਨਾਂ ਔਰਤਾਂ ਨੇ ਇਕੱਠੇ ਹੋ ਕੇ ਮੋਦੀ ਸਰਕਾਰ ਨੇ ਮਜ਼ਦੂਰਾਂ ਕਿਸਾਨਾਂ ਵਿਰੋਧੀ ਕੀਤੇ 4 ਬਿੱਲ ਪਾਸ ਦੀਆ ਕਾਪੀਆਂ ਸਾੜੀਆਂ। ਇਸ ਮੌਕੇ ਮਹਿੰਦਰ ਕੁਮਾਰ ਬੱਡੋਆਣ, ਨੀਲਮ ਬੱਡੋਆਣ ਨੇ ਕਿਹਾ ਕਿ ਇਹਨਾ ਪਾਸ ਬਿੱਲਾਂ ਨਾਲ ਮਨਰੇਗਾ ਦਾ ਭੋਗ ਪੈ ਜਾਵੇਗਾ। ਬਿਜਲੀ ਬਿੱਲ 2025 ਦੇ ਪਾਸ ਹੋਣ ਬਿਜਲੀ ਦਾ ਸਾਰਾ ਪ੍ਰਬੰਧ ਕਾਰਪੋਰੇਟ ਘਰਾਣਿਆਂ ਦੇ ਹੱਥਾਂ ਵਿੱਚ ਜਾਣ ਦਾ ਰਸਤਾ ਪੱਧਰਾ ਹੋ ਗਿਆ ਹੈ ਜਿਸ ਨਾਲ ਬਿਜਲੀ ਮਹਿੰਗੀ, ਮੁਫਤ ਯੂਨਿਟਾਂ ਬੰਦ ਹੋ ਜਾਣਗੀਆਂ, ਬਿਜਲੀ ਮੁਲਾਜ਼ਮਾਂ ਦੀਆਂ ਪੱਕੀਆਂ ਨੌਕਰੀਆਂ ਖਤਮ, ਠੇਕਾ ਸਿਸਟਮ ਹੋਰ ਵਧੇਗਾ, ਸ਼ੋਸ਼ਣ ਤਿੱਖਾ ਹੋਵੇਗਾ, ਵਰਕਲੋਡ ਹੋਰ ਵੀ ਵਧ ਜਾਵੇਗਾ, 4 ਲੇਬਰ ਕੋਡ ਪਾਸ ਹੋਣ ਨਾਲ ਮਜ਼ਦੂਰਾਂ ਨੂੰ ਨਿਹੱਥੇ ਕਰਕੇ ਪੂੰਜੀਪਤੀਆਂ ਅੱਗੇ ਸੁੱਟ ਦਿੱਤਾ ਗਿਆ, ਹੜਤਾਲ ਧਰਨਾ ਯੂਨੀਅਨ ਬਣਾਉਣ ਦਾ ਹੱਕ ਖਤਮ, 8 ਤੋਂ 12 ਘੰਟੇ ਡਿਊਟੀ ਕਰ ਦਿੱਤੀ ਗਈ। ਆਗੂਆਂ ਕਿਹਾ ਕਿ ਜੇਕਰ ਸਰਕਾਰ ਨੇ ਮਜ਼ਦੂਰਾਂ, ਕਿਸਾਨਾਂ, ਗਰੀਬ ਲੋਕਾਂ ਵਿਰੋਧੀ ਬਿੱਲ ਵਾਪਸ ਨਾ ਲਏ ਤਾਂ ਸ਼ੰਘਰਸ਼ ਤਿੱਖੇ ਹੋਣਗੇ। ਇਸ ਮੌਕੇ ਬਲਵਿੰਦਰ ਸਿੰਘ, ਅਮਰਜੀਤ ਸਿੰਘ, ਗਿਆਨ ਚੰਦ, ਕਸ਼ਮੀਰ ਕੌਰ, ਰੇਸ਼ਮ ਕੌਰ, ਗੁਰਮੇਲ ਸਿੰਘ, ਚਰਨ ਦਾਸ, ਆਸ਼ਾ ਰਾਣੀ, ਪਰਮਜੀਤ ਸਿੰਘ ਨੇ ਵੀ ਸੰਬੋਧਨ ਕੀਤਾ।